ਸ਼ਨੀਵਾਰ, 11 ਜੁਲਾਈ, 2026
27 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 40

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 11 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਦਿੱਲੀ ਰੈਲੀ 'ਚ 10 ਹਜ਼ਾਰ ਤੋਂ ਵੱਧ ਸਾਥੀ ਪੁੱਜਣਗੇ

## ਸੀ ਪੀ ਆਈ ਪੰਜਾਬ ਦੀ ਕਾਰਜਕਾਰਨੀ ਮੀਟਿੰਗ 'ਚ ਭਖਦੇ ਮਸਲਿਆਂ 'ਤੇ ਡੂੰਘੀਆਂ ਵਿਚਾਰਾਂ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਬੀਤੇ ਦਿਨੀਂ ਪੰਜਾਬ ਸੀ ਪੀ ਆਈ ਦੀ ਸੂਬਾ ਕਾਰਜਕਾਰਨੀ ਦੀ ਮਹੱਤਵਪੂਰਨ ਮੀਟਿੰਗ ਚੰਡੀਗੜ੍ਹ ਪਾਰਟੀ ਦਫਤਰ ਵਿਖੇ ਕਾਮਰੇਡ ਦਵਿੰਦਰ ਸੋਹਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਇਸ ਮੀਟਿੰਗ ਵਿੱਚ ਜਿਨ੍ਹਾਂ ਅਹਿਮ ਮੁੱਦਿਆਂ 'ਤੇ ਗੰਭੀਰ ਚਰਚਾ ਕੀਤੀ ਗਈ ਅਤੇ ਫੈਸਲੇ ਲਏ ਗਏ, ਉਨ੍ਹਾਂ ਦੀ ਜਾਣਕਾਰੀ ਪ੍ਰੈੱਸ ਨੂੰ ਦਿੰਦਿਆਂ ਪੰਜਾਬ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੀਟਿੰਗ ਵਿੱਚ ਦੇਸ਼ ਤੇ ਪੰਜਾਬ ਦੇ ਭਖਦੇ ਮੁੱਦਿਆਂ ਨੂੰ ਬੜੀ ਹੀ ਗੰਭੀਰਤਾ ਨਾਲ ਵਿਚਾਰਿਆ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਕੁੱਝ ਮੁੱਦਿਆਂ ਨੂੰ ਤਰਜੀਹੀ ਤੌਰ 'ਤੇ ਚੁੱਕਿਆ ਜਾਵੇਗਾ ਅਤੇ ਕੁਝ ਨੂੰ ਸਰਗਰਮੀ ਨਾਲ ਲਗਾਤਾਰ ਚੁੱਕਿਆ ਜਾਂਦਾ ਰਹੇਗਾ। ਇਸ ਤੋਂ ਇਲਾਵਾ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇਕ ਸਤੰਬਰ 2026 ਨੂੰ ਦਿੱਲੀ ਰਾਮ ਲੀਲ੍ਹਾ ਗਰਾਊਂਡ ਵਿਖੇ ਕੀਤੀ ਜਾ ਰਹੀ ਕੌਮੀ ਪੱਧਰ ਦੀ ਵਿਸ਼ਾਲ ਰੈਲੀ ਵਿੱਚ ਪੰਜਾਬ

ਤੋਂ 10 ਹਜ਼ਾਰ ਤੋਂ ਵੱਧ ਗਿਣਤੀ ਵਿੱਚ ਪਾਰਟੀ ਕੇਡਰ ਦੀ ਸ਼ਮੂਲੀਅਤ ਕਰਾਉਣ ਲਈ ਪੂਰੀ ਪਾਰਟੀ ਇਸ ਨੂੰ ਇੱਕ ਮੁਹਿੰਮ ਬਣਾ ਕੇ ਰੈਲੀ ਦੇ ਮੁੱਦੇ ਲੋਕਾਂ ਵਿੱਚ ਲੈ ਕੇ ਜਾਏਗੀ। ਕਾਰਜਕਾਰਨੀ ਦੀ ਮੀਟਿੰਗ ਵਿੱਚ ਸਮੁੱਚੇ ਲੋਕ ਮੁੱਦਿਆਂ ਦੇ ਸੰਬੰਧ ਵਿਚ ਕਾਮਰੇਡ ਬੰਤ ਬਰਾੜ, ਹਰਦੇਵ ਅਰਸ਼ੀ, ਅਮਰਜੀਤ ਆਸਲ, ਬਲਦੇਵ ਸਿੰਘ ਨਿਹਾਲਗੜ੍ਹ, ਪ੍ਰਿਥੀਪਾਲ ਮਾੜੀਮੇਘਾ, ਸੁਖਦੇਵ ਸਿੰਘ ਅਤੇ ਨਰਿੰਦਰ ਕੌਰ ਸੋਹਲ ਆਦਿ ਸਾਥੀਆਂ ਨੇ ਆਪਣੇ ਮੁੱਲਵਾਨ ਵਿਚਾਰ ਰੱਖੇ, ਜਿਸ ਦੇ ਆਧਾਰ 'ਤੇ ਸਰਗਰਮੀ ਦੀ ਰੂਪ-ਰੇਖਾ ਤਹਿ ਕੀਤੀ ਗਈ।

ਸੂਬਾ ਕਾਰਜਕਾਰਨੀ ਨੇ ਪੰਜਾਬ ਦੇ ਮੁੱਦਿਆਂ ਨੂੰ ਬੜੀ ਹੀ ਗੰਭੀਰਤਾ ਨਾਲ ਵਿਚਾਰਦਿਆਂ ਨੋਟ ਕੀਤਾ ਕਿ ਜਿੱਥੇ ਕੇਂਦਰ ਪੰਜਾਬ ਨਾਲ ਹਰ ਪੱਖ ਤੋਂ ਧੱਕਾ ਕਰ ਰਿਹਾ ਹੈ ਅਤੇ ਕਈ ਕਿਸਮ ਦੀਆਂ ਚੁਣੌਤੀਆਂ ਖੜ੍ਹੀਆਂ ਕਰ ਰਿਹਾ ਹੈ, ਉਥੇ ਹੀ ਉਸ ਦੇ ਵਿਰੁੱਧ ਨਾ ਹੀ ਅਕਾਲੀ ਦਲ, ਨਾ ਕਾਂਗਰਸ ਅਤੇ ਨਾ ਹੀ ਹਾਕਮ ਧਿਰ 'ਆਪ' ਕੋਈ ਮਜ਼ਬੂਤੀ ਨਾਲ ਵਿਰੋਧ ਕਰ ਰਹੇ ਹਨ, ਸਗੋਂ ਦੱਬੀ ਜ਼ੁਬਾਨ ਅਤੇ ਡੰਗ-ਟਪਾਊ ਨੀਤੀ ਅਪਣਾ ਕੇ ਹੀ ਚੱਲ ਰਹੇ ਹਨ, ਜਦਕਿ ਅੱਜ ਜਦੋਂ ਕੇਂਦਰ ਵੱਲੋਂ ਫੈਡਰਲ ਢਾਂਚੇ ਨੂੰ ਤੋੜਿਆ ਅਤੇ ਕਮਜ਼ੋਰ ਕੀਤਾ ਜਾ ਰਿਹਾ ਹੈ, ਸੰਵਿਧਾਨ 'ਤੇ ਹਮਲਾ ਕੀਤਾ ਜਾ ਰਿਹਾ ਹੈ। ਸੰਵਿਧਾਨਕ ਸੰਸਥਾਵਾਂ ਨੂੰ ਬੀ ਜੇ ਪੀ ਦੀਆਂ ਸੰਸਥਾਵਾਂ ਬਣਾ ਕੇ ਰੱਖ ਦਿੱਤਾ ਗਿਆ ਹੈ। ਫਿਰਕਾਪ੍ਰਸਤੀ ਫੈਲਾਉਣ ਦਾ ਕੰਮ ਜ਼ੋਰ-ਸ਼ੋਰ ਨਾਲ ਕਰਦੇ ਹੋਏ ਫਿਰਕੂ ਧਰੁਵੀਕਰਨ ਕੀਤਾ ਜਾ ਰਿਹਾ ਹੈ, ਘੱਟ-ਗਿਣਤੀਆਂ ਨੂੰ ਦਹਿਸ਼ਤਜ਼ਦਾ ਕਰ ਦਿੱਤਾ ਗਿਆ ਹੈ, ਸਮਾਜਿਕ ਸੁਰੱਖਿਆ ਦੀਆਂ ਸਕੀਮਾਂ ਨੂੰ ਸੀਮਤ ਕੀਤਾ ਜਾ ਰਿਹਾ ਹੈ, ਖੇਤੀ ਵਿਰੋਧੀ ਮੁਕਤ ਵਪਾਰ ਸਮਝੌਤਾ ਅਮਰੀਕਾ ਵਰਗੇ ਦੇਸ਼ਾਂ ਨਾਲ ਕਰਕੇ ਖੇਤੀ ਨੂੰ ਤਬਾਹੀ ਦੇ ਰਸਤੇ ਤੋਰਿਆ ਜਾ ਰਿਹਾ ਹੈ, ਮਨਰੇਗਾ ਐਕਟ ਖਤਮ ਕਰਕੇ ਵੀ • ਬਾਕੀ ਸਫਾ 2 'ਤੇ

# ਮੋਰੱਕੋ ਨੂੰ 2-0 ਨਾਲ ਹਰਾ ਕੇ ਫਰਾਂਸ ਕੱਪ ਦੇ ਹੋਰ ਨੇੜੇ

**ਬੋਸਟਨ (ਨਵਾਂ ਜ਼ਮਾਨਾ ਸਰਵਿਸ)**

ਮੋਰੱਕੋ ਨੂੰ 2-0 ਨਾਲ ਹਰਾ ਕੇ ਫਰਾਂਸ ਲਗਾਤਾਰ ਤੀਜੀ ਵਾਰ ਵਿਸ਼ਵ ਫੁੱਟਬਾਲ ਕੱਪ ਦੇ ਸੈਮੀਫਾਈਨਲ ਵਿੱਚ ਪੁੱਜ ਗਿਆ। ਇਸ ਤੋਂ ਪਹਿਲਾਂ ਉਹ 2018 ਅਤੇ 2022 ਵਿੱਚ ਫਾਈਨਲ ਖੇਡਿਆ ਸੀ। ਕਪਤਾਨ ਕਾਇਲੀਅਨ ਐਮਬਾਪੇ, ਜੋ ਪਹਿਲੇ ਹਾਫ ਵਿੱਚ ਪੈਨਲਟੀ ਖੁੰਝ ਗਿਆ ਸੀ, ਨੇ ਦੂਜੇ ਹਾਫ ਦੇ 60ਵੇਂ ਮਿੰਟ ਵਿੱਚ ਗੋਲ ਕੀਤਾ। ਛੇ ਮਿੰਟ ਬਾਅਦ, ਓਸਮਾਨ ਡੇਂਬੇਲੇ ਨੇ ਦੂਜਾ ਗੋਲ ਕਰਕੇ ਫਰਾਂਸ ਦੀ ਜਿੱਤ ਨੂੰ ਪੱਕਾ ਕਰ ਦਿੱਤਾ। ਫਰਾਂਸ ਹੁਣ ਸੈਮੀਫਾਈਨਲ ਵਿੱਚ ਸਪੇਨ ਤੇ ਬੈਲਜੀਅਮ ਵਿਚਕਾਰ ਦੂਜੇ ਕੁਆਰਟਰ ਫਾਈਨਲ ਦੇ ਜੇਤੂ ਨਾਲ ਭਿੜੇਗਾ। ਐਮਬਾਪੇ ਨੇ ਇਸ ਟੂਰਨਾਮੈਂਟ ਵਿੱਚ ਅੱਠ ਗੋਲ ਕੀਤੇ ਹਨ, ਜੋ ਅਰਜਨਟੀਨਾ ਦੇ ਲਿਓਨਲ ਮੈਸੀ ਦੀ ਬਰਾਬਰੀ ਕਰਦੇ ਹਨ। ਹਾਲਾਂਕਿ, ਤਿੰਨ ਗੋਲਾਂ ਵਿੱਚ ਮਦਦ ਕਰਨ ਕਰਕੇ ਐਮਬਾਪੇ ਗੋਲਡਨ ਬੂਟ ਦੀ ਦੌੜ ਵਿੱਚ ਅਗੇ ਹੈ, ਕਿਉਂਕਿ ਮੈਸੀ ਨੇ ਵੀ ਭਾਵੇਂ ਅੱਠ ਗੋਲ ਕੀਤੇ ਹਨ ਪਰ ਉਸਨੇ ਇੱਕ ਗੋਲ ਵਿੱਚ ਹੀ ਦੂਜੇ ਖਿਡਾਰੀ ਦੀ ਮਦਦ ਕੀਤੀ ਹੈ। ਐਮਬਾਪੇ ਦੇ ਵਿਸ਼ਵ ਕੱਪਾਂ ਵਿੱਚ 20 ਗੋਲ ਹੋ ਗਏ ਹਨ। ਮੈਸੀ ਦੇ 21 ਗੋਲ ਹਨ। ਜੇ ਟੂਰਨਾਮੈਂਟ ਦੇ ਅੰਤ ਵਿੱਚ ਦੋ ਖਿਡਾਰੀਆਂ ਦੇ ਗੋਲਾਂ ਦੀ ਗਿਣਤੀ ਬਰਾਬਰ ਹੁੰਦੀ ਹੈ, ਤਾਂ ਗੋਲ ਕਰਨ ਵਿੱਚ ਸਭ ਤੋਂ ਵੱਧ ਮਦਦ ਕਰਨ ਵਾਲਾ ਖਿਡਾਰੀ ਗੋਲਡਨ ਬੂਟ ਜਿੱਤੇਗਾ। ਜੇ ਫਿਰ ਵੀ ਦੋਨੋਂ ਖਿਡਾਰੀ ਸਾਵੇਂ ਰਹੇ ਤਾਂ ਗੋਲਡਨ ਬੂਟ ਉਸ ਖਿਡਾਰੀ ਨੂੰ ਮਿਲੇਗਾ, ਜਿਸਨੇ ਘੱਟ ਤੋਂ ਘੱਟ ਮਿੰਟਾਂ ਵਿੱਚ ਗੋਲ ਕੀਤੇ ਅਤੇ ਗੋਲ ਕਰਨ ਵਿੱਚ ਮਦਦ ਕੀਤੀ।

ਮੋਰੱਕੋ ਦੀ ਹਾਰ ਤੋਂ ਬਾਅਦ ਆਖਰੀ ਅਫਰੀਕੀ ਟੀਮ ਵੀ ਟੂਰਨਾਮੈਂਟ ਵਿੱਚੋਂ ਬਾਹਰ ਹੋ ਗਈ ਹੈ। ਪਿਛਲੀ ਵਾਰ ਮੋਰੱਕੋ ਫਰਾਂਸ ਤੋਂ ਸੈਮੀਫਾਈਨਲ ਵਿੱਚ ਹਾਰਿਆ ਸੀ?

ਗੋਲ ਕਰਨ ਤੋਂ ਬਾਅਦ ਖੁਸ਼ੀ ਮਨਾਉਂਦਾ ਐਮਬਾਪੇ।

## ਐੱਸ ਆਈ ਆਰ ਸੰਬੰਧੀ ਸਕੂਲਾਂ 'ਚ 11 ਅਤੇ 12 ਨੂੰ ਵਿਸ਼ੇਸ਼ ਕੈਂਪ

**ਚੰਡੀਗੜ੍ਹ** : ਪੰਜਾਬ ਸਰਕਾਰ ਸਿੱਖਿਆ ਵਿਭਾਗ ਨੇ ਕਿਹਾ ਹੈ ਕਿ 11 ਅਤੇ 12 ਜੁਲਾਈ ਨੂੰ ਸਕੂਲਾਂ ਵਿੱਚ ਐੱਸ ਆਈ ਆਰ ਸੰਬੰਧੀ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਸਮੂਹ ਸਰਕਾਰੀ ਅਤੇ ਸਹਾਇਤਾ ਪ੍ਰਾਪਤ ਸਕੂਲ ਇਨ੍ਹਾਂ ਦਿਨਾਂ 'ਚ ਆਮ ਵਾਂਗ ਖੁੱਲ੍ਹਣਗੇ। ਸਕੂਲਾਂ ਦਾ ਸਮੂਹ ਸਟਾਫ਼ ਆਪਣੀ ਡਿਊਟੀ 'ਤੇ ਹਾਜ਼ਰ ਰਹੇਗਾ ਤੇ ਐਸ ਆਈ ਆਰ ਸਟਾਫ਼ ਨੂੰ ਪੂਰਾ ਸਹਿਯੋਗ ਕਰੇਗਾ।

## ਭੁੱਲਰ ਤੇ ਸ਼ਾਰਦਾ ਖਿਲਾਫ਼ ਦੋਸ਼ ਤੈਅ

**ਚੰਡੀਗੜ੍ਹ** : ਕੇਸ ਵਿੱਚੋਂ ਬਰੀ ਕਰਨ ਦੀਆਂ ਅਰਜ਼ੀਆਂ ਨੂੰ ਖਾਰਜ ਕਰਦਿਆਂ ਚੰਡੀਗੜ੍ਹ ਦੀ ਸੀ ਬੀ ਆਈ ਅਦਾਲਤ ਨੇ ਸ਼ੁੱਕਰਵਾਰ ਨੂੰ ਪੰਜਾਬ ਪੁਲਸ ਦੇ ਮੁਅੱਤਲ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਸਾਥੀ ਕ੍ਰਿਸ਼ਾਨੂੰ ਸ਼ਾਰਦਾ ਖ਼ਿਲਾਫ਼ ਪਿਛਲੇ ਸਾਲ ਦਰਜ ਹੋਏ ਰਿਸ਼ਵਤਖੋਰੀ ਦੇ ਇੱਕ ਮਾਮਲੇ ਵਿੱਚ ਦੋਸ਼ ਤੈਅ ਕਰ ਦਿੱਤੇ ਹਨ। ਇਸ ਮਾਮਲੇ ਵਿੱਚ ਐੱਫ ਆਈ ਆਰ ਆਕਾਸ਼ ਬੱਟਾ ਨਾਂਅ ਦੇ ਇੱਕ ਵਿਅਕਤੀ ਦੀ ਸ਼ਿਕਾਇਤ 'ਤੇ ਦਰਜ ਕੀਤੀ ਗਈ ਸੀ। ਉਸ ਨੇ ਦੋਸ਼ ਲਾਇਆ ਸੀ ਕਿ ਭੁੱਲਰ ਜੋ ਉਸ ਸਮੇਂ ਪੰਜਾਬ ਪੁਲਸ ਵਿੱਚ ਰੋਪੜ ਰੇਂਜ ਦੇ ਡੀ ਆਈ ਜੀ ਵਜੋਂ ਤਾਇਨਾਤ ਸੀ, ਨੇ ਥਾਣਾ ਸਰਹਿੰਦ ਵਿੱਚ ਦਰਜ ਇੱਕ ਐੱਫ ਆਈ ਆਰ ਵਿੱਚ ਪੱਖ ਪੂਰਨ ਅਤੇ ਸ਼ਿਕਾਇਤਕਰਤਾ ਦੇ ਕਾਰੋਬਾਰ ਖ਼ਿਲਾਫ਼ ਕੋਈ ਸਖ਼ਤ ਕਾਰਵਾਈ ਨਾ ਹੋਣ ਦੇਣ ਦੇ ਬਦਲੇ ਆਪਣੇ ਇੱਕ ਨਿੱਜੀ ਵਿਚੋਲੇ ਕ੍ਰਿਸ਼ਾਨੂੰ ਸ਼ਾਰਦਾ ਰਾਹੀਂ ਰਿਸ਼ਵਤ ਦੀ ਮੰਗ ਕੀਤੀ ਸੀ। ਸ਼ਿਕਾਇਤ ਮਿਲਣ ਤੋਂ ਬਾਅਦ ਸੀ ਬੀ ਆਈ ਵੱਲੋਂ ਜਾਲ ਵਿਛਾਇਆ ਗਿਆ ਅਤੇ ਭੁੱਲਰ ਦੇ ਕਥਿਤ ਸਾਥੀ ਕ੍ਰਿਸ਼ਾਨੂੰ ਸ਼ਾਰਦਾ ਨੂੰ 16 ਅਕਤੂਬਰ 2025 ਨੂੰ ਮੰਗੀ ਗਈ ਰਿਸ਼ਵਤ ਦੇ ਹਿੱਸੇ ਵਜੋਂ 5,00,000 ਰੁਪਏ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਸੀ। ਡੀ ਆਈ ਜੀ ਭੁੱਲਰ ਨੂੰ ਵੀ ਉਸੇ ਦਿਨ ਗ੍ਰਿਫ਼ਤਾਰ ਕਰ ਲਿਆ ਗਿਆ ਸੀ।

## ਕੈਂਸਰ, ਸ਼ੂਗਰ ਤੇ ਬੀ ਪੀ ਸਮੇਤ 39 ਦਵਾਈਆਂ ਦੀਆਂ ਕੀਮਤਾਂ ਨਿਰਧਾਰਤ

**ਨਵੀਂ ਦਿੱਲੀ** : ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ ਨੇ 39 ਨਵੀਆਂ ਦਵਾਈਆਂ ਦੀਆਂ ਪ੍ਰਚੂਨ ਕੀਮਤਾਂ ਨਿਰਧਾਰਤ ਕੀਤੀਆਂ ਹਨ। ਇਹ ਕੀਮਤਾਂ ਜੀ ਐੱਸ ਟੀ ਨੂੰ ਛੱਡ ਕੇ ਲਾਗੂ ਹੋਣਗੀਆਂ। ਨੋਟੀਫਿਕੇਸ਼ਨ ਵਿੱਚ ਵੱਧ ਤੋਂ ਵੱਧ ਪ੍ਰਚੂਨ ਕੀਮਤਾਂ ਤੈਅ ਕੀਤੀਆਂ ਗਈਆਂ ਹਨ। ਨਿਰਮਾਤਾਵਾਂ ਨੂੰ ਇਨ੍ਹਾਂ ਦਵਾਈਆਂ ਨੂੰ ਸੂਚਿਤ ਪ੍ਰਚੂਨ ਕੀਮਤਾਂ ਤੋਂ ਵੱਧ 'ਤੇ ਵੇਚਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

## ਹੋਮਵਰਕ ਨਾ ਕਰਨ 'ਤੇ ਡਾਂਟਣ ਕਾਰਨ ਵਿਦਿਆਰਥਣ ਨੇ ਕੀਤੀ ਖ਼ੁਦਕੁਸ਼ੀ

**ਬੇਂਗਲੁਰੂ** : ਕਰਨਾਟਕ 'ਚ ਬੇਂਗਲੁਰੂ ਦੇ ਬਾਹਰੀ ਇਲਾਕੇ ਅਨੇਕਲ ਤਾਲੁਕ ਸਥਿਤ ਮਰਾਸੂਰੂ ਮਦੀਵਾਲਾ ਪਿੰਡ ਵਿਚ 8ਵੀਂ ਜਮਾਤ ਦੀ ਇੱਕ ਵਿਦਿਆਰਥਣ ਨੇ ਆਤਮਹੱਤਿਆ ਕਰ ਲਈ। ਪੁਲਸ ਨੂੰ ਵਿਦਿਆਰਥਣ ਕੋਲੋਂ ਹੱਥ ਨਾਲ ਲਿਖਿਆ ਇੱਕ ਸੁਸਾਈਡ ਨੋਟ ਮਿਲਿਆ ਹੈ, ਜਿਸ 'ਚ ਉਸ ਨੇ ਸਕੂਲ ਦੇ ਅਧਿਆਪਕ 'ਤੇ ਮਾਨਸਿਕ ਤਸੀਹੇ ਅਤੇ ਪਰੇਸ਼ਾਨ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਵਿਦਿਆਰਥਣ ਵੱਲੋਂ ਲਿਖੇ ਸੁਸਾਈਡ ਨੋਟ ਮੁਤਾਬਕ ਹੋਮਵਰਕ ਪੂਰਾ ਨਾ ਕਰਨ 'ਤੇ ਉਸ ਨੂੰ 20 ਰੁਪਏ ਦਾ ਜੁਰਮਾਨਾ ਲਗਾਇਆ ਗਿਆ ਸੀ ਅਤੇ ਸਕੂਲੋਂ ਕੱਢਣ ਦੀ ਧਮਕੀ ਦਿੱਤੀ ਗਈ ਸੀ, ਜਿਸ ਤੋਂ ਪਰੇਸ਼ਾਨ ਹੋ ਕੇ ਉਸ ਨੇ ਇਹ ਕਦਮ ਚੁੱਕ ਲਿਆ। ਮ੍ਰਿਤਕਾ ਦੀ ਪਛਾਣ ਮਰਾਸੂਰੂ ਸਰਕਾਰੀ ਉੱਚ ਪ੍ਰਾਇਮਰੀ ਸਕੂਲ ਦੀ ਵਿਦਿਆਰਥਣ ਮਧੂਸ਼੍ਰੀ ਵਜੋਂ ਹੋਈ ਹੈ।

# ਪਟੀਸ਼ਨਰ ਨੇ ਚੀਫ ਜਸਟਿਸ ਨੂੰ ਗਾਲ੍ਹਾਂ ਕੱਢੀਆਂ

ਨਵੀਂ ਦਿੱਲੀ (ਨ ਜ਼ ਸ) : ਸੁਪਰੀਮ ਕੋਰਟ ਵਿੱਚ ਸ਼ੁੱਕਰਵਾਰ ਇੱਕ ਬੰਦੇ ਨੇ ਚੀਫ ਜਸਟਿਸ ਸੂਰੀਆ ਕਾਂਤ ਨੂੰ ਗਾਲ੍ਹਾਂ ਕੱਢ ਦਿੱਤੀਆਂ। ਚੀਫ ਜਸਟਿਸ ਕਮਰੇ ਵਿੱਚ ਮੌਜੂਦ ਨਹੀਂ ਸਨ, ਕਿਉਂਕਿ ਸੁਣਵਾਈ ਜਸਟਿਸ ਕੇ ਵੀ ਵਿਸ਼ਵਨਾਥਨ ਅਤੇ ਜਸਟਿਸ ਆਲੋਕ ਅਰਾਧੇ ਦੀ ਬੈਂਚ ਸਾਹਮਣੇ ਹੋ ਰਹੀ ਸੀ।

ਅਲਾਹਾਬਾਦ ਹਾਈ ਕੋਰਟ ਦੇ ਫੈਸਲੇ ਨੂੰ ਚੈਲੰਜ ਕਰਨ ਵਾਲਾ ਪ੍ਰਬਲ ਪ੍ਰਤਾਪ ਨਾਂਅ ਦਾ ਪਟੀਸ਼ਨਰ, ਜਿਸਨੇ ਕਾਲਾ ਕੋਟ ਪਾਇਆ ਹੋਇਆ ਸੀ, ਬਿਨਾਂ ਕਿਸੇ ਵਕੀਲ ਦੇ ਖੁਦ ਹੀ ਕੇਸ ਲੜ ਰਿਹਾ ਸੀ। ਉਸਨੇ ਆਪਣੇ ਆਪ ਨੂੰ 'ਖੁਦਮੁਖਤਿਆਰ' ਐਲਾਨਿਆ ਅਤੇ ਫਾਈਲ ਵਿੱਚੋਂ ਕਾਗਜ਼ ਹਵਾ ਵਿੱਚ ਉਡਾ ਦਿੱਤੇ। ਜਿਵੇਂ ਹੀ ਸੁਣਵਾਈ ਸ਼ੁਰੂ ਹੋਈ, ਪਟੀਸ਼ਨਰ ਨੇ ਕਿਹਾ, "ਸ੍ਰੀਮਾਨ ਜੁਡੀਸ਼ੀਅਲ ਅਫਸਰ, ਮੈਂ ਤੁਹਾਨੂੰ ਲਖਨਊ ਦੇ ਏ ਸੀ ਪੀ ਵਿਰੁੱਧ ਐੱਫ ਆਈ ਆਰ ਦਰਜ ਕਰਨ ਦਾ ਹੁਕਮ ਦਿੰਦਾ ਹਾਂ।" ਜਸਟਿਸ ਕੇ ਵੀ ਵਿਸ਼ਵਨਾਥਨ ਨੇ ਹੈਰਾਨੀ ਪ੍ਰਗਟ ਕਰਦਿਆਂ

ਪੁੱਛਿਆ, "ਕੀ ਤੁਸੀਂ ਮੈਨੂੰ ਹੁਕਮ ਦੇ ਰਹੇ ਹੋ?" ਜਵਾਬ ਵਿੱਚ, ਪਟੀਸ਼ਨਰ ਨੇ ਕਿਹਾ, "ਇਹ ਸਭ ਮੇਰੇ ਵੱਲੋਂ ਹੈ। ਸਭ ਕੁਝ ਰਿਕਾਰਡ ਵਿੱਚ ਹੈ।" ਫਿਰ ਉਸਨੇ ਕੇਸ ਫਾਈਲ ਹਵਾ ਵਿੱਚ ਉਛਾਲ ਦਿੱਤੀ ਅਤੇ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਪਟੀਸ਼ਨਰ ਦੇ ਬੇਕਾਬੂ ਵਿਵਹਾਰ ਤੋਂ ਅਦਾਲਤੀ ਕਮਰਾ ਪਲ-ਭਰ ਲਈ ਹੈਰਾਨ ਰਹਿ ਗਿਆ, ਅਤੇ ਸੁਰੱਖਿਆਕਰਮੀਆਂ ਨੇ ਉਸਨੂੰ ਤੁਰੰਤ ਅਦਾਲਤ ਦੇ ਕਮਰੇ ਤੋਂ ਬਾਹਰ ਕੱਢ ਦਿੱਤਾ। ਹੰਗਾਮੇ ਤੋਂ ਬਾਅਦ, ਜਸਟਿਸ ਕੇ ਵੀ ਵਿਸ਼ਵਨਾਥਨ ਨੇ ਕਿਹਾ, "ਉਹ ਬਹੁਤ ਪ੍ਰੇਸ਼ਾਨ ਹੈ, ਇਹ ਸਭ ਨਿਰਾਸ਼ਾ ਹੈ। ਸਾਨੂੰ ਸਿਰਫ ਉਸ ਨਾਲ ਹਮਦਰਦੀ ਹੈ। ਅਸੀਂ ਉਸ ਵਿਰੁੱਧ ਕੋਈ ਕਾਰਵਾਈ ਨਹੀਂ ਕਰਨਾ ਚਾਹੁੰਦੇ। ਜਿੱਥੋਂ ਤੱਕ ਮਾਮਲੇ ਦਾ ਸੰਬੰਧ ਹੈ, ਸਾਨੂੰ ਇਤਰਾਜ਼ਯੋਗ ਹੁਕਮ ਵਿੱਚ ਦਖਲ ਦੇਣ ਦਾ ਕੋਈ ਠੋਸ ਆਧਾਰ ਨਹੀਂ ਮਿਲਦਾ।"

6 ਅਕਤੂਬਰ, 2025 ਨੂੰ ਇੱਕ ਬਜ਼ੁਰਗ ਵਕੀਲ—ਰਾਕੇਸ਼ ਕਿਸ਼ੋਰ—ਨੇ ਤੱਤਕਾਲੀ ਚੀਫ ਜਸਟਿਸ ਬੀ ਆਰ ਗਵਈ 'ਤੇ ਜੁੱਤੀ ਸੁੱਟਣ ਦੀ ਕੋਸ਼ਿਸ਼ ਕੀਤੀ ਸੀ, ਜੋ ਕਿ ਉਨ੍ਹਾ ਵੱਲੋਂ ਹਿੰਦੂ ਦੇਵਤਿਆਂ 'ਤੇ ਕੀਤੀ ਗਈ ਕਥਿਤ ਟਿੱਪਣੀ ਤੋਂ ਨਾਰਾਜ਼ ਸੀ। ਜਸਟਿਸ ਗਵਈ ਨੇ ਉਸ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਸੀ।

# ਚੰਨੀ ਧੜੇ ਦੀ ਬਘੇਲ ਨਾਲ ਮੁਲਾਕਾਤ ਅੱਜ

**ਚੰਡੀਗੜ੍ਹ** : ਸ਼ਨੀਵਾਰ ਨੂੰ ਚੰਨੀ ਧੜੇ ਦੀ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨਾਲ ਮੁਲਾਕਾਤ ਤੋਂ ਪਹਿਲਾਂ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਨ੍ਹਾਂ ਅਟਕਲਾਂ ਨੂੰ ਖਾਰਜ ਕਰ ਦਿੱਤਾ ਕਿ ਚੰਨੀ ਕੈਂਪ ਨੇ ਉਨ੍ਹਾਂ ਦੀ ਲੀਡਰਸ਼ਿਪ ਨੂੰ ਰੱਦ ਕਰ ਦਿੱਤਾ ਹੈ। ਉਨ੍ਹਾਂ ਨੇ ਪੱਤਰਕਾਰਾਂ ਨੂੰ ਚੁਣੌਤੀ ਦਿੱਤੀ ਕਿ ਉਹ ਇੱਕ ਵੀ ਸੀਨੀਅਰ ਆਗੂ ਦਾ ਨਾਂਅ ਲੈਣ, ਜੋ ਉਨ੍ਹਾਂ ਨੂੰ ਸਵੀਕਾਰ ਕਰਨ ਲਈ ਤਿਆਰ ਨਹੀਂ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਉਨ੍ਹਾਂ ਦੇ ਨਜ਼ਦੀਕੀ ਸੀਨੀਅਰ ਕਾਂਗਰਸੀ ਆਗੂ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨਾਲ ਮੀਟਿੰਗ ਕਰਨਗੇ, ਜਿਨ੍ਹਾਂ ਨੇ ਤਿੰਨ ਦਿਨ ਪਹਿਲਾਂ ਸੂਬਾ ਪਾਰਟੀ ਲੀਡਰਸ਼ਿਪ ਵਿੱਚ ਕਿਸੇ ਵੀ ਬਦਲਾਅ ਨੂੰ ਰੱਦ ਕਰ ਦਿੱਤਾ ਸੀ। ਜਦੋਂ ਰਾਜਾ ਵੜਿੰਗ ਤੋਂ ਇਸ ਮੁੱਦੇ ਬਾਰੇ ਪੁੱਛਿਆ ਤਾਂ ਉਨ੍ਹਾ ਕਿਹਾ ਕਿ ਬਘੇਲ ਨੇ ਉਨ੍ਹਾ ਨੂੰ ਦੱਸਿਆ ਸੀ ਕਿ ਸ਼ਨੀਵਾਰ ਨੂੰ ਇੱਕ ਮੀਟਿੰਗ ਤੈਅ ਕੀਤੀ ਗਈ ਹੈ, ਜਦ ਕਿ ਬਘੇਲ ਉਨ੍ਹਾਂ ਨਾਲ ਵੱਖਰੇ ਤੌਰ 'ਤੇ ਗੱਲ ਕਰਨਗੇ। ਜਦੋਂ ਉਨ੍ਹਾਂ ਨੂੰ ਪੁੱਛਿਆ ਗਿਆ ਕਿ ਕੀ ਚੰਨੀ ਧੜੇ ਨੇ ਜ਼ੋਰ ਦਿੱਤਾ ਹੈ ਕਿ ਵੜਿੰਗ ਨੂੰ ਮੀਟਿੰਗ ਦਾ ਹਿੱਸਾ ਨਹੀਂ ਹੋਣਾ ਚਾਹੀਦਾ, ਤਾਂ ਸੂਬਾ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਬਾਰੇ ਪਤਾ ਨਹੀਂ ਹੈ।

ਵੜਿੰਗ ਨੇ ਕਿਹਾ ਕਿ ਇੱਕ ਜਾਂ ਦੋ ਦਿਨਾਂ ਵਿੱਚ ਤੁਸੀਂ ਸਾਨੂੰ ਸਾਰਿਆਂ ਨੂੰ ਇਕੱਠੇ ਦੇਖੋਗੇ। ਉਨ੍ਹਾ ਕਿਹਾ ਕਿ ਉਨ੍ਹਾਂ ਦਾ ਕਿਸੇ ਵੀ ਆਗੂ ਨਾਲ ਕੋਈ ਗੁੱਸਾ ਨਹੀਂ ਹੈ ਅਤੇ ਦਾਅਵਾ ਕੀਤਾ ਕਿ ਕਾਂਗਰਸ ਇੱਕਜੁੱਟ ਹੈ। ਜ਼ਿਕਰਯੋਗ ਹੈ ਕਿ ਚੰਨੀ ਧੜੇ ਨੇ ਸ਼ੁੱਕਰਵਾਰ ਨੂੰ ਬਘੇਲ ਨਾਲ ਗੱਲਬਾਤ ਕਰਨ ਦਾ ਫੈਸਲਾ ਕੀਤਾ ਸੀ। ਰਾਜਾ ਵੜਿੰਗ ਨੇ ਹੋਰ ਕਿਹਾ ਕਿ ਅਗਲੀਆਂ ਚੋਣਾਂ ਵਿੱਚ ਮੈਨੂੰ ਪੂਰਾ ਵਿਸ਼ਵਾਸ ਹੈ ਕਿ ਪੰਜਾਬ ਵਿੱਚ ਕਾਂਗਰਸ ਆਪਣੀ ਸਰਕਾਰ ਬਣਾਏਗੀ।

# ਬਠਿੰਡਾ 'ਚ ਭਰਵੀਂ ਜਾਗਰੂਕਤਾ ਕਨਵੈਨਸ਼ਨ ਤੇ ਮਾਰਚ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਭਾਰਤੀ ਕਮਿਊਨਿਸਟ ਪਾਰਟੀ ਦੇ ਸੱਦੇ 'ਤੇ ਸ਼ੁੱਕਰਵਾਰ ਜ਼ਿਲਾ ਬਠਿੰਡਾ ਪਾਰਟੀ ਵੱਲੋਂ ਜਸਵੀਰ ਸਿੰਘ ਆਕਲੀਆ, ਮੱਖਣ ਸਿੰਘ ਗੁਰੂਸਰ ਅਤੇ ਜਸਵੀਰ ਕੌਰ ਸਰਾਂ ਦੇ ਪ੍ਰਧਾਨਗੀ ਮੰਡਲ 'ਤੇ ਅਧਾਰਤ ਟੀਚਰਜ ਹੋਮ ਵਿਖੇ ਪੰਜਾਬ ਦੇ ਮੁੱਦਿਆਂ ਉੱਪਰ ਜਾਗਰੂਕਤਾ ਕਨਵੈਨਸ਼ਨ ਕੀਤੀ ਗਈ।ਕਨਵੈਨਸ਼ਨ ਤੋਂ ਬਾਅਦ ਬਠਿੰਡਾ ਸ਼ਹਿਰ ਵਿੱਚ ਮਾਰਚ ਵੀ ਕੱਢਿਆ ਗਿਆ।ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਕੇਂਦਰੀ ਐਗਜੈਕਟਿਵ ਮੈਂਬਰ ਅਤੇ ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਕਿਹਾ ਕਿ ਕੇਂਦਰ ਦੀ ਸੱਤਾ ਵਿੱਚ ਆਈਆਂ ਸਰਕਾਰਾਂ ਨੇ ਹਮੇਸ਼ਾ ਪੰਜਾਬ ਨਾਲ ਵਿਤਕਰਾ ਕੀਤਾ ਹੈ।ਪੰਜਾਬ ਦੇ ਪਾਣੀਆਂ ਦੀ ਵੰਡ ਵਿੱਚ ਪੰਜਾਬ ਨਾਲ ਧੱਕਾ ਕੀਤਾ ਗਿਆ ਹੈ, ਜਿਸ ਤਹਿਤ ਪੰਜਾਬ ਦਾ ਪਾਣੀ ਗੈਰ ਰਿਪੇਰੀਅਨ ਰਾਜਾਂ ਨੂੰ ਦਿੱਤਾ ਗਿਆ ਪ੍ਰੰਤੂ ਕੋਈ ਰਾਇਲਟੀ ਨਹੀਂ ਦਿੱਤੀ ਗਈ।ਡੈਮਾਂ ਦਾ ਕੰਟਰੋਲ ਕੇਂਦਰ ਸਰਕਾਰ ਨੇ ਆਪਣੇ ਹੱਥਾਂ ਵਿੱਚ ਲਿਆ ਹੋਇਆ ਹੈ ਜਿਸ ਦੇ ਚਲਦਿਆਂ ਕੇਂਦਰ ਦੀ ਲਾਪਰਵਾਹੀ ਕਾਰਨ ਪੰਜਾਬ ਨੂੰ ਹਰ ਸਾਲ ਹੜ੍ਹਾਂ ਦਾ ਸ਼ਿਕਾਰ ਹੋਣਾ ਪੈਂਦਾ ਹੈ।ਹੜ੍ਹਾਂ ਕਾਰਨ ਵੱਡੇ ਪੱਧਰ 'ਤੇ ਨੁਕਸਾਨ ਉਠਾਉਣਾ ਪੈਂਦਾ ਹੈ।ਪੰਜਾਬ ਨੂੰ ਅੱਜ ਤੱਕ ਉਸ ਦੀ ਰਾਜਧਾਨੀ ਚੰਡੀਗੜ੍ਹ ਵੀ ਨਹੀਂ ਦਿੱਤੀ ਗਈ ਜੋ ਕਿ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਈ ਗਈ ਸੀ। ਉਹਨਾਂ ਮੰਗ ਕੀਤੀ ਕਿ ਪੰਜਾਬ ਦੇ ਪਾਣੀਆਂ ਦਾ ਹੱਲ ਰਿਪੇਰੀਅਨ ਸਿਧਾਂਤ ਅਨੁਸਾਰ ਕੀਤਾ ਜਾਵੇ ਤੇ ਡੈਮਾਂ ਦਾ ਕੰਟਰੋਲ ਪੰਜਾਬ ਹਵਾਲੇ ਕੀਤਾ ਜਾਵੇ।ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਪੰਜਾਬ ਨੂੰ ਦਿੱਤੀ ਜਾਵੇ।ਮੋਦੀ ਸਰਕਾਰ • ਬਾਕੀ ਸਫਾ 2 'ਤੇ

## ਰਾਮ ਦਾਨ ਚੋਰੀ ਮਾਮਲੇ 'ਤੇ ਸੁਣਵਾਈ ਪਰਸੋਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਸੋਮਵਾਰ ਨੂੰ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਵਿੱਤ ਦੀ ਸੀ ਬੀ ਆਈ ਵੱਲੋਂ ਸੁਤੰਤਰ ਜਾਂਚ ਅਤੇ ਅਦਾਲਤ ਦੀ ਸਿੱਧੀ ਨਿਗਰਾਨੀ ਹੇਠ ਅਯੁੱਧਿਆ ਵਿੱਚ ਰਾਮ ਮੰਦਰ ਵਿੱਚ ਦਾਨ ਦੀ ਦੁਰਵਰਤੋਂ ਦੇ ਦੋਸ਼ਾਂ ਦੀ ਜਾਂਚ ਦੀ ਮੰਗ ਕਰਨ ਵਾਲੀਆਂ ਤਿੰਨ ਪਟੀਸ਼ਨਾਂ 'ਤੇ ਸੁਣਵਾਈ ਕਰੇਗੀ।

ਇਹ ਤਿੰਨ ਜਨਹਿੱਤ ਪਟੀਸ਼ਨਾਂ ਚੀਫ਼ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੀ ਬੈਂਚ ਅੱਗੇ 13 ਜੁਲਾਈ ਨੂੰ ਸੁਣਵਾਈ ਲਈ ਆਉਣਗੀਆਂ, ਜਦੋਂ ਸੁਪਰੀਮ ਕੋਰਟ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਅੰਸ਼ਕ ਕੰਮਕਾਜੀ ਦਿਨਾਂ ਲਈ ਦੁਬਾਰਾ ਖੁੱਲ੍ਹੇਗੀ।

### ਦਾਨ ਚੋਰਾਂ ਨੂੰ ਸਜ਼ਾ ਦਿਵਾਉਣ ਲਈ ਸਿਗਨੇਚਰ ਕੰਪੇਨ ਚਲਾਵਾਂਗੇ- ਕੇਜਰੀਵਾਲ

ਅਰਵਿੰਦ ਕੇਜਰੀਵਾਲ ਨੇ ਰਾਮ ਮੰਦਰ ਵਿੱਚ ਡਾਕਾ ਮਾਰਨ ਵਾਲੇ ਮਹਾਂ ਪਾਪੀਆਂ ਨੂੰ ਸਜ਼ਾ ਦਿਵਾਉਣ ਲਈ ਐਤਵਾਰ ਨੂੰ ਸੁੰਦਰਕਾਂਡ ਪਾਠ ਕਰਵਾਉਣ ਅਤੇ ਦੇਸ਼ ਭਰ ਵਿੱਚ ਸਿਗਨੇਚਰ ਕੰਪੇਨ ਚਲਾਉਣ ਦਾ ਐਲਾਨ ਕੀਤਾ ਹੈ।ਉਹਨਾਂ ਨੇ ਕਿਹਾ ਕਿ ਪਿਛਲੇ ਕੁਝ ਹਫ਼ਤਿਆਂ ਦੇ ਘਟਨਾਕ੍ਰਮ ਤੋਂ ਪਤਾ ਲੱਗਦਾ ਹੈ ਕਿ ਮੋਦੀ ਸਰਕਾਰ ਰਾਮ ਮੰਦਰ ਵਿੱਚ ਡਾਕਾ ਮਾਰਨ ਵਾਲੇ ਮਹਾਂ ਪਾਪੀਆਂ ਨੂੰ ਬਚਾਉਣ ਵਿੱਚ ਲੱਗੀ ਹੋਈ ਹੈ।

## ਅਬੋਹਰ 'ਚ ਮੇਅਰ ਤੇ ਮੋਰਿੰਡਾ 'ਚ ਪ੍ਰਧਾਨ 'ਆਪ' ਦੇ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਨੇ ਅਬੋਹਰ ਨਗਰ ਨਿਗਮ ਅਤੇ ਮੋਰਿੰਡਾ ਨਗਰ ਕੌਂਸਲ ਚੋਣਾਂ ਵਿੱਚ ਨਿਰਣਾਇਕ ਜਿੱਤ ਹਾਸਲ ਕੀਤੀ ਹੈ।ਪਾਰਟੀ ਨੇ ਦੋਵਾਂ ਸੰਸਥਾਵਾਂ ਵਿੱਚ ਮੇਅਰ, ਪ੍ਰਧਾਨ ਅਤੇ ਹੋਰ ਸਾਰੇ ਅਹਿਮ ਅਹੁਦਿਆਂ 'ਤੇ ਜਿੱਤ ਦਰਜ ਕੀਤੀ ਹੈ। ਅਬੋਹਰ ਨਗਰ ਨਿਗਮ ਵਿੱਚ ਗਣੇਸ਼ ਕੁਮਾਰ ਸਬਲਾਨੀਆ ਨੂੰ ਮੇਅਰ, ਰੇਸ਼ਮਾ ਬਾਈ ਨੂੰ ਸੀਨੀਅਰ ਡਿਪਟੀ ਮੇਅਰ ਅਤੇ ਕਿਰਨ ਨੂੰ ਡਿਪਟੀ ਮੇਅਰ ਚੁਣਿਆ ਗਿਆ ਹੈ।50 ਮੈਂਬਰੀ ਨਗਰ ਨਿਗਮ ਵਿੱਚ 'ਆਪ' ਉਮੀਦਵਾਰਾਂ ਨੇ 27 ਕੌਂਸਲਰਾਂ ਦੇ ਸਮਰਥਨ ਨਾਲ ਇਹ ਸ਼ਾਨਦਾਰ ਜਿੱਤ ਹਾਸਲ ਕੀਤੀ।ਇਸੇ ਤਰ੍ਹਾਂ ਮੋਰਿੰਡਾ ਨਗਰ ਕੌਂਸਲ ਵਿੱਚ ਜਗਪਾਲ ਸਿੰਘ ਜੌਲੀ ਨੂੰ ਪ੍ਰਧਾਨ, ਦਲਜੀਤ ਕੌਰ ਭਿੱਚਰਾ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਹਰਜਿੰਦਰ ਸਿੰਘ ਚਿੱਬਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ।

# ਭਾਜਪਾ ਸੰਵਿਧਾਨ ਬਦਲ ਕੇ ਲੋਕ ਹਕੂਕ ਖਤਮ ਕਰਨ ਦੀ ਫਿਰਾਕ 'ਚ : ਧਾਲੀਵਾਲ

**ਸਮਰਾਲਾ (ਸੁਰਜੀਤ ਸਿੰਘ, ਬੌਬੀ, ਸੇਠ)**

ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਦੇ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਜੇਕਰ ਭਾਰਤੀ ਜਨਤਾ ਪਾਰਟੀ ਨੂੰ ਸੰਸਦ ਵਿਚ ਦੋ ਤਿਹਾਈ ਮਤ ਹਾਸਲ ਹੋ ਗਿਆ ਤਾਂ ਉਹ ਦੇਸ਼ ਦਾ ਸੰਵਿਧਾਨ ਬਦਲ ਕੇ ਲੋਕਾਂ ਦੇ ਹਕੂਕ 'ਤੇ ਡਾਕਾ ਮਾਰੇਗੀ।ਕਾਮਰੇਡ ਧਾਲੀਵਾਲ ਸ਼ੁੱਕਰਵਾਰ ਇਥੇ ਸੀ ਪੀ ਆਈ ਵਲੋਂ ਆਯੋਜਿਤ ਵਿਦਿਆਰਥੀ ਅਤੇ ਕਿਰਤੀ ਲਹਿਰ ਦੇ ਆਗੂ ਸ਼ਹੀਦ ਹਰਪਾਲ ਸਿੰਘ ਮੰਜਾਲੀਆਂ ਦੇ ਸ਼ਰਧਾਂਜਲੀ ਸਮਾਗਮ ਵਿੱਚ ਹਾਜ਼ਰ ਲੋਕਾਂ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾ ਕਿਹਾ ਕਿ ਭਾਜਪਾ ਵੱਲੋਂ ਪਬਲਿਕ ਸੈਕਟਰ ਦਾ ਭੋਗ ਪਾ ਕੇ ਕਾਰਪੋਰੇਟ ਸੈਕਟਰ ਨੂੰ ਉਭਾਰਿਆ ਜਾ ਰਿਹਾ ਹੈ।ਇੱਕ ਮਾਮੂਲੀ ਵਪਾਰੀ ਅਡਾਨੀ ਮੋਦੀ ਦੀ ਕਿਰਪਾ ਨਾਲ 92 ਅਰਬ ਡਾਲਰ ਦਾ ਮਾਲਕ ਬਣ ਗਿਆ ਹੈ। ਅਜਿਹੇ ਹਾਲਾਤ ਵਿਚ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਕਾਰਪੋਰੇਟਾਂ ਦੇ ਜਬਾੜਿਆਂ ਵਿਚ ਫਸਾਇਆ ਜਾ ਰਿਹਾ ਹੈ।ਭਾਜਪਾ ਹਿੰਦੂ ਭਾਈਚਾਰੇ ਨੂੰ ਮੁਸਲਮਾਨਾਂ ਦੀ ਵਧਦੀ ਆਬਾਦੀ ਦਾ ਖੌਫ ਪੈਦਾ ਕਰਕੇ ਡਰਾ ਰਹੀ ਹੈ।ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ ਨੂੰ ਖੂੰਜੇ ਲਾ ਦਿੱਤਾ ਗਿਆ ਹੈ।ਆਰ ਐਸ ਐਸ ਨੂੰ ਸੈਕੂਲਰ ਸ਼ਬਦ ਤੋਂ ਭਾਰੀ ਚਿੜ੍ਹ ਹੈ।ਜਿਸ ਦੇ ਸਿੱਟੇ ਵਜੋਂ ਐਨ ਸੀ ਈ ਆਰ ਟੀ ਦੇ ਸਿਲੇਬਸ ਵਿਚੋਂ ਸੰਵਿਧਾਨ ਦੀ ਪ੍ਰਸਤਾਵਨਾ ਹੀ ਕੱਢ ਦਿੱਤੀ ਗਈ ਹੈ। ਸਿਲੇਬਸ ਵਿਚ ਮਨੂਸਮ੍ਰਿਤੀ ਅਤੇ ਸੰਸਕ੍ਰਿਤ ਜ਼ਬਰਦਸਤੀ ਥੋਪੀ ਜਾ ਰਹੀ ਹੈ, ਜਦਕਿ ਅੱਜਕਲ੍ਹ ਪੰਡਤਾਂ ਨੂੰ ਵੀ ਸੰਸਕ੍ਰਿਤ ਨਹੀਂ • ਬਾਕੀ ਸਫਾ 2 'ਤੇ

## ਪਸ਼ੂ ਨੂੰ ਬਚਾਉਂਦੇ ਪਲਟੀ ਕਾਰ, ਦੋ ਮੌਤਾਂ

**ਲਾਲੜੂ** : ਇੱਥੋਂ ਦੇ ਆਈ ਟੀ ਆਈ ਚੌਕ ਨੇੜੇ ਸ਼ੁੱਕਰਵਾਰ ਸਵੇਰੇ ਵਾਪਰੇ ਇਕ ਭਿਆਨਕ ਸੜਕ ਹਾਦਸੇ ਵਿਚ ਲੁਧਿਆਣਾ ਦੇ 23 ਸਾਲਾ ਨੌਜਵਾਨ ਅਤੇ ਕਾਰ ਚਾਲਕ ਦੀ ਮੌਤ ਹੋ ਗਈ, ਜਦ ਕਿ ਕਾਰ ਵਿਚ ਸਵਾਰ ਦੋ ਹੋਰ ਵਿਅਕਤੀ ਵਾਲ-ਵਾਲ ਬਚ ਗਏ। ਮ੍ਰਿਤਕ ਮਨਜੋਤ ਸਿੰਘ ਦੇ ਪਿਤਾ ਅਮਰਪਾਲ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਮਨਜੋਤ ਸਿੰਘ ਆਪਣੇ ਦੋਸਤ ਆਕਾਸ਼ ਵਰਮਾ, ਡਰਾਈਵਰ ਰਵੀ ਕੁਮਾਰ ਅਤੇ ਸਕਿਊਰਿਟੀ ਗਾਰਡ ਰਾਜੀਵ ਕੁਮਾਰ ਪਾਂਡੇ ਨਾਲ ਵੀਰਵਾਰ ਦੇਰ ਰਾਤ ਫਾਰਚੂਨਰ ਕਾਰ ਰਾਹੀਂ ਲੁਧਿਆਣਾ ਤੋਂ ਦਿੱਲੀ ਲਈ ਰਵਾਨਾ ਹੋਇਆ ਸੀ। ਸ਼ੁੱਕਰਵਾਰ ਸਵੇਰੇ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਥਾਨਕ ਆਈ ਟੀ ਆਈ ਚੌਕ ਨੇੜੇ ਕਾਰ ਨਾਲ ਹਾਦਸਾ ਹੋ ਗਿਆ ਹੈ। ਪਤਾ ਲੱਗਾ ਕਿ ਮਨਜੋਤ ਸਿੰਘ ਅਤੇ ਡਰਾਈਵਰ ਰਵੀ ਕੁਮਾਰ ਦੀ ਮੌਤ ਹੋ ਚੁੱਕੀ ਹੈ, ਜਦ ਕਿ ਆਕਾਸ਼ ਵਰਮਾ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ ਅਤੇ ਸਕਿਊਰਿਟੀ ਗਾਰਡ ਰਾਜੀਵ ਕੁਮਾਰ ਠੀਕਠਾਕ ਹੈ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਅਚਾਨਕ ਇਕ ਆਵਾਰਾ ਪਸ਼ੂ ਕਾਰ ਦੇ ਸਾਹਮਣੇ ਆ ਗਿਆ। ਪਸ਼ੂ ਨੂੰ ਬਚਾਉਣ ਦੀ ਕੋਸ਼ਿਸ਼ ਦੌਰਾਨ ਕਾਰ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਡਿਵਾਈਡਰ ਨਾਲ ਟਕਰਾਅ ਕੇ ਪਲਟ ਗਈ।

## ਅੱਜ-ਨਾਮਾ

ਕਿਹਾ ਗਵਰਨਰ ਪੰਜਾਬ ਆ ਸਾਫ-ਸਿੱਧਾ,
ਫੋਕਾ ਦਾਅਵਾ ਨਹੀਂ ਅਫਸਰੋ ਕਰੋ ਭਾਈ।
ਜਿਹੜਾ ਕੰਮ ਕੀਤਾ ਜਾਂ ਜਿੰਨਾ ਕੰਮ ਕੀਤਾ,
ਕਾਗਜ਼ਾਂ ਵਿੱਚ ਵੀ ਤੁਸੀਂ ਉਹ ਭਰੋ ਭਾਈ।
ਜਿੱਥੇ ਨੁਕਸੇ ਨਿਕਲੇ, ਉਸ ਨੂੰ ਲਿਖ ਦੇਵੋ,
ਸੱਚਾਈ ਦੱਸਣ ਤੋਂ ਮੂਲ ਨਹੀਂ ਡਰੋ ਭਾਈ।
ਐਵੇਂ ਟਾਕੀ ਅਸਮਾਨੀਂ ਨਹੀਂ ਲਾਈ ਜਾਊ,
ਜਿੰਨਾ ਕੁਝ ਸੱਚ ਹੈ, ਸਾਹਮਣੇ ਧਰੋ ਭਾਈ।
ਚਰਚਾ ਰੁੱਖਾਂ ਦੀ ਕਰਦਿਆਂ ਕਿਹਾ ਉਸ ਨੇ,
ਜਿੰਨੇ ਹਨ ਅੰਕੜੇ, ਓਨੇ ਨਹੀਂ ਰੁੱਖ ਭਾਈ।
ਫਿਕਰ ਕਰਨਾ ਸਮਾਜ ਦਾ, ਦਿਲੋਂ ਕਰਿਉ,
ਰਹਿਣੀ ਹੈ ਤਦੇ ਸਮਾਜ ਵਿੱਚ ਸੁੱਖ ਭਾਈ।

-ਤੀਸ ਮਾਰ ਖਾਂ

# ਮੋਦੀ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖਿਲਾਫ ਪ੍ਰਚੰਡ ਰੋਹ ਦਾ ਪ੍ਰਗਟਾਵਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਦੀਆਂ ਦੋ ਕਿਸਾਨ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੱਦੇ 'ਤੇ ਪੰਜਾਬ ਦੇ ਕੋਨੇ-ਕੋਨੇ ਤੋਂ ਵਰ੍ਹਦੇ ਮੀਂਹ 'ਚ ਚੰਡੀਗੜ੍ਹ ਪੁੱਜੇ ਦਹਿ ਹਜ਼ਾਰਾਂ ਕਿਸਾਨ ਮਰਦ ਔਰਤਾਂ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਅਤੇ ਨਵੀਂ ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਤੇ ਨਾਲ ਹੀ ਈਰਾਨ 'ਤੇ ਅਮਰੀਕੀ ਹਮਲੇ ਖ਼ਿਲਾਫ਼ ਅਤੇ ਇਸ ਹਮਲੇ ਦੀ ਆੜ 'ਚ ਭਾਰਤੀ ਲੋਕਾਂ 'ਤੇ ਮਹਿੰਗਾਈ ਦੇ ਪਾਏ ਜਾ ਰਹੇ ਬੋਝ ਖ਼ਿਲਾਫ਼ ਸ਼ੁੱਕਰਵਾਰ ਸੈਕਟਰ 34 ਦੇ ਦੁਸਹਿਰਾ ਗਰਾਊਂਡ 'ਚ ਵਿਸ਼ਾਲ ਰੈਲੀ ਕੀਤੀ।

ਇਸ ਮੌਕੇ ਜੁੜੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਸਿਰੇ ਚਾੜ੍ਹਿਆ ਜਾ ਰਿਹਾ ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨਾਂ

ਦੇ ਨਾਲ-ਨਾਲ ਸਮਾਜ ਦੇ ਸਭਨਾਂ ਮਿਹਨਤਕਸ਼ ਵਰਗਾਂ 'ਤੇ ਮਾਰ ਪਾਵੇਗਾ। ਅਮਰੀਕੀ ਮੰਡੀ 'ਚੋਂ ਆਉਣ ਵਾਲੇ ਖੇਤੀ ਉਤਪਾਦ ਭਾਰਤੀ ਕਿਸਾਨਾਂ ਦਾ ਉਜਾੜਾ ਕਰਨਗੇ ਅਤੇ ਹੋਰ ਸਨਅਤੀ ਤਿਆਰ ਮਾਲ ਛੋਟੇ ਸਨਅਤਕਾਰਾਂ ਤੇ ਛੋਟੇ ਵਪਾਰੀਆਂ/ ਕਾਰੋਬਾਰੀਆਂ ਦਾ ਉਜਾੜਾ ਕਰੇਗਾ।ਉਹਨਾਂ ਕਿਹਾ ਕਿ ਮੋਦੀ ਹਕੂਮਤ ਅਮਰੀਕੀ ਸਾਮਰਾਜੀਆਂ ਦੇ ਦਬਾਅ ਮੂਹਰੇ ਝੁਕ ਕੇ ਦੇਸ਼ ਨਾਲ ਧਰੋਹ ਕਮਾ ਰਹੀ ਹੈ, ਜਦਕਿ ਮੁਲਕ ਅੰਦਰ ਖਰੀ ਰਾਸ਼ਟਰਵਾਦੀ ਸਰਕਾਰ ਹੋਣ ਦੇ ਦਾਅਵੇ ਕਰਦੀ ਰਹੀ ਹੈ।ਅਸਲੀਅਤ ਵਿੱਚ ਇਹ ਸਰਕਾਰ ਆਪਣੀ ਫਿਰਕੂ ਰਾਸ਼ਟਰਵਾਦੀ ਸਿਆਸਤ ਦੇ ਜ਼ਰੀਏ ਸਾਮਰਾਜੀਆਂ ਦੀ ਸੇਵਾ ਕਰ ਰਹੀ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਦੇ ਸਖਤ ਵਿਰੋਧ ਦੇ ਮਗਰੋਂ ਰੱਦ ਕੀਤੀ ਗਈ ਲੁਟੇਰੀ ਲੈਂਡ ਪੂਲਿੰਗ ਨੀਤੀ ਮੁੜ ਲਿਆ ਕੇ ਕਾਰਪੋਰੇਟ ਕਾਰੋਬਾਰੀਆਂ ਤੇ ਰੀਅਲ ਅਸਟੇਟ ਦੀਆਂ ਜੋਕਾਂ ਨੂੰ ਹਰ ਹਾਲ ਕਿਸਾਨਾਂ ਦੀਆਂ ਜ਼ਮੀਨਾਂ ਲੁਟਾਉਣਾ ਚਾਹੁੰਦੀ ਹੈ।ਉਹਨਾਂ ਐਲਾਨ ਕੀਤਾ ਕਿ ਪੰਜਾਬ ਦੇ ਕਿਸਾਨ ਅਜਿਹੀ ਖੇਤੀ ਉਜਾੜੂ ਤੇ ਕਿਸਾਨ ਉਜਾੜੂ ਨੀਤੀ ਨੂੰ ਲਾਗੂ ਨਹੀਂ ਹੋਣ ਦੇਣਗੇ।

ਝੰਡਾ ਸਿੰਘ ਜੇਠੂਕੇ ਅਤੇ ਗੁਰਦੀਪ ਸਿੰਘ ਰਾਮਪੁਰਾ ਨੇ ਈਰਾਨ 'ਤੇ ਅਮਰੀਕੀ ਸਾਮਰਾਜ ਵੱਲੋਂ ਵਿੱਢੇ ਹੋਏ ਫੌਜੀ ਹਮਲੇ ਦੀ ਸਖਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਹ ਹਮਲਾ ਈਰਾਨ ਨੂੰ ਲੁੱਟਣ ਅਤੇ ਸਾਰੇ ਮੱਧ ਪੂਰਬ ਅੰਦਰ ਤੇਲ 'ਤੇ ਕਬਜ਼ਾ ਜਮਾ ਕੇ ਰੱਖਣ ਲਈ ਈਰਾਨੀ ਟਾਕਰਾ ਖਤਮ ਕਰਨ ਲਈ ਕੀਤਾ ਗਿਆ ਹੈ।ਅਮਰੀਕੀ ਸਾਮਰਾਜੀ ਹੁਕਮਰਾਨ ਦੁਨੀਆ ਭਰ ਦੇ ਦੇਸ਼ਾਂ ਨੂੰ ਲੁੱਟਣ ਲਈ ਆਪਣੇ ਸਮਝੌਤੇ 'ਤੇ ਲੋਟੂ ਨੀਤੀਆਂ ਮੜ੍ਹ ਰਹੇ ਹਨ ਅਤੇ ਇਨ੍ਹਾਂ ਨੀਤੀਆਂ ਖਿਲਾਫ ਆਵਾਜ਼ ਉਠਾਉਣ ਵਾਲੇ ਦੇਸ਼ਾਂ ਦੇ ਹੁਕਮਰਾਨਾਂ ਨੂੰ ਕਤਲ ਕਰਨ ਤੇ ਮੁਲਕਾਂ 'ਤੇ ਹਮਲੇ ਕਰਨ ਤੱਕ ਜਾ ਰਹੇ ਹਨ। ਮੋਦੀ ਸਰਕਾਰ ਹੱਕੀ ਜੰਗ ਲੜ ਰਹੇ ਈਰਾਨ ਨਾਲ ਖੜਨ ਦੀ ਥਾਂ ਅਮਰੀਕੀ ਸਾਮਰਾਜੀਆਂ ਦੀ ਚਾਕਰੀ ਵਿੱਚ ਇਜ਼ਰਾਈਲ ਤੇ ਅਮਰੀਕਾ ਦਾ ਸਾਥ ਦੇ ਰਹੀ ਹੈ। ਇਸ ਜੰਗ ਦੀ ਆੜ ਲੈ ਕੇ ਪੈਟਰੋਲ, ਡੀਜ਼ਲ ਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਵਾਧੇ ਰਾਹੀਂ ਲੋਕਾਂ 'ਤੇ ਭਾਰੀ ਬੋਝ ਪਾਇਆ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ • ਬਾਕੀ ਸਫਾ 2 'ਤੇ

## ਨੰਦਲ ਗਰੋਹ ਦੇ 4 ਸ਼ੂਟਰ ਮਾਰੇ

**ਗੁਰੂਗਰਾਮ** : ਇੱਥੇ ਵੀਰਵਾਰ ਰਾਤ ਨੂੰ ਵੱਡਾ ਐਨਕਾਊਂਟਰ ਹੋਇਆ। ਪੁਲਸ ਤੇ ਦੀਪਕ ਨੰਦਲ ਗੈਂਗ ਦੇ ਸ਼ੂਟਰਾਂ ਵਿਚਾਲੇ ਦੁਪਾਸੜ ਹੋਈ ਗੋਲੀਬਾਰੀ ਦੌਰਾਨ 4 ਸ਼ੂਟਰ ਮਾਰੇ ਗਏ, ਜਦ ਕਿ ਇੱਕ ਜ਼ਖ਼ਮੀ ਹੋ ਗਿਆ। ਮੁਕਾਬਲੇ ਵਿੱਚ ਸ਼ੂਟਰਾਂ ਦੀ ਗੋਲੀ ਨਾਲ ਤਿੰਨ ਪੁਲਸ ਮੁਲਾਜ਼ਮ ਵੀ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਪੁਲਸ ਅਨੁਸਾਰ, ਦੀਪਕ ਨੰਦਲ ਵਿਦੇਸ਼ ਤੋਂ ਆਪਣਾ ਗੈਂਗ ਚਲਾਉਂਦਾ ਹੈ। ਇਹ ਮੁਕਾਬਲਾ ਉਦੋਂ ਹੋਇਆ, ਜਦੋਂ ਫਿਰੌਤੀ ਨਾ ਦੇਣ ਕਾਰਨ ਸਕਾਰਪੀਓ ਵਿਚ ਸਵਾਰ 5 ਬਦਮਾਸ਼ਾਂ ਨੇ ਇੱਕ ਸਥਾਨਕ ਵਪਾਰੀ ਦੇ ਘਰ 'ਤੇ ਆਧੁਨਿਕ ਹਥਿਆਰਾਂ ਨਾਲ ਅੰਨ੍ਹੇਵਾਹ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਪਿੱਛਾ ਕਰ ਰਹੀ ਪੁਲਸ ਨੇ ਅਪਰਾਧੀਆਂ ਨੂੰ ਆਤਮ ਸਮਰਪਣ ਕਰਨ ਦੀ ਚੇਤਾਵਨੀ ਦਿੱਤੀ, ਪਰ ਉਨ੍ਹਾਂ ਨੇ ਪੁਲਸ ਟੀਮ 'ਤੇ ਮਾਰੂ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਅਤੇ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਤੋਂ ਬਾਅਦ ਸਵੈ-ਰੱਖਿਆ ਵਿੱਚ ਕੀਤੀ ਗਈ ਜਵਾਬੀ ਕਾਰਵਾਈ ਵਿੱਚ ਚਾਰੇ ਸ਼ੂਟਰ ਮਾਰੇ ਗਏ, ਜਦੋਂ ਕਿ ਗੁਰੂਗ੍ਰਾਮ ਦੇ ਕੋਟਾ ਬਿਸਰ ਦੇ ਰਹਿਣ ਵਾਲੇ ਸ਼ਿਵਮ ਨੂੰ ਗੰਭੀਰ ਹਾਲਤ ਵਿੱਚ ਗੁਰੂਗ੍ਰਾਮ ਦੇ ਮੇਦਾਂਤਾ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

## ਉਸਾਰੂ ਗਾਇਕੀ ਤੇ ਸਕਾਰਾਤਮਿਕ ਨਜ਼ਰੀਆ ਨੌਜਵਾਨਾਂ ਦੀ ਸ਼ਖ਼ਸੀਅਤ ਨਿਰਮਾਣ ਦਾ ਆਧਾਰ : ਗਰੇਵਾਲ

**ਰਾਏਕੋਟ (ਸੰਤੋਖ ਗਿੱਲ)**-ਭਾਈ ਰਣਧੀਰ ਸਿੰਘ ਪਬਲਿਕ ਲਾਇਬ੍ਰੇਰੀ ਨਾਰੰਗਵਾਲ ਵਿੱਚ ਗੋਵਿੰਦ ਨੈਸ਼ਨਲ ਕਾਲਜ ਦੇ ਵਿਦਿਆਰਥੀਆਂ ਲਈ ਉਸਾਰੂ ਗਾਇਕੀ ਤੇ ਸੁਚੱਜਾ ਜੀਵਨ-ਨਜ਼ਰੀਆ ਅਪਨਾਉਣ ਸਬੰਧੀ ਵਿਚਾਰ-ਚਰਚਾ ਕਰਵਾਈ ਗਈ।ਯੂਨੀਵਰਸਿਟੀ ਨਿਰਦੇਸ਼ ਅਨੁਸਾਰ ਸਿਖਲਾਈ ਪ੍ਰੋਗਰਾਮ ਵਿੱਚ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਚੰਗੇ ਸਾਹਿਤ, ਗੁਰਬਾਣੀ ਤੇ ਸਮਾਜਿਕ ਕਦਰਾਂ-ਕੀਮਤਾਂ ਨਾਲ ਜੁੜਨ ਦਾ ਸੱਦਾ ਦਿੱਤਾ।ਨੈਸ਼ਨਲ ਐਵਾਰਡੀ ਕਰਮਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਉਸਾਰੂ ਗਾਇਕੀ ਤੇ ਅਰਥਪੂਰਨ ਸਾਹਿਤ ਨੌਜਵਾਨਾਂ ਦੀ ਸੋਚ ਨੂੰ ਸਹੀ ਦਿਸ਼ਾ ਦਿੰਦੇ ਹਨ ਤੇ ਉਨ੍ਹਾਂ ਦੇ ਵਿਅਕਤੀਤਵ ਦੇ ਨਿਰਮਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਗੁਰਬਾਣੀ, ਡਾ. ਜਗਤਾਰ, ਸੁਰਜੀਤ ਪਾਤਰ ਤੇ ਪਾਸ਼ ਦੀਆਂ ਰਚਨਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਨ੍ਹਾਂ ਦੀਆਂ ਲਿਖਤਾਂ ਨੇ ਸਮਾਜ ਨੂੰ ਜਾਗਰੂਕ ਕਰਨ ਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਬਣਾਉਣ ਦਾ ਕੰਮ ਕੀਤਾ ਹੈ।ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਵਿਦਿਆਰਥੀਆਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਡੱਟ ਕੇ ਸਾਹਮਣਾ ਕਰਨ ਲਈ ਉਸਾਰੂ ਨਜ਼ਰੀਆ ਅਪਨਾਉਣ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਕਿਸੇ ਵੀ ਖੇਤਰ ਵਿੱਚ ਸਫ਼ਲਤਾ ਤੋਂ ਪਹਿਲਾਂ ਇੱਕ ਚੰਗਾ ਇਨਸਾਨ ਬਣਨਾ ਸਭ ਤੋਂ ਵੱਡੀ ਉਪਲਬਧੀ ਹੁੰਦੀ ਹੈ।ਡਾ. ਮਨਦੀਪ ਕੌਰ ਰਾਏ ਨੇ ਮਹਿਮਾਨ ਬੁਲਾਰਿਆਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਬੁਲਾਰਿਆਂ ਨੂੰ ਕਿਤਾਬਾਂ ਭੇਟ ਕਰਕੇ ਸਨਮਾਨਤ ਕੀਤਾ।ਇਸ ਮੌਕੇ ਕਮੇਟੀ ਮੈਂਬਰ ਗੁਰਵਿੰਦਰ ਸਿੰਘ ਗਰੇਵਾਲ, ਪਰਮਜੀਤ ਸਿੰਘ ਗਰੇਵਾਲ, ਇੰਦਰਜੀਤ ਸਿੰਘ ਗਰੇਵਾਲ, ਲਾਇਬ੍ਰੇਰੀਅਨ ਲਵਪ੍ਰੀਤ ਕੌਰ ਤੇ ਮਦਨ ਲਾਲ ਸ਼ਰਮਾ ਹਾਜ਼ਰ ਸਨ।14 ਜੁਲਾਈ ਤੱਕ ਚੱਲਣ ਵਾਲੇ ਪ੍ਰੋਗਰਾਮ ਦੌਰਾਨ ਸਮਾਜ ਦੇ ਵੱਖ-ਵੱਖ ਖੇਤਰਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨਾਲ ਵਿਦਿਆਰਥੀਆਂ ਦੀ ਰੂਬਰੂ ਮੁਲਾਕਾਤ ਕਰਵਾਈ ਜਾਵੇਗੀ।

## ਬੀ. ਐੱਡ ਦੇ ਦਾਖਲੇ ਲਈ ਮੀਰਾ ਕਾਲਜ 'ਚ ਹੈਲਪ ਡੈਸਕ ਸ਼ੁਰੂ

**ਸਰਦੂਲਗੜ੍ਹ (ਅਵਤਾਰ ਜਟਾਣਾ)**

ਮੀਰਾ ਕਾਲਜ ਆਫ ਐਜੂਕੇਸ਼ਨ ਸਰਦੂਲੇਵਾਲਾ ਵਿਖੇ ਸੰਯੁਕਤ ਬੀ.ਐੱਡ ਕਾਉਂਸਲਿੰਗ ਤਹਿਤ ਰਜਿਸਟਰੇਸ਼ਨ ਫਾਰਮ 2026 ਲਈ ਹੈਲਪ ਡੈਸਕ ਦੀ ਸ਼ੁਰੂਆਤ ਕੀਤੀ ਹੈ।ਇਸ ਹੈਲਪ ਡੈਸਕ ਦਾ ਉਦੇਸ਼ ਵਿਦਿਆਰਥੀ ਨੂੰ ਬੀ. ਐੱਡ ਦੀ ਜਾਣਕਾਰੀ ਦੇਣਾ ਤੇ ਉਨ੍ਹਾਂ ਦਾ ਐਂਟਰੈਂਸ ਟੈਸਟ ਲਈ ਫ੍ਰੀ ਰਜਿਸਟਰੇਸ਼ਨ ਕਰਨਾ ਹੈ।ਪੰਜਾਬ ਦੀਆਂ ਤਿੰਨ ਯੂਨੀਵਰਸਿਟੀਆਂ-ਪੰਜਾਬੀ ਯੂਨੀਵਰਸਿਟੀ ਪਟਿਆਲਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਕਾਲਜਾਂ ਵਿੱਚ ਬੀ. ਐੱਡ-2026 ਦੇ ਦਾਖਲੇ ਲਈ ਆਨਲਾਈਨ ਫਾਰਮ 20 ਜੂਨ 2026 ਤੋਂ 20 ਜੁਲਾਈ 2026 ਤੱਕ ਭਰੇ ਜਾ ਰਹੇ ਹਨ।ਇਸ ਕੋਰਸ ਦੇ ਚਾਹਵਾਨ ਵਿਦਿਆਰਥੀ ਮੀਰਾ ਕਾਲਜ ਆਫ ਐਜੂਕੇਸ਼ਨ ਸਰਦੂਲੇਵਾਲਾ ਵਿੱਚ ਆ ਕੇ ਇਸ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ ਤੇ ਰਜਿਸਟਰੇਸ਼ਨ ਫੀਸ ਭਰ ਕੇ ਆਨਲਾਈਨ ਫਾਰਮ ਭਰਵਾ ਸਕਦੇ ਹਨ।ਕਾਲਜ ਦੇ ਪ੍ਰਿੰਸੀਪਲ ਡਾ. ਰਾਕੇਸ਼ ਦੂਬੇ ਨੇ ਦੱਸਿਆ ਕਿ ਕਾਲਜ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਹੈ ਤੇ ਇਲਾਕੇ ਦੇ ਨੌਜਵਾਨਾਂ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ।ਇਹ ਕਾਲਜ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਜੁੜਿਆ ਹੈ ਅਤੇ ਨੈਸ਼ਨਲ ਕੌਂਸਲ ਫਾਰ ਟੀਚਰ ਐਜੂਕੇਸ਼ਨ ਨਵੀਂ ਦਿੱਲੀ ਵੱਲੋਂ ਮਾਨਤਾ ਪ੍ਰਾਪਤ ਹੈ।

# ਪੰਜਾਬੀ ਯੂਨੀਵਰਸਿਟੀ ਤੇ 'ਰੀਪ ਬੈਨੇਫਿਟ' ਬੰਗਲੁਰੂ ਦਰਮਿਆਨ ਅਹਿਮ ਇਕਰਾਰਨਾਮਾ ਸਹੀਬੱਧ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਤੇ ਪ੍ਰਸਿੱਧ ਸੰਸਥਾ 'ਰੀਪ ਬੈਨੇਫਿਟ' ਬੰਗਲੁਰੂ ਦਰਮਿਆਨ ਇੱਕ ਵਿਸ਼ੇਸ਼ ਇਕਰਾਰਨਾਮਾ ਸਹੀਬੱਧ ਹੋਇਆ ਹੈ।ਉਪ-ਕੁਲਪਤੀ ਡਾ. ਜਗਦੀਪ ਸਿੰਘ ਦੀ ਹਾਜ਼ਰੀ ਵਿੱਚ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ. ਵਿਭਾਗ ਰਾਹੀਂ ਹੋਏ ਇਸ ਇਕਰਾਰਨਾਮੇ 'ਤੇ ਪੰਜਾਬੀ ਯੂਨੀਵਰਸਿਟੀ ਵੱਲੋਂ ਰਜਿਸਟਰਾਰ ਡਾ. ਦਵਿੰਦਰਪਾਲ ਸਿੰਘ ਸਿੱਧੂ ਤੇ 'ਰੀਪ ਬੈਨੇਫਿਟ' ਵੱਲੋਂ ਪੰਜਾਬ ਉਪਰੇਸ਼ਨਜ਼ ਦੀ ਮੁਖੀ ਨਵਨੀਤ ਕੌਰ ਨੇ ਅਧਿਕਾਰਤ ਤੌਰ 'ਤੇ ਦਸਤਖ਼ਤ ਕੀਤੇ।ਡਾ. ਜਗਦੀਪ ਸਿੰਘ ਨੇ ਇਸ ਭਾਈਵਾਲੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਇਕਰਾਰਨਾਮਾ ਦੋਵਾਂ ਸੰਸਥਾਵਾਂ ਦੇ ਆਪਸੀ ਸਹਿਯੋਗ ਨੂੰ ਹੋਰ ਮਜ਼ਬੂਤ ਕਰੇਗਾ ਤੇ ਖੋਜ ਸਬੰਧੀ ਨਵੀਨਤਮ ਪ੍ਰੋਗਰਾਮਾਂ ਨੂੰ ਨਵੀਂ ਦਿਸ਼ਾ ਪ੍ਰਦਾਨ ਕਰੇਗਾ।ਉਨ੍ਹਾਂ ਦੱਸਿਆ ਕਿ ਇਸ ਦੇ ਤਹਿਤ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਯੁਵਕ ਅਗਵਾਈ ਤੇ ਹੁਨਰ ਨਿਰਮਾਣ ਸਕਿੱਲ, ਸਮੱਸਿਆ ਨਿਵਾਰਨ ਦੇ ਹੁਨਰ ਅਤੇ ਮਾਹਰਾਂ ਦੇ ਵਿਸ਼ੇਸ਼ ਸੈਸ਼ਨਾਂ ਵਰਗੀਆਂ ਉੱਚ-ਪੱਧਰੀ ਗਤੀਵਿਧੀਆਂ ਵਿੱਚ ਭਾਗ ਲੈਣ ਦੇ ਬਿਹਤਰੀਨ ਮੌਕੇ ਮਿਲਣਗੇ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੀ ਸਹੂਲਤ ਤੇ ਉਨ੍ਹਾਂ ਦੀ ਰੁਚੀ ਅਨੁਸਾਰ ਸਰਗਰਮੀਆਂ ਵਿੱਚ ਭਾਗੀਦਾਰੀ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ 'ਵਟਸਐਪ ਚੈਟਬੋਟ' ਪਲੇਟਫਾਰਮ ਵੀ ਮੁਹੱਈਆ ਕਰਾਇਆ ਜਾਵੇਗਾ।ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ, ਡੀਨ ਯੋਜਨਾ ਅਤੇ ਨਿਰੀਖਣ ਡਾ. ਸੁਖਜੀਤ ਕੌਰ ਤੇ ਐੱਨ. ਐੱਸ.ਐੱਸ. ਪ੍ਰੋਗਰਾਮ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਵੀ ਮੌਜੂਦ ਸਨ।ਡਾ. ਅਨਹਦ ਸਿੰਘ ਗਿੱਲ ਨੇ ਧੰਨਵਦੀ ਭਾਸ਼ਣ ਦੌਰਾਨ ਸਮਝੌਤੇ ਦੀਆਂ ਬਰੀਕੀਆਂ ਸਾਂਝੀਆਂ ਕਰਦਿਆਂ ਦੱਸਿਆ ਕਿ ਇਸ ਤਹਿਤ ਵਿਦਿਆਰਥੀਆਂ ਨੂੰ ਆਪਣੇ ਨਿਵੇਕਲੇ ਤੇ ਨਵੀਨਤਮ ਵਿਚਾਰ ਪੇਸ਼ ਕਰਨ ਲਈ ਇੱਕ ਵਿਲੱਖਣ ਮੰਚ ਮਿਲੇਗਾ।ਏਨਾ ਹੀ ਨਹੀਂ, ਵਿਦਿਆਰਥੀਆਂ ਦੇ ਸ਼ਾਨਦਾਰ ਵਿਚਾਰਾਂ ਨੂੰ ਅਮਲੀ ਰੂਪ ਦੇਣ ਲਈ ਸੰਸਥਾ ਵੱਲੋਂ ਸੀਡ ਫੰਡ ਵੀ ਦਿੱਤਾ ਜਾਵੇਗਾ।ਉਨ੍ਹਾਂ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਭਵਿੱਖ 'ਚ ਐੱਨ.ਐੱਸ.ਐੱਸ ਵਿਭਾਗ ਦੀਆਂ ਸਮੁੱਚੀਆਂ ਗਤੀਵਿਧੀਆਂ ਨੂੰ ਸੁਚਾਰੂ, ਪਾਰਦਰਸ਼ੀ ਤੇ ਆਧੁਨਿਕ ਤਰੀਕੇ ਨਾਲ ਚਲਾਉਣ ਲਈ ਦੋਵੇਂ ਸੰਸਥਾਵਾਂ ਮਿਲ ਕੇ ਇੱਕ ਵਿਸ਼ੇਸ਼ ਸਾਫਟਵੇਅਰ/ਪੋਰਟਲ ਵੀ ਵਿਕਸਤ ਕਰਨਗੀਆਂ।

## ਗੁਲਾਹੜ ਤੇ ਸਧਾਰਨਪੁਰ 'ਚ ਮਾਡਲ ਖੇਡ ਗਰਾਊਂਡਾਂ ਦਾ ਉਦਘਾਟਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਬਣਾਏ ਜਾ ਰਹੇ ਮਾਡਲ ਖੇਡ ਗਰਾਊਂਡਾਂ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਗੁਲਾਹੜ ਤੇ ਸਧਾਰਨਪੁਰ ਵਿੱਚ ਬਣਾਏ ਗਏ ਦੋ ਮਾਡਲ ਖੇਡ ਗਰਾਊਂਡਾਂ ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕੀਤਾ।ਇਸ ਦੌਰਾਨ ਉਨ੍ਹਾਂ ਦਾਅਵਾ ਕੀਤਾ ਕਿ ਆਪ ਸਰਕਾਰ ਨੌਜਵਾਨਾਂ ਦੀ ਬਿਹਤਰੀ ਲਈ ਵਿਸ਼ੇਸ਼ ਕਦਮ ਚੁੱਕ ਰਹੀ ਹੈ। ਉਦਘਾਟਨੀ ਸਮਾਰੋਹਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਰੰਗਲਾ ਪੰਜਾਬ ਸਿਰਜਣ ਦੀ ਲੜੀ ਤਹਿਤ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ ਤੇ ਇਸੇ ਲੜੀ ਤਹਿਤ ਸੂਬੇ ਦੇ ਸਾਰੇ ਵਿਧਾਨ ਸਭਾ ਹਲਕਿਆਂ 'ਚ 3100 ਮਾਡਲ ਖੇਡ ਗਰਾਊਂਡਾਂ ਦੀ ਉਸਾਰੀ ਕੀਤੀ ਜਾ ਰਹੀ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਖੇਡਾਂ ਹੀ ਇੱਕੋ ਇੱਕ ਸਾਧਨ ਹਨ, ਜਿਸ ਨਾਲ ਜਿੱਥੇ ਨਸ਼ਿਆਂ ਤੋਂ ਬਚਿਆ ਜਾ ਸਕਦਾ ਹੈ, ਉੱਥੇ ਤੰਦਰੁਸਤੀ ਨੂੰ ਬਹਾਲ ਰੱਖਿਆ ਜਾ ਸਕਦਾ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ ਸੂਬੇ ਨੂੰ ਹਰ ਪੱਖ ਤੋਂ ਕਮਜ਼ੋਰ ਕੀਤਾ, ਜਦੋਂ ਕਿ ਆਪ ਸਰਕਾਰ ਰੰਗਲਾ ਪੰਜਾਬ ਸਿਰਜਣ ਲਈ ਵਚਨਬੱਧ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਪ ਦੇ ਬਲਾਕ ਪ੍ਰਧਾਨ ਕੇ ਪੀ ਸ਼ਰਮਾ, ਸਰਪੰਚ ਗੁਲਾਹੜ ਦਰਸ਼ਨ ਸਿੰਘ, ਪੰਚ ਧਿਆਨ ਸਿੰਘ, ਦਰਸ਼ਨ ਸਿੰਘ, ਬਲਵੀਰ ਸਿੰਘ, ਗੁਰਲਾਲ ਸਿੰਘ, ਸਾਬਕਾ ਸਰਪੰਚ ਬੂਟਾ ਸਿੰਘ, ਸਰਪੰਚ ਸੁਖਵੰਤ ਸਿੰਘ, ਟਹਿਲ ਸਿੰਘ ਸਰਪੰਚ ਸਧਾਰਨਪੁਰ, ਸਰਪੰਚ ਮਾਲਕ ਸਿੰਘ ਤਰਲੋਚਨ ਸਿੰਘ ਜੈਖਰ, ਸਰਪੰਚ ਗੁਰਜੀਤ ਮੱਲੀ, ਸਰਪੰਚ ਵਿਕਰਮ ਸਿੰਘ ਡਰੋਲੀ ਤੇ ਚਰਨ ਸਿੰਘ ਮੋਮੀਆ ਆਦਿ ਹਾਜ਼ਰ ਸਨ।

## ਲੈਂਡ ਪੂਲਿੰਗ ਤਹਿਤ ਸਰਕਾਰ ਨੂੰ ਜ਼ਮੀਨਾਂ 'ਤੇ ਕਬਜ਼ਾ ਨਹੀਂ ਕਰਨ ਦਿਆਂਗੇ : ਬੀ ਕੇ ਯੂ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਪੂਰੀ ਤਰ੍ਹਾਂ ਨਾਲ ਕਿਸਾਨ ਵਿਰੋਧੀ ਹੈ, ਜੋ ਕੇਵਲ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਤੇ ਕਿਸਾਨਾਂ ਨੂੰ ਉਜਾੜਨ ਲਈ ਲਿਆਂਦੀ ਜਾ ਰਹੀ ਹੈ।ਪੰਜਾਬ ਜੋ ਖੇਤੀ ਪ੍ਰਧਾਨ ਸੂਬਾ ਹੈ, ਇੱਥੋਂ ਦੀ ਆਰਥਿਕਤਾ ਖੇਤੀਬਾੜੀ ਉੱਤੇ ਨਿਰਭਰ ਹੈ, ਪ੍ਰੰਤੂ ਅਜਿਹੀ ਨੀਤੀ ਨਾਲ ਪੰਜਾਬ ਨੂੰ ਬਰਬਾਦ ਕਰਨ ਦੀ ਯੋਜਨਾ ਬਣਾਈ ਜਾ ਰਹੀ, ਪਰ ਪੰਜਾਬ ਦਾ ਕਿਸਾਨ ਇਸ ਨੀਤੀ ਦੇ ਵਿਰੋਧ ਵਿੱਚ ਪੂਰੀ ਤਰ੍ਹਾਂ ਨਾਲ ਲਾਮਬੰਦ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਮਨਜੀਤ ਸਿੰਘ ਢੀਂਡਸਾ ਪ੍ਰਧਾਨ ਜ਼ਿਲ੍ਹਾ ਲੁਧਿਆਣਾ ਤੇ ਬਲਾਕ ਸਮਰਾਲਾ ਦੇ ਪ੍ਰਧਾਨ ਗੁਰਸੇਵਕ ਸਿੰਘ ਮੰਜਾਲੀਆਂ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਪਹਿਲਾਂ ਹੀ ਖੇਤੀਬਾੜੀ ਵਾਲੀ ਜ਼ਮੀਨ ਦਾ ਰਕਬਾ ਘੱਟਦਾ ਜਾ ਰਿਹਾ ਹੈ।ਅਜਿਹੇ ਸਮੇਂ ਵਿੱਚ ਉਪਜਾਊ ਖੇਤੀਬਾੜੀ ਵਾਲੀ ਜ਼ਮੀਨ ਨੂੰ ਰਿਹਾਇਸ਼ੀ ਤੇ ਵਪਾਰਕ ਪ੍ਰੋਜੈਕਟਾਂ ਲਈ ਵਰਤਣਾ ਪੰਜਾਬ ਦੇ ਭਵਿੱਖ ਨਾਲ ਖਿਲਵਾੜ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੁਆਰਾ ਮੁੜ ਲੈਂਡ ਪੂਲਿੰਗ ਦਾ ਸਮੱਰਥਨ ਕਰਨਾ ਤੇ ਕਾਰਪੋਰੇਟ ਘਰਾਣਿਆਂ ਨੂੰ ਹੱਲਾਸ਼ੇਰੀ ਦੇਣਾ ਤੇ ਪੰਜਾਬ ਦੀ ਉਪਜਾਊ ਜ਼ਮੀਨ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਅਤੀ ਨਿੰਦਣਯੋਗ ਕਦਮ ਹੈ, ਜਿਸ ਦਾ ਬੀ. ਕੇ. ਯੂ. (ਲੱਖੋਵਾਲ) ਪੂਰਨ ਰੂਪ ਵਿੱਚ ਵਿਰੋਧ ਕਰਦੀ ਹੈ।ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੋਧ ਕੇ ਲਿਆਂਦੀ ਲੈਂਡ ਪੂਲਿੰਗ ਨੀਤੀ ਨੂੰ ਬੀ. ਕੇ. ਯੂ. (ਲੱਖੋਵਾਲ) ਕਿਸੇ ਵੀ ਰੂਪ ਵਿੱਚ ਲਾਗੂ ਨਹੀਂ ਹੋਣ ਦੇਵੇਗੀ।ਜੇਕਰ ਸਰਕਾਰ ਨੇ ਇਸ ਨੀਤੀ ਨੂੰ ਵਾਪਸ ਨਾ ਲਿਆ ਤਾਂ ਭਾਕਿਯੂ (ਲੱਖੋਵਾਲ) ਵੱਡਾ ਸੰਘਰਸ਼ ਛੇੜਨ ਤੋਂ ਬਿਲਕੁੱਲ ਗੁਰੇਜ਼ ਨਹੀਂ ਕਰੇਗੀ, ਇਸ ਲਈ ਚਾਹੇ ਵੱਡਾ ਮੋਰਚਾ ਨਾ ਲਾਉਣਾ ਪਵੇ।

# ਪੁਲਸ ਵੱਲੋਂ 20 ਐੱਨ ਡੀ ਪੀ ਐੱਸ ਕੇਸਾਂ ਦਾ ਮਾਲ ਪਾਰਦਰਸ਼ੀ ਢੰਗ ਨਾਲ ਨਸ਼ਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਸ੍ਰੀ ਅਭਿਮਨਿਉ ਰਾਣਾ, ਆਈ.ਪੀ.ਐੱਸ, ਐੱਸ.ਐੱਸ.ਪੀ. ਦੀ ਅਗਵਾਈ ਹੇਠ ਨਸ਼ਿਆਂ ਦੇ ਖ਼ਾਤਮੇ ਲਈ ਵਿਸ਼ੇਸ਼ ਰਣਨੀਤੀ ਅਪਣਾਈ ਜਾ ਰਹੀ ਹੈ।ਇਸ ਤਹਿਤ ਨਸ਼ਾ ਤਸਕਰਾਂ ਦੇ ਟਿਕਾਣਿਆਂ 'ਤੇ ਲਗਾਤਾਰ ਸਰਚ ਅਪ੍ਰੇਸ਼ਨ ਅਤੇ ਰੇਡਾਂ ਕਰਕੇ ਉਹਨਾਂ ਦੇ ਸਾਥੀਆਂ ਅਤੇ ਹੋਰ ਲਿੰਕਸ ਦੀ ਜਾਂਚ ਕੀਤੀ ਜਾ ਰਹੀ ਹੈ।ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਉਪਰਾਲਿਆਂ ਦੇ ਨਤੀਜੇ ਵਜੋਂ ਪਿਛਲੇ ਸਮੇਂ ਦੌਰਾਨ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਕਰਕੇ ਕਈ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਗਿਆ ਹੈ। ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥਾਂ ਨੂੰ ਕਾਨੂੰਨੀ ਪ੍ਰਕਿਰਿਆ ਅਨੁਸਾਰ ਸੀਲਬੰਦ ਪਾਰਸਲਾਂ ਵਿੱਚ ਸੁਰੱਖਿਅਤ ਰੱਖਿਆ ਜਾਂਦਾ ਹੈ ਤੇ ਸਮੇਂ-ਸਮੇਂ 'ਤੇ ਸੀਨੀਅਰ ਅਧਿਕਾਰੀਆਂ ਵੱਲੋਂ ਇਸਦੀ ਜਾਂਚ ਕੀਤੀ ਜਾਂਦੀ ਹੈ।

ਅਦਾਲਤੀ ਪ੍ਰਕਿਰਿਆ ਪੂਰੀ ਹੋਣ ਉਪਰੰਤ, ਮਾਨਯੋਗ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਹ ਮਾਲ ਨਸ਼ਟ ਕਰਨਾ ਲਾਜ਼ਮੀ ਹੁੰਦਾ ਹੈ।ਇਸੇ ਲੜੀ ਵਿੱਚ ਐਨ.ਡੀ.ਪੀ.ਐਸ ਐਕਟ ਨਾਲ ਸੰਬੰਧਿਤ 20 ਮੁਕੱਦਮਿਆਂ ਦਾ ਮਾਲ ਕਮੇਟੀ ਮੈਂਬਰਾਂ ਦੀ ਹਾਜ਼ਰੀ ਵਿੱਚ ਪਿੰਡ ਚੰਨੂ ਦੇ ਬੋਇਲਰ ਵਿੱਚ ਪਾਰਦਰਸ਼ੀ ਢੰਗ ਨਾਲ ਨਸ਼ਟ ਕੀਤਾ ਗਿਆ।ਇਸ ਸਮੂਹ ਪ੍ਰਕਿਰਿਆ ਦੀ ਵੀਡੀਓਗ੍ਰਾਫ਼ੀ ਵੀ ਕਰਾਈ ਗਈ।ਇਸ ਕਾਰਵਾਈ ਲਈ ਬਣਾਈ ਗਈ ਕਮੇਟੀ ਦੀ ਅਗਵਾਈ ਸ੍ਰੀ ਅਭਿਮਨਿਉ ਰਾਣਾ, ਆਈ.ਪੀ.ਐਸ., ਐਸ.ਐਸ.ਪੀ. ਵੱਲੋਂ ਕੀਤੀ ਗਈ, ਜਿਸ ਵਿੱਚ ਸ੍ਰੀ ਮਨਮੀਤ ਸਿੰਘ ਢਿੱਲੋਂ ਐਸਪੀਡੀ ਤੇ ਸ੍ਰੀ ਰਸ਼ਪਾਲ ਸਿੰਘ ਡੀ.ਐਸ.ਪੀ. (ਡੀ) ਸ਼ਾਮਲ ਸਨ।ਉਨ੍ਹਾਂ ਦੀ ਨਿਗਰਾਨੀ ਹੇਠ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਨਿਯਮਾਂ ਅਨੁਸਾਰ ਅੰਜਾਮ ਦਿੱਤਾ ਗਿਆ।ਐਸ.ਐਸ.ਪੀ. ਜੀ ਨੇ ਦੱਸਿਆ ਕਿ ਨਸ਼ਿਆਂ ਦੇ ਖ਼ਾਤਮੇ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਅੱਜ ਕੁੱਲ 20 ਐਨ.ਡੀ.ਪੀ.ਐਸ ਕੇਸਾਂ ਦੇ ਮਾਲ ਵਿੱਚੋਂ 200.397 ਕਿਲੋਗ੍ਰਾਮ ਭੁੱਕੀ ਚੂਰਾਪੋਸਤ, 1.820 ਕਿਲੋਗ੍ਰਾਮ ਹੈਰੋਇਨ ਤੇ 665 ਨਸ਼ੀਲੀਆਂ ਗੋਲੀਆਂ ਨੂੰ ਨਸ਼ਟ ਕੀਤਾ ਗਿਆ ਹੈ।ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਤਸਕਰਾਂ ਖ਼ਿਲਾਫ਼ ਇਹ ਕਾਰਵਾਈ ਭਵਿੱਖ ਵਿੱਚ ਵੀ ਜਾਰੀ ਰਹੇਗੀ ਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਪੁਲਿਸ ਪੂਰੀ ਤਰ੍ਹਾਂ ਵਚਨਬੱਧ ਹੈ।

## ਪੰਜਾਬੀ ਸ਼ਾਰਟਹੈਂਡ ਮੁੱਢਲੀ ਸ਼੍ਰੇਣੀ/ਤੇਜ਼ ਗਤੀ ਸ਼੍ਰੇਣੀ ਤੇ ਅਧਿਐਨ ਤੇ ਅਧਿਆਪਨ ਸ਼੍ਰੇਣੀ ਦੇ ਦਾਖ਼ਲੇ ਸ਼ੁਰੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਸ਼ਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਪਟਿਆਲਾ ਵਿਖੇ ਪੰਜਾਬੀ ਸਟੈਨੋਗ੍ਰਾਫੀ ਦੀਆਂ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਹਨ।ਪਟਿਆਲਾ ਦੇ ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਕਿਹਾ ਕਿ ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਸ਼ਾਰਟਹੈਂਡ ਜਨਰਲ ਸ਼੍ਰੇਣੀ/ਤੇਜ਼ ਗਤੀ ਸ਼੍ਰੇਣੀ ਅਤੇ ਅਧਿਐਨ ਤੇ ਅਧਿਆਪਨ ਸ਼੍ਰੇਣੀਆਂ ਦੇ ਕੋਰਸ ਲਈ ਸੈਸ਼ਨ 2026-27 ਦੇ ਦਾਖਲੇ ਦੀ ਪ੍ਰਕਿਰਿਆ 15 ਜੁਲਾਈ, 2026 ਤੋਂ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਚਾਹਵਾਨ ਵਿਦਿਆਰਥੀ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਪਟਿਆਲਾ ਤੋਂ ਦਸਤੀ ਫਾਰਮ ਸਵੇਰੇ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ ਲੈ ਸਕਦੇ ਹਨ।ਫਾਰਮ ਭਰਨ ਦੀ ਅੰਤਮ ਮਿਤੀ 18 ਅਗਸਤ ਹੈ ਅਤੇ ਇੰਟਰਵਿਊ ਦੀ ਮਿਤੀ 25 ਅਗਸਤ ਹੈ। ਇਸ ਕੋਰਸ ਲਈ ਵਿਦਿਅਕ ਯੋਗਤਾ ਗ੍ਰੈਜੂਏਸ਼ਨ ਪਾਸ ਹੋਣਾ ਲਾਜ਼ਮੀ ਹੈ।ਪੰਜਾਬੀ ਸ਼ਾਰਟਹੈਂਡ ਸ਼੍ਰੇਣੀ ਲਈ ਕੋਈ ਟੈਸਟ ਪਾਸ ਕਰਨਾ ਲਾਜ਼ਮੀ ਨਹੀਂ ਹੋਵੇਗਾ, ਪ੍ਰੰਤੂ ਸ਼ਾਰਟਹੈਂਡ ਤੇਜ਼ਗਤੀ/ਅਧਿਐਨ ਤੇ ਅਧਿਆਪਨ ਸ਼੍ਰੇਣੀ ਵਿਚ ਦਾਖਲੇ ਲਈ ਉਮੀਦਵਾਰ ਨੂੰ 80 ਸ਼ਬਦ ਪ੍ਰਤੀ ਮਿੰਟ ਦੀ ਸਪੀਡ ਤੇ ਪੰਜਾਬੀ ਸ਼ਾਰਟਹੈਂਡ ਦਾ ਟੈੱਸਟ ਪਾਸ ਕਰਨਾ ਲਾਜ਼ਮੀ ਹੋਵੇਗਾ।ਤੇਜ਼ ਗਤੀ/ਅਧਿਐਨ ਤੇ ਅਧਿਆਪਨ ਸ਼੍ਰੇਣੀ ਲਈ ਪੰਜਾਬੀ ਸ਼ਾਰਟਹੈਂਡ ਟੈਸਟ ਦੀ ਮਿਤੀ 21 ਅਗਸਤ ਹੈ।ਉਮੀਦਵਾਰ ਵੱਲੋਂ ਦਸਵੀਂ ਪੱਧਰ ਦੀ ਪੰਜਾਬੀ ਲਾਜ਼ਮੀ ਵਿਸ਼ੇ ਨਾਲ ਪਾਸ ਕੀਤੀ ਹੋਵੇ ਤੇ ਪਟਿਆਲਾ ਜ਼ਿਲ੍ਹੇ ਦਾ ਵਾਸੀ ਹੋਵੇ।ਇਸ ਕੋਰਸ ਦਾ ਸਮਾਂ ਇੱਕ ਸਾਲ ਹੋਵੇਗਾ।

## ਲੋੜਵੰਦ ਵਿਦਿਆਰਥਣਾਂ ਨੂੰ ਦਿੱਤੀਆਂ ਵਰਦੀਆਂ

**ਕੋਟ ਈਸੇ ਖਾਂ (ਅਰੋੜਾ)**-ਗੁਰੂ ਨਾਨਕ ਕੰਪਿਊਟਰ ਅਕੈਡਮੀ ਕੋਟ ਈਸੇ ਖਾਂ ਦੇ ਸੰਚਾਲਕ ਸਰਦਾਰ ਗੁਰਵੰਤ ਸਿੰਘ ਵੱਲੋਂ ਸਰਕਾਰੀ ਸਕੂਲ ਦੀਆਂ 45 ਲੋੜਵੰਦ ਵਿਦਿਆਰਥਣਾਂ ਨੂੰ ਨਵੀਆਂ ਸਕੂਲੀ ਵਰਦੀਆਂ ਦਿੱਤੀਆਂ ਗਈਆਂ।ਇਸ ਉਪਰਾਲੇ ਨਾਲ ਵਿਦਿਆਰਥਣਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਦੇਖਣ ਨੂੰ ਮਿਲੀ ਤੇ ਮਾਪਿਆਂ ਨੇ ਵੀ ਇਸ ਨੇਕ ਕਾਰਜ ਲਈ ਗੁਰਵੰਤ ਸਿੰਘ ਦਾ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਸਮਾਜ ਸੇਵੀ ਤੇ ਸਾਬਕਾ ਚੇਅਰਮੈਨ ਸ੍ਰੀ ਵਿਜੇ ਕੁਮਾਰ ਧੀਰ, ਮਾਸਟਰ ਸਵਰਨਜੀਤ ਸਿੰਘ ਸੱਗੂ, ਸਮਰ ਰਾਣੀ, ਸੁਖਦੇਵ ਸਿੰਘ, ਬਿੰਦਰ ਕੌਰ, ਮਨਜੀਤ ਕੌਰ, ਮਨਦੀਪ ਕੌਰ ਤੇ ਕੁਲਦੀਪ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।ਉਨ੍ਹਾਂ ਗੁਰਵੰਤ ਸਿੰਘ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਮਾਜ ਦੇ ਸਮਰੱਥ ਲੋਕਾਂ ਨੂੰ ਲੋੜਵੰਦ ਬੱਚਿਆਂ ਦੀ ਸਿੱਖਿਆ ਤੇ ਭਲਾਈ ਲਈ ਇਸੇ ਤਰ੍ਹਾਂ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਕਾਰਜ ਨਾ ਸਿਰਫ਼ ਬੱਚਿਆਂ ਦਾ ਹੌਸਲਾ ਵਧਾਉਂਦੇ ਹਨ, ਸਗੋਂ ਸਮਾਜ ਵਿੱਚ ਸੇਵਾ ਤੇ ਸਹਿਯੋਗ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ।ਇਸ ਦੌਰਾਨ ਸਕੂਲ ਦੇ ਸਟਾਫ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਅੰਤ ਵਿੱਚ ਸਕੂਲ ਪ੍ਰਬੰਧਕਾਂ ਤੇ ਹਾਜ਼ਰ ਪਤਵੰਤੇ ਸੱਜਣਾਂ ਨੇ ਸ੍. ਗੁਰਵੰਤ ਸਿੰਘ ਦਾ ਇਸ ਨੇਕ ਕਾਰਜ ਲਈ ਵਿਸ਼ੇਸ਼ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਉਹ ਇਸੇ ਤਰ੍ਹਾਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਰਹਿਣਗੇ।

## ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਫੁੱਟਬਾਲ ਖਿਡਾਰਨਾਂ ਦਾ ਸਨਮਾਨ



**ਲੁਧਿਆਣਾ (ਸਤੀਸ਼ ਸਚਦੇਵਾ)**-ਜ਼ਿਲ੍ਹਾ ਸਿੱਖਿਆ ਅਫ਼ਸਰ ਡਿੰਪਲ ਮਦਾਨ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸਿੰਘ ਦੀ ਅਗਵਾਈ ਵਿੱਚ 'ਚਾਨਣ ਰਿਸ਼ਮਾਂ' ਪ੍ਰੋਗਰਾਮ ਅਧੀਨ ਪਿੰਡ ਭੁੱਟਾ ਦੇ ਸਰਕਾਰੀ ਸਕੂਲ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੌਕੇ ਐੱਸ ਐੱਮ ਸੀ ਕਮੇਟੀ ਦੇ ਮੈਂਬਰ, ਸਕੂਲ ਦੇ ਅਧਿਆਪਕ ਸਾਹਿਬਾਨ ਤੇ ਚਾਨਣ ਰਿਸ਼ਮਾਂ ਦੇ ਕਾਰਕੁਨ ਮੌਜੂਦ ਸਨ।ਮੈਂਬਰਾਂ ਦੀ ਉੱਚੀ ਜਾਗਰੂਕਤਾ ਤੇ ਉਤਸ਼ਾਹ ਸਦਕਾ ਇਹ ਉਪਰਾਲਾ ਬੇਹੱਦ ਸਫਲ ਤੇ ਪ੍ਰਭਾਵਸ਼ਾਲੀ ਸਾਬਿਤ ਹੋਇਆ।ਮੀਟਿੰਗ ਦੌਰਾਨ ਬੱਚਿਆਂ ਖ਼ਾਸ ਕਰਕੇ ਲੜਕੀਆਂ ਦੇ ਭਵਿੱਖ, ਉਨ੍ਹਾਂ ਨੂੰ ਆਪਣੇ ਸੁਪਨੇ ਸਾਕਾਰ ਕਰਨ ਤੇ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਾਉਣ ਲਈ ਅਹਿਮ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸਕੂਲ ਦੀਆਂ ਉਨ੍ਹਾਂ ਲੜਕੀਆਂ ਨੂੰ ਵਿਸ਼ੇਸ਼ ਤੌਰ 'ਤੇ ਸੱਦਿਆ ਗਿਆ, ਜੋ ਫੁੱਟਬਾਲ ਟੀਮ ਵਿੱਚ ਨੈਸ਼ਨਲ ਪੱਧਰ ਤੱਕ ਖੇਡ ਕੇ ਪਿੰਡ ਦਾ ਨਾਮ ਰੌਸ਼ਨ ਕਰ ਚੁੱਕੀਆਂ ਹਨ।ਸਕੂਲ ਅਧਿਕਾਰੀਆਂ ਦੀ ਰਹਿਨੁਮਾਈ ਹੇਠ ਕਮੇਟੀ ਵੱਲੋਂ ਇਨ੍ਹਾਂ ਖਿਡਾਰਨਾਂ ਨੂੰ 'ਸਾਨੂੰ ਤੁਹਾਡੇ 'ਤੇ ਮਾਣ ਹੈ' ਲਿਖੇ ਵਿਸ਼ੇਸ਼ 'ਮਾਣ ਪੱਤਰ' ਦੇ ਕੇ ਸਨਮਾਨਤ ਕੀਤਾ ਗਿਆ।ਮੀਟਿੰਗ ਖ਼ਤਮ ਹੋਣ ਤੋਂ ਤੁਰੰਤ ਬਾਅਦ ਐੱਸ.ਐੱਮ.ਸੀ. ਮੈਂਬਰਾਂ ਨੇ ਪਿੰਡ ਵਿੱਚ ਘਰ-ਘਰ ਜਾ ਕੇ ਜਾਗਰੂਕਤਾ ਮੁਹਿੰਮ ਵਿੱਢੀ।ਉਨ੍ਹਾਂ ਖਿਡਾਰਨਾਂ ਦੇ ਘਰ ਜਾ ਕੇ ਮਾਪਿਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਹੋਰਨਾਂ ਪਰਵਾਰਾਂ ਨੂੰ ਪ੍ਰੇਰਿਤ ਕੀਤਾ। ਇਸ ਹਾਂ-ਪੱਖੀ ਮਾਹੌਲ ਨੂੰ ਹੋਰ ਵਧਾਉਣ ਲਈ ਮੈਂਬਰਾਂ ਨੇ ਖਿਡਾਰਨਾਂ ਦੀਆਂ ਉਪਲਬਧੀਆਂ ਨੂੰ ਆਪਣੇ ਵਟਸਐਪ ਸਟੇਟਸ ਰਾਹੀਂ ਸਾਂਝਾ ਕੀਤਾ, ਤਾਂ ਜੋ ਪਿੰਡ ਦੇ ਹੋਰ ਲੋਕ ਵੀ ਪ੍ਰੇਰਿਤ ਹੋ ਸਕਣ।

## 'ਮਿਸ਼ਨ ਹਰਿਆਲੀ' ਮੁਹਿੰਮ ਤਹਿਤ ਜੀ ਹੋਲੀ ਹਾਰਟ ਸਕੂਲ 'ਚ ਬੂਟੇ ਲਗਾਏ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਜੀ ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਵਿਖੇ ਮੈਨੇਜਿੰਗ ਡਾਇਰੈਕਟਰ ਸ੍ਰੀ ਸੁਸ਼ੀਲ ਗੋਇਲ ਦੀ ਗਤੀਸ਼ੀਲ ਅਗਵਾਈ ਹੇਠ 'ਮਿਸ਼ਨ ਹਰਿਆਲੀ' ਮੁਹਿੰਮ ਤਹਿਤ ਵਾਤਾਵਰਨ ਸੰਭਾਲ ਤੇ ਹਰਿਆਵਲੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਦਾ ਸਫਲ ਆਯੋਜਨ ਕੀਤਾ ਗਿਆ।ਮੁਹਿੰਮ ਦੌਰਾਨ ਵਿਦਿਆਰਥੀਆਂ ਤੇ ਸਕੂਲ ਸਟਾਫ਼ ਨੇ ਪੂਰੇ ਉਤਸ਼ਾਹ ਨਾਲ ਭਾਗ ਲੈਂਦਿਆਂ ਸਕੂਲ ਕੈਂਪਸ ਆਲੇ ਦੁਆਲੇ 1,000 ਤੋਂ ਵੱਧ ਬੂਟੇ ਲਗਾ ਕੇ ਵਾਤਾਵਰਨ ਦੀ ਸੁਰੱਖਿਆ ਲਈ ਆਪਣੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸਲੋਗਨ ਲਿਖਣ, ਚਾਰਟ ਮੇਕਿੰਗ, ਪੋਸਟਰ ਮੇਕਿੰਗ, ਕੁਇਜ਼ ਮੁਕਾਬਲੇ ਤੇ ਬੂਟੇ ਲਗਾਉਣ ਵਰਗੀਆਂ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ।ਵਿਦਿਆਰਥੀਆਂ ਨੇ ਆਪਣੇ ਵਿਚਾਰਾਂ ਰਾਹੀਂ ਰੁੱਖਾਂ ਦੀ ਮਹੱਤਤਾ, ਵਾਤਾਵਰਨ ਸੰਭਾਲ ਤੇ ਕੁਦਰਤੀ ਸਰੋਤਾਂ ਦੀ ਰੱਖਿਆ ਸਬੰਧੀ ਪ੍ਰਭਾਵਸ਼ਾਲੀ ਸੰਦੇਸ਼ ਦਿੱਤੇ।ਇਸ ਮੁਹਿੰਮ ਤਹਿਤ ਵਿਦਿਆਰਥੀਆਂ ਨੂੰ ਇੱਕ ਸਥਾਨਕ ਨਰਸਰੀ ਦਾ ਵਿੱਦਿਅਕ ਦੌਰਾ ਵੀ ਕਰਵਾਇਆ ਗਿਆ, ਜਿੱਥੇ ਉਨ੍ਹਾਂ ਵੱਖ-ਵੱਖ ਕਿਸਮਾਂ ਦੇ ਬੂਟੇ, ਉਨ੍ਹਾਂ ਦੀ ਸੰਭਾਲ ਤੇ ਵਾਤਾਵਰਨ ਵਿੱਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਇਸ ਦੌਰੇ ਨੇ ਵਿਦਿਆਰਥੀਆਂ ਵਿੱਚ ਕੁਦਰਤ ਪ੍ਰਤੀ ਪਿਆਰ ਤੇ ਵਾਤਾਵਰਨ ਦੀ ਸੰਭਾਲ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।ਇਸ ਮੌਕੇ ਐੱਮ ਡੀ ਸ੍ਰੀ ਸੁਸ਼ੀਲ ਗੋਇਲ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਰੱਖਿਆ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ ਸੰਭਾਲ ਦਾ ਵੀ ਸੰਕਲਪ ਲੈਣਾ ਚਾਹੀਦਾ ਹੈ।ਵਾਈਸ ਪ੍ਰਿੰਸੀਪਲ ਮੈਡਮ ਪ੍ਰਦੀਪ ਕੌਰ ਗਰੇਵਾਲ ਨੇ ਮੁਹਿੰਮ ਵਿੱਚ ਸ਼ਾਮਲ ਸਾਰੇ ਵਿਦਿਆਰਥੀਆਂ ਤੇ ਸਟਾਫ਼ ਨੂੰ ਵਧਾਈ ਦਿੰਦਿਆਂ ਕੁਦਰਤ ਦੀ ਸੰਭਾਲ ਲਈ ਹਮੇਸ਼ਾ ਅੱਗੇ ਰਹਿਣ ਦੀ ਪ੍ਰੇਰਨਾ ਦਿੱਤੀ।

## ਡਿਪਸ ਸਕੂਲ 'ਚ ਇਨਵੈਸਟੀਚਰ ਸਮਾਰੋਹ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਦਸ਼ਮੇਸ਼ ਇੰਟਰਨੈਸ਼ਨਲ ਪਬਲਿਕ ਸਕੂਲ ਥੇੜੀ ਵਿਖੇ ਇਨਵੈਸਟੀਚਰ ਸਮਾਰੋਹ ਕੀਤਾ ਗਿਆ।ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਅਨੁਸ਼ਾਸਨ ਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਪ੍ਰਫੁੱਲਤ ਕਰਨਾ ਸੀ।ਸਮਾਰੋਹ ਦੌਰਾਨ ਮ੍ਰਿਗਾਂਕ ਨੂੰ ਹੈੱਡ ਬੁਆਏ ਤੇ ਵਿੰਦਾ ਨੂੰ ਹੈੱਡ ਗਰਲ ਵਜੋਂ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਸਕੂਲ ਦੇ ਚਾਰਾਂ ਹਾਊਸਾਂ ਲਈ ਹਾਊਸ ਕੈਪਟਨ ਤੇ ਵਾਈਸ ਹਾਊਸ ਕੈਪਟਨ ਵੀ ਨਿਯੁਕਤ ਕੀਤੇ ਗਏ।ਨਾਲ ਹੀ ਲਿਟਰੇਰੀ ਪ੍ਰੀਫੈਕਟ, ਆਰਟ ਐਂਡ ਕਲਚਰ ਪ੍ਰੀਫੈਕਟ, ਡਿਸਿਪਲਿਨ ਪ੍ਰੀਫੈਕਟ ਤੇ ਸਪੋਰਟਸ ਕੈਪਟਨ ਸਮੇਤ ਵੱਖ-ਵੱਖ ਅਹੁਦਿਆਂ ਲਈ ਵੀ ਵਿਦਿਆਰਥੀ ਆਗੂਆਂ ਦੀ ਚੋਣ ਕੀਤੀ ਗਈ।ਨਵ-ਨਿਯੁਕਤ ਵਿਦਿਆਰਥੀ ਆਗੂਆਂ ਨੂੰ ਬੈਜ ਤੇ ਸੈਸ਼ ਪਹਿਨਾ ਕੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਨੇ ਸਹੁੰ ਚੁੱਕੀ ਕਿ ਉਹ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ ਤੇ ਸਕੂਲ ਦੇ ਅਨੁਸ਼ਾਸਨ, ਮਰਿਆਦਾ ਤੇ ਮਾਣ ਨੂੰ ਕਾਇਮ ਰੱਖਣਗੇ।ਸਕੂਲ ਦੀ ਪ੍ਰਿੰਸੀਪਲ ਮੋਨਿਕਾ ਸ਼ਰਮਾ ਨੇ ਨਵ-ਨਿਯੁਕਤ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਨੇਤ੍ਰਿਤਵ ਸਿਰਫ਼ ਅਹੁਦਾ ਨਹੀਂ, ਸਗੋਂ ਸੇਵਾ, ਜ਼ਿੰਮੇਵਾਰੀ ਤੇ ਦੂਜਿਆਂ ਲਈ ਪ੍ਰੇਰਨਾ ਬਣਨ ਦਾ ਮੌਕਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਟੀਮ ਭਾਵਨਾ, ਅਨੁਸ਼ਾਸਨ ਤੇ ਇਮਾਨਦਾਰੀ ਨਾਲ ਆਪਣੇ ਫਰਜ਼ ਨਿਭਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰਾਂ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

# ਸਫਾ 1 ਦੇ ਬਾਕੀ...

## ਦਿੱਲੀ ਰੈਲੀ 'ਚ 10...

ਬੀ ਜੀ ਰਾਮ ਜੀ ਐਕਟ ਦੇ ਨਾਂਅ ਥੱਲੇ ਖਤਮ ਕਰਨ ਵਾਲੇ ਪਾਸੇ ਧੱਕ ਦਿੱਤਾ ਗਿਆ ਹੈ। ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਸਰਕਾਰ ਬਣਾਉਣ ਨੂੰ ਤਿਆਰ ਨਹੀਂ। ਸੂਬੇ ਦੇ ਵਿਕਾਸ ਲਈ ਕੇਂਦਰ ਵੱਲੋਂ ਕੋਈ ਯੋਗਦਾਨ ਨਾ ਪਾਉਣਾ ਅਤੇ ਐੱਸ ਆਈ ਆਰ ਰਾਹੀਂ ਵਿਰੋਧੀਆਂ ਦੀਆਂ ਵੋਟਾਂ ਕੱਟਣ ਦਾ ਬਿਹਾਰ, ਯੂਪੀ, ਬੰਗਾਲ ਵਾਂਗ ਪੰਜਾਬ ਦੇ ਸਿਰ 'ਤੇ ਖਤਰਾ ਮੰਡਰਾ ਰਿਹਾ ਹੈ ਤਾਂ ਸਮੁੱਚੇ ਪੰਜਾਬੀਆਂ ਨੂੰ ਇਹਨਾਂ ਖਤਰਿਆਂ ਅਤੇ ਧੱਕੇਸ਼ਾਹੀਆਂ ਦੇ ਵਿਰੁੱਧ ਸਾਂਝੇ ਤੌਰ 'ਤੇ ਡਟ ਕੇ ਖੜਨ ਦੀ ਲੋੜ ਹੈ। ਇਸੇ ਤਰ੍ਹਾਂ ਪੰਜਾਬ ਦਾ ਲੰਮੇ ਸਮੇਂ ਤੋਂ ਲਟਕਦਾ ਦਰਿਆਈ ਪਾਣੀਆਂ ਦੀ ਵੰਡ ਦਾ ਮਸਲਾ, ਚੰਡੀਗੜ੍ਹ ਪੰਜਾਬ ਨੂੰ ਦੇਣ ਦਾ ਮਸਲਾ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿਚ ਸ਼ਾਮਲ ਕਰਨੇ, ਪੰਜਾਬੀ ਭਾਸ਼ਾ ਨੂੰ ਨਜ਼ਰ-ਅੰਦਾਜ਼ ਕਰਨਾ, ਸੀਡ ਬਿੱਲ, ਬਿਜਲੀ ਬਿੱਲ, ਬੀ ਬੀ ਐੱਮ ਬੀ ਵਿੱਚ ਪੰਜਾਬ ਦੀ ਮੈਂਬਰੀ ਖਤਮ ਕਰਨਾ, ਨਰੇਗਾ ਕਾਨੂੰਨ ਖਤਮ ਕਰਨਾ, ਐੱਨ ਸੀ ਆਰ ਟੀ ਦੀਆਂ ਕਿਤਾਬਾਂ ਵਿੱਚੋਂ ਸੰਵਿਧਾਨ ਦੀ ਪ੍ਰਸਤਾਵਨਾ ਕੱਢ ਦੇਣਾ, ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ, ਮਨੂੰ ਸਮ੍ਰਿਤੀ ਦੇ ਹਵਾਲੇ ਕਿਤਾਬਾਂ ਵਿੱਚ ਸ਼ਾਮਲ ਕਰਨਾ, ਦੁਨੀਆ ਵਿੱਚ ਲੋਕ-ਪੱਖੀ ਇਨਕਲਾਬੀ ਤਬਦੀਲੀਆਂ ਦਾ ਜ਼ਿਕਰ ਕਿਤਾਬਾਂ ਵਿੱਚੋਂ ਕੱਢ ਦੇਣਾ ਆਦਿ ਮੁੱਦੇ ਗੰਭੀਰ ਧਿਆਨ ਮੰਗਦੇ ਹਨ। ਪੰਜਾਬ ਸੀ ਪੀ ਆਈ ਵੱਲੋਂ ਇਹਨਾਂ ਮੁੱਦਿਆਂ ਨੂੰ ਪੰਜਾਬ ਦੇ ਸਮੁੱਚੇ ਜ਼ਿਲ੍ਹਿਆਂ ਵਿੱਚ ਕੀਤੀਆਂ ਜਾ ਰਹੀਆਂ ਕਨਵੈਨਸ਼ਨਾਂ ਰਾਹੀਂ ਬੜੇ ਜ਼ੋਰ ਨਾਲ ਚੁੱਕਦੇ ਹੋਏ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, 14 ਜ਼ਿਲ੍ਹਿਆਂ ਵਿਚ ਅਜਿਹੀਆਂ ਕਨਵੈਨਸ਼ਨਾਂ ਹੋ ਚੁੱਕੀਆਂ ਹਨ, ਬਾਕੀ ਕੁਝ ਜ਼ਿਲ੍ਹਿਆਂ ਨੇ ਤਾਰੀਖਾਂ ਤੈਅ ਕਰ ਲਈਆਂ ਹਨ ਅਤੇ ਕੁਝ ਨੇ ਕਰਨੀਆਂ ਹਨ। ਪੰਜਾਬ ਸਰਕਾਰ ਦੀ ਹਰ ਫਰੰਟ 'ਤੇ ਫੇਲ੍ਹ ਹੋਣ ਦੀ ਤਸਵੀਰ ਵੀ ਸਪੱਸ਼ਟ ਤੌਰ 'ਤੇ ਸਾਹਮਣੇ ਹੈ, ਕਿਉਂਕਿ ਭ੍ਰਿਸ਼ਟਾਚਾਰ ਚਰਮ ਸੀਮਾ 'ਤੇ ਹੈ, ਰੁਜ਼ਗਾਰ ਸਿਰਜਣ ਦੀ ਕੋਈ ਯੋਜਨਾਬੰਦੀ ਨਹੀਂ ਹੈ, ਅਮਨ ਕਾਨੂੰਨ ਦੀ ਹਾਲਤ ਬੇਹੱਦ ਤਰਸਯੋਗ ਬਣ ਚੁੱਕੀ ਹੈ। ਰੋਜ਼ਾਨਾ ਹੋ ਰਹੇ ਕਤਲ, ਬਲਾਤਕਾਰ, ਡਕੈਤੀਆਂ ਅਤੇ ਫਿਰੌਤੀਆਂ ਸਮਾਜ ਲਈ ਇੱਕ ਵੱਡੀ ਚੁਣੌਤੀ ਬਣ ਚੁੱਕੇ ਹਨ। ਨਸ਼ਿਆਂ ਦਾ ਪ੍ਰਕੋਪ ਖਤਮ ਨਹੀਂ ਹੋ ਰਿਹਾ, ਮਹਿੰਗਾਈ ਨੇ ਗਰੀਬ ਲੋਕਾਂ ਦਾ ਜੀਣਾ ਦੁੱਭਰ ਕਰ ਦਿੱਤਾ ਹੈ, ਦਲਿਤਾਂ ਅਤੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਦਾ ਕੋਈ ਹੱਲ ਨਹੀਂ ਕੱਢਿਆ ਜਾ ਰਿਹਾ, ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲੈਣਾ ਬਣਦਾ ਹੈ। ਅੰਤਰਰਾਸ਼ਟਰੀ ਮਾਰਕੀਟ ਵਿੱਚ ਤੇਲ ਦੀਆਂ ਵਧੀਆਂ ਕੀਮਤਾਂ ਹੁਣ ਅੱਧੀਆਂ ਦੇ ਲੱਗਭੱਗ ਰਹਿ ਜਾਣ ਦੇ ਬਾਵਜੂਦ ਤੇਲ ਦੇ ਰੇਟ ਘਟਾਏ ਨਹੀਂ ਜਾ ਰਹੇ, ਮੁਲਾਜ਼ਮਾਂ, ਮਜ਼ਦੂਰਾਂ ਤੇ ਠੇਕਾ ਵਰਕਰਾਂ ਦੇ ਮਸਲੇ ਪੰਜਾਬ ਸਰਕਾਰ ਹੱਲ ਨਹੀਂ ਕਰ ਰਹੀ, ਉਲਟਾ ਸਗੋਂ ਐਜੀਟੇਸ਼ਨਾਂ ਨੂੰ ਜਬਰ ਰਾਹੀਂ ਕੁਚਲਣ ਦਾ ਰਾਹ ਅਖਤਿਆਰ ਕੀਤਾ ਹੋਇਆ ਹੈ, ਸੂਬਾ ਕਾਰਜਕਾਰਨੀ ਵੱਲੋਂ ਪਾਰਟੀ ਦੇ ਸਮੁੱਚੇ ਜ਼ਿਲ੍ਹਿਆਂ ਵੱਲੋਂ ਕਨਵੈਨਸ਼ਨਾਂ ਕਰਨ ਉਪਰੰਤ 6 ਅਗਸਤ ਤੋਂ 15 ਅਗਸਤ ਤੱਕ ਪਿੰਡਾਂ ਤੇ ਸ਼ਹਿਰਾਂ ਵਿੱਚ ਪਦ-ਯਾਤਰਾ ਕਰਨ ਦਾ ਸੱਦਾ ਦਿੱਤਾ ਗਿਆ ਹੈ। ਇਸ ਯਾਤਰਾ ਰਾਹੀਂ ਸਾਰੇ ਮੁੱਦਿਆਂ ਸੰਬੰਧੀ ਜਾਗਰੂਕਤਾ ਅਤੇ ਦਿੱਲੀ ਰੈਲੀ ਦਾ ਸੰਦੇਸ਼ ਦਿੱਤਾ ਜਾਵੇਗਾ। ਇਸ ਦੇ ਨਾਲ-ਨਾਲ ਪਾਰਟੀ ਨੇ ਪੰਜਾਬ ਵਿੱਚ ਜਲਦੀ ਆ ਰਹੀਆਂ ਵਿਧਾਨ ਸਭਾ ਚੋਣਾਂ ਦੀਆਂ ਸਰਗਰਮੀਆਂ 'ਤੇ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਧਿਆਨ ਕੇਂਦਰਿਤ ਕਰਨ ਦਾ ਅਤੇ ਲੋਕ-ਪੱਖੀ ਸਰਕਾਰ ਬਣਾਉਣ ਲਈ ਅਹਿਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਹੈ।

## ਮੋਦੀ ਸਰਕਾਰ ਦੀਆਂ ਕਿਸਾਨ...

ਕੀਮਤਾਂ 'ਚ ਕੀਤੇ ਵਾਧੇ ਵਾਪਸ ਲਏ ਜਾਣ ਅਤੇ ਬਹੁਕੌਮੀ ਕੰਪਨੀਆਂ, ਵੱਡੇ ਸਰਮਾਏਦਾਰਾਂ ਤੇ ਭੌਂ-ਸਰਦਾਰਾਂ 'ਤੇ ਸਿੱਧੇ ਭਾਰੀ ਟੈਕਸ ਲਾ ਕੇ ਖ਼ਜ਼ਾਨਾ ਭਰਿਆ ਜਾਵੇ ਅਤੇ ਖਜ਼ਾਨੇ ਦਾ ਮੂੰਹ ਲੋਕਾਂ ਵੱਲ ਖੋਲ੍ਹਿਆ ਜਾਵੇ। ਔਰਤ ਆਗੂ ਹਰਿੰਦਰ ਬਿੰਦੂ ਨੇ ਔਰਤਾਂ ਨੂੰ ਸੰਘਰਸ਼ਾਂ ਦੇ ਪਿੜ ਮੱਲਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਮਾਜ ਅੰਦਰ ਸਭ ਤੋਂ ਵੱਧ ਮਹਿੰਗਾਈ ਦੀ ਮਾਰ ਔਰਤਾਂ ਝੱਲਦੀਆਂ ਹਨ। ਇਸ ਲਈ ਇਸ ਵਰਗ ਨੂੰ ਵੱਧ ਜ਼ੋਰ ਨਾਲ ਲੜਾਈ ਦੇ ਮੈਦਾਨ ਵਿੱਚ ਨਿੱਤਰਨਾ ਪਊ। ਬੀ ਕੇ ਯੂ (ਏਕਤਾ ਡਕੌਂਦਾ) ਦੇ ਆਗੂ ਅੰਗਰੇਜ ਸਿੰਘ ਭਦੌੜ ਨੇ ਸਾਰੇ ਤਬਕਿਆਂ ਨੂੰ ਸਾਂਝੇ ਘੋਲਾਂ ਦੇ ਰਾਹ ਪੈਣ ਦਾ ਸੱਦਾ ਦਿੱਤਾ।ਸਟੇਜ ਸਕੱਤਰ ਦੇ ਫਰਜ਼ ਸ਼ਿੰਗਾਰਾ ਸਿੰਘ ਮਾਨ ਨੇ ਨਿਭਾਏ।ਇਕੱਠ ਦੌਰਾਨ 'ਸਤਲੁਜ' ਫਿਲਮ 'ਤੇ ਲਗਾਈ ਪਾਬੰਦੀ ਹਟਾਉਣ ਦੀ ਮੰਗ ਕਰਦਾ ਮਤਾ ਪੇਸ਼ ਕੀਤਾ ਤੇ ਲੋਕਾਂ ਵੱਲੋਂ ਹੱਥ ਖੜ੍ਹੇ ਕਰਕੇ ਮਤਾ ਪਾਸ ਕੀਤਾ ਗਿਆ ਅਤੇ ਨਾਲ ਹੀ ਲੋਕਾਂ ਨੂੰ ਫਿਰਕੂ ਵੋਟ ਸਿਆਸਤਦਾਨਾਂ ਦੇ ਮਨਸੂਬਿਆਂ ਤੋਂ ਸੁਚੇਤ ਰਹਿਣ ਦਾ ਸੱਦਾ ਦਿੱਤਾ ਗਿਆ। ਇਕੱਠ ਨੂੰ ਹੋਰਨਾਂ ਤੋਂ ਇਲਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਹਰਿਆਣੇ ਤੋਂ ਸੂਬਾ ਪ੍ਰਧਾਨ ਕੰਵਰਜੀਤ ਸਿੰਘ, ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਦਰਸ਼ਨ ਸਿੰਘ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਗੁਰਦੇਵ ਸਿੰਘ ਮਾਂਗੇਵਾਲ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟਰ ਵਰਕਰ ਯੂਨੀਅਨ ਦੇ ਕੁਲਦੀਪ ਸਿੰਘ ਨੇ ਵੀ ਸੰਬੋਧਨ ਕੀਤਾ।

## ਭਾਜਪਾ ਸੰਵਿਧਾਨ ਬਦਲ...

ਆਉਂਦੀ।ਉਨ੍ਹਾ ਕਿਸਾਨਾਂ ਦੀ ਮਾੜੀ ਹਾਲਾਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਦੇਸ਼ ਦਾ ਸਮੁੱਚਾ ਕਿਸਾਨ ਸਾਲ ਵਿਚ ਇੱਕ ਲੱਖ ਕਰੋੜ ਦੀ ਫ਼ਸਲ ਵੇਚ ਕੇ ਵੀ ਕਰਜ਼ਈ ਹੈ।ਪੰਜਾਬ ਦੇ ਨਾਲ ਮਤਰੇਆ ਸਲੂਕ ਕੀਤਾ ਜਾ ਰਿਹਾ ਹੈ। ਪੰਜਾਬ ਯੂਨੀਵਰਸਿਟੀ ਅਤੇ ਪਾਣੀਆਂ 'ਤੇ ਕਬਜ਼ਾ ਕਰਨ ਦੀਆਂ ਵਿਉਂਤਾਂ ਬਣ ਰਹੀਆਂ ਹਨ, ਬੀ ਬੀ ਐਮ ਬੀ ਵਿਚੋਂ ਪੰਜਾਬ ਦੀ ਮੈਂਬਰਸ਼ਿਪ ਖਤਮ ਕਰ ਦਿੱਤੀ ਗਈ। ਸੋਵੀਅਤ ਰੂਸ ਭਾਰਤ ਦਾ ਹਮੇਸ਼ਾ ਮਦਦਗਾਰ ਰਿਹਾ, ਨੇ ਆਪਣਾ ਨੁਕਸਾਨ ਕਰਾ ਕੇ ਗਰੀਬ ਦੇਸ਼ਾਂ ਨੂੰ ਆਪਣੇ ਪੈਰਾਂ ਸਿਰ ਖੜ੍ਹਾ ਕਰਨ ਵਿਚ ਮਦਦ ਕੀਤੀ, ਪਰ ਭਾਰਤ ਰੂਸ ਨੂੰ ਛੱਡ ਕੇ ਅੱਜ ਅਮਰੀਕਾ ਅਤੇ ਇਜ਼ਰਾਈਲ ਨਾਲ ਦੋਸਤੀ ਵਧਾ ਰਿਹਾ ਹੈ।ਉਨ੍ਹਾ ਕਿਹਾ ਕਿ ਇਜ਼ਰਾਈਲ ਨੇ ਫਲਸਤੀਨ ਵਿਚ 70 ਹਜ਼ਾਰ ਲੋਕਾਂ ਦਾ ਕਤਲੇਆਮ ਕੀਤਾ, ਜਿਨ੍ਹਾਂ ਵਿਚ ਵੀਹ ਹਜ਼ਾਰ ਮਾਸੂਮ ਬੱਚੇ ਵੀ ਸ਼ਾਮਲ ਹਨ। ਇਸ ਦੇ ਬਾਵਜੂਦ ਮੋਦੀ ਦੇ ਸੰਘ ਵਿੱਚੋਂ ਹਮਦਰਦੀ ਦੇ ਦੋ ਸ਼ਬਦ ਤਕ ਨਹੀਂ ਨਿਕਲੇ। ਉਨ੍ਹਾ ਕਿਹਾ ਕਿ ਦੇਸ਼ ਲਗਾਤਾਰ ਅਮਰੀਕਾ ਹੱਥੋਂ ਬੇਇੱਜ਼ਤੀ ਝੱਲ ਰਿਹਾ ਹੈ। ਰਾਮ ਮੰਦਰ ਦਾ ਜ਼ਿਕਰ ਕਰਦਿਆਂ ਉਨ੍ਹਾ ਕਿਹਾ ਕਿ ਮੰਦਰ ਵਿਚ ਭਾਜਪਾ ਨੇ ਆਪਣਾ ਟਰੱਸਟ ਬਣਾ ਕੇ ਆਪਣੇ ਬੰਦੇ ਫਿੱਟ ਕਰ ਦਿੱਤੇ, ਜੋ ਲੋਕਾਂ ਦੀ ਸ਼ਰਧਾ ਦਾ ਦਾਨ ਲੁੱਟ ਕੇ ਲੈ ਗਏ। ਉਨ੍ਹਾ ਕਿਹਾ ਕਿ ਅਕਾਲੀ ਦਲ ਪੰਜਾਬ ਦੀ ਖੇਤਰੀ ਪਾਰਟੀ ਹੈ, ਪਰ ਅਕਾਲੀ ਦਲ ਪਿਛਲੇ 23 ਸਾਲ ਤੋਂ ਭਾਜਪਾ ਨਾਲ ਨਾੜੂਆ ਬੰਨ੍ਹ ਕੇ ਚਲ ਰਿਹਾ ਹੈ। ਪੰਜਾਬ ਵਿੱਚ ਕੋਈ ਭਾਜਪਾ ਦਾ ਨਾਂਅ ਤੱਕ ਨਹੀਂ ਸੀ ਜਾਣਦਾ, ਪਰ ਅੱਜ ਈ ਡੀ ਅਤੇ ਸੀ ਬੀ ਆਈ ਦੇ ਖੌਫ ਤੋਂ ਪੰਜਾਬ ਦੇ ਬੇਸ਼ਰਮ ਲੀਡਰ ਭਾਜਪਾ ਦੀ ਸ਼ਰਨ ਵਿਚ ਜਾ ਰਹੇ ਹਨ। ਇਸ ਤੋਂ ਪਹਿਲਾਂ ਸੀ ਪੀ ਆਈ ਜ਼ਿਲ੍ਹਾ ਲੁਧਿਆਣਾ ਦੇ ਸਹਾਇਕ ਸਕੱਤਰ ਚਮਕੌਰ ਸਿੰਘ, ਆਲ ਇੰਡੀਆ ਖੇਤ ਮਜ਼ਦੂਰ ਸਭਾ ਦੇ ਆਗੂ ਗੁਲਜ਼ਾਰ ਸਿੰਘ ਗੋਰੀਆ, ਆਲ ਇੰਡੀਆ ਕਿਸਾਨ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਝੱਜ, ਕੇਵਲ ਸਿੰਘ ਮੰਜਾਲੀਆਂ ਅਤੇ ਗੁਲਜ਼ਾਰ ਪੰਧੇਰ ਨੇ ਸ਼ਹੀਦ ਕਾਮਰੇਡ ਹਰਪਾਲ ਸਿੰਘ ਮੰਜਾਲੀਆਂ ਦੇ ਜੀਵਨ ਅਤੇ ਸੰਘਰਸ਼ਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਦਹਿਸ਼ਤਗਰਦੀ ਦੇ ਕਾਲੇ ਦੌਰ ਵਿਚ ਦਲੇਰੀ ਨਾਲ ਫਿਰਕਾਪ੍ਰਸਤੀ ਅਤੇ ਖਾਲਿਸਤਾਨੀ ਅਨਸਰਾਂ ਦੇ ਖਿਲਾਫ ਲੜੇ ਅਤੇ ਦਹਿਸ਼ਤਗਰਦਾਂ ਦੀਆਂ ਗੋਲੀਆਂ ਦਾ ਸ਼ਿਕਾਰ ਹੋ ਕੇ ਕਰੀਬ ਤੀਹ ਸਾਲ ਵ੍ਹੀਲ ਚੇਅਰ 'ਤੇ ਜੀਵਨ ਗੁਜ਼ਾਰਿਆ। ਆਗੂਆਂ ਨੇ ਫਿਲਮ 'ਸਤਲੁਜ' ਬਾਰੇ ਗੱਲ ਕਰਦਿਆਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਕੁਝ ਫਿਰਕਾਪ੍ਰਸਤ ਲੋਕਾਂ ਵੱਲੋਂ ਪੱਤਰਕਾਰ ਜਤਿੰਦਰ ਪੰਨੂੰ ਅਤੇ ਕਾਮਰੇਡ ਜਗਜੀਤ ਅਨੰਦ ਬਾਰੇ ਬੇਬੁਨਿਆਦ ਭਰਮ ਭੁਲੇਖੇ ਖੜ੍ਹੇ ਕੀਤੇ ਜਾ ਰਹੇ ਹਨ, ਜਦਕਿ ਭਾਰਤੀ ਕਮਿਊਨਿਸਟ ਪਾਰਟੀ ਨੇ ਕਦੇ ਵੀ ਪੁਲਸ ਮੁਕਾਬਲਿਆਂ ਦੀ ਵਕਾਲਤ ਨਹੀਂ ਕੀਤੀ। ਇਸ ਦੇ ਉਲਟ ਕਾਮਰੇਡ ਸਤਪਾਲ ਡਾਂਗ ਨੇ ਅਜਿਹੇ ਮੁਕਾਬਲਿਆਂ ਵਿਚ ਸ਼ਾਮਲ ਕਈ ਪੁਲਸ ਅਧਿਕਾਰੀਆਂ ਨੂੰ ਸਜ਼ਾਵਾਂ ਕਾਰਵਾਈਆਂ। ਉਨ੍ਹਾ ਕਿਹਾ ਕਿ 'ਸਤਲੁਜ' ਫਿਲਮ ਵਿਚ ਇੱਕਪਾਸੜ ਬਿਰਤਾਂਤ ਸਿਰਜਿਆ ਗਿਆ ਹੈ। ਇੱਕ ਸਾਜ਼ਿਸ਼ ਤਹਿਤ 2027 ਦੀਆਂ ਚੋਣਾਂ ਨੂੰ ਮੁੱਖ ਰੱਖ ਕੇ ਇਹ ਫਿਲਮ ਮੀਡੀਆ ਵਿਚ ਲਿਆਂਦੀ ਗਈ, ਤਾਂ ਕਿ ਲੋਕਾਂ ਨੂੰ ਅਸਲ ਮੁੱਦਿਆਂ ਤੋਂ ਭਟਕਾਇਆ ਜਾਵੇ। ਉਨ੍ਹਾ ਕਿਹਾ ਕਿ ਫਿਰਕਾਪ੍ਰਸਤਾਂ ਨੇ ਭਾਈਚਾਰਕ ਸਾਂਝ ਤੋੜਨ ਲਈ ਭਰਾ ਮਾਰੂ ਜੰਗ ਸ਼ੁਰੂ ਕੀਤੀ ਅਤੇ ਖਾਲਿਸਤਾਨ ਦਾ ਨਾਅਰਾ ਸਿਰਜਿਆ ਜਦਕਿ ਕਾਮਰੇਡਾਂ ਨੇ 'ਹਿੰਦੂ ਰਾਜ, ਨਾ ਖਾਲਿਸਤਾਨ, ਜੁੱਗ ਜੁੱਗ ਜੀਵੇ ਹਿੰਦੁਸਤਾਨ' ਦਾ ਨਾਅਰਾ ਦੇ ਕੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕੀਤਾ। ਅੰਤ ਵਿੱਚ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਪ੍ਰਧਾਨ ਜਥੇਦਾਰ ਅਮਰਜੀਤ ਸਿੰਘ ਬਲਿਓਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਾਂਡੈਂਟ ਰਛਪਾਲ ਸਿੰਘ, ਸੁਵਿੰਦਰ ਸਿੰਘ ਕਲੇਰ, ਜੰਗ ਸਿੰਘ ਸਿਰਥਲਾ, ਗੁਰਮੇਲ ਸਿੰਘ, ਪਰਮਜੀਤ ਸਿੰਘ ਮੰਜਾਲੀਆਂ, ਮੋਹਨ ਸਿੰਘ ਕੋਟਾਲਾ, ਐਸ ਪੀ ਸਿੰਘ, ਨਿਰੰਜਨ ਸਿੰਘ ਧੀਰ, ਭਗਵਾਨ ਸਿੰਘ ਸੋਮਲ ਖੇੜੀ, ਅਮਰਜੀਤ ਕੌਰ ਅਤੇ ਕਰਮ ਸਿੰਘ ਜਟਾਣਾ ਹਾਜ਼ਰ ਸਨ। ਦੀਪ ਦਿਲਬਰ ਨੇ ਸਮੁੱਚ ਸਮਾਗਮ ਦਾ ਸਫ਼ਲ ਸੰਚਾਲਨ ਕੀਤਾ।

## ਬਠਿੰਡਾ 'ਚ ਭਰਵੀਂ...

ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਉਹਨਾਂ ਕਿਹਾ ਕਿ ਇਹ ਸਰਕਾਰ ਦੇਸ਼ ਵਿੱਚ ਸਾਰੀਆਂ ਸੰਵਿਧਾਨਕ ਸੰਸਥਾਵਾਂ ਨੂੰ ਤੋੜਨ 'ਤੇ ਲੱਗੀ ਹੋਈ ਹੈ ਅਤੇ ਦੇਸ਼ ਵਿੱਚ ਫਾਸ਼ੀਵਾਦ ਨੂੰ ਬੜ੍ਹਾਵਾ ਦੇ ਕੇ ਘੱਟ ਗਿਣਤੀਆਂ, ਔਰਤਾਂ ਤੇ ਦਲਿਤਾਂ 'ਤੇ ਜ਼ੁਲਮ ਕਰ ਰਹੀ ਹੈ। ਐਸ ਆਈ ਆਰ ਦੇ ਨਾਂ 'ਤੇ ਵੱਡੀ ਪੱਧਰ 'ਤੇ ਨਾਗਰਿਕਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰ ਰਹੀ ਹੈ।ਉਹਨਾਂ ਸਖਤ ਚਿਤਾਵਨੀ ਦਿੰਦਿਆਂ ਮੰਗ ਕੀਤੀ ਕਿ ਦੇਸ਼ ਦੇ ਲੋਕਤੰਤਰੀ ਢਾਂਚੇ ਨੂੰ ਤਬਾਹ ਕਰਨਾ ਬੰਦ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੇ ਸਮੇਂ ਵਿੱਚ ਲੋਕ ਵੱਡੀ ਪੱਧਰ 'ਤੇ ਕੇਂਦਰ ਸਰਕਾਰ ਦੇ ਜ਼ੁਲਮਾਂ ਖਿਲਾਫ਼ ਅੰਦੋਲਨ ਦੇ ਰਸਤੇ ਪੈਣ ਲਈ ਮਜਬੂਰ ਹੋਣਗੇ।

ਸਾਬਕਾ ਵਿਧਾਇਕ ਅਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰ ਦੋਵੇਂ ਹੀ ਲੋਕਾਂ ਨੂੰ ਲੁੱਟਣ ਤੇ ਕੁੱਟਣ ਤੇ ਲੱਗੀਆਂ ਹੋਈਆਂ ਹਨ ਜਿੱਥੇ ਕੇਂਦਰ ਸਰਕਾਰ ਨੇ ਮਨਰੇਗਾ ਕਾਨੂੰਨ ਰੱਦ ਕਰਕੇ ਅਤੇ ਮਜ਼ਦੂਰਾਂ ਲਈ ਚਾਰ ਲੇਬਰ ਕੋਡ ਲਿਆ ਕੇ ਦੇਸ਼ ਦੇ ਮਜ਼ਦੂਰਾਂ ਦੇ ਰੁਜ਼ਗਾਰ ਦੇ ਅਧਿਕਾਰਾਂ ਨੂੰ ਖਤਮ ਕਰ ਦਿੱਤਾ ਹੈ ਉੱਥੇ ਪੰਜਾਬ ਸਰਕਾਰ ਲਗਾਤਾਰ ਮਜ਼ਦੂਰਾਂ ਦੀਆਂ ਸਾਰੀਆਂ ਮੰਗਾਂ ਨੂੰ ਅਣਦੇਖਾ ਕਰਕੇ ਸਰਕਾਰੀ ਖਜ਼ਾਨੇ ਵਿੱਚੋਂ ਵੋਟ ਖਰੀਦਣ ਦੀਆਂ ਸਕੀਮਾਂ ਲਾ ਕੇ ਅਜਿਹੀਆਂ ਲੋਕ ਲਭਾਊ ਵਿਉਂਤਬੰਦੀਆਂ ਕਰ ਰਹੀ ਹੈ ਜਿਸ ਨਾਲ ਲੋਕਾਂ ਨੂੰ ਮੂਰਖ ਬਣਾਇਆ ਜਾ ਸਕੇ।ਉਹਨਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋਈ ਹੈ ਅਤੇ ਆਏ ਦਿਨ ਜਿੱਥੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਕੁੱਟ ਰਹੀ ਹੈ, ਉੱਥੇ ਪੰਜਾਬ ਦਾ ਵੱਡੀ ਪੱਧਰ 'ਤੇ ਹਰ ਖੇਤਰ ਵਿੱਚੋਂ ਪੈਸਾ ਵੀ ਲੁੱਟ ਰਹੀ ਹੈ।ਉਨ੍ਹਾਂ ਨੇ ਮੰਗ ਕੀਤੀ ਕਿ ਪੁਰਾਣਾ ਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ।ਅਤੇ ਪੰਜਾਬ ਸਰਕਾਰ ਲੋਕਾਂ ਨੂੰ ਕੁੱਟਣ ਦੀ ਥਾਂ ਰੁਜ਼ਗਾਰ ਦੇਣ ਦਾ ਪ੍ਰਬੰਧ ਕਰੇ ।ਪਾਰਟੀ ਦੇ ਜਿਲਾ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਨਾ ਤਾਂ ਪੰਜਾਬ ਦਾ ਕੋਈ ਮਸਲਾ ਕੇਂਦਰ ਤੋਂ ਹੱਲ ਕਰਵਾ ਸਕੀ ਹੈ ਅਤੇ ਨਾ ਹੀ ਕੋਈ ਠੋਸ ਖੇਤੀ ਨੀਤੀ ,ਉਦਯੋਗ ਨੀਤੀ ਜਾਂ ਵਪਾਰ ਨੀਤੀ ਲਿਆ ਸਕੀ ਹੈ।ਪੰਜਾਬ ਅੰਦਰ ਵੱਡੀ ਪੱਧਰ 'ਤੇ ਨਸ਼ੇ ਦਾ ਕਾਰੋਬਾਰ ਫੈਲ ਰਿਹਾ ਹੈ ਜਿਸ ਨਾਲ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਭਵਿੱਖ 'ਤੇ ਪ੍ਰਸ਼ਨ ਚਿੰਨ੍ਹ ਲੱਗ ਗਿਆ ਹੈ।ਉਹਨਾਂ ਮੰਗ ਕੀਤੀ ਕਿ ਨਸ਼ੇ ਦੇ ਸੌਦਾਗਰਾਂ ਅਤੇ ਗੈਂਗਸਟਰਾਂ ਉੱਪਰ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਕਨਵੈਨਸ਼ਨ ਦੇ ਅਖੀਰ ਵਿੱਚ ਪ੍ਰਧਾਨਗੀ ਮੰਡਲ ਵੱਲੋਂ ਜ਼ਿਲ੍ਹਾ ਮੀਤ ਸਕੱਤਰ ਜਸਵੀਰ ਸਿੰਘ ਆਕਲੀਆ ਨੇ ਸੂਬਾ ਲੀਡਰਸ਼ਿਪ ਅਤੇ ਆਏ ਹੋਏ ਵਰਕਰਾਂ ਦਾ ਧੰਨਵਾਦ ਕੀਤਾ।ਇਸ ਕਨਵੈਨਸ਼ਨ ਵਿੱਚ ਹੋਰਨਾਂ ਤੋਂ ਇਲਾਵਾ ਮਿੱਠੂ ਸਿੰਘ ਘੁੱਦਾ,ਜਰਨੈਲ ਸਿੰਘ ਯਾਤਰੀ, ਸੁਖਦੇਵ ਸਿੰਘ ਕੁੱਬੇ, ਦਰਸ਼ਨ ਸਿੰਘ ਫੁੱਲੋ ਮਿੱਠੀ, ਹਰਨੇਕ ਸਿੰਘ ਆਲੀ ਕੇ, ਰਜਿੰਦਰ ਸਿੰਘ ਸੰਦੋਹਾ, ਇਕਬਾਲ ਸਿੰਘ, ਰਜਿੰਦਰ ਸਿੰਘ ਬਲਾੜ ਮਹਿਮਾ ਵੀ ਮੌਜੂਦ ਸਨ।

## ਟਰੱਕ ਫੁੱਟਪਾਥ ਨਾਲ ਟਕਰਾਇਆ, ਵੱਡਾ ਹਾਦਸਾ ਟਲਿਆ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਐਨ.ਐਚ. 703 ਬਰਨਾਲਾ-ਮੋਗਾ ਰੋਡ 'ਤੇ ਬਿਲਾਸਪੁਰ ਦੇ ਨਜ਼ਦੀਕ ਉਸ ਸਮੇਂ ਹੜਕੰਪ ਮੱਚ ਗਿਆ, ਜਦੋਂ ਬਰਨਾਲਾ ਵੱਲੋਂ ਆ ਰਿਹਾ ਇੱਕ ਟਰੱਕ ਅਚਾਨਕ ਬੇਕਾਬੂ ਹੋ ਕੇ ਫੁੱਟਪਾਥ ਨਾਲ ਜਾ ਟਕਰਾਇਆ।ਟੱਕਰ ਏਨੀ ਜ਼ੋਰਦਾਰ ਸੀ ਕਿ ਟਰੱਕ ਸੜਕ ਵਿਚਕਾਰ ਹੀ ਫਸ ਗਿਆ, ਜਿਸ ਕਾਰਨ ਕੁਝ ਸਮੇਂ ਲਈ ਆਵਾਜਾਈ ਪ੍ਰਭਾਵਿਤ ਰਹੀ।ਹਾਦਸੇ ਦੌਰਾਨ ਗਨੀਮਤ ਇਹ ਰਹੀ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਇੱਕ ਵੱਡਾ ਹਾਦਸਾ ਟਲ ਗਿਆ।ਸੂਚਨਾ ਮਿਲਦੇ ਹੀ ਪੁਲਸ ਪ੍ਰਸ਼ਾਸਨ ਦੀ ਟੀਮ ਤੇ ਗੁਰਬਿੰਦਰ ਸਿੰਘ 112 ਸੜਕ ਸੁਰੱਖਿਆ ਦੀ ਟੀਮ ਮੌਕੇ 'ਤੇ ਪਹੁੰਚ ਗਈ।ਪੁਲਸ ਨੇ ਮੌਕੇ ਦਾ ਜਾਇਜ਼ਾ ਲੈ ਕੇ ਨੁਕਸਾਨੇ ਗਏ ਟਰੱਕ ਨੂੰ ਰਸਤੇ ਤੋਂ ਹਟਵਾਇਆ ਤੇ ਬੰਦ ਪਏ ਰਸਤੇ ਨੂੰ ਮੁੜ ਆਵਾਜਾਈ ਲਈ ਖੋਲ੍ਹ ਦਿੱਤਾ।ਪੁਲਿਸ ਵੱਲੋਂ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।ਲੋਕਾਂ ਨੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਰਾਸ਼ਟਰੀ ਮਾਰਗਾਂ 'ਤੇ ਵਾਹਨ ਚਲਾਉਂਦੇ ਸਮੇਂ ਰਫ਼ਤਾਰ 'ਤੇ ਕਾਬੂ ਰੱਖਣ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਤਾਂ ਜੁ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕੇ।

## ਚੰਨੀ ਨੂੰ ਅੱਗੇ ਨਾ ਕੀਤਾ ਤਾਂ ਕਾਂਗਰਸ ਦਾ ਹੋਵੇਗਾ ਬੁਰਾ ਹਾਲ : ਆਗੂ

**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਕਾਂਗਰਸ ਵਿਚਕਾਰ ਚੱਲ ਰਹੇ ਕਾਟੋ ਕਲੇਸ਼ ਨੂੰ ਲੈ ਕੇ ਤੇ ਸ਼ੋਸਲ ਮੀਡੀਆ 'ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਹੱਕ 'ਚ ਆਮ ਲੋਕਾਂ ਵੱਲੋਂ ਚੁੱਕੀ ਜਾ ਰਹੀ ਅਵਾਜ਼ ਤੋਂ ਬਾਅਦ ਇੰਚਾਰਜ ਭੂਪੇਸ਼ ਬਘੇਲ ਵੱਲੋਂ ਦਿੱਤੇ ਗਏ ਬਿਆਨ 'ਪ੍ਰਧਾਨ ਬਦਲਣਾ ਕੋਈ ਗੁੱਡੀ-ਗੁੱਡੇ ਵਾਲਾ ਖੇਡ ਨਹੀਂ' ਨੇ ਕਾਂਗਰਸੀ ਵਰਕਰਾਂ ਵਿੱਚ ਰੋਸ ਪੈਦਾ ਕਰ ਦਿੱਤਾ ਹੈ। ਲਖਵੀਰ ਸਿੰਘ ਲੱਖਾ ਕੌਂਸਲਰ, ਗੁਰਮੇਲ ਸਿੰਘ ਗੋਲੀ ਹਮੀਰਗੜ੍ਹ, ਇੰਦਰਜੀਤ ਨਾਗਪਾਲ, ਤੀਰਥ ਸਿੱਧੂ ਦਿਆਲਪੁਰਾ ਮਿਰਜ਼ਾ, ਪਰਮਜੀਤ ਬਿੰਦਰ ਟਕਸਾਲੀ ਕਾਂਗਰਸੀ ਤੇ ਰਾਜਿੰਦਰ ਸਿੰਘ ਸਾਬਕਾ ਸਰਪੰਚ ਕੋਠੇਭਾਈਆਨਾ ਨੇ ਕਿਹਾ ਹੈ ਕਿ ਭਾਵੇਂ ਪੂਰੀ ਕਾਂਗਰਸ ਕਿਸੇ ਵੀ ਇੱਕ ਦੂਜੇ ਆਗੂ ਦੇ ਖਿਲਾਫ ਨਹੀਂ ਹੈ, ਪਰ ਜੇਕਰ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣਾਉਣੀ ਹੈ ਤਾਂ ਆਮ ਲੋਕਾਂ ਦੇ ਦਿਲਾਂ ਦੀ ਅਵਾਜ਼ ਨੂੰ ਪਛਾਨਣਾ ਹੋਵੇਗਾ ਕਿ ਉਹ ਲੋਕ ਕੀ ਚਾਹੁੰਦੇ ਹਨ। ਸੂਬੇ ਦੇ ਲੋਕ ਖੁਦ ਤਾਂ ਕਾਂਗਰਸ ਨੂੰ ਵੋਟ ਪਾਉਣਾ ਚਾਹੁੰਦੇ ਹਨ, ਪਰ ਸ਼ਾਇਦ ਹੁਣ ਸਮਾਂ ਅਜਿਹਾ ਜਾਪ ਰਿਹਾ ਹੈ ਜਿਵੇਂ ਕਾਂਗਰਸ ਹੀ ਖੁਦ ਕਾਂਗਰਸ ਨੂੰ ਹਰਾਉਣ 'ਤੇ ਤੁਲੀ ਹੋਈ ਹੋਵੇ। ਜੇਕਰ ਪਿਛਲੀਆਂ ਪਾਰਲੀਮੈਂਟ ਚੋਣਾਂ, ਪੰਚਾਇਤੀ ਜਾਂ ਫਿਰ ਲੋਕਲ ਬਾਡੀ ਚੋਣਾਂ ਦੀ ਗੱਲ ਕੀਤੀ ਜਾਵੇ ਤਾਂ ਹੁਣ ਤੱਕ ਚਰਨਜੀਤ ਸਿੰਘ ਚੰਨੀ ਦੀ ਹਰੀ ਝੰਡੀ ਰਹੀ ਹੈ। ਉਨ੍ਹਾਂ ਆਖਿਆ ਕਿ ਜੇਕਰ ਕਾਂਗਰਸ ਦਾ ਇਹੀ ਹਾਲ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਕਿਸੇ ਪਿੰਡ ਵਿੱਚ ਕਾਂਗਰਸੀ ਲੀਡਰ ਨੂੰ ਜਾ ਕੇ ਕਾਂਗਰਸੀ ਦਾ ਹੀ ਘਰ ਲੱਭਣਾ ਮੁਸ਼ਕਲ ਹੋ ਜਾਇਆ ਕਰੇਗਾ।

## ਸਿਕੰਦਰ ਸਿੰਘ ਬਰਾੜ ਨੇ ਥਾਣਾ ਸਦਰ ਮੁਖੀ ਵਜੋਂ ਸੰਭਾਲਿਆ ਅਹੁਦਾ



**ਕੋਟਕਪੂਰਾ (ਰਛਪਾਲ ਭੁੱਲਰ)**-ਨਵ-ਨਿਯੁਕਤ ਐਸ.ਐਚ.ਓ. ਸਿਕੰਦਰ ਸਿੰਘ ਬਰਾੜ ਨੇ ਅਧਿਕਾਰਤ ਤੌਰ 'ਤੇ ਥਾਣਾ ਮੁਖੀ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਇਲਾਕੇ ਦੇ ਪ੍ਰਮੁੱਖ ਸਮਾਜਸੇਵੀ ਤੇ ਉਨ੍ਹਾਂ ਦੇ ਨੇੜਲੇ ਸਾਥੀ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਨੇ ਰਾਜਿੰਦਰ ਕੁਮਾਰ ਰਾਜਾ ਠੇਕੇਦਾਰ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਅਤੇ ਨਵ-ਨਿਯੁਕਤ ਥਾਣਾ ਮੁਖੀ ਨੂੰ ਜੀ-ਆਇਆਂ ਆਖਦਿਆਂ ਗੁਲਦਸਤਾ ਭੇਟ ਕਰਕੇ ਮੁਬਾਰਕਬਾਦ ਦਿੱਤੀ।ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਨੇ ਦੱਸਿਆ ਕਿ ਸਿਕੰਦਰ ਸਿੰਘ ਬਰਾੜ ਬਹੁਤ ਇਮਾਨਦਾਰ, ਮਿਲਣਸਾਰ ਤੇ ਤਜਰਬੇਕਾਰ ਅਧਿਕਾਰੀ ਹਨ, ਉਹ ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਫ਼ਰੀਦਕੋਟ ਦੇ ਵੱਖ-ਵੱਖ ਪੁਲਿਸ ਸਟੇਸ਼ਨਾਂ ਵਿੱਚ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਹਨ ਅਤੇ ਲੋਕ-ਪੱਖੀ ਪ੍ਰਸ਼ਾਸਨ ਲਈ ਜਾਣੇ ਜਾਂਦੇ ਹਨ।ਸਿਕੰਦਰ ਸਿੰਘ ਬਰਾੜ ਨੇ ਆਖਿਆ ਕਿ ਉਹ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਰੱਖਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਤੇ ਮਾੜੇ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

## ਕੇਬਲ ਤਾਰਾਂ ਦੀ ਚੋਰੀ ਨਾਲ ਕਿਸਾਨਾਂ 'ਚ ਸਹਿਮ ਦਾ ਮਾਹੌਲ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਭਾਗੀਕੇ ਵਿੱਚ ਖੇਤਾਂ 'ਚ ਲੱਗੀਆਂ ਬਿਜਲੀ ਮੋਟਰਾਂ ਦੀਆਂ ਕੇਬਲ ਤਾਰਾਂ ਦੋ ਦਰਜਨ ਦੇ ਕਰੀਬ ਕਿਸਾਨਾਂ ਦੀਆ ਚੋਰੀ ਹੋਣ ਦੀਆਂ ਘਟਨਾਵਾਂ ਕਾਰਨ ਕਿਸਾਨਾਂ ਤੇ ਬਿਜਲੀ ਖਪਤਕਾਰਾਂ ਵਿੱਚ ਭਾਰੀ ਚਿੰਤਾ ਪਾਈ ਜਾ ਰਹੀ ਹੈ।ਲਗਾਤਾਰ ਹੋ ਰਹੀਆਂ ਚੋਰੀਆਂ ਕਾਰਨ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ ਤੇ ਫ਼ਸਲਾਂ ਦੀ ਸਿੰਚਾਈ ਵੀ ਪ੍ਰਭਾਵਿਤ ਹੋ ਰਹੀ ਹੈ।ਪੀੜਤ ਖਪਤਕਾਰਾਂ ਨੇ ਦੱਸਿਆ ਕਿ ਅਣਪਛਾਤੇ ਚੋਰ ਰਾਤ ਦੇ ਹਨੇਰੇ ਦਾ ਫ਼ਾਇਦਾ ਚੁੱਕਦੇ ਹੋਏ ਖੇਤਾਂ ਵਿੱਚ ਦਾਖਲ ਹੋ ਕੇ ਮੋਟਰਾਂ ਨਾਲ ਲੱਗੀਆਂ ਬਿਜਲੀ ਦੀਆਂ ਤਾਰਾਂ ਚੋਰੀ ਕਰ ਲੈਂਦੇ ਹਨ।ਇਸ ਕਾਰਨ ਹਰ ਵਾਰ ਕਿਸਾਨਾਂ ਨੂੰ ਨਵੀਆਂ ਤਾਰਾਂ ਲਾਉਣ ਲਈ ਹਜ਼ਾਰਾਂ ਰੁਪਏ ਖਰਚਣੇ ਪੈਂਦੇ ਹਨ।ਪਿੰਡ ਵਾਸੀਆਂ ਤੇ ਕਿਸਾਨਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਰਾਤ ਸਮੇਂ ਗਸ਼ਤ ਵਧਾਈ ਜਾਵੇ, ਚੋਰੀ ਦੀਆਂ ਵਾਰਦਾਤਾਂ ਵਿੱਚ ਸ਼ਾਮਲ ਅਨਸਰਾਂ ਨੂੰ ਜਲਦੀ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੁ ਕਿਸਾਨਾਂ ਦੀ ਮਿਹਨਤ ਦੀ ਕਮਾਈ ਤੇ ਖੇਤੀਬਾੜੀ ਸਾਜ਼ੋ-ਸਾਮਾਨ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# 'ਸਤਲੁਜ' ਫ਼ਿਲਮ ਦੇ ਸੰਬੰਧ 'ਚ ਪੰਜਾਬ ਦੇ ਰਾਜਪਾਲ ਨੂੰ ਦਿੱਤਾ ਮੰਗ ਪੱਤਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਮਨੁੱਖੀ ਅਧਿਕਾਰਾਂ ਦੇ ਮਹਾਨ ਯੋਧੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ 'ਤੇ ਆਧਾਰਿਤ ਫ਼ਿਲਮ 'ਸਤਲੁਜ' ਨੂੰ ਜੀ5 ਓਟੀਟੀ ਪਲੇਟਫਾਰਮ ਤੋਂ ਭਾਰਤ ਵਿੱਚ ਰੋਕ ਲਗਾਏ ਜਾਣ ਦੇ ਮਾਮਲੇ ਨੇ ਪੰਜਾਬ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ।ਜਿਸ ਉੱਤੇ ਵੱਖ-ਵੱਖ ਸਿਆਸੀ ਧਿਰਾਂ ਦੀ ਆਪੋ ਆਪਣੀ ਪ੍ਰਤੀਕਿਰਿਆ ਸਾਹਮਣੇ ਆ ਰਹੀ ਹੈ।ਇਸੇ ਲੜੀ ਤਹਿਤ ਪੰਥਕ ਹਲਕਾ ਮੰਨੇ ਜਾਂਦੇ ਵਿਧਾਨ ਸਭਾ ਹਲਕਾ ਸ੍ਰੀ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਸੇਰੋਂ ਅਤੇ ਉਹਨਾਂ ਦੇ ਪਤੀ ਯੂਥ ਅਕਾਲੀ ਆਗੂ ਅਵਤਾਰ ਸਿੰਘ ਬਿੱਲਾ ਸ਼ੇਰੋ ਦੀ ਅਗਵਾਈ ਹੇਠ ਸਮੁੱਚੀ ਅਕਾਲੀ ਦਲ ਦੀ ਟੀਮ ਨੇ ਤਰਨ ਤਾਰਨ ਦੇ ਏਡੀਸੀ ਰਾਹੀਂ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਦੇ ਨਾਮ ਇੱਕ ਮੰਗ ਪੱਤਰ ਸੌਂਪ ਕੇ ਫ਼ਿਲਮ 'ਤੇ ਲੱਗੀ ਪਾਬੰਦੀ ਤੁਰੰਤ ਹਟਾਉਣ ਦੀ ਮੰਗ ਕੀਤੀ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਰਮਨਦੀਪ ਕੌਰ ਸੇਰੋਂ ਅਤੇ ਅਵਤਾਰ ਸਿੰਘ ਬਿੱਲਾ ਸ਼ੇਰੋ ਨੇ ਕਿਹਾ ਕਿ 'ਸਤਲੁਜ' ਕੋਈ ਕਾਲਪਨਿਕ ਜਾਂ ਮਨਘੜਤ ਕਹਾਣੀ ਨਹੀਂ, ਸਗੋਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ਅਤੇ ਪੰਜਾਬ ਦੇ ਉਸ ਦੌਰ ਦੀਆਂ ਸੱਚੀਆਂ ਘਟਨਾਵਾਂ 'ਤੇ ਆਧਾਰਿਤ ਫ਼ਿਲਮ ਹੈ।ਉਨ੍ਹਾਂ ਕਿਹਾ ਕਿ ਇਸ ਫ਼ਿਲਮ ਨੂੰ ਭਾਰਤ ਵਿੱਚੋਂ ਹਟਾਉਣਾ ਸੱਚ ਨੂੰ ਦਬਾਉਣ

ਦੀ ਕੋਸ਼ਿਸ਼ ਹੈ, ਜਿਸ ਨਾਲ ਸਿੱਖ ਪੰਥ ਅਤੇ ਇਨਸਾਫ਼ ਪਸੰਦ ਲੋਕਾਂ ਦੀਆਂ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ ਹੈ।ਉਨ੍ਹਾਂ ਕਿਹਾ ਕਿ ਇਸ ਫ਼ਿਲਮ ਨੂੰ ਬਿਨਾਂ ਕਿਸੇ ਕੱਟ ਦੇ ਪੂਰੇ ਭਾਰਤ ਵਿੱਚ ਰਿਲੀਜ਼ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਦੇਸ਼ ਦਾ ਹਰ ਨਾਗਰਿਕ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ਸੰਘਰਸ਼ ਅਤੇ ਉਸ ਸਮੇਂ ਪੰਜਾਬ ਵਿੱਚ ਵਾਪਰੀਆਂ ਘਟਨਾਵਾਂ ਦੀ ਸੱਚਾਈ ਨੂੰ ਜਾਣ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਭਰ ਦੇ ਪਿੰਡਾਂ ਵਿੱਚ ਇਸ ਫ਼ਿਲਮ ਦੀ ਸਕ੍ਰੀਨਿੰਗ ਕਰਵਾ ਰਿਹਾ ਹੈ ਅਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਜਿਨ੍ਹਾਂ ਪਿੰਡਾਂ ਤੱਕ ਇਹ ਫ਼ਿਲਮ ਹਾਲੇ ਨਹੀਂ ਪਹੁੰਚੀ, ਉੱਥੇ ਵੀ ਜਲਦ ਪਹੁੰਚਾਈ ਜਾਵੇਗੀ। ਨਾਲ ਹੀ ਉਨ੍ਹਾਂ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਕੋਲ ਇਹ ਮਾਮਲਾ ਉਠਾ ਕੇ ਫ਼ਿਲਮ 'ਤੇ ਲੱਗੀ ਪਾਬੰਦੀ ਹਟਾਉਣ ਲਈ ਯੋਗ ਕਦਮ ਚੁੱਕੇ ਜਾਣ ਤਾਂ ਜੋ ਪੂਰਾ ਭਾਰਤ ਇਸ ਫ਼ਿਲਮ ਨੂੰ ਦੇਖ ਸਕੇ।ਇਸ ਮੌਕੇ ਐਸ ਜੀ ਪੀ ਸੀ ਮੈਂਬਰ ਗੁਰਬਚਨ ਸਿੰਘ ਕਰਮੂਵਾਲਾ, ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਯੂਥ ਅਕਾਲੀ ਦਲ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆਂ, ਜ਼ਿਲ੍ਹਾ ਬੀ.ਸੀ ਪ੍ਰਧਾਨ ਮਨਜਿੰਦਰ ਸਿੰਘ ਲਾਟੀ, ਹਲਕਾ ਐਸ.ਸੀ ਪ੍ਰਧਾਨ ਕਸ਼ਮੀਰ ਸਿੰਘ, ਸਿਕੰਦਰ ਸਿੰਘ ਵਰਾਣਾ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗਿਆਨ ਸਿੰਘ ਸ਼ਾਹਬਾਜ਼ਪੁਰ, ਤੇਜਿੰਦਰ ਸਿੰਘ ਪ੍ਰਿੰਸ, ਰਾਜਾ ਸਰਪੰਚ ਭੈਲ, ਸੁਖਬੀਰ ਸਿੰਘ, ਪਿਆਰਾ ਸਿੰਘ ਦੁਗਲਵਾਲ,ਜਗਦੀਪ ਸਿੰਘ ਮਿੰਟੂ, ਜੰਗਸ਼ੇਰ ਸਿੰਘ ਟੋਨੀ, ਗੁਰ ਸਿੱਧੂ, ਮਹਿਤਾਬ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

# ਕਰਮਜੀਤ ਸਿੰਘ ਰਿੰਟੂ ਨੇ ਨਵੇਂ ਟਿਊਬਵੈੱਲ ਦੀ ਸਥਾਪਨਾ ਤੇ ਪਾਰਕ ਦੇ ਨਵੀਨੀਕਰਨ ਦਾ ਕੀਤਾ ਉਦਘਾਟਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਲਈ ਆਮ ਆਦਮੀ

ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਆਨੰਦ ਐਵੇਨਿਊ ਮਾਰਕੀਟ ਵਿਖੇ ਇੱਕ ਨਵੇਂ ਟਿਊਬਵੈੱਲ ਦੀ ਸਥਾਪਨਾ ਅਤੇ ਪਾਰਕ ਦੇ ਨਵੀਨੀਕਰਨ ਦਾ ਉਦਘਾਟਨ ਕੀਤਾ। ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਆਨੰਦ ਐਵੇਨਿਊ ਮਾਰਕੀਟ ਵਿਖੇ ਇੱਕ ਨਵੇਂ ਟਿਊਬਵੈੱਲ ਦੇ ਚਾਲੂ ਹੋਣ ਨਾਲ ਇਲਾਕੇ ਦੇ ਵਸਨੀਕਾਂ ਅਤੇ ਦੁਕਾਨਦਾਰਾਂ ਨੂੰ ਸਾਫ਼ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕਾ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਚੇਅਰਮੈਨ ਰਿੰਟੂ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਇਹ ਯਕੀਨੀ ਬਣਾਉਣ ਦੀ ਹੈ ਕਿ ਵਿਕਾਸ ਹਲਕੇ ਦੇ ਹਰ ਵਾਰਡ ਅਤੇ ਹਰ ਗਲੀ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਲੋਕਾਂ ਤੱਕ ਪਹੁੰਚ ਕਰਕੇ ਅਤੇ ਉਨ੍ਹਾਂ ਦੀਆਂ ਮੰਗਾਂ ਦਾ ਜਵਾਬ ਦੇ ਕੇ ਰੋਜ਼ਾਨਾ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ। ਉਨ੍ਹਾਂ ਅੱਗੇ ਕਿਹਾ ਕਿ ਆਨੰਦ ਐਵੇਨਿਊ ਮਾਰਕੀਟ ਨੂੰ ਸਾਰੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਮਾਰਕੀਟ ਦੇ ਸੀਵਰੇਜ ਸਿਸਟਮ ਦੀ ਪੂਰੀ ਤਰ੍ਹਾਂ ਮੁਰੰਮਤ ਕੀਤੀ ਜਾਵੇਗੀ ਅਤੇ ਫੁੱਟਪਾਥ ਅਤੇ ਇੰਟਰਲਾਕਿੰਗ ਟਾਇਲ ਫਰਸ਼ ਵਿਛਾਏ ਜਾਣਗੇ। ਇੱਕ ਆਧੁਨਿਕ ਫਵਾਰਾ ਅਤੇ ਬਿਹਤਰ ਰੋਸ਼ਨੀ ਵਾਲੀਆਂ ਲਾਈਟਾਂ ਵੀ ਲਗਾਈਆਂ ਜਾਣਗੀਆਂ। ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਉੱਤਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਕਲੋਨੀਆਂ ਅਤੇ ਬਾਜ਼ਾਰਾਂ ਦੇ ਵਸਨੀਕਾਂ ਨੂੰ ਸਾਰੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪ੍ਰੀਮਿਕਸ ਸੜਕਾਂ ਬਣਾਉਣ ਦਾ ਕੰਮ ਵੀ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਮਾਂ-ਬੇਟੀ ਸਤਿਕਾਰ ਯੋਜਨਾ ਰਾਹੀਂ ਆਪਣੀ ਆਖਰੀ ਗਰੰਟੀ ਪੂਰੀ ਕਰ ਦਿੱਤੀ ਹੈ। ਇਸ ਮੌਕੇ ਪ੍ਰਣਵ ਧਵਨ, ਸੁਨੀਲ ਬੁਟਾਨੀ, ਰਾਧੇ ਮਹਿਰਾ, ਸੁਨੀਲ ਜੈਨ, ਦੀਪ ਡੇਕੋਰ, ਮਾਰਕੀਟ ਐਸੋਸੀਏਸ਼ਨ ਦੇ ਅਧਿਕਾਰੀ ਅਤੇ ਇਲਾਕੇ ਦੇ ਪ੍ਰਮੁੱਖ ਲੋਕ ਮੌਜੂਦ ਸਨ।

# ਮਾਧੋਪੁਰ-ਮਲਿਕਪੁਰ ਕੱਚੀ ਸੜਕ 'ਤੇ ਦਰੱਖਤ ਨਾਲ ਲਟਕਦੀ ਮਿਲੀ ਵਿਅਕਤੀ ਦੀ ਲਾਸ਼

**ਪਠਾਨਕੋਟ (ਦਵਿੰਦਰ ਸਿੰਘ)** ਮਾਧੋਪੁਰ-ਮਲਿਕਪੁਰ ਕੱਚੀ ਸੜਕ 'ਤੇ ਨਹਿਰ ਦੇ ਕਿਨਾਰੇ ਇੱਕ ਵਿਅਕਤੀ ਦੀ ਲਾਸ਼ ਦਰੱਖਤ ਨਾਲ ਲਟਕਦੀ ਮਿਲੀ ਹੈ।ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ।ਮ੍ਰਿਤਕ ਦੀ ਪਛਾਣ ਪਿੰਡ ਅਦਿਆਲ ਦੇ ਰਹਿਣ ਵਾਲੇ ਸਾਹਿਲ ਵਜੋਂ ਹੋਈ ਹੈ।ਜਾਂਚ ਅਧਿਕਾਰੀ ਅਰੁਣ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਉਕਤ ਸੜਕ 'ਤੇ ਇੱਕ ਦਰੱਖਤ ਨਾਲ ਇੱਕ ਵਿਅਕਤੀ ਦੀ ਲਾਸ਼ ਲਟਕ ਰਹੀ ਹੈ।ਇਸ ਤੋਂ ਬਾਅਦ ਉਹ ਆਪਣੀ ਪੁਲਸ ਟੀਮ ਸਮੇਤ ਮੌਕੇ ਪਹੁੰਚੇ।ਉਨ੍ਹਾਂ ਦੱਸਿਆ ਕਿ ਮੁੱਢਲੀ ਪੋਸਟਮਾਰਟਮ ਜਾਂਚ ਦੌਰਾਨ ਮ੍ਰਿਤਕ ਦੇ ਸਰੀਰ 'ਤੇ ਕਿਸੇ ਵੀ ਤਰ੍ਹਾਂ ਦੀ ਸੱਟ ਦੇ ਨਿਸ਼ਾਨ ਨਹੀਂ ਮਿਲੇ, ਜਿਸ ਕਾਰਨ ਇਹ ਮਾਮਲਾ ਖੁਦਕੁਸ਼ੀ ਦਾ ਲੱਗਦਾ ਹੈ। ਪੁਲਿਸ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।ਪੋਸਟਮਾਰਟਮ ਦੀ ਵਿਸਥਾਰਪੂਰਵਕ ਰਿਪੋਰਟ ਆਉਣ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ 13 ਨੂੰ ਲੱਗੇਗਾ ਰੋਜ਼ਗਾਰ/ਲੋਨ ਮੇਲਾ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿੱਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਸਵੈ ਰੋਜ਼ਗਾਰ /ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਕਰਨ ਦੇ ਚਾਹਵਾਨ ਹਨ ਉਨ੍ਹਾਂ ਨੂੰ ਸਵੈ-ਰੋਜ਼ਗਾਰ ਦੀਆਂ ਸਕੀਮਾਂ ਅਧੀਨ ਲੋਨ ਦਿੱਤੇ ਜਾ ਰਹੇ ਹਨ ਅਤੇ ਜਿਹੜੇ ਨੌਜਵਾਨ ਪ੍ਰਾਰਥੀ ਆਪਣਾ ਸਵੈ-ਰੋਜ਼ਗਾਰ ਦਾ ਕੰਮ ਸ਼ੁਰੂ ਕਰਨਾ ਚਾਹੁੰਦੇ ਹਨ, ਉਹ ਪ੍ਰਾਰਥੀ ਪ੍ਰਧਾਨ ਮੰਤਰੀ ਮੁਦਰਾ ਸਕੀਮ, ਪ੍ਰਧਾਨ ਮੰਤਰੀ ਰੋਜ਼ਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਂਡ ਅਪ ਇੰਡੀਆ ਦੇ ਤਹਿਤ ਆਪਣਾ ਸਵੈ-ਰੋਜ਼ਗਾਰ ਕਰਨ ਦੇ ਲਈ ਲੋਨ ਲੈ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫਸਰ ਨਰੇਸ਼ ਕੁਮਾਰ ਨੇ ਦੱਸਿਆ ਕਿ 13 ਜੁਲਾਈ ਨੂੰ ਕਮਰਾ ਨੰਬਰ 217 ਬੀ-ਬਲਾਕ, ਡੀ.ਏ.ਸੀ. ਕੰਪਲੈਕਸ ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਦਫਤਰ ਗੁਰਦਾਸਪੁਰ ਵਿਖੇ ਸਵੈ-ਰੋਜ਼ਗਾਰ/ਲੋਨ ਮੇਲਾ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਸਵੈ-ਰੋਜ਼ਗਾਰ ਦੇ ਨਾਲ ਸੰਬੰਧਤ ਸਾਰੇ ਵਿਭਾਗ, ਸਰਕਾਰੀ ਅਤੇ ਪ੍ਰਾਈਵੇਟ ਬੈਂਕਾਂ ਵੱਲੋਂ ਸ਼ਿਰਕਤ ਕੀਤੀ ਜਾਵੇਗੀ ਅਤੇ ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਲਈ ਲੋਨ ਲੈਣ ਦੇ ਚਾਹਵਾਨ ਹਨ, ਉਹ ਇਸ ਸੁਨਹਿਰੇ ਮੌਕੇ ਦਾ ਲਾਭ ਲੈਣ ਲਈ ਸਵੈ-ਰੋਜ਼ਗਾਰ/ਲੋਨ ਮੇਲੇ 'ਚ ਸ਼ਾਮਲ ਹੋਣ। ਬੇਰੋਜ਼ਗਾਰ ਪ੍ਰਾਰਥੀ 13 ਜੁਲਾਈ ਨੂੰ 10.00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਿਖੇ ਪਹੁੰਚ ਕਰਕੇ ਵੀ ਇਹ ਲੋਨ ਫਾਰਮ ਭਰ ਸਕਦੇ ਹਨ। ਸਵੈ-ਰੋਜ਼ਗਾਰ ਲਈ ਲੋਨ ਲੈਣ ਦੇ ਚਾਹਵਾਨ ਪ੍ਰਾਰਥੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਸੰਪਰਕ ਕਰ ਸਕਦੇ ਹਨ ।

# 11 ਤੇ 12 ਜੁਲਾਈ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਐਸ ਆਈ ਆਰ ਵਿਸ਼ੇਸ਼ ਕੈਂਪ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਐਸ ਆਈ ਆਰ ਤਹਿਤ ਘਰ-ਘਰ ਜਾ ਕੇ ਗਣਨਾ ਫਾਰਮ ਇਕੱਠੇ ਕਰਨ ਅਤੇ ਉਨ੍ਹਾਂ ਦੇ ਡਿਜੀਟਾਈਜ਼ੇਸ਼ਨ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਦੇ ਮਕਸਦ ਨਾਲ 11 ਅਤੇ 12 ਜੁਲਾਈ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ ਸਵੇਰੇ 8:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਵੱਖ-ਵੱਖ ਨੁਕਤਿਆਂ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜਿਹੜੇ ਬੀ.ਐੱਲ.ਓਜ਼ ਵੱਲੋਂ 100% ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ, ਉਹ ਫਾਰਮਾਂ ਵਿਚਲੀਆਂ ਕਮੀਆਂ/ਤਰੁੱਟੀਆਂ ਨੂੰ ਦੂਰ ਕਰਨ ਵੱਲ ਧਿਆਨ ਦੇਣਗੇ। ਜਿਨ੍ਹਾਂ ਬੂਥਾਂ ਤੇ ਫਾਰਮ ਵੱਡੀ ਗਿਣਤੀ ਵਿੱਚ ਇਕੱਠੇ ਹੋ ਚੁੱਕੇ ਹਨ ਪਰ ਡਿਜੀਟਾਈਜ਼ੇਸ਼ਨ ਦਾ ਕੰਮ ਬਾਕੀ ਹੈ, ਉੱਥੇ ਬਾਕੀ ਰਹਿੰਦੇ ਫਾਰਮ ਇਕੱਠੇ ਕਰਨ ਦੇ ਨਾਲ-ਨਾਲ ਡਿਜੀਟਾਈਜ਼ੇਸ਼ਨ ਪ੍ਰਕਿਰਿਆ ਨੂੰ ਪਹਿਲ ਦਿੱਤੀ ਜਾਵੇਗੀ। ਇਸੇ ਤਰ੍ਹਾਂ ਘੱਟ ਫਾਰਮ ਇਕੱਠੇ ਕਰਨ ਵਾਲੇ ਬੀ.ਐੱਲ.ਓਜ਼ ਫਾਰਮ ਇਕੱਠੇ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਾਲ ਦੀ ਨਾਲ ਡਿਜੀਟਾਈਜ਼ ਵੀ ਕਰਨਗੇ।ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਚੋਣਕਾਰ ਰਜਿਸਟਰੇਸ਼ਨ ਅਫਸਰਾਂ ਨੂੰ ਹਦਾਇਤ ਕੀਤੀ ਕਿ ਸਪੈਸ਼ਲ ਕੈਂਪਾਂ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਅਤੇ ਬੀ.ਐੱਲ.ਓਜ਼, ਸੁਪਰਵਾਈਜ਼ਰ ਅਤੇ ਸਬੰਧਤ ਸਟਾਫ਼ ਨੂੰ ਦਿਸ਼ਾ ਨਿਰਦੇਸ਼ ਦਿੱਤੇ ਜਾਣ। ਇਨ੍ਹਾਂ ਕੈਂਪਾਂ ਨੂੰ ਸਫ਼ਲ ਬਣਾਉਣ ਲਈ ਸਬੰਧਤ ਸਕੂਲਾਂ ਦੇ ਸਟਾਫ਼, ਮਾਲ ਪਟਵਾਰੀਆਂ, ਆਂਗਣਵਾੜੀ ਵਰਕਰਾਂ ਅਤੇ ਨਗਰ ਕੌਂਸਲਾਂ/ਨਗਰ ਨਿਗਮ ਦੇ ਸਟਾਫ ਨੂੰ ਬੀ.ਐੱਲ.ਓਜ਼ ਨਾਲ ਜੋੜਿਆ ਜਾਵੇ, ਤਾਂ ਜੋ ਫਾਰਮ ਭਰਨ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਹੋਰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

# ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਸ਼ਹਿਰ ਅੰਦਰ ਲੱਗੇ ਕੂੜੇ ਦੇ ਢੇਰ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਸ਼ਹਿਰ ਅੰਦਰ ਸਫਾਈ ਕਰਮਚਾਰੀਆਂ ਦੀ ਹੜਤਾਲ 'ਤੇ ਚੱਲਦਿਆਂ ਥਾਂ-ਥਾਂ 'ਤੇ ਕੂੜੇ ਦੇ ਢੇਰ ਲੱਗੇ ਹੋਏ ਹਨ ਜਿਸ ਕਰਕੇ ਭੈੜੀ ਬਦਬੂ ਜਿੱਥੇ ਫੈਲੀ ਹੋਈ ਹੈ ਉੱਥੇ ਹੀ ਭਿਆਨਕ ਬਿਮਾਰੀਆਂ ਫੈਲਣ ਦਾ ਵੀ ਖਦਸ਼ਾ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਵੱਡੀ ਪੱਧਰ 'ਤੇ ਕੂੜੇ ਦੇ ਢੇਰ ਸ਼ਹਿਰ ਦੇ ਵੱਖ-ਵੱਖ ਚੌਂਕਾਂ ਅਤੇ ਹੋਰਨਾਂ ਥਾਵਾਂ 'ਤੇ ਲੱਗ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇੱਕ ਪਾਸੇ ਸਿਹਤ ਵਿਭਾਗ ਵੱਲੋਂ ਥਾਂ-ਥਾਂ 'ਤੇ ਲੋਕਾਂ ਨੂੰ ਡੇਂਗੂ ਅਤੇ ਮਲੇਰੀਆਂ ਵਰਗੀਆਂ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਉੱਥੇ ਹੀ ਇਨ੍ਹਾਂ ਢੇਰਾਂ ਤੋਂ ਉੱਠਦੀ ਭੈੜੀ ਬਦਬੂ ਨੇ ਲੋਕਾਂ ਦਾ ਜਿਊਣਾ ਹਰਾਮ ਕੀਤਾ ਹੋਇਆ ਹੈ। ਲੋਕਾਂ ਕਿਹਾ ਕਿ ਜੇਕਰ ਹੋਰ ਥੋੜ੍ਹਾ ਸਮਾਂ ਸ਼ਹਿਰ ਅੰਦਰੋਂ ਕੂੜਾ ਨਾ ਚੁਕਿਆ ਗਿਆ ਤਾਂ ਕੂੜੇ ਦੇ ਢੇਰ ਹੋਰ ਵੱਡੇ ਹੋ ਜਾਣਗੇ ਅਤੇ ਬਰਸਾਤ ਦੇ ਮੌਸਮ ਵਿਚ ਸਥਿਤੀ ਹੋਰ ਵੀ ਭਿਆਨਕ ਹੋ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਸ਼ਹਿਰ ਅੰਦਰ ਫੈਲੇ ਕੂੜੇ ਦੇ ਢੇਰਾਂ ਨੂੰ ਜਲਦੀ ਤੋਂ ਜਲਦੀ ਚੁਕਵਾਇਆ ਜਾਵੇ। ਸਫਾਈ ਕਰਮਚਾਰੀਆਂ ਦੀ ਮੰਗ ਹੈ ਕਿ ਉਨ੍ਹਾਂ ਨੂੰ ਰੈਗੂਲਰ ਕੀਤਾ ਜਾਵੇ ਅਤੇ 1-1-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਤਹਿਤ ਲਾਗੂ ਕੀਤੀ ਜਾਵੇ, ਸਫਾਈ ਸੇਵਕਾਂ ਦੀ ਨਵੀਂ ਭਰਤੀ ਕੀਤੀ ਜਾਵੇ। ਸਫਾਈ ਸੇਵਕਾਂ ਦੇ ਪਿਛੋਕੜ ਵਾਲੇ ਉਮੀਦਵਾਰਾਂ ਲਈ 75 ਫੀਸਦੀ ਅਰਕਸ਼ਣ ਦਿੱਤਾ ਜਾਵੇ।

# ਵਾਲਮੀਕੀ ਸਮਾਜ ਦੇ ਪ੍ਰਧਾਨ ਵਿੱਕੀ ਨੇ ਐਸ ਐਚ ਓ ਨਾਲ ਕੀਤੀ ਮੁਲਾਕਾਤ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਭਗਵਾਨ ਵਾਲਮੀਕੀ ਸਮਾਜ ਸੇਵਾ ਸੋਸਾਇਟੀ ਦੇ ਮੁਖੀ ਵਿਕਰਮਜੀਤ ਸਿੰਘ ਵਿੱਕੀ ਚਵਿੰਡਾ ਦੇਵੀ ਨੇ ਅੰਮ੍ਰਿਤਸਰ ਸਿਟੀ ਥਾਣਾ ਸਦਰ ਦੇ ਐਸ ਐਚ ਓ ਹਰਪ੍ਰਕਾਸ਼ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਪ੍ਰਧਾਨ ਵਿੱਕੀ ਨੇ ਸਮਾਜ ਦੇ ਕੰਮਾਂ ਨੂੰ ਲੈ ਕੇ ਐਸ ਐਚ ਓ ਨਾਲ ਵਿਚਾਰ ਵਟਾਂਦਰਾ ਕੀਤਾ ਅਤੇ ਐਸ ਐਚ ਓ ਨੇ ਯਕੀਨ ਦਿਵਾਇਆ ਕਿ ਜਲਦ ਹੀ ਜੋ ਸਮੱਸਿਆ ਆ ਰਹੀਆਂ ਹਨ, ਉਨ੍ਹਾਂ ਨੂੰ ਹੱਲ ਕੀਤਾ ਜਾਵੇਗਾ।ਇਸ ਮੌਕੇ ਸੁਲੱਖਣ ਪ੍ਰਧਾਨ ਮਾਝਾ ਜ਼ੋਨ, ਜੀਵ, ਸ਼ਮੀ ਕੁਮਾਰ, ਅਜੇ ਮਕਬੂਲਪੁਰਾ ਆਦਿ ਹਾਜ਼ਰ ਸਨ।

# ਸਾਂਝਾ ਮੁਲਾਜ਼ਮ ਮੰਚ ਵੱਲੋਂ 17 ਨੂੰ ਮੋਹਾਲੀ 'ਚ ਰੋਸ ਰੈਲੀ

**ਤਰਨ ਤਾਰਨ ( ਪ੍ਰਿਤਪਾਲ ਸਿੰਘ)** ਸਾਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਪੰਜਾਬ ਸਰਕਾਰ ਅਤੇ ਪੈਨਸ਼ਨਰਾਂ ਨਾਲ ਸਬੰਧਤ ਲੰਬਿਤ ਮੰਗਾਂ ਦੇ ਹੱਲ ਲਈ 17 ਜੁਲਾਈ 2026 ਨੂੰ ਮੋਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸ ਸੰਬੰਧੀ ਮੰਚ ਦੀ ਇੱਕ ਅਹਿਮ ਮੀਟਿੰਗ ਤਰਨ ਤਾਰਨ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਮੰਚ ਦੇ ਆਗੂਆਂ ਵੱਲੋਂ ਕੀਤੀ ਗਈ। ਮੀਟਿੰਗ ਦੌਰਾਨ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੈਨਸ਼ਨਰਾਂ ਅਤੇ ਕਰਮਚਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਪੰਜਾਬ ਵਿੱਚ ਲਾਗੂ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਵੱਖ-ਵੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 17 ਜੁਲਾਈ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਅਤੇ ਨੁਮਾਇੰਦੇ ਵੀ ਹਾਜ਼ਰ ਸਨ।

# ਮਹਿਲਾਵਾਂ ਦੇ ਬੈਂਕ ਖਾਤਿਆਂ 'ਚ ਪਹਿਲੀ ਕਿਸ਼ਤ ਜਾਰੀ ਕਰਨ ਦਾ ਸਵਾਗਤ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਆਮ ਆਦਮੀ ਪਾਰਟੀ ਦੇ ਆਗੂ ਬਚਨ ਲਾਲ (ਕਾਲਾ ਸ਼ਾਹ) ਨੇ ਪੰਜਾਬ ਸਰਕਾਰ ਵੱਲੋਂ ਮਾਵਾਂ ਧੀਆਂ ਸਨਮਾਨ ਯੋਜਨਾ ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਾਰੀ ਕਰਨ ਦੀ ਸ਼ੁਰੂਆਤ ਦਾ ਦਿਲੋਂ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੀਆਂ ਮਾਵਾਂ ਭੈਣਾਂ ਅਤੇ ਧੀਆਂ ਦੇ ਸਨਮਾਨ, ਆਰਥਿਕ ਸਸ਼ਕਤੀਕਰਨ ਤੇ ਸਮਾਜਿਕ ਸੁਰੱਖਿਆ ਵੱਲ ਇਕ ਇਤਿਹਾਸਕ ਅਤੇ ਦੂਰ ਅੰਦੇਸ਼ੀ ਭਰਿਆ ਕਦਮ ਕਰਾਰ ਦਿੱਤਾ। ਬਚਨ ਲਾਲ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਉਸ ਸਮੇਂ ਹੀ ਸੰਭਵ ਹੁੰਦੀ ਹੈ ਜਦੋਂ ਉਥੋਂ ਦੀਆਂ ਮਹਿਲਾਵਾਂ ਆਰਥਿਕ ਤੌਰ 'ਤੇ ਮਜ਼ਬੂਤ, ਸਮਾਜਿਕ ਤੌਰ 'ਤੇ ਸਨਮਾਨਤ ਅਤੇ ਫੈਸਲਾ ਲੈਣ ਦੀ ਪ੍ਰਤੀਕਿਰਿਆ ਵਿੱਚ ਸਮਰੱਥ ਹੋਣ ਹਿਤ ਇਸ ਯੋਜਨਾ ਰਾਹੀਂ ਲੱਖਾਂ ਯੋਗ ਔਰਤਾਂ ਨੂੰ ਸਿੱਧਾ ਆਰਥਿਕ ਸਹਿਯੋਗ ਪ੍ਰਾਪਤ ਹੋਵੇਗਾ, ਜਿਸ ਨਾਲ ਉਹਨਾਂ ਨੂੰ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਮਦਦ ਮਿਲੇਗੀ ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਚਨ ਲਾਲ (ਕਾਲਾ ਸ਼ਾਹ) ਨੇ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ ਨਾਅਰਿਆਂ ਨਾਲ ਨਹੀਂ ਸਗੋਂ ਠੋਸ ਤੇ ਪ੍ਰਭਾਵਸ਼ਾਲੀ ਨੀਤੀਆਂ ਨਾਲ ਸੰਭਵ ਹੁੰਦਾ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਅਮਲ ਵਿੱਚ ਬਦਲਣਾ ਹੀ ਜਨਪੱਖੀ ਤੇ ਜਵਾਬਦੇਹ ਸਰਕਾਰ ਦੀ ਪਹਿਚਾਣ ਹੁੰਦੀ ਹੈ। ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਕੀਤੀਆਂ ਜਾ ਰਹੀਆਂ ਪਹਿਲਾਂ ਇਹ ਦਰਸਾਉਂਦੀਆਂ ਹਨ ਕਿ ਆਮ ਪਰਵਾਰਾਂ ਖਾਸ ਕਰਕੇ ਔਰਤਾਂ ਦੀ ਆਰਥਿਕ ਸੁਰੱਖਿਆ ਤੇ ਸਨਮਾਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

# ਪਾਣੀ ਦੀ ਸੰਭਾਲ, ਕਚਰਾ ਪ੍ਰਬੰਧਨ ਤੇ ਸਫ਼ਾਈ ਬਾਰੇ ਜਾਗਰੂਕਤਾ ਸੈਮੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ ਅਤੇ ਵਾਰਡ ਨੰਬਰ 12 ਦੇ ਕੌਂਸਲਰ ਵਿਸ਼ਾਲ ਮੰਨਣ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ਹੀਦ ਬਾਬਾ ਜੀਵਨ ਸਿੰਘ ਮੁਹੱਲਾ, ਵਾਰਡ ਨੰਬਰ 12 ਦੇ ਜੰਜਘਰ ਵਿਖੇ ਪਾਣੀ ਦੀ ਸੰਭਾਲ, ਕਚਰਾ ਪ੍ਰਬੰਧਨ ਅਤੇ ਸਫ਼ਾਈ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਸੈਕਟਰੀ ਬਚਿੱਤਰ ਸਿੰਘ, ਕੁਲਵਿੰਦਰ ਕੌਰ (ਸੀ.ਐੱਫ.), ਕੋਮਲਪ੍ਰੀਤ ਕੌਰ (ਮੋਟੀਵੇਟਰ), ਗੁਰਵਿੰਦਰ ਕੌਰ (ਸੀ.ਐੱਫ.) ਅਤੇ ਸਖਵਿੰਦਰ ਕੌਰ (ਮੋਟੀਵੇਟਰ) ਦੀ ਅਗਵਾਈ ਹੇਠ ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੰਜੀਵ ਭੰਡਾਰੀ, ਕੌਂਸਲਰ ਵਿਸ਼ਾਲ ਮੰਨਣ, ਕੁਲਵਿੰਦਰ ਕੌਰ, ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ, ਰਾਕੇਸ਼ ਮੰਨਣ, ਬੀਬੀ ਹਰਜੀਤ ਕੌਰ ਅਤੇ ਐਡਵੋਕੇਟ ਹੇਮਦੀਪ ਸ਼ਰਮਾ ਨੇ ਪਾਣੀ ਦੀ ਹਰ ਬੂੰਦ ਨੂੰ ਬਚਾਉਣ, ਕਚਰੇ ਦੇ ਸਹੀ ਪ੍ਰਬੰਧਨ ਅਤੇ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਵਾਤਾਵਰਣ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਇਸ ਲਈ ਲੋਕਾਂ ਨੂੰ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ। ਇਸ ਮੌਕੇ ਕੌਂਸਲਰ ਸਰਬਜੀਤ ਸਿੰਘ ਮਾਨ ਅਤੇ ਕੌਂਸਲਰ ਰਾਜਿੰਦਰ ਸਿੰਘ ਰਿੱਖੀ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਵਾਤਾਵਰਣ ਸੰਭਾਲ ਲਈ ਲੋਕਾਂ ਨੂੰ ਜਾਗਰੂਕ ਰਹਿਣ ਦਾ ਸੱਦਾ ਦਿੱਤਾ। ਸੈਮੀਨਾਰ ਦੌਰਾਨ ਹਾਜ਼ਰ ਸ਼ਹਿਰੀਆਂ ਨੂੰ ਮੁਫ਼ਤ ਪੌਦੇ ਵੀ ਵੰਡੇ ਗਏ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਭੁਪਿੰਦਰ ਸਿੰਘ (ਸਾਬਕਾ ਸੈਕਟਰੀ ਇੰਸਪੈਕਟਰ), ਸੰਦੀਪ ਕੁਮਾਰ ਬੌਬੀ, ਗੁਰਦਰਸ਼ਨ ਸਿੰਘ ਮਾਨ, ਬਲਦੇਵ ਸਿੰਘ ਰੰਧਾਵਾ, ਮਨੋਜ ਕੁਮਾਰ, ਬੀਬੀ ਗੁਰਜੀਤ ਕੌਰ, ਮੈਡਮ ਰਾਜਨ, ਸਤਬੀਰ ਸਿੰਘ ਸੂਰੀਆ, ਬਲਜਿੰਦਰ ਸਿੰਘ ਕੇਕੜੀ ਅਤੇ ਬਲਕਾਰ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ। ਅੰਤ ਵਿੱਚ ਨਗਰ ਪੰਚਾਇਤ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ ਨੇ ਸਮਾਜ ਸੇਵੀ ਸੁਖਵਿੰਦਰ ਸਿੰਘ ਮੱਤੇਵਾਲ ਨੂੰ ਸਮਾਜ ਭਲਾਈ ਅਤੇ ਵਾਤਾਵਰਣ ਸੰਭਾਲ ਨਾਲ ਜੁੜੀਆਂ ਮੁਹਿੰਮਾਂ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਵੱਲੋਂ ਮੀਟਿੰਗ

**ਕਾਦੀਆਂ, ਧਾਰੀਵਾਲ (ਯਾਦਵਿੰਦਰ ਸਿੰਘ ਮਲਹੋਤਰਾ, ਮਨਦੀਪ ਵਿੱਕੀ)** ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਬਲਾਕ ਸ੍ਰੀ ਹਰਗੋਬਿੰਦ ਪੁਰ ਕਾਦੀਆਂ ਦੀ ਮੀਟਿੰਗ ਪਿੰਡ ਬਸਰਾਵਾਂ / ਬਸਰਾਏ ਵਿੱਚ ਬਲਾਕ ਸਕੱਤਰ ਕੁਲਦੀਪ ਸਿੰਘ ਸੈਰੋਵਾਲ ਦੀ ਅਗਵਾਈ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਿਲਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਨੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਕਿ ਭਾਰਤ ਸਰਕਾਰ ਵਲੋਂ ਅਮਰੀਕਾ ਨਾਲ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਜਿਥੇ ਕਿਸਾਨਾਂ ਦਾ ਵੱਡੀ ਪੱਧਰ 'ਤੇ ਉਜਾੜਾ ਕਰੇਗਾ ਉਥੇ ਹੀ ਖੇਤੀ 'ਤੇ ਨਿਰਭਰ ਮਜ਼ਦੂਰਾਂ ਡੇਅਰੀ ਕਾਮਿਆਂ ਅਤੇ ਹੋਰ ਕਿਰਤੀਆਂ ਲਈ ਖਤਰੇ ਦੀ ਘੰਟੀ ਹੈ। ਇਸ ਸਮਝੌਤੇ ਨੂੰ ਰੋਕਣ ਲਈ ਦੇਸ਼ ਪੱਧਰ 'ਤੇ 'ਦੇਸ਼ ਬਚਾਓ ਮੋਰਚਾ' ਬਣਿਆ ਹੈ ਅਤੇ ਇਸ ਦੇ ਸੱਦੇ 'ਤੇ 15 ਜੁਲਾਈ ਨੂੰ ਮੋਟਰਸਾਈਕਲ ਮਾਰਚ ਕੀਤਾ ਜਾਵੇਗਾ।ਦੂਸਰੇ ਪੜਾਅ ਤੇ 21 ਜੁਲਾਈ ਨੂੰ ਦਿੱਲੀ ਵਿੱਚ ਕਿਸਾਨ ਘਾਟ ਤੇ ਇੱਕ ਦਿਨਾ ਰੈਲੀ ਅਤੇ ਪ੍ਰਦਰਸ਼ਨ ਕੀਤਾ ਜਾਵੇਗਾ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਿਲਾ ਆਗੂ ਮਾਸਟਰ ਜਗੀਰ ਸਿੰਘ ਅਤੇਪੁਰ ਨੇ ਸਰਕਾਰ ਵਲੋਂ ਜਸਵੰਤ ਸਿੰਘ ਖਾਲੜਾ ਬਾਰੇ ਬਣੀ ਫਿਲਮ ਤੇ ਪਾਬੰਦੀ ਲਗਾ ਕੇ ਲੋਕ ਵਿਰੋਧੀ ਕਦਮ ਚੁੱਕਿਆ ਗਿਆ ਹੈ।ਡਾ ਅਸ਼ੋਕ ਭਾਰਤੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਹਾਨ ਸ਼ਹੀਦ ਬਾਬਾ ਬੂਝਾ ਸਿੰਘ ਦੇ ਸ਼ਹੀਦੀ ਦਿਨ ਤੇ ਉਨ੍ਹਾਂ ਦੇ ਪਿੰਡ ਚੱਕ ਮਾਈ ਦਾਸ ਵਿਖੇ ਸ਼ਹੀਦੀ ਯਾਦਗਾਰ ਤੇ ਇਕੱਤਰਤਾ ਵਿੱਚ ਜਥੇਬੰਦੀ ਸ਼ਾਮਲ ਹੋਵੇਗੀ।ਇਸ ਮੌਕੇ ਮਹਿੰਦਰ ਸਿੰਘ ਚੀਮਾ ਖੁੱਡੀ ਸਰਦੂਲ ਸਿੰਘ ਚੀਮਾ ਖੁੱਡੀ ਅਮਰਜੀਤ ਸਿੰਘ ਅਤੇਪੁਰ ਬਿਕਰਮਜੀਤ ਸਿੰਘ ਡੱਲਾ ਸੁਖਦੇਵ ਸਿੰਘ ਭਗਤੂਪੁਰ ਜਰਨੈਲ ਸਿੰਘ ਭਰਥ ਰਘਵਿੰਦਰ ਸਿੰਘ ਬਸਰਾਵਾਂ ਸਰਵਣ ਸਿੰਘ ਬਸਰਾਵਾਂ ਚੈਂਚਲ ਸਿੰਘ ਚੀਮਾ ਖੁੱਡੀ ਬਚਿੱਤਰ ਸਿੰਘ ਬਸਰਾਵਾਂ ਗੁਰਨਾਮ ਸਿੰਘ ਚੀਮਾ ਖੁੱਡੀ ਜੋਗਿੰਦਰ ਸਿੰਘ ਬਸਰਾਵਾਂ ਸਤਨਾਮ ਸਿੰਘ ਨੰਗਲ ਝੌਰ ਗੁਰਦੀਪ ਸਿੰਘ ਬਸਰਾਵਾਂ ਹਰਭਿੰਦਰ ਸਿੰਘ ਪੱਤੀ ਫਕੀਵਾ ਦਿਲਬਾਗ ਸਿੰਘ ਕੋਟਲਾਬਾਮਾ ਰੋਹਿਤ ਕੁਮਾਰ ਬਟਾਲਾ ਮੰਗਲ ਸਿੰਘ ਡੱਲਾ ਨੱਥਾ ਸਿੰਘ ਬਸਰਾਵਾਂ ਆਦਿ ਹਾਜ਼ਰ ਸਨ।

# ਡਾ. ਅਜੇ ਗੁਪਤਾ ਨੇ ਲੋਕ ਮਿਲਣੀ 'ਚ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕੀਤਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਵਾਰਡ ਨੰਬਰ 55 ਅਤੇ ਵਾਰਡ ਨੰਬਰ 57 ਵਿੱਚ "ਲੋਕ ਮਿਲਾਨੀ" ਦਾ ਆਯੋਜਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਸਮਾਗਮ ਵਿੱਚ ਸ਼ਾਮਲ ਸੈਂਕੜੇ ਲੋਕਾਂ ਨਾਲ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ। ਪਹਿਲਾਂ ਸਰਕਾਰ ਬਣਨ 'ਤੇ ਇਸ ਨੇ ਦੋ ਮਹੀਨਿਆਂ ਲਈ ਪੰਜਾਬ ਦੇ ਘਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦੇਣਾ ਸ਼ੁਰੂ ਕਰ ਦਿੱਤਾ, ਜਿਸਦੇ ਨਤੀਜੇ ਵਜੋਂ ਪੰਜਾਬ ਦੇ 90 ਪ੍ਰਤੀਸ਼ਤ ਘਰਾਂ ਲਈ ਬਿਜਲੀ ਦੇ ਬਿੱਲ ਜ਼ੀਰੋ ਹੋ ਗਏ। ਉਨ੍ਹਾਂ ਕਿਹਾ ਕਿ ਨਵੇਂ ਟ੍ਰਾਂਸਫਾਰਮਰ ਲਗਾਏ ਗਏ, ਟ੍ਰਾਂਸਫਰ ਲੋਡ ਵਧਾਇਆ ਗਿਆ ਅਤੇ ਨਵੀਆਂ ਕੇਬਲਾਂ ਵਿਛਾਈਆਂ ਗਈਆਂ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਹੱਲਾ ਕਲੀਨਿਕ ਸ਼ੁਰੂ ਕੀਤੇ ਹਨ ਅਤੇ ਸਕੂਲਾਂ ਵਿੱਚ ਸੁਧਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਜਾਰੀ ਹੈ ਅਤੇ ਇਸ ਦਾ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲੋਕਾਂ ਲਈ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਗਈ ਹੈ ਅਤੇ ਲੋਕ ਇਸ ਦਾ ਲਾਭ ਉਠਾ ਰਹੇ ਹਨ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨਾ ਸਿਰਫ਼ ਲੋਕਾਂ ਨਾਲ ਕੀਤੇ ਆਪਣੇ ਵਾਅਦੇ ਪੂਰੇ ਕੀਤੇ ਹਨ, ਸਗੋਂ ਇਤਿਹਾਸਕ ਪ੍ਰਾਪਤੀਆਂ ਕਰਕੇ ਉਨ੍ਹਾਂ ਦਾ ਦਿਲ ਵੀ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮਾਂ-ਧੀ ਸਤਿਕਾਰ ਯੋਜਨਾ ਰਾਹੀਂ ਆਪਣੀ ਆਖਰੀ ਗਰੰਟੀ ਵੀ ਪੂਰੀ ਕੀਤੀ ਹੈ। ਇਸ ਮੌਕੇ ਉਨ੍ਹਾਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ। ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਵੋਟਰ ਸੂਚੀ ਦੀ ਵਿਸ਼ੇਸ਼ ਸੋਧ ਇਸ ਸਮੇਂ ਚੱਲ ਰਹੀ ਹੈ। ਇਸ ਲਈ, ਸਾਰਿਆਂ ਨੂੰ ਆਪਣੇ ਨਾਮ ਵੋਟਰ ਸੂਚੀ ਵਿੱਚ ਬਣੇ ਰਹਿਣ ਨੂੰ ਯਕੀਨੀ ਬਣਾਉਣ ਲਈ ਨਿਰਧਾਰਤ ਫਾਰਮ ਭਰਨਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਫਾਰਮ ਨਹੀਂ ਭਰਿਆ ਜਾਂਦਾ ਤਾਂ ਵੋਟਰ ਸੂਚੀ ਵਿੱਚੋਂ ਨਾਮ ਹਟਾ ਦਿੱਤਾ ਜਾਵੇਗਾ। ਜੇਕਰ ਤੁਹਾਡਾ ਨਾਮ ਵੋਟਰ ਸੂਚੀ ਵਿੱਚ ਨਹੀਂ ਹੈ, ਤਾਂ ਤੁਸੀਂ ਮਾਂ-ਧੀ ਸਤਿਕਾਰ ਯੋਜਨਾ ਸਮੇਤ ਹੋਰ ਸਰਕਾਰੀ ਯੋਜਨਾਵਾਂ ਦਾ ਲਾਭ ਨਹੀਂ ਲੈ ਸਕੋਗੇ, ਕਿਉਂਕਿ ਇਹ ਸਾਰੀਆਂ ਯੋਜਨਾਵਾਂ ਤੁਹਾਡੇ ਵੋਟਰ ਕਾਰਡ ਨਾਲ ਲਿੰਕ ਹੋਈਆਂ ਹਨ। ਉਨ੍ਹਾਂ ਲੋਕਾਂ, ਖਾਸ ਕਰਕੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਸੀ ਫਾਰਮ ਭਰੋ। ਆਪਣੀ ਵੋਟ ਸੁਰੱਖਿਅਤ ਕਰਨ ਲਈ ਇਹ ਜ਼ਰੂਰੀ ਹੈ। ਜੇਕਰ ਤੁਹਾਨੂੰ ਕਿਸੇ ਸਹਾਇਤਾ ਦੀ ਲੋੜ ਹੈ, ਤਾਂ ਸਿੱਧਾ ਉਨ੍ਹਾਂ ਨਾਲ ਸੰਪਰਕ ਕਰੋ।

# ਐਮ ਐਲ ਏ ਲਾਲਪੁਰਾ ਦਾ ਅੱਜ ਫੂਕਿਆ ਜਾਵੇਗਾ ਪੁਤਲਾ : ਐਸ ਕੇ ਐਮ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਸ਼ੇਰੋਂ ਖੰਡ ਮਿੱਲ ਬਚਾਓ ਪੱਕੇ ਮੋਰਚੇ ਦੇ ਵੀਰਵਾਰ ਪੰਜਾਹ ਦਿਨ ਪੂਰੇ ਹੋ ਗਏ।ਸਯੁੰਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵੱਲੋਂ ਸ਼ੇਰੋਂ ਖੰਡ ਮਿੱਲ ਮੋਰਚੇ ਰਾਹੀਂ ਇਸ ਮਿੱਲ ਦੀ ਕਥਿਤ ਧੋਖਾਧੜੀ ਨਾਲ ਤਬਦੀਲ ਕੀਤੀ ਮਲਕੀਅਤ ਦਾ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਮੰਗ ਕੀਤੀ ਜਾ ਰਹੀ ਹੈ ਕਿ ਤਬਦੀਲ ਕੀਤੀ ਮਲਕੀਅਤ ਰੱਦ ਕਰਕੇ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕੀਤੀ ਜਾਵੇ। ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਤਰਸੇਮ ਸਿੰਘ ਲੁਹਾਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਨਛੱਤਰ ਸਿੰਘ ਪੰਨੂ, ਮਨਜੀਤ ਸਿੰਘ ਬੱਗੂ, ਜੱਸਾ ਸਿੰਘ ਕੱਦਗਿੱਲ ਨੇ ਕਿਹਾ ਕਿ ਅੱਜ ਖਡੂਰ ਸਾਹਿਬ ਹਲਕੇ ਦੇ ਐਮ ਐਲ ਏ ਮਨਜਿੰਦਰ ਸਿੰਘ ਲਾਲਪੁਰਾ ਦਾ ਪੁਤਲਾ ਉਹਦੇ ਪਿੰਡ ਲਾਲਪੁਰਾ ਵਿਖੇ ਫੂਕਿਆ ਜਾਵੇਗਾ ਕਿਉਂਕਿ ਉਸ ਨੇ ਖੰਡ ਮਿੱਲ ਮਸਲੇ ਤੇ ਕਿਸਾਨਾਂ ਦੀ ਗੱਲ ਸੁਣਨ ਤੋਂ ਟਾਲਾ ਵੱਟਿਆ ਹੈ।ਕਿਸਾਨ ਆਗੂਆਂ ਕਿਹਾ ਕਿ ਸਰਕਾਰੀ ਤੇ ਸਹਿਕਾਰੀ ਅਦਾਰੇ ਆਮ ਲੋਕਾਂ ਦੀ ਮਲਕੀਅਤ ਹੁੰਦੇ ਹਨ।ਇਹ ਜਨਤਾ ਦੇ ਭਲੇ ਲਈ ਅਤੇ ਦੇਸ਼ ਦੇ ਵਿਕਾਸ ਲਈ ਚਲਾਏ ਜਾਂਦੇ ਹਨ, ਪਰ ਅੱਜ ਦੀਆਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਦੇਣ ਲਈ ਸਰਕਾਰੀ ਤੇ ਸਹਿਕਾਰੀ ਅਦਾਰੇ ਆਨੇ ਬਹਾਨੇ ਬੰਦ ਕਰਕੇ ਆਪਣੇ ਚਹੇਤਿਆਂ ਨੂੰ ਜ਼ਮੀਨਾਂ ਸਸਤੇ ਭਾਅ ਦੇ ਰਹੀਆਂ ਹਨ।ਸ਼ੇਰੋਂ ਖੰਡ ਮਿੱਲ ਮੁਨਾਫ਼ਾ ਦੇਣ ਵਾਲਾ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਮਜ਼ਦੂਰਾਂ ਕਿਸਾਨਾਂ ਨੂੰ ਰੁਜ਼ਗਾਰ ਦੇਣ ਵਾਲਾ ਅਦਾਰਾ ਹੈ, ਜਿਸ ਨੂੰ ਜਾਣਬੁੱਝ ਕੇ ਸਰਕਾਰ ਵੇਚ ਰਹੀ ਹੈ। ਸਥਾਨਕ ਐਮ ਐਲ ਏ ਵੀ ਇਸ ਲੋਕ ਅਦਾਰੇ ਨੂੰ ਮੁੜ ਚਾਲੂ ਕਰਨ ਲਈ ਸਰਕਾਰ ਅੱਗੇ ਚਾਰਾਜੋਈ ਨਹੀਂ ਕਰ ਰਹੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦਿਆਲ ਸਿੰਘ ਵਰਨਾਲਾ, ਕੈਪਟਨ ਸਿੰਘ ਬਘਿਆੜੀ ਅਜੈਬ ਸਿੰਘ ਦੀਨਪੁਰ, ਜਸਬੀਰ ਸਿੰਘ ਨਿੱਜਰਪੁਰਾ, ਬਲਕਾਰ ਸਿੰਘ ਵਲਟੋਹਾ, ਦਵਿੰਦਰ ਸਿੰਘ ਸ਼ੇਰੋਂ, ਮੇਘ ਸਿੰਘ ਬਿਸੰਬਰ ਪੁਰ, ਟਹਿਲ ਸਿੰਘ ਦਿਆਲਪੁਰਾ, ਮੇਜਰ ਸਿੰਘ ਦਿਆਲਪੁਰਾ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਅਮਰੀਕ ਸਿੰਘ ਸ਼ੇਰੋਂ, ਮਾਸਟਰ ਖ਼ਜ਼ਾਨਚੀ ਲਾਲ, ਕੁਲਵੰਤ ਸਿੰਘ ਤੁੜ ਸਮੇਤ ਕਈ ਆਗੂ ਹਾਜ਼ਰ ਸਨ।

# ਏ ਐਸ ਆਈ ਸਤਵਿੰਦਰ ਸਿੰਘ ਨੇ ਪੁਲਸ ਚੌਂਕੀ ਹਰਚੋਵਾਲ ਦਾ ਚਾਰਜ ਸੰਭਾਲਿਆ

**ਧਾਰੀਵਾਲ/ਹਰਚੋਵਾਲ (ਮਨਦੀਪ ਵਿੱਕੀ)**- ਪੁਲਸ ਜ਼ਿਲ੍ਹਾ ਬਟਾਲਾ ਅਧੀਨ ਪੈਂਦੇ ਥਾਣਾ ਸ੍ਰੀ ਹਰਗੋਬਿੰਦਪੁਰ ਦੀ ਪੁਲਸ ਚੌਂਕੀ ਹਰਚੋਵਾਲ ਵਿਖੇ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਏ ਐਸ ਆਈ ਸਤਵਿੰਦਰ ਸਿੰਘ ਨੂੰ ਨਵਾਂ ਚੌਂਕੀ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਰਸਮੀ ਤੌਰ 'ਤੇ ਆਪਣਾ ਅਹੁਦਾ (ਚਾਰਜ) ਸੰਭਾਲ ਲਿਆ । ਚੌਂਕੀ ਵਿਖੇ ਪਹੁੰਚਣ 'ਤੇ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਵੇਂ ਚੌਂਕੀ ਇੰਚਾਰਜ ਏ ਐਸ ਆਈ ਸਤਵਿੰਦਰ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨਾ ਅਤੇ ਸ਼ਾਂਤੀ ਬਣਾਈ ਰੱਖਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਸਖ਼ਤ ਲਹਿਜੇ ਵਿੱਚ ਚੇਤਾਵਨੀ ਦਿੱਤੀ ਕਿ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਅਪਰਾਧਿਕ ਗਤੀਵਿਧੀਆਂ 'ਤੇ ਨਕੇਲ ਕੱਸਣ ਲਈ ਪੁਲਸ ਪੂਰੀ ਮੁਸਤੈਦੀ ਨਾਲ ਕੰਮ ਕਰੇਗੀ।ਉਨ੍ਹਾਂ ਅੱਗੇ ਕਿਹਾ ਕਿ ਚੌਂਕੀ ਵਿੱਚ ਆਉਣ ਵਾਲੇ ਹਰ ਇੱਕ ਇਮਾਨਦਾਰ ਤੇ ਇਨਸਾਫ ਪਸੰਦ ਨਾਗਰਿਕ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਨੇ ਹਰਚੋਵਾਲ ਅਤੇ ਆਸ-ਪਾਸ ਦੇ ਪਿੰਡਾਂ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਲਾਕੇ ਨੂੰ ਅਪਰਾਧ ਅਤੇ ਨਸ਼ਾ ਮੁਕਤ ਬਣਾਉਣ ਲਈ ਪੁਲਸ ਪ੍ਰਸ਼ਾਸਨ ਦਾ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੁਲਸ ਨੂੰ ਹਮੇਸ਼ਾ ਸੱਚੀ ਸੂਚਨਾ ਦਿੱਤੀ ਜਾਵੇ, ਤਾਂ ਜੋ ਉਨ੍ਹਾਂ ਨੂੰ ਸਹੀ ਇਨਸਾਫ ਮਿਲ ਸਕੇ। ਇਸ ਮੌਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਤੇ ਸਮਾਜ ਸੇਵੀ ਆਗੂ ਭਾਈ ਗਗਨਦੀਪ ਸਿੰਘ ਰਿਆੜ ਸਮੇਤ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਨਵੇਂ ਚੌਂਕੀ ਇੰਚਾਰਜ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਰਘੂਨਾਥ ਮੰਦਰ ਵਿਖੇ ਭਲਕ ਮੁਫ਼ਤ ਓ ਪੀ ਡੀ ਕੈਂਪ

**ਪਠਾਨਕੋਟ (ਦਵਿੰਦਰ ਸਿੰਘ)**- ਰਘੂਨਾਥ ਮੰਦਰ ਮੀਰਪੁਰ ਕਲੋਨੀ ਵਿਖੇ 12 ਜੁਲਾਈ ਨੂੰ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਚੱਲਣ ਵਾਲੇ ਇਸ ਕੈਂਪ ਵਿੱਚ ਮਾਨਸਿਕ ਰੋਗਾਂ ਅਤੇ ਚਮੜੀ ਰੋਗਾਂ ਨਾਲ ਜੁੜੀਆਂ ਬਿਮਾਰੀਆਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ। ਮੈਡੀਕਲ ਕੈਂਪ ਵਿੱਚ ਮਨੋਰੋਗ ਮਾਹਰ ਡਾਕਟਰ ਤਨਿਸ਼ਕ ਮਹਾਜਨ ( ਐਮ ਡੀ ਸਾਇਕੈਟਰੀ) ਆਪਣੀਆਂ ਸੇਵਾਵਾਂ ਦੇਣਗੇ। ਡਿਪਰੈਸ਼ਨ, ਚਿੰਤਾ, ਤਨਾਵ, ਨੀਂਦ ਸਬੰਧੀ ਬਿਮਾਰੀਆਂ, ਸਿਰਦਰਦ, ਮਿਰਗੀ, ਓ ਐਸ ਡੀ, ਸ਼ਰਾਬ, ਨਸ਼ੇ ਅਤੇ ਸਿਗਰਟ ਦੀ ਬੁਰੀ ਆਦਤ ਸਹਿਤ ਹਰ ਤਰ੍ਹਾਂ ਦੀਆਂ ਦਿਮਾਗੀ ਬਿਮਾਰੀਆਂ ਦੀ ਜਾਂਚ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸਕਿਨ ਅਤੇ ਕਾਸਮੇਟੋਲੋਜੀ ਮਾਹਰ ਡਾਕਟਰ ਨਿਸ਼ਠਾ ਮਹਾਜਨ (ਐਮ ਡੀ ਸਕਿਨ) ਵੀ ਇਸ ਕੈਂਪ ਵਿੱਚ ਆਪਣੀਆਂ ਸੇਵਾਵਾਂ ਦੇਣਗੇ ਜਿਹੜੇ ਕਿ ਮੁਹਾਂਸੇ, ਵਾਲਾਂ ਦਾ ਝੜਨਾ, ਐਕਜੀਮਾ, ਸਫ਼ੇਦ ਦਾਗ਼, ਚਮੜੀ ਦੀ ਐਲਰਜੀ, ਇਨਫੈਕਸ਼ਨ, ਸਕੈਬੀਜ਼, ਆਦਿ ਚਮੜੀ ਨਾਲ ਸੰਬੰਧਤ ਰੋਗਾਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ।

# ਮਜ਼ਬੂਤ ਲੋਕਤੰਤਰ ਲਈ ਸ਼ੁੱਧ ਵੋਟਰ ਸੂਚੀ ਲਾਜ਼ਮੀ : ਸਵੀਪ ਟੀਮ

**ਪਠਾਨਕੋਟ (ਦਵਿੰਦਰ ਸਿੰਘ)** ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸ.ਆਈ.ਆਰ.) ਮੁਹਿੰਮ ਤਹਿਤ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘੋਹ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਐਸ.ਆਈ.ਆਰ. ਸਬੰਧੀ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਵੀਪ ਟੀਮ ਦੇ ਸਹਾਇਕ ਨੋਡਲ ਅਧਿਕਾਰੀ ਸੋਸ਼ਲ ਮੀਡੀਆ ਰਵੀ ਕਾਂਤ ਅਤੇ ਸਹਾਇਕ ਨੋਡਲ ਅਧਿਕਾਰੀ ਸਵੀਪ ਟੀਮ ਤੇ ਜਾਗਰੂਕਤਾ ਸੈਲ ਸੰਜੀਵ ਕੁਮਾਰ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਵੋਟਰ ਸੂਚੀ ਦਾ ਸ਼ੁੱਧ ਅਤੇ ਅੱਪਡੇਟ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵੋਟਰ ਸੂਚੀ ਵਿੱਚ ਨਵਾਂ ਨਾਮ ਦਰਜ ਕਰਵਾਉਣ, ਨਾਮ ਵਿੱਚ ਸੋਧ, ਪਤੇ ਦੀ ਤਬਦੀਲੀ, ਨਾਮ ਹਟਾਉਣ ਅਤੇ ਲੋੜੀਂਦੇ ਦਸਤਾਵੇਜ਼ਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾਪਿਆਂ, ਪਰਿਵਾਰਕ ਮੈਂਬਰਾਂ ਅਤੇ ਆਲੇ-ਦੁਆਲੇ ਦੇ ਯੋਗ ਨਾਗਰਿਕਾਂ ਨੂੰ ਵੀ ਐਸ.ਆਈ.ਆਰ. ਮੁਹਿੰਮ ਬਾਰੇ ਜਾਗਰੂਕ ਕਰਨ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣੇ ਸੰਵਿਧਾਨਕ ਅਧਿਕਾਰ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਜਾਗਰੂਕ ਨਾਗਰਿਕ ਹੀ ਮਜ਼ਬੂਤ ਅਤੇ ਸਸ਼ਕਤ ਲੋਕਤੰਤਰ ਦੀ ਨੀਂਹ ਹੁੰਦੇ ਹਨ। ਇਸ ਮੌਕੇ ਵਿਦਿਆਰਥੀਆਂ ਨੂੰ ਐਸ.ਆਈ.ਆਰ. ਸਬੰਧੀ ਜਾਗਰੂਕਤਾ ਪੈਂਫਲਿਟ ਵੀ ਵੰਡੇ ਗਏ ਅਤੇ ਵੋਟਰ ਰਜਿਸਟ੍ਰੇਸ਼ਨ ਦੀ ਪੂਰੀ ਪ੍ਰਕਿਰਿਆ ਨੂੰ ਸਰਲ ਢੰਗ ਨਾਲ ਸਮਝਾਇਆ ਗਿਆ। ਵਿਦਿਆਰਥੀਆਂ ਨੇ ਵੀ ਇਸ ਮੁਹਿੰਮ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੰਕਲਪ ਲਿਆ।ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਵਿਵੇਕ ਡੋਗਰਾ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ, ਪਵਨ ਕੁਮਾਰ ਅਤੇ ਨਿਧਿ ਭਾਰਤੀ, ਸਕੂਲ ਇੰਚਾਰਜ ਮੈਡਮ ਪੰਕਜ ਸ਼ਰਮਾ, ਰਾਖੀ ਪਾਂਧੀ, ਰੰਜਨਾ ਕੁਮਾਰੀ, ਪਰਮਿੰਦਰ ਕੌਰ, ਅਨਿਲਜੀਤ, ਰਿਪਜੀਤ ਕੌਰ ਸਮੇਤ ਸਮੂਹ ਅਧਿਆਪਕ ਵਰਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਮਾਤਾ ਸੁਰਜੀਤ ਕੌਰ ਖਜਾਲਾ ਨੂੰ ਸੰਤਾਂ ਮਹਾਂਪੁਰਸ਼ਾਂ ਤੇ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸੰਤ ਸਮਾਜ ਦੇ ਮੁੱਖ ਬੁਲਾਰੇ ਅਤੇ ਗੁਰਦੁਆਰਾ ਹੋਲਗੜ੍ਹ ਸਾਹਿਬ ਖਜਾਲਾ ਸੈਦੋਲੇਲ ਸੰਪਰਦਾ ਹਰਖੋਵਾਲ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਭੇਜ ਸਿੰਘ ਜਿਨ੍ਹਾਂ ਦੇ ਮਾਤਾ ਸੁਰਜੀਤ ਕੌਰ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ। ਭੋਗ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਸ਼ਰਧਾਂਜਲੀ ਸਮਾਰੋਹ, ਕੀਰਤਨ ਅਤੇ ਅੰਤਿਮ ਅਰਦਾਸ ਸਮਾਗਮ ਹੋਇਆ ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਮਾਤਾ ਸੁਰਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਹਨਾਂ ਵੱਲੋਂ ਗੁਰੂ ਘਰ ਦੀ ਕੀਤੀ ਗਈ ਸੇਵਾ ਨੂੰ ਯਾਦ ਕੀਤਾ ਅਤੇ ਨਾਲ ਹੀ ਸੰਗਤਾਂ ਨੂੰ ਅਪੀਲ ਕੀਤੀ ਕਿ ਨਾਮ ਸਿਮਰਨ ਦਾ ਵੱਧ ਤੋਂ ਵੱਧ ਅਭਿਆਸ ਕੀਤਾ ਜਾਵੇ ਤਾਂ ਜੋ ਆਉਣ ਵਾਲਾ ਸਮਾਂ ਸੁਖ ਸ਼ਾਂਤੀ ਨਾਲ ਬਤੀਤ ਹੋਵੇ। ਇਸ ਸ਼ਰਧਾਂਜਲੀ ਸਮਾਰੋਹ ਵਿੱਚ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਸੰਤ ਬਾਬਾ ਅਮਰਜੀਤ ਸਿੰਘ ਮੁੱਖ ਮੁਖੀ ਸੰਪਰਦਾ ਹਰਖੋਵਾਲ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ, ਸੰਤ ਬਾਬਾ ਮੋਹਨ ਸਿੰਘ ਭੰਗਾਲੀ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ, ਸੰਤ ਬਾਬਾ ਬੀਰ ਸਿੰਘ ਭੰਗਾਲੀ ਵਾਲੇ, ਸੰਤ ਬਾਬਾ ਗੁਰ ਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ, ਸੰਤ ਬਾਬਾ ਰਵਿੰਦਰ ਸਿੰਘ ਖਡੂਰ ਸਾਹਿਬ ਵਾਲੇ, ਸੰਤ ਬਾਬਾ ਸੁਰਜੀਤ ਸਿੰਘ ਹਰਖੋਵਾਲ ਵਾਲੇ, ਸੰਤ ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ ਸੁਖਵੰਤ ਸਿੰਘ ਚੰਨਣਕੇ, ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ, ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਤਰਫੋਂ ਮਲਕੀਤ ਸਿੰਘ ਬਾਠ, ਸੁਖਵਿੰਦਰ ਸਿੰਘ ਬਾਠ, ਭਾਈ ਭਗਵਾਨ ਸਿੰਘ ਖਜਾਲਾ, ਕਾਬਲ ਸਿੰਘ ਜੇਈ ਭੀਲੋਵਾਲ, ਜਥੇਦਾਰ ਦਾਰਾ ਸਿੰਘ ਭੀਲੋਵਾਲ, ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਲ ਖਜਾਲਾ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗੁਮਟਾਲਾ, ਕਸ਼ਮੀਰ ਸਿੰਘ ਕਾਲਾ ਮਹਿਤਾ, ਸਾਬਕਾ ਸਰਪੰਚ ਪਲਵਿੰਦਰ ਸਿੰਘ ਖਜਾਲਾ, ਗੁਰਸ਼ਰਨ ਸਿੰਘ ਖਜਾਲਾ ਤੇ ਇਲਾਕੇ ਦੇ ਪੰਚ ਸਰਪੰਚ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਦੁੱਖ ਦੀ ਘੜੀ ਵਿੱਚ ਸਰੀਕ ਹੋਣ ਲਈ ਬਾਬਾ ਗੁਰਭੇਜ ਸਿੰਘ ਵੱਲੋਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਅਤੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਨੂੰ ਸਿਰੋਪੇ ਦੇ ਕੇ ਸਨਮਾਨਤ ਕੀਤਾ ਗਿਆ।

ਨਵਾਂ ਜ਼ਮਾਨਾ
ਸ਼ਨੀਵਾਰ, 11 ਜੁਲਾਈ 2026

# ਲਾਭਪਾਤਰੀਆਂ ਨੂੰ ਸਮਝਣਾ ਪੈਣੈ

*ਪਿਛਲੇ ਕੁਝ ਸਾਲਾਂ ਤੋਂ ਦੇਸ਼ ਭਰ ਵਿੱਚ ਵਿਧਾਨ ਸਭਾਵਾਂ ਤੇ ਸੰਸਦ ਦੀਆਂ ਚੋਣਾਂ ਵਿੱਚ ਇੱਕ ਨਵਾਂ ਸਿਆਸੀ ਰੁਝਾਨ ਉੱਭਰਿਆ ਹੈ, ਜੋ ਨਾਗਰਿਕਾਂ ਦੇ ਅਧਿਕਾਰਾਂ ਦੀ ਧਾਰਨਾ ਨੂੰ ਬਦਲ ਰਿਹਾ ਹੈ। ਚੋਣਾਂ ਤੋਂ ਠੀਕ ਪਹਿਲਾਂ ਕਈ ਕੈਸ਼ ਟਰਾਂਸਫਰ ਸਕੀਮਾਂ ਲਾਗੂ ਕੀਤੀਆਂ ਜਾਂਦੀਆਂ ਹਨ ਜਾਂ ਸਿਆਸੀ ਪਾਰਟੀਆਂ ਚੋਣਾਂ ਦੌਰਾਨ ਉਨ੍ਹਾਂ ਦਾ ਐਲਾਨ ਕਰਦੀਆਂ ਹਨ, ਜਦੋਂ ਕਿ ਇਨ੍ਹਾਂ ਸਕੀਮਾਂ ਨੂੰ ਅਕਸਰ ਕਮਜ਼ੋਰ ਸਮੂਹਾਂ, ਜ਼ਿਆਦਾਤਰ ਔਰਤਾਂ ਨੂੰ ਤਾਕਤਵਰ ਬਣਾਉਣ ਦੇ ਉਦੇਸ਼ ਨਾਲ ਭਲਾਈ ਉਪਾਵਾਂ ਵਜੋਂ ਪੇਸ਼ ਕੀਤਾ ਜਾਂਦਾ ਹੈ। ਉਨ੍ਹਾਂ ਦਾ ਸਮਾਂ, ਡਿਜ਼ਾਈਨ ਅਤੇ ਲਾਗੂਕਰਨ ਦਰਸਾਉਂਦਾ ਹੈ ਕਿ ਉਨ੍ਹਾਂ ਦਾ ਉਦੇਸ਼ ਆਬਾਦੀ ਦੇ ਕੁਝ ਹਿੱਸਿਆਂ ਦੀ ਭਲਾਈ ਨੂੰ ਬਿਹਤਰ ਬਣਾਉਣਾ ਘੱਟ ਅਤੇ ਵੋਟਰਾਂ ਨੂੰ ਪ੍ਰਭਾਵਤ ਕਰਨਾ ਜ਼ਿਆਦਾ ਹੁੰਦਾ ਹੈ।*

*ਮੁੱਦਾ ਸਿਰਫ ਇਹ ਨਹੀਂ ਹੈ ਕਿ ਨਾਗਰਿਕਾਂ ਨੂੰ ਵਿੱਤੀ ਮਦਦ ਮਿਲ ਰਹੀ ਹੈ ਜਾਂ ਨਹੀਂ, ਸਗੋਂ ਇਹ ਹੈ ਕਿ ਕੀ ਭਲਾਈ ਸਕੀਮਾਂ ਨੂੰ ਚੋਣ ਲਾਭ ਹਾਸਲ ਕਰਨ ਦੇ ਸਾਧਨ ਵਜੋਂ ਵਰਤਿਆ ਜਾ ਰਿਹਾ ਹੈ? ਪਰ ਇਹ ਸਿਰਫ ਇੰਨਾ ਹੀ ਸਧਾਰਨ (ਚੋਣ ਲਾਭ ਲਈ ਜਨਤਕ ਫੰਡਾਂ ਦੀ ਅਸਿੱਧੀ ਵਰਤੋਂ) ਨਹੀਂ ਹੈ; ਸਗੋਂ ਵਧੇਰੇ ਡੂੰਘਾ ਅਤੇ ਚਿੰਤਾਜਨਕ ਪਹਿਲੂ ਇਨ੍ਹਾਂ ਪ੍ਰੋਗਰਾਮਾਂ ਦੇ ਆਧਾਰ ਵਿੱਚ ਲੁਕੀ ਖਤਰਨਾਕ ਰਣਨੀਤੀ ਹੈ, ਜਿਹੜੀ ਨਾਗਰਿਕਾਂ ਦੇ ਬੁਨਿਆਦੀ ਅਧਿਕਾਰਾਂ ਨੂੰ ਕਮਜ਼ੋਰ ਕਰਦੀ ਹੈ ਅਤੇ ਉਨ੍ਹਾਂ ਨੂੰ ਲੋਕਤੰਤਰ ਵਿੱਚ ਹਿੱਸਾ ਲੈਣ ਲਈ ਤਾਕਤਵਰ ਭਾਗੀਦਾਰ ਬਣਾਉਣ ਦੀ ਬਜਾਏ ਸਿਰਫ ਲਾਭਪਾਤਰੀ ਬਣਾ ਦਿੰਦੀ ਹੈ। ਇਨ੍ਹਾਂ ਅਖੌਤੀ ਭਲਾਈ ਯੋਜਨਾਵਾਂ ਦਾ ਅਸਲ ਮਕਸਦ ਹੈ ਸਿੱਧਾ ਚੁਣਾਵੀ ਫਾਇਦਾ ਅਤੇ ਦੂਜਾ, ਨਾਗਰਿਕਾਂ ਨੂੰ ਇਹ ਮਹਿਸੂਸ ਕਰਵਾਉਣਾ ਕਿ ਸਰਕਾਰ ਤੇ ਸੱਤਾਧਾਰੀ ਪਾਰਟੀ ਉਨ੍ਹਾਂ 'ਤੇ ਅਹਿਸਾਨ ਕਰ ਰਹੀ ਹੈ।*

*ਇਸ ਰੁਝਾਨ ਦਾ ਇੱਕ ਹੋਰ ਪਹਿਲੂ ਇਹ ਹੈ ਕਿ ਜ਼ਿਆਦਾਤਰ ਯੋਜਨਾਵਾਂ ਸਰਵਵਿਆਪਕ ਹੋਣ ਦੀ ਬਜਾਏ ਨਿਸ਼ਾਨਾਬੱਧ ਹੁੰਦੀਆਂ ਹਨ। ਜਿੱਤਣ ਜੋਗੀਆਂ ਵੋਟਾਂ ਲਈ ਸੀਮਤ ਲਾਭਪਾਤਰੀਆਂ ਨੂੰ ਲਾਭ ਮੁਹੱਈਆ ਕਰਵਾਏ ਜਾਂਦੇ ਹਨ। ਹੌਲੀ-ਹੌਲੀ ਲਾਭਪਾਤਰੀਆਂ ਲਈ ਯੋਗਤਾ ਦੇ ਮਾਪਦੰਡ ਸਖਤ ਕੀਤੇ ਜਾਣਗੇ, ਦਾਇਰਾ ਛੋਟਾ ਹੋ ਜਾਵੇਗਾ, ਅਤੇ ਜਿਹੜੇ ਨਾਗਰਿਕ ਪਹਿਲਾਂ ਹੀ ਲਾਭਪਾਤਰੀ ਬਣ ਚੁੱਕੇ ਹਨ, ਬਸ ਇਹ ਮੰਨ ਲੈਣਗੇ ਕਿ ਉਹ ਹੁਣ ਯੋਗ ਨਹੀਂ ਹਨ। ਉਹ ਇਹ ਨਹੀਂ ਸਮਝਣਗੇ ਕਿ ਉਨ੍ਹਾਂ ਦੇ ਸਾਰੇ ਸੰਵਿਧਾਨਕ ਅਧਿਕਾਰ ਖਤਮ ਹੋ ਗਏ ਹਨ। ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਗਰੀਬ ਪਰਵਾਰਾਂ ਦੀਆਂ ਬਾਲਗ ਔਰਤਾਂ ਨੂੰ ਸ਼ੁਰੂ ਵਿੱਚ ਪ੍ਰਤੀ ਸਾਲ ਸਬਸਿਡੀ ਵਾਲੇ 14.2 ਕਿੱਲੋ ਦੇ 12 ਸਿਲੰਡਰ ਮਿਲੇ, ਪਰ ਇਸ ਦਾ ਦੇਸ਼ ਵਿੱਚ ਗੈਸ ਸਿਲੰਡਰਾਂ ਦੀ ਕੀਮਤ ਅਤੇ ਉਪਲੱਬਧਤਾ 'ਤੇ ਡੂੰਘਾ ਪ੍ਰਭਾਵ ਪਿਆ। ਪਹਿਲਾਂ, ਘਰੇਲੂ ਗੈਸ ਸਿਲੰਡਰਾਂ 'ਤੇ ਸਬਸਿਡੀ ਲੱਗਭੱਗ ਖਤਮ ਹੋ ਗਈ ਹੈ। ਇਸ ਸਬਸਿਡੀ ਨੂੰ ਖਤਮ ਕਰਨ ਦੀ ਪ੍ਰਕਿਰਿਆ ਵੀ ਦਿਲਚਸਪ ਹੈ। ਸ਼ੁਰੂ ਵਿੱਚ, ਨਾਗਰਿਕਾਂ ਨੂੰ ਦੱਸਿਆ ਗਿਆ ਸੀ ਕਿ ਉਨ੍ਹਾਂ ਨੂੰ ਗੈਸ ਸਿਲੰਡਰ ਦੀ ਪੂਰੀ ਕੀਮਤ ਅਦਾ ਕਰਨ ਦੀ ਲੋੜ ਹੈ ਅਤੇ ਸਰਕਾਰ ਸਬਸਿਡੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਵਾਪਸ ਕਰੇਗੀ। ਅਸਲ ਵਿੱਚ, ਉਨ੍ਹਾਂ ਨੂੰ ਇਹ ਅਹਿਸਾਸ ਕਰਵਾਇਆ ਗਿਆ ਸੀ ਕਿ ਸਬਸਿਡੀ ਸਰਕਾਰ ਵੱਲੋਂ ਪ੍ਰਦਾਨ ਕੀਤੀ ਜਾ ਰਹੀ ਹੈ, ਭਾਵ ਨਾਗਰਿਕਾਂ ਦਾ ਇਸ 'ਤੇ ਕੋਈ ਅਧਿਕਾਰ ਨਹੀਂ ਹੈ। ਫਿਰ, ਸਬਸਿਡੀ ਹੌਲੀ-ਹੌਲੀ ਘਟਾਈ ਗਈ। ਇਸ ਦੇ ਨਾਲ ਹੀ ਗੈਸ ਸਿਲੰਡਰ ਦੀਆਂ ਕੀਮਤਾਂ ਵਧਦੀਆਂ ਰਹੀਆਂ। ਉੱਜਵਲਾ ਯੋਜਨਾ ਤਹਿਤ ਸਿਲੰਡਰਾਂ ਦੀ ਗਿਣਤੀ 12 ਤੋਂ ਘਟਾ ਕੇ 9 ਕਰ ਦਿੱਤੀ ਗਈ ਅਤੇ ਹੁਣ ਸਿਰਫ ਚਾਰ ਰਹਿ ਗਏ ਹਨ, ਪਰ ਕੋਈ ਵਿਰੋਧ ਨਹੀਂ ਹੋਇਆ, ਕਿਉਂਕਿ ਇਹ ਸਰਕਾਰ ਦੀ ਦਰਿਆਦਿਲੀ ਸੀ ਅਤੇ ਸਰਕਾਰ ਮਜਬੂਰੀ ਵਿੱਚ ਇਸ ਨੂੰ ਘਟਾ ਰਹੀ ਹੈ, ਤਾਂ ਫਿਰ ਗੁੱਸਾ ਕਾਹਦਾ? 2019 ਦੀਆਂ ਲੋਕ ਸਭਾ ਚੋਣਾਂ ਤੋਂ ਪਹਿਲਾਂ 11 ਕਰੋੜ 84 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ ਦੋ-ਦੋ ਹਜ਼ਾਰ ਰੁਪਏ ਦੀਆਂ ਸਾਲਾਨਾ ਤਿੰਨ ਕਿਸ਼ਤਾਂ ਪਾਉਣੀਆਂ ਸ਼ੁਰੂ ਕੀਤੀਆਂ ਗਈਆਂ। 20 ਜੂਨ 2026 ਨੂੰ ਜਦੋਂ 23ਵੀਂ ਕਿਸ਼ਤ ਦਿੱਤੀ ਗਈ ਤਾਂ ਕਿਸਾਨਾਂ ਦੀ ਗਿਣਤੀ 9 ਕਰੋੜ 44 ਰਹਿ ਗਈ ਸੀ। ਪੀ ਐੱਮ-ਕਿਸਾਨ ਵਰਗੀਆਂ ਯੋਜਨਾਵਾਂ ਸਿਰਫ ਯੋਗ ਭੂਮੀ ਮਾਲਕ ਕਿਸਾਨਾਂ ਨੂੰ ਸਾਲਾਨਾ ਨਿਸਚਿਤ ਨਕਦ ਰਕਮ ਪ੍ਰਦਾਨ ਕਰਦੀਆਂ ਹਨ, ਜਿਸ ਨਾਲ ਲੱਖਾਂ ਖੇਤੀਬਾੜੀ ਮਜ਼ਦੂਰਾਂ ਅਤੇ ਬੇਜ਼ਮੀਨੇ ਪੇਂਡੂ ਮਜ਼ਦੂਰਾਂ ਨੂੰ ਬਾਹਰ ਰੱਖਿਆ ਜਾਂਦਾ ਹੈ, ਜੋ ਪੇਂਡੂ ਭਾਰਤ ਦਾ ਸਭ ਤੋਂ ਗਰੀਬ ਵਰਗ ਹਨ। ਮਨਰੇਗਾ ਨੇ ਕਾਮਿਆਂ ਨੂੰ ਤਾਕਤਵਰ ਬਣਾਇਆ ਅਤੇ ਕੰਮ ਤੇ ਉਜਰਤਾਂ ਲਈ ਜਵਾਬਦੇਹੀ ਦੀਆਂ ਉਨ੍ਹਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਇਆ। ਪਰ ਹੁਣ, ਵੀ ਬੀ-ਗ੍ਰਾਮਜੀ ਦੇ ਤਹਿਤ, ਕੰਮ ਕਰਨ ਦੇ ਇਸ ਅਧਿਕਾਰ ਨੂੰ ਸਰਕਾਰ ਦੇ ਰਹਿਮ 'ਤੇ ਛੱਡ ਦਿੱਤਾ ਗਿਆ ਹੈ, ਜਿਸ ਨਾਲ ਕਾਮੇ ਲਾਭਪਾਤਰੀਆਂ ਵਿੱਚ ਬਦਲ ਗਏ ਹਨ, ਜਿਨ੍ਹਾਂ ਨੂੰ ਲਾਭ (ਕੰਮ) ਪ੍ਰਾਪਤ ਕਰਨ ਲਈ ਆਪਣੀ ਯੋਗਤਾ ਸਾਬਤ ਕਰਨੀ ਪੈਂਦੀ ਹੈ। ਇਹ ਕੁਝ ਮਿਸਾਲਾਂ ਹਨ ਕਿ ਕਿਵੇਂ ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਭੱਜਦੀ ਹੈ।*

*ਲੋਕਾਂ ਨੂੰ 'ਲਾਭਪਾਤਰੀ' ਬਣਾ ਕੇ ਰਾਜ ਨੂੰ ਜਵਾਬਦੇਹੀ ਤੋਂ ਮੁਕਤ ਕਰਨ ਦੀ ਇਸ ਸਿਆਸਤ ਦਾ ਮੁਕਾਬਲਾ ਸਿੱਖਿਆ, ਸਿਹਤ, ਰੁਜ਼ਗਾਰ, ਸਮਾਜਿਕ ਸੁਰੱਖਿਆ, ਖੁਰਾਕ ਸੁਰੱਖਿਆ ਅਤੇ ਇੱਕ ਸਨਮਾਨਜਨਕ ਜੀਵਨ ਨੂੰ ਸੰਵਿਧਾਨਕ ਤੇ ਜਮਹੂਰੀ ਅਧਿਕਾਰਾਂ ਵਜੋਂ ਮੁੜ ਸਥਾਪਤ ਕਰਨ ਲਈ ਇੱਕ ਵਿਆਪਕ ਜਨਤਕ ਸੰਘਰਸ਼ ਨਾਲ ਹੀ ਕੀਤਾ ਜਾ ਸਕਦਾ ਹੈ। ਲੋਕਤੰਤਰ ਦੀ ਅਸਲ ਕਸੌਟੀ ਸਰਕਾਰ ਦੇ ਰਹਿਮ 'ਤੇ ਮਿਲਣ ਵਾਲੇ ਲਾਭ ਨਹੀਂ, ਸਗੋਂ ਲੋਕਾਂ ਵੱਲੋਂ ਆਪਣੇ ਅਧਿਕਾਰਾਂ ਨੂੰ ਸੰਗਠਤ ਹੋ ਕੇ ਹਾਸਲ ਕਰਨ ਅਤੇ ਉਨ੍ਹਾਂ ਦੀ ਰਾਖੀ ਕਰਨ ਦੀ ਸਮਰੱਥਾ ਹੈ। ਇਸ ਲਈ, ਅੱਜ ਸਭ ਤੋਂ ਜ਼ਰੂਰੀ ਲੋੜ ਨਾਗਰਿਕਾਂ ਨੂੰ 'ਲਾਭਪਾਤਰੀਆਂ' ਵਜੋਂ ਨਹੀਂ, ਸਗੋਂ ਅਧਿਕਾਰ-ਸੰਪੰਨ ਨਾਗਰਿਕਾਂ ਤੇ ਇੱਕ ਲੜਾਕੂ ਸ਼ਕਤੀ ਵਜੋਂ ਮੁੜ ਸੰਗਠਤ ਕਰਨ ਦੀ ਹੈ, ਅਤੇ ਇਹ ਇਤਿਹਾਸਕ ਜ਼ਿੰਮੇਵਾਰੀ ਮਜ਼ਦੂਰ ਵਰਗ ਅਤੇ ਇਸ ਦੇ ਜਨਤਕ ਸੰਗਠਨਾਂ ਨੂੰ ਆਪਣੇ ਹੱਥਾਂ ਵਿੱਚ ਲੈਣੀ ਪੈਣੀ ਹੈ।*

# ਪੰਜਾਬ ਸਿਰ ਮੰਡਰਾ ਰਿਹੈ ਅੰਨ ਭੰਡਾਰਨ ਦਾ ਸੰਕਟ

ਗੁਰਪ੍ਰੀਤ

ਪੰਜਾਬ ਇਸ ਵੇਲੇ ਅਜਿਹੇ ਸੰਕਟ ਵਿੱਚ ਫਸ ਚੁੱਕਿਆ ਹੈ, ਜਿਸ ਬਾਰੇ ਕਦੇ ਕਿਸੇ ਨੇ ਸੋਚਿਆ ਵੀ ਨਹੀਂ ਹੋਣਾ। ਪੰਜਾਬ ਅੰਨ ਤਾਂ ਪੈਦਾ ਕਰ ਰਿਹਾ ਹੈ, ਪਰ ਏਨਾ ਜ਼ਿਆਦਾ ਅੰਨ ਪੈਦਾ ਹੋ ਚੁੱਕਿਆ ਹੈ ਕਿ ਉਸ ਨੂੰ ਰੱਖਣ ਲਈ ਜਗ੍ਹਾ ਵੀ ਨਹੀਂ ਮਿਲ ਰਹੀ। ਇਹ ਅੰਨ ਭੰਡਾਰਨ ਦਾ ਸੰਕਟ ਇਕੱਲੇ ਪੰਜਾਬ ਵਿੱਚ ਹੀ ਨਹੀਂ, ਬਲਕਿ ਉਨ੍ਹਾਂ ਸੂਬਿਆਂ ਦੇ ਅੰਦਰ ਵੀ ਪੈਦਾ ਹੋ ਚੁੱਕਿਆ ਹੈ, ਜਿੱਥੇ ਫ਼ਸਲਾਂ ਦੀ ਚੋਖੀ ਪੈਦਾਵਾਰ ਹੁੰਦੀ ਹੈ। ਇਸ ਸਭ ਦੇ ਵਿਚਾਲੇ ਸਵਾਲ ਇਹ ਉੱਠਦਾ ਹੈ ਕਿ ਜਦੋਂ ਪੰਜਾਬ ਜ਼ਿਆਦਾ ਅੰਨ ਉਗਾ ਕੇ ਵੀ ਘਾਟੇ ਵਿੱਚ ਕਿਉਂ ਚੱਲ ਰਿਹਾ ਹੈ? ਪੰਜਾਬ ਦੇ ਕਿਸਾਨਾਂ ਦੀ ਹਾਲਤ ਕਿਉਂ ਨਹੀਂ ਸੁਧਰ ਰਹੀ? ਕੀ ਇਹ ਸੰਕਟ ਸਿਰਫ਼ ਤੇ ਸਿਰਫ਼ ਪੰਜਾਬ ਨੂੰ ਅੰਦਰੋਂ ਖਾ ਰਿਹਾ ਹੈ ਜਾਂ ਫਿਰ ਕੁਝ ਹੋਰ ਹੈ?

ਪਿਛਲੇ ਕੁਝ ਦਿਨਾਂ ਤੋਂ ਛਪ ਰਹੀਆਂ ਮੀਡੀਆ ਰਿਪੋਰਟਾਂ ਨੇ ਸਭ ਨੂੰ ਵੈਸੇ ਹੈਰਾਨ ਕਰਕੇ ਰੱਖ ਦਿੱਤਾ ਹੈ ਕਿ ਪੰਜਾਬ ਉਪਰ ਨਿਵੇਕਲਾ ਅਤੇ ਅਜੀਬ ਕਿਸਮ ਦਾ ਸੰਕਟ ਆ ਚੁੱਕਿਆ ਹੈ। ਸੂਬੇ ਉਪਰ ਅੰਨ ਭੰਡਾਰਨ ਦਾ ਮੌਜੂਦਾ ਸੰਕਟ ਕੋਈ ਅਚਾਨਕ ਆਈ ਕੁਦਰਤੀ ਆਫ਼ਤ ਨਹੀਂ ਅਤੇ ਨਾ ਹੀ ਇਹ ਕਿਸੇ ਬੰਪਰ ਫ਼ਸਲ ਹੋਣ ਕਰਕੇ ਪੈਦਾ ਹੋਇਆ ਹੈ। ਅਸਲ ਵਿੱਚ ਇਹ ਸਾਡੀ ਇੱਕ ਅਜਿਹੀ ਪੁਰਾਣੀ ਖ਼ਰੀਦ ਪ੍ਰਣਾਲੀ ਅਤੇ ਨੀਤੀਗਤ ਢਾਂਚੇ ਦਾ ਸਿੱਧਾ ਨਤੀਜਾ ਹੈ, ਜੋ ਸਮੇਂ ਦੀ ਬਦਲਦੀ ਹਕੀਕਤ ਅਤੇ ਆਧੁਨਿਕ ਲੋੜਾਂ ਨਾਲ ਕਦਮ ਮਿਲਾ ਕੇ ਚੱਲਣ ਵਿੱਚ ਬੁਰੀ ਤਰ੍ਹਾਂ ਅਸਫ਼ਲ ਰਹੀ ਹੈ। ਸੂਬੇ ਦੇ ਸਰਕਾਰੀ ਗੋਦਾਮ, ਓਪਨ ਪਲਿੰਥ ਅਤੇ ਨਿੱਜੀ ਸ਼ੈਲਰ ਪਹਿਲਾਂ ਹੀ ਪਿਛਲੇ ਸੀਜ਼ਨਾਂ ਦੇ ਝੋਨੇ ਅਤੇ ਕਣਕ ਨਾਲ ਨੱਕੋ-ਨੱਕ ਭਰੇ ਪਏ ਹਨ।

ਹੁਣ ਜਦੋਂ ਪੰਜਾਬ ਝੋਨੇ ਦੇ ਇੱਕ ਹੋਰ ਖ਼ਰੀਦ ਸੀਜ਼ਨ ਦੇ ਮੁਹਾਨੇ 'ਤੇ ਖੜ੍ਹਾ ਹੈ, ਤਾਂ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਆਉਣ ਵਾਲੀ ਨਵੀਂ ਫ਼ਸਲ ਨੂੰ ਰੱਖਿਆ ਕਿੱਥੇ ਜਾਵੇਗਾ? ਗੋਦਾਮਾਂ ਵਿੱਚ ਜ਼ਰਾ ਵੀ ਥਾਂ ਨਾ ਹੋਣਾ ਸਿਰਫ਼ ਇੱਕ ਪ੍ਰਬੰਧਕੀ ਸਮੱਸਿਆ ਨਹੀਂ, ਸਗੋਂ ਇਹ ਇੱਕ ਅਜਿਹਾ ਟਾਈਮ-ਬੰਬ ਹੈ, ਜੋ ਜੇਕਰ ਸਮੇਂ ਸਿਰ ਨਾ ਸੰਭਾਲਿਆ ਗਿਆ ਤਾਂ ਸੂਬੇ ਦੀ ਪੂਰੀ ਖੇਤੀ ਆਰਥਿਕਤਾ ਨੂੰ ਤਬਾਹ ਕਰ ਸਕਦਾ ਹੈ।

ਇਹ ਬੜੀ ਅਜੀਬ ਅਤੇ ਦੁਖਦਾਈ ਗੱਲ ਹੈ ਕਿ ਜਿਸ ਪੰਜਾਬ ਨੂੰ ਲੰਮੇ ਸਮੇਂ ਤੋਂ ਦੇਸ਼ ਦਾ 'ਅੰਨ ਭੰਡਾਰ' ਕਿਹਾ ਜਾਂਦਾ ਰਿਹਾ ਹੈ, ਅੱਜ ਉਹੀ ਸੂਬਾ ਆਪਣੀ ਹੀ ਪੈਦਾਵਾਰ ਨੂੰ ਸਾਂਭਣ ਲਈ ਬੇਵੱਸ ਨਜ਼ਰ ਆ ਰਿਹਾ ਹੈ। 1960 ਵਿਆਂ ਦੀ ਹਰੀ ਕ੍ਰਾਂਤੀ ਦੌਰਾਨ, ਜਦੋਂ ਦੇਸ਼ ਅੰਨ ਦੀ ਭਾਰੀ ਕਿੱਲਤ ਨਾਲ ਜੂਝ ਰਿਹਾ ਸੀ, ਤਾਂ ਪੰਜਾਬ ਦੇ ਮਿਹਨਤੀ ਕਿਸਾਨਾਂ ਨੇ ਅੱਗੇ ਹੋ ਕੇ ਦੇਸ਼ ਦਾ ਪੇਟ ਭਰਿਆ। ਘੱਟੋ-ਘੱਟ ਸਮਰਥਨ ਮੁੱਲ ਅਤੇ ਯਕੀਨੀ ਖ਼ਰੀਦ ਦੇ ਆਸਰੇ ਪੰਜਾਬ ਨੇ ਕੇਂਦਰੀ ਪੂਲ ਵਿੱਚ ਕਣਕ ਤੇ ਝੋਨੇ ਦੇ ਅੰਬਾਰ ਲਾ ਦਿੱਤੇ।

ਪਰ ਅਫ਼ਸੋਸ ਦੀ ਗੱਲ ਇਹ ਹੈ ਕਿ ਜਿਸ ਪ੍ਰਬੰਧ ਅਤੇ ਨੀਤੀਆਂ ਨੇ ਫ਼ਸਲ ਦੀ ਪੈਦਾਵਾਰ ਵਧਾਉਣ ਲਈ ਕਿਸਾਨਾਂ ਨੂੰ ਉਤਸ਼ਾਹਤ ਕੀਤਾ, ਉਹ ਭੰਡਾਰਨ, ਢੋਆ-ਢੁਆਈ ਅਤੇ ਵੰਡ ਪ੍ਰਣਾਲੀ ਦਾ ਆਧੁਨਿਕੀਕਰਨ ਕਰਨ ਵਿੱਚ ਬੁਰੀ ਤਰ੍ਹਾਂ ਨਾਕਾਮ ਰਿਹਾ। ਦਹਾਕਿਆਂ ਤੋਂ ਉਹੀ ਪੁਰਾਣੇ ਬੋਰੀਆਂ ਵਾਲੇ ਗੋਦਾਮ, ਖੁੱਲ੍ਹੇ ਅਸਮਾਨ ਹੇਠ ਪਿਆ ਅਨਾਜ ਅਤੇ ਰੇਲਵੇ ਵੈਗਨਾਂ 'ਤੇ ਨਿਰਭਰਤਾ ਚੱਲੀ ਆ ਰਹੀ ਹੈ, ਜਿਸ ਦੇਸ਼ ਨੂੰ ਕਦੇ ਪੰਜਾਬ ਦੀ ਲੋੜ ਸੀ, ਅੱਜ ਉਸੇ ਦੇਸ਼ ਦੇ ਕੇਂਦਰੀ ਪ੍ਰਬੰਧ ਵੱਲੋਂ ਪੰਜਾਬ ਦੇ ਅਨਾਜ ਦੀ ਲਿਫਟਿੰਗ ਵਿੱਚ ਕੀਤੀ ਜਾ ਰਹੀ ਦੇਰੀ ਨੇ ਸੂਬੇ ਨੂੰ ਹਾਸ਼ੀਏ 'ਤੇ ਧੱਕ ਦਿੱਤਾ ਹੈ।

ਇਸ ਵੇਲੇ ਸਭ ਤੋਂ ਵੱਡਾ ਅਤੇ ਤੁਰੰਤ ਹੱਲ ਮੰਗਣ ਵਾਲਾ ਅੜਿੱਕਾ ਭਾਰਤੀ ਖੁਰਾਕ ਨਿਗਮ ਵੱਲੋਂ ਅਨਾਜ ਦੀ ਬਹੁਤ ਹੀ ਮੱਠੀ ਰਫ਼ਤਾਰ ਨਾਲ ਕੀਤੀ ਜਾ ਰਹੀ ਲਿਫਟਿੰਗ ਹੈ। ਪੰਜਾਬ ਦੇ ਗੋਦਾਮਾਂ ਵਿੱਚ ਲੱਖਾਂ ਮੀਟ੍ਰਿਕ ਟਨ ਚੌਲ ਅਤੇ ਕਣਕ ਸੜ ਰਹੀ ਹੈ, ਪਰ ਕੇਂਦਰੀ ਪੂਲ ਵਿੱਚੋਂ ਇਸ ਸਟਾਕ ਨੂੰ ਦੂਜੇ ਖਪਤਕਾਰ ਸੂਬਿਆਂ ਵਿੱਚ ਭੇਜਣ ਦੀ ਰਫ਼ਤਾਰ ਬਹੁਤ ਸੁਸਤ ਹੈ।

ਮੀਡੀਆ ਰਿਪੋਰਟਾਂ ਦੇ ਮੁਤਾਬਿਕ ਪੰਜਾਬ ਵਿੱਚੋਂ ਅਨਾਜ ਬਾਹਰ ਭੇਜਣ ਲਈ ਲੋੜੀਂਦੀਆਂ ਮਾਲ ਗੱਡੀਆਂ ਮੁਹੱਈਆ ਨਹੀਂ ਕਰਵਾਈਆਂ ਜਾ ਰਹੀਆਂ। ਜਿਨ੍ਹਾਂ ਰਾਜਾਂ (ਜਿਵੇਂ ਬਿਹਾਰ, ਝਾਰਖੰਡ, ਪੱਛਮੀ ਬੰਗਾਲ) ਵਿੱਚ ਅਨਾਜ ਭੇਜਿਆ ਜਾਣਾ ਹੈ, ਉੱਥੇ ਪਹਿਲਾਂ ਹੀ ਸਟਾਕ ਮੌਜੂਦ ਹੈ ਜਾਂ ਉਥੋਂ ਦੇ ਸਥਾਨਕ ਗੋਦਾਮਾਂ ਦੀ ਸਮਰੱਥਾ ਘੱਟ ਹੈ। ਕੇਂਦਰ ਸਰਕਾਰ, ਭਾਰਤੀ ਖੁਰਾਕ ਨਿਗਮ ਅਤੇ ਰਾਜ ਸਰਕਾਰ ਦੇ ਖ਼ਰੀਦ ਵਿਭਾਗਾਂ ਵਿਚਕਾਰ ਆਪਸੀ ਤਾਲਮੇਲ ਦੀ ਭਾਰੀ ਕਮੀ ਹੈ, ਜਿਸ ਦਾ ਖ਼ਾਮਿਆਜ਼ਾ ਆਖ਼ਰਕਾਰ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਭੁਗਤਣਾ ਪੈਂਦਾ ਹੈ।

ਮੱਧ ਪ੍ਰਦੇਸ਼, ਉਤਰ ਪ੍ਰਦੇਸ਼, ਬਿਹਾਰ, ਓਡੀਸ਼ਾ, ਛੱਤੀਸਗੜ੍ਹ ਅਤੇ ਪੱਛਮੀ ਬੰਗਾਲ ਵਰਗੇ ਰਾਜਾਂ ਨੇ ਆਪਣੀ ਖ਼ਰੀਦ ਪ੍ਰਣਾਲੀ ਨੂੰ ਬਹੁਤ ਮਜ਼ਬੂਤ ਕਰ ਲਿਆ ਹੈ। ਮੱਧ ਪ੍ਰਦੇਸ਼ ਕਈ ਵਾਰ ਕਣਕ ਦੀ ਪੈਦਾਵਾਰ ਵਿੱਚ ਪੰਜਾਬ ਨੂੰ ਪਿੱਛੇ ਛੱਡ ਚੁੱਕਾ ਹੈ, ਜਦੋਂਕਿ ਛੱਤੀਸਗੜ੍ਹ ਅਤੇ ਓਡੀਸ਼ਾ ਕੇਂਦਰੀ ਪੂਲ ਵਿੱਚ ਚੌਲਾਂ ਦਾ ਵੱਡਾ ਯੋਗਦਾਨ ਪਾ ਰਹੇ ਹਨ। ਇਸ ਬਦਲਾਅ ਦਾ ਸਿੱਧਾ ਮਤਲਬ ਇਹ ਹੈ ਕਿ ਹੁਣ ਕੇਂਦਰ ਸਰਕਾਰ ਨੂੰ ਪੰਜਾਬ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਅਨਾਜ ਢੋਣ ਦੀ ਲੋੜ ਨਹੀਂ ਰਹੀ। ਨਤੀਜੇ ਵਜੋਂ ਪੰਜਾਬ ਦਾ ਅਨਾਜ ਸਮਰੱਥਾ ਤੋਂ ਵੱਧ ਭਰੇ ਗੋਦਾਮਾਂ ਵਿੱਚ ਹੀ ਪਿਆ ਸੜ ਰਿਹਾ ਹੈ। ਇਸ ਨਾਲ ਨਾ ਸਿਰਫ਼ ਭੰਡਾਰਨ ਦਾ ਖ਼ਰਚਾ ਵਧ ਰਿਹਾ ਹੈ, ਸਗੋਂ ਕੀੜੇ ਲੱਗਣ, ਸਿੱਲ੍ਹ ਅਤੇ ਚੂਹਿਆਂ ਕਰਕੇ ਅਨਾਜ ਦੇ ਖ਼ਰਾਬ ਹੋਣ ਦਾ ਖ਼ਤਰਾ ਵੀ ਪਲ-ਪਲ ਵਧਦਾ ਜਾ ਰਿਹਾ ਹੈ।

ਹਰ ਸਾਲ ਖ਼ਰੀਦ ਸੀਜ਼ਨ ਦੌਰਾਨ ਖੜ੍ਹਾ ਹੋਣ ਵਾਲਾ ਇਹ ਸੰਕਟ ਸਾਡੀਆਂ ਸਰਕਾਰੀ ਨੀਤੀਆਂ ਦੇ ਬੁਨਿਆਦੀ ਨੁਕਸ ਨੂੰ ਜੱਗ ਜ਼ਾਹਰ ਕਰਦਾ ਹੈ। ਅੱਜ ਦੇਸ਼ ਵਿੱਚ ਲੋਕਾਂ ਦੇ ਖਾਣ-ਪੀਣ ਦੀਆਂ ਆਦਤਾਂ ਬਦਲ ਚੁੱਕੀਆਂ ਹਨ। ਸ਼ਹਿਰੀਕਰਨ ਅਤੇ ਸਿਹਤ ਪ੍ਰਤੀ ਜਾਗਰੂਕਤਾ ਕਾਰਨ ਮੋਟੇ ਅਨਾਜ ਜਿਵੇਂ ਬਾਜਰਾ, ਜਵਾਰ ਅਤੇ ਰਾਗੀ ਦੀ ਮੰਗ ਵਧ ਰਹੀ ਹੈ, ਪਰ ਸਾਡਾ ਸਾਰਾ ਜ਼ੋਰ ਅਜੇ ਵੀ ਸਿਰਫ਼ ਕਣਕ-ਝੋਨੇ ਦੇ ਚੱਕਰ 'ਤੇ ਹੀ ਹੈ। ਜਦੋਂ ਵੀ ਅਕਤੂਬਰ ਜਾਂ ਅਪ੍ਰੈਲ ਵਿੱਚ ਸੰਕਟ ਆਉਂਦਾ ਹੈ, ਤਾਂ ਸਰਕਾਰਾਂ ਹਮੇਸ਼ਾ ਆਰਜ਼ੀ ਹੱਲ ਲੱਭਣ ਦੀ ਕੋਸ਼ਿਸ਼ ਕਰਦੀਆਂ ਹਨ। ਜਿਵੇਂ ਅਨਾਜ ਨੂੰ ਖੁੱਲ੍ਹੇ ਮੈਦਾਨਾਂ ਵਿੱਚ ਤਿਰਪਾਲਾਂ ਨਾਲ ਢੱਕ ਕੇ ਰੱਖ ਦਿੱਤਾ ਜਾਂਦਾ ਹੈ, ਜੋ ਮੀਂਹ ਅਤੇ ਝੱਖੜ ਵਿੱਚ ਬਰਬਾਦ ਹੋ ਜਾਂਦਾ ਹੈ। ਸ਼ੈਲਰ ਮਾਲਕਾਂ 'ਤੇ ਦਬਾਅ ਪਾ ਕੇ ਜ਼ਿਆਦਾ ਸਟਾਕ ਰੱਖਣ ਲਈ ਕਿਹਾ ਜਾਂਦਾ ਹੈ। ਇਹ ਸਾਰੇ ਪ੍ਰਬੰਧ ਕੁਝ ਦਿਨਾਂ ਜਾਂ ਮਹੀਨਿਆਂ ਲਈ ਤਾਂ ਸੰਕਟ ਨੂੰ ਟਾਲ ਸਕਦੇ ਹਨ, ਪਰ ਇਹ ਇਸ ਪੁਰਾਣੀ ਬਿਮਾਰੀ ਦਾ ਪੱਕਾ ਇਲਾਜ ਬਿਲਕੁਲ ਨਹੀਂ ਹਨ। ਇਹ ਉਵੇਂ ਹੀ ਹੈ, ਜਿਵੇਂ ਕਿਸੇ ਗੰਭੀਰ ਬਿਮਾਰੀ ਦੇ ਮਰੀਜ਼ ਨੂੰ ਸਿਰਫ਼ ਪੈਰਾਸੀਟਾਮੋਲ ਦੇ ਕੇ ਠੀਕ ਕਰਨ ਦੀ ਕੋਸ਼ਿਸ਼ ਕੀਤੀ ਜਾਵੇ।

ਇਸ ਸੰਕਟ ਦੇ ਵਿਚਾਲੇ ਜਾਣਕਾਰ ਦੱਸਦੇ ਨੇ ਕਿ ਜੇਕਰ ਅਸੀਂ ਇਸ ਸੰਕਟ ਦਾ ਸਥਾਈ ਹੱਲ ਚਾਹੁੰਦੇ ਹਾਂ, ਤਾਂ ਸਾਨੂੰ ਰਵਾਇਤੀ ਗੋਦਾਮ ਪ੍ਰਣਾਲੀ ਨੂੰ ਤਿਆਗ ਕੇ ਆਧੁਨਿਕ ਸਾਇਲੋ ਬੁਨਿਆਦੀ ਢਾਂਚੇ ਵੱਲ ਵਧਣਾ ਪਵੇਗਾ। ਵਿਗਿਆਨਕ ਤਰੀਕੇ ਨਾਲ ਬਣਾਏ ਗਏ ਇਹ ਸਟੀਲ ਸਾਇਲੋ ਅਨਾਜ ਨੂੰ ਕਈ ਸਾਲਾਂ ਤੱਕ ਬਿਨਾਂ ਕਿਸੇ ਨੁਕਸਾਨ ਦੇ ਸੁਰੱਖਿਅਤ ਰੱਖ ਸਕਦੇ ਹਨ। ਇਹ ਲੰਬਕਾਰੀ ਹੁੰਦੇ ਹਨ, ਜਿਸ ਕਾਰਨ ਜ਼ਮੀਨ ਦੀ ਬਹੁਤ ਬਚਤ ਹੁੰਦੀ ਹੈ। ਇਨ੍ਹਾਂ ਵਿੱਚ ਨਮੀ ਅਤੇ ਤਾਪਮਾਨ ਨੂੰ ਕੰਟਰੋਲ ਕਰਨ ਵਾਲੇ ਸੈਂਸਰ ਹੁੰਦੇ ਹਨ, ਜਿਸ ਨਾਲ ਅਨਾਜ ਖ਼ਰਾਬ ਨਹੀਂ ਹੁੰਦਾ। ਸਾਇਲੋ ਸਿੱਧੇ ਰੇਲਵੇ ਲਾਈਨਾਂ ਨਾਲ ਜੁੜੇ ਹੁੰਦੇ ਹਨ, ਜਿਸ ਨਾਲ ਬੋਰੀਆਂ ਭਰਨ ਅਤੇ ਲੱਦਣ ਦਾ ਸਮਾਂ ਬਚਦਾ ਹੈ ਅਤੇ ਸਿੱਧੀ ਬਲਕ ਨਿਕਾਸੀ ਹੁੰਦੀ ਹੈ। ਪੰਜਾਬ ਵਿੱਚ ਨਿੱਜੀ-ਜਨਤਕ ਭਾਈਵਾਲੀ ਤਹਿਤ ਅਜਿਹੇ ਆਧੁਨਿਕ ਸਾਇਲੋ ਨੈੱਟਵਰਕ ਨੂੰ ਤੁਰੰਤ ਵਿਕਸਤ ਕਰਨ ਦੀ ਲੋੜ ਹੈ।

ਵੈਸੇ, ਅਜੋਕੇ ਇਸ ਸਮੇਂ ਅੰਦਰ ਸਾਨੂੰ ਇਹ ਹਕੀਕਤ ਸਵੀਕਾਰ ਕਰਨੀ ਪਵੇਗੀ ਕਿ ਪੰਜਾਬ ਤੋਂ ਇਹ ਉਮੀਦ ਨਹੀਂ ਕੀਤੀ ਜਾ ਸਕਦੀ ਕਿ ਉਹ ਇਸ ਪੁਰਾਣੇ ਅਤੇ ਖ਼ਰਾਬ ਹੋ ਚੁੱਕੇ ਖ਼ਰੀਦ ਮਾਡਲ ਦਾ ਆਰਥਿਕ ਅਤੇ ਵਾਤਾਵਰਨਕ ਨੁਕਸਾਨ ਵੀ ਝੱਲੇ ਅਤੇ ਦੇਸ਼ ਦੇ ਅੰਨ ਭੰਡਾਰ ਦਾ ਬੋਝ ਵੀ ਸਦਾ ਲਈ ਆਪਣੇ ਸਿਰ ਚੁੱਕੀ ਰੱਖੇ। ਝੋਨੇ ਦੀ ਖੇਤੀ ਨੇ ਪੰਜਾਬ ਦੇ ਪਾਣੀ ਦੇ ਪੱਧਰ ਨੂੰ ਖ਼ਤਰਨਾਕ ਹੱਦ ਤੱਕ ਨੀਵਾਂ ਧੱਕ ਦਿੱਤਾ ਹੈ ਅਤੇ ਹੁਣ ਇਹ ਭੰਡਾਰਨ ਦਾ ਸੰਕਟ ਵੀ ਪੈਦਾ ਕਰ ਰਹੀ ਹੈ। ਅਸਲ ਹੱਲ ਫ਼ਸਲੀ ਵਿਭਿੰਨਤਾ ਵਿੱਚ ਹੈ। ਪੰਜਾਬ ਨੂੰ ਝੋਨੇ ਦੇ ਚੱਕਰ ਵਿੱਚੋਂ ਨਿਕਲ ਕੇ ਦਾਲਾਂ, ਤੇਲ ਬੀਜ, ਮੱਕੀ, ਬਾਸਮਤੀ, ਬਾਗ਼ਬਾਨੀ ਤੇ ਸਬਜ਼ੀਆਂ ਵਧਣਾ ਪਵੇਗਾ।

ਵੈਸੇ, ਵੇਖਿਆ ਜਾਵੇ ਤਾਂ ਭਾਰਤ ਅਜੇ ਵੀ ਹਰ ਸਾਲ ਕਰੋੜਾਂ ਰੁਪਏ ਦੀਆਂ ਦਾਲਾਂ ਅਤੇ ਖਾਣ ਵਾਲਾ ਤੇਲ ਬਾਹਰਲੇ ਦੇਸ਼ਾਂ ਤੋਂ ਮੰਗਵਾਉਂਦਾ ਹੈ। ਜੇਕਰ ਪੰਜਾਬ ਦੇ ਕਿਸਾਨਾਂ ਨੂੰ ਇਨ੍ਹਾਂ ਫ਼ਸਲਾਂ 'ਤੇ ਪੱਕੀ ਘੱਟੋ-ਘੱਟ ਸਮਰਥਨ ਮੁੱਲ ਅਤੇ ਖ਼ਰੀਦ ਦੀ ਗਾਰੰਟੀ ਮਿਲੇ ਤਾਂ ਭੰਡਾਰਨ ਅਤੇ ਮੰਗ ਦਾ ਸੰਕਟ ਤੁਰੰਤ ਖ਼ਤਮ ਹੋ ਸਕਦਾ ਹੈ। ਮੱਕੀ ਦੀ ਵਰਤੋਂ ਇਥਨੌਲ ਬਣਾਉਣ ਅਤੇ ਪਸ਼ੂ ਖ਼ੁਰਾਕ ਵਿੱਚ ਹੁੰਦੀ ਹੈ, ਜਿਸ ਦੀ ਭੰਡਾਰਨ ਮਿਆਦ ਝੋਨੇ ਵਰਗੀ ਜਟਿਲ ਨਹੀਂ ਹੈ। ਬਾਸਮਤੀ ਦੀ ਅੰਤਰਰਾਸ਼ਟਰੀ ਪੱਧਰ 'ਤੇ ਵੱਡੀ ਮੰਗ ਹੈ ਅਤੇ ਇਸ ਦੇ ਮੰਡੀਕਰਨ ਲਈ ਸਰਕਾਰੀ ਗੋਦਾਮਾਂ ਦੀ ਲੋੜ ਨਹੀਂ ਪੈਂਦੀ। ਪ੍ਰੋਸੈਸਿੰਗ ਇੰਡਸਟਰੀ ਨੂੰ ਉਤਸ਼ਾਹਤ ਕਰਕੇ ਸਬਜ਼ੀਆਂ ਅਤੇ ਫਲਾਂ ਦੀ ਖੇਤੀ ਨੂੰ ਲਾਹੇਵੰਦ ਬਣਾਇਆ ਜਾ ਸਕਦਾ ਹੈ।

ਖ਼ੈਰ, ਨੱਕੋ-ਨੱਕ ਭਰੇ ਪਏ ਪੰਜਾਬ ਦੇ ਗੋਦਾਮ ਅਤੇ ਮੰਡੀਆਂ ਵਿੱਚ ਬੈਠਾ ਚਿੰਤਤ ਕਿਸਾਨ ਸਿਰਫ਼ ਇੱਕ ਮੌਸਮੀ ਸਮੱਸਿਆ ਨਹੀਂ, ਸਗੋਂ ਕੇਂਦਰ ਅਤੇ ਰਾਜ ਸਰਕਾਰਾਂ ਲਈ ਇੱਕ ਬਹੁਤ ਵੱਡੀ ਚਿਤਾਵਨੀ ਹਨ। ਜੇਕਰ ਹੁਣ ਵੀ ਬੁਨਿਆਦੀ ਅਤੇ ਢਾਂਚਾਗਤ ਸੁਧਾਰ ਨਾ ਕੀਤੇ ਗਏ, ਤਾਂ ਇਹ ਸੰਕਟ ਹਰ ਸਾਲ ਭਾਰਤੀ ਖੇਤੀ ਦੀ ਇਸ ਸਭ ਤੋਂ ਵੱਡੀ ਸਫ਼ਲਤਾ (ਹਰੀ ਕ੍ਰਾਂਤੀ) ਨੂੰ ਖੋਰਾ ਲਾਉਂਦਾ ਰਹੇਗਾ ਅਤੇ ਇਸ ਨੂੰ ਇੱਕ ਵੱਡੀ ਨਾਕਾਮੀ ਵਿੱਚ ਬਦਲ ਦੇਵੇਗਾ।

ਹੁਣ ਸਮਾਂ ਸਿਆਸਤ ਕਰਨ ਦਾ ਨਹੀਂ, ਸਗੋਂ ਠੋਸ ਨੀਤੀਆਂ ਬਣਾਉਣ ਦਾ ਹੈ। ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਵਿੱਚੋਂ ਪੁਰਾਣੇ ਸਟਾਕ ਦੀ ਨਿਕਾਸੀ ਲਈ ਇੱਕ 'ਸਪੈਸ਼ਲ ਕੋਰੀਡੋਰ' ਬਣਾ ਕੇ ਤੁਰੰਤ ਲਿਫਟਿੰਗ ਕਰਵਾਏ ਅਤੇ ਪੰਜਾਬ ਸਰਕਾਰ ਨੂੰ ਲੰਮੇ ਸਮੇਂ ਦੇ ਹੱਲ ਲਈ ਫ਼ਸਲੀ ਵਿਭਿੰਨਤਾ ਦਾ ਇੱਕ ਵਿਹਾਰਕ ਰੋਡਮੈਪ ਤਿਆਰ ਕਰਨਾ ਚਾਹੀਦਾ ਹੈ। ਅਨਾਜ ਸਾਂਭਣ ਲਈ ਥਾਂ ਦੀ ਕਮੀ ਦਰਸਾਉਂਦੀ ਹੈ ਕਿ ਦੇਸ਼ ਦੇ ਢਿੱਡ ਭਰਨ ਵਾਲਾ ਅੰਨਦਾਤਾ ਅੱਜ ਖ਼ੁਦ ਨੀਤੀਆਂ ਦੀ ਗ਼ਲਤ ਵੰਡ ਦਾ ਸ਼ਿਕਾਰ ਹੋ ਰਿਹਾ ਹੈ, ਜਿਸ ਨੂੰ ਸੁਧਾਰਨਾ ਬੇਹੱਦ ਜ਼ਰੂਰੀ ਹੈ।

# ਸੰਪਰਕ : 95698- 20314

# ਆਓ, ਸੋਸ਼ਲ ਮੀਡੀਆ ਨੂੰ ਤਾਕਤਵਰ ਬਣਾਈਏ

ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ

ਜੇਕਰ ਇਹ ਕਹਿ ਲਿਆ ਜਾਵੇ ਕਿ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਅਜੋਕੇ ਸੰਸਾਰਕ ਜੀਵਾਂ ਲਈ 'ਲਾਈਫ਼ਲਾਈਨ' ਬਣ ਚੁੱਕੇ ਹਨ ਤਾਂ ਇਹ ਕੋਈ ਅਤਿਕਥਨੀ ਨਹੀਂ ਹੋਵੇਗੀ। ਸੋਸ਼ਲ ਮੀਡੀਆ ਅਸਲ ਵਿਚ ਮਨੁੱਖ ਨੂੰ ਦਿੱਤਾ ਤਾਂ ਮਨੋਰੰਜਨ ਅਤੇ ਪ੍ਰਚਾਰ ਲਈ ਗਿਆ ਸੀ, ਪਰ ਕੁਝ ਗ਼ਲਤ ਅਨਸਰਾਂ ਦੇ ਹੱਥਾਂ ਵਿਚ ਚਲਾ ਜਾਣ ਕਰਕੇ ਤੇ ਇਸ ਦੀ ਅਨੈਤਿਕ ਵਰਤੋਂ ਹੋਣ ਲੱਗ ਪਈ ਤੇ ਹੁਣ ਇਹ ਗਾਲੀ-ਗਲੋਚ ਅਤੇ ਕਤਲੋਗ਼ਾਰਤ ਦਾ ਸਬੱਬ ਬਣ ਚੁੱਕਾ ਹੈ। ਇਸ ਦੇ ਨਾਲ ਹੀ ਇਹ ਵੀ ਸਮਝਣਯੋਗ ਹੈ ਕਿ ਦੇਸ਼ ਦੇ ਕੌਮੀ ਮੀਡੀਆ 'ਤੇ ਸੱਤਾ ਦੀ ਚਿਮਚਾਗਿਰੀ ਕਰਨ ਦੇ ਇਲਜ਼ਾਮ ਲੱਗਣ ਕਰਕੇ ਸੱਤਾਧਾਰੀ ਧਿਰ ਦੀਆਂ ਕਮੀਆਂ ਅਤੇ ਗਲਤੀਆਂ ਉਜਾਗਰ ਕਰਨ ਲਈ ਸੋਸ਼ਲ ਮੀਡੀਆ ਵੱਡਾ ਮਦਦਗਾਰ ਵੀ ਸਿੱਧ ਹੋ ਰਿਹਾ ਹੈ। 'ਕਾਕਰੋਚ ਪਾਰਟੀ' ਵਾਲਾ ਤਾਜ਼ਾ ਮਾਮਲਾ ਇਸੇ ਪ੍ਰਸੰਗ ਵਿਚ ਇਕ ਮਹੱਤਵਪੂਰਨ ਤੱਥ ਵਜੋਂ ਲਿਆ ਜਾ ਸਕਦਾ ਹੈ। ਇਹ ਪਾਰਟੀ ਸੋਸ਼ਲ ਮੀਡੀਆ ਰਾਹੀਂ ਹੀ ਵੱਡੇ ਜਨ-ਸਮਰਥਨ ਨੂੰ ਹਾਸਿਲ ਕਰ ਪਾਈ ਹੈ ਤੇ ਕੇਂਦਰ ਸਰਕਾਰ ਦੇ ਸਿੱਖਿਆ ਮੰਤਰੀ ਨੂੰ ਇਸ ਨੇ 'ਪੜ੍ਹਨੇ ਪਾ' ਦਿੱਤਾ ਹੈ।

ਸੋਸ਼ਲ ਮੀਡੀਆ ਦੀ ਲੰਮੇ ਸਮੇਂ ਤੋਂ ਹੋ ਰਹੀ ਗ਼ਲਤ ਵਰਤੋਂ ਨੂੰ ਰੋਕਣ ਲਈ ਕਈ ਸੰਗਠਨਾਂ ਵੱਲੋਂ ਸਰਕਾਰ ਤੋਂ ਮੰਗ ਕੀਤੀ ਜਾਂਦੀ ਰਹੀ ਹੈ, ਪਰ ਸਰਕਾਰ ਨੇ ਸੋਸ਼ਲ ਮੀਡੀਆ 'ਤੇ ਪਏ 'ਗੰਦ' ਅਤੇ 'ਕੂੜਾ-ਕਰਕਟ' ਨੂੰ ਸਾਫ਼ ਕਰਨ ਲਈ ਢੁਕਵੇਂ ਕਦਮ ਨਹੀਂ ਚੁੱਕੇ ਸਨ, ਜਿਸ ਦਾ ਫ਼ਾਇਦਾ ਕਈ 'ਯੂਟਿਊਬਰ' ਜਾਂ ਹੋਰ ਸੋਸ਼ਲ ਮੀਡੀਆ ਪਲੇਟਫ਼ਾਰਮ ਵਰਤਣ ਵਾਲੇ ਲੋਕ ਭਰਪੂਰ ਮਾਤਰਾ ਵਿਚ ਲੈ ਚੁੱਕੇ ਹਨ।

ਇਥੇ ਸਮਝਣ ਵਾਲੀ ਸਭ ਤੋਂ ਪਹਿਲੀ ਗੱਲ ਤਾਂ ਇਹ ਹੈ ਕਿ ਸੰਸਾਰ ਦੀ ਕੁੱਲ ਆਬਾਦੀ 830 ਕਰੋੜ ਦੇ ਨੇੜੇ ਹੈ ਤੇ ਇਸ ਵਿੱਚੋਂ ਲਗਪਗ 600 ਕਰੋੜ ਲੋਕ ਇੰਟਰਨੈੱਟ ਦੀ ਵਰਤੋਂ ਕਰਦੇ ਹਨ ਤੇ ਉਨ੍ਹਾਂ ਵਿੱਚੋਂ ਵੀ ਅਕਤੂਬਰ, 2025 ਵਿਚ 566 ਕਰੋੜ ਲੋਕ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਸਨ, ਜੋ ਕਿ ਇੰਟਰਨੈੱਟ ਦੀ ਵਰਤੋਂ ਕਰਨ ਵਾਲਿਆਂ ਦੀ ਕੁੱਲ ਗਿਣਤੀ ਦਾ 94.33 ਫ਼ੀਸਦੀ ਬਣਦਾ ਸੀ। ਦਿਲਚਸਪ ਗੱਲ ਇਹ ਹੈ ਕਿ ਇਨ੍ਹਾਂ ਸੋਸ਼ਲ ਮੀਡੀਆ ਉਪਭੋਗਤਾਵਾਂ ਵਿਚ 26 ਕਰੋੜ ਦੇ ਕਰੀਬ ਉਪਭੋਗਤਾ ਅਜੇ ਪਿਛਲੇ ਹੀ ਵਰ੍ਹੇ ਵਿਚ ਨਵੇਂ ਸ਼ਾਮਲ ਹੋਏ ਸਨ। ਹੈਰਾਨੀਜਨਕ ਤੱਥ ਹੈ ਕਿ ਦੁਨੀਆਂ ਵਿਚਲੇ ਕੁੱਲ ਬਾਲਗਾਂ ਵਿੱਚੋਂ 87 ਫ਼ੀਸਦੀ ਦੇ ਕਰੀਬ ਬਾਲਗ ਸੋਸ਼ਲ ਮੀਡੀਆ ਦੀ ਵਰਤੋਂ ਕਰਦੇ ਹਨ।

ਜੇਕਰ ਭਾਰਤ ਦੀ ਗੱਲ ਕੀਤੀ ਜਾਵੇ ਤਾਂ ਪਤਾ ਲੱਗਦਾ ਹੈ ਕਿ ਭਾਰਤ ਅੰਦਰ ਮਾਰਚ 2026 ਵਿਚ ਕੁੱਲ ਆਬਾਦੀ 147 ਕਰੋੜ ਅਤੇ ਮੋਬਾਇਲ ਫ਼ੋਨਾਂ ਦੀ ਸੰਖਿਆ 117 ਕਰੋੜ ਤੋਂ ਵੱਧ ਸੀ। ਇਨ੍ਹਾਂ ਵਿੱਚੋਂ ਇੰਟਰਨੈੱਟ ਉਪਭੋਗਤਾਵਾਂ ਦੀ ਸੰਖਿਆ 96 ਕਰੋੜ ਦੇ ਕਰੀਬ ਸੀ ਅਤੇ ਸੋਸ਼ਲ ਮੀਡੀਆ ਵਰਤੋਂ ਕਰਨ ਵਾਲਿਆਂ ਦੀ ਗਿਣਤੀ 50 ਕਰੋੜ ਦੇ ਕਰੀਬ ਸੀ। ਇਕ ਸਰਵੇਖਣ ਅਨੁਸਾਰ ਹਰੇਕ ਭਾਰਤੀ ਔਸਤਨ ਚਾਰ ਘੰਟੇ ਪ੍ਰਤੀ ਦਿਨ ਮੋਬਾਇਲ ਫ਼ੋਨ ਚਲਾਉਣ ਸਮੇਤ ਕੰਪਿਊਟਰ, ਟੇਬਲੈੱਟ, ਸਮਾਰਟ ਟੀ.ਵੀ. ਜਾਂ ਹੋਰ ਸਾਧਨਾਂ ਰਾਹੀਂ ਸੱਤ ਘੰਟੇ ਪ੍ਰਤੀ ਦਿਨ ਦੇ ਹਿਸਾਬ ਨਾਲ ਇੰਟਰਨੈੱਟ ਦੀ ਵਰਤੋਂ ਕਰਦਾ ਹੈ। ਭਾਰਤ ਵਿਚ ਵਟਸਐਪ ਅਤੇ ਫ਼ੇਸਬੁਕ ਚਲਾਉਣ ਵਾਲਿਆਂ ਦੀ ਗਿਣਤੀ ਜਨਵਰੀ, 2026 ਵਿਚ ਕ੍ਰਮਵਾਰ 85 ਕਰੋੜ (ਕੁਝ ਲੋਕ ਇਕ ਹੀ ਨੰਬਰ 'ਤੇ ਵਟਸਐਪ ਬਿਜ਼ਨਸ ਅਕਾਊਂਟ ਨਾਮਕ ਵੱਖਰਾ ਅਕਾਊਂਟ ਵੀ ਚਲਾਉਂਦੇ ਹਨ) ਅਤੇ 41 ਕਰੋੜ ਤੋਂ ਵੱਧ ਸੀ, ਜਦੋਂ ਕਿ ਇੰਸਟਾਗ੍ਰਾਮ ਦੀ ਵਰਤੋਂ ਕਰਨ ਵਾਲਿਆਂ ਦੀ ਗਿਣਤੀ 52 ਕਰੋੜ ਦੇ ਲਗਪਗ ਸੀ।

ਉਪਰੋਕਤ ਸਾਰੇ ਅੰਕੜੇ ਅਤੇ ਸਮੁੱਚਾ ਬਿਰਤਾਂਤ ਇਹ ਇਸ਼ਾਰਾ ਕਰਦਾ ਹੈ ਕਿ ਭਾਰਤ ਵਿਚ ਇੰਟਰਨੈੱਟ ਅਤੇ ਸੋਸ਼ਲ ਮੀਡੀਆ ਵਰਤੋਂਕਾਰਾਂ ਦੀ ਗਿਣਤੀ ਕਾਫੀ ਜ਼ਿਆਦਾ ਹੈ ਤੇ ਇਹ ਗਿਣਤੀ ਦਿਨ ਦੁੱਗਣੀ ਅਤੇ ਰਾਤ ਚੌਗੁਣੀ ਗਤੀ ਨਾਲ ਵਧ ਰਹੀ ਹੈ। ਇਨ੍ਹਾਂ ਦੀ ਗਿਣਤੀ ਦਾ ਵਧਣਾ ਕੋਈ ਗ਼ਲਤ ਜਾਂ ਮਾੜੀ ਗੱਲ ਨਹੀਂ, ਪਰ ਇੰਟਰਨੈੱਟ ਦੀ ਅਤੇ ਵਿਸ਼ੇਸ਼ ਕਰਕੇ ਸੋਸ਼ਲ ਮੀਡੀਆ ਦੀ ਵਰਤੋਂ ਚੰਗੇ ਅਤੇ ਉਸਾਰੂ ਕਾਰਜਾਂ ਦੀ ਥਾਂ ਮਾੜੇ ਅਤੇ ਢਾਹੂ ਕੰਮਾਂ ਲਈ ਕਰਨਾ ਬਹੁਤ ਹੀ ਨਿੰਦਣਯੋਗ ਅਤੇ ਚਿੰਤਾਜਨਕ ਹੈ। ਆਪਣੇ ਗਿਆਨ ਨੂੰ, ਆਪਣੀ ਕਲਾ ਨੂੰ, ਆਪਣੇ ਹੁਨਰ ਨੂੰ ਅਤੇ ਆਪਣੇ ਕਾਰੋਬਾਰ ਨੂੰ ਸੋਸ਼ਲ ਮੀਡੀਆ ਰਾਹੀਂ ਦੇਸ਼-ਵਿਦੇਸ਼ ਤੱਕ ਪਹੁੰਚਾਉਣ ਦਾ ਯਤਨ ਕਰਨਾ ਬਹੁਤ ਹੀ ਚੰਗੀ ਗੱਲ ਹੈ, ਪਰ ਸੋਸ਼ਲ ਮੀਡੀਆ ਦੀ ਵਰਤੋਂ ਨੰਗੇਜ਼ਵਾਦ, ਅਸ਼ਲੀਲਤਾ, ਧਾਰਮਿਕ ਕੱਟੜਤਾ, ਝੂਠ, ਨਫ਼ਰਤ ਅਤੇ ਹਿੰਸਾ ਫ਼ੈਲਾਉਣ ਲਈ ਕਰਨਾ ਬੇਹੱਦ ਘਟੀਆ ਅਤੇ ਅਫ਼ਸੋਸਨਾਕ ਹੈ।

ਕੁਝ ਸੁਆਰਥੀ ਔਰਤਾਂ ਅਤੇ ਮਰਦਾਂ ਵੱਲੋਂ ਪ੍ਰਸਿੱਧੀ ਜਾਂ ਪੈਸੇ ਖੱਟਣ ਲਈ ਅਸ਼ਲੀਲਤਾ ਦੀ ਵਰਤੋਂ ਕਰਨਾ ਜਿੰਨਾ ਗ਼ਲਤ ਅਤੇ ਨਿੰਦਣਯੋਗ ਹੈ, ਓਨਾ ਹੀ ਨਿੰਦਣਯੋਗ ਅਜਿਹੇ ਅਨਸਰਾਂ ਨੂੰ 'ਸਜ਼ਾ' ਦੇਣ ਲਈ ਕਿਸੇ ਵੀ ਸ਼ਖ਼ਸ ਵੱਲੋਂ ਕਾਨੂੰਨ ਨੂੰ ਆਪਣੇ ਹੱਥਾਂ ਵਿਚ ਲੈਣਾ ਵੀ ਹੈ। ਦੋਵਾਂ ਧਿਰਾਂ ਵੱਲੋਂ ਨੈਤਿਕਤਾ ਦੇ ਪੈਮਾਨਿਆਂ ਦੀ ਪਰਵਾਹ ਕੀਤੇ ਜਾਣ ਦੀ ਭਾਰੀ ਲੋੜ ਹੈ। ਬਹੁਤ ਸਾਰੇ ਭਲੇ ਲੋਕ ਚੰਗਾ ਕੰਟੈਂਟ ਸ਼ੇਅਰ ਕਰ ਵੀ ਰਹੇ ਹਨ ਤੇ ਉਨ੍ਹਾਂ ਦੇ ਯਤਨ ਬੇਹੱਦ ਸਲਾਹੁਣਯੋਗ ਹਨ। ਗ਼ਲਤ ਕੰਟੈਂਟ ਸੋਸ਼ਲ ਮੀਡੀਆ 'ਤੇ ਪਾਉਣ ਵਾਲਿਆਂ ਦੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਦੋਸਤਾਂ ਨੂੰ ਇਸ ਭੈੜੀ ਪ੍ਰਵਿਰਤੀ ਦੇ ਖ਼ਾਤਮੇ ਲਈ ਅੱਗੇ ਆਉਣਾ ਚਾਹੀਦਾ ਹੈ ਤੇ ਸਹੀ ਢੰਗ ਨਾਲ ਕਾਊਂਸਲਿੰਗ ਕਰਕੇ ਸਬੰਧਤ ਪੁਰਸ਼ ਜਾਂ ਇਸਤਰੀ ਦੀ ਸੋਚ ਅਤੇ ਮਨੋਦਸ਼ਾ ਬਦਲਣੀ ਚਾਹੀਦੀ ਹੈ। ਜੇਕਰ ਕੋਈ ਫਿਰ ਵੀ ਨਾ ਮੰਨੇ ਤਾਂ ਅਜਿਹੇ ਅਨਸਰਾਂ ਖ਼ਿਲਾਫ਼ ਪੁਲਸ ਅਤੇ ਕਾਨੂੰਨ ਦਾ ਡੰਡਾ ਬਿਨਾ ਕਿਸੇ 'ਉਪਰੀ ਦਬਾਅ' ਦੇ ਚੱਲਣਾ ਚਾਹੀਦਾ ਹੈ। ਸਮੁੱਚੇ ਸਮਾਜ ਵੱਲੋਂ ਵੀ ਅਜਿਹੇ ਗ਼ਲਤ ਲੋਕਾਂ ਦਾ ਬਾਈਕਾਟ ਕਰਨ ਦੀ ਪਿਰਤ ਸ਼ੁਰੂ ਹੋਣੀ ਚਾਹੀਦੀ ਹੈ।

ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸੋਸ਼ਲ ਮੀਡੀਆ 'ਤੇ ਪ੍ਰਸਾਰਤ ਕੀਤੇ ਜਾ ਸਕਣ ਵਾਲੇ ਕੰਟੈਂਟ ਸੰਬੰਧੀ ਕੁਝ ਸਪੱਸ਼ਟ ਮਾਪਦੰਡ ਤੈਅ ਕਰੇ, ਜਿਨ੍ਹਾਂ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਿਪਟਿਆ ਜਾਵੇ। ਗ਼ਲਤ ਕੰਟੈਂਟ ਪਰੋਸਣ ਵਾਲਿਆਂ ਦੀ ਕਮਾਈ 'ਤੇ ਏਨੇ ਕੁ ਟੈਕਸ ਲੱਗਣੇ ਚਾਹੀਦੇ ਹਨ ਕਿ ਉਨ੍ਹਾਂ ਦੇ ਹੱਥ-ਪੱਲੇ ਕੁਝ ਵੀ ਨਾ ਪਵੇ ਅਤੇ ਉਸਾਰੂ ਕੰਟੈਂਟ ਪ੍ਰਸਾਰਤ ਕਰਨ ਵਾਲਿਆਂ ਲਈ ਵਿੱਤੀ ਇਨਾਮ, ਪ੍ਰਸ਼ੰਸਾ ਪੱਤਰ ਅਤੇ ਹੋਰ ਸਨਮਾਨ ਐਲਾਨੇ ਜਾਣੇ ਚਾਹੀਦੇ ਹਨ, ਤਾਂ ਜੋ ਵੱਧ ਤੋਂ ਵੱਧ ਲੋਕ ਸੋਸ਼ਲ ਮੀਡੀਆ 'ਤੇ ਚੰਗਾ ਕੰਟੈਂਟ ਪਾਉਣ ਲਈ ਪ੍ਰੇਰਿਤ ਹੋਣ।

ਮੁੱਕਦੀ ਗੱਲ ਇਹ ਵੀ ਹੈ ਕਿ ਭੱਦਾ ਅਤੇ ਅਸ਼ਲੀਲ ਮੈਟਰ ਸੋਸ਼ਲ ਮੀਡੀਆ 'ਤੇ ਪਾਉਣ ਵਾਲੇ ਖ਼ੁਦ ਹੀ ਆਪਣੇ ਜ਼ਮੀਰ ਅੰਦਰ ਝਾਕ ਕੇ ਵੇਖਣ ਕਿ ਕੀ ਉਹ ਨੇਕ ਕਮਾਈ ਖਾ ਰਹੇ ਹਨ? ਕੀ ਉਹ ਦੇਸ਼ ਦਾ ਭਵਿੱਖ ਆਖੇ ਜਾਂਦੇ ਬੱਚਿਆਂ ਤੇ ਨੌਜਵਾਨਾਂ ਨੂੰ ਕੁਰਾਹੇ ਤਾਂ ਨਹੀਂ ਪਾ ਰਹੇ ਹਨ? ਸਾਨੂੰ ਆਪਣੇ ਸੁੰਦਰ ਜਿਸਮ ਦੀ ਵਰਤੋਂ ਨੰਗੇਜ਼ ਅਤੇ ਅਸ਼ਲੀਲਤਾ ਫ਼ੈਲਾਉਣ ਲਈ ਹਰਗ਼ਿਜ਼ ਨਹੀਂ ਕਰਨੀ ਚਾਹੀਦੀ। ਸਾਨੂੰ ਆਪਣੇ ਅੰਦਰ ਗਾਉਣ, ਨੱਚਣ, ਸੰਗੀਤਕ ਸਾਜ਼ ਵਜਾਉਣ, ਸੁਆਦੀ ਪਕਵਾਨ ਬਣਾਉਣ, ਸੋਹਣੇ ਅਤੇ ਡਿਜ਼ਾਇਨਰ ਕੱਪੜੇ ਸਿਊਣ ਅਤੇ ਚੰਗਾ ਸਾਹਿਤ ਰਚਣ ਦਾ ਹੁਨਰ ਪੈਦਾ ਕਰਕੇ ਸੋਸ਼ਲ ਮੀਡੀਆ 'ਤੇ ਵੰਡਣਾ ਚਾਹੀਦਾ ਹੈ, ਫਿਰ ਵੇਖੋ ਸਾਨੂੰ ਕਰੋੜਾਂ 'ਲਾਈਕਸ' ਦੇ ਨਾਲ-ਨਾਲ ਲੱਖਾਂ ਰੁਪਏ ਵੀ ਮਿਲਣਗੇ ਅਤੇ ਇੱਜ਼ਤ ਦੀ ਰੋਟੀ ਕਮਾ ਕੇ ਖਾਣ ਨਾਲ ਸਿਰ ਉੱਚਾ ਕਰਕੇ ਜਿਊਣ ਦਾ ਸ਼ਰਫ਼ ਵੀ ਹਾਸਲ ਹੋਵੇਗਾ।

# ਸੰਪਰਕ : 97816-46008

# ਲੋਕਤੰਤਰ ਲਈ ਵੋਟ ਦੀ ਮਹੱਤਤਾ ਨੂੰ ਸਮਝਣਾ ਜ਼ਰੂਰੀ

ਮੇਜਰ ਸਿੰਘ ਨਾਭਾ

ਵੋਟਾਂ ਸੰਬੰਧੀ ਘਪਲੇ ਬਾਰੇ ਦੇਸ਼ ਅੰਦਰ ਸੱਤਾ ਵਿੱਚ ਆਈਆਂ ਪਾਰਟੀਆਂ ਵਿਰੁੱਧ ਵਿਰੋਧੀਆਂ ਵੱਲੋਂ ਕਈ ਵਾਰੀ ਦੂਸ਼ਣਬਾਜ਼ੀ ਕੀਤੀ ਜਾਂਦੀ ਹੈ। ਇਸ ਸਾਲ ਨਵੇਂ ਸਿਰੇ ਤੋਂ ਵੋਟਾਂ ਦੀ ਪਾਰਦਰਸ਼ਤਾ ਲਈ ਵੋਟਰਾਂ ਨੂੰ ਨਵੀਆਂ ਵੋਟਰ ਸੂਚੀਆਂ ਵਿੱਚ ਦਰਜ ਕੀਤਾ ਜਾਣਾ ਹੈ। ਪੰਜਾਬ ਅੰਦਰ ਵੋਟਰ ਸੂਚੀਆਂ ਦੀ ਸੁਧਾਈ 25 ਜੂਨ ਤੋਂ ਐੱਸ ਆਈ ਆਰ ਤਹਿਤ ਹੋ ਰਹੀ ਹੈ। ਇਸ ਨਾਲ ਸਹੀ ਵੋਟਾਂ ਨੂੰ ਹੀ ਮਾਨਤਾ ਦਿੱਤੀ ਜਾਵੇਗੀ। ਇਸ ਨਾਲ ਨਵੇਂ ਵੋਟ ਜੋੜਨ, ਦੋਹਰੇ ਅਤੇ ਮਰ ਚੁੱਕੇ ਵੋਟਰਾਂ ਦੇ ਨਾਂਅ ਕੱਟਣ ਲਈ ਦਸਤਾਵੇਜ਼ਾਂ ਦੇ ਆਧਾਰ ਉੱਪਰ ਇਹ ਪ੍ਰਕ੍ਰਿਆ ਬੀ ਐਲ ਓ ਵਲੋਂ ਪੂਰੀ ਕੀਤੀ ਜਾਵੇਗੀ। ਇਸ ਲਈ ਸਾਨੂੰ ਆਪਣੇ ਪਰਵਾਰ ਦੀਆਂ ਵੋਟਾਂ ਬਣਵਾਉਣ ਲਈ ਆਪਣੇ ਦੱਸੇ ਦਸਤਾਵੇਜ਼ ਤਿਆਰ ਰੱਖਣੇ ਚਾਹੀਦੇ ਹਨ, ਤਾਂ ਜੋ ਇਹ ਕੰਮ ਨਿਸਚਿਤ ਸਮੇਂ ਅਨੁਸਾਰ ਪੂਰ ਚੜ੍ਹਾਇਆ ਜਾ ਸਕੇ।

ਆਜ਼ਾਦੀ ਤੋਂ ਬਾਅਦ ਸਾਡੇ ਦੇਸ਼ ਵਿੱਚ ਲੋਕ ਸਭਾ ਚੋਣਾਂ ਆਮ ਹਾਲਤਾਂ ਵਿੱਚ ਕੇਂਦਰ ਸਰਕਾਰ ਦੇ ਗਠਨ ਲਈ ਪੰਜ ਸਾਲਾਂ ਬਾਅਦ ਕਰਵਾਈਆਂ ਜਾਂਦੀਆਂ ਹਨ। ਸਾਡੇ ਦੇਸ਼ ਨੂੰ ਗੁਲਾਮੀ ਦੇ ਜੂਲੇ ਹੇਠ ਲੰਮਾ ਸਮਾਂ ਰਹਿਣਾ ਪਿਆ। ਪੰਦਰਾਂ ਅਗਸਤ 1947 ਨੂੰ ਲੰਬੇ ਸੰਘਰਸ਼ ਬਾਅਦ ਅਨੇਕਾਂ ਕੁਰਬਾਨੀਆਂ ਦੇ ਕੇ ਦੇਸ਼ ਨੂੰ ਆਜ਼ਾਦੀ ਮਿਲ ਗਈ। ਦੇਸ਼ ਦਾ ਸ਼ਾਸਨ ਚਲਾਉਣ ਲਈ ਲੋਕਾਂ ਦੇ ਹਿੱਤਾਂ ਦੀ ਗੱਲ ਕਰਦਾ ਸੰਵਿਧਾਨ ਤਿਆਰ ਕਰਕੇ 26 ਜਨਵਰੀ 1950 ਨੂੰ ਲਾਗੂ ਕੀਤਾ ਗਿਆ। ਸਾਡੇ ਦੇਸ਼ ਨੂੰ ਸਭ ਤੋਂ ਵੱਡਾ ਲੋਕਤੰਤਰ ਦੇਸ਼ ਹੋਣ ਦਾ ਮਾਣ ਹੈ। ਲੋਕਾਂ ਵੱਲੋਂ ਲੋਕਤੰਤਰ ਸਰਕਾਰ ਚੁਣਨ ਲਈ ਵੋਟ ਦੀ ਵਰਤੋਂ ਕੀਤੀ ਜਾਂਦੀ ਹੈ। 18 ਸਾਲ ਦੀ ਉਮਰ ਦੇ ਹਰੇਕ ਭਾਰਤੀ ਨਾਗਰਿਕ ਨੂੰ ਵੋਟ ਪਾਉਣ ਦਾ ਅਧਿਕਾਰ ਹੈ, ਜਿਸ ਦਾ ਵੋਟਰ ਸੂਚੀ ਵਿੱਚ ਨਾਂਅ ਦਰਜ ਹੋਵੇ। ਇੱਕ ਇੱਕ ਵੋਟ ਨੇ ਮਿਲ ਕੇ ਉਮੀਦਵਾਰ ਦੀ ਜਿੱਤ ਨੂੰ ਯਕੀਨੀ ਬਣਾਉਣਾ ਹੈ। ਵੋਟ ਆਪਣੀ ਹੈ, ਇਸ ਦੀ ਵਰਤੋਂ ਗੁਪਤ ਤੌਰ 'ਤੇ ਕੀਤੀ ਜਾਂਦੀ ਹੈ। ਸੋ ਸਾਨੂੰ ਵੋਟ ਪਾਉਣ ਤੋਂ ਪਹਿਲਾਂ ਚੋਣ ਲੜ ਰਹੇ ਉਮੀਦਵਾਰਾਂ, ਪਾਰਟੀ ਬਾਰੇ ਪੂਰੀ ਡੂੰਘਾਈ ਨਾਲ ਉਨ੍ਹਾਂ ਦੇ ਗੁਣਾਂ, ਔਗੁਣਾਂ ਬਾਰੇ ਵਿਚਾਰ ਲੈਣਾ ਚਾਹੀਦਾ ਹੈ।

ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੇ-ਵੱਡੇ ਵਾਅਦੇ ਚੋਣ ਮਨੋਰਥ ਪੱਤਰ ਵਿੱਚ ਕਰਕੇ ਵੋਟਰਾਂ ਨੂੰ ਭਰਮਾਇਆ ਗਿਆ, ਜੋ ਕਿ ਸੋਸ਼ਲ ਮੀਡੀਆ ਰਾਹੀਂ ਪ੍ਰਚਾਰਿਆ ਜਾ ਰਿਹਾ ਹੈ ਕਿ ਕਿਸ ਨੇ ਕੀ-ਕੀ ਵਾਅਦਾ ਕੀਤਾ ਸੀ। ਇਸ ਵਾਰੀ ਲੋਕ ਸਭਾ ਚੋਣਾਂ ਤੋਂ ਬਾਅਦ ਹੁਣ ਸਾਰੀਆਂ ਪਾਰਟੀਆਂ ਵਿੱਚ ਦਲ-ਬਦਲੂਆਂ ਦੀ ਭਰਮਾਰ ਹੈ। ਉਨ੍ਹਾਂ ਦੇ ਆਪਾ ਵਿਰੋਧੀ ਭਾਸ਼ਣ ਸੁਣ ਕੇ ਵਿਸ਼ਵਾਸ ਨਾਂਅ ਦੀ ਕੋਈ ਗੱਲ ਹੀ ਨਹੀਂ ਰਹੀ, ਜਿਵੇਂ ਸਿਆਸਤ ਵਿੱਚ ਸਭ ਕੁਝ ਮਾਫ ਹੀ ਹੁੰਦਾ ਹੈ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਇਹੀ ਹਾਲ ਹੁੰਦਾ ਆ ਰਿਹਾ ਹੈ। ਪਿਛਲੀਆਂ ਕਈ ਚੋਣਾਂ ਦੇ ਤਜਰਬਿਆਂ ਤੋਂ ਬਹੁਤੇ ਵੋਟਰ ਬਹੁਤ ਕੁਝ ਸਿੱਖ ਭਾਵੇਂ ਗਏ, ਪਰ ਤਰਾਸਦੀ ਇਹ ਹੈ ਕਿ ਉਨ੍ਹਾਂ ਕੋਲ ਹੋਰ ਕੋਈ ਬਦਲ ਸਾਹਮਣੇ ਨਹੀਂ ਦਿੱਸਦਾ, ਇਸ ਕਰਕੇ ਮਜਬੂਰੀਵੱਸ ਉਨ੍ਹਾਂ 'ਚੋਂ ਹੀ ਇੱਕ ਨੂੰ ਵੋਟ ਪਾ ਹੀ ਦਿੰਦੇ ਹਨ। ਬਹੁਤੇ ਵੋਟਰ ਪਾਰਟੀਆਂ ਨਾਲ ਜੁੜੇ ਹੁੰਦੇ ਹਨ, ਉਹ ਉਮੀਦਵਾਰ ਦੀ ਕਾਬਲੀਅਤ ਨਹੀਂ ਦੇਖਦੇ, ਸਗੋਂ ਪਾਰਟੀ ਦੇਖ ਕੇ ਵੋਟ ਪਾ ਦਿੰਦੇ ਹਨ। ਉਮੀਦਵਾਰਾਂ ਵੱਲੋਂ ਵੋਟਰਾਂ ਨੂੰ ਖਾਸ ਕਰਕੇ ਅਨਪੜ੍ਹ ਅਤੇ ਗਰੀਬ ਵੋਟਰਾਂ ਨੂੰ ਲਾਲਚ ਦੇ ਕੇ ਭਰਮਾਇਆ ਜਾਂਦਾ ਹੈ। ਇਹ ਤਰਾਸਦੀ ਸਾਡੇ ਸਿੱਖਿਆ ਤੰਤਰ ਦੀ ਹੈ, ਕਿਉਂਕਿ ਆਜ਼ਾਦੀ ਤੋਂ ਬਾਅਦ ਹਰ ਇੱਕ ਨਾਗਰਿਕ ਨੂੰ ਲਾਜ਼ਮੀ ਅਤੇ ਮੁਫਤ ਸਿੱਖਿਆ ਪਹਿਲੇ ਦਹਾਕੇ ਦੇਣ ਦਾ ਵਾਅਦਾ ਅੱਜਸੱਤ ਦਹਾਕੇ ਬਾਅਦ ਵੀ ਪੂਰਾ ਨਹੀਂ ਹੋ ਸਕਿਆ।

ਵੋਟ ਦੀ ਮਹੱਤਤਾ ਪੜ੍ਹਿਆ-ਲਿਖਿਆ ਹੀ ਸਮਝ ਸਕਦਾ ਹੈ, ਬਾਅਦ 'ਚ ਪਛਤਾਉਣ ਨਾਲੋਂ ਆਪਣੀ ਵੋਟ ਪਹਿਲਾਂ ਹੀ ਸੋਚ-ਸਮਝ ਕੇ ਪਾਉਣੀ ਚਾਹੀਦੀ ਹੈ। ਚੋਣ ਲੜਣ ਵਾਲੇ ਉਮੀਦਵਾਰ ਇੱਕ ਦੂਜੇ ਤੇ ਹੇਠਲੇ ਪੱਧਰ ਦੇ ਘਟੀਆ ਕਿਸਮ ਦੇ ਦੋਸ਼ ਲਾ ਕੇ ਭੰਡਦੇ ਹਨ। ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਕੀ ਇਹੋ ਜਿਹੀ ਆਜ਼ਾਦੀ ਹੀ ਚਾਹੁੰਦੇ ਹੋਣਗੇ, ਜਿਸ ਅੰਦਰ ਇਥੋਂ ਦੇ ਨੇਤਾ ਇੱਕ-ਦੂਜੇ 'ਤੇ ਦੇਸ਼ ਨੂੰ ਲੁਟਣ ਦਾ ਇਲਜ਼ਾਮ ਵੀ ਲਾਉਣਗੇ॥ ਲੋਕ ਇਲਜ਼ਾਮ ਘੱਟ ਲਾਉਂਦੇ ਨੇ ਪਰ ਲੀਡਰ ਇੱਕ ਦੂਜੇ ਤੇ ਵੱਧ ਇਲਜ਼ਾਮ ਲਾਉਂਦੇ ਨੇ। ਫਿਰ ਗੁਲਾਮ ਅਤੇ ਆਜ਼ਾਦ ਦੇਸ਼ 'ਚ ਕੀ ਅੰਤਰ ਰਹਿ ਗਿਆ। ਵੋਟਾਂ ਵੇਲੇ ਲੋਕਾਂ ਨੂੰ ਇਹ ਮੁੱਦੇ ਜ਼ਰੂਰ ਉਠਾਉਣੇ ਚਾਹੀਦੇ ਹਨ, ਕਈ ਪਿੰਡਾਂ ਵਿੱਚ ਰਾਜਨੀਤਕ ਨੇਤਾਵਾਂ ਨੂੰ ਉਨ੍ਹਾਂ ਵੱਲੋਂ ਕੀਤੇ ਝੂਠੇ ਵਾਅਦਿਆਂ ਬਾਰੇ ਸਵਾਲ ਕੀਤੇ ਜਾਣਗੇ, ਜਿਸ ਨਾਲ ਨੇਤਾਵਾਂ ਨੂੰ ਨਮੋਸ਼ੀ ਦਾ ਸਾਹਮਣਾ ਕਰਨਾ ਪੈਣਾ। ਇਹ ਰੁਝਾਨ ਲੋਕਤੰਤਰ ਦੀ ਹੋਂਦ ਨੂੰ ਬਚਾਉਣ ਲਈ ਸਾਰੇ ਪਿੰਡਾਂ/ਸ਼ਹਿਰਾਂ 'ਚ ਹੋਣਾ ਜ਼ਰੂਰੀ ਹੈ।

ਕਈ ਲੋਕ ਸੋਚਦੇ ਹਨ ਕਿ ਵੱਡੀਆਂ ਪਾਰਟੀਆਂ ਤੋਂ ਬਿਨ੍ਹਾਂ ਛੋਟੀਆਂ ਪਾਰਟੀਆਂ ਜਾਂ ਆਜ਼ਾਦ ਉਮੀਦਵਾਰਾਂ ਨੂੰ ਵੋਟ ਪਾਉਣੀ ਵਿਅਰਥ ਹੈ, ਕਿਉਂਕਿ ਉਹ ਸਰਕਾਰ ਨਹੀਂ ਬਣਾ ਸਕਦੇ, ਪਰ ਹੁਣ ਵੋਟਰਾਂ ਨੂੰ ਪਾਰਟੀਆਂ ਤੋਂ ਉੱਪਰ ਉੱਠ ਕੇ ਗੰਭੀਰਤਾ ਨਾਲ ਸੋਚਣ ਦੀ ਲੋੜ ਪਵੇਗੀ, ਤਾਂ ਜੋ ਵਧੀਆ ਕਿਰਦਾਰ ਵਾਲੇ ਉਮੀਦਵਾਰ ਜਿੱਤ ਕੇ ਆਉਣ, ਤਾਂ ਜੋ ਉਹ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝ ਕੇ ਲੋਕ ਭਲਾਈ ਦੇ ਹੀ ਕੰਮ ਕਰਨ। ਛੋਟੀਆਂ ਪਾਰਟੀਆਂ ਜਾਂ ਆਜ਼ਾਦ ਉਮੀਦਵਾਰ ਪਰੈਸ਼ਰ ਗਰੁੱਪ ਦੇ ਤੌਰ 'ਤੇ ਘੱਟ ਗਿਣਤੀ 'ਚ ਪ੍ਰਮੁੱਖ ਪਾਰਟੀਆਂ ਦੇ ਰਹਿਣ ਤੇ ਉਨ੍ਹਾਂ ਵਿੱਚੋਂ ਕਿਸੇ ਇੱਕ ਦੀ ਸਰਕਾਰ ਆਪਣੀ ਮਰਜ਼ੀ ਨਾਲ ਬਣਾਉਣ ਲਈ ਬਹੁਤ ਵਧੀਆ ਰੋਲ ਅਦਾ ਕਰ ਸਕਦੇ ਹਨ। ਜੇਕਰ ਚੰਗੇ ਕਿਰਦਾਰ ਵਾਲੇ ਥੋੜ੍ਹੇ ਮੈਂਬਰਾਂ ਦੀ ਵੀ ਪਹਿਚਾਣ ਕਰ ਲਈਏ, ਜੋ ਕਿ ਸਰਕਾਰ 'ਤੇ ਦਬਾਅ ਬਣਾ ਕੇ ਰੱਖਣ ਦੇ ਸਮਰੱਥ ਹੋਣ, ਇਸ ਨਾਲ ਚੰਗੇ ਫੈਸਲਿਆਂ ਦੀ ਆਸ ਬੱਝੇਗੀ, ਪਰ ਹੁਣ ਨੇਤਾਵਾਂ ਨੇ ਹੱਦ ਹੀ ਕਰ ਦਿੱਤੀ ਹੈ। ਇੱਕ ਦਿਨ 'ਚ ਹੀ ਕਈ ਕਈ ਦਲ ਬਦਲ ਕੇ ਵੋਟਰਾਂ ਲਈ ਦੁਬਿਧਾ ਪੈਦਾ ਕਰ ਰਹੇ ਹਨ। ਸਾਬਕਾ ਮੁੱਖ ਮੰਤਰੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ, ਪਾਰਟੀ ਪ੍ਰਧਾਨ, ਵਿਧਾਨ ਸਭਾ ਮੈਂਬਰ, ਮੰਤਰੀ ਆਦਿ ਵੀ ਦਹਾਕਿਆਂ ਤੋਂ ਇੱਕ ਪਾਰਟੀ ਨਾਲ ਜੁੜੇ ਹੋਣ ਦੇ ਬਾਵਜੂਦ ਪਾਰਟੀਆਂ ਛੱਡ ਚੁੱਕੇ ਹਨ। ਪੰਜਾਬ ਅੰਦਰ ਬਹੁਕੋਨਾ ਮੁਕਾਬਲਾ ਬਣਦਾ ਜਾ ਰਿਹਾ ਹੈ। ਪਾਰਟੀ ਟਿਕਟ ਨਾ ਮਿਲਣ ਕਾਰਨ ਬਹੁਤੇ ਨੇਤਾ ਪਾਰਟੀ ਛੱਡ ਜਾਂਦੇ ਹਨ। ਰਾਜਨੀਤਕ ਪਾਰਟੀਆਂ ਦੂਜੀਆਂ ਪਾਰਟੀਆਂ ਤੋਂ ਆਏ ਨੇਤਾਵਾਂ ਨੂੰ ਪਾਰਟੀ ਟਿਕਟ ਨਾਲ ਨਿਵਾਜ ਕੇ ਪੁਰਾਣੇ ਵਰਕਰਾਂ, ਵੋਟਰਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀਆਂ ਹਨ। ਇਹੋ ਜਿਹੇ ਹਲਕੇ ਦੇ ਵੋਟਰਾਂ ਲਈ ਵੋਟ ਪਾਉਣ ਦਾ ਫੈਸਲਾ ਕਰਨਾ ਹੋਰ ਵੀ ਵਧੇਰੇ ਔਖਾ ਹੋ ਜਾਂਦਾ ਹੈ। ਇਥੇ ਕਿਰਦਾਰ ਵਾਲੀ ਕੋਈ ਗੱਲ ਦਿਖਾਈ ਨਹੀਂ ਦਿੰਦੀ। ਟਿਕਟਾਂ ਭ੍ਰਿਸ਼ਟਾਚਾਰ 'ਚ ਗਲਤਾਨ ਨੇਤਾਵਾਂ ਨੂੰ ਦਿੱਤੀਆਂ ਜਾ ਰਹੀਆਂ ਹਨ। ਸੋ ਸਾਨੂੰ ਵੋਟ ਕਿਸੇ ਵਸਤੂ ਦੇ ਲਾਲਚ, ਡਰ, ਨਸ਼ੇ,ਪੈਸੇ, ਦਬਾਅ ਆਦਿ ਤੋਂ ਮੁਕਤ ਹੋ ਕੇ ਪਾਉਣੀ ਚਾਹੀਦੀ ਹੈ। ਹਾਂ, ਜੇਕਰ ਕਿਸੇ ਹਲਕੇ ਵਿੱਚ ਕਿਸੇ ਨੂੰ ਕੋਈ ਵੀ ਉਮੀਦਵਾਰ ਪਸੰਦ ਨਹੀਂ ਤਾਂ ਉਹ 'ਨੋਟਾ' ਨੂੰ ਵੋਟ ਪਾ ਕੇ ਸਾਰੇ ਉਮੀਦਵਾਰਾਂ ਪ੍ਰਤੀ ਆਪਣੀ ਨਾਪਸੰਦਗੀ ਜ਼ਾਹਿਰ ਵੀ ਕਰ ਸਕਦਾ ਹੈ। ਅਠਾਰਾਂ ਸਾਲ ਦੇ ਨੌਜਵਾਨ ਤੋਂ ਲੈ ਕੇ ਸੀਨੀਅਰ ਸਿਟੀਜ਼ਨ ਤੱਕ ਦੀ ਵੋਟ ਕੀਮਤੀ ਹੈ। ਸੋ ਲੋਕਤੰਤਰ ਦੀ ਹੋਂਦ ਨੂੰ ਬਰਕਰਾਰ ਰੱਖਣ ਲਈ ਸਾਰਿਆਂ ਨੂੰ ਆਪਣੀ ਵੋਟ ਦੀ ਵਰਤੋਂ ਕਰਨੀ ਚਾਹੀਦੀ ਹੈ, ਜੋ ਕਿ ਆਪਣੇ ਪਸੰਦੀਦਾ ਮੈਂਬਰ ਨੂੰ ਚੁਣਨ ਦੀ ਸ਼ਕਤੀ ਰੱਖਦੀ ਹੈ। ਕਈ ਵੋਟਰ ਸੋਚਦੇ ਹੋਣਗੇ ਕਿ ਮੇਰੀ ਵੋਟ ਨਾਲ ਕੀ ਫਰਕ ਪੈਣਾ, ਨਹੀਂ ਇੱਕ-ਇੱਕ ਬੂੰਦ ਨਾਲ ਜਿਵੇਂ ਘੜਾ ਭਰ ਜਾਂਦਾ ਇਸੇ ਤਰ੍ਹਾਂ ਇੱਕ ਇੱਕ ਵੋਟ ਵੀ ਉਮੀਦਵਾਰ ਨੂੰ ਜਿਤਾਉਣ ਦੀ ਸ਼ਕਤੀ ਰੱਖਦੀ ਹੈ। ਸੋ ਆਪਣੀ ਵੋਟ ਦੀ ਕੀਮਤ ਜ਼ਰੂਰ ਸਮਝ ਲੈਣੀ ਚਾਹੀਦੀ ਹੈ।

# ਸੰਪਰਕ : 94635-53962

# ਨਰੇਗਾ ਮੁਲਾਜ਼ਮਾਂ ਨੇ ਫੂਕੀ ਸਰਕਾਰ ਦੇ ਝੂਠੇ ਵਾਅਦਿਆਂ ਦੀ ਪੰਡ

- 15 ਨੂੰ ਪੰਚਾਇਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਆਪਣੀਆਂ ਸੇਵਾਵਾਂ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਪਿਛਲੇ 40 ਦਿਨਾਂ ਤੋਂ ਹੜਤਾਲ 'ਤੇ ਚੱਲ ਰਹੇ ਨਰੇਗਾ ਮੁਲਾਜ਼ਮਾਂ ਦਾ ਗੁੱਸਾ ਅੱਜ ਸੱਤਵੇਂ ਆਸਮਾਨ 'ਤੇ ਪਹੁੰਚ ਗਿਆ।ਜਥੇਬੰਦੀ ਦੇ ਸੂਬਾ ਪੱਧਰੀ ਸੱਦੇ ਤਹਿਤ ਇੱਥੇ ਜ਼ਿਲ੍ਹਾ ਪ੍ਰੀਸ਼ਦ ਵਿਖੇ ਭਰਵਾਂ ਇਕੱਠ ਕਰਨ ਉਪਰੰਤ ਮੁਲਾਜ਼ਮਾਂ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਦਫ਼ਤਰ ਅੱਗੇ ਜ਼ੋਰਦਾਰ ਧਰਨਾ ਦਿੱਤਾ ਗਿਆ।ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਤੇ ਸਰਕਾਰ ਦੇ ਝੂਠੇ ਵਾਅਦਿਆਂ ਦੀ ਪੰਡ ਫੂਕ ਕੇ ਰੋਸ ਪ੍ਰਗਟਾਇਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਰੇਗਾ ਕਰਮਚਾਰੀ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਹਰਪਿੰਦਰ ਸਿੰਘ ਨੇ ਕਿਹਾ ਕਿ ਮੁਲਾਜ਼ਮ ਪਿਛਲੇ 18 ਸਾਲਾਂ ਤੋਂ ਕੰਟਰੈਕਟ (ਠੇਕੇ) ਦੇ ਆਧਾਰ 'ਤੇ ਨੌਕਰੀ ਕਰ ਰਹੇ ਹਨ।ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਹਮੇਸ਼ਾ ਆਪਣੇ ਸਿਆਸੀ ਹਿੱਤਾਂ ਲਈ ਨਰੇਗਾ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ।ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਗਰੰਟੀ ਦਿੱਤੀ ਸੀ, ਪਰ ਅੱਜ ਸਾਢੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਦਾ ਕੋਈ ਨੁਮਾਇੰਦਾ ਉਨ੍ਹਾਂ ਦੀ ਬਾਤ ਪੁੱਛਣ ਨੂੰ ਤਿਆਰ ਨਹੀਂ ਹੈ।

ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦਾ ਅਫ਼ਸਰਸ਼ਾਹੀ ਦੀਆਂ ਮਨਮਾਨੀਆਂ 'ਤੇ ਕੋਈ ਕੰਟਰੋਲ ਨਹੀਂ ਰਿਹਾ। ਪਿਛਲੇ 40 ਦਿਨਾਂ ਦੇ ਸੰਘਰਸ਼ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਦੋ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਤਿੰਨ ਪੈਨਲ ਮੀਟਿੰਗਾਂ ਹੋ ਚੁੱਕੀਆਂ ਹਨ। ਦੋਵਾਂ ਮੰਤਰੀਆਂ ਨੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਾਇਜ਼ ਤਾਂ ਮੰਨਿਆ, ਪਰ ਅਫ਼ਸਰਸ਼ਾਹੀ ਅੱਗੇ ਉਹ ਬੇਵੱਸ ਨਜ਼ਰ ਆਏ।

ਯੂਨੀਅਨ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਨੇ ਤੁਰੰਤ ਮੰਗਾਂ ਨਾ ਮੰਨੀਆਂ ਤਾਂ 15 ਜੁਲਾਈ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਖੰਨਾ ਸਥਿਤ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ, ਜਿਸ ਵਿੱਚ ਪੂਰੇ ਪੰਜਾਬ ਵਿੱਚੋਂ 20 ਹਜ਼ਾਰ ਤੋਂ ਵੱਧ ਮੁਲਾਜ਼ਮ ਸ਼ਮੂਲੀਅਤ ਕਰਨਗੇ।ਇਸ ਤੋਂ ਇਲਾਵਾ ਮੁੱਖ ਮੰਤਰੀ ਦੇ 'ਲੋਕ ਮਿਲਣੀ' ਪ੍ਰੋਗਰਾਮਾਂ ਵਿੱਚ ਪਹੁੰਚ ਕੇ ਉਨ੍ਹਾਂ ਨੂੰ ਸਿੱਧੇ ਸਵਾਲ ਕੀਤੇ ਜਾਣਗੇ।

ਇਸ ਰੋਸ ਪ੍ਰਦਰਸ਼ਨ ਵਿੱਚ ਜ਼ਿਲ੍ਹਾ ਪ੍ਰਧਾਨ ਹਰਪਿੰਦਰ ਸਿੰਘ, ਬਲਾਕ ਪ੍ਰਧਾਨ (ਫ਼ਰੀਦਕੋਟ) ਹਰਪ੍ਰੀਤ ਸਿੰਘ, ਬਲਾਕ ਪ੍ਰਧਾਨ (ਕੋਟਕਪੂਰਾ) ਬਲਰਾਜ ਸਿੰਘ, ਬਲਾਕ ਪ੍ਰਧਾਨ (ਜੈਤੋ) ਹਰਬੰਸ ਸਿੰਘ ਸਮੇਤ ਗੁਰਪਿੰਦਰ ਕੌਰ, ਵੀਰਪਾਲ ਕੌਰ, ਕਰਮਜੀਤ ਕੌਰ, ਪਵਨਦੀਪ ਕੌਰ, ਕਿਰਨਦੀਪ ਕੌਰ, ਸੰਦੀਪ ਕੌਰ, ਲਲਿਤ ਅਰੋੜਾ, ਰਾਜਵੀਰ ਸਿੰਘ, ਪੁਸ਼ਵਿੰਦਰ ਸਿੰਘ, ਗਗਨਪ੍ਰੀਤ ਸਿੰਘ, ਵਿਨੇ ਕੁਮਾਰ, ਮੋਹਿਤ ਨਾਰੰਗ, ਕੁਲਵੀਰ ਸ਼ਰਮਾ, ਜਰਨੈਲ ਸਿੰਘ ਤੇ ਖੁਸ਼ਪ੍ਰੀਤ ਸਿੰਘ ਹੈਪੀ ਸਮੇਤ ਵੱਡੀ ਗਿਣਤੀ ਵਿੱਚ ਮਗਨਰੇਗਾ ਕਰਮਚਾਰੀ ਤੇ ਹੋਰ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਆਂਗਨਵਾੜੀ ਵਰਕਰਾਂ-ਹੈਲਪਰਾਂ ਵੱਲੋਂ ਕਾਲ਼ੇ ਚੋਲੇ ਪਾ ਕੇ ਰੋਸ ਪ੍ਰਦਰਸ਼ਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਦੇ ਸੱਦੇ 'ਤੇ ਸ਼ੁੱਕਰਵਾਰ ਸਮੂਹ ਪੰਜਾਬ ਵਿੱਚ 'ਬਲੈਕ ਡੇ' ਬੜੇ ਰੋਸ, ਗੁੱਸੇ ਤੇ ਜੋਸ਼ ਨਾਲ ਮਨਾਇਆ ਗਿਆ।ਪੰਜਾਬ ਦੇ ਸਮੂਹ ਜ਼ਿਲ੍ਹਾ ਹੈੱਡਕੁਆਰਟਰਾਂ ਵਿਖੇ ਡਿਪਟੀ ਕਮਿਸ਼ਨਰਾਂ ਦੇ ਦਫ਼ਤਰਾਂ ਅੱਗੇ ਹਜ਼ਾਰਾਂ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੇ ਕਾਲੇ ਚੋਲੇ ਤੇ ਕਾਲੇ ਸੂਟ ਪਾ ਕੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ।ਆਕਾਸ਼ ਗੂੰਜਾਉ ਨਾਰਿਆਂ ਨਾਲ ਪੂਰਾ ਮਾਹੌਲ ਸਰਕਾਰਾਂ ਵਿਰੋਧੀ ਰੋਸ ਨਾਲ ਗੂੰਜ ਉੱਠਿਆ ਤੇ ਪੰਜਾਬ ਸਰਕਾਰ ਅਤੇ ਕੇਂਦਰ ਦੀ ਮੋਦੀ ਸਰਕਾਰ ਦੀ ਵਾਅਦਾ-ਖ਼ਿਲਾਫ਼ੀ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਤਿੱਖਾ ਗੁੱਸਾ ਪ੍ਰਗਟ ਕੀਤਾ ਗਿਆ।ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਮੁੱਕਰ ਕੇ ਹਜ਼ਾਰਾਂ ਮਹਿਲਾ ਮੁਲਾਜ਼ਮਾਂ ਨਾਲ ਵਿਸ਼ਵਾਸਘਾਤ ਕੀਤਾ ਹੈ।ਕਈ ਦੌਰ ਦੀਆਂ ਮੀਟਿੰਗਾਂ ਕਰਕੇ ਵੀ ਸਰਕਾਰ ਨੇ ਕੋਈ ਠੋਸ ਫ਼ੈਸਲਾ ਨਹੀਂ ਲਿਆ।ਦੂਜੇ ਪਾਸੇ ਕੇਂਦਰ ਦੀ ਮੋਦੀ ਸਰਕਾਰ ਨੇ ਵੀ ਪਿਛਲੇ ਕਈ ਸਾਲਾਂ ਦੌਰਾਨ ਆਂਗਨਵਾੜੀ ਮੁਲਾਜ਼ਮਾਂ ਨੂੰ ਨਾ ਸਰਕਾਰੀ ਕਰਮਚਾਰੀ ਦਾ ਦਰਜਾ ਦਿੱਤਾ, ਨਾ ਪੈਨਸ਼ਨ, ਨਾ ਗ੍ਰੈਚੁਟੀ, ਨਾ ਸਮਾਜਿਕ ਸੁਰੱਖਿਆ, ਨਾ ਬੀਮਾ ਤੇ ਨਾ ਹੀ ਸਨਮਾਨਜਨਕ ਮਾਣਭੱਤਾ।ਪੰਜਾਹ ਸਾਲ ਤੋਂ ਵੱਧ ਸਮੇਂ ਤੋਂ ਦੇਸ਼ ਦੇ ਬੱਚਿਆਂ ਤੇ ਮਾਵਾਂ ਦੀ ਸੇਵਾ ਕਰ ਰਹੀਆਂ ਆਂਗਨਵਾੜੀ ਮੁਲਾਜ਼ਮਾਂ ਨਾਲ ਇਹ ਘੋਰ ਬੇਇਨਸਾਫ਼ੀ ਹੈ।ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੇ ਆਪਣਾ ਮੁਲਾਜ਼ਮ ਵਿਰੋਧੀ ਤੇ ਵਾਅਦਾ-ਖ਼ਿਲਾਫ਼ ਰਵੱਈਆ ਨਾ ਬਦਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ, ਹੋਰ ਵਿਸ਼ਾਲ ਤੇ ਹੋਰ ਨਿਰਣਾਇਕ ਬਣਾਇਆ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰਾਂ ਦੀ ਹੋਵੇਗੀ।

# ਬੱਸ ਅੱਡੇ 'ਤੇ ਸੁਧਾਰ ਨੂੰ ਲੈ ਕੇ ਬੈਠੇ ਧਰਨਾਕਾਰੀਆਂ ਦੀ ਮੰਗ ਨੂੰ ਪਿਆ ਬੂਰ

- ਬੱਸ ਅੱਡਾ ਪ੍ਰਸ਼ਾਸਨ ਵੱਲੋਂ 2.40 ਕਰੋੜ ਰੁਪਏ ਖਰਚਣ ਦਾ ਐਲਾਨ
- 13 ਅਗਸਤ ਤੋਂ ਸ਼ੁਰੂ ਹੋ ਕੇ ਛੇ ਮਹੀਨਿਆਂ 'ਚ ਹੋਵੇਗਾ ਰਿਪੇਅਰ ਦਾ ਕੰਮ ਪੂਰਾ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਪਿਛਲੇ ਕਈ ਵਰ੍ਹਿਆਂ ਤੋਂ ਖਸਤਾ ਹਾਲਤਾਂ ਨਾਲ ਜੂਝ ਰਹੇ ਤਲਵੰਡੀ ਸਾਬੋ ਦੇ ਉਸ ਬੱਸ ਅੱਡੇ, ਜਿਸ ਨੂੰ ਆਧੁਨਿਕ ਬੱਸ ਅੱਡੇ ਦੇ ਨਾਂ ਨਾਲ ਪੁਕਾਰਿਆ ਜਾਂਦਾ ਰਿਹਾ, ਵਿਖੇ ਉਸ ਦੀ ਖਸਤਾ ਹਾਲਤ ਸੁਧਾਰਨ ਦੀ ਮੰਗ ਨੂੰ ਲੈ ਕੇ ਕਾਂਗਰਸ ਤੇ ਬਹੁਜਨ ਸਮਾਜ ਪਾਰਟੀ ਦੀ ਅਗਵਾਈ ਵਿੱਚ ਧਰਨੇ ਉੱਪਰ ਬੈਠੇ ਧਰਨਾਕਾਰੀਆਂ ਦੀਆਂ ਮੰਗਾਂ ਨੂੰ ਉਸ ਸਮੇਂ ਬੂਰ ਪੈ ਗਿਆ, ਜਦੋਂ ਬੱਸ ਅੱਡਾ ਪ੍ਰਸ਼ਾਸਨ ਨੇ ਉਨ੍ਹਾਂ ਦੀਆਂ ਮੰਗਾਂ ਮੰਨੇ ਜਾਣ ਦਾ ਐਲਾਨ ਕਰ ਦਿੱਤਾ।ਜ਼ਿਕਰਯੋਗ ਹੈ ਕਿ ਤਲਵੰਡੀ ਸਾਬੋ ਦਾ ਮੌਜੂਦਾ ਬੱਸ ਸਟੈਂਡ 1997 ਤੋਂ 2002 ਤੱਕ ਵਾਲੀ ਅਕਾਲੀ ਸਰਕਾਰ ਮੌਕੇ ਉਸ ਵੇਲੇ ਹੋਂਦ ਵਿੱਚ ਆਇਆ ਸੀ, ਜਦੋਂ ਇਸ ਇਤਿਹਾਸਕ ਸ਼ਹਿਰ (ਉਦੋਂ ਪਿੰਡ) ਦੀ ਪੰਚਾਇਤ ਇਸ ਬੱਸ ਅੱਡੇ ਨੂੰ ਰੋੜੀ ਰੋਡ ਉੱਪਰ ਕਚਹਿਰੀ ਕੰਪਲੈਕਸ ਲਾਗੇ ਬਣਾਉਣਾ ਚਾਹੁੰਦੀ ਸੀ।ਚੇਤੇ ਰਹੇ ਕਿ ਸਥਾਨਕ ਗ੍ਰਾਮ ਪੰਚਾਇਤ ਨੇ ਉਸ ਮੌਕੇ ਲਈ ਆਪਣੇ ਵੱਲੋਂ ਚਾਰ ਏਕੜ ਜ਼ਮੀਨ ਵੀ ਮਤਾ ਪਾ ਕੇ ਸੰਬੰਧਤ ਮਹਿਕਮੇ ਨੂੰ ਦੇਣ ਦਾ ਐਲਾਨ ਕਰ ਦਿੱਤਾ ਸੀ।

ਉਧਰ ਉਸ ਮੌਕੇ ਅਕਾਲੀ ਪਾਰਟੀ ਵਿੱਚ ਸ੍ਰ. ਪ੍ਰਕਾਸ਼ ਸਿੰਘ ਬਾਦਲ ਤੋਂ ਬਾਅਦ ਦੂਸਰੇ ਵੱਡੇ ਆਗੂ ਸ੍ਰ. ਗੁਰਚਰਨ ਸਿੰਘ ਟੌਹੜਾ ਨੇ ਐਨ ਮੌਕੇ ਸਿਰ ਐਸਾ ਅੜਿੱਕਾ ਡਾਹਿਆ ਕਿ ਸਥਾਨਕ ਪੰਚਾਇਤ ਨਾਲ ਰੈਅ ਮਸ਼ਵਰਾ ਕਰਕੇ ਸਿਰੇ ਚੜ੍ਹੀ ਸਕੀਮ ਤੋਂ ਵਕਤ ਦੇ ਮੁੱਖ ਮੰਤਰੀ ਸ੍ਰ. ਪ੍ਰਕਾਸ਼ ਸਿੰਘ ਬਾਦਲ ਨੂੰ ਵੀ ਪਿੱਛੇ ਹਟਣਾ ਪੈ ਗਿਆ ਸੀ।ਇਸ ਉਪਰੰਤ ਖੜ੍ਹੇ ਪੈਰ ਸ੍ਰ. ਗੁਰਚਰਨ ਸਿੰਘ ਟੌਹੜਾ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮਾਲਕੀ ਵਾਲੀ ਚਾਰ ਏਕੜ ਜ਼ਮੀਨ 99 ਸਾਲਾ ਲੀਜ਼ ਉੱਪਰ ਦੇ ਕਰ ਇਸ ਸਥਾਨਕ ਬੱਸ ਅੱਡੇ ਦਾ ਬਾਨ੍ਹਣੂ ਬੰਨ੍ਹਿਆ ਗਿਆ, ਜਿਹੜਾ ਉਸ ਮੌਕੇ ਸਰਕਾਰ ਵੱਲੋਂ ਇੱਕ ਕਰੋੜ 43 ਲੱਖ ਰੁਪਏ ਖਰਚ ਕੇ ਉਸਾਰਿਆ ਗਿਆ ਸੀ।ਉਸ ਵਕਤ ਭਾਵੇਂ ਸ਼੍ਰੋਮਣੀ ਕਮੇਟੀ ਵੱਲੋਂ ਤਰਕ ਇਹ ਦਿੱਤਾ ਗਿਆ ਸੀ ਕਿ ਅਜਿਹਾ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਕੀਤਾ ਗਿਆ ਹੈ, ਜਦੋਂਕਿ ਅਸਲੀ ਕਾਰਨ ਬੱਸ ਅੱਡੇ ਲਾਗੇ ਬਣੀਆਂ ਵੱਡੀਆਂ ਮਾਰਕੀਟਾਂ ਤੋਂ ਆਉਂਦੀ ਮੋਟੀ ਕਮਾਈ ਦਾ ਸੀ।ਇਸ ਬਸ ਅੱਡੇ ਦੀ ਹੁਣ ਪਿਛਲੇ ਕਈ ਸਾਲਾਂ ਤੋਂ ਲੈ ਕੇ ਇੰਨੀ ਮੰਦੀ ਹਾਲਤ ਹੋ ਗਈ ਕਿ ਸੁਕ-ਪੁਕੇ ਵਿੱਚ ਮਿੱਟੀ ਘੱਟਾ ਤੇ ਥੋੜ੍ਹੀ ਜਿਹੀ ਬਾਰਿਸ਼ ਹੋਣ ਨਾਲ ਹੀ ਇਹ ਬੱਸ ਅੱਡਾ ਇੱਕ ਝੀਲ ਦਾ ਰੂਪ ਧਾਰਨ ਕਰ ਲੈਂਦਾ ਰਿਹਾ ਹੈ।ਹਾਲੇ ਪਿਛਲੇ ਦਿਨੀਂ ਹੀ ਥੋੜ੍ਹੀ ਬਾਰਸ਼ ਪਿੱਛੋਂ ਜਦੋਂ ਇਹ ਬੱਸ ਅੱਡਾ ਪਾਣੀ ਨਾਲ ਭਰ ਕੇ ਇਕ ਝੀਲ ਦਾ ਰੂਪ ਧਾਰਨ ਕਰ ਗਿਆ ਤਾਂ ਕਈ ਦਿਨ ਇਸ ਅੱਡੇ ਵਿੱਚ ਬੱਸਾਂ ਦਾ ਵੜਨਾ ਵਰਜਿਤ ਕਰ ਦਿੱਤਾ ਗਿਆ ਸੀ ਤੇ ਬੱਸਾਂ ਬਾਹਰ ਸੜਕਾਂ ਤੋਂ ਹੀ ਸਵਾਰੀਆਂ ਚੁੱਕ ਕੇ ਮੁੜਨ ਲਈ ਮਜਬੂਰ ਹੁੰਦੀਆਂ ਰਹੀਆਂ ਸਨ।ਕਾਂਗਰਸ ਤੇ ਬਸਪਾ ਦੀ ਅਗਵਾਈ ਵਿੱਚ ਲੱਗੇ ਇਸ ਧਰਨੇ ਮੌਕੇ ਪੀਆਰਟੀਸੀ ਪ੍ਰਸ਼ਾਸਨ ਦੇ ਨੁਮਾਇੰਦਿਆਂ ਨੇ ਧਰਨਾਕਾਰੀਆਂ ਨੂੰ ਅਧਿਕਾਰਤ ਲੈਟਰ ਮੁਹੱਈਆ ਕਰਵਾਉਂਦਿਆਂ ਕਿਹਾ ਕਿ 2 ਕਰੋੜ 40 ਲੱਖ ਰੁਪਏ ਦੀ ਲਾਗਤ ਨਾਲ ਇਸ ਬੱਸ ਅੱਡੇ ਦੀ ਰਿਪੇਅਰ ਕਰਨ ਦਾ ਕੰਮ 13 ਅਗਸਤ ਤੋਂ ਸ਼ੁਰੂ ਹੋ ਜਾਵੇਗਾ ਤੇ ਛੇ ਮਹੀਨਿਆਂ ਵਿੱਚ ਇਸ ਕੰਮ ਨੂੰ ਮੁਕੰਮਲ ਕੀਤਾ ਜਾਵੇਗਾ।ਧਰਨੇ ਨੂੰ ਕਾਂਗਰਸ ਪਾਰਟੀ ਦੇ ਕ੍ਰਿਸ਼ਨ ਭਾਗੀ ਬਾਂਦਰ ਤੇ ਬਹੁਜਨ ਸਮਾਜ ਪਾਰਟੀ ਦੇ ਮਾਸਟਰ ਜਗਦੀਪ ਗੋਗੀ ਨੇ ਸੰਬੋਧਨ ਕੀਤਾ, ਜਦੋਂ ਕਿ ਇਸ ਮੌਕੇ ਵਿਕਾਸ ਤਲਵੰਡੀ ਤੇ ਨੇਕਾ ਸਿੰਘ ਤੋਂ ਇਲਾਵਾ ਉਕਤ ਦੋਵੇਂ ਪਾਰਟੀਆਂ ਦੇ ਵੱਡੀ ਗਿਣਤੀ ਆਗੂ ਤੇ ਵਰਕਰ ਮੌਜੂਦ ਸਨ।

## ਕਾਤਰਾਂ

### ਸਫਾਈ ਸੇਵਕ ਯੂਨੀਅਨ ਦੀ ਹੜਤਾਲ ਜਾਰੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਫਾਈ ਸੇਵਕ ਯੂਨੀਅਨ ਦੇ ਸੂਬਾ ਪੱਧਰੀ ਸੱਦੇ 'ਤੇ ਸਫ਼ਾਈ ਸੇਵਕ ਯੂਨੀਅਨ ਵੱਲੋਂ ਅਣਮਿੱਥੇ ਸਮੇਂ ਲਈ ਸ਼ੁਰੂ ਕੀਤੀ ਗਈ ਹੜਤਾਲ ਤੀਜੇ ਦਿਨ ਵੀ ਜਾਰੀ ਰਹੀ।ਹੜਤਾਲ ਦੌਰਾਨ ਸਫ਼ਾਈ ਸੇਵਕਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਜਲਦ ਪੂਰਾ ਕਰਨ ਦੀ ਮੰਗ ਕੀਤੀ।ਯੂਨੀਅਨ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਜਲਦੀ ਉਨ੍ਹਾਂ ਦੀਆਂ ਮੰਗਾਂ ਦਾ ਕੋਈ ਢੁੱਕਵਾਂ ਹੱਲ ਨਾ ਕੱਢਿਆ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਤੇ ਸੰਬੰਧਤ ਪ੍ਰਸ਼ਾਸਨ ਦੀ ਹੋਵੇਗੀ।

### ਜੇਲ੍ਹ 'ਚ ਬੰਦ ਹਵਾਲਾਤੀ ਦੀ ਮੌਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇਂਦਰੀ ਜੇਲ੍ਹ ਪਟਿਆਲਾ ਵਿੱਚ ਬੰਦ ਹਵਾਲਾਤੀ ਦੀ ਅਚਾਨਕ ਮੌਤ ਹੋਣ ਦੀ ਘਟਨਾ ਸਾਹਮਣੇ ਆਈ ਹੈ।ਮ੍ਰਿਤਕ ਦੀ ਪਛਾਣ ਵਿਕਾਸ ਕੁਮਾਰ ਪੁੱਤਰ ਪਵਨ ਕੁਮਾਰ ਵਾਸੀ ਸਮਾਣਾ ਵਜੋਂ ਹੋਈ ਹੈ।ਵਿਕਾਸ ਕੁਮਾਰ ਨੂੰ ਐਨਡੀਪੀਐਸ ਐਕਟ ਤਹਿਤ ਦਰਜ ਮਾਮਲੇ ਵਿੱਚ ਨਿਆਂਇਕ ਹਿਰਾਸਤ ਦੌਰਾਨ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਰੱਖਿਆ ਗਿਆ ਸੀ। ਜੇਲ੍ਹ ਵਿਭਾਗ ਦੇ ਅਧਿਕਾਰੀਆਂ ਮੁਤਾਬਕ ਵਿਕਾਸ ਕੁਮਾਰ ਦੀ ਅਚਾਨਕ ਸਿਹਤ ਖਰਾਬ ਹੋਣ ਸਬੰਧੀ ਪਤਾ ਲੱਗਣ 'ਤੇ ਤੁਰੰਤ ਉਸਨੂੰ ਹਸਪਤਾਲ ਲਿਜਾਇਆ ਗਿਆ, ਜਿਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮੌਤ ਦੇ ਕਾਰਨਾਂ ਦੀ ਪੁਸ਼ਟੀ ਲਈ ਪੁਲਿਸ ਅਤੇ ਸਬੰਧਤ ਅਧਿਕਾਰੀਆਂ ਵੱਲੋਂ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਤੇ ਦੇਰ ਸ਼ਾਮ ਤੱਕ ਲਾਸ਼ ਦਾ ਪੋਸਟ ਮਾਰਟਮ ਕਰ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ। ਮੌਤ ਦੇ ਅਸਲ ਕਾਰਨ ਬਾਰੇ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸਪੱਸ਼ਟ ਹੋ ਸਕੇਗਾ।

### ਤਲਵੰਡੀ ਦਾ ਗੀਤ 'ਜੱਗ ਵਾਲਿਓ' ਭਲਕੇ ਡੀ ਡੀ ਪੰਜਾਬੀ 'ਤੇ

**ਚੌਕੀਮਾਨ (ਇੰਜੀ. ਬਲਬੀਰ ਸਿੰਘ ਮਾਨ)**-ਦੂਰਦਰਸ਼ਨ ਜਲੰਧਰ ਦੇ ਬਹੁਤ ਹੀ ਹਰਮਨ-ਪਿਆਰੇ ਪਰੋਗਰਾਮ 'ਧਮਕ ਪੰਜਾਬ ਦੀ' ਵਿੱਚ 12 ਜਲਾਈ ਐਤਵਾਰ ਨੂੰ ਰਾਤੀਂ 8 ਵਜੇ ਪ੍ਰਸਿੱਧ ਪੰਜਾਬੀ ਲੋਕ ਗਾਇਕ ਬਲਵਿੰਦਰ ਮਾਨ ਆਪਣੀ ਸੁਰੀਲੀ ਅਵਾਜ਼ ਵਿੱਚ 'ਜੱਗ ਵਾਲਿਓ' ਗੀਤ ਪੇਸ਼ ਕਰੇਗਾ।ਸਥਾਨਕ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਸਟੇਟ ਐਵਾਰਡੀ ਅਧਿਆਪਕ ਅਜਮੇਲ ਸਿੰਘ ਮੋਹੀ ਨੇ ਦੱਸਿਆ ਕਿ ਇਸ ਗੀਤ ਦੀ ਰਚਨਾ ਪੰਜਾਬੀ ਗੀਤਕਾਰ ਸਭਾ ਪੰਜਾਬ ਦੇ ਸੂਪਰਸਤ ਸ਼੍ਰੋਮਣੀ ਸਾਹਿਤਕਾਰ ਤੇ ਨੈਸ਼ਨਲ ਪੁਰਸਕਾਰੀ ਵਿਜੇਤਾ ਅਧਿਆਪਕ ਅਮਰੀਕ ਸਿੰਘ ਤਲਵੰਡੀ ਨੇ ਕੀਤੀ ਹੈ।ਇਸ ਗੀਤ ਦੀ ਪੇਸ਼ਕਸ਼ ਇੰਸਪੈਕਟਰ ਜਗਰਾਜ ਸਿੰਘ ਸੰਧੂ ਕਪੂਰਿਆਂ ਵਾਲੇ ਨੇ ਕੀਤੀ ਹੈ।ਉਨ੍ਹਾਂ ਦੱਸਿਆ ਕਿ ਇਸ ਗਾਇਕ ਨੇ ਅਮਰੀਕ ਸਿੰਘ ਤਲਵੰਡੀ ਦੇ ਸੱਭਿਆਚਾਰਕ ਗੀਤਾਂ ਉੱਪਰ ਜਿੱਥੇ ਐਮ. ਫਿੱਲ ਕੀਤੀ ਹੈ, ਉੱਥੇ ਹੁਣ ਪੀ.ਐਚ.ਡੀ. ਵੀ ਕਰ ਰਿਹਾ ਹੈ, ਹਮੇਸ਼ਾ ਜਿਵੇਂ ਅਮਰੀਕ ਸਿੰਘ ਤਲਵੰਡੀ ਸਾਫ ਸੁਥਰੇ ਗੀਤ ਹੀ ਲਿਖਦਾ ਹੈ ਓਵੇਂ ਇਹ ਪੰਜਾਬੀ ਗਾਇਕ ਬਲਵਿੰਦਰ ਮਾਨ ਵੀ ਹਮੇਸ਼ਾ ਸਾਫ ਸੁਥਰੇ ਗੀਤ ਹੀ ਗਾਉਂਦਾ ਹੈ।

# ਨਰੇਗਾ ਕਰਮਚਾਰੀ ਯੂਨੀਅਨ ਨੇ ਫੂਕਿਆ ਮੁੱਖ ਮੰਤਰੀ ਦਾ ਪੁਤਲਾ

*ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਤੋਂ ਭੱਜੀ ਸਰਕਾਰ : ਆਗੂ*

**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਕਰਮਚਾਰੀ ਯੂਨੀਅਨ ਮੋਗਾ ਨੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਬੁੱਟਰ ਦੀ ਅਗਵਾਈ ਵਿੱਚ ਸਰਕਾਰ ਵੱਲੋਂ ਨਰੇਗਾ ਕਰਮਚਾਰੀਆਂ ਨਾਲ ਪੱਕੇ ਕਰਨ ਦਾ ਵਾਅਦਾ ਕਰ ਕੇ ਮੁੱਕਰੀ ਮਾਨ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫ਼ੂਕ ਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਬੁੱਟਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਸਰਕਾਰ ਨਰੇਗਾ ਮਜ਼ਦੂਰਾਂ ਨੂੰ ਪੱਕੇ ਕਰਨ ਤੋਂ ਭੱਜ ਗਈ ਹੈ ਤੇ ਹੁਣ ਪੱਕੇ ਕਰਨ ਦੀ ਬਜਾਏ ਨੌਕਰੀ ਤੋਂ ਕੱਢ ਦੇਣ ਦੀਆਂ ਧਮਕੀਆਂ ਦੇਣ ਲੱਗੀ ਹੈ।ਉਨ੍ਹਾਂ ਕਿਹਾ ਕਿ ਸਿਰਫ਼ ਨਰੇਗਾ ਹੀ ਨਹੀਂ, ਸਗੋਂ ਪਿੰਡਾਂ ਦੇ ਵਿਕਾਸ ਨਾਲ ਸਬੰਧਤ ਹਰ ਤਰ੍ਹਾਂ ਦੇ ਵਾਧੂ ਕੰਮ ਨਰੇਗਾ ਮੁਲਾਜ਼ਮ ਸੇਵਾ ਨਿਭਾਉਂਦੇ ਹਨ, ਪਰ ਸਰਕਾਰ ਉਨ੍ਹਾਂ ਨਾਲ ਮਤਰੇਈ ਮਾਂ ਵਰਗਾ ਸਲੂਕ ਕਰ ਰਹੀ ਹੈ।ਉਨ੍ਹਾਂ ਕਿਹਾ ਕਿ 15 ਜੁਲਾਈ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਘਰ ਖੰਨਾ ਵਿਖੇ ਘਿਰਾਓ ਕੀਤਾ ਜਾਵੇਗਾ ਤੇ ਮੰਗਾਂ ਮਨਾਉਣ ਲਈ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਮੀਤ ਪ੍ਰਧਾਨ ਲਖਵੀਰ ਸਿੰਘ, ਗੁਰਦੀਪ ਸਿੰਘ, ਰਵਿੰਦਰ ਸਿੰਘ, ਚੰਦਨ ਮੋਹਨ, ਜਗਰਾਜ ਸਿੰਘ ਤੇ ਨਰੇਗਾ ਮਜ਼ਦੂਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਸੀ ਪੀ ਆਈ ਦੀ 1 ਸਤੰਬਰ ਵਾਲੀ ਰੈਲੀ ਦੇਸ਼ 'ਚ ਤਬਦੀਲੀ ਦਾ ਦੌਰ ਸ਼ੁਰੂ ਕਰੇਗੀ : ਚੌਹਾਨ

- ਪਾਰਟੀ ਵੱਲੋਂ ਲੋਕ ਲਾਮਬੰਦੀ ਲਈ 1 ਤੋਂ 15 ਅਗਸਤ ਤੱਕ ਪਦ ਯਾਤਰਾ ਦਾ ਐਲਾਨ : ਭੀਖੀ/ਵੇਦ ਪ੍ਰਕਾਸ਼
- ਤਿਆਰੀ ਸੰਬੰਧੀ ਜ਼ਿਲ੍ਹਾ ਕੌਂਸਲ ਮੀਟਿੰਗ 13 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**

ਸੀ ਪੀ ਆਈ ਦੀ ਦਿੱਲੀ ਚੱਲੋ, ਬਦਲਾਅ ਜ਼ਰੂਰੀ ਹੈ, ਇੱਕ ਸਤੰਬਰ ਦੀ ਰੈਲੀ ਦੇਸ਼ 'ਚ ਤਬਦੀਲੀ ਦਾ ਦੌਰ ਸ਼ੁਰੂ ਕਰੇਗੀ, ਕਿਉਂਕਿ ਦੇਸ਼ ਦੀ ਮੋਦੀ ਸਰਕਾਰ ਤੇ ਆਰ ਐੱਸ ਐੱਸ ਦੀਆਂ ਦੇਸ਼ ਤੇ ਸੰਵਿਧਾਨ ਵਿਰੋਧੀ ਕਾਰਵਾਈਆਂ ਭਾਈਚਾਰਕ ਸਾਂਝ ਨੂੰ ਕਮਜ਼ੋਰ ਕਰਨ, ਸੰਵਿਧਾਨ ਨੂੰ ਛਿੱਕੇ ਟੰਗ ਕੇ ਸੰਵਿਧਾਨਕ ਸੰਸਥਾਵਾਂ ਨਿਆਂ ਪਾਲਿਕਾ, ਵਿਧਾਨ ਪਾਲਿਕਾ ਆਦਿ ਨੂੰ ਆਪਣੇ ਸਿਆਸੀ ਮੁਫਾਦਾਂ ਲਈ ਵਰਤੋਂ ਕਰਦਿਆਂ ਦਲਿਤ, ਘੱਟ ਗਿਣਤੀਆਂ ਤੇ ਆਦਿਵਾਸੀਆਂ 'ਤੇ ਵੱਡੇ ਹਮਲੇ ਕੀਤੇ ਜਾ ਰਹੇ ਹਨ।ਇਸ ਲਈ ਲੋਕਾਂ ਨੂੰ ਜਾਗਰੂਕ ਕਰਕੇ ਨਿਆਂ, ਰੁਜ਼ਗਾਰ, ਸਿੱਖਿਆ ਤੇ ਲੋਕਤੰਤਰ ਦੀ ਰੱਖਿਆ ਲਈ 'ਹਮ ਸਬ ਏਕ ਸਾਥ' ਦੇ ਨਾਹਰੇ ਤਹਿਤ ਕਾਫਲੇ ਬੰਨ੍ਹ ਤੁਰੀਏ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਨੇ ਪ੍ਰੈੱਸ ਬਿਆਨ ਰਾਹੀਂ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਰੈਲੀ ਦੀਆਂ ਤਿਆਰੀਆਂ ਤੇ ਸਫਲਤਾ ਲਈ 13 ਜੁਲਾਈ ਨੂੰ ਸਥਾਨਕ ਤੇਜ਼ਾ ਸਿੰਘ ਸੁਤੰਤਰ ਭਵਨ ਸੀ ਪੀ ਆਈ ਦਫ਼ਤਰ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਕੀਤੀ ਜਾਵੇਗੀ।ਮੀਟਿੰਗ 'ਚ ਸਮੁੱਚੀ ਜ਼ਿਲ੍ਹਾ ਲੀਡਰਸ਼ਿਪ ਸ਼ਾਮਲ ਹੋਵੇਗੀ।ਇਸ ਦੌਰਾਨ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਵੀ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ।ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਆਗੂ ਤੇ ਏਟਕ ਦੇ ਜ਼ਿਲ੍ਹਾ ਕੈਸ਼ੀਅਰ ਕਾਮਰੇਡ ਕਰਨੈਲ ਸਿੰਘ ਭੀਖੀ, ਪਾਰਟੀ ਦੇ ਜ਼ਿਲ੍ਹਾ ਸਹਾਇਕ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ ਨੇ ਕਿਹਾ ਕਿ ਪਾਰਟੀ ਪ੍ਰੋਗਰਾਮ ਤੇ ਰੈਲੀ ਦੀ ਸਫਲਤਾ ਲਈ 1 ਤੋਂ 15 ਅਗਸਤ ਤੱਕ ਪਦ ਯਾਤਰਾ ਰਾਹੀਂ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਤਾਰਾਮ ਗੋਬਿੰਦਪੁਰਾ ਸਕੱਤਰ ਬੁਢਲਾਡਾ, ਰੂਪ ਸਿੰਘ ਢਿੱਲੋਂ ਸਕੱਤਰ ਮਾਨਸਾ, ਸਾਧੂ ਸਿੰਘ ਰਾਮਾਨੰਦੀ ਸਕੱਤਰ ਸਰਦੂਲਗੜ੍ਹ, ਰਤਨ ਭੋਲਾ ਸਕੱਤਰ ਸ਼ਹਿਰ ਕਮੇਟੀ, ਬਲਦੇਵ ਸਿੰਘ ਬਾਜੇਵਾਲਾ, ਬਲਵੰਤ ਸਿੰਘ ਫੱਕਰ, ਮਲਕੀਤ ਸਿੰਘ ਮੰਦਰਾਂ, ਏਟਕ ਜਗਸੀਰ ਰਾਏਕੇ, ਬੂਟਾ ਬਰਨਾਲਾ, ਰਾਜ ਕੁਮਾਰ ਸ਼ਰਮਾ, ਨੌਜਵਾਨ ਆਗੂ ਰਜਿੰਦਰ ਹੀਰੇਵਾਲਾ, ਜਗਤਾਰ ਕਾਲਾ, ਕਰਨੈਲ ਸਿੰਘ ਦਾਤੇਵਾਸ, ਕਪੂਰ ਸਿੰਘ ਕੋਟਲੱਲੂ, ਗੁਰਪਿਆਰ ਸਿੰਘ ਫੱਤਾ ਆਦਿ ਆਗੂ ਹਾਜ਼ਰ ਸਨ।

# ਅਵਤਾਰ ਸਿੰਘ ਤਾਰੀ ਨਗਰ ਕੌਂਸਲ ਦੇ ਪ੍ਰਧਾਨ ਤੇ ਕਰਮਜੀਤ ਕੌਰ ਉਪ ਪ੍ਰਧਾਨ ਚੁਣੇ

**ਭਵਾਨੀਗੜ੍ਹ (ਰਾਜ ਖੁਰਮੀ)**

ਭਵਾਨੀਗੜ੍ਹ ਨਗਰ ਕੌਂਸਲ ਦੇ ਪ੍ਰਧਾਨ ਅਤੇ ਉਪ ਪ੍ਰਧਾਨ ਦੀ ਚੋਣ ਨੂੰ ਲੈ ਕੇ ਲੰਮੇ ਸਮੇਂ ਤੋਂ ਚੱਲ ਰਹੀ ਉਡੀਕ ਖਤਮ ਹੋ ਗਈ।ਤੀਜੀ ਵਾਰ ਸੱਦੀ ਗਈ ਨਗਰ ਕੌਂਸਲ ਦੀ ਮੀਟਿੰਗ ਦੌਰਾਨ ਅਵਤਾਰ ਸਿੰਘ ਤਾਰੀ ਨੂੰ ਪ੍ਰਧਾਨ ਤੇ ਕਰਮਜੀਤ ਕੌਰ ਨੂੰ ਉਪ ਪ੍ਰਧਾਨ ਚੁਣ ਲਿਆ ਗਿਆ।ਮੀਟਿੰਗ ਦੀ ਪ੍ਰਧਾਨਗੀ ਐਸ.ਡੀ.ਐਮ. ਮਨਜੀਤ ਕੌਰ ਨੇ ਕੀਤੀ।ਇਸ ਮੌਕੇ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਪੰਜਾਬ ਇੰਫੋਟੈਕ ਦੇ ਚੇਅਰਮੈਨ ਗੁਨਿੰਦਰਜੀਤ ਸਿੰਘ 'ਮਿੰਕੂ' ਜਵੰਧਾ ਤੇ ਹਰਪਾਲ ਜੁਨੇਜਾ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

ਮੀਟਿੰਗ ਵਿੱਚ ਨਗਰ ਕੌਂਸਲ ਦੇ 15 ਮੈਂਬਰਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੇ 7, ਕਾਂਗਰਸ ਦੇ 7 ਤੇ ਸ਼੍ਰੋਮਣੀ ਅਕਾਲੀ ਦਲ ਦਾ ਇੱਕ ਕੌਂਸਲਰ ਸ਼ਾਮਲ ਸੀ।ਵੋਟਿੰਗ ਦੌਰਾਨ ਆਮ ਆਦਮੀ ਪਾਰਟੀ ਦੇ ਸੱਤ ਕੌਂਸਲਰਾਂ ਦੇ ਨਾਲ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਤੇ ਸ਼੍ਰੋਮਣੀ ਅਕਾਲੀ ਦਲ ਦੀ ਕੌਂਸਲਰ ਜਸਵੀਰ ਕੌਰ ਦੇ ਸਮਰਥਨ ਨਾਲ ਕੁੱਲ 9 ਵੋਟਾਂ ਪ੍ਰਾਪਤ ਹੋਈਆਂ, ਜਿਸ ਦੇ ਆਧਾਰ 'ਤੇ ਅਵਤਾਰ ਸਿੰਘ ਤਾਰੀ ਨੂੰ ਪ੍ਰਧਾਨ ਅਤੇ ਕਰਮਜੀਤ ਕੌਰ ਨੂੰ ਉਪ ਪ੍ਰਧਾਨ ਐਲਾਨਿਆ ਗਿਆ।

ਚੋਣ ਉਪਰੰਤ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਭਵਾਨੀਗੜ੍ਹ ਵਿੱਚ ਪਹਿਲੀ ਵਾਰ ਆਮ ਆਦਮੀ ਪਾਰਟੀ ਦਾ ਪ੍ਰਧਾਨ ਬਣਿਆ ਹੈ, ਜੋ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦੇ ਭਰੋਸੇ ਦਾ ਨਤੀਜਾ ਹੈ।ਉਨ੍ਹਾਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ ਤੇ ਸਮੂਹ ਵਲੰਟੀਅਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਵਿਕਾਸ ਨਾਲ ਸਬੰਧਤ ਜੋ ਕੰਮ ਲੰਮੇ ਸਮੇਂ ਤੋਂ ਰੁਕੇ ਹੋਏ ਹਨ, ਉਨ੍ਹਾਂ ਨੂੰ ਤਰਜੀਹ ਦੇ ਸ਼ੁਰੂ ਕਰਾਇਆ ਜਾਵੇਗਾ ਤਾਂ ਜੁ ਸ਼ਹਿਰ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲ ਸਕਣ।

# ਸਫ਼ਾਈ ਕਰਮਚਾਰੀਆਂ ਦੀ ਹੜਤਾਲ ਤੀਸਰੇ ਦਿਨ 'ਚ ਸ਼ਾਮਲ, ਸ਼ਹਿਰ 'ਚ ਗੰਦਗੀ ਦੇ ਲੱਗੇ ਢੇਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁਕਤਸਰ ਵਿੱਚ ਸਫ਼ਾਈ ਕਰਮਚਾਰੀਆਂ ਦੀ ਅਣਮਿੱਥੇ ਸਮੇਂ ਦੀ ਹੜਤਾਲ ਵੀਰਵਾਰ ਨੂੰ ਦੂਜੇ ਦਿਨ ਵੀ ਜਾਰੀ ਰਹੀ।ਹੜਤਾਲ ਕਾਰਨ ਪੂਰੇ ਸ਼ਹਿਰ 'ਚ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਚਰਮਰਾ ਗਈ ਹੈ ਤੇ ਥਾਂ-ਥਾਂ ਕੂੜੇ ਦੇ ਢੇਰ ਲੱਗ ਗਏ ਹਨ।ਨਗਰ ਕੌਂਸਲ ਦੇ ਕਰੀਬ 200 ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਕੰਮ ਤੋਂ ਦੂਰ ਹਨ, ਜਿਸ ਦਾ ਸਿੱਧਾ ਅਸਰ ਆਮ ਲੋਕਾਂ 'ਤੇ ਪੈ ਰਿਹਾ ਹੈ।

ਹੜਤਾਲ ਕਾਰਨ ਸ਼ਹਿਰ ਦੇ ਸਾਰੇ 31 ਵਾਰਡਾਂ 'ਚ ਨਾ ਤਾਂ ਡੋਰ-ਟੂ-ਡੋਰ ਕੂੜਾ ਚੁੱਕਿਆ ਜਾ ਰਿਹਾ ਹੈ ਤੇ ਨਾ ਹੀ ਡੰਪਾਂ ਤੇ ਸੜਕਾਂ ਤੋਂ ਕੂੜਾ ਹਟਾਇਆ ਜਾ ਰਿਹਾ ਹੈ।ਨਗਰ ਕੌਂਸਲ ਦਫ਼ਤਰ ਦੇ ਸਾਹਮਣੇ ਸ਼ੇਰ ਸਿੰਘ ਚੌਕ 'ਚ ਬਣਿਆ ਮੁੱਖ ਕੂੜਾ ਡੰਪ ਪੂਰੀ ਤਰ੍ਹਾਂ ਭਰ ਚੁੱਕਾ ਹੈ।ਕੂੜਾ ਹੁਣ ਸੜਕ ਤੱਕ ਫੈਲ ਕੇ ਬਿਖਰ ਰਿਹਾ ਹੈ।ਪੁਰਾਣੀ ਮੰਡੀ ਨੇੜੇ ਸਥਿਤ ਡੰਪ ਦੀ ਵੀ ਇਹੀ ਸਥਿਤੀ ਹੈ।ਰੇਲਵੇ ਰੋਡ, ਗੋਨਿਆਣਾ ਰੋਡ, ਅਬੋਹਰ ਰੋਡ, ਜਲਾਲਾਬਾਦ ਰੋਡ ਸਮੇਤ ਸ਼ਹਿਰ ਦੀਆਂ ਕਈ ਗਲੀਆਂ ਤੇ ਮੁਹੱਲਿਆਂ ਵਿੱਚ ਗੰਦਗੀ ਦੇ ਢੇਰ ਲੱਗੇ ਹੋਏ ਹਨ।ਨਗਰ ਕੌਂਸਲ ਵਿੱਚੋਂ ਰੋਜ਼ਾਨਾ ਕਰੀਬ 20-22 ਟਨ ਕੂੜਾ ਨਿਕਲਦਾ ਹੈ।ਦੋ ਦਿਨਾਂ ਤੋਂ ਕੂੜਾ ਨਾ ਚੁੱਕੇ ਜਾਣ ਕਾਰਨ ਇਹ ਸਾਰਾ ਕੂੜਾ ਸੜਕਾਂ ਤੇ ਗਲੀਆਂ ਵਿੱਚ ਜਮ੍ਹਾਂ ਹੋ ਗਿਆ ਹੈ।ਗਰਮੀ ਦੇ ਮੌਸਮ ਵਿੱਚ ਬਦਬੂ ਤੇ ਮੱਛਰਾਂ ਦੀ ਸਮੱਸਿਆ ਵੀ ਵਧਣ ਲੱਗੀ ਹੈ।ਇੱਕ ਪਾਸੇ ਕਰਮਚਾਰੀਆਂ ਦਾ ਸੰਘਰਸ਼ ਤੇ ਦੂਜੇ ਪਾਸੇ ਸ਼ਹਿਰ ਵਿੱਚ ਵਧਦੀ ਗੰਦਗੀ ਨੇ ਪ੍ਰਸ਼ਾਸਨ ਲਈ ਚੁਣੌਤੀ ਖੜ੍ਹੀ ਕਰ ਦਿੱਤੀ ਹੈ।ਜੇਕਰ ਜਲਦ ਹੱਲ ਨਾ ਨਿਕਲਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਹਾਲਾਤ ਹੋਰ ਗੰਭੀਰ ਹੋ ਸਕਦੇ ਹਨ, ਕਿਉਂਕਿ ਮਾਨਸੂਨ ਦੇ ਚੱਲਦਿਆ ਬਾਰਿਸ਼ਾਂ ਦੇ ਨਾਲ ਸ਼ਹਿਰ ਹਾਲੋ ਬੇਹਾਲ ਹੋਣ ਵਾਲਾ ਹੈ।ਲੋਕ ਬੋਲੇ, ਪਹਿਲਾਂ ਹੀ ਜੂਝ ਰਹੇ ਹਾਂ ਸੀਵਰੇਜ ਦੀ ਸਮੱਸਿਆ ਨਾਲ ਸ਼ਹਿਰ ਵਾਸੀ ਹਰਪ੍ਰੀਤ ਸਿੰਘ, ਗੁਰਮਾਨ ਸਿੰਘ ਤੇ ਜਤਿੰਦਰ ਸਿੰਘ ਨੇ ਕਿਹਾ ਕਿ ਗਰਮੀ 'ਚ ਫੈਲੀ ਗੰਦਗੀ ਕਾਰਨ ਜਿਊਣਾ ਮੁਸ਼ਕਲ ਹੋ ਗਿਆ ਹੈ।ਪਹਿਲਾਂ ਹੀ ਕਈ ਗਲੀਆਂ 'ਚ ਸੀਵਰੇਜ ਜਾਮ ਦੀ ਸਮੱਸਿਆ ਬਣੀ ਹੋਈ ਹੈ।ਹੁਣ ਸਫ਼ਾਈ ਵਿਵਸਥਾ ਵੀ ਠੱਪ ਹੋ ਜਾਣ ਕਾਰਨ ਬਿਮਾਰੀਆਂ ਦਾ ਖ਼ਤਰਾ ਵਧ ਗਿਆ ਹੈ।ਘਰਾਂ ਤੋਂ ਕੂੜਾ ਨਾ ਚੁੱਕੇ ਜਾਣ ਕਾਰਨ ਕਈ ਲੋਕ ਮਜਬੂਰੀ 'ਚ ਕੂੜਾ ਸੜਕ ਕਿਨਾਰੇ ਸੁੱਟਣ ਲਈ ਮਜਬੂਰ ਹਨ।

ਕਰਮਚਾਰੀਆਂ ਦਾ ਰੁਖ਼ ਸਖ਼ਤ ਸਫ਼ਾਈ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਵਿਜੇ ਕੁਮਾਰ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਮੰਗਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ।ਕਰਮਚਾਰੀਆਂ ਨੂੰ ਪੱਕਾ ਕਰਨ ਤੇ ਹੋਰ ਸਹੂਲਤਾਂ ਨਾਲ ਜੁੜੇ ਮੁੱਦੇ ਸਰਕਾਰ ਕੋਲ ਪੈਂਡਿੰਗ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ 'ਤੇ ਕੋਈ ਠੋਸ ਫ਼ੈਸਲਾ ਨਹੀਂ ਲੈਂਦੀ, ਹੜਤਾਲ ਜਾਰੀ ਰਹੇਗੀ।

### ਬਿਜਲੀ ਮੀਟਰ ਦੀ ਰੀਡਿੰਗ ਲੈਣ ਵਾਲੇ ਕਰਮਚਾਰੀ ਹੜਤਾਲ 'ਤੇ, ਖਪਤਕਾਰ ਪ੍ਰੇਸ਼ਾਨ

**ਬਰੇਟਾ (ਰੀਤਵਾਲ)**-ਪਿਛਲੇ ਸਮੇਂ ਤੋਂ ਬਿਜਲੀ ਮੀਟਰਾਂ ਦੀ ਰੀਡਿੰਗ ਲੈਣ ਵਾਲੇ ਕਰਮਚਾਰੀਆਂ ਦੀ ਹੜਤਾਲ ਕਾਰਨ ਖਪਤਕਾਰਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੜਤਾਲ ਕਾਰਨ ਘਰਾਂ ਤੇ ਵਪਾਰਕ ਅਦਾਰਿਆਂ ਦੇ ਮੀਟਰਾਂ ਦੀ ਸਮੇਂ ਸਿਰ ਰੀਡਿੰਗ ਨਹੀਂ ਹੋ ਰਹੀ, ਜਿਸ ਨਾਲ ਬਿਜਲੀ ਬਿੱਲਾਂ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਵਧ ਰਹੀ ਹੈ।ਖਪਤਕਾਰਾਂ ਦਾ ਕਹਿਣਾ ਹੈ ਕਿ ਜੇਕਰ ਰੀਡਿੰਗ ਸਮੇਂ ਸਿਰ ਨਾ ਲਈ ਗਈ ਤਾਂ ਗਲਤ ਜਾਂ ਔਸਤ ਅਧਾਰਤ ਬਿੱਲ ਜਾਰੀ ਹੋ ਸਕਦੇ ਹਨ, ਜਿਸ ਨਾਲ ਉਨ੍ਹਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਸਕਦਾ ਹੈ।ਕਈ ਲੋਕਾਂ ਨੇ ਇਹ ਵੀ ਕਿਹਾ ਕਿ ਹੜਤਾਲ ਲੰਬੀ ਚੱਲਣ ਨਾਲ ਬਿੱਲਾਂ ਦੀ ਅਦਾਇਗੀ ਤੇ ਹੋਰ ਸੇਵਾਵਾਂ ਪ੍ਰਭਾਵਿਤ ਹੋ ਸਕਦੀਆਂ ਹਨ।ਖਪਤਕਾਰ ਸੁਮੇਸ਼ ਬਾਲੀ, ਵਿਜੈ ਬਾਂਸਲ ਤੇ ਅਜੈਬ ਸਿੰਘ ਬਾਂਗਰੂ ਦਾ ਕਹਿਣਾ ਹੈ ਕਿ ਲੋਕਾਂ ਨੂੰ ਦੋ ਮਹੀਨੇ ਦੀ ਬਜਾਏ ਚਾਰ ਮਹੀਨੇ ਬਾਅਦ ਆਉਣ ਵਾਲੇ ਬਿਜਲੀ ਦੇ ਬਿੱਲਾਂ ਨੂੰ ਭਰਨ ਦੇ ਲਈ ਭਾਰੀ ਮੁਸ਼ਕਲ ਹੋਵੇਗੀ।ਦੂਜੇ ਪਾਸੇ, ਹੜਤਾਲ 'ਤੇ ਬੈਠੇ ਕਰਮਚਾਰੀਆਂ ਦਾ ਕਹਿਣਾ ਹੈ ਕਿ ਉਹ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਸਰਕਾਰ ਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਜਲਦੀ ਹੱਲ ਕੀਤਾ ਜਾਵੇ ਤਾਂ ਜੋ ਉਹ ਮੁੜ ਆਪਣੀਆਂ ਡਿਊਟੀਆਂ ਸੰਭਾਲ ਸਕਣ।ਖਪਤਕਾਰਾਂ ਨੇ ਵੀ ਸਰਕਾਰ ਤੇ ਬਿਜਲੀ ਵਿਭਾਗ ਨੂੰ ਅਪੀਲ ਕੀਤੀ ਹੈ ਕਿ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਜਲਦ ਹੱਲ ਕੱਢਿਆ ਜਾਵੇ, ਤਾਂ ਜੋ ਬਿਜਲੀ ਸੇਵਾਵਾਂ ਆਮ ਵਾਂਗ ਬਹਾਲ ਹੋ ਸਕਣ ਤੇ ਲੋਕਾਂ ਨੂੰ ਹੋਰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਕੰਪਿਊਟਰ ਅਧਿਆਪਕ 12 ਨੂੰ ਵਿੱਤ ਮੰਤਰੀ ਦੇ ਹਲਕੇ 'ਚ ਕਰਨਗੇ ਰੋਸ ਰੈਲੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਦਿੜ੍ਹਬਾ ਰੈਲੀ ਦੇ ਸਬੰਧ ਵਿਚ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਇਕਾਈ ਫਿਰੋਜ਼ਪੁਰ ਦੇ ਆਗੂਆਂ ਦੀ ਇਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਸੰਧੂ ਅਤੇ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਹਰਜੀਤ ਸਿੰਘ ਸੰਧੂ ਦੀ ਅਗਵਾਈ ਵਿਚ ਗਾਂਧੀ ਗਾਰਡਨ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਉਪਰੰਤ ਆਗੂਆਂ ਨੇ ਦੱਸਿਆ ਕਿ ਪੰਜਾਬ ਦੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੇ ਸਰਕਾਰ ਦੇ ਝੂਠੇ ਵਾਅਦਿਆਂ ਤੇ ਲਗਾਤਾਰ ਹੋ ਰਹੀ ਅਣਦੇਖੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ।

ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਲਏ ਗਏ ਫੈਸਲੇ ਅਨੁਸਾਰ 12 ਜੁਲਾਈ ਨੂੰ ਵਿੱਤ ਮੰਤਰੀ ਦੇ ਹਲਕੇ ਦਿੜ੍ਹਬੇ ਵਿਚ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਹੈ। ਪੰਜਾਬ ਦੇ 6640 ਕੰਪਿਊਟਰ ਅਧਿਆਪਕਾਂ ਨੂੰ 2 ਦਸੰਬਰ 2010 ਵਿਚ ਰਾਜਪਾਲ ਦੀ ਪ੍ਰਵਾਨਗੀ ਨਾਲ ਪੰਜਾਬ ਸਰਕਾਰ ਵੱਲੋਂ ਜਾਰੀ ਰੈਗੂਲਰ ਨੋਟੀਫਿਕੇਸ਼ਨ ਤੇ 2011 ਵਿੱਚ ਰੈਗੂਲਰ ਨਿਯੁਕਤੀ ਪੱਤਰ ਮਿਲਣ ਦੇ ਬਾਵਜੂਦ, ਸੋਸਾਇਟੀ (ਪੀਆਈਸੀਟੀਈਐਸ) ਦੇ ਨਾਂ 'ਤੇ ਗੁੰਮਰਾਹ ਕੀਤਾ ਜਾ ਰਿਹਾ ਹੈ। ਮਾਣਯੋਗ ਹਾਈਕੋਰਟ ਵਿਚ ਕੰਪਿਊਟਰ ਅਧਿਆਪਕਾਂ ਦੇ ਹੱਕ ਵਿਚ ਫੈਸਲਾ ਆਉਣ ਦੇ ਬਾਵਜੂਦ ਪੰਜਾਬ ਸਰਕਾਰ ਉਸ ਨੂੰ ਲਾਗੂ ਕਰਨ ਦੀ ਥਾਂ ਸੁਪਰੀਮ ਕੋਰਟ ਚਲੀ ਗਈ ਹੈ ਤੇ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਅਧਿਆਪਕਾਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ 2 ਦਸੰਬਰ 2010 ਦਾ ਨੋਟੀਫਿਕੇਸ਼ਨ, ਚੋਣ ਮੈਨੀਫੈਸਟੋ ਵਿੱਚ ਕੀਤਾ ਵਾਅਦਾ ਤੇ 15 ਸਤੰਬਰ 2022 ਨੂੰ ਸਿੱਖਿਆ ਮੰਤਰੀ ਵੱਲੋਂ ਕੀਤਾ ਅਧਿਕਾਰਤ ਐਲਾਨ ਇੰਨ-ਬਿੰਨ ਲਾਗੂ ਨਹੀਂ ਹੁੰਦਾ, ਸੰਘਰਸ਼ ਜਾਰੀ ਰਹੇਗਾ।

ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਆਗੂ ਰਵੀਇੰਦਰ ਸਿੰਘ ਗਿੱਲ, ਸ਼ਮਸ਼ੇਰ ਸਿੰਘ ਗਿੱਲ, ਗਗਨਦੀਪ ਸਿੰਘ ਗਿੱਲ, ਸਤਨਾਮ ਸਿੰਘ ਧੰਜੂ, ਗੁਲਸ਼ਨ ਕੁਮਾਰ, ਵਿਜੇ ਕੁਮਾਰ, ਸਤੀਸ਼ ਕੁਮਾਰ, ਮਿਸਾਲ ਧਵਨ, ਸੰਜੀਵ ਕੁਮਾਰ, ਪ੍ਰਿਤਪਾਲ ਸਿੰਘ, ਅਜੇ ਕੁਮਾਰ, ਜਸਪ੍ਰੀਤ ਸਿੰਘ ਸੈਣੀ, ਇੰਦਰਜੀਤ ਕਲਸੀ, ਮੁਕੇਸ਼ ਚੌਹਾਨ, ਗੌਰਵ ਪੁਰੀ, ਵੰਦਨਾ ਅਤੇ ਕੰਚਨ ਆਦਿ ਕੰਪਿਊਟਰ ਅਧਿਆਪਕ ਹਾਜ਼ਰ ਸਨ।

# ਹਲਕਾ ਇੰਚਾਰਜ ਵੱਲੋਂ ਨਗਰ ਕੌਂਸਲ ਪ੍ਰਧਾਨ ਤੇ ਐੱਮ ਸੀ ਨੂੰ ਥਾਪੜਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਹਲਕਾ ਸਨੌਰ 'ਚ ਆਮ ਆਦਮੀ ਪਾਰਟੀ ਦੀ ਅੰਦਰੂਨੀ ਸਿਆਸਤ 'ਚ ਉਬਾਲ ਆ ਗਿਆ ਹੈ।ਸੁਲ੍ਹਾ-ਸਫ਼ਾਈ ਵਾਲੇ ਰੌਅ 'ਚ ਦਿਖਾਈ ਦੇਣ ਵਾਲੀ ਸਿਆਸਤ ਨੇ ਹੁਣ ਇਕ ਨਵਾਂ ਮੋੜ ਲੈ ਲਿਆ ਹੈ।ਇੱਕ ਦਿਨ ਪਹਿਲਾਂ ਹਲਕਾ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦੇ ਹੱਕ 'ਚ ਬੋਲਣ ਵਾਲੇ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਜੋਸ਼ਨ ਨੇ ਹੁਣ ਇਕ ਵੀਡੀਓ ਜਾਰੀ ਕਰਕੇ ਵਿਧਾਇਕ 'ਤੇ ਗੰਭੀਰ ਦੋਸ਼ ਲਾਏ ਹਨ। ਪ੍ਰਧਾਨ ਨੇ ਵਿਧਾਇਕ ਉੱਤੇ ਧੱਕੇਸ਼ਾਹੀ ਕਰਨ, ਉਨ੍ਹਾਂ ਦੀ ਕੁਰਸੀ 'ਤੇ ਜ਼ਬਰਦਸਤੀ ਬੈਠਣ ਤੇ ਧਮਕਾਉਣ ਦੇ ਦੋਸ਼ ਲਾਉਂਦਿਆਂ ਖੁੱਲ੍ਹੀ ਬਗਾਵਤ ਕਰ ਦਿੱਤੀ ਹੈ।ਨਗਰ ਕੌਂਸਲ ਪ੍ਰਧਾਨ ਨੇ ਵਿਧਾਇਕ ਨੂੰ ਪੂਰੀ ਵੀਡੀਓ ਲੋਕਾਂ ਸਾਹਮਣੇ ਰੱਖਣ ਦੀ ਗੱਲ ਕਹੀ ਹੈ।ਦੂਜੇ ਪਾਸੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਪੂਰੀ ਵੀਡੀਓ ਸੋਸ਼ਲ ਮੀਡੀਆ 'ਤੇ ਪਾਉਣ ਦਾ ਦੱਸ ਕੇ ਕੁਝ ਵੀ ਕਹਿਣ ਤੋਂ ਇਨਕਾਰ ਕਰ ਦਿੱਤਾ।ਇਹ ਹੈ ਪੂਰਾ ਮਾਮਲਾ ਸੋਸ਼ਲ ਮੀਡੀਆ 'ਤੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਤੇ ਕੌਂਸਲ ਪ੍ਰਧਾਨ ਪ੍ਰਦੀਪ ਜੋਸ਼ਨ ਦੀ ਇੱਕ ਵੀਡੀਓ ਵਾਇਰਲ ਹੋਈ ਸੀ, ਇਸ ਵਿੱਚ ਪਠਾਨਮਾਜਰਾ ਨਗਰ ਕੌਂਸਲ ਪ੍ਰਧਾਨ ਦੀ ਕੁਰਸੀ 'ਤੇ ਬੈਠੇ ਦਿਖਾਈ ਦੇ ਰਹੇ ਸਨ, ਜਦੋਂਕਿ ਪ੍ਰਧਾਨ ਜੋਸ਼ਨ ਉਨ੍ਹਾਂ ਦੇ ਬਰਾਬਰ ਬੈਠੇ ਸਨ।ਵੀਡੀਓ ਵਿੱਚ ਜੋਸ਼ਨ ਇਹ ਕਹਿੰਦੇ ਸੁਣੇ ਗਏ ਕਿ 'ਜੇਕਰ ਮੈਨੂੰ ਪ੍ਰਧਾਨ ਬਣਾਇਆ ਹੈ, ਤਾਂ ਹਰਮੀਤ ਸਿੰਘ ਪਠਾਨਮਾਜਰਾ ਨੇ ਹੀ ਬਣਾਇਆ ਹੈ।ਮੈਂ ਉਨ੍ਹਾਂ ਦੇ ਵਿਰੁੱਧ ਕਦੇ ਨਹੀਂ ਬੋਲਿਆ।ਉਨ੍ਹਾਂ ਦਾ ਮੇਰੇ 'ਤੇ ਅਹਿਸਾਨ ਹੈ ਅਤੇ ਜੇ ਅੱਜ ਮੈਨੂੰ ਪ੍ਰਧਾਨਗੀ ਛੱਡਣੀ ਪਵੇ, ਤਾਂ ਮੈਂ ਹੁਣੇ ਛੱਡਣ ਨੂੰ ਤਿਆਰ ਹਾਂ' ਇਸ ਵੀਡੀਓ ਦੇ ਵਾਇਰਲ ਹੁੰਦਿਆਂ ਹੀ ਹਲਕੇ ਦੀ ਸਿਆਸਤ ਗਰਮਾ ਗਈ, ਜਿਸ ਤੋਂ ਬਾਅਦ ਹੁਣ ਨਗਰ ਕੌਂਸਲ ਪ੍ਰਧਾਨ ਨੇ ਖੁਦ ਸਾਹਮਣੇ ਆ ਕੇ ਸਪੱਸ਼ਟੀਕਰਨ ਦਿੱਤਾ ਹੈ ਤੇ ਵਿਧਾਇਕ ਨਾਲੋਂ ਪੂਰੀ ਤਰ੍ਹਾਂ ਕਿਨਾਰਾ ਕਰ ਲਿਆ ਹੈ।ਪ੍ਰਧਾਨ ਪ੍ਰਦੀਪ ਜੋਸ਼ਨ ਦਾ ਪਲਟਵਾਰ ਪ੍ਰਧਾਨ ਪ੍ਰਦੀਪ ਜੋਸ਼ਨ ਨੇ ਵਿਧਾਇਕ ਧਿਰ 'ਤੇ ਸਿਆਸੀ ਹਿੱਤਾਂ ਲਈ ਵੀਡੀਓ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦਾ ਦੋਸ਼ ਲਾਇਆ ਹੈ।ਉਨ੍ਹਾਂ ਕਿਹਾ ਕਿ ਜਿਹੜੀ ਸਵਾ ਜਾਂ ਡੇਢ ਮਿੰਟ ਦੀ ਵੀਡੀਓ ਵਾਇਰਲ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਉਹ ਪੂਰਾ ਸੱਚ ਨਹੀਂ ਹੈ।ਇਹ ਮਹਿਜ਼ ਇੱਕ ਛੋਟੀ ਜਿਹੀ ਕਲਿੱਪ ਹੈ, ਜਦੋਂਕਿ ਅਸਲ ਗੱਲਬਾਤ ਪੂਰੇ 35 ਤੋਂ 40 ਮਿੰਟ ਦੀ ਸੀ।ਜੋਸ਼ਨ ਨੇ ਬੀਤੇ ਦਿਨ ਦੀ ਘਟਨਾ ਬਾਰੇ ਦੱਸਿਆ ਕਿ ਉਹ ਕੌਂਸਲ ਦਫ਼ਤਰ ਵਿੱਚ ਕੌਂਸਲਰਾਂ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਸਬੰਧੀ ਅਹਿਮ ਚਰਚਾ ਕਰ ਰਹੇ ਸਨ।ਇਸੇ ਦੌਰਾਨ ਵਿਧਾਇਕ ਪਠਾਨਮਾਜਰਾ ਆਪਣੇ 5-7 ਸਮਰਥਕਾਂ ਨਾਲ ਉੱਥੇ ਧਮਕ ਗਏ ਅਤੇ ਆਉਂਦੇ ਹੀ ਪ੍ਰਧਾਨ ਦੀ ਕੁਰਸੀ 'ਤੇ ਬੈਠ ਗਏ।ਦੂਜੇ ਪਾਸੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਇਸ ਘਟਨਾਕ੍ਰਮ 'ਚ ਐਂਟਰੀ ਕਰਦੇ ਹੋਏ ਨਗਰ ਕੌਂਸਲ ਦੇ ਪ੍ਰਧਾਨ ਪ੍ਰਦੀਪ ਜੋਸਨ ਅਤੇ ਐਮ ਸੀਆਂ ਨੂੰ ਥਾਪੜਾ ਦਿੰਦੇ ਹੋਏ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੂੰ ਤਾੜਨਾ ਕੀਤੀ ਹੈ ਕਿ ਜੇਕਰ ਨਗਰ ਕੌਂਸਲ ਦੇ ਪ੍ਰਧਾਨ ਅਤੇ ਐਮ ਸੀਆਂ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਨਾ ਕੀਤਾ ਤਾਂ ਇਸ ਲਈ ਗੰਭੀਰ ਨਤੀਜੇ ਭੁਗਤਣ ਲਈ ਤਿਆਰ ਰਹਿਣ।

# ਡੀ ਟੀ ਐਫ਼ ਆਗੂਆਂ ਤੇ ਕੰਪਿਊਟਰ ਅਧਿਆਪਕਾਂ 'ਤੇ ਕੇਸ ਦਰਜ ਕਰਨ ਦੀ ਨਿਖੇਧੀ

**ਮਾਨਸਾ (ਆਤਮਾ ਸਿੰਘ ਪਮਾਰ)**

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਵੱਲੋਂ ਸੰਘਰਸ਼ ਕਰ ਰਹੇ ਜ਼ਿਲ੍ਹਾ ਸੰਗਰੂਰ ਦੇ ਡੀ.ਟੀ.ਐਫ਼ ਆਗੂਆਂ ਤੇ ਕੰਪਿਊਟਰ ਅਧਿਆਪਕਾਂ 'ਤੇ ਪੁਲਸ ਵੱਲੋਂ ਕੇਸ ਦਰਜ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ 2025 'ਚ ਕੰਪਿਊਟਰ ਅਧਿਆਪਕਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਗਰੂਰ ਵਿਖੇ ਵਿੱਤ ਮੰਤਰੀ ਹਰਪਾਲ ਚੀਮਾ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਸੀ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਸਾਬਕਾ ਸੂਬਾਈ ਸਕੱਤਰ ਬਲਬੀਰ ਚੰਦ ਲੌਂਗੋਵਾਲ ਤੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਆਪਣੇ ਸਾਥੀਆਂ ਸਮੇਤ ਕੰਪਿਊਟਰ ਅਧਿਆਪਕਾਂ ਨੂੰ ਰੈਗੂਲਰ ਕਰਨ ਲਈ ਜਾਇਜ਼ ਮੰਗ ਲਈ ਲਾਏ ਗਏ ਧਰਨੇ 'ਚ ਹਮਾਇਤ ਕਰਨ ਸ਼ਾਮਲ ਹੋਏ ਸਨ।ਸੰਗਰੂਰ ਪੁਲਿਸ ਵੱਲੋਂ ਕੰਪਿਊਟਰ ਅਧਿਆਪਕ ਯੂਨੀਅਨ ਦੇ ਚਾਰ ਆਗੂਆਂ ਅਤੇ ਡੀ ਟੀ ਐਫ਼ ਦੇ 2 ਆਗੂਆਂ ਖ਼ਿਲਾਫ਼ ਪਟਿਆਲਾ-ਧੂਰੀ ਰੋਡ ਤੇ ਧਰਨਾ ਦੇਣ ਕਾਰਨ ਪਰਚਾ ਦਰਜ ਕੀਤਾ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਮੋਦੀ ਸਰਕਾਰ ਦੀ ਤਰਜ਼ 'ਤੇ ਚੱਲਦਿਆਂ ਲੋਕਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ ਕੇ ਜ਼ੁਬਾਨਬੰਦੀ ਕਰਨ ਲੱਗੀ ਹੋਈ ਹੈ।ਸੱਤਾ ਤੋਂ ਪਹਿਲਾਂ 'ਆਪ' ਸਰਕਾਰ ਦੇ ਆਗੂ ਖ਼ੁਦ ਧਰਨਿਆਂ 'ਚ ਸ਼ਮੂਲੀਅਤ ਕਰਦੇ ਰਹੇ ਹਨ।ਇਨ੍ਹਾਂ ਅਧਿਆਪਕਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦੇ ਸਨ।

ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਇਸੇ ਤਰਾਂ ਹੀ 2023 'ਚ ਮਾਨਸਾ ਵਿਖੇ ਵੀ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੰਗ ਪੱਤਰ ਦੇਣ ਜਾ ਰਹੇ ਡੀ.ਟੀ.ਐਫ਼. ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਤਾਮਕੋਟ, ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਆਗੂ ਦਰਸ਼ਨ ਅਲੀਸ਼ੇਰ ਸਮੇਤ 158 ਅਧਿਆਪਕਾਂ, ਠੇਕਾ ਕਾਮਿਆਂ, ਬੇਰੁਜ਼ਗਾਰਾਂ 'ਤੇ ਕੇਸ ਦਰਜ ਕੀਤਾ ਹੋਇਆ ਹੈ, ਜੋ ਪ੍ਰਸ਼ਾਸਨ ਵੱਲੋਂ ਅਨੇਕਾਂ ਵਾਰ ਰੱਦ ਕਰਨ ਦਾ ਵਾਅਦਾ ਕਰਕੇ ਵੀ ਰੱਦ ਨਹੀਂ ਕੀਤਾ।

# ਰਾਜਾ ਵੜਿੰਗ ਦੇ ਜੱਦੀ ਸ਼ਹਿਰ 'ਚੋਂ ਉੱਠਦੀਆਂ ਅਵਾਜ਼ਾਂ ਨੂੰ ਦਬਾਉਣ ਲੱਗੀ ਕਾਂਗਰਸ

- ਤਿੰਨ ਆਗੂਆਂ ਖਿਲਾਫ ਅਨੁਸ਼ਾਸਨੀ ਕਾਰਵਾਈ
- ਮੈਂ 'ਰਾਜਾ ਮਾਰਕਾ ਕਾਂਗਰਸ' ਦਾ ਹਿੱਸਾ ਨਾ ਪਹਿਲਾਂ ਸੀ, ਨਾ ਹੁਣ ਹਾਂ : ਬਿੱਲੂ ਸਿੱਧੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪ੍ਰਧਾਨਗੀ ਤੋਂ ਪੈਦਾ ਹੋਇਆ ਵਿਵਾਦ ਹੁਣ ਉਨ੍ਹਾਂ ਦੇ ਜੱਦੀ ਸ਼ਹਿਰ ਤੱਕ ਪੁੱਜ ਗਿਆ ਹੈ, ਜਿਸ ਦੇ ਚੱਲਦਿਆਂ ਟਕਸਾਲੀ ਕਾਂਗਰਸੀ ਡਾ. ਕੇਹਰ ਸਿੰਘ ਦੇ ਪੋਤਰੇ ਪਰਮਜੀਤ ਸਿੰਘ ਬਿੱਲੂ ਸਿੱਧੂ ਅਤੇ ਮੁਕਤਸਰ ਦੀ ਕੌਂਸਲਰ ਦੇ ਪਤੀ ਗੁਰਮੀਤ ਸਿੰਘ ਜੀਤਾ ਸਣੇ ਤਿੰਨ ਜਣਿਆਂ ਖਿਲਾਫ ਅਨੁਸ਼ਾਸਨੀ ਕਾਰਵਾਈ ਸੰਬੰਧੀ ਪੱਤਰ ਜਾਰੀ ਕੀਤਾ ਹੈ।ਦੱਸਣਯੋਗ ਹੈ ਕਿ ਪਰਮਜੀਤ ਸਿੰਘ ਬਿੱਲੂ ਸਿੱਧੂ, ਗੁਰਮੀਤ ਸਿੰਘ ਜੀਤਾ ਤੇ ਮੋਹਕਮ ਸਿੰਘ ਸੰਧੂ ਹੋਰਾਂ ਨੇ ਸੋਸ਼ਲ ਮੀਡੀਆਂ ਉੱਪਰ ਬਿਆਨ ਦਿੱਤਾ ਸੀ ਕਿ ਰਾਜਾ ਵੜਿੰਗ ਵੱਲੋਂ ਕਾਂਗਰਸ ਦੀ ਬਿਹਤਰੀ ਲਈ ਸਾਰੇ ਕਾਂਗਰਸੀਆਂ ਨੂੰ ਨਾਲ ਲੈ ਕੇ ਨਹੀਂ ਚੱਲਿਆ ਜਾ ਰਿਹਾ।ਉਨ੍ਹਾਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਪੱਖ ਦੀ ਹਮਾਇਤ ਕਰਦਿਆਂ ਕਿਹਾ ਸੀ ਕਿ ਭੂਪੇਸ਼ ਬਘੇਲ ਵੀ ਕਾਂਗਰਸ ਤੇ ਪੰਜਾਬ ਦੇ ਲੋਕਾਂ ਦੀ ਅਵਾਜ਼ ਨੂੰ ਸੁਣਨ ਦੀ ਬਜਾਏ ਸਿਰਫ ਰਾਜਾ ਵੜਿੰਗ ਦੀ ਅਵਾਜ਼ ਹੀ ਸੁਣ ਰਿਹਾ ਹੈ। ਇਨ੍ਹਾਂ ਬਿਆਨਾਂ ਤੋਂ ਬਾਅਦ ਜ਼ਿਲ੍ਹਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਵੱਲੋਂ ਜਾਰੀ ਪੱਤਰ ਅਨੁਸਾਰ ਪਰਮਜੀਤ ਸਿੰਘ ਬਿੱਲੂ ਸਿੱਧੂ, ਮੋਹਕਮ ਸਿੰਘ ਸੰਧੂ ਤੇ ਗੁਰਮੀਤ ਸਿੰਘ ਜੀਤਾ ਹੁਰਾਂ ਖਿਲਾਫ ਪਾਰਟੀ ਵਿਰੋਧੀ ਕਾਰਵਾਈਆਂ ਕਾਰਨ ਅਨੁਸ਼ਾਸਨੀ ਕਾਰਵਾਈ ਕੀਤੀ ਗਈ ਹੈ।ਸੁਤੰਤਰਤਾ ਸੈਨਾਨੀ ਡਾ. ਕੇਹਰ ਸਿੰਘ ਦੇ ਪੋਤਰੇ ਅਤੇ ਟਕਸਾਲੀ ਕਾਂਗਰਸੀ ਆਗੂ ਪਰਮਜੀਤ ਸਿੰਘ ਬਿੱਲੂ ਸਿੱਧੂ ਨੇ ਜ਼ਿਲ੍ਹਾ ਪ੍ਰਧਾਨ ਵੱਲੋਂ ਜਾਰੀ ਪੱਤਰ ਦੇ ਜਵਾਬ 'ਚ ਸਖਤ ਰੁੱਖ ਅਪਣਾਉਂਦਿਆ ਕਿਹਾ ਕਿ ਉਹ 'ਰਾਜਾ ਮਾਰਕਾ ਕਾਂਗਰਸ' ਦਾ ਹਿੱਸਾ ਨਾ ਪਹਿਲਾਂ ਸੀ ਤੇ ਨਾ ਹੁਣ ਹੈ।ਉਹ ਟਕਸਾਲੀ ਕਾਂਗਰਸੀ ਹਨ ਤੇ ਰਹਿਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਕਾਂਗਰਸੀ ਹੋਣ ਲਈ ਕਾਂਗਰਸੀ ਹੋਣ ਦਾ ਸਰਟੀਫਿਕੇਟ 'ਸ਼ੁਭਦੀਪ ਬਿੱਟੂ' (ਜ਼ਿਲ੍ਹਾ ਕਾਂਗਰਸ ਪ੍ਰਧਾਨ) ਤੋਂ ਲੈਣ ਦੀ ਲੋੜ ਨਹੀਂ।ਗੁਰਮੀਤ ਸਿੰਘ ਜੀਤਾ ਨੇ ਕਿਹਾ ਕਿ ਉਨ੍ਹਾਂ ਕਾਂਗਰਸ ਦੇ ਐੱਮ ਸੀ ਹੁੰਦਿਆਂ, ਮੁਕਤਸਰ ਦੇ ਸਾਰੇ ਕਾਂਗਰਸੀ ਕੌਂਸਲਰਾਂ ਸਣੇ ਕਾਂਗਰਸ ਤੋਂ ਅਸਤੀਫਾ ਦਿੱਤਾ ਸੀ, ਪਰ ਇਸ ਵਾਰ ਕਾਂਗਰਸ ਪਾਰਟੀ ਨੇ ਮੱਲੋਂ ਜ਼ੋਰੀਂ ਉਨ੍ਹਾਂ ਨੂੰ ਟਿਕਟਾਂ ਦਿੱਤੀਆਂ ਤੇ ਹੁਣ ਫਿਰ ਆਪੇ ਹੀ ਹੁਕਮ ਸੁਣਾ ਦਿੱਤਾ ਕਿ ਪਾਰਟੀ ਤੋਂ ਕੱਢ ਦਿੱਤਾ।ਉਨ੍ਹਾਂ ਕਿਹਾ ਕਿ ਉਹ ਆਪਣੇ ਦਮ 'ਤੇ ਕੌਂਸਲਰ ਚੋਣ ਜਿੱਤੇ ਹਨ ਕਾਂਗਰਸ ਦੇ ਜ਼ੋਰ 'ਤੇ ਨਹੀਂ।

### ਕਰਨ ਕੌਰ ਬਰਾੜ ਖਿਲਾਫ ਕੋਈ ਕਾਰਵਾਈ ਨਹੀਂ : ਜ਼ਿਲ੍ਹਾ ਪ੍ਰਧਾਨ

ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਨਾਲ ਨੇ ਦੱਸਿਆ ਕਿ ਉਹ ਤਾਂ ਇਨ੍ਹਾਂ ਖਿਲਾਫ ਵੀ ਕਾਰਵਾਈ ਨਹੀਂ ਸੀ ਕਰਨਾ ਚਾਹੁੰਦੇ, ਪਰ ਇਹ ਕਾਰਵਾਈ ਪਾਰਟੀ ਹਾਈ ਕਮਾਂਡ ਦੇ ਕਹਿਣ 'ਤੇ ਕੀਤੀ ਗਈ ਹੈ।ਇਸ ਦੌਰਾਨ ਉਨ੍ਹਾਂ ਕਿਹਾ ਕਿ ਸਾਬਕਾ ਵਿਧਾਇਕਾ ਕਰਨ ਕੌਰ ਬਰਾੜ ਖਿਲਾਫ ਅਜੇ ਕੋਈ ਕਾਰਵਾਈ ਨਹੀਂ ਹੋ ਰਹੀ।ਦੱਸਣਯੋਗ ਹੈ ਕਿ ਕਰਨ ਕੌਰ ਬਰਾੜ ਨੇ ਵੀ ਰਾਜਾ ਵੜਿੰਗ ਉੱਪਰ ਸਾਰੇ ਕਾਂਗਰਸੀਆਂ ਨੂੰ ਨਾਲ ਨਾਂ ਲੈ ਕੇ ਚੱਲਣ ਦੇ ਦੋਸ਼ ਲਾਏ ਸਨ।

## ਬੀ ਕੇ ਯੂ ਡਕੌਂਦਾ ਦੀ ਪਿੰਡ ਗੰਧੜ ਇਕਾਈ ਦਾ ਗਠਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੁਰਜ ਗਿੱਲ) ਵੱਲੋਂ ਪਿੰਡ ਗੰਧੜ ਵਿਖੇ ਇਕਾਈ ਦੀ ਚੋਣ ਕੀਤੀ ਗਈ।ਇਸ ਦੌਰਾਨ ਸਰਬਸੰਮਤੀ ਨਾਲ ਬਲਵਿੰਦਰ ਸਿੰਘ ਨੂੰ ਇਕਾਈ ਪ੍ਰਧਾਨ ਚੁਣਿਆ ਗਿਆ।ਇਸ ਤੋਂ ਇਲਾਵਾ ਅੰਗਰੇਜ਼ ਸਿੰਘ ਨੂੰ ਮੀਤ ਪ੍ਰਧਾਨ, ਸਤਵਿੰਦਰ ਸਿੰਘ ਨੂੰ ਜਨਰਲ ਸਕੱਤਰ, ਸ਼ਮਨਦੀਪ ਸਿੰਘ ਨੂੰ ਖਜ਼ਾਨਚੀ, ਅਮਰੀਕ ਸਿੰਘ ਨੂੰ ਮੀਤ ਪ੍ਰਧਾਨ, ਮਨਪ੍ਰੀਤ ਸਿੰਘ ਨੂੰ ਪ੍ਰੈੱਸ ਸਕੱਤਰ ਤੇ ਜੱਗਾ ਸਿੰਘ ਨੂੰ ਇਕਾਈ ਮੈਂਬਰ ਦੀ ਜ਼ਿੰਮੇਵਾਰੀ ਸੌਂਪੀ ਗਈ। ਨਵੀਂ ਇਕਾਈ ਦੇ ਅਹੁਦੇਦਾਰਾਂ ਨੇ ਕਿਸਾਨਾਂ ਦੇ ਹੱਕਾਂ ਦੀ ਰਾਖੀ, ਖੇਤੀ ਨਾਲ ਜੁੜੀਆਂ ਸਮੱਸਿਆਵਾਂ ਦੇ ਹੱਲ ਤੇ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ, ਜ਼ਿਲ੍ਹਾ ਖਜ਼ਾਨਚੀ ਅਮਨਦੀਪ ਸਿੰਘ, ਬਲਾਕ ਪ੍ਰਧਾਨ ਬਲਦੇਵ ਸਿੰਘ, ਬਲਾਕ ਖਜ਼ਾਨਚੀ ਕੁਲਦੀਪ ਸਿੰਘ, ਬਲਾਕ ਮੀਤ ਪ੍ਰਧਾਨ ਬਲਦੇਵ ਸਿੰਘ, ਬੁੱਢੀ ਮਾਲ ਇਕਾਈ ਦੇ ਪ੍ਰਧਾਨ ਨਿਰਮਲ ਸਿੰਘ ਤੇ ਇਕਾਈ ਮੈਂਬਰ ਅਵਤਾਰ ਸਿੰਘ ਸਮੇਤ ਹੋਰ ਆਗੂ ਹਾਜ਼ਰ ਸਨ।

## 'ਸਤਲੁਜ' ਫ਼ਿਲਮ 'ਤੇ ਲੱਗੀ ਪਾਬੰਦੀ ਖਿਲਾਫ ਰੋਸ ਪ੍ਰਦਰਸ਼ਨ

**ਰਾਏਕੋਟ (ਸੰਤੋਖ ਗਿੱਲ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਬੁਢੇਲ ਚੌਕ (ਭੋਰਾ ਸਾਹਿਬ) ਨੇੜੇ ਹੋਈ।ਮੀਟਿੰਗ ਤੋਂ ਬਾਅਦ ਆਗੂਆਂ ਨੇ ਰੋਸ ਪ੍ਰਦਰਸ਼ਨ ਕਰਦਿਆਂ ਫ਼ਿਲਮ 'ਸਤਲੁਜ' ਉੱਤੇ ਕੇਂਦਰ ਸਰਕਾਰ ਵੱਲੋਂ ਲਗਾਈ ਪਾਬੰਦੀ ਤੁਰੰਤ ਹਟਾਉਣ ਦੀ ਮੰਗ ਕੀਤੀ।ਯੂਨੀਅਨ ਆਗੂਆਂ ਨੇ ਦਾਅਵਾ ਕੀਤਾ ਕਿ ਫ਼ਿਲਮ 1984 ਤੋਂ 1995 ਤੱਕ ਪੰਜਾਬ ਦੇ ਕਾਲੇ ਦੌਰ ਨਾਲ ਜੁੜੀਆਂ ਘਟਨਾਵਾਂ, ਮਨੁੱਖੀ ਅਧਿਕਾਰਾਂ ਦੀ ਕਥਿਤ ਉਲੰਘਣਾ ਤੇ ਮਨੁੱਖੀ ਅਧਿਕਾਰ ਕਾਰਕੁਨ ਸ਼ਹੀਦ ਜਸਵੰਤ ਸਿੰਘ ਖਾਲੜਾ ਵੱਲੋਂ ਉਜਾਗਰ ਕੀਤੇ ਮਾਮਲਿਆਂ ਨੂੰ ਦਰਸਾਉਂਦੀ ਹੈ।ਉਨ੍ਹਾਂ ਅਨੁਸਾਰ ਡਾਇਰੈਕਟਰ ਹਨੀ ਤ੍ਰੇਹਨ ਵੱਲੋਂ ਬਣਾਈ ਗਈ ਇਹ ਫ਼ਿਲਮ ਉਸ ਦੌਰ ਦੀ ਇੱਕ ਮਹੱਤਵਪੂਰਨ ਇਤਿਹਾਸਕ ਦਸਤਾਵੇਜ਼ ਹੈ, ਜਿਸ 'ਤੇ ਪਾਬੰਦੀ ਲਗਾਉਣਾ ਲੋਕਤੰਤਰੀ ਕਦਰਾਂ-ਕੀਮਤਾਂ ਤੇ ਵਿਚਾਰ ਪ੍ਰਗਟਾਉਣ ਦੀ ਆਜ਼ਾਦੀ ਦੇ ਖ਼ਿਲਾਫ਼ ਹੈ।ਆਗੂਆਂ ਨੇ ਕਿਹਾ ਕਿ ਪਾਬੰਦੀ ਨੂੰ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਜਮਹੂਰੀਅਤ ਨੂੰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਪਾਬੰਦੀ ਨਾ ਹਟਾਈ ਗਈ ਤਾਂ 75 ਜਥੇਬੰਦੀਆਂ ਦੇ ਸਾਂਝੇ ਮੰਚ 'ਦੇਸ਼-ਬਚਾਓ ਮੋਰਚਾ' ਵੱਲੋਂ ਇਸ ਮਾਮਲੇ ਨੂੰ ਲੈ ਕੇ ਸੰਘਰਸ਼ ਤੇਜ਼ ਕੀਤਾ ਜਾਵੇਗਾ।ਮੀਟਿੰਗ ਵਿੱਚ ਜ਼ਿਲ੍ਹਾ ਖ਼ਜ਼ਾਨਚੀ ਅਮਰੀਕ ਸਿੰਘ ਤਲਵੰਡੀ, ਰਣਜੀਤ ਸਿੰਘ ਗੁੜ੍ਹੇ, ਜਥੇਦਾਰ ਗੁਰਮੇਲ ਸਿੰਘ ਢੱਟ, ਜਸਵੰਤ ਸਿੰਘ ਮਾਨ, ਕੁਲਦੀਪ ਸਿੰਘ ਸਵੱਦੀ ਸਮੇਤ ਹੋਰ ਆਗੂ ਹਾਜ਼ਰ ਸਨ।

## ਇਮਤਿਹਾਨਾਂ 'ਚ ਮੱਲਾਂ ਮਾਰਨ ਵਾਲਿਆਂ ਨੂੰ ਵਜ਼ੀਫਾ ਰਾਸ਼ੀ ਵੰਡੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਮਤਿਹਾਨਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਵੰਡਣ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੌਲਤਪੁਰਾ ਨੀਵਾਂ ਵਿਖੇ ਪ੍ਰੋਗਰਾਮ ਕਰਵਾਇਆ ਗਿਆ।ਮੰਚ 'ਤੇ ਪ੍ਰਿੰਸੀਪਲ ਰਾਜੇਸ਼ ਕੁਮਾਰ ਖੰਨਾ, ਪ੍ਰੋ. ਬਲਵਿੰਦਰ ਸਿੰਘ, ਬੰਤ ਸਿੰਘ ਡੀਪੀਈ, ਬਲਕਰਨ ਸਿੰਘ ਸੀਐੱਚਟੀ, ਐਡਵੋਕੇਟ ਸੁਖਦੇਵ ਸਿੰਘ, ਜਸਵਿੰਦਰ ਕੌਰ, ਲੈਕ: ਗੁਰਦਰਸ਼ਨ ਸਿੰਘ ਹਾਜ਼ਰ ਸਨ।ਪ੍ਰੋਗਰਾਮ ਦੇ ਸ਼ੁਰੂ ਵਿੱਚ ਪ੍ਰੋ. ਬਲਵਿੰਦਰ ਸਿੰਘ ਨੇ ਦੱਸਿਆ ਕਿ ਇਹ ਵਜ਼ੀਫਾ ਪਿੰਡ ਦੇ ਜੰਮਪਲ ਕੈਨੇਡਾ ਵਾਸੀ ਪ੍ਰਿੰ: ਬਲਵਿੰਦਰ ਸਿੰਘ ਗੁੱਲੂ ਵੱਲੋਂ ਆਪਣੀ ਸੁਪਤਨੀ, ਇੰਜੀ: ਹਰਕੀਰਤ ਸਿੰਘ ਵੱਲੋਂ ਆਪਣੀ ਮਾਤਾ ਤੇ ਹਰਮਨਗੀਤ ਸਿੰਘ ਵੱਲੋਂ ਆਪਣੀ ਦਾਦੀ ਸਵਰਗੀ ਰਵਿੰਦਰ ਕੌਰ (ਸੇਵਾਮੁਕਤ ਅਧਿਆਪਕਾ) ਦੀ ਯਾਦ ਵਿੱਚ ਦਿੱਤਾ ਜਾਂਦਾ ਹੈ।ਸਕੂਲ ਪ੍ਰਿੰਸੀਪਲ ਰਾਜੇਸ਼ ਕੁਮਾਰ ਖੰਨਾ ਨੇ ਆਈਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਤੇ ਬਲਵਿੰਦਰ ਸਿੰਘ ਗੁੱਲੂ ਵੱਲੋਂ ਦਿੱਤੇ ਜਾਂਦੇ ਇਸ ਵਜ਼ੀਫੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਸ ਨਾਲ ਹੋਰ ਵਿਦਿਆਰਥੀਆਂ ਨੂੰ ਵੱਧ ਪੜ੍ਹਾਈ ਕਰਨ ਦੀ ਪ੍ਰੇਰਣਾ ਮਿਲੇਗੀ।ਇਸ ਮੌਕੇ ਬਲਵਿੰਦਰ ਸਿੰਘ ਗੁੱਲੂ ਵੱਲੋਂ ਭੇਜਿਆ ਗਿਆ ਪ੍ਰੇਰਨਾਦਾਇਕ ਵੀਡੀਓ ਸੰਦੇਸ਼ ਦਿਖਾਇਆ ਗਿਆ, ਜਿਸ ਵਿੱਚ ਉਨ੍ਹਾਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਆ।ਉਨ੍ਹਾਂ ਹੋਰਨਾਂ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵੀ ਨਕਦ ਇਨਾਮ ਦੇਣ ਦਾ ਐਲਾਨ ਕੀਤਾ। ਸਟੇਜ ਦਾ ਸੰਚਾਲਨ ਲੈਕ: ਗੁਰਮੀਤ ਸਿੰਘ ਨੇ ਬਾਖੂਬੀ ਨਿਭਾਇਆ।ਇਸ ਪ੍ਰੋਗਰਾਮ ਵਿੱਚ ਕੈਂਪਸ ਮੈਨੇਜਰ ਜਗਸੀਰ ਸਿੰਘ, ਅਮਨਦੀਪ ਕੌਰ, ਲਕਸ਼ਮੀ ਕਾਂਤਾ, ਅਮਨਜੀਤ ਸਿੰਘ, ਮਨਜੀਤ ਰਾਣੀ, ਰਮਨਦੀਪ ਕੌਰ, ਰਮਨ ਕੁਮਾਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

## 2027 'ਚ 'ਆਪ' ਦੀ ਮੁੜ ਸਰਕਾਰ ਬਣਨੀ ਤੈਅ : ਚੇਅਰਮੈਨ ਮਾਨ

**ਬਠਿੰਡਾ (ਰਾਜੀਵ ਗੋਇਲ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਵਿਕਾਸ ਤੇ ਲੋਕ-ਭਲਾਈ ਦੇ ਨਾਲ-ਨਾਲ ਹਰ ਧਰਮ, ਵਰਗ ਤੇ ਭਾਈਚਾਰੇ ਦੀ ਆਸਥਾ ਦਾ ਸਨਮਾਨ ਕਰਦਿਆਂ ਇਤਿਹਾਸਕ ਪਹਿਲਕਦਮੀਆਂ ਕੀਤੀਆਂ ਹਨ।ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਵਾਲੇ ਫ਼ੈਸਲਿਆਂ ਨੇ ਪੰਜਾਬੀਆਂ ਦਾ ਵਿਸ਼ਵਾਸ ਜਿੱਤਿਆ ਹੈ ਅਤੇ ਇਸੇ ਲੋਕ-ਭਰੋਸੇ ਦੀ ਬਦੌਲਤ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੂਜੀ ਵਾਰ ਬਣਨੀ ਤੈਅ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੂਬੇ ਦੇ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੀ ਸਿਆਸਤ ਨੂੰ ਸਿਰਫ਼ ਵਾਅਦਿਆਂ ਤੋਂ ਕੱਢ ਕੇ ਕੰਮ ਤੇ ਲੋਕ-ਸੇਵਾ ਦੀ ਰਾਜਨੀਤੀ ਨਾਲ ਜੋੜਿਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪੰਜਾਬ ਵਾਸੀਆਂ ਲਈ ਕੀਤੇ ਗਏ ਵੱਡੇ ਐਲਾਨ ਇਸ ਗੱਲ ਦਾ ਸਬੂਤ ਹਨ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਹਰ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਤੇ ਆਸਥਾ ਦਾ ਪੂਰਾ ਸਤਿਕਾਰ ਕਰਦੀ ਹੈ।ਚੇਅਰਮੈਨ ਮਾਨ ਨੇ ਦੱਸਿਆ ਕਿ ਅੰਮ੍ਰਿਤਸਰ ਵਿੱਚ ਲਵ-ਕੁਸ਼ ਤੇ ਮਾਤਾ ਜਾਨਕੀ ਦੇ ਮੰਦਰ ਦਾ ਨਿਰਮਾਣ ਕਰਵਾਇਆ ਜਾਵੇਗਾ।ਇਸ ਦੇ ਨਾਲ ਹੀ ਪਟਿਆਲਾ ਦੇ ਇਤਿਹਾਸਕ ਕਾਲੀ ਮਾਤਾ ਮੰਦਰ ਦੇ ਨਵੀਨੀਕਰਨ ਲਈ 80 ਕਰੋੜ ਰੁਪਏ ਖਰਚੇ ਜਾਣਗੇ।ਉਨ੍ਹਾ ਕਿਹਾ ਕਿ 2027 ਦੀ ਸਿਆਸੀ ਲੜਾਈ ਸਿਰਫ਼ ਪਾਰਟੀਆਂ ਦੀ ਨਹੀਂ, ਸਗੋਂ ਰਵਾਇਤੀ ਸਿਆਸਤ ਤੇ ਕੰਮ ਦੀ ਰਾਜਨੀਤੀ ਵਿਚਕਾਰ ਹੋਵੇਗੀ।ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕਾਂ ਨੇ ਮਾਨ ਸਰਕਾਰ ਦੀ ਨੀਅਤ, ਨੀਤੀ ਤੇ ਕੰਮਕਾਜ 'ਤੇ ਮੋਹਰ ਲਾ ਦਿੱਤੀ ਹੈ ਅਤੇ 2027 ਵਿੱਚ ਆਮ ਆਦਮੀ ਪਾਰਟੀ ਨੂੰ ਮੁੜ ਸੱਤਾ ਸੌਂਪ ਕੇ ਪੰਜਾਬ ਵਿੱਚ ਲਗਾਤਾਰ ਦੂਜੀ ਵਾਰ 'ਆਪ' ਦੀ ਸਰਕਾਰ ਬਣਾਉਣਗੇ।

## ਕਾਰਜਕਾਰੀ ਪ੍ਰਧਾਨ ਪ੍ਰੀਤੀ ਜੈਨ ਨੇ ਅਹੁਦਾ ਸੰਭਾਲਿਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨਗਰ ਕੌਂਸਲ ਪਾਤੜਾਂ ਦੇ ਅਹੁਦੇਦਾਰਾਂ ਦੀ ਬੀਤੇ ਦਿਨੀਂ ਹੋਈ ਚੋਣ ਦੌਰਾਨ ਸੀਨੀਅਰ ਮੀਤ ਪ੍ਰਧਾਨ ਬਣੇ ਪ੍ਰੀਤੀ ਜੈਨ ਨੇ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਦੇ ਤੌਰ 'ਤੇ ਆਪਣਾ ਅਹੁਦਾ ਸੰਭਾਲ ਲਿਆ ਹੈ।ਬਹੁ-ਗਿਣਤੀ ਕੌਂਸਲਰਾਂ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲਣ ਮਗਰੋਂ ਉਨ੍ਹਾਂ ਕਈ ਅਹਿਮ ਮਤਿਆਂ ਉੱਤੇ ਆਪਣੇ ਦਸਤਖਤ ਕੀਤੇ।ਇਸ ਦੌਰਾਨ ਨਗਰ ਕੌਂਸਲ ਦੇ ਕੌਂਸਲਰਾਂ ਤੇ ਮੁਲਾਜ਼ਮਾਂ ਦੇ ਨਾਲ ਨਾਲ ਅਤੇ ਕਈ ਜਥੇਬੰਦੀਆਂ ਵੱਲੋਂ ਸ਼੍ਰੀਮਤੀ ਪ੍ਰੀਤੀ ਜੈਨ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਨਗਰ ਕੌਂਸਲ ਪਾਤੜਾਂ ਦੀ ਮੀਤ ਪ੍ਰਧਾਨ ਬਣੇ ਰੇਨੂ ਵਧਵਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਭਗਵਤ ਦਿਆਲ ਨਿੱਕਾ ਤੇ ਨਗਰ ਕੌਂਸਲ ਪਾਤੜਾਂ ਦੇ ਦੂਜੀ ਵਾਰ ਕੌਂਸਲਰ ਬਣੇ ਸ਼੍ਰੀਮਤੀ ਪ੍ਰੀਤੀ ਜੈਨ ਨੇ ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਗਰ ਕੌਂਸਲ ਦੇ ਪ੍ਰਧਾਨ ਬਣੇ ਅੰਮ੍ਰਿਤਪਾਲ ਸਿੰਘ ਕਾਲੇਕਾ ਦੀ ਅਗਵਾਈ ਵਿੱਚ ਬਣੀ ਸਮੁੱਚੀ ਟੀਮ ਸ਼ਹਿਰ ਦੀਆਂ ਸਮੱਸਿਆਵਾਂ ਹੱਲ ਕਰਨ ਦੇ ਨਾਲ ਨਾਲ ਸ਼ਹਿਰ ਦੇ ਸੁੰਦਰੀਕਰਨ ਵੱਲ ਵਿਸ਼ੇਸ਼ ਧਿਆਨ ਦੇਵੇਗੀ।ਉਨ੍ਹਾਂ ਦਾਅਵਾ ਕੀਤਾ ਕਿ ਜਲਦੀ ਸ਼ਹਿਰ ਨੂੰ ਇੱਕ ਸੁੰਦਰ ਪਾਰਕ ਦੇ ਨਾਲ ਨਾਲ ਫਾਇਰਬ੍ਰਿਗੇਡ ਦੀਆਂ ਗੱਡੀਆਂ ਤੇ ਟ੍ਰੈਫਿਕ ਦੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਨੀਅਰ ਆਗੂ ਕੁਲਦੀਪ ਸਿੰਘ ਬਿੱਟੂ ਬੰਦੇਸ਼ਾਂ, ਕੌਂਸਲਰ ਪਰਮਜੀਤ ਕੌਰ, ਕੌਂਸਲਰ ਕ੍ਰਿਸ਼ਨ ਸਿੰਘ, ਮਦਨ ਲਾਲ ਗੋਇਲ ਤੇ ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।

## ਹੇਮਕੁੰਟ ਸਕੂਲ ਵਿਖੇ ਐਨ ਸੀ ਸੀ ਸੀਨੀਅਰ ਵਿੰਗ ਦੀ ਹੋਈ ਨਵੀਂ ਭਰਤੀ

**ਕੋਟ ਈਸੇ ਖਾਂ (ਅਰੋੜਾ)**-ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀ. ਸੈਕੰ. ਸਕੂਲ ਕੋਟ ਈਸੇ ਖਾਂ ਵਿਖੇ ਐਨ.ਸੀ.ਸੀ. 05 ਪੰਜਾਬ ਬਟਾਲੀਅਨ (ਗਰਲਜ਼) ਮੋਗਾ ਦੇ ਕਮਾਂਡਿੰਗ ਅਫ਼ਸਰ ਸੁਨੀਲ ਕੁਮਾਰ ਦੀ ਯੋਗ ਅਗਵਾਈ ਹੇਠ ਸੀਨੀਅਰ ਵਿੰਗ ਦੀ ਨਵੀਂ ਭਰਤੀ ਹੋਈ।ਸਕੂਲ ਦੇ ਐਨ.ਸੀ.ਸੀ. ਦੇ ਏ.ਐਨ.ਓ. ਸਿਮਰਨਜੀਤ ਕੌਰ ਦੀ ਮੌਜੂਦਗੀ ਵਿੱਚ ਸੂਬੇਦਾਰ ਮੁਖਤਿਆਰ ਆਜ਼ਾਦ ਬੀ.ਐਚ.ਐਮ. ਰੋਹਿਤ ਕੁਮਾਰ ਤੇ ਹਵਾਲਦਾਰ ਦਿਨੇਸ਼ ਕੁਮਾਰ ਨੇ ਗਿਆਰਵੀਂ ਕਲਾਸ ਦੀਆਂ ਵਿਦਿਆਰਥਣਾਂ ਦੀ ਇੰਟਰਵਿਊ ਉਪਰੰਤ 29 ਯੋਗ ਕੈਡਿਟਸ ਨੂੰ ਐਨ.ਸੀ.ਸੀ. ਸੀਨੀਅਰ ਵਿੰਗ ਲਈ ਚੁਣਿਆ।ਉਨ੍ਹਾਂ ਦੱਸਿਆ ਕਿ ਐਨ.ਸੀ.ਸੀ. ਕਰਨ ਵਾਲਾ ਵਿਦਿਆਰਥੀ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿੰਦਾ ਹੈ ਅਤੇ ਨਾਲ ਹੀ ਐਨ.ਸੀ.ਸੀ. ਦੇ ਏ, ਬੀ ਤੇ ਸੀ ਸਰਟੀਫਿਕੇਟ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿੰਦਗੀ ਵਿੱਚ ਇਸ ਦੇ ਕੀ ਕੀ ਫਾਇਦੇ ਹਨ ? ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ੍: ਕੁਲਵੰਤ ਸਿੰਘ ਸੰਧੂ, ਐਮ. ਡੀ. ਮੈਡਮ ਰਣਜੀਤ ਕੌਰ ਸੰਧੂ ਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਐਨ.ਸੀ.ਸੀ. ਦੇ ਰੂਲਜ਼ ਤੋਂ ਜਾਗਰੂਕ ਕਰਵਾਉਂਦੇ ਹੋਏ ਐਨ.ਸੀ.ਸੀ. ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਕੇਅਰ ਟੇਕਰ ਯਾਦਵਿੰਦਰ ਕੌਰ ਵੀ ਹਾਜ਼ਰ ਸੀ।

## ਟਰੱਕ ਦੀ ਟੱਕਰ ਨਾਲ ਨੂੰਹ ਦੀ ਮੌਤ, ਸੱਸ ਗੰਭੀਰ ਜ਼ਖ਼ਮੀ

**ਭਵਾਨੀਗੜ੍ਹ (ਰਾਜ ਖੁਰਮੀ)**

ਭਵਾਨੀਗੜ੍ਹ-ਸੰਗਰੂਰ ਮੁੱਖ ਮਾਰਗ 'ਤੇ ਪਿੰਡ ਫੱਗੂਵਾਲਾ ਦੇ ਕੱਟ ਨੇੜੇ ਬੁੱਧਵਾਰ ਨੂੰ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਇੱਕ ਔਰਤ ਦੀ ਮੌਤ ਹੋ ਗਈ, ਜਦਕਿ ਉਸ ਦੀ ਸੱਸ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਗਾਂਧੀ ਨਗਰ ਦੀਆਂ ਰਹਿਣ ਵਾਲੀਆਂ ਸੱਸ-ਨੂੰਹ ਪਰਮਜੀਤ ਕੌਰ ਪੰਮੀ ਪਤਨੀ ਜੋਗਿੰਦਰ ਰਾਮ ਅਤੇ ਮਨਜੀਤ ਰਾਣੀ ਸਕੂਟਰੀ 'ਤੇ ਭਵਾਨੀਗੜ੍ਹ ਤੋਂ ਸੰਗਰੂਰ ਵੱਲ ਜਾ ਰਹੀਆਂ ਸਨ। ਜਿਵੇਂ ਹੀ ਉਹ ਪਿੰਡ ਫੱਗੂਵਾਲਾ ਦੇ ਕੱਟ ਨੇੜੇ ਪਹੁੰਚੀਆਂ ਤਾਂ ਪਿੱਛੋਂ ਆ ਰਹੇ ਇੱਕ ਟਰੱਕ ਨੇ ਸਕੂਟਰੀ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਦੋਵੇਂ ਔਰਤਾਂ ਸੜਕ 'ਤੇ ਡਿਗ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈਆਂ।ਇਸ ਦੌਰਾਨ ਉਥੋਂ ਲੰਘ ਰਹੇ ਐਸ.ਪੀ. ਨਵਰੀਤ ਸਿੰਘ ਤੂਰ ਨੇ ਤੁਰੰਤ ਆਪਣਾ ਵਾਹਨ ਰੋਕਿਆ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਦੋਵੇਂ ਜ਼ਖ਼ਮੀਆਂ ਨੂੰ ਇੱਕ ਥ੍ਰੀ-ਵੀਲਰ ਰਾਹੀਂ ਇਲਾਜ ਲਈ ਹਸਪਤਾਲ ਪਹੁੰਚਾਇਆ।ਗਾਂਧੀ ਨਗਰ ਤੋਂ ਮਿਲੀ ਜਾਣਕਾਰੀ ਅਨੁਸਾਰ ਇਲਾਜ ਦੌਰਾਨ ਮਨਜੀਤ ਰਾਣੀ ਨੇ ਦਮ ਤੋੜ ਦਿੱਤਾ, ਜਦਕਿ ਪਰਮਜੀਤ ਕੌਰ ਪੰਮੀ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਪਟਿਆਲਾ ਰੈਫਰ ਕਰ ਦਿੱਤਾ ਗਿਆ ।ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਕੁੱਲ ਹਿੰਦ ਕਿਸਾਨ ਸਭਾ ਨੇ ਨਾਇਬ ਤਹਿਸੀਲਦਾਰ ਨੂੰ ਸੌਂਪਿਆ ਮੰਗ ਪੱਤਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸਮਰਾਲਾ ਵੱਲੋਂ ਪੰਜਾਬ ਦੇ ਰਾਜਪਾਲ ਦੇ ਨਾਮ ਇੱਕ ਮੰਗ ਪੱਤਰ ਨਾਇਬ ਤਹਿਸੀਲਦਾਰ ਮਾਛੀਵਾੜਾ ਸਾਹਿਬ ਨੂੰ ਸੌਂਪਿਆ ਗਿਆ। ਇਸ ਮੌਕੇ ਸੂਬਾਈ ਆਗੂ ਕਾਮਰੇਡ ਨਿੱਕਾ ਸਿੰਘ ਖੇੜਾ, ਸਕੱਤਰ ਪ੍ਰਕਾਸ਼ ਸਿੰਘ ਉਧੋਵਾਲ ਤੇ ਪ੍ਰਧਾਨ ਹਰਦੇਵ ਸਿੰਘ ਬਾਗ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨੇ ਸੂਬਾ ਵਾਸੀਆਂ ਨੂੰ ਚੋਣਾਂ ਮੌਕੇ ਝੂਠੇ ਸਬਜ਼ਬਾਗ ਦਿਖਾ ਕੇ ਵੋਟਾਂ ਪ੍ਰਾਪਤ ਕਰਕੇ ਸੱਤਾ ਤਾਂ ਹਾਸਲ ਕਰ ਲਈ, ਪ੍ਰੰਤੂ ਕਿਸਾਨਾਂ, ਮਜ਼ਦੂਰਾਂ ਦੀਆਂ ਮੰਗਾਂ ਜਿਉਂ ਦੀਆਂ ਤਿਉਂ ਬਰਕਰਾਰ ਹਨ ਤੇ ਸਰਕਾਰ ਚੁੱਪ ਧਾਰੀ ਬੈਠੀਆਂ ਹਨ।

ਇਸ ਦੇ ਰੋਸ ਵਜੋਂ ਜਥੇਬੰਦੀਆਂ ਵੱਲੋਂ ਵਾਰ-ਵਾਰ ਸੰਘਰਸ਼ ਉਲੀਕਣ ਦੇ ਬਾਵਜੂਦ ਸਰਕਾਰਾਂ ਟਸ ਤੋਂ ਮਸ ਨਹੀਂ ਹੋਈਆਂ।ਅੱਜ ਨਾਇਬ ਤਹਿਸੀਲਦਾਰ ਹਰਕੀਰਤ ਸਿੰਘ ਰਾਹੀਂ ਰਾਜਪਾਲ ਪੰਜਾਬ ਦੇ ਨਾਮ ਭੇਜੇ ਮੰਗ ਪੱਤਰ ਵਿੱਚ ਮੁਕਤ ਵਪਾਰ ਸੰਧੀ ਨੂੰ ਰੱਦ ਕਰਨ, ਬੇਜ਼ਮੀਨੇ ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦੇਣ, ਵੀ.ਬੀ. ਜੀ ਰਾਮ ਜੀ ਕਾਨੂੰਨ ਤੇ ਬਿਜਲੀ ਸੋਧ ਬਿੱਲ-2025 ਨੂੰ ਤੁਰੰਤ ਲੈਣ, ਯੂਰੀਆ ਤੇ ਡੀ.ਏ.ਪੀ. ਖਾਦ ਦੇ ਨਾਲ ਜ਼ਬਰਦਸਤੀ ਹੋਰ ਬੇਲੋੜੀ ਸਮੱਗਰੀ ਲਗਾ ਕੇ ਕੀਤੀ ਜਾ ਰਹੀ ਲੁੱਟ-ਖਸੁੱਟ ਨੂੰ ਤੁਰੰਤ ਬੰਦ ਕਰਨ, ਹੜ੍ਹਾਂ ਤੋਂ ਬਚਾਅ ਲਈ ਦਰਿਆਵਾਂ ਦੇ ਸਾਰੇ ਧੁੱਸੀ ਬੰਨ੍ਹਾਂ ਦੀ ਮੁਰੰਮਤ ਕਰਵਾਉਣ ਤੇ ਡੀਜ਼ਲ, ਪੈਟਰੋਲ ਤੇ ਗੈਸ ਦੀਆਂ ਕੀਮਤਾਂ ਘਟਾਉਣ ਆਦਿ ਮੰਗਾਂ ਸਬੰਧੀ ਅਵਾਜ਼ ਉਠਾਈ ਗਈ। ਸੂਬਾਈ ਆਗੂ ਨਿੱਕਾ ਸਿੰਘ ਖੇੜਾ ਨੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਜ਼ਦੂਰਾਂ ਤੇ ਕਿਸਾਨਾਂ ਦੀਆਂ ਇਨ੍ਹਾਂ ਹੱਕੀ ਮੰਗਾਂ ਨੂੰ ਜਲਦੀ ਪੂਰਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿਚ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

ਇਸ ਮੌਕੇ ਜਸਵਿੰਦਰ ਸਿੰਘ ਉਧੋਵਾਲ, ਚਤਰ ਸਿੰਘ ਲੁਬਾਣਗੜ੍ਹ, ਸ਼ਾਮ ਸਿੰਘ ਰੂੜੇਵਾਲ, ਬਾਬੂ ਸਿੰਘ ਝੜੌਦੀ, ਚੰਦਨ ਮੋਹਨ ਮਾਛੀਵਾੜਾ, ਸੁਖਦੀਪ ਸਿੰਘ ਟਾਂਡਾ ਕੁਸ਼ਲ, ਰਣਜੀਤ ਸਿੰਘ, ਦਲਬਾਰਾ ਸਿੰਘ ਰਹੀਮਾਬਾਦ, ਵਰਿੰਦਰ ਸਿੰਘ, ਬਲਕਾਰ ਸਿੰਘ ਜੁਲਫ਼ਗੜ੍ਹ ਤੇ ਪ੍ਰਿੰਸ ਖੇੜਾ ਆਦਿ ਹਾਜ਼ਰ ਸਨ।

## ਹੱਕੀ ਮੰਗਾਂ ਨਾ ਮੰਨੀਆਂ ਤਾਂ ਤਿੱਖਾ ਸੰਘਰਸ਼ ਵਿੱਢਾਂਗੇ : ਪੈਨਸ਼ਨਰਜ਼ ਆਗੂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਪੈਨਸ਼ਨਰਜ਼ ਐਸੋਸੀਏਸ਼ਨ ਗਿੱਦੜਬਾਹਾ ਦੀ ਮਹੀਨਾਵਾਰ ਮੀਟਿੰਗ ਡੇਰਾ ਬਾਬਾ ਗੰਗਾ ਰਾਮ ਜੀ ਵਿਖੇ ਹੋਈ।ਮੀਟਿੰਗ ਦੌਰਾਨ ਵੱਖ ਵੱਖ ਵਿਭਾਗਾਂ ਤੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਨੇ ਭਾਗ ਲਿਆ।ਮੀਟਿੰਗ ਵਿਚ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਮਾਨਯੋਗ ਹਾਈ ਕੋਰਟ ਨੇ 8 ਅਪ੍ਰੈਲ 2026 ਦੇ ਫੈਸਲੇ ਅਨੁਸਾਰ ਡੀ.ਏ. ਦੇ ਬਕਾਏ ਨੂੰ ਕਿਸ਼ਤਾਂ ਵਿੱਚ ਦੇਣ ਬਾਰੇ ਇਕ ਮੁਸ਼ਤ ਜਾਰੀ ਕੀਤਾ ਜਾਵੇ, 2.59 ਦੇ ਗੁਣਾਂਕ ਅਨੁਸਾਰ ਪੈਨਸ਼ਨ ਫਿਕਸ ਕਰਨ, ਗਰੈਚੂਟੀ ਤੇ ਲੀਵ ਇਨਕੈਸ਼ਮੈਂਟ ਦਾ ਬਕਾਇਆ ਤੁਰੰਤ ਅਦਾ ਕੀਤੇ ਜਾਣ ਦੀ ਮੰਗ ਕੀਤੀ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਪੈਨਸ਼ਨਰਜ਼ ਨੂੰ 17 ਜੁਲਾਈ ਨੂੰ ਮੋਹਾਲੀ/ਚੰਡੀਗੜ੍ਹ ਵਿਖੇ ਕੀਤੀ ਜਾਣ ਵਾਲੀ ਮਹਾਂਰੈਲੀ ਵਿਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਅਪੀਲ ਕੀਤੀ ਗਈ।ਇਸ ਮੌਕੇ ਪੈਨਸ਼ਨਰਜ਼ ਨੇ ਸਰਕਾਰ 'ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅਣਡਿੱਠ ਕਰਨ ਦਾ ਦੋਸ਼ ਵੀ ਲਗਾਇਆ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨਾ ਮੰਨੀਆ ਤਾਂ ਉਹ ਸੰਘਰਸ਼ ਲਈ ਮਜਬੂਰ ਹੋਣਗੇ।ਇਸ ਮੌਕੇ ਗਮਦੂਰ ਸਿੰਘ ਪ੍ਰਧਾਨ, ਧਨੀ ਰਾਮ ਮੀਤ ਪ੍ਰਧਾਨ, ਅਸ਼ੋਕ ਕੁਮਾਰ ਜਨਰਲ ਸਕੱਤਰ, ਰੂਪ ਚੰਦ ਸ਼ਰਮਾ, ਅਮਰ ਸਿੰਘ, ਜੱਸਾ ਸਿੰਘ, ਬੱਗੂ ਸਿੰਘ, ਬਲਦੇਵ ਸਿੰਘ, ਸੁਰਿੰਦਰ ਪਾਲ ਤੇ ਮਹਿੰਦਰ ਸਿੰਘ ਆਦਿ ਮੌਜੂਦ ਸਨ।

# ਬੱਚਿਆਂ ਦੀ ਸਿਹਤ ਤੇ ਸੁਰੱਖਿਆ ਲਈ ਸਾਫ਼-ਸਫ਼ਾਈ ਸਭ ਤੋਂ ਅਹਿਮ, ਅਧਿਆਪਕਾਂ ਨੇ ਦਿੱਤੀ ਸਲਾਹ

**ਅਜੀਤਵਾਲ (ਨਛੱਤਰ ਸੰਧੂ)**

ਹੋਲੀ ਹਾਰਟ ਅਜੀਤਵਾਲ ਵਿਖੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਸਾਰੇ ਸਕੂਲ ਸਟਾਫ ਨਾਲ ਮਿਲ ਕੇ ਬੱਚਿਆਂ ਨੂੰ ਸਭ ਤੋਂ ਪਹਿਲਾਂ ਹੱਥ ਧੋਣ ਦੇ ਸਹੀ ਤਰੀਕੇ ਬਾਰੇ ਸਿਖਾਇਆ। ਖ਼ਾਸ ਕਰਕੇ ਖਾਣਾ ਖਾਣ ਤੋਂ ਪਹਿਲਾਂ ਤੇ ਪਖਾਨੇ ਦੀ ਵਰਤੋਂ ਕਰਨ ਤੋਂ ਬਾਅਦ ਸਾਬਣ ਨਾਲ ਚੰਗੀ ਤਰ੍ਹਾਂ ਹੱਥ ਸਾਫ਼ ਕਰਨਾ ਬੇਹੱਦ ਲਾਜ਼ਮੀ ਹੈ।ਇਸ ਤੋਂ ਇਲਾਵਾ ਰੋਜ਼ਾਨਾ ਇਸ਼ਨਾਨ ਕਰਨਾ, ਦੰਦਾਂ ਨੂੰ ਦਿਨ ਵਿੱਚ ਦੋ ਵਾਰ ਬੁਰਸ਼ ਕਰਨਾ ਤੇ ਆਪਣੇ ਨਹੁੰਆਂ ਨੂੰ ਸਮੇਂ ਸਿਰ ਕੱਟਣਾ ਨਿੱਜੀ ਸਫ਼ਾਈ ਦਾ ਇੱਕ ਅਹਿਮ ਹਿੱਸਾ ਹਨ, ਜਿਸ ਨਾਲ ਕੀਟਾਣੂ ਸਰੀਰ ਦੇ ਅੰਦਰ ਨਹੀਂ ਫੈਲਦੇ।ਸਕੂਲ ਦੇ ਡਾਇਰੈਕਟਰ ਸ਼੍ਰੇਆ ਪਲਤਾ ਵੀ ਹਾਜ਼ਰ ਹੋਏ ਤੇ ਉਨ੍ਹਾਂ ਕਿਹਾ ਕਿ ਕਿਵੇਂ ਸਕੂਲਾਂ ਤੇ ਘਰਾਂ ਵਿੱਚ ਬੱਚਿਆਂ ਨੂੰ ਇਹ ਵੀ ਸਿਖਾਉਣਾ ਚਾਹੀਦਾ ਹੈ ਕਿ ਉਹ ਖੰਘਣ ਜਾਂ ਛਿੱਕਣ ਵੇਲੇ ਹਮੇਸ਼ਾ ਰੁਮਾਲ ਜਾਂ ਆਪਣੀ ਕੂਹਣੀ ਦੀ ਵਰਤੋਂ ਕਰਨ ਤਾਂ ਜੁ ਦੂਜਿਆਂ ਨੂੰ ਇਨਫੈਕਸ਼ਨ ਨਾ ਹੋਵੇ।

ਸਾਫ਼-ਸਫ਼ਾਈ ਦੇ ਨਾਲ-ਨਾਲ ਬੱਚਿਆਂ ਦੀ ਸਰੀਰਕ ਤੇ ਮਾਨਸਿਕ ਸੁਰੱਖਿਆ ਵੀ ਬਰਾਬਰ ਦੀ ਅਹਿਮੀਅਤ ਰੱਖਦੀ ਹੈ।ਇਸ ਦੇ ਨਾਲ ਹੀ ਅਧਿਆਪਕਾਂ ਵੱਲੋਂ ਬੱਚਿਆਂ ਨੂੰ 'ਗੁੱਡ ਟੱਚ ਅਤੇ ਬੈਡ ਟੱਚ' (ਚੰਗੀ ਅਤੇ ਮਾੜੀ ਛੋਹ) ਬਾਰੇ ਖੁੱਲ੍ਹ ਕੇ ਜਾਣਕਾਰੀ ਦਿੱਤੀ ਗਈ ਤਾਂ ਜੁ ਉਹ ਕਿਸੇ ਵੀ ਅਣਸੁਖਾਵੀਂ ਘਟਨਾ ਦਾ ਸ਼ਿਕਾਰ ਹੋਣ ਤੋਂ ਬਚ ਸਕਣ ਅਤੇ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਨ।ਬੱਚਿਆਂ ਨੂੰ ਇਹ ਭਰੋਸਾ ਦਿਵਾਉਂਦੇ ਹੋਏ ਕਿ ਜੇਕਰ ਕੋਈ ਉਨ੍ਹਾਂ ਨੂੰ ਅਸਹਿਜ ਮਹਿਸੂਸ ਕਰਵਾਉਂਦਾ ਹੈ, ਤਾਂ ਉਹ ਬਿਨਾਂ ਕਿਸੇ ਡਰ ਦੇ ਆਪਣੇ ਮਾਪਿਆਂ ਜਾਂ ਅਧਿਆਪਕਾਂ ਨਾਲ ਗੱਲ ਸਾਂਝੀ ਕਰਨ। ਇਸ ਦੇ ਨਾਲ ਹੀ, ਸੜਕ ਸੁਰੱਖਿਆ ਦੇ ਨਿਯਮ, ਅਣਜਾਣ ਲੋਕਾਂ ਤੋਂ ਦੂਰੀ ਬਣਾ ਕੇ ਰੱਖਣਾ ਅਤੇ ਬਿਜਲੀ ਦੀਆਂ ਚੀਜ਼ਾਂ ਜਾਂ ਤਿੱਖੀਆਂ ਵਸਤੂਆਂ ਤੋਂ ਦੂਰ ਰਹਿਣ ਵਰਗੀਆਂ ਬੁਨਿਆਦੀ ਗੱਲਾਂ ਵੀ ਬੱਚਿਆਂ ਦੇ ਰੋਜ਼ਾਨਾ ਜੀਵਨ ਦਾ ਹਿੱਸਾ ਹੋਣੀਆਂ ਚਾਹੀਦੀਆਂ ਹਨ।ਸਕੂਲ ਪ੍ਰਸ਼ਾਸਨ ਨੇ ਖੇਡਾਂ ਦੇ ਮੈਦਾਨਾਂ ਤੇ ਆਲੇ-ਦੁਆਲੇ ਦੇ ਮਾਹੌਲ ਨੂੰ ਸਾਫ਼ ਅਤੇ ਸੁਰੱਖਿਅਤ ਬਣਾਇਆ ਹੈ ਤਾਂ ਜੁ ਬੱਚੇ ਖੁੱਲ੍ਹ ਕੇ ਖੇਡ ਸਕਣ।

# ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੂੰ ਲੰਡਨ ਦੀ ਸੰਸਦ 'ਚ ਕੀਤਾ ਸਨਮਾਨਤ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਨੂੰ ਇਹ ਐਲਾਨ ਕਰਦੇ ਹੋਏ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਇਸ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੂੰ ਲੰਡਨ ਵਿਖੇ ਯੂਨਾਈਟਿਡ ਕਿੰਗਡਮ ਦੀ ਸੰਸਦ ਵਿੱਚ 10ਵੇਂ ਵਰਲਡ ਬੁੱਕ ਆਫ ਰਿਕਾਰਡਜ਼ ਸਿਖਰ ਸੰਮੇਲਨ ਅਤੇ ਸਨਮਾਨ ਸਮਾਰੋਹ ਦੌਰਾਨ ਸਨਮਾਨਤ ਕੀਤਾ ਗਿਆ।

ਇਸ ਇਤਿਹਾਸਕ ਸ਼ਿਖਰ ਸੰਮੇਲਨ ਵਿੱਚ ਭਾਰਤ, ਯੂਨਾਈਟਿਡ ਕਿੰਗਡਮ (ਯੂਕੇ), ਸੰਯੁਕਤ ਰਾਜ ਅਮਰੀਕਾ, ਕੈਨੇਡਾ, ਆਸਟ੍ਰੇਲੀਆ, ਸੰਯੁਕਤ ਅਰਬ ਅਮੀਰਾਤ, ਫਰਾਂਸ, ਸਵਿਟਜ਼ਰਲੈਂਡ, ਸਕਾਟਲੈਂਡ, ਆਇਰਲੈਂਡ, ਨੇਪਾਲ, ਗ੍ਰੀਸ, ਪੋਲੈਂਡ, ਬੁਲਗਾਰੀਆ ਤੇ ਹੋਰ ਕਈ ਦੇਸ਼ਾਂ ਤੋਂ ਆਏ ਪ੍ਰਤੀਨਿਧੀਆਂ ਅਤੇ ਵਿਸ਼ੇਸ਼ ਸ਼ਖ਼ਸੀਅਤਾਂ ਨੇ ਹਿੱਸਾ ਲਿਆ।ਇਸ ਦਾ ਉਦੇਸ਼ ਸਿੱਖਿਆ, ਨਵੀਨਤਾ, ਸਮਾਜ ਸੇਵਾ, ਉਦਯਮਤਾ, ਸਿਹਤ ਸੇਵਾ, ਵਿਗਿਆਨ, ਵਿੱਤ, ਤੰਦਰੁਸਤੀ, ਕਲਾ ਤੇ ਲੋਕ ਸੇਵਾ ਦੇ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਦਾ ਸਨਮਾਨ ਕਰਨਾ ਸੀ।ਵਰਲਡ ਰਿਕਾਰਡ ਹੋਲਡਰਜ਼ ਐਸੋਸੀਏਸ਼ਨ ਦੀ ਵੀ ਸ਼ੁਰੂਆਤ ਕੀਤੀ ਗਈ, ਜੋ ਵਿਸ਼ਵ ਭਰ ਦੇ ਰਿਕਾਰਡ ਧਾਰਕਾਂ, ਨਵੀਨਤਾਕਾਰਾਂ, ਖੋਜਕਾਰਾਂ ਤੇ ਸਮਾਜਿਕ ਬਦਲਾਅ ਦੇ ਅਗੂਆਂ ਨੂੰ ਇੱਕ ਵਿਸ਼ਵ ਪੱਧਰੀ ਮੰਚ ਉੱਤੇ ਜੋੜਦਿਆਂ ਵੱਖ-ਵੱਖ ਖੇਤਰਾਂ ਅਤੇ ਦੇਸ਼ਾਂ ਵਿਚਕਾਰ ਅੰਤਰਰਾਸ਼ਟਰੀ ਸਹਿਯੋਗ ਨੂੰ ਉਤਸ਼ਾਹਿਤ ਕਰੇਗੀ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੂੰ ਉੱਚ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਲੱਖਣ ਯੋਗਦਾਨ ਅਤੇ ਗੁਣਵੱਤਾਪੂਰਨ ਸਿੱਖਿਆ, ਨਵੀਨਤਾ, ਖੋਜ, ਹੁਨਰ ਵਿਕਾਸ ਤੇ ਵਿਸ਼ਵ ਪੱਧਰੀ ਅਕਾਦਮਿਕ ਭਾਗੀਦਾਰੀਆਂ ਨੂੰ ਅੱਗੇ ਵਧਾਉਣ ਲਈ ਉਨ੍ਹਾਂ ਦੀ ਦੂਰਅੰਦੇਸ਼ੀ ਅਗਵਾਈ ਵਾਸਤੇ ਸਨਮਾਨਤ ਕੀਤਾ ਗਿਆ।ਸੰਮੇਲਨ ਦੌਰਾਨ ਉਨ੍ਹਾਂ ਨੇ ਅੰਤਰਰਾਸ਼ਟਰੀ ਆਗੂਆਂ ਨਾਲ ਸੰਵਾਦ ਕਰਦਿਆਂ ਵਿਸ਼ਵ ਪੱਧਰ 'ਤੇ ਮੁਕਾਬਲੇਯੋਗ ਗ੍ਰੈਜੂਏਟ ਤਿਆਰ ਕਰਨ ਅਤੇ ਉੱਚ ਸਿੱਖਿਆ ਵਿੱਚ ਅੰਤਰਰਾਸ਼ਟਰੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਬਾਰੇ ਆਪਣੀ ਦੂਰਦਰਸ਼ਤਾ ਵੀ ਸਾਂਝੀ ਕੀਤੀ।ਪ੍ਰਬੰਧਕਾਂ ਨੇ ਇਸ ਸੰਮੇਲਨ ਨੂੰ ਉਪਲਬਧੀਆਂ ਦੀ ਏਕਤਾ ਦਾ ਸ਼ਕਤੀਸ਼ਾਲੀ ਪ੍ਰਤੀਕ ਕਰਾਰ ਦਿੰਦਿਆਂ ਕਿਹਾ ਕਿ ਇਹ ਉਹਨਾਂ ਵਿਅਕਤੀਆਂ ਦਾ ਸਨਮਾਨ ਕਰਨ ਦਾ ਵਿਲੱਖਣ ਮੌਕਾ ਹੈ, ਜਿਨ੍ਹਾਂ ਦੀ ਨਿਸ਼ਠਾ, ਸਮਰਪਣ ਅਤੇ ਦੂਰਦਰਸ਼ਤਾ ਸਮਾਜ ਉੱਤੇ ਲਗਾਤਾਰ ਸਕਾਰਾਤਮਕ ਅਤੇ ਅਰਥਪੂਰਨ ਪ੍ਰਭਾਵ ਪਾ ਰਹੀ ਹੈ।

## ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਦੇ ਨਿਰਮਾਣ ਕਾਰਜ 'ਚ ਤੇਜ਼ੀ ਲਿਆਂਦੀ ਜਾਵੇਗੀ : ਚੇਅਰਮੈਨ ਰਾਸ਼ਿਦ ਸ਼ੇਖ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਰੋਟਰੀ ਕਲੱਬ ਦੇ ਪ੍ਰਬੰਧ ਅਧੀਨ ਚੱਲਣ ਵਾਲੇ ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਣ ਕਾਰਨ ਨਿਰਮਾਣ ਦਾ ਕੰਮ ਜ਼ੋਰਾਂ 'ਤੇ ਹੈ। ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਨਵੇਂ ਚੁਣੇ ਚੇਅਰਮੈਨ ਸ੍ਰੀ ਰਾਸ਼ਿਦ ਸ਼ੇਖ ਨੇ ਕਿਹਾ ਕਿ ਬੀਤੇ ਕੁਝ ਵਰ੍ਹਿਆਂ ਦੌਰਾਨ ਸਕੂਲ ਵਿੱਚ ਹਰ ਪੱਖੋਂ ਸਕਾਰਾਤਮਕ ਤਬਦੀਲੀਆਂ ਆਈਆਂ ਹਨ, ਜਿਸ ਕਾਰਨ ਸਕੂਲ ਫਾਰ ਬਲਾਇੰਡ ਦਾ ਨਾਂ ਪੰਜਾਬ ਦੇ ਗਿਣੇ ਚੁਣੇ ਵਧੀਆ ਸਕੂਲਾਂ ਵਿੱਚ ਸ਼ਾਮਲ ਹੋ ਗਿਆ ਹੈ।ਵਿੱਦਿਅਕ ਤੇ ਗੈਰ ਵਿੱਦਿਅਕ ਖੇਤਰਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਚੰਗਾ ਨਾਂਅ ਕਮਾਇਆ ਹੈ।ਦਸਵੀਂ ਜਮਾਤ ਤੋਂ ਲੈ ਕੇ ਪੋਸਟ ਗਰੈਜੂਏਸ਼ਨ ਤੱਕ ਦੇ ਵਿਦਿਆਰਥੀ ਵਧੀਆ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ।

ਸ੍ਰੀ ਰਾਸ਼ਿਦ ਸ਼ੇਖ ਨੇ ਕਿਹਾ ਕਿ ਸਕੂਲ ਵਿੱਚ ਵਿਦਿਆਰਥੀਆਂ ਦੇ ਦਾਖਲੇ ਚੱਲ ਰਹੇ ਹਨ।ਸਕੂਲ ਵਿੱਚ ਪੰਜਾਬ ਤੋਂ ਇਲਾਵਾ ਵੱਖ-ਵੱਖ ਰਾਜਾਂ ਦੇ ਦਿਵਿਆਂਗ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਸਕੂਲ ਦੀ ਇਮਾਰਤ ਦੇ ਨਵੀਨੀਕਰਨ ਦਾ ਕੰਮ ਰੋਟਰੀ ਕਲੱਬ ਮਾਲੇਰਕੋਟਲਾ ਦੇ ਮੈਂਬਰਾਂ ਤੇ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਕਰਾਇਆ ਜਾ ਰਿਹਾ ਹੈ, ਜੋ ਬਹੁਤ ਜਲਦੀ ਮੁਕੰਮਲ ਹੋ ਜਾਵੇਗਾ।ਰਾਸ਼ਿਦ ਸ਼ੇਖ ਨੇ ਕਿਹਾ ਕਿ ਸਾਡਾ ਮੰਤਵ ਸਕੂਲ ਫਾਰ ਬਲਾਇੰਡ ਨੂੰ ਪੰਜਾਬ ਦਾ ਮੋਹਰੀ ਸਕੂਲ ਬਨਾਉਣਾ ਹੈ ਤਾਂ ਜੁ ਸਾਡੇ ਦੇਸ਼ ਦੇ ਦਿਵਿਆਂਗ ਵਿਦਿਆਰਥੀ ਇਸ ਅਦਾਰੇ ਤੋਂ ਉੱਚ ਪੱਧਰ ਤੱਕ ਦੀ ਸਿੱਖਿਆ ਪ੍ਰਾਪਤ ਕਰ ਸਕਣ।ਉਨ੍ਹਾਂ ਅੱਗੇ ਕਿਹਾ ਕਿ ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ ਵਿੱਚ ਵਿਦਿਆਰਥੀਆਂ ਨੂੰ ਰਿਹਾਇਸ਼ ਤੇ ਖਾਣੇ ਦੇ ਨਾਲ ਨਾਲ ਹੋਰ ਵੀ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਾਈਆਂ ਜਾਂਦੀਆਂ ਹਨ।ਕਿਸੇ ਵੀ ਤਰ੍ਹਾਂ ਦੀ ਕੋਈ ਵੀ ਫੀਸ ਵਿਦਿਆਰਥੀਆਂ ਤੋਂ ਨਹੀਂ ਲਈ ਜਾਂਦੀ।ਸਕੂਲ ਵਿੱਚ ਸ਼ਾਨਦਾਰ ਮਿਊਜ਼ਿਕ ਰੂਮ ਤੇ ਕੰਪਿਊਟਰ ਲੈਬ ਵੀ ਉਪਲਬਧ ਹੈ, ਜਿਸ ਤੋਂ ਵਿਦਿਆਰਥੀ ਲਾਭ ਉਠਾ ਰਹੇ ਹਨ।

## ਜਸਪ੍ਰੀਤ ਕੌਰ ਸਿੱਧੂ ਨੇ ਰਾਜਪਾਲ ਨੂੰ ਭੇਟ ਕੀਤਾ ਨਾਵਲ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੀ ਖੋਜਾਰਥੀ ਜਸਪ੍ਰੀਤ ਕੌਰ ਸਿੱਧੂ, ਜਿਸ ਨੇ ਭਾਰਤ ਸਰਕਾਰ ਦੀ ਯੋਜਨਾ ਪੀ.ਐਮ. ਯੁਵਾ ਮੈਂਟਰਸ਼ਿਪ ਸਕੀਮ ਤਹਿਤ ਅਣਗੌਲ਼ੇ ਅਜ਼ਾਦੀ ਘੁਲਾਟੀਏ ਬੰਤਾ ਸਿੰਘ ਸੰਘਵਾਲ ਦੀ ਜ਼ਿੰਦਗੀ 'ਤੇ ਅਧਾਰਤ ਨਾਵਲ 'ਗ਼ਦਰ ਦੀ ਰਾਹ 'ਤੇ' ਲਿਖਿਆ ਹੈ, ਨੇ ਨਾਵਲ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਭੇਟ ਕੀਤਾ।ਇਸ ਮੌਕੇ ਹਾਜ਼ਰ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਜਸਪ੍ਰੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।ਡਾ. ਜਗਦੀਪ ਸਿੰਘ ਨੇ ਕਿਹਾ ਕਿ ਇਹ ਯੂਨੀਵਰਸਿਟੀ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਾਡੀ ਖੋਜਾਰਥੀ ਨੇ ਦੇਸ਼ ਦੇ ਅਣਗੌਲ਼ੇ ਨਾਇਕਾਂ ਦੀ ਇਤਿਹਾਸਕ ਦੇਣ ਨੂੰ ਖੋਜ ਰਾਹੀਂ ਸਾਹਮਣੇ ਲਿਆਂਦਾ ਹੈ।ਉਨ੍ਹਾਂ ਕਿਹਾ ਕਿ ਅਜਿਹਾ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨਾ ਸਿਰਫ਼ ਇਤਿਹਾਸ ਦੇ ਅਣਫੋਲੇ ਪੰਨਿਆਂ ਨੂੰ ਰੌਸ਼ਨੀ ਵਿੱਚ ਲਿਆਉਂਦੇ ਹਨ, ਬਲਕਿ ਨਵੀਂ ਪੀੜ੍ਹੀ ਨੂੰ ਸਾਡੇ ਅਜ਼ਾਦੀ ਘੁਲਾਟੀਆਂ ਦੇ ਸੰਘਰਸ਼, ਦੇਸ਼ ਭਗਤੀ ਤੇ ਬੇਮਿਸਾਲ ਕੁਰਬਾਨੀਆਂ ਤੋਂ ਵੀ ਜਾਣੂ ਕਰਾਉਂਦੇ ਹਨ।ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਹਮੇਸ਼ਾ ਹੀ ਆਪਣੇ ਖੋਜਾਰਥੀਆਂ ਨੂੰ ਅਜਿਹੇ ਸਾਰਥਕ ਤੇ ਮਿਆਰੀ ਕਾਰਜਾਂ ਲਈ ਪ੍ਰੇਰਿਤ ਕਰਦੀ ਰਹੇਗੀ।

## ਬਰਸਾਤੀ ਮੌਸਮ ਦੇ ਮੱਦੇਨਜ਼ਰ ਐੱਸ ਡੀ ਐੱਮ ਵੱਲੋਂ ਚਾਂਦਪੁਰਾ ਬੰਨ੍ਹ ਦਾ ਨਿਰੀਖਣ

**ਬੁਢਲਾਡਾ (ਅਸ਼ੋਕ ਲਾਕੜਾ)**-ਡਿਪਟੀ ਕਮਿਸ਼ਨਰ ਨਵਜੋਤ ਕੌਰ ਦੀਆਂ ਹਦਾਇਤਾਂ ਉੱਤੇ ਅਮਲ ਕਰਦਿਆਂ ਉੱਪ-ਮੰਡਲ ਮੈਜਿਸਟਰੇਟ ਗੁਰਮੀਤ ਕੁਮਾਰ ਵੱਲੋਂ ਡ੍ਰੇਨੇਜ ਵਿਭਾਗ ਦੇ ਅਧਿਕਾਰੀਆਂ ਸਮੇਤ ਚਾਂਦਪੁਰਾ ਬੰਨ੍ਹ ਦਾ ਬਰੀਕੀ ਨਾਲ ਨਿਰੀਖਣ ਕੀਤਾ ਗਿਆ।ਬਰਸਾਤੀ ਮੌਸਮ ਦੇ ਮੱਦੇਨਜ਼ਰ ਸਥਿਤੀ ਦਾ ਜਾਇਜ਼ਾ ਲੈਂਦਿਆਂ ਐੱਸ.ਡੀ.ਐੱਮ. ਗੁਰਮੀਤ ਕੁਮਾਰ ਨੇ ਡਰੇਨੇਜ ਵਿਭਾਗ ਦੇ ਐੱਸ.ਡੀ.ਓ. ਰਵਿੰਦਰਜੀਤ ਸਿੰਘ ਸਮੇਤ ਬੰਨ੍ਹ ਦੀ ਮੌਜੂਦਾ ਸਥਿਤੀ ਨੂੰ ਦੇਖਿਆ।ਇਸ ਮੌਕੇ ਉਪ ਮੰਡਲ ਮੈਜਿਸਟਰੇਟ ਗੁਰਮੀਤ ਕੁਮਾਰ ਨੇ ਦੱਸਿਆ ਕਿ ਮਾਨਸੂਨ ਦੇ ਸੀਜ਼ਨ ਦੌਰਾਨ ਕਿਸੇ ਵੀ ਸੰਭਾਵੀ ਖ਼ਤਰੇ ਜਾਂ ਹੜ੍ਹ ਵਰਗੀ ਸਥਿਤੀ ਤੋਂ ਨਿਪਟਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੈ।

ਉਨ੍ਹਾਂ ਡ੍ਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਘੱਗਰ ਦਰਿਆ ਵਿੱਚ ਪਾਣੀ ਦੇ ਵਹਾਅ ਵਿੱਚ ਰੁਕਾਵਟ ਬਣਨ ਵਾਲੀ ਬੂਟੀ ਤੇ ਹੋਰ ਸਮੱਗਰੀ ਨੂੰ ਤੁਰੰਤ ਸਾਫ਼ ਕਰਦੇ ਰਹਿਣ ਦੀ ਪ੍ਰਕਿਰਿਆ ਜਾਰੀ ਰੱਖੀ ਜਾਵੇ ਤਾਂ ਜੋ ਪਾਣੀ ਨੂੰ ਕਿਤੇ ਵੀ ਡਾਫ ਨਾ ਲੱਗ ਸਕੇ ਅਤੇ ਪਾਣੀ ਓਵਰਫਲੋਅ ਨਾ ਹੋ ਸਕੇ।ਉਨ੍ਹਾਂ ਅਧਿਕਾਰੀਆਂ ਨੂੰ ਬੰਨ੍ਹ ਵਿੱਚ ਪਾਣੀ ਦੇ ਪੱਧਰ ਦੀ ਲਗਾਤਾਰ ਨਿਗਰਾਨੀ ਰੱਖਣ ਲਈ ਵੀ ਪਾਬੰਦ ਕੀਤਾ।

# ਫੇਰੂਰਾਈ ਨੂੰ ਮਿਲੀ ਵੱਡੀ ਸੌਗਾਤ, 31 ਲੱਖ ਦੇ ਸੀਵਰੇਜ ਪ੍ਰੋਜੈਕਟ ਦਾ ਕੰਮ ਸ਼ੁਰੂ

## ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਵੱਲੋਂ ਅਖ਼ਤਿਆਰੀ ਫ਼ੰਡ ਨਾਲ ਹੋਵੇਗਾ ਨਿਰਮਾਣ

**ਰਾਏਕੋਟ (ਸੰਤੋਖ ਗਿੱਲ/ਇਕਬਾਲ ਸਿੰਘ ਫੇਰੂਰਾਈ)**-ਹਲਕਾ ਰਾਏਕੋਟ ਦੇ ਪਿੰਡ ਫੇਰੂਰਾਈ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੰਦੇ ਹੋਏ ਕਰੀਬ 31 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਪ੍ਰੋਜੈਕਟ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਪ੍ਰੋਜੈਕਟ ਦੀ ਸ਼ੁਰੂਆਤ ਕਾਂਗਰਸ ਦੇ ਹਲਕਾ ਇੰਚਾਰਜ ਕਾਮਿਲ ਅਮਰ ਸਿੰਘ ਨੇ ਟੱਕ ਲਾ ਕੇ ਕਰਵਾਈ।ਇਸ ਮੌਕੇ ਉਨ੍ਹਾਂ ਕਿਹਾ ਕਿ ਮਹੱਤਵਪੂਰਨ ਪ੍ਰਾਜੈਕਟ ਲਈ ਸੰਸਦ ਮੈਂਬਰ ਡਾ. ਅਮਰ ਸਿੰਘ ਦੇ ਅਖ਼ਤਿਆਰੀ ਕੋਟੇ ਵਿੱਚੋਂ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ।ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸੀਵਰੇਜ ਸਮੱਸਿਆ ਦੇ ਹੱਲ ਦੀ ਹੁਣ ਉਮੀਦ ਜਾਗੀ ਹੈ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਗੰਦੇ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਪਿੰਡ ਵਾਸੀਆਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।

ਉਨ੍ਹਾਂ ਕਿਹਾ ਕਿ ਵਿਕਾਸ ਦਾ ਅਸਲ ਮਾਪਦੰਡ ਜ਼ਮੀਨੀ ਪੱਧਰ 'ਤੇ ਹੋਣ ਵਾਲੇ ਕੰਮ ਹਨ ਤੇ ਡਾ. ਅਮਰ ਸਿੰਘ ਨੇ ਹਮੇਸ਼ਾ ਹਲਕੇ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦਿੱਤੀ ਹੈ।ਕਾਮਿਲ ਅਮਰ ਸਿੰਘ ਨੇ ਕਿਹਾ ਕਿ ਰਾਏਕੋਟ ਹਲਕੇ ਦੇ ਹਰ ਪਿੰਡ ਵਿੱਚ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ, ਸਿੱਖਿਆ ਤੇ ਸਿਹਤ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਜਾਰੀ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾਣਗੇ। ਇਸ ਮੌਕੇ ਪਿੰਡ ਵਾਸੀਆਂ ਨੇ ਕਾਮਿਲ ਅਮਰ ਸਿੰਘ ਤੇ ਸੰਸਦ ਮੈਂਬਰ ਡਾ. ਅਮਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੰਬੇ ਸਮੇਂ ਤੋਂ ਲਟਕ ਰਹੀ ਸੀਵਰੇਜ ਦੀ ਮੰਗ ਪੂਰੀ ਹੋਣ ਨਾਲ ਪਿੰਡ ਦੇ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ।ਸਰਪੰਚ ਸ਼ਿੰਦਰਪਾਲ ਕੌਰ, ਮਨਦੀਪ ਸਿੰਘ, ਅਮਨਦੀਪ ਸਿੰਘ, ਬਲਾਕ ਸੰਮਤੀ ਚੇਅਰਮੈਨ ਰਛਪਾਲ ਸਿੰਘ ਸੀਲੋਆਣੀ, ਮੈਂਬਰ ਹਰਤੇਜ ਸਿੰਘ, ਮਨਿੰਦਰ ਬਾਵਾ ਮਨੀ, ਹਰਬੰਸ ਸਿੰਘ, ਅਮਨਦੀਪ ਕੌਰ, ਅਮਨਦੀਪ ਸਿੰਘ, ਸਾਬਕਾ ਸਰਪੰਚ ਸਰਬਜੀਤ ਸਿੰਘ ਨੀਟਾ, ਡਾ. ਕੇਵਲ ਸਿੰਘ, ਪ੍ਰਮੋਦ ਕੁਮਾਰ, ਇਕਬਾਲ ਸਿੰਘ ਗੁਲਾਬ, ਮਿੱਠੂ ਠੇਕੇਦਾਰ, ਦੀਪਾ ਨੰਬਰਦਾਰ, ਪ੍ਰੇਮਜੀਤ ਸਿੰਘ, ਜਗਸੀਰ ਸਿੰਘ, ਗੁਰਦੀਪ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

**PUNJAB NATIONAL BANK**
BRANCH:- Dugri, Urban Estate, Dugri, Ludhiana.

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਇਸ ਦੁਆਰਾ ਇੱਕ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰਾਂ ਅਤੇ ਸਹਿ-ਕਰਜ਼ਦਾਰਾਂ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਬੈਂਕ ਦੇ ਅਧਿਕਾਰਤ ਅਫ਼ਸਰ ਨੇ ਨੋਟਿਸ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ । ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ, ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ ਹਨ। ਅਜਿਹੇ ਵਿੱਚ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਜਾਇਦਾਦ ਦੇ ਕਰਜ਼ਦਾਰ/ਗਰੰਟਰ/ਭਾਈਵਾਲ/ਗਿਰਵੀਕਾਰ | ਜਾਇਦਾਦ/ਜਾਇਦਾਦਾਂ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟਸ (ਐਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|
| 1. (ਕਰਜ਼ਦਾਰ) : ਸ੍ਰੀ ਹਰਪਾਲ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ # ਮਕਾਨ ਨੰ. 1206/2, ਗਲੀ ਨੰ. 6, ਸਾਹਮਣੇ ਸੈਣੀ ਪਬਲਿਕ ਸਕੂਲ, ਬਸੰਤ ਐਵੇਨਿਊ, ਦੁੱਗਰੀ, ਲੁਧਿਆਣਾ-141013. 2. (ਸਹਿ-ਕਰਜ਼ਦਾਰ) ਸ੍ਰੀ ਪਰਮਿੰਦਰ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ, ਮਕਾਨ ਨੰ. 335, ਸੈਕਟਰ 15-ਏ, ਐੱਸਕਾਰਟਸ ਨਗਰ, ਫਰੀਦਾਬਾਦ-121001. 3. (ਗਰੰਟਰ) : ਸ੍ਰੀਮਤੀ ਰਮਨਪ੍ਰੀਤ ਕੌਰ ਪਤਨੀ ਸ੍ਰੀ ਪਰਮਿੰਦਰ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ ਮਕਾਨ | ਜਾਇਦਾਦ ਦਾ ਉਚਿਤ ਗਿਰਵੀਨਾਮਾ ਰਕਬਾ 426.5 ਵਰਗ ਗਜ਼, ਖੱਤਾ ਨੰ. 279/311, ਖਸਰਾ ਨੰ. 316-317, ਜਮ੍ਹਾਂਬੰਦੀ ਸਾਲ 2001-2002, ਪਿੰਡ ਦੁੱਗਰੀ, ਅਬਾਦੀ ਪ੍ਰੀਤ ਨਗਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਬੈਨਾਮਾ ਵਸੀਕਾ ਨੰ. 2932 ਮਿਤੀ 05.05.2005 ਅਨੁਸਾਰ ਸ੍ਰੀ ਹਰਪਾਲ ਸਿੰਘ, ਸ੍ਰੀ ਪਰਮਿੰਦਰ ਸਿੰਘ ਅਤੇ ਸ੍ਰੀ ਅਰਵਿੰਦਰ ਸਿੰਘ ਪੁੱਤਰਾਨ ਸ੍ਰੀ ਸੁਰਜੀਤ ਸਿੰਘ ਦੇ ਨਾਂਅ। ਹੱਦਾਂ ਹੇਠ ਅਨੁਸਾਰ : ਪੂਰਬ : ਗੁਆਂਢ, ਪੱਛਮ : ਗਲੀ, ਉੱਤਰ : ਗੁਆਂਢ, ਦੱਖਣ : ਗੁਆਂਢ | 07-12.2024 | 08-07.2026 | 01.07.2026 ਨੂੰ ਰੁਪਏ 7,07,477.61/- (ਸੱਤ ਲੱਖ ਸੱਤ ਹਜ਼ਾਰ ਚਾਰ ਸੌ ਸਤੱਤਰ ਰੁਪਏ ਅਤੇ ਇਕਾਹਠ ਪੈਸੇ ਕੇਵਲ) ਤੁਸੀਂ ਉਕਤ ਰਕਮ 'ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਸਮੇਤ |
| | ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਦੇ ਵੀ ਦੇਣਦਾਰ ਹੋ। | | | |

ਨੰ. 335, ਸੈਕਟਰ 15-ਏ, ਐੱਸਕਾਰਟਸ ਨਗਰ, ਫਰੀਦਾਬਾਦ-121001. 4. (ਗਰੰਟਰ) : ਸ੍ਰੀਮਤੀ ਅਮਨਪ੍ਰੀਤ ਕੌਰ ਪਤਨੀ ਸ੍ਰੀ ਹਰਪਾਲ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ # ਮਕਾਨ ਨੰ. 1206/2, ਗਲੀ ਨੰ. 6, ਸਾਹਮਣੇ ਸੈਣੀ ਪਬਲਿਕ ਸਕੂਲ, ਬਸੰਤ ਐਵੇਨਿਊ, ਦੁੱਗਰੀ, ਲੁਧਿਆਣਾ-141013. 5. (ਗਰੰਟਰ) : ਸ੍ਰੀਮਤੀ ਚਰਨਪ੍ਰੀਤ ਕੌਰ ਪਤਨੀ ਸ੍ਰੀ ਅਰਵਿੰਦਰ ਸਿੰਘ ਪੁੱਤਰ ਸ੍ਰੀ ਸੁਰਜੀਤ ਸਿੰਘ #ਮਕਾਨ ਨੰ. 1206/2, ਗਲੀ ਨੰ. 6, ਸਾਹਮਣੇ ਸੈਣੀ ਪਬਲਿਕ ਸਕੂਲ, ਬਸੰਤ ਐਵੇਨਿਊ, ਦੁੱਗਰੀ, ਲੁਧਿਆਣਾ-141013. 6. (ਗਰੰਟਰ) : ਸ੍ਰੀ ਸੁਰਜੀਤ ਸਿੰਘ ਪੁੱਤਰ ਸ੍ਰੀ ਜਸਵੰਤ ਸਿੰਘ #ਮਕਾਨ ਨੰ. 3045, ਫੇਜ਼-II ਅਰਬਨ ਅਸਟੇਟ, ਦੁੱਗਰੀ, ਲੁਧਿਆਣਾ-141013 (ਕਾਨੂੰਨੀ ਵਾਰਿਸਾਂ) 1. ਸ੍ਰੀਮਤੀ ਚਰਨਪ੍ਰੀਤ ਕੌਰ ਪਤਨੀ ਸਵ. ਸ੍ਰੀ ਅਰਵਿੰਦਰ ਸਿੰਘ (ਰਾਹੀਂ ਸ੍ਰੀ ਅਰਵਿੰਦਰ ਸਿੰਘ ਦੇ ਕਾਨੂੰਨੀ ਵਾਰਿਸਾਂ) # ਮਕਾਨ ਨੰ. 1206/2, ਗਲੀ ਨੰ. 6, ਸਾਹਮਣੇ ਸੈਣੀ ਪਬਲਿਕ ਸਕੂਲ, ਬਸੰਤ ਐਵੇਨਿਊ, ਦੁੱਗਰੀ, ਲੁਧਿਆਣਾ-141013. 2. ਸ੍ਰੀ ਕਰਨਦੀਪ ਸਿੰਘ ਪੁੱਤਰ ਸਵ. ਸ੍ਰੀ ਅਰਵਿੰਦਰ ਸਿੰਘ (ਰਾਹੀਂ ਸ੍ਰੀ ਅਰਵਿੰਦਰ ਸਿੰਘ ਦੇ ਕਾਨੂੰਨੀ ਵਾਰਿਸਾਂ) # ਮਕਾਨ ਨੰ. 1206/2, ਗਲੀ ਨੰ. 6, ਸਾਹਮਣੇ ਸੈਣੀ ਪਬਲਿਕ ਸਕੂਲ, ਬਸੰਤ ਐਵੇਨਿਊ, ਦੁੱਗਰੀ, ਲੁਧਿਆਣਾ-141013. 3. ਸਵ. ਸ੍ਰੀ ਅਰਵਿੰਦਰ ਦੇ ਹੋਰ ਕਾਨੂੰਨੀ ਵਾਰਿਸਾਂ।

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਿਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ। ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 10.07.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



**AXIS BANK**

**Retail Asset Centre:** AXIS Bank Ltd. SCB-5, First Floor, Chotti Baradari, Patiala.147001. **Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025. **Registered Office:** 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੀਆਂ ਤਾਕਤਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਧਿਆਨ ਸੁਰੱਖਿਅਤ ਐੱਸਟਸ ਦੇ ਪੁਨਰਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਅਤੇ ਪਤਾ | ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਏ ਦੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|---|
| ਮੈਸਰਜ਼ ਜੀ ਐਨ ਕਮਿਸ਼ਨ ਏਜੰਟ ਰਾਹੀਂ ਇਸ ਦੇ ਭਾਈਵਾਲਾਂ 1. ਸ੍ਰੀ ਜਗਦੀਸ਼ ਸਿੰਘ 2. ਸ੍ਰੀ ਕੁਲਦੀਪ ਸਿੰਘ | 09th-August-2021 | 25-May-2021 | 06-July-2026 | ਰੁਪਏ 43,24,626/- (ਤਰਤਾਲੀ ਲੱਖ ਚੌਵੀ ਹਜ਼ਾਰ ਛੇ ਸੌ ਛੱਬੀ ਰੁਪਏ ਕੇਵਲ) |

**ਜਾਇਦਾਦਾਂ ਦਾ ਵੇਰਵਾ**

ਏ) ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ, ਰਕਬਾ 14 3/4 ਮਰਲੇ, ਕੁੱਲ ਖੇਤਰ 6 ਕਨਾਲ 16 ਮਰਲੇ ਦਾ 59/544 ਹਿੱਸਾ, ਖੇਵਟ ਨੰ. 477, ਰੈਕਟ. 62, ਕਿੱਲਾ ਨੰ. 24/2 (6-16), ਤਲਵੰਡੀ ਭਾਈ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਕੁਲਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 1535 ਮਿਤੀ 14.12.2011 ਅਨੁਸਾਰ। ਹੱਦਾਂ ਦਸਤਾਵੇਜ਼ ਅਨੁਸਾਰ, ਪੂਰਬ : ਮਨਜੀਤ ਕੌਰ, ਪੱਛਮ, ਲਾਂਘਾ, ਉੱਤਰ : ਸੱਤਪਾਲ, ਦੱਖਣ : ਕੁਲਦੀਪ ਸਿੰਘ

ਬੀ) ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ, ਰਕਬਾ 7 ਮਰਲੇ, ਕੁੱਲ ਖੇਤਰ 6 ਕਨਾਲ 16 ਮਰਲੇ ਦਾ 65/1224 ਹਿੱਸਾ, ਖੇਵਟ ਨੰ. 477, ਰੈਕਟ. 62, ਕਿੱਲਾ ਨੰ. 24/2 (6-16), ਜਮ੍ਹਾਂਬੰਦੀ ਸਾਲ 2009-10, ਤਲਵੰਡੀ ਭਾਈ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਫਿਰੋਜ਼ਪੁਰ, ਕੁਲਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 877 ਮਿਤੀ 01.12.2014 ਅਨੁਸਾਰ। ਹੱਦਾਂ (ਦਸਤਾਵੇਜ਼ ਅਨੁਸਾਰ), ਪੂਰਬ : ਗੁਰਮੇਲ ਸਿੰਘ, ਪੱਛਮ, ਲਾਂਘਾ, ਉੱਤਰ : ਗਗਨਦੀਪ ਸਿੰਘ, ਦੱਖਣ : ਨਰਿੰਦਰ ਸਿੰਘ

ਸੀ) ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ, ਰਕਬਾ 11 ਮਰਲੇ 7-1/4 ਸਰਸਾਈ, ਕੁੱਲ 36 ਕਨਾਲ 12 ਮਰਲੇ ਦਾ 106-1/4/6588 ਹਿੱਸਾ, ਖੇਵਟ ਨੰ. 286, ਖਸਰਾ ਨੰ. 382-383, ਖਸਰਾ ਨੰ. 46/7 (0-13), 15/1/2 (1-16), 16/1 (5-16), 16/2 (2-4), 14 (6-18), 17 (8-0), 24/1 (5-11), 25/1 (6-0), ਜਮ੍ਹਾਂਬੰਦੀ ਸਾਲ 2003-04, ਪਿੰਡ ਤਲਵੰਡੀ ਭਾਈ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਮੋਗਾ, ਕੁਲਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 463 ਮਿਤੀ 28.04.2009 ਅਨੁਸਾਰ। ਹੱਦਾਂ (ਦਸਤਾਵੇਜ਼ ਅਨੁਸਾਰ), ਪੂਰਬ : ਗਲੀ 30' ਚੌੜੀ, ਪੱਛਮ : ਵੇਚਣ ਵਾਲੇ ਦੀ ਜ਼ਮੀਨ ਦਾ ਬਾਕੀ ਹਿੱਸਾ, ਉੱਤਰ : ਵੇਚਣ ਵਾਲੇ ਦੀ ਜ਼ਮੀਨ ਦਾ ਬਾਕੀ ਹਿੱਸਾ, ਦੱਖਣ : ਗਲੀ 30' ਚੌੜੀ

ਮਿਤੀ 11.07.2026 ਸਥਾਨ : ਪੰਜਾਬ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

# ਕੋਆਪ੍ਰੇਟਿਵ ਸੁਸਾਇਟੀ ਭਾਈਰੂਪਾ ਵਿਖੇ ਕਿਸਾਨ ਮਿਲਣੀ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਹਲਕਾ ਰਾਮਪੁਰਾ ਫੂਲ ਦੇ ਪਿੰਡ ਭਾਈਰੂਪਾ ਦੀ ਕੋਆਪ੍ਰੇਟਿਵ ਸੁਸਾਇਟੀ ਵਿਖੇ ਕਿਸਾਨ ਮਿਲਣੀ ਕਰਵਾਈ ਗਈ, ਜਿਸ ਦੌਰਾਨ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕੋਆਪ੍ਰੇਟਿਵ ਸੁਸਾਇਟੀਆਂ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਤੇ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਤੋਂ ਇਲਾਵਾ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਅਜਿਹੀਆਂ ਕਿਸਾਨ ਮਿਲਣੀਆਂ ਮਾਰਕਫੈਡ ਵੱਲੋਂ ਪੰਜਾਬ ਭਰ 'ਚ ਕੀਤੀਆਂ ਜਾਣਗੀਆਂ ਤਾਂ ਕਿ ਕਿਸਾਨ ਮਾਰਕਫੈੱਡ

ਦੀਆਂ ਸਕੀਮਾਂ ਦੇ ਲਾਭ ਲੈਣ ਸਕਣ।

ਮਿਲਣੀ ਦੌਰਾਨ ਕਿਸਾਨਾਂ ਵੱਲੋਂ ਸੁਸਾਇਟੀਆਂ ਦੇ ਕੰਮਕਾਜ, ਯੂਰੀਆ ਖਾਦ ਦੀ ਉਪਲਬਧਤਾ ਤੇ ਹੋਰ ਮਸਲੇ ਚੇਅਰਮੈਨ ਦੇ ਧਿਆਨ ਵਿੱਚ ਲਿਆਂਦੇ ਗਏ।ਚੇਅਰਮੈਨ ਮਾਨ ਨੇ ਕਿਸਾਨਾਂ ਨੂੰ ਮਾਰਕਫੈੱਡ ਪੰਜਾਬ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਤੇ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਕੋਆਪ੍ਰੇਟਿਵ ਸੁਸਾਇਟੀਆਂ ਰਾਹੀਂ ਕਿਸਾਨਾਂ ਨੂੰ ਯੂਰੀਆ ਖਾਦ ਸਬੰਧੀ ਸਮੱਸਿਆ ਨਾ ਆਵੇ, ਇਸ ਲਈ ਸਬੰਧਤ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਲਈ ਯਤਨ ਕੀਤੇ ਜਾਣਗੇ।ਇਸ ਦੌਰਾਨ 'ਮੇਰੀ ਰਸੋਈ' ਸਕੀਮ ਤਹਿਤ ਫੂਡ ਕਿੱਟ ਨਾਲ ਸਬੰਧਤ ਮਾਮਲੇ ਵੀ ਵਿਚਾਰੇ ਗਏ। ਜਿਨ੍ਹਾਂ ਲਾਭਪਾਤਰੀਆਂ ਦੇ ਫਾਰਮ ਨਹੀਂ ਭਰੇ ਗਏ ਸਨ ਜਾਂ ਜਿਨ੍ਹਾਂ ਨੂੰ ਅਰਜ਼ੀ ਪ੍ਰਕਿਰਿਆ ਦੌਰਾਨ ਕਿਸੇ ਕਿਸਮ ਦੀ ਦਿੱਕਤ ਆ ਰਹੀ ਸੀ, ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ।ਕੁਝ ਮਾਮਲਿਆਂ ਵਿੱਚ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਹੱਲ ਲਈ ਕਾਰਵਾਈ ਕੀਤੀ ਗਈ।

# ਮੋਦੀ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀ ਮਾਨ ਸਰਕਾਰ : ਐਡਵੋਕੇਟ ਦਲਿਓ

## ਕਿਸਾਨਾਂ-ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਸੰਬੰਧੀ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਮਾਨਸਾ, (ਆਤਮਾ ਸਿੰਘ ਪਮਾਰ)-ਕੁੱਲ ਹਿੰਦ ਕਿਸਾਨ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂਆਂ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਦੀ ਅਗਵਾਈ ਹੇਠ ਕਿਸਾਨਾਂ-ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਮਾਨਸਾ ਮੈਡਮ ਪੂਨਮ ਸਿੰਘ ਨੂੰ ਮੁੱਖ ਮੰਤਰੀ ਪੰਜਾਬ ਤੇ ਰਾਜਪਾਲ ਪੰਜਾਬ ਦੇ ਨਾਂਅ ਮੰਗ ਪੱਤਰ ਸੌਂਪ ਕੇ ਮੰਗ ਕੀਤੀ ਕਿ ਜੀ.ਬੀ.ਜੀ. ਰਾਮ ਜੀ ਕਾਨੂੰਨ ਨੂੰ ਵਾਪਸ ਲਿਆ ਜਾਵੇ ਅਤੇ ਮਗਨਰੇਗਾ ਕਾਨੂੰਨ ਨੂੰ ਮੁੜ ਬਹਾਲ ਕੀਤਾ ਜਾਵੇ, ਤਜਵੀਜ਼ਤ ਬਿਜਲੀ ਐਕਟ ਵਾਪਸ ਲਿਆ ਜਾਵੇ ਤੇ ਤਜਵੀਜ਼ਤ ਬੀਜ ਸੋਧ ਬਿੱਲ ਵੀ ਵਾਪਸ ਲਿਆ ਜਾਵੇ।ਇਸ ਮੌਕੇ ਆਲ ਇੰਡੀਆ ਕਿਸਾਨ ਸਭਾ ਪੰਜਾਬ ਦੇ ਸੂਬਾਈ ਉਪ ਪ੍ਰਧਾਨ ਐਡਵੋਕੇਟ ਦਲਿਓ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਮੋਦੀ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀ ਹੈ ਤੇ ਕੇਂਦਰ ਦੀਆਂ ਨੀਤੀਆਂ ਨੂੰ ਇੰਨ ਬਿੰਨ ਲਾਗੂ ਕਰ ਰਹੀ ਹੈ।ਕਿਸਾਨਾਂ, ਮੁਲਾਜ਼ਮਾਂ ਸਮੇਤ ਵੱਖ ਵੱਖ ਵਰਗਾਂ ਦੇ ਸੰਘਰਸ਼ਾਂ ਨੂੰ ਡੰਡੇ ਦੇ ਜ਼ੋਰ 'ਤੇ ਦਬਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਾਰਪੋਰੇਟ ਘਰਾਣਿਆਂ ਦੀ ਲੁੱਟ ਖਸੁੱਟ ਲਈ ਰਾਹ ਪੱਧਰਾ ਕਰ ਰਹੀ ਹੈ ਤੇ ਦੇਸ਼ ਖਾਸ ਕਰਕੇ ਪੰਜਾਬ ਦੇ ਕਿਸਾਨਾਂ ਦੀਆਂ ਜ਼ਮੀਨਾਂ ਕੌਡੀਆਂ ਦੇ ਭਾਅ ਕਾਰਪੋਰੇਟਾਂ ਨੂੰ ਸੌਂਪਣ ਲਈ ਸਾਜ਼ਿਸ਼ਾਂ ਘੜ ਰਹੀ ਹੈ।ਉਨ੍ਹਾਂ

ਕਿਹਾ ਕਿ ਪੰਜਾਬ ਸਰਕਾਰ ਦੇ ਰਾਜ ਭਾਗ 'ਚ ਅਮਨ ਕਾਨੂੰਨ ਦੀ ਸਥਿਤੀ ਚਿੰਤਾਜਨਕ ਹੋਈ ਪਈ ਹੈ।ਦਿਨ ਦਿਹਾੜੇ ਕਤਲ, ਅਗਵਾ, ਲੁੱਟਾਂ-ਖੋਹਾਂ ਆਦਿ ਦੀਆਂ ਘਟਨਾਵਾਂ ਦੀਆਂ ਘਟਨਾਵਾਂ 'ਚ ਵਾਧਾ ਹੋ ਰਿਹਾ ਹੈ।ਨਸ਼ਿਆਂ ਦਾ ਕਾਰੋਬਾਰ ਦਿਨੋਂ ਦਿਨ ਵਧ ਰਿਹਾ ਹੈ।ਜੇਲਾਂ 'ਚੋਂ ਗੈਰ-ਸਮਾਜੀ ਅਨਸਰ ਦੁਆਰਾ ਫਿਰੌਤੀਆਂ, ਸੁਪਾਰੀਆਂ ਪਾਰੀਆਂ, ਨਸ਼ਿਆਂ ਤੇ ਹੋਰ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ।ਇਸ ਮੌਕੇ ਦਿੱਤੇ ਮੰਗ ਪੱਤਰ ਵਿੱਚ ਆਗੂਆਂ ਨੇ ਮੰਗ ਕੀਤੀ ਕਿ ਮੁਕਤ ਵਪਾਰ ਸੰਧੀਆਂ ਰੱਦ ਕੀਤੀਆਂ ਜਾਣ, ਬੇਜ਼ਮੀਨੇ ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਤੇ ਕੱਚੇ ਮਕਾਨਾਂ ਵਾਲੇ ਮਜ਼ਦੂਰਾਂ ਨੂੰ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਸਹਾਇਤਾ ਦਿੱਤੀ ਜਾਵੇ।ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮਾਫ਼ ਕੀਤੇ ਜਾਣ।ਆਜ਼ਾਦੀ ਤੋਂ ਬਾਅਦ ਜਿਨ੍ਹਾਂ ਆਬਾਦਕਾਰਾਂ ਨੇ ਜ਼ਮੀਨਾਂ ਆਬਾਦ ਕੀਤੀਆਂ ਉਨ੍ਹਾਂ ਨੂੰ ਮਾਲਕੀ ਦੇ ਹੱਕ ਦਿੱਤੇ ਜਾਣ।ਬਾਰਡਰ ਦੇ ਪਾਰ ਜ਼ਮੀਨਾਂ ਦਾ ਤੀਹ ਹਜ਼ਾਰ ਰੁਪਏ ਸਰਕਾਰ ਮੁਆਵਜ਼ਾ ਦਿੱਤਾ ਜਾਵੇ।ਤਾਰ ਤੋਂ ਪਾਰ ਦੀਆਂ ਜ਼ਮੀਨਾਂ ਵਿੱਚ ਕਿਸਾਨੀ ਦੇ ਕੰਮ ਦੇ ਘੰਟੇ ਵਧਾਏ ਜਾਣ।ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ।ਯੂਰੀਆ ਤੇ ਡੀ.ਏ.ਪੀ. ਖਾਦ ਦੇ ਨਾਲ ਹੋਰ ਸਮੱਗਰੀ ਦੇਣ ਦੇ ਨਾਮ 'ਤੇ ਲੁੱਟ ਬੰਦ ਕੀਤੀ ਜਾਵੇ।ਹੜ੍ਹਾਂ ਤੋਂ ਬਚਾਅ ਲਈ ਦਰਿਆਵਾਂ ਦੇ ਧੁੱਸੀ ਬੰਨ੍ਹਾਂ ਦੀ ਤੁਰੰਤ ਮੁਰੰਮਤ ਕੀਤੀ ਜਾਵੇ।ਇਸ ਮੌਕੇ ਕਿਸਾਨ ਸਭਾ ਤੇ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਸੁਰੇਸ਼ ਕੁਮਾਰ ਮਾਨਸਾ, ਜਸਵੰਤ ਸਿੰਘ ਬੀਰੋਕੇ, ਰਾਜ ਕੁਮਾਰ ਗਰਗ, ਸੀਤਾ ਰਾਮ ਗੋਇਲ, ਜਸਵਿੰਦਰ ਬੱਬਲੂ, ਬੀਰਬਲ ਸਿੰਘ ਚੌਹਾਨ, ਤੇਜਾ ਸਿੰਘ ਹੀਰਕੇ, ਗੁਰਜੰਟ ਸਿੰਘ ਕੋਟੜਾ, ਸੰਜੀਤ ਕੁਮਾਰ ਗੁਪਤਾ, ਬਲਵੀਰ ਸਿੰਘ ਮਾਨਸਾ, ਅਮਨਦੀਪ ਸਿੰਘ ਬਿੱਟੂ ਆਦਿ ਹਾਜ਼ਰ ਸਨ।

## ਗੋਡਾਵਨ ਨੇ ਸਿੰਗਲ ਮਾਲਟ ਆਫ ਦਿ ਈਅਰ ਖਿਤਾਬ ਜਿੱਤਿਆ

ਬਠਿੰਡਾ-ਰਾਜਸਥਾਨ ਦੇ ਗੋਡਾਵਨ ਡਿਸਟਿਲਰੀਜ਼ ਦੁਆਰਾ ਗੋਡਾਵਨ ਆਰਟੀਸਨਲ ਸਿੰਗਲ ਮਾਲਟ ਵਿਸਕੀ ਨੇ ਸ਼ਿਕਾਗੋ ਅਮਰੀਕਾ ਵਿੱਚ ਆਯੋਜਿਤ ਬਾਰਟੈਂਡਰ ਸਪਿਰਿਟਸ ਅਵਾਰਡਸ 2026 ਵਿੱਚ ਦੋ ਵੱਡੇ ਅਤੇ ਨਾਮਵਰ ਪੁਰਸਕਾਰ ਜਿੱਤੇ ਹਨ। ਗੋਡਾਵਨ 02 ਫਰੂਟ ਐਂਡ ਸਪਾਈਸ ਨੂੰ ਸਪਿਰਿਟ ਆਫ ਦਿ ਈਅਰ-ਇੰਡੀਆ ਅਤੇ ਇੰਡੀਅਨ ਸਿੰਗਲ ਮਾਲਟ ਵਿਸਕੀ ਆਫ ਦਿ ਈਅਰ ਨਾਂਅ ਦਿੱਤਾ ਗਿਆ, ਜਿਸ ਨਾਲ ਬ੍ਰਾਂਡ ਦੇ ਕੁੱਲ ਅੰਤਰਰਾਸ਼ਟਰੀ ਪੁਰਸਕਾਰ 125 ਤੋਂ ਵੱਧ ਹੋ ਗਏ।ਸਪਿਰਿਟ ਆਫ ਦਿ ਈਅਰ-ਇੰਡੀਆ ਐਵਾਰਡ ਮੁਕਾਬਲੇ ਵਿੱਚ ਸਾਰੀਆਂ ਸ਼੍ਰੇਣੀਆਂ ਵਿੱਚ ਸਭ ਤੋਂ ਵੱਧ ਦਰਜਾ ਪ੍ਰਾਪਤ ਭਾਰਤੀ ਸਪਿਰਿਟ ਨੂੰ ਮਾਨਤਾ ਦਿੰਦਾ ਹੈ ਅਤੇ ਮੁਕਾਬਲੇ ਦਾ ਸਭ ਤੋਂ ਵੱਧ ਨਾਮਵਰ ਖਿਤਾਬ ਹੈ ਜੋ ਸਪਿਰਿਟ ਨੂੰ ਦਿੱਤਾ ਜਾਂਦਾ ਹੈ ਜਿਸ ਨੇ ਕੁੱਲ ਮਿਲਾ ਕੇ ਸਭ ਤੋਂ ਸ਼ਾਨਦਾਰ ਪ੍ਰਦਰਸ਼ਨ ਹੁੰਦਾ ਹੈ।

## ਗੁਰੂ ਰਵਿਦਾਸ ਦੇ ਜੀਵਨ ਤੇ ਬਾਣੀ 'ਤੇ ਸੈਮੀਨਾਰ ਭਲਕੇ

ਕਪੂਰਥਲਾ (ਡਾ ਰਮਨ)-ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਬਾਣੀ ਵਿਚਾਰ ਚੇਤਨਾ ਮੰਚ ਰਜਿ. ਪੰਜਾਬ ਵੱਲੋਂ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਛੇਵਾਂ ਸੈਮੀਨਾਰ 12 ਜੁਲਾਈ ਨੂੰ 10 ਵਜੇ ਤੋਂ 2 ਵਜੇ ਤੱਕ ਕਪੂਰਥਲਾ ਵਿਚ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਇੱਥੇ ਸੈਮੀਨਾਰ ਦੇ ਕੋਆਰਡੀਨੇਟਰ ਤੇ ਪ੍ਰਧਾਨ ਆਲ ਇੰਡੀਆ ਐਸਸੀ/ਐਸਟੀ ਰੇਲਵੇ ਇੰਪਲਾਈਜ਼ ਐਸੋਸੀਏਸ਼ਨ ਇੰਜ. ਜੀਤ ਸਿੰਘ ਨੇ ਦੱਸਿਆ ਕਿ ਇਹ ਸੈਮੀਨਾਰ ਸਾਹਿਬਜ਼ਾਦਾ ਅਜੀਤ ਸਿੰਘ ਸੰਸਥਾਨ (ਵਰਕਰ ਕਲੱਬ) ਰੇਲ ਕੋਚ ਫ਼ੈਕਟਰੀ ਵਿਚ ਮੁੱਖ ਕੋਆਰਡੀਨੇਟਰ ਗੁਰਨਾਮ ਸਿੰਘ ਅਕੀਦਾ ਤੇ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਦੀ ਸਰਪ੍ਰਸਤੀ ਵਿਚ ਕਰਵਾਇਆ ਜਾ ਰਿਹਾ ਹੈ ਜਿੱਥੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਤੇ ਅਕਾਦਮਿਕ ਤੇ ਅਧਿਆਤਮਿਕ ਤੌਰ ਤੇ ਯੂਨੀਵਰਸਿਟੀਆਂ ਵਿਚ ਹੋਈਆਂ ਖੋਜਾਂ ਦੇ ਅਧਾਰਿਤ ਪੇਪਰ ਪੜ੍ਹੇ ਜਾਣਗੇ। ਇੰਜ. ਜੀਤ ਸਿੰਘ ਨੇ ਦੱਸਿਆ ਕਿ ਇਸ ਸੈਮੀਨਾਰ ਵਿਚ ਮੁੱਖ ਮਹਿਮਾਨ ਦੇ ਤੌਰ ਤੇ ਅਜੀਤ ਗਰੁੱਪ ਤੇ ਕਾਰਜਕਾਰੀ ਸੰਪਾਦਕ ਸ੍ਰੀ ਸਤਨਾਮ ਮਾਣਕ ਪੁੱਜਣਗੇ। ਮੁੱਖ ਪੇਪਰ 'ਦਲਿਤ ਉਥਾਨ : ਗੁਰੂ ਰਵਿਦਾਸ ਤੋਂ ਗੁਰੂ ਗੋਬਿੰਦ ਸਿੰਘ ਤੱਕ' ਵਿਸ਼ੇ ਤੇ ਡਾ. ਹਰਜਿੰਦਰ ਸਿੰਘ ਸਹਾਇਕ ਪ੍ਰੋਫੈਸਰ ਕਮਲਾ ਨਹਿਰੂ ਕਾਲਜ ਆਫ਼ ਵੂਮੈਨ ਫਗਵਾੜਾ ਪੜ੍ਹਨਗੇ। ਇਥੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਕਿਸ਼ਨ ਸਿੰਘ (ਰਿਟਾ.) ਚੀਫ਼ ਵਰਕਸ਼ਾਪ/ਰੇਲਵੇ ਹੋਣਗੇ। ਸੈਮੀਨਾਰ ਦਾ ਸੰਪੰਨ ਭਾਸ਼ਣ ਪ੍ਰਬੁੱਧ ਵਿਦਵਾਨ ਡਾ. ਗੁਰਮੀਤ ਕੱਲਰਮਾਜਰੀ ਪਟਿਆਲਾ ਦੇਣਗੇ। ਇਸ ਸੈਮੀਨਾਰ ਵਿਚ ਸੈਮੀਨਾਰ ਦੀ ਲੜੀ ਕਰਵਾ ਰਹੇ ਮੁੱਖ ਕੋਆਰਡੀਨੇਟਰ ਤੇ ਬਾਣੀ ਵਿਚਾਰ ਚੇਤਨਾ ਮੰਚ ਰਜਿ. ਪੰਜਾਬ ਦੇ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਤੇ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਵਿਸ਼ੇਸ਼ ਤੌਰ ਤੇ ਪੁੱਜਣਗੇ। ਇਸ ਮੌਕੇ ਆਰ ਸੀ ਮੀਨਾ, ਹਰਬੰਸ ਸਿੰਘ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸੇਵਕ ਸਭਾ ਆਰ ਸੀ ਐੱਫ, ਨਰੇਸ਼ ਕੁਮਾਰ, ਕ੍ਰਿਸ਼ਨ ਲਾਲ ਜੱਸਲ ਵੀ ਮੌਜੂਦ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Jograj S/o Haresh Lal resident at Village Taalwandi Kangoo, Mandial, PO Mandial, Distt Hoshiarpur-144105, Punjab have changed my name from Jograj to Yograj. Concerned note

I,Sunil Kumar S/O Jugal Kishore Poddar R/O H.No.15,Paradise Block,Holy city, Amritsar,Punjab have changed my name from Sunil Kumar to Sunil Poddar. Concerned note.

I Sonia D/O Kewal Ram R/O V.P.O Sarhala Ranuan Tehsil Banga Distt Shaheed Bhagat Singh Nagar Punjab (India). I Have Changed My Name From Sonia To Sonia Kaur. All Concerned Note.

I, Gurwinder Singh son of Gurmej Singh Village Jamalpur Tehsil Patti District Tarn Taran have changed my name from Gurwinder Singh to Surname as Singh and my given name is Gurwinder Plz note it.

I, Kiranpreet Kaur wife of Gurwinder Singh Village Jamalpur Tehsil Patti District Tarn Taran have changed my name from Kiranpreet Kaur to Surname as Kaur and my given name is Kiranpreet Plz note it.

I,Veda Singh S/O Karnail Singh R/O Vill Mule Chak PO Fatahpur Near Bhagtanwala Distt. Amritsar inform that Veda Singh and Ved Parkash Singh both are my names and is one and the same person and have equal value.

I, Jasbir Singh S/o Kulwant Singh R/o 1644, Gali No.6, Prince Avenue, Azad Road, Amritsar have declare that Jasbir is my Given name and Singh is my Surname

I, Manpreet Kaur D/o Sarabjit Singh W/o Narinderjit Singh Bhullar R/o H.No.25-D, East Mohan Nagar, 100ft Road, Amritsar have changed my name from Manpreet Kaur to Manpreet Kaur Bhullar

I, Gurjit Kaur W/o Sukhraj Singh R/o VPO Khaper Kheri, Amritsar have declare that Gurjit is my Given name and Kaur is my Given name

I, Sarabjit Singh son of Bakhshish Singh resident of Village Bhamboi, PO Dhadiala Nazara, Tehsil Batala, District Gurdaspur have changed my name from Sarabjit Singh to Sarbjit Singh Concerned May Please Be Noted.

I, Kulwinder Kaur W/o Sarbjit Singh resident of Village Bhamboi, Po Dhadiala Nazara, Tehsil Batala, District Gurdaspur have changed my name from Kulwinder Kaur to Bhupender Kaur Concerned May Please Be Noted.

I, Sarbjit Singh son of Bakhshish Singh resident of Village Bhamboi, PO Dhadiala Nazara, Tehsil Batala, District Gurdaspur have declare that my father was known by two Names Bakshish Singh and Bakhshish Singh and he was one and the Same Person Concerned May Please Be Noted.

I, Nand Kishore S/o Jagdish Chander R/o 211, Meera Kot Road, Airport Road, Blue Valley, VTC Amritsar, PO SJS Avenue, Distt. Amritsar, Punjab-143008 have changed my name from Nand Kishore to Nand Kishore Sharma.

I, Surinder Kaur W/o Darshan Singh R/o VPO Chawinda Devi, Tehsil & Distt. Amritsar, Punjab-143504 have changed my name from Surinder Kaur to Kaur is my surname and Surinder is my given name.

I, Manjit Singh S/o Darshan Singh R/o VPO Chawinda Devi, Tehsil & Distt. Amritsar, Punjab-143504 have changed my name from Manjit Singh to Singh is my surname and Manjit is my given name.

I, Amritpal Singh Chaulia S/o Santokh Singh R/o VPO Bachiwind, District Amritsar have changed my name from Amritpal Singh Chaulia to Amritpal Singh. Concerned To Be Noted.

I, Rajwinder Kaur Chaulia W/o Amritpal Singh R/o VPO. Bachiwind, District Amritsar have changed my name from Rajwinder Kaur Chaulia to Rajwinder Kaur. Concerned To Be Noted.

I, Gurprit Singh S/o Ajit Singh R/o VPO Bainstani, Hoshiarpur, Punjab changed my name from Gurprit Singh to Gurpreet Singh.

I, Arjun Singh S/o Anoop Singh R/o H.No.323, Ward No.3, Patiala Road, Near Railway Fatak, Ram Nagar, Sunam, Sangrur, Punjab, 148028 changed my name to Arjan Singh.

I, Madan Lal S/o Jagiri Lal R/o V.P.O. Haripur, Nakodar, Jalandhar changed name of my minor son Karan Deep aged 10 years to Karan Deep Singh.

I, Lakhwinder Singh Banger S/O Surinder Ram, resident of Bahopur Post Office Mustfapur District Jalandhar, have changed my name from LAKHWINDER SINGH to LAKHWINDER SINGH BANGER. Please note all concerned.

I Boota Ram S/o Nazar Ram, R/o Kala Bakra, Jalandhar have changed my minor daughter name from Sonia to Sonia Sandhu.

I, Kabir s/o Rakesh Kumar r/o H.No.B-1/416, Gandhi Camp, Jalandhar-144008, have changed my name from Kabir to Kabir Kumar. All Please Note.

I, MEENA VISHWAKARMA wife of PURAN KUMAR, residing at H.No. 16, Bank Colony Road, Ravidass Mandir, Chanan Nagar, Model House, P.O. Model Town, Jalandhar, Punjab-144003, have changed the name of my minor daughter KENGAL aged 14 years and she shall hereafter be known as AAROHI VISHWAKARMA.

## Change of Name

I, KULWINDER KAUR D/O JARNAIL SINGH JAT WHOSE PERMANENT ADDRESS IN INDIA IS KHUN KHUN GOBINDPUR HOSHIARPUR PUNJAB 144208 AND NOW LIVING AT 4 DEVEY DRIVE, TIPTON, WEST MIDLANDS DY4 0LU HEREBY GIVE NOTICE OF MY INTENTION TO CHANGE MY NAME TO KULWINDER KAUR (GIVEN NAME) ATWAL (SURNAME). (U/I)

I, PRIANSHU S/O MR BANKA BIHARI WHOSE PERMANENT ADDRESS IN INDIA IS H. NO. 29, CHATTI GALI, MOHALLA DOULA NANGAL, BATALA, PO BATALA, DISTT. GURDASPUR, PUNJAB 143505 AND NOW LIVING AT 33 ALEXANDRA CRESCENT, WEST BROMWICH, B71 3AG, UK HEREBY GIVE NOTICE OF MY INTENTION TO CHANGE MY NAME TO PRIANSHU (GIVEN NAME) MEHRA (SURNAME). (U/I)

I, Renu Sharma W/o Raj Kumar R/o 15, Jaimal Nagar, Jalandhar declare that Renu Sharma @ Renu Bala @ Renu @ Brij Bala all refer to one and the same person i.e. myself.

I, Deepika Yadav W/o Raghav Bhanot R/o 3340, Surian Street, Kartarpur, District Jalandhar, Punjab, have changed my name from Deepika Yadav to Deepika Bhanot. All Please Note.

I, Ranjit Singh S/o Surinder Singh R/o VPO. Chanian, Tehsil Nakodar, Distt. Jalandhar, Punjab declare that my father names Surinder Singh and Suvender Singh are one and the same person.

I, Daljit Kaur Gandhi W/o Ravinder Gandhi R/o H.No. 1368, Gali No. 3, Guru Nanak Colony, Tarn Taran Road, Amritsar have changed my name from Daljit Kaur Gandhi to Daljit Kour.

I, Sahil S/o Sardari Lal Village Granthpur, PO. Garhdiwala, Tehsil Dasuya, Distt. Hoshiarpur (Punjab) declare that I have changed my name from Sahil to Sahil Choudhary. Concerned note.

I, Nerdev Singh S/o late Sh. Jagir Singh R/o H. No. 146-B, University Enclave, Phase-1, Near Guru Nanak Dev University Campus, Ladhewali, Jalandhar, I have changed my name from Nerdev Singh to Nardev Singh. All concerned please note.

I, Shivani Kumari C/o Rajnish Kumar R/o Chupshah Alawalpur, Jalandhar, Punjab-144301 have changed my name from Shivani to Shivani Kumari. All concerned please note.

I, Bindiya Om Parkash W/o Rajesh Kumar R/o 316/54, Shiv Nagar, Sodal Road, Jalandhar I have changed my name from Bindiya Om Parkash to Bindia. All concerned please note.

I, Charanji Lal son of Daulat Ram resident of Village Udesian, PO. Adampur, Tehsil & District Jalandhar, Punjab-144102 have changed my name from Charanji Lal to Churanji Lal. All concerned please note.

I Gurjit Singh S/O Jaswant Singh R/O Village Dainwind PO Lakhan kalan district Kapurthala declare that have changed my name from Gurjit Singh to Singh as surname and given name is Gurjit. Please note.

I, Jasvir Kaur W/O Baldev Singh R/O Vill. Lakhan Khurd, PO. Lakhan Kalan, Distt. Kapurthala Have Changed My Name From Jasvir Kaur To Kaur Jasvir.

I Sukhjit Kaur D/O Jit Singh R/O ward no.8, VPO Begowal tehsil bholath district Kapurthala declare that have changed my name from Sukhjit Kaur to Sukhjit Kaur Cheema. Please note.

I, Deepika w/o Rakesh Kumar r/o H.No.B-1/416, Gandhi Camp, Jalandhar-144008, have changed my name from Deepika to Deepika Kumari. All Please Note.

I Mangal Singh S/o Kartar Singh, R/o VPO Aujla , Distt.Kapurthala , Punjab have changed my name from Mangal Singh to Mangal as given name and Singh as surname. Concerned please note.

## ਨਾਂਅ ਦੀ ਬਦਲੀ

ਮੈਂ ਨਿਸ਼ਾ ਪਤਨੀ ਸ਼ਸ਼ੀ ਕੁਮਾਰ ਹਰ ਆਮ ਅਤੇ ਖਾਸ ਨੂੰ ਸੂਚਿਤ ਕਰਦੀ ਹਾਂ ਮੈਨੂੰ ਨਿਸ਼ਾ ਤੇ ਨਿਸ਼ਾ ਅਨੇਜਾ ਦੋਨੋਂ ਹੀ ਨਾਮ ਮੇਰੇ ਹਨ ਅਤੇ ਦੋਨੋਂ ਨਾਮਾ ਨਾਲ ਜਾਣਿਆ ਜਾਵੇ।

ਮੈ ਵਰਿੰਦਰ ਕੁਮਾਰ ਪੁੱਤਰ ਸੌਦਾਗਰ ਪਿੰਡ ਸੰਗਲ ਸੋਹਲ ਡਾਕਖਾਨਾ ਮੰਡ ਜਿਲਾ ਜਲੰਧਰ ਨੇ ਆਪਣੇ ਨਬਾਲਿਗ ਬੇਟੇ ਰਜਤ ਦਾ ਨਾਮ ਬਦਲ ਕੇ ਰਜਤ ਕੁਮਾਰ ਅਤੇ ਨਬਾਲਿਗ ਬੇਟੀ ਸਲੀਨਾ ਦਾ ਨਾਮ ਬਦਲ ਕੇ ਸਲੀਨਾ ਕੁਮਾਰੀ ਰੱਖ ਲਿਆ ਹੈ।

ਮੈਂ, ਜਸਬੀਰ ਸਿੰਘ ਤੂਰ ਪੁੱਤਰ ਸਰਵਣ ਸਿੰਘ ਵਾਸੀ ਰਜਿੰਦਰ ਨਗਰ, ਜਲੰਧਰ ਸੂਚਿਤ ਕਰਦਾ ਹਾਂ ਕਿ ਮਾਲ ਰਿਕਾਰਡ ਅਰਜਨਵਾਲ, ਸ਼ਾਹਪੁਰ ਤੇ ਮਹਿਮਦਪੁਰ ਵਿੱਚ ਉਸਦਾ ਨਾਮ ਜਸਵੀਰ ਸਿੰਘ ਦਰਜ ਹੈ ਤੇ ਬਾਕੀ ਕਾਗਜਾਤ ਵਿੱਚ ਉਸਦਾ ਨਾਮ ਜਸਬੀਰ ਸਿੰਘ ਦਰਜ ਹੈ। ਦੋਵੇਂ ਨਾਮ ਉਸਦੇ ਹਨ। ਸਬੰਧਿਤ ਨੋਟ ਕਰਨ।

## PUBLIC NOTICE

It is hereby notified that I, Smile, daughter of Sh. Rajinder Kumar Sareen / Suman Bala, resident of H.No. 358, Gali No. 2, Guru Teg Bahadur Nagar, Mohkam Pura, Amritsar have lost my original Punjab School Education Board (Marksheet/ Passing Certificate) of Class X, Roll No. 1022114864, Year of Passing 2022, issued by the Punjab School Education Board (PSEB). If anyone find the same, kindly contact me at Mobile No. +91-9877359949/ Email – r81871745@gmail.com or return to my above address.

## ਬੇਦਖਲੀ ਨੋਟਿਸ

ਅਸੀਂ ਰਮਨ ਕੁਮਾਰ ਪੁੱਤਰ ਜਗਤ ਰਾਮ ਅਤੇ ਨਰਿੰਦਰ ਕੁਮਾਰੀ ਪਤਨੀ ਸ਼੍ਰੀ ਰਮਨ ਕੁਮਾਰ, ਮਕਾਨ ਨੰਬਰ 181, ਵਾਰਡ ਨੰਬਰ 05, ਮਾਹਿਲਪੁਰ, ਥਾਣਾ ਮਾਹਿਲਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਤਨਵੀਰ ਅਤੇ ਉਸਦੀ ਪਤਨੀ ਕਮਲਜੀਤ ਕੌਰ ਸਾਡੇ ਅਤੇ ਸਾਡੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੇਕਰ ਇਨ੍ਹਾਂ ਨਾਲ ਕੋਈ ਵੀ ਲੈਣ ਦੇਣ ਕਰੇਗਾ ਤਾਂ ਅਸੀਂ ਇਨ੍ਹਾਂ ਦੇ ਲੈਣ ਦੇਣ ਦੇ ਜ਼ਿਮੇਵਾਰ ਨਹੀ ਹੋਵਾਂਗੇ। ਸਬੰਧਤ ਨੋਟ ਕਰਨ।

ਮੈ ਭੋਲਾ ਸਿੰਘ ਪੁੱਤਰ ਜੀਤਾ ਸਿੰਘ ਵਾਸੀ ਉਬੋਕੇ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗੁਰਦਿੱਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁਮੇਵਾਰ ਹੋਵੇਗਾ।

ਮੈ ਬੰਸੀ ਲਾਲ ਪੁੱਤਰ ਪ੍ਰਭੂ ਰਾਮ ਵਾਸੀ ਵਾਰਡ ਨੰਬਰ 16 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਗੁਲਸ਼ਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁਮੇਵਾਰ ਹੋਵੇਗਾ।

ਮੈਂ, ਸੁਰਿੰਦਰ ਕੌਰ ਪਤਨੀ ਸ਼੍ਰੀ ਨਰਿੰਦਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਭਟਨੂਰਾ ਲੁਬਾਣਾ ਤਹਿਸੀਲ ਆਦਮਪੁਰ (ਭੋਗਪੁਰ) ਜ਼ਿਲ੍ਹਾ ਜਲੰਧਰ, ਪੰਜਾਬ ਬਿਆਨੀ ਹਾਂ ਕਿ ਮੇਰਾ ਲੜਕਾ ਹਰਦੀਪ ਸਿੰਘ ਮੇਰੇ ਕਹਿਣੇਂ ਤੋਂ ਬਾਹਰ ਹੋਣ ਕਾਰਨ ਮੈਂ ਉਸ ਨੂੰ ਆਪਣੀਂ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸੰਤੋਸ਼ ਰਾਨੀ ਪਤਨੀ ਲੇਟ ਮਨਜੀਤ ਰਾਏ ਵਾਸੀ ਡੇਰਾ ਰੋਡ, ਨੇੜੇ ਡੀ . ਏ .ਵੀ ਦੇਸ਼ ਰਾਜ ਸਕੂਲ , ਗੇਟ ਨਬਰ 1, ਬਟਾਲਾ, ਜ਼ਿਲ੍ਹਾ ਗੁਰਦਾਸਪੁਰ । ਮੇਰਾ ਲੜਕਾ ਸੁਰਿੰਦਰ ਪਾਲ ਤੇ ਨੂੰਹ ਜੋਤੀ, ਮੇਰੀ ਲੜਕੀ ਜੋਤੀ ਉਰਫ ਲੀਤਾ, ਪਤਨੀ ਪਵਨ ਕੁਮਾਰ ਜੋ ਮੇਰੇ ਕਹਿਣੇ ਤੋਂ ਬਾਹਰ ਹਨ । ਮੈਂ ਇਹਨਾਂ ਤਿੰਨਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਕਿਸੇ ਪ੍ਰਕਾਰ ਦਾ ਲੈਣ ਦੇਣ ਕਰੇਗਾ ਉਹ ਖੁਦ ਜਿੰਮੇਵਾਰ ਹੋਵੇਗਾ । ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ ।

ਮੈਂ, ਸਰਬਜੀਤ ਕੌਰ ਪਤਨੀ ਹਰਫੂਲ ਸਿੰਘ ਵਾਸੀ ਮਕਾਨ ਨੰ: ਐੱਫ-20/609, ਨਹਿਰੂ ਕਾਲੋਨੀ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪ੍ਰਭਜੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਤੋਂ ਅਲੱਗ ਰਹਿ ਰਹੀ ਹੈ। ਮੈਂ ਉਸ ਦੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਬਲਜੀਤ ਕੌਰ ਪਤਨੀਂ ਮੱਘਰ ਸਿੰਘ, ਪਿੰਡ ਮੂਲੋਵਾਲ (ਸੰਗਰੂਰ) ਆਪਣੇ ਪੁੱਤਰ ਨਵਜੋਤ ਸਿੰਘ, ਨੂੰਹ ਹਰਮਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਗੁਰਦੀਪ ਸਿੰਘ ਸਪੁੱਤਰ ਸੁੱਚਾ ਸਿੰਘ, ਵਾਸੀ ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਆਪਣੇ ਲੜਕੇ ਬਲਕਰਨ ਸਿੰਘ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਵਾਸਦੇਵ ਪੁੱਤਰ ਗਿਆਨ ਚੰਦ ਵਾਸੀ ਪਿੰਡ ਸੱਦਾ ਚੱਕ, ਡਾਕਖਾਨਾ ਭੋਗਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਨੇ ਕੁਮਾਰ ਵਿਰਦੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਆਸ਼ਾ ਰਾਣੀ ਪਤਨੀ ਸੁਰਿੰਦਰ ਕੁਮਾਰ ਵਾਸੀ 154, ਗਲੀ ਧੋਬੀਆਂ ਵਾਲੀ, ਗੇਟ ਖਜ਼ਾਨਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪੋਤਰਾ ਅਨੁਜ ਲੂਥਰਾ ਪੁੱਤਰ ਲੇਟ ਰਾਕੇਸ਼ ਲੂਥਰਾ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਨਰੇਸ਼ ਕੁਮਾਰ ਪੁੱਤਰ ਬਨਾਰਸੀ ਲਾਲ ਵਾਸੀ ਮਕਾਨ ਨੰਬਰ 137, ਕੋਟ ਮਾਹਣਾ ਸਿੰਘ, ਤਾਰਨ ਤਾਰਨ ਰੋਡ, ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪੰਕਜ ਅਤੇ ਉਸ ਦੀ ਪਤਨੀ ਸੁਨੈਨਾ ਮੇਰੇ ਕਹਿਣੇ ਤੋਂ ਬਾਹਰ ਹਨ, ਮੇਰੇ ਨਾਲ ਚੰਗਾ ਵਿਹਾਰ ਨਹੀਂ ਕਰਦੇ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਾਤਾ ਨਹੀਂ ਹੈ।

ਮੈਂ, ਬਚਨ ਲਾਲ ਪੁੱਤਰ ਹਰੀ ਦਾਸ, ਵਾਸੀ ਮਕਾਨ ਨੰ: 416/13, ਗੋਪਾਲ ਨਗਰ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਬੇਟਾ ਭੁਪੇਸ਼ ਕੁਮਾਰ ਅਤੇ ਉਸ ਦੀ ਪਤਨੀ ਮਨੀਸ਼ਾ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਸੁਰਿੰਦਰ ਕੁਮਾਰ ਬਾਹਰੀ ਪੁੱਤਰ ਤਰਸੇਮ ਲਾਲ ਬਾਹਰੀ ਅਤੇ ਪ੍ਰਿਆ ਬਾਹਰੀ ਪਤਨੀ ਸੁਰਿੰਦਰ ਕੁਮਾਰ ਬਾਹਰੀ ਵਾਸੀ ਮਕਾਨ ਨੰ: 25, ਗਲੀ ਨੰ: 4, ਪ੍ਰੀਤ ਵਿਹਾਰ, ਮੀਰਾਂਕੋਟ, ਜ਼ਿਲ੍ਹਾ ਅੰਮ੍ਰਿਤਸਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅੰਸ਼ ਬਾਹਰੀ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਨੂੰ ਅਸੀਂ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸ਼ੀਲ ਲਤਾ ਪਤਨੀ ਸਵ. ਰਾਜ ਕੁਮਾਰ ਵਾਸੀਆਨ 244, ਸਿਲਵਰ ਐਸਟੇਟ, ਵੇਰਕਾ ਮਜੀਠਾ ਬਾਈਪਾਸ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪੂਜਾ ਸੂਦ ਪਤਨੀ ਹਰਸ਼ ਦੱਤ ਸੂਦ ਅਤੇ ਮੇਰਾ ਬੇਟਾ ਵਿਕਾਸ ਸ਼ੇਰੀ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਤੇ ਮੇਰੇ ਪਰਵਾਰ ਦਾ ਉਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕੁਸ਼ੱਲਿਆ ਪਤਨੀ ਲੇਟ ਸਤਪਾਲ ਸਿੰਘ ਵਾਸੀ 54, ਸਤਿਗੁਰੂ ਰਾਮ ਸਿੰਘ ਕਾਲੋਨੀ, ਡਾਕਟਰ ਸੂਰਤਾ ਸਿੰਘ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੂਰਜ ਪ੍ਰਕਾਸ਼ ਅਤੇ ਇਸ ਦੀ ਪਤਨੀ ਅੰਜੂ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਣਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਮਕਾਨ ਨੰ: ਬੀ-11/106/ਐਸ-13, ਬੇਅੰਤ ਨਗਰ, ਵਾਰਡ ਨੰ: 10, ਪੀਏਪੀ ਲਾਈਨ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਲੜਕਾ ਹਰਦੀਪ ਸਿੰਘ ਅਤੇ ਉਸਦੀ ਪਤਨੀ ਲਵਲੀ ਸ਼ਮਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ ਦੀਪਕ ਕੁਮਾਰ ਪੁੱਤਰ ਪ੍ਰੇਮ ਲਾਲ ਵਾਸੀ ਕੁਆਰਟਰ ਨੰ: 231-ਐੱਫ, ਰੇਲਵੇ ਕਾਲੋਨੀ ਨੰ: 3, ਨੇੜੇ ਗੋਲ ਬਾਗ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਬਨ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਗੁਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਅਤੇ ਗੁਰਨਾਮ ਕੌਰ ਪਤਨੀ ਗੁਰਜੀਤ ਸਿੰਘ ਵਾਸੀ ਮਕਾਨ ਨੰ: 343, ਵਾਰਡ ਨੰ. 5, ਨੇੜੇ ਨਿਊ ਪੁਲਸ ਸਟੇਸ਼ਨ, ਬਾਬਾ ਜਵੰਦ ਸਿੰਘ ਕਾਲੋਨੀ, ਰਾਜਾਸਾਂਸੀ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਵੀਰੇਂਦਰ ਸਿੰਘ ਅਤੇ ਉਸ ਦੀ ਪਤਨੀ ਬੰਦਨਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਡਾ ਅਤੇ ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਹਰਜੀਤ ਸਿੰਘ ਪੁੱਤਰ ਸੁਰਜਨ ਸਿੰਘ ਵਾ ਰਜਵੰਤ ਕੌਰ ਪਤਨੀ ਹਰਜੀਤ ਸਿੰਘ ਵਾਸੀਆਨ 151 ਲੋਹਾਰਕਾ ਕਲਾਂ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਨੂਰਦੀਪ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਮੈਂ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ ਸੁਰੇਸ਼ ਪੁੱਤਰ ਉਮ ਪ੍ਰਕਾਸ਼ ਅਤੇ ਮੀਨਾ ਪਤਨੀ ਸੁਰੇਸ਼ ਵਾਸੀ ਸਾਂਹਸੀ ਕਲੋਨੀ, ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਬਿਰਜੂ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਅਸੀਂ ਆਪਣੇ ਲੜਕੇ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਪੂਜਾ ਰਾਣੀ ਪਤਨੀ ਸਵ: ਰਤਨ ਲਾਲ ਵਾਸੀ ਪਿੰਡ ਰੋੜ ਮਜਾਰਾ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਸਕਰਨ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਜਸਵੀਰ ਸਿੰਘ ਪੁੱਤਰ ਸ. ਜੋਗਿੰਦਰ ਸਿੰਘ ਵਾਸੀ ਲੁਟੇਰਾ ਕਲਾਂ ਡਾਕਖਾਨਾ ਕਾਲਰਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਬੇਟੀ ਮਨਪ੍ਰੀਤ ਕੌਰ ਪਤਨੀ ਹਰਮਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਇਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਮਨਪ੍ਰੀਤ ਕੌਰ ਪੁੱਤਰੀ ਸਵਰਨ ਸਿੰਘ ਵਾਸੀ ਵਾਰਡ ਨੰਬਰ 07, ਨੰਗਲ ਰੋਡ, ਗੜ੍ਹਸ਼ੰਕਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਕੋਮਲਪ੍ਰੀਤ ਕੌਰ ਪੁੱਤਰੀ ਪ੍ਰਵੀਨ ਕੁਮਾਰ ਪੁੱਤਰ ਮਦਨ ਲਾਲ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਵਿਨੋਦ ਕੁਮਾਰ ਪੁੱਤਰ ਸ੍ਰੀ ਉਦੇ ਪਾਲ ਵਾਸੀ 2173, ਨੱਥੂਆਣਾ ਗੇਟ, ਜੰਡਿਆਲਾ ਗੁਰੂ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਿਖੀਲ ਕੁਮਾਰ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ ਸੁਰਿੰਦਰ ਪਾਲ ਪੁੱਤਰ ਸ੍ਰੀ ਕਾਬਲ ਅਤੇ ਕੁਲਵਿੰਦਰ ਕੌਰ ਪਤਨੀ ਸ੍ਰੀ ਸੁਰਿੰਦਰ ਪਾਲ ਵਾਸੀ ਅਲੀ ਚੱਕ ਬਸਤੀ ਗੁਜਾਂ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪਰੇਮ ਨਾਥ ਅਤੇ ਉਸਦੀ ਪਤਨੀ ਪੂਜਾ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

## ਆਮ ਸੂਚਨਾ

ਮੈਂ, ਮਨੀਸ਼ ਕੁਮਾਰ ਪੁੱਤਰ ਸੁਭਾਸ਼ ਗੋਇਲ, ਵਾਸੀ 16-ਏ/68, ਤਹਿਸੀਲ ਮੁਹੱਲਾ, ਧੂਰੀ (ਸੰਗਰੂਰ) ਨੂੰ ਮਨੀਸ਼ ਕੁਮਾਰ ਅਤੇ ਮਨੀਸ਼ ਗੋਇਲ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਹ ਦੋਵੇਂ ਨਾਮ ਮੇਰੇ ਹੀ ਹਨ।

ਮੈ ਨੱਥਾ ਸਿੰਘ ਪੁੱਤਰ ਸੁਦਾਗਰ ਸਿੰਘ ਵਾਸੀ ਕੈਰੋ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰੇ ਲੜਕੇ ਸਾਹਿਬ ਸਿੰਘ,ਹਰਪਾਲ ਸਿੰਘ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਸੀ। ਜਿੰਨਾ ਨੂੰ ਮੈਂ ਬੇਦਖ਼ਲ ਕੀਤਾ ਸੀ। ਹੁਣ ਮੇਰੇ ਦੋਵੇ ਲੜਕੇ ਮੇਰੇ ਕਹਿਣੇ ਵਿੱਚ ਆ ਗਏ ਹਨ। ਇਹਨਾਂ ਦੀ ਬੇਦਖਲੀ ਰੱਦ ਕਰਦਾ ਹਾਂ। ਮੇਰੇ ਬਾਕੀ ਵਾਰਸਾਂ ਵਾਂਗ ਮੇਰੀ ਜਾਇਦਾਦ ਦੇ ਮਾਲਕ ਕਾਬਜ ਹੋਣਗੇ।

ਮਘਰ ਸਿੰਘ ਪੁੱਤਰ ਸ੍ਰੀ ਭਾਗ ਸਿੰਘ ਖਾਤਾ ਨੰਬਰ ਏਪੀ 14-310 (17.5 BHP) ਨੂੰ ਗਗਨਦੀਪ ਸਿੰਘ ਪੁੱਤਰ ਸ੍ਰੀ ਮਘਰ ਸਿੰਘ ਵਾਸੀ ਵ ਖੇਵਟ ਮੂਲੋਵਾਲ ਨੇ ਆਪਣੇ ਨਾਮ ਤਬਦੀਲ ਕਰਵਾਉਣ ਲਈ ਅਪਲਾਈ ਕੀਤਾ ਹੈ। ਇਤਰਾਜੀ 15 ਦਿਨਾਂ ਅੰਦਰ, ਐੱਸ.ਡੀ.ਓ, ਪਾਵਰਕਾਮ, ਉਪ ਮੰਡਲ ਰੰਗੀਆਂ (ਸੰਗਰੂਰ) ਦੇ ਇਤਰਾਜ ਪੇਸ਼ ਕਰੇ।

ਸ੍ਰੀ ਜਰਨੈਲ ਸਿੰਘ ਪੁੱਤਰ ਸ੍ਰੀ ਬੰਤਾ ਸਿੰਘ ਵਾਸੀ ਪਿੰਡ ਬੱਸੀ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ 5 ਬੀ ਐਚ ਪੀ ਦਾ ਟਿਊਬਵੈੱਲ ਖਾਤਾ ਨੰ: ਏ ਪੀ 06/2144 (3004513666) ਪਿੰਡ ਬੱਸੀ ਵਿਚ ਚੱਲ ਰਿਹਾ ਹੈ, ਜੋ ਕਿ ਹੁਣ ਸ੍ਰੀਮਤੀ ਰਮਨੀਕ ਕੌਰ ਪਤਨੀ ਸ੍ਰੀ ਨਰਿੰਦਰ ਸਿੰਘ ਵਾਸੀ ਪਿੰਡ ਬੱਸੀ ਜ਼ਿਲ੍ਹਾ ਕਪੂਰਥਲਾ ਆਪਣੇ ਨਾਂਅ 'ਤੇ ਤਬਦੀਲ ਕਰਵਾਉਣਾ ਚਾਹੁੰਦੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਅਫਸਰ ਪਾਵਰਕਾਮ ਭੁਲੱਥ ਨਾਲ ਸੰਪਰਕ ਕਰੇ।

ਤਸਦੀਕ ਕੀਤਾ ਜਾਂਦਾ ਹੈ ਕਿ ਉੱਪ ਮੰਡਲ ਦਫ਼ਤਰ ਅਜਨਾਲਾ ਵਿਚ ਚੱਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ ਟੀ-495, ਜੋ ਕਿ ਸ੍ਰੀ ਕਰਮ ਸਿੰਘ ਪੁੱਤਰ ਮੂਲਾ ਸਿੰਘ ਪਿੰਡ ਬੱਲੜਵਾਲ ਦੇ ਨਾਂਅ 'ਤੇ ਚੱਲਦਾ ਹੈ, ਨੂੰ ਸ੍ਰੀਮਤੀ ਕਰਤਾਰ ਕੌਰ ਪੁੱਤਰੀ/ਪਤਨੀ ਪਿਆਰਾ ਸਿੰਘ ਪਿੰਡ ਬੱਲੜਵਾਲ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ। ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫ਼ਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

ਤਸਦੀਕ ਕੀਤਾ ਜਾਂਦਾ ਹੈ ਕਿ ਇਸ ਉੱਪ ਮੰਡਲ ਦਫ਼ਤਰ ਵਿਚ ਚੱਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 3004911531, ਜੋ ਕਿ ਸ੍ਰੀ ਗੁਰਚਰਨ ਸਿੰਘ ਪੁੱਤਰ ਬਿਸ਼ਨ ਸਿੰਘ ਪਿੰਡ ਲੱਖੂਵਾਲ ਦੇ ਨਾਂਅ 'ਤੇ ਚੱਲਦਾ ਹੈ, ਨੂੰ ਸ੍ਰੀ ਜਗਬੀਰ ਸਿੰਘ ਪੁੱਤਰ ਮਹਿੰਦਰ ਸਿੰਘ ਪਿੰਡ ਲੱਖੂਵਾਲ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ। ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫ਼ਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

## Lost and Found

I, Bhupinder Singh S/o Malkiat Singh R/o19-R, Street No.1A, New Green Model Town, Jalandhar, Punjab declare that my property transfer deed No. 11335, Dated 01-12-2018 attested by Sub Registrar, Jalandhar has been lost on dated 12-11-2025 That I tried a lot to find the said documents but I could not find it. That If anyone finds my documents then contact me at above address. All concerned please note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਨਿਲਾਮੀ ਨੋਟਿਸ

ਦੀ ਫਤਹਿਗੜ੍ਹ ਪੰਜਤੂਰ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ. ਪਿੰਡ ਫ਼ਤਹਿਗੜ੍ਹ ਪੰਜਤੂਰ ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਵੱਲੋਂ ਖੇਤੀਬਾੜੀ ਸੰਦਾਂ ਦੀ ਨਿਲਾਮੀ ਖੁੱਲ੍ਹੀ ਬੋਲੀ ਰਾਹੀਂ ਮਿਤੀ 28/07/2026 ਦਿਨ ਮੰਗਲਵਾਰ ਨੂੰ ਸਭਾ ਦੇ ਦਫਤਰ ਵਿੱਚ ਸਵੇਰੇ 10 ਵਜੇ ਕੀਤੀ ਜਾਣੀ ਹੈ। ਜਿਸ ਵਿੱਚ ਟਰੈਕਟਰ ਜੌਨਡੀਆਰ 5310 ਮਾਡਲ 2010, ਤਵੀਆਂ 16, ਅਤੇ 18, ਰੋਟਾਵੇਟਰ 7' ਅਤੇ ਤੂੜੀ ਵਾਲੇ ਪੱਖੇ, ਸਪਰੇ ਪੰਪ, ਕੰਪਿਊਟਰ ਕਰਾਹਾ ਅਤੇ ਰੀਪਰ, ਜ਼ੀਰੋ ਡਰਿੱਲ, 11 ਹਲ ਅਤੇ ਡੂੰਗੇ ਹਲ ਹਨ। ਕੋਈ ਵੀ ਵਿਅਕਤੀ ਬੋਲੀ ਦੇ ਕੇ ਇਹ ਖੇਤੀਬਾੜੀ ਸੰਦ ਖਰੀਦ ਸਕਦਾ ਹੈ। ਇਸ ਖੁੱਲ੍ਹੀ ਬੋਲੀ ਸਬੰਧੀ ਸ਼ਰਤਾਂ ਮੌਕੇ 'ਤੇ ਦੱਸੀਆ ਜਾਣਗੀਆਂ।

ਸੰਪਰਕ :- ਪ੍ਰਧਾਨ- 94175-35690

ਸਕੱਤਰ - 99149-60008 ਸੇਲਜ਼ਮੈਨ 94784-83500

## REQUIRED

**KCL Institute of Laws, Jalandhar**

invites online applications for the Assistant Professors Punjabi 01, Commerce 01 on regular basis (Un-Aided) http://kcllaw.ac.in/jobs.Php. Qualifications and Grade as UGC/NCTE/Punjab Govt./GNDU norms.

Reservation Policy as Punjab Govt. rules

Candidates must submit online application within 15 days from the advertisement and fill the Score Card Proforma. (Annexure-IV) available on CDC Portal www.gndu.ac.in and submit it along with application. 0181-2233330 Principal.

## VIDYA RATTAN GROUP OF COLLEGES KHOKHAR KALAN (SANGRUR) - 148030

## WOMEN DEGREE COLLEGE

*VACANCIES* : Principal - 1, Asst. Professor: Math - 1, Physics - 1, Chemistry - 1, English - 2, Punjabi - 2, Hindi - 1, History - 1, Political Science - 1, Economics - 1, Religion-1, Sociology - 1, Commerce - 2, Computer - 1, Physical Education - 1. Qualification & Pay Scale: As per UGC/Pb Govt./University Norms. Apply: Send Bio-data with Photo within 10 days. Email:vrcwkhokhar@gmail.com, Portal: faculty.learnpunjabi.org,

Contact: +91 98140 37911

## COURT NOTICE

(U/o 5 Rule 20 CPC)
In the Court of
Ms. Shilpa Singh
Civil Judge (Junior Division),
Ludhiana
CNR No. PBLD02-010235-2025
Next Date 18.08.2026
J.S.W. Finance Pvt. Ltd.
Vs.
Sukhdev Singh
Publication Issued to :
Sukhdev Singh
Son : Bachan Singh
S/o Bachan Singh S/o Fauja Singh R/o New Sham Nagar, Vill. Sunet, Distt. Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18.08.2026 at 10:00 A.M.

For details logon to https://highcourtchd.gov.in/?mod=district_notice&district=mogacourt

Civil Judge (Junior Division), Ludhiana

Dated this day of 08.07.2026

## COURT NOTICE

(U/o 5 Rule 20 CPC)
In the Court of
Gurmehtab Singh
Civil Judge (Junior Division),
Kharar
CNR No. PBSAA0-000850-2021
Next Date 20.07.2026
Rajinder Kaur
Vs.
Harnek Singh
Publication Issued to :
Sukhwant Kaur W/o Labh Singh R/o Village Chapar Chiri, Tehsil and Distt. SAS Nagar

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 20.07.2026 at 10:00 A.M.

For details logon to https://highcourtchd.gov.in/?mod=district_notice&district=mogacourt

Civil Judge (Junior Division), Kharar

Dated this day of 27.05.2026

## PUBLIC NOTICE

It is hereby notified that I, Smile, daughter of Sh. Rajinder Kumar Sareen / Suman Bala, resident of H.No. 358, Gali No. 2, Guru Teg Bahadur Nagar, Mohkam Pura, Amritsar have lost my original Punjab School Education Board (Marksheet/ Passing Certificate) of Class X, Roll No. 1022114864, Year of Passing 2022, issued by the Punjab School Education Board (PSEB). If anyone find the same, kindly contact me at Mobile No. +91-9877359949/ Email – r81871745@gmail.com or return to my above address.

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਗੁਰਦੇਵ ਸਿੰਘ ਧੰਮ, ਪੀ.ਸੀ. ਐੱਸ ਉਪ ਮੰਡਲ
ਮੈਜਿਸਟ੍ਰੇਟ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ।

ਕੇਸ ਨੰਬਰ....../ਖਾਨਗੀ ਕੇਸ ਕਿਸਮ: ਖਾਨਗੀ ਇੰਤਕਾਲ ਪਿੰਡ ਸੱਸੀ ਬ੍ਰਾਹਮਣਾਂ

ਪੇਸ਼ੀ ਤਰੀਕ : 20.07.2026

ਜਸਪਾਲ ਸਿੰਘ ਪੁੱਤਰ ਜਗਨ ਨਾਥ ਵਾਸੀ ਪਿੰਡ ਸੱਸੀ ਬ੍ਰਾਹਮਣਾਂ ਤਹਿਸੀਲ ਵਾ ਜ਼ਿਲ੍ਹਾ ਪਟਿਆਲਾ ਦੀ ਮੌਤ ਮਿਤੀ 03.10.2023 ਤੋਂ ਬਾਅਦ ਉਸ ਦੀ ਖਾਨਗੀ ਵਸੀਅਤ ਦਾ ਇੰਤਕਾਲ 322 ਪਿੰਡ ਸੱਸੀ ਬ੍ਰਾਹਮਣਾਂ ਬਾ ਹੱਕ ਕਿਰਮਲਾ ਦੇਵੀ ਪਤਨੀ ਲੇਟ ਸ: ਜਸਪਾਲ ਸਿੰਘ ਫੈਸਲਾ ਕਰਨ ਹਿੱਤ ਇਸ ਅਦਾਲਤ ਵਿਚ ਮਿਤੀ 20.07.2026 ਨੂੰ ਸੁਣਵਾਈ ਲਈ ਨਿਯਤ ਹੈ।

ਇਸ ਲਈ ਇਸ ਇਸ਼ਤਿਹਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜਸਪਾਲ ਸਿੰਘ ਪੁੱਤਰ ਜਗਨਨਾਥ ਮੁਤਵਫੀ ਦੀ ਖਾਨਗੀ ਵਸੀਅਤ ਦਾ ਇੰਤਕਾਲ 322 ਪਿੰਡ ਸੱਸੀ ਬ੍ਰਾਹਮਣਾ ਬਾਹੱਕ ਕਿਰਮਲਾ ਦੇਵੀ ਪਤਨੀ ਲੇਟ ਸ: ਜਸਪਾਲ ਸਿੰਘ ਦੇ ਹੱਕ ਵਿਚ ਮਨਜ਼ੂਰ ਹੋਣ 'ਤੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਅਸਾਲਤਨ ਜਾਂ ਵਕਾਲਤਨ ਤਾਰੀਖ ਪੇਸ਼ੀ ਮਿਤੀ 20.07.2026 ਨੂੰ ਨਿਮਨਹਸਤਾਖਰ ਦੀ ਅਦਾਲਤ ਵਿਚ ਸਵੇਰੇ 10.00 ਵਜੇ ਹਾਜ਼ਰ ਹੋ ਕੇ ਆਪਣਾ ਇਤਰਾਜ਼ ਅਤੇ ਪੱਖ ਪੇਸ਼ ਕਰ ਸਕਦਾ ਹੈ। ਨਿਸਚਿਤ ਮਿਤੀ 20.07.2026 ਤੋਂ ਬਾਅਦ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਹ ਇਸ਼ਤਿਹਾਰ ਅੱਜ ਮਿਤੀ 08.07.2026 ਨੂੰ ਮੇਰੇ ਹਸਤਾਖਰ ਹਿੱਤ ਅਦਾਲਤ ਮੋਹਰ ਨਾਲ ਜਾਰੀ ਕੀਤਾ ਗਿਆ।

ਨੰ: 769/ਪੇਸ਼ੀ ਸਹੀ/-
ਮਿਤੀ: 08/07/2026 ਉਪ ਮੰਡਲ
ਮੈਜਿਸਟ੍ਰੇਟ-ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਪਟਿਆਲਾ।

## ਜਲੰਧਰ ਡਿਵੈੱਲਪਮੈਂਟ ਅਥਾਰਟੀ, ਜਲੰਧਰ

ਐੱਸ.ਸੀ.ਓ. ਨੰ: 41, ਪੁੱਡਾ ਕੰਪਲੈਕਸ, ਲਾਡੋਵਾਲੀ ਰੋਡ, ਜਲੰਧਰ।

### ਪਬਲਿਕ ਨੋਟਿਸ

ਆਮ ਪਬਲਿਕ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਪਿੰਡ ਖਜੂਰਲਾ, ਤਹਿ. ਫਗਵਾੜਾ ਤੇ ਜ਼ਿਲ੍ਹਾ ਕਪੂਰਥਲਾ ਵਿਖੇ ਸਮਰੱਥ ਅਧਿਕਾਰੀ ਮੁੱਖ ਪ੍ਰਸ਼ਾਸਕ, ਜੇਡੀਏ, ਜਲੰਧਰ ਵੱਲੋਂ ਕਮਰਸ਼ੀਅਲ ਕਲੋਨੀ "Eastwood Village" (ਰਕਬਾ 7.67) ਦਾ ਲਾਇਸੰਸ ਨੰ: ਜੇਡੀਏ-2019/45 ਮਿਤੀ 04.03.2021 ਅਤੇ ਅਡੀਸ਼ਨਲ ਰਕਬਾ 2.325 ਏਕੜ ਸਬੰਧੀ ਸਪਲੀਮੈਂਟਰੀ ਲਾਇਸੰਸ ਨੰ: ਜੇਡੀਏ-2023/64 ਮਿਤੀ 31.08.2023 M/s Eastwood Infra Pvt. Ltd., Through Sh. Triveni Mahlotra (Director), 18 Gian Nagar, Cool Road, Jalandhar ਨੂੰ ਜਾਰੀ ਕੀਤਾ ਗਿਆ ਸੀ। ਹੁਣ ਪ੍ਰੋਮੋਟਰ ਵੱਲੋਂ ਇਸ ਪ੍ਰੋਜੈਕਟ ਦੇ ਬਿਲਡਿੰਗ ਪਲੈਨਾਂ ਨੂੰ ਰਿਵਾਈਜ਼ ਕਰਨ ਸਬੰਧੀ ਇਸ ਦਫ਼ਤਰ ਵਿਖੇ ਅਪਲਾਈ ਕੀਤਾ ਗਿਆ ਹੈ। ਪ੍ਰੋਜੈਕਟ ਦੇ ਰਿਵਾਈਜ਼ਡ ਬਿਲਡਿੰਗ ਪਲੈਨ ਦਫ਼ਤਰ ਮੁੱਖ ਪ੍ਰਸ਼ਾਸਕ, ਜੇਡੀਏ, ਐੱਸ.ਸੀ.ਓ. ਨੰ: 41, ਦੂਜੀ ਮੰਜ਼ਿਲ, ਪੁੱਡਾ ਕੰਪਲੈਕਸ, ਲਾਡੋਵਾਲੀ ਰੋਡ, ਜਲੰਧਰ ਵਿਖੇ ਵੇਖੇ ਜਾ ਸਕਦੇ ਹਨ। ਬਿਲਡਿੰਗ ਪਲੈਨਾਂ ਦੀ ਰਵੀਜ਼ਨ ਸਬੰਧੀ ਉਕਤ ਪ੍ਰੋਜੈਕਟ ਦੇ ਕਿਸੇ ਵੀ ਪਲਾਟ ਹੋਲਡਰ/ਅਲਾਟੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ 15 ਦਿਨਾਂ ਵਿਚ ਨਿਮਨ-ਹਸਤਾਖਰ ਪਾਸ ਆਪਣਾ ਇਤਰਾਜ਼ ਦਾਖ਼ਲ ਕਰ ਸਕਦਾ ਹੈ। ਨਿਰਧਾਰਤ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ਾਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਪ੍ਰੋਜੈਕਟ ਦੇ ਰੀਵਾਈਜ਼ਡ ਬਿਲਡਿੰਗ ਪਲੈਨ ਪ੍ਰਵਾਨ ਕਰ ਦਿੱਤੇ ਜਾਣਗੇ।

ਸਹੀ/- ਮੁੱਖ ਪ੍ਰਸ਼ਾਸਕ,
ਜੇਡੀਏ, ਜਲੰਧਰ।

## Public Notice

Under the instruction of Aadhar Housing Finance ltd I hereby informed the general public that Rajni Sharma W/o Ashok Kumar H No. 1994/3 Chowk Chabutra Amritsar is the absolute owner of property private plot no. 1019 min having Length 60.75 feet and Width 20.91 feet Total area 141.17 Sq yards bearing Khasra No. 65//22 Min situated in the area of revenue estate Nangali Abadi Bhalla Colony Tehsil and Distt Amritsar. Bounded by East: Plot no. 1012, West Road 40 feet wide, North Plot no. 1019 Min, South Road 30 feet wide.

And

That Priya Bhatia D/o Naveen Bhatia is taking purchased loan on above said property from Aadhar Housing Finance ltd 6th floor Burj Punjab, SCO No.9 Distt Shoping Complex Ranjit Avenue Amritsar and Rajni Sharma W/o Ashok Kumar has lost her previous title deed sale deed executed by Harpreet Kaur W/o Manmohan Singh, Arvinder Kaur W/o Manpreet Singh, Rajinder Kaur W/o Darshan Singh in favour of Ashok Kumar S/o Raghbir Singh vide Doc no. 9902 dated 18-10-2016 and has also been got registered General Diary detail 026 dated 10-07-2026 in this respect. Anybody having claim or claiming any manner in this property or has raised loan by depositing the aforesaid document to any person/bank/corporation/Financial institution may approach the undersigned and may submitted objections within 7 day from the date of this public notice. After the expiry of the period of this notice, no claim shall be entertained and such claim sell be deemed to be false fake frivolous fraudulent and baseless claim and shall have no value in the eyes of law. It shall also be deemed that nobody has any objection for mortgaging the aforesaid property with Aadhar housing Finance ltd.

Harpal Singh Nijjar (Advocate).
Office address-First Floor, Above Bhagwan Dass Vasika Opp. NRI Police Station Kacheri-Chownk Amritsar
Mobile No: 9815610005

## ਕੋਰਟ ਨੋਟਿਸ



ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ
V/S ਆਮ ਜਨਤਾ

ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਂਅ : ਰੁਪਿੰਦਰਜੀਤ ਕੌਰ ਪਿਤਾ/ਪਤੀ ਦਾ ਨਾਂਅ : ਗੁਰਦੇਵ ਸਿੰਘ
ਪਤਾ : BHAINI MASSA SINGH TEHSIL BHIKHIWIND DISTRICT TARN TARAN, Village - Bhaini Massa Singh / Tehsil - Bhikhiwind/District - Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:-
ਨਾਂਅ : ਰੁਪਿੰਦਰਜੀਤ ਕੌਰ
ਪੱਕਾ ਪਤਾ: BHAINI MASSA SINGH TEHSIL BHIKHIWIND DISTRICT TARN TARAN, Bhaini Massa Singh Bhikhiwind, Tarn Taran, Punjab
ਵਿਦੇਸ਼ੀ ਪਤਾ : EMPLOYER CONTANTION NIKOLAOU I CHARALAMPOU MOUSKOU STR 8640 PANGIA PAPHOS CYPRUS / ਰੁਜ਼ਗਾਰਦਾਤਾ ਕੰਟੈਂਸ਼ਨ ਨਿਕੋਲਾਊ । ਚਰਲਮਪੋ ਮੌਸਕੋ ਐਸਟੀਆਰ 8640 ਪਾਂਗੀਆ ਪਾਫੋਸ ਸਾਈਪ੍ਰਸ
ਉਮਰ/ਜਨਮ ਮਿਤੀ : 51-(15/05/1974)
ਬਿਨੈਕਾਰ ਨੇ ਕਿਹਾ ਹੈ ਕਿ ਓਹ ਤਲਾਕਸ਼ੁਦਾ ਹੈ ਅਤੇ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸ ਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 10-07-2026 ਨੂੰ ਜਾਰੀ ਹੋਇਆ।
ਨੰਬਰ : ਐੱਮ ਏ/ਐੱਮ. ਸੀ-1/324-26 ਮਿਤੀ : 10.07.26 ਸਹੀ/- ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

## ਥਾਣਾ ਮਹਿਲ ਕਲਾਂ ਜ਼ਿਲ੍ਹਾ ਬਰਨਾਲਾ

| ਲੜੀ ਨੰ. | ਮੁਕੱਦਮਾ ਨੰਬਰ | ਵਹੀਕਲ ਨੰਬਰ |
|---|---|---|
| 1. | ਮੁਕੱਦਮਾ ਨੰਬਰ 23 ਮਿਤੀ 25.04.2016 ਅ/ਧ 15, 25 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਟਰੱਕ ਨੰਬਰ PB19D7709 |
| 2. | ਮੁਕੱਦਮਾ ਨੰਬਰ 64 ਮਿਤੀ 27.08.2019 ਅ/ਧ 61/1/14 ਐਕਸਾਈਜ਼ ਐਕਟ ਥਾਣਾ ਮਹਿਲ ਕਲਾਂ | ਮੋਟਰਸਾਈਕਲ ਬਜਾਜ CT 100 |
| 3. | ਮੁਕੱਦਮਾ ਨੰਬਰ 45 ਮਿਤੀ 28.10.2005 ਅ/ਧ 15 ਐਨ.ਡੀ.ਪੀ.ਐਸ ਥਾਣਾ ਮਹਿਲ ਕਲਾਂ | ਟਰੱਕ RJ13G-9442 |
| 4. | ਮੁਕੱਦਮਾ ਨੰਬਰ 39 ਮਿਤੀ 08.09.2013 ਅ/ਧ 22 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਸਕੂਟਰ ਚੇਤਕ PB13G-3712 |
| 5. | ਮੁਕੱਦਮਾ ਨੰਬਰ 74 ਮਿਤੀ 14.11.2007 ਅ/ਧ 18 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਜੈੱਨ ਕਾਰ DL-3CH-1875 |
| 6. | ਮੁਕੱਦਮਾ ਨੰਬਰ 13 ਮਿਤੀ 02.03.2013 ਅ/ਧ 18 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਮੋਟਰਸਾਈਕਲ ਨੰਬਰ HR-24-H-8382 |
| 7. | ਮੁਕੱਦਮਾ ਨੰਬਰ 54 ਮਿਤੀ 16.09.2017 ਅ/ਧ 15 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਕਾਰ ਨੰਬਰੀ CH01P 5385 |
| 8. | ਮੁਕੱਦਮਾ ਨੰਬਰ 01 ਮਿਤੀ 12.01.2014 ਅ/ਧ 15 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਸਕੂਟਰੀ ਨੰਬਰ PB-10-CR-8110 |
| 9. | ਮੁਕੱਦਮਾ ਨੰਬਰ 31 ਮਿਤੀ 16.04.2003 ਅ/ਧ 18 ਐੱਨ. ਡੀ. ਪੀ. ਐੱਸ ਥਾਣਾ ਮਹਿਲ ਕਲਾਂ | ਸਕੂਟਰ ਬਜਾਜ ਚੇਤਕ ਨੰਬਰ PB 10U2354 |

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਸ੍ਰੀ ਮਨਦੀਪ ਸਿੰਘ, ਤਹਿਸੀਲਦਾਰ-ਕਮ ਸਰਕਲ ਰੈਵੀਨਿਊ ਅਫਸਰ, ਹੁਸ਼ਿਆਰਪੁਰ।

ਵਿਸ਼ਾ- ਵਾਕਿਆ ਪਿੰਡ ਸੁਤੈਹਰੀ ਹੱਦਬਸਤ ਨੰਬਰ 249 ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਮਾਲ ਰਿਕਾਰਡ ਵਿੱਚ ਸਾਸ਼ੀਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਦਾ ਨਾਂਅ ਦਰੁਸਤ ਕਰਕੇ ਸਾਹਿਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਕਰਨ ਬਾਰੇ।

ਸ੍ਰੀ ਸਾਹਿਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਵਾਸੀ ਮਕਾਨ ਨੰਬਰ: 250/11, ਸੈਂਟਰਲ ਟਾਊਨ, ਹੁਸ਼ਿਆਰਪੁਰ ਨੇ ਨਿਮਨ ਹਸਤਾਖਰ ਦੇ ਪੇਸ਼ ਹੋ ਕੇ ਦਰਖਾਸਤ ਪੇਸ਼ ਕੀਤੀ ਹੈ ਕਿ ਇਸ ਦਾ ਸਹੀ ਨਾਂਅ ਸਾਹਿਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਹੈ, ਪਰ ਵਾਕਿਆ ਪਿੰਡ ਸੁਤੈਹਰੀ ਹੱਦਬਸਤ ਨੰਬਰ 249 ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਸਾਸ਼ੀਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਚੱਲਿਆ ਆ ਰਿਹਾ ਹੈ। ਇਸ ਨੇ ਵਾਕਿਆ ਪਿੰਡ ਸੁਤੈਹਰੀ ਹੱਦਬਸਤ ਨੰਬਰ 249 ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਮਾਲ ਰਿਕਾਰਡ ਵਿੱਚ ਆਪਣਾ ਨਾਂਅ ਸਾਹਿਲ ਪੁੱਤਰ ਰਵਨ ਕੁਮਾਰ ਪੁੱਤਰ ਬਾਲ ਕਿਸ਼ਨ ਕਰਨ ਲਈ ਬੇਨਤੀ ਕੀਤੀ ਹੈ। ਇਸ ਲਈ ਇਸ ਨੋਟਿਸ ਰਾਹੀਂ ਹਰ ਆਮ ਜਾਂ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਸਾਰ ਨਾਂਅ ਦੀ ਦਰੁਸਤੀ ਕਰਨ ਵਿੱਚ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਮਿਤੀ 27.07.2026 ਤੱਕ ਨਿਮਨ ਹਸਤਾਖਰ ਦੀ ਅਦਾਲਤ ਵਿਚ ਅਸਾਲਤਨ/ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਵਿੱਚ ਪ੍ਰਾਪਤ ਹੋਏ ਇਤਰਾਜ਼ਾਂ 'ਤੇ ਕੋਈ ਗੌਰ ਨਹੀਂ ਕੀਤਾ ਜਾਵੇਗਾ ਅਤੇ ਮਾਲ ਰਿਕਾਰਡ ਵਿੱਚ ਦਰੁਸਤੀ ਕਰਨ ਲਈ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਅੱਜ ਮਿਤੀ 09.07.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਨੰਬਰ 879/ ਰੀਡਰ ਮਿਤੀ 9/07/2026
ਸਹੀ/-ਤਹਿਸੀਲਦਾਰ-ਕਮ-ਸਰਕਲ-ਰੈਵੀਨਿਊ ਅਫਸਰ, ਹੁਸ਼ਿਆਰਪੁਰ।

## ਅਦਾਲਤੀ ਇਸ਼ਤਿਹਾਰ

ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ।
ਮਿਸਲ ਨੰ: 40 ਐੱਨ ਟੀ ਕਿਸਮ : ਤਕਸੀਮ
ਪਿੰਡ : ਕਾਹਲੋਂ ਦਾਇਰ ਮਿਤੀ : 18/08/2025
ਫੈਸਲਾ ਮਿਤੀ-
ਅਨੁਵਾਨ ਮੁਕੱਦਮਾ :- ਹਰਦਿਆਲ ਸਿੰਘ ਵਗੈਰਾ ਬਨਾਮ ਹਰਪਾਲ ਸਿੰਘ ਵਗੈਰਾ

1. ਹਰਦਿਆਲ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਖੇਮ ਸਿੰਘ 2. ਲਵਲੀਨ ਕੌਰ ਪਤਨੀ ਹਰਦਿਆਲ ਸਿੰਘ ਪੁੱਤਰ ਮਲੂਕ ਸਿੰਘ ਵਾਸੀਆਨ ਵਾਰਡ 12, ਆਦਰਸ਼ ਨਗਰ, ਨੰਗਲ ਰੋਡ ਗੜ੍ਹਸ਼ੰਕਰ, ਤਹਿ. ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।
...........ਫਰੀਕ ਅੱਵਲ

ਬਨਾਮ

1. ਹਰਪਾਲ ਸਿੰਘ ਪੁੱਤਰ ਮਲੂਕ ਸਿੰਘ ਪੁੱਤਰ ਖੇਮ ਸਿੰਘ 2. ਸੁਰਜੀਤ ਸਿੰਘ ਪੁੱਤਰ ਉਜਾਗਰ ਸਿੰਘ 3. ਬਲਜਿੰਦਰ ਸਿੰਘ ਪੁੱਤਰ ਕਾਬਲ ਸਿੰਘ ਪੁੱਤਰ ਮੋਤਾ ਸਿੰਘ 4. ਸਤਨਾਮ ਸਿੰਘ 5. ਗੁਰਦੀਪ ਸਿੰਘ ਪੁੱਤਰਾਨ ਮੱਝਾ ਸਿੰਘ ਪੁੱਤਰ ਸਾਧੂ ਵਾਸੀਆਨ ਪਿੰਡ ਕਾਹਲੋਂ, ਤਹਿ. ਨਵਾਂਸ਼ਹਿਰ 6. ਗੁਰਮੇਲ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਚੂਹੜ ਸਿੰਘ, ਵਾਸੀ ਭਾਰਟਾ ਖੁਰਦ, 7. ਕਿਸ਼ਨ ਕਾਂਤਾ ਵਿਧਵਾ ਪੂਰਨ ਚੰਦ ਪੁੱਤਰ ਮਦਨ ਲਾਲ ਵਾਸੀ ਰਾਹੋਂ, ਤਹਿ. ਨਵਾਂਸ਼ਹਿਰ 8 ਲਾਜਵੰਤੀ ਪੁੱਤਰੀ ਵਧਾਵਾ ਸਿੰਘ ਪੁੱਤਰ ਸੰਗੂ 9. ਖੇੜਾ ਸਿੰਘ ਪੁੱਤਰ ਵਧਾਵਾ ਸਿੰਘ ਪੁੱਤਰ ਸੰਗੂ 10. ਬਾਗ ਸਿੰਘ 11. ਬਲਦੇਵ ਸਿੰਘ ਪੁੱਤਰਾਨ ਪਿਆਰਾ ਸਿੰਘ ਪੁੱਤਰ ਮੇਹਰ ਸਿੰਘ 12. ਭਾਵਾ ਕੌਰ ਵਿਧਵਾ ਪਿਆਰਾ ਸਿੰਘ ਪੁੱਤਰ ਮੇਹਰ ਸਿੰਘ 13. ਗੁਰਦੀਪ ਸਿੰਘ ਪੁੱਤਰ ਸੁਰਿੰਦਰ ਸਿੰਘ ਪੁੱਤਰ ਕਾਬਲ ਸਿੰਘ 14. ਜੀਤ ਸਿੰਘ ਪੁੱਤਰ ਚਰਨ ਸਿੰਘ ਪੁੱਤਰ ਭੋਲਾ ਸਿੰਘ। ਸਾਰੇ ਵਾਸੀਆਨ ਪਿੰਡ ਭਾਰਟਾ ਖੁਰਦ 15. ਕਿਸ਼ਨ ਕਾਂਤਾ ਵਿਧਵਾ ਪੁੱਤਰ ਮਦਨ ਲਾਲ ਵਾਸੀ ਰਾਹੋਂ, 16. ਗੁਰਦੀਪ ਕੌਰ ਪੁੱਤਰੀ ਗੁਰਬਖਸ਼ ਸਿੰਘ ਪੁੱਤਰ ਭਗਤ ਸਿੰਘ ਵਾਸੀਆਨ ਪਿੰਡ ਕਾਹਲੋਂ। ......ਫਰੀਕ ਦੋਇਮ

ਦਰਖਾਸਤ ਕੀਏ ਜਾਣ ਤਕਸੀਮ ਅਰਾਜੀ ਖੇਵਟ ਨੰ. 477 ਖਤੌਨੀ ਨੰ. 579 (ਰਕਬਾ 16 ਕਨਾਲ 10 ਮਰਲੇ), ਖੇਵਟ ਨੰ. 548 ਖਤੌਨੀ ਨੰ. 655 (ਰਕਬਾ 05 ਕਨਾਲ 16 ਮਰਲੇ) ਖੇਵਟ ਨੰ. 591 ਖਤੌਨੀ ਨੰ. 700 (ਰਕਬਾ 09 ਕਨਾਲ 02 ਮਰਲੇ), ਖੇਵਟ ਨੰ. 593 ਖਤੌਨੀ ਨੰ. 702 (ਰਕਬਾ 9 ਕਨਾਲ 02 ਮਰਲੇ) ਬਰੂਏ ਜਮਾਂਬੰਦੀ ਸਾਲ 2019-2020.

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਈ ਮੁਸ਼ਕਲ ਹੈ। ਇਸ ਲਈ ਮਿਤੀ 15/07/2026 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ। ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਅੱਜ ਮਿਤੀ 15/06/2026 ਨੂੰ ਮੇਰੇ ਦਸਤਖ਼ਤ ਅਤੇ ਮੋਹਰ ਅਦਾਲਤ ਨਾਲ ਇਹ ਪਬਲੀਕੇਸ਼ਨ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਨਾਇਬ-ਤਹਿਸੀਲਦਾਰ ਸਹਾਇਕ-ਕਮ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ।
ਪੱਤਰ ਨੰ: 88 ਆਰ-2 ਮਿਤੀ 15.06.26

## COURT NOTICE

(U/o 5 Rule 20 CPC)
In the Court of
Ms. Manni Arora
Civil Judge (Senior Division),
Barnala
CNR No. PBBR02-001233-2026
Next Date 03.09.2026
Harjit Singh Alias Baggi
Vs.
General Public
Publication Issued to :
General Public
: Barnala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03.09.2026 at 10:00 A.M.

For details logon to https://highcourtchd.gov.in/?mod=district_notice&district=mogacourt

Civil Judge (Senior Division), Barnala

Dated this day of 09.07.2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਬਲਵਿੰਦਰ ਸ਼ਰਮਾ ਤਹਿਸੀਲਦਾਰ ਕਮ ਕੁਲੈਕਟਰ ਦਰਜਾ-1, ਪੱਟੀ, ਜ਼ਿਲ੍ਹਾ ਤਰਨ ਤਾਰਨ।

1. ਪਿਆਰਾ ਸਿੰਘ ਪੁੱਤਰ ਸ੍ਰ: ਨਾਜ਼ਰ ਸਿੰਘ ਪੁੱਤਰ ਆਸਾ ਸਿੰਘ 2. ਵਰਿੰਦਰਜੀਤ ਸਿੰਘ, ਨਰਿੰਦਰਜੀਤ ਸਿੰਘ ਪੁੱਤਰਾਨ ਸ੍ਰ: ਜਗਤਾਰ ਸਿੰਘ ਪੁੱਤਰ ਸ੍ਰ: ਪ੍ਰੀਤਮ ਸਿੰਘ ਪੁੱਤਰ ਆਸਾ ਸਿੰਘ 3. ਅਮਨਦੀਪ ਸਿੰਘ ਪੁੱਤਰ ਸ੍ਰ: ਗੁਰਬਖਸ਼ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਸ੍ਰੀ ਆਸਾ ਸਿੰਘ 4. ਗੁਰਭੇਜ ਸਿੰਘ, ਗੁਰਸਾਹਿਬ ਸਿੰਘ ਪੁੱਤਰਾਨ ਸ੍ਰ: ਹਰਭਜਨ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਸ੍ਰ: ਆਸਾ ਸਿੰਘ 5. ਸਿੰਗਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਆਸਾ ਸਿੰਘ ਕੌਮ ਜੱਟ ਸਿੱਖ ਵਾਸੀਆਨ ਪਿੰਡ ਧਗਾਣਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ 6. ਬਲਵਿੰਦਰ ਕੌਰ ਵਿਧਵਾ ਸੋਹਨ ਸਿੰਘ ਪੁੱਤਰ ਨਾਜ਼ਰ ਸਿੰਘ ਕੌਮ ਜੱਟ ਸਿੱਖ ਵਾਸੀ ਪੱਟੀ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।

(ਸਾਇਲ)

ਬਨਾਮ

1. ਬਲਕਾਰ ਸਿੰਘ ਪੁੱਤਰ ਸ੍ਰ: ਕੁੰਦਨ ਸਿੰਘ ਪੁੱਤਰ ਸ੍ਰ: ਵੀਰ ਸਿੰਘ 2. ਬਹਾਲ ਸਿੰਘ ਪੁੱਤਰ ਸ੍ਰ: ਕੁੰਦਨ ਸਿੰਘ ਪੁੱਤਰ ਸ੍ਰ: ਵੀਰ ਸਿੰਘ ਵਾਸੀਆਨ ਧਗਾਣਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ। ਉੱਤਰਵਾਦੀਆਨ

ਉਪਰੋਕਤ ਬਾਬਤ ਸਾਇਲ ਧਿਰ ਵੱਲੋਂ ਤਕਸੀਮ ਕੇਸ ਬਾਬਤ 11 ਕਨਾਲ 02 ਮਰਲੇ ਮੁੰਦਰਜਾ ਖੇਵਟ ਨੰਬਰ:32/33 ਖਤੌਨੀ ਨੰਬਰ 118 ਖਸਰਾ ਨੰਬਰ 35//10/2(5-16), 35//11/1(5-6) ਕੁੱਲ ਕਿੱਤੇ-2 ਮਬਤਾਬਕ ਜਮ੍ਹਾਂਬੰਦੀ ਸਾਲ 2020-2021 ਵਾਕਿਆ ਰਕਬਾ ਧਗਾਣਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਇਸ ਅਦਾਲਤ ਵਿੱਚ ਕਾਰਵਾਈ ਅਧੀਨ ਹੈ। ਜਿਨ੍ਹਾਂ ਵਿੱਚ ਅਗਲੀ ਪੇਸ਼ੀ ਮਿਤੀ 21/07/2026 ਮੁਕਰਰ ਕੀਤੀ ਗਈ ਹੈ।

ਇਸ ਅਦਾਲਤ ਨੂੰ ਪੂਰਾ ਯਕੀਨ ਹੈ ਕਿ ਉੱਤਰਵਾਦੀ ਦੀ ਤਾਮੀਲ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਇਸ ਨੋਟਿਸ ਅਖ਼ਬਾਰ ਇਸ਼ਤਿਹਾਰ ਰਾਹੀਂ ਉੱਤਰਵਾਦੀਆਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਤਕਸੀਮ ਪੈਰਵਾਈ ਕਰਨ ਲਈ ਅਸਾਲਤਨ ਜਾਂ ਵਕਾਲਤਨ ਜਾਂ ਵਾਰਸਾਨ ਉਹ ਇਹ ਨੋਟਿਸ ਛੱਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਹਾਜ਼ਰ ਆ ਕੇ ਆਪਣਾ ਪੱਖ ਪੇਸ਼ ਕਰ ਸਕਦੇ ਹਨ। ਮਿਆਦ ਗੁਜ਼ਰਨ ਉਪਰੰਤ ਕੋਈ ਉਜ਼ਰ/ਇਤਰਾਜ਼ ਨਹੀਂ ਸੁਣਿਆ ਜਾਵੇਗਾ।ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਉਨ੍ਹਾਂ ਦੇ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਅਦਾਲਤੀ ਨੋਟਿਸ ਅੱਜ ਮਿਤੀ 03-07-2026 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ-ਪਹਿਲਾ, ਪੱਟੀ।
ਨੰਬਰ ਰੀਡਰ/1360 ਮਿਤੀ : 03/07/2026

# ਬਹੇੜਾ ਬਾੜੀ ਖੱਡ 'ਤੇ 2.03 ਕਰੋੜ ਦੀ ਲਾਗਤ ਨਾਲ ਬਣੇਗਾ ਹਾਈ ਲੈਵਲ ਪੁਲ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਜੇਲ੍ਹਾਂ ਅਤੇ ਐੱਨ ਆਰ ਆਈ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਐਲਾਨ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਬਹੇੜਾ ਬਾੜੀ ਖੱਡ ਉੱਤੇ 31.20 ਮੀਟਰ ਲੰਬਾ ਹਾਈ ਲੈਵਲ ਪੁਲ 2.03 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਪੁਲ ਦੇ ਨਿਰਮਾਣ ਨਾਲ ਕੰਡੀ ਖੇਤਰ ਦੇ ਹਜ਼ਾਰਾਂ ਵਸਨੀਕਾਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਇਲਾਕੇ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਸ਼ੁਰੂ ਕਰਨ ਲਈ ਸਾਰੀਆਂ ਲੋੜੀਂਦੀਆਂ ਕਾਰਵਾਈਆਂ ਅੰਤਿਮ ਪੜਾਅ ਵਿੱਚ ਹਨ। ਟੈਂਡਰ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਕੀਤੀ ਜਾ ਚੁੱਕੀ ਹੈ ਅਤੇ ਜਲਦ ਹੀ ਪੁੱਲ ਦਾ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕੰਡੀ ਖੇਤਰ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਆਧੁਨਿਕ ਬੁਨਿਆਦੀ ਢਾਂਚਾ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸੜਕੀ ਸੰਪਰਕ ਨੂੰ ਹੋਰ ਮਜ਼ਬੂਤ ਬਣਾਉਣਾ ਸ਼ਾਮਲ ਹੈ, ਇਸੇ ਮਕਸਦ ਤਹਿਤ ਮੁੱਖ ਮੰਤਰੀ ਵੱਲੋਂ 99 ਕਰੋੜ ਰੁਪਏ ਦੀ ਲਾਗਤ ਨਾਲ 105 ਕਿਲੋਮੀਟਰ ਲੰਬੇ ਬਲਾਚੌਰ- ਗੜ੍ਹਸ਼ੰਕਰ-ਹੁਸ਼ਿਆਰਪੁਰ-ਦਸੂਹਾ ਸੜਕ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਖੇਤਰ ਵਿੱਚ ਸੈਰ-ਸਪਾਟਾ, ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ ਨੂੰ ਹੋਰ ਹੁਲਾਰਾ ਮਿਲੇਗਾ ਅਤੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਾਪਤ ਹੋਣਗੀਆਂ।

# ਜਨਗਣਨਾ 'ਚ ਆਦਿ ਧਰਮ ਦਾ ਖਾਨਾ ਸਥਾਪਤ ਹੋਣਾ ਚਾਹੀਦਾ : ਸੰਤ ਸਰਵਣ ਦਾਸ ਬੋਹਣ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਵਿਸ਼ੇਸ਼ ਮੀਟਿੰਗ ਡੇਰਾ ਸੰਤ ਸੀਤਲ ਦਾਸ ਬੋਹਣ ਵਿਖੇ ਚੇਅਰਮੈਨ ਸੰਤ ਸਰਵਣ ਦਾਸ ਜੀ, ਸੰਤ ਨਿਰਮਲ ਦਾਸ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੁਸਾਇਟੀ ਦੇ ਐਗਜੈਕਟਿਵ ਮੈਂਬਰਾਂ ਤੋਂ ਇਲਾਵਾ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਅਤੇ ਅਤੇ ਸਮਾਜ ਦੇ ਬੁੱਧੀਜੀਵੀ ਆਗੂ ਹਾਜਰ ਸਨ।ਇਸ ਮੌਕੇ ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੈ ਨੇ ਮੀਟਿੰਗ ਦਾ ਏਜੰਡਾ ਪੜ ਕੇ ਸੁਣਾਇਆ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵੱਲੋਂ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ ਆਦਿ ਧਰਮ ਗੁਰੂ ਸਾਹਿਬਾਨਾਂ ਅਤੇ ਰਹਿਬਰਾਂ ਵੱਲੋਂ ਚਲਾਏ ਆਦਿ ਧਰਮ ਦੀ ਹੋਂਦ ਨੂੰ ਕਾਇਮ ਰੱਖੇਗੀ।ਸੁਸਾਇਟੀ ਵਲੋਂ ਸਮੂਹ ਸੰਗਤ ਦੇ ਨਾਂਅ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਅਸੀ ਸਾਰੇ ਆਦਿ ਤੋਂ ਆਦਿ ਧਰਮੀ ਹਾਂ,

ਸਾਡਾ ਸਭ ਦਾ ਧਰਮ 'ਆਦਿ ਧਰਮ' ਹੈ ਅਤੇ ਜਨਗਣਨਾ ਵਿੱਚ 'ਆਦਿ ਧਰਮ' ਹੀ ਲਿਖਵਾਇਆ ਜਾਵੇ। ਇਸ ਮੌਕੇ ਸੰਤ ਸਰਵਣ ਦਾਸ ਜੀ ਵੱਲੋਂ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਸੰਦੇਸ਼ ਜਾਰੀ ਕਰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਕ੍ਰਾਂਤੀਕਾਰੀ ਸੰਘਰਸ਼ਮਈ ਬਾਣੀ ਏਕਤਾ, ਭਾਈਚਾਰਾ ਅਤੇ ਬਰਾਰਬਤਾ ਦਾ ਸੰਦੇਸ਼ ਦਿੰਦੀ ਹੈ ਜਿਸ ਰਾਹੀਂ ਮਨੁੱਖੀ ਕਦਰਾਂ ਕੀਮਤਾਂ ਅਤੇ ਹੋਂਦ ਦੀ ਪਹਿਚਾਣ ਹੋਈ ਅਤੇ ਬਰਕਰਾਰ ਹੈ। ਸੰਤ ਸਰਵਣ ਦਾਸ ਨੇ ਕਿਹਾ ਕਿ ਆਦਿ ਧਰਮੀ ਕੌਮ ਦੇ ਰਹਿਬਰਾਂ, ਕੌਮ ਦੇ ਮਹਾਨ ਵਿਦਵਾਨਾਂ ਦੇ ਕ੍ਰਾਂਤੀਕਾਰੀ ਸੰਘਰਸ਼ ਸਦਕਾ ਸਾਨੂੰ ਭਾਰਤ ਅੰਦਰ ਆਦਿ ਧਰਮੀ ਕਹਾਉਣ ਮਾਣ ਪ੍ਰਾਪਤ ਹੋਇਆ ਇਸ ਹੋਂਦ ਨੂੰ ਕਾਇਮ ਰੱਖਣ ਅਤੇ ਆਦਿ ਧਰਮ ਦਾ ਖਾਨਾ ਮੁੜ ਸਥਾਪਿਤ ਕਰਾਉਣ ਲਈ ਧਾਰਮਿਕ, ਸਮਾਜਿਕ ਅਤੇ ਪੜੇ ਲਿਖੇ ਬੁੱਧੀਜੀਵੀਆਂ ਦੇ ਸਹਿਯੋਗ ਨਾਲ ਵੱਡਾ ਸੰਘਰਸ਼ ਆਰੰਭ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਸੁਸਾਇਟੀ ਦੇ ਸਮੂਹ ਐਗਜੈਕਟਿਵ ਮੈਂਬਰਾਂ ਨੇ ਸੰਤ ਸਰਵਣ ਦਾਸ ਜੀ ਵਲੋਂ ਆਦਿ ਧਰਮ ਲਿਖਵਾਓ ਅਤੇ ਜਨਗਣਨਾ ਵਿੱਚ ਆਦਿ ਧਰਮ ਖਾਨਾ ਮੁੜ ਸਥਾਪਤ ਕਰਾਉਣ ਦੇ ਦਿੱਤੇ ਸੰਦੇਸ਼ ਨੂੰ ਘਰ ਘਰ ਤੱਕ ਪਹੁੰਚਾਉਣ ਦਾ ਸੰਕਲਪ ਕੀਤਾ। ਇਸ ਸਮੇਂ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸੀਨੀ.ਮੀਤ ਪ੍ਰਧਾਨ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਬਲਵੰਤ ਸਿੰਘ ਡੀਗਿਰੀਆਂ, ਸੰਤ ਰਮੇਸ਼ ਦਾਸ ਸ਼ੇਰਪੁਰ ਕਲਰਾਂ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਸੰਤੋਖ ਦਾਸ ਭਾਰਟਾ ਗਨੇਸ਼ਪੁਰ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਗੁਰਮੀਤ ਦਾਸ, ਸੰਤ ਕੁਲਦੀਪ ਦਾਸ ਬਸੀ ਮਰੂਫ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

# ਮਿਲਾਵਟਖੋਰੀ ਖ਼ਿਲਾਫ਼ ਰੋਡ ਮਾਰਚ 15 ਨੂੰ

**ਜਲੰਧਰ (ਰਾਜੇਸ਼ ਥਾਪਾ)**- ਆਲ ਇੰਡੀਆ ਕੰਜਿਊਮਰ ਪ੍ਰੋਟੈਕਸ਼ਨ ਆਰਗੇਨਾਈਜ਼ੇਸ਼ਨ ਨੇ ਪੰਜਾਬ ਦੇ ਸ਼ਹਿਰਾਂ ਵਿੱਚ ਮਿਲਾਵਟੀ, ਡੁਪਲੀਕੇਟ ਅਤੇ ਘਟੀਆ ਗੁਣਵੱਤਾ ਵਾਲੇ ਖਾਦ ਪਦਾਰਥਾਂ ਦੀ ਵਿਕਰੀ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪ੍ਰਸ਼ਾਸਨ ਤੋਂ ਤੁਰੰਤ ਅਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਸੰਗਠਨ ਦੇ ਪੰਜਾਬ ਪ੍ਰਧਾਨ ਬਲਵੀਰ ਸਿੰਘ ਨੇ ਜਾਣਕਾਰੀ ਦਿੱਤੀ ਕਿ 15 ਜੁਲਾਈ ਨੂੰ ਜਲੰਧਰ ਵਿੱਚ 'ਸ਼ੁੱਧ ਦੇ ਲਈ ਯੁੱਧ-ਖਪਤਕਾਰ ਜਾਗਰੂਕਤਾ ਅਭਿਆਨ' ਤਹਿਤ ਵਿਸ਼ਾਲ ਰੋਡ ਮਾਰਚ ਕੱਢਿਆ ਜਾਵੇਗਾ। ਇਸ ਮੌਕੇ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਹਰਿ ਸ਼ੰਕਰ ਸ਼ੁਕਲਾ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ। ਬਲਵੀਰ ਸਿੰਘ ਨੇ ਕਿਹਾ ਕਿ ਸੰਗਠਨ ਕਈ ਸਾਲਾਂ ਤੋਂ ਉਪਭੋਗਤਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰ ਰਿਹਾ ਹੈ। ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਦੇ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਕਈ ਹੋਟਲਾਂ, ਰੈਸਟੋਰੈਂਟਾਂ, ਰੇਹੜੀ-ਫੜੀ ਅਤੇ ਖਾਦ ਕਾਰੋਬਾਰ ਨਾਲ ਜੁੜੇ ਲੋਕ ਮਿਲਾਵਟੀ, ਡੁਪਲੀਕੇਟ ਅਤੇ ਨਿਮਨ ਗੁਣਵੱਤਾ ਵਾਲੇ ਖਾਦ ਪਦਾਰਥ ਵੇਚ ਰਹੇ ਹਨ, ਜਿਸ ਨਾਲ ਲੋਕਾਂ ਦੀ ਸਿਹਤ ਨੂੰ ਗੰਭੀਰ ਖ਼ਤਰਾ ਪੈਦਾ ਹੋ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕਈ ਫਾਸਟ ਫੂਡ ਸਟਾਲ ਅਤੇ ਰੇਹੜੀਆਂ ਗੰਦਗੀ ਵਾਲੇ ਮਾਹੌਲ ਵਿੱਚ ਚਲ ਰਹੀਆਂ ਹਨ, ਜਿੱਥੇ ਸਫ਼ਾਈ ਦੇ ਮਾਪਦੰਡਾਂ ਦੀ ਪਾਲਣਾ ਨਹੀਂ ਕੀਤੀ ਜਾਂਦੀ। ਇਸ ਤੋਂ ਇਲਾਵਾ ਬਹੁਤ ਸਾਰੇ ਵਿਕਰੇਤਾਵਾਂ ਕੋਲ ਲਾਜ਼ਮੀ ਲਾਇਸੈਂਸ ਵੀ ਨਹੀਂ ਹੈ। ਸੰਗਠਨ ਨੇ ਪੰਜਾਬ ਸਰਕਾਰ, ਸਿਹਤ ਵਿਭਾਗ,

ਖੁਰਾਕ ਸੁਰੱਖਿਆ ਵਿਭਾਗ ਅਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ਹਿਰਾਂ ਵਿੱਚ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਜਾਵੇ, ਖਾਦ ਪਦਾਰਥਾਂ ਦੇ ਨਮੂਨੇ ਇਕੱਠੇ ਕਰਕੇ ਜਾਂਚ ਕਰਵਾਈ ਜਾਵੇ ਅਤੇ ਬਿਨਾਂ ਲਾਇਸੈਂਸ ਕਾਰੋਬਾਰ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਸੰਗਠਨ ਦੇ ਪੰਜਾਬ ਅਤੇ ਜ਼ਿਲ੍ਹਾ ਪੱਧਰ ਦੇ ਅਹੁਦੇਦਾਰਾਂ ਵਿੱਚ ਸੰਜੀਵ ਕੁਮਾਰ, ਤੀਰਥ ਸਿੰਘ, ਰੇਹੀ ਕੁਮਾਰ, ਕਮਲਜੀਤ ਕੁਮਾਰ, ਵੇਦ ਪ੍ਰਕਾਸ਼, ਸੰਦੀਪ ਕੁਮਾਰ, ਸਤੀਸ਼ ਕੁਮਾਰ, ਪਰਮਜੀਤ ਜੱਸਲ, ਧਨਵੀਰ ਸਿੰਘ, ਜਗਜੀਵਨ ਸਿੰਘ, ਹਰਦੀਪ ਸਿੰਘ ਅਤੇ ਵਿਕਾਸ ਕੁਮਾਰ ਵੀ ਮੌਜੂਦ ਰਹਿਣਗੇ।

# ਮਾਨਸੂਨ ਦੌਰਾਨ ਮੌਸਮੀ ਵਾਇਰਸ ਵਧਾ ਸਕਦੇ ਹਨ ਸਾਹ ਦੇ ਇਨਫੈਕਸ਼ਨ : ਮਾਹਰ

**ਮੋਹਾਲੀ (ਗੁਰਜੀਤ ਬਿੱਲਾ)**- ਮਾਨਸੂਨ ਦੇ ਮੌਸਮ ਵਿੱਚ ਵਧਦੀ ਹੁੰਮਸ ਅਤੇ ਬਦਲਦੇ ਤਾਪਮਾਨ ਦੇ ਵਿਚਕਾਰ, ਮੈਕਸ ਹਸਪਤਾਲ, ਮੋਹਾਲੀ ਨੇ ਸਾਹ ਨਾਲ ਜੁੜੇ ਇਨਫੈਕਸ਼ਨ ਅਤੇ ਐਲਰਜੀ ਦੇ ਵਧਦੇ ਮਾਮਲਿਆਂ 'ਤੇ ਐਡਵਾਈਜ਼ਰੀ ਜਾਰੀ ਕੀਤੀ ਹੈ। ਹਸਪਤਾਲ ਨੇ ਲੋਕਾਂ, ਖਾਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਅਸਥਮਾ ਜਾਂ ਫੇਫੜਿਆਂ ਦੀਆਂ ਪੁਰਾਣੀਆਂ ਬੀਮਾਰੀਆਂ ਤੋਂ ਪੀੜਤ ਵਿਅਕਤੀਆਂ ਨੂੰ ਸਾਹ ਸੰਬੰਧੀ ਸਮੱਸਿਆਵਾਂ ਦੇ ਜੋਖ਼ਮ ਨੂੰ ਘੱਟ ਕਰਨ ਲਈ ਬਚਾਅ ਦੇ ਉਪਾਅ ਕਰਨ ਲਈ ਉਤਸ਼ਾਹਿਤ ਕੀਤਾ ਹੈ। ਮੈਕਸ ਮੋਹਾਲੀ ਵਿੱਚ ਪਲਮੋਨੋਲੋਜੀ ਦੇ ਸੀਨੀਅਰ ਡਾਇਰੈਕਟਰ ਡਾ. ਦੀਪਕ ਭਸੀਨ ਨੇ ਕਿਹਾ ਕਿ ਨਮੀ, ਫੰਗਸ ਦਾ ਵਧਣਾ, ਹਵਾ ਪ੍ਰਦੂਸ਼ਣ ਅਤੇ ਮੌਸਮੀ ਵਾਇਰਸ ਦਾ ਸੁਮੇਲ ਸਾਹ ਦੇ ਇਨਫੈਕਸ਼ਨ ਨੂੰ ਵਧਾ ਸਕਦਾ ਹੈ ਅਤੇ ਐਲਰਜੀ ਨੂੰ ਹੋਰ ਜ਼ਿਆਦਾ ਵਿਗਾੜ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਲਗਾਤਾਰ ਖੰਘ, ਗਲੇ ਵਿੱਚ ਖਰਾਸ਼, ਘਰਘਰਾਹਟ, ਸਾਹ ਫੁੱਲਣਾ, ਨੱਕ ਬੰਦ ਹੋਣਾ, ਬੁਖਾਰ ਅਤੇ ਛਾਤੀ ਵਿੱਚ ਬੇਚੈਨੀ ਵਰਗੇ ਲੱਛਣਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ, ਖਾਸ ਕਰਕੇ ਜੇਕਰ ਉਹ ਲਗਾਤਾਰ ਬਣੇ ਰਹਿਣ ਜਾਂ ਵਿਗੜਦੇ ਜਾ ਰਹੇ ਹੋਣ।

# ਪੈਨਸ਼ਨਰ ਯੂਨੀਅਨ 17 ਦੀ ਰੋਸ ਰੈਲੀ 'ਚ ਸ਼ਮੂਲੀਅਤ ਕਰੇਗੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਬ੍ਰਾਂਚ ਦੀ ਮੀਟਿੰਗ ਯੂਨੀਅਨ ਦੇ ਬਟਾਲਾ ਦਫਤਰ ਵਿੱਚ ਮਹੀਨਾਵਾਰ ਮੀਟਿੰਗ ਕੀਤੀ ਜਿਸ ਦੀ

ਪ੍ਰਧਾਨਗੀ ਅਮਰੀਕ ਸਿੰਘ ਚਾਹਲ ਵੱਲੋਂ ਕੀਤੀ ਗਈ। ਸੂਬਾ ਕਮੇਟੀ ਵੱਲੋਂ ਗੁਰਬਖਸ਼ ਸਿੰਘ ਢਿੱਲੋਂ ਅਤੇ ਗੁਰਜੀਤ ਸਿੰਘ ਘੋੜੇਵਾਹ ਵੀ ਹਾਜ਼ਰ ਹੋਏ। ਮੀਟਿੰਗ ਵਿੱਚ ਵਰਕਰਾ ਦੀਆਂ ਮੁਸ਼ਕਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। 1-1-2016 ਤੋਂ 30/6/2021 ਤੱਕ ਰਿਟਾਇਰ ਹੋਏ ਕਰਮਚਾਰੀਆਂ ਦਾ ਏਰੀਅਰ ਜੋ ਅਪਰੈਲ ਮਹੀਨੇ ਤੋਂ ਪੰਜਾਬ ਰੋਡਵੇਜ ਬਟਾਲਾ ਦੇ ਦਫਤਰ ਵੱਲੋਂ ਦਿੱਤਾ ਜਾਣਾ ਸੀ ਤਿੰਨ ਮਹੀਨੇ ਬੀਤ ਜਾਣ ਤੇ ਨਹੀਂ ਦਿੱਤਾ ਗਿਆ। ਜਨਰਲ ਮੈਨੇਜਰ ਨਾਲ ਸੰਪਰਕ ਕਰਨ ਤੇ ਕੋਈ ਤਸੱਲੀ ਬਖਸ਼ ਜਵਾਬ ਨਹੀਂ ਦਿੱਤਾ। ਜਨਰਲ ਮੈਨੇਜਰ ਦੇ ਅੜੀਅਲ ਰਵੱਈਏ ਦੀ ਜਥੇਬੰਦੀ ਵੱਲੋਂ ਨਿਖੇਧੀ ਕੀਤੀ ਗਈ ਅਤੇ ਸਖ਼ਤ ਐਕਸ਼ਨ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ। 17 ਜੁਲਾਈ ਨੂੰ ਸਾਂਝੇ ਮੁਲਾਜਮ ਮੰਚ ਦੀ ਅਗਵਾਈ ਹੇਠ ਮੁਹਾਲੀ ਵਿੱਚ ਰੋਸ ਰੈਲੀ ਦੀ ਤਿਆਰੀ ਕੀਤੀ ਗਈ ਹੈ ਜਿਲ੍ਹਾ ਗੁਰਦਾਸਪੁਰ ਦੀ ਪੰਜਾਬ ਪੈਨਸ਼ਨ ਯੂਨੀਅਨ ਬ੍ਰਾਂਚ ਦੀ ਗਿਣਤੀ ਵਿੱਚ ਸ਼ਾਮਲ ਹੋਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵੇਦ ਪ੍ਰਕਾਸ਼, ਇੰਦਰਜੀਤ ਸਿੰਘ, ਗੁਰਦੀਪ ਸਿੰਘ ਪੰਨੂ ਨੇ ਕਿਹਾ ਕਿ ਪੈਨਸ਼ਨਰਾਂ ਨੂੰ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਲਈ ਤਿਆਰੀ ਕਰਕੇ ਰਹਿਣੀ ਚਾਹੀਦੀ ਹੈ। ਮੀਟਿੰਗ ਵਿੱਚ ਸੀ ਪੀ ਆਈ ਦੇ ਜਿਲਾ ਸਕੱਤਰ ਕਾਮਰੇਡ ਗੁਲਜਾਰ ਸਿੰਘ ਬਸੰਤਕੋਟ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਹਨਾਂ ਤੋਂ ਇਲਾਵਾ ਚਮਨ ਲਾਲ, ਦਵਿੰਦਰ ਸਿੰਘ, ਜਰਨੈਲ ਸਿੰਘ, ਜਤਿੰਦਰ ਸਿੰਘ, ਕਰਮ ਸਿੰਘ ਭੱਟੀ, ਮਲਕੀਤ ਸਿੰਘ, ਮੋਹਣ ਸਿੰਘ ਆਦਿ ਹਾਜ਼ਰ ਸਨ।

# ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਦਾ ਵਤਨ ਵਾਪਸੀ ਤੇ ਨਿੱਘਾ ਸਵਾਗਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਨਕੋਦਰ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ, ਜੋ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੈਨੇਡਾ ਦੌਰੇ 'ਤੇ ਗਏ ਹੋਏ ਸਨ, ਦੇ ਵਤਨ ਵਾਪਸੀ 'ਤੇ ਪਿੰਡ ਭੁੱਲਰਾਂ ਵਿਖੇ ਸੀਨੀਅਰ ਲੀਡਰਸ਼ਿਪ, ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਉਨ੍ਹਾਂ ਨੂੰ ਜੀ ਆਇਆਂ ਆਖਦਿਆਂ ਕੈਨੇਡਾ ਦੌਰੇ ਦੀ ਸਫਲਤਾ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਹੋਰ ਤਰੱਕੀ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਨੇ ਕੈਨੇਡਾ ਦੇ ਸਮੂਹ ਐੱਨ ਆਰ ਆਈ ਭਾਈਚਾਰੇ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਨੂੰ ਭਰਪੂਰ ਪਿਆਰ, ਸਤਿਕਾਰ ਅਤੇ ਮਾਣ-ਸਨਮਾਨ ਦਿੱਤਾ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੇ ਪਾਰਟੀ ਪ੍ਰਤੀ ਆਪਣਾ ਵਿਸ਼ਵਾਸ ਅਤੇ ਸਹਿਯੋਗ ਪ੍ਰਗਟਾਇਆ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਐਨ ਆਰ ਆਈ ਭਾਈਚਾਰਾ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਮਜ਼ਬੂਤੀ ਨਾਲ ਖੜ੍ਹੇਗਾ ਅਤੇ ਪਾਰਟੀ ਦੀ ਜਿੱਤ ਵਿੱਚ ਆਪਣਾ ਯੋਗਦਾਨ ਪਾਵੇਗਾ। ਇਸ ਮੌਕੇ ਤੇ ਮੈਂਬਰ ਸ਼ਹਿਰ ਐਂਮਲਾ ਸਰਕਲ ਪ੍ਰਧਾਨ ਪਿਆਰਾ ਸਿੰਘ ਕੈਂਬ ਸਰਕਲ ਪ੍ਰਧਾਨ ਗੁਰਪ੍ਰੀਤ ਸਿੰਘ ਭੰਡਾਲ ਪਿਆਰਾ ਸਿੰਘ ਸੰਘੇੜਾ ਲੰਬੜਦਾਰ ਹਰਬਲਜੀਤ ਸਿੰਘ ਸਾਬਕਾ ਚੇਅਰਮੈਨ ਕਮਲਜੀਤ ਸਿੰਘ ਗੋਖਾ ਪ੍ਰਧਾਨ ਹਰਮਿੰਦਰ ਸਿੰਘ ਭੁੱਲਰ ਅਵਤਾਰ ਸਿੰਘ ਮੋਆਈ ਜੋਤੀ ਮੁਵਾਈ ਜਗਤਾਰ ਸਿੰਘ ਭੁੱਲਰ ਤਰਲੋਚਨ ਸਿੰਘ ਲੱਧੜ ਤੇ ਹੋਰ ਵੀ ਸੀਨੀਅਰ ਲੀਡਰ ਮੌਜੂਦ ਸਨ।

# ਬਾਬਾ ਬਾਲਕ ਨਾਥ ਮੰਦਿਰ 'ਚ ਮੂਰਤੀ ਸਥਾਪਨਾ ਸਮਾਰੋਹ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਿੰਡ ਮਜਾਰੀ ਸਥਿਤ ਪ੍ਰਾਚੀਨ ਸਿੱਧ ਸ੍ਰੀ ਬਾਬਾ ਬਾਲਕ ਨਾਥ ਮੰਦਿਰ ਵਿਖੇ ਸ਼ਰਧਾ ਤੇ ਉਤਸ਼ਾਹ ਦੇ ਮਾਹੌਲ ਵਿੱਚ ਸ੍ਰੀ ਰਾਮ ਦਰਬਾਰ ਦੀ ਸਥਾਪਨਾ ਕੀਤੀ ਗਈ। ਇਸ ਪਵਿੱਤਰ ਮੂਰਤੀ ਸਥਾਪਨਾ ਸਮਾਰੋਹ ਦੌਰਾਨ ਇਲਾਕੇ ਭਰ ਤੋਂ ਪਹੁੰਚੇ ਹਜ਼ਾਰਾਂ ਸ਼ਰਧਾਲੂਆਂ ਵਿੱਚ ਭਾਰੀ ਆਸਥਾ ਅਤੇ ਉਤਸ਼ਾਹ ਦੇਖਣ ਨੂੰ ਮਿਲਿਆ। ਸਮਾਜਿਕ ਅਤੇ ਧਾਰਮਿਕ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਸਥਾਨਕ ਨੇਗੀ ਪਰਿਵਾਰ ਵੱਲੋਂ ਆਪਣੀ ਸਵਰਗੀ ਮਾਤਾ ਸ੍ਰੀਮਤੀ ਸਾਵਿਤਰੀ ਦੇਵੀ ਅਤੇ ਪਿਤਾ ਸਵਰਗੀ ਸ੍ਰੀ ਸ਼ੰਕਰ ਦਾਸ ਜੀ ਦੀ ਮਿੱਠੀ ਯਾਦ ਨੂੰ ਸਮਰਪਿਤ ਸ੍ਰੀ ਰਾਮ ਦਰਬਾਰ ਦੀ ਸਥਾਪਨਾ ਕਰਵਾਈ ਗਈ ਹੈ। ਇਹ ਸਮੁੱਚਾ ਕਾਰਜ ਸ੍ਰੀ ਸ੍ਰੀ 1008 ਸ੍ਰੀ ਹੇਮਾਨੰਦ ਮਹਾਰਾਜ ਜੀ ਦੀ ਸਰਪ੍ਰਸਤੀ ਅਤੇ ਯੋਗ ਅਗਵਾਈ ਹੇਠ ਪੂਰੇ ਵਿਧੀ-ਵਿਧਾਨ ਅਤੇ ਵੈਦਿਕ ਮੰਤਰੋਚਾਰ ਨਾਲ ਨੇਪਰੇ ਚੜ੍ਹਿਆ। ਲੋਅਹੀ 5 ਜੁਲਾਈ (ਐਤਵਾਰ) ਨੂੰ ਬਕਾਇਦੇ ਵਿਖੇ ਮੂਰਤੀ ਇਸ਼ਨਾਨ (ਜਲ ਯਾਤਰਾ) ਦੀ ਰਸਮ ਨਾਲ ਆਰੰਭ ਹੋਈ ਇਹ ਮੂਰਤੀ ਸਥਾਪਨਾ ਪ੍ਰਕਿਰਿਆ 9 ਜੁਲਾਈ ਨੂੰ ਪੂਰਨ ਆਹੂਤੀ ਦੇ ਨਾਲ ਸੰਪੰਨ ਹੋਈ। ਸਮਾਗਮ ਦੇ ਅੰਤਿਮ ਦਿਨ ਪਹੁੰਚੇ ਉੱਘੇ ਭਜਨ ਗਾਇਕ ਅਜੇ ਮਾਹੀ ਨੇ ਪ੍ਰਭੂ ਮਹਿਮਾ ਦਾ ਗੁਣਗਾਨ ਕਰਦਿਆਂ ਆਪਣੀ ਸੁਰੀਲੀ ਆਵਾਜ਼ ਨਾਲ ਸਮੁੱਚੇ ਮਾਹੌਲ ਨੂੰ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਪ੍ਰਬੰਧਕਾਂ ਵੱਲੋਂ ਆਈਆਂ ਸੰਗਤਾਂ ਲਈ ਅਟੁੱਟ ਲੰਗਰ ਵੀ ਵਰਤਾਇਆ ਗਿਆ।

# ਲਿੰਕ ਸੜਕ ਦੀ ਖਸਤਾ ਹਾਲਤ ਤੋਂ ਰਾਹਗੀਰ ਪਰੇਸ਼ਾਨ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਗੜ੍ਹਸ਼ੰਕਰ ਤੋਂ ਬੀਰਮਪੁਰ ਜਾਣ ਵਾਲੀ ਲਿੰਕ ਸੜਕ ਜੋਂ ਕਿ ਹੋਰ ਦਰਜਨਾਂ ਪਿੰਡਾਂ ਨੂੰ ਜੋੜ ਰਹੀ ਹੈ। ਇਸ ਲਿੰਕ ਸੜਕ ਦੀ ਹਾਲਤ ਪਿਛਲੇ 2-3

ਸਾਲਾਂ ਤੋਂ ਬਦ ਤੋਂ ਬਦਤਰ ਹੋ ਚੁੱਕੀ ਹੈ ਕਿਉਂਕਿ ਇਸ ਸੜਕ ਤੇ ਵੱਡੇ ਵੱਡੇ ਟੋਇਆ ਨੇ ਛੱਪੜ ਦਾ ਰੂਪ ਧਾਰਨ ਕਰ ਲਿਆ ਥੋੜੀ ਜਿਹੀ ਬਾਰਿਸ਼ ਨਾਲ ਹੀ ਇਹ ਟੋਏ ਪਾਣੀ ਨਾਲ ਭਰ ਜਾਂਦੇ ਹਨ ਜਿਸ ਨਾਲ ਰਾਹਗੀਰਾਂ ਦਾ ਆਣਾ ਜਾਣਾ ਬਹੁਤ ਹੀ ਔਖਾ ਹੋ ਜਾਂਦਾ ਹੈ। ਬਰਸਾਤ ਦੇ ਦਿਨਾਂ ਵਿੱਚ ਇਹਨਾਂ ਵੱਡੇ ਟੋਇਆ ਵਿੱਚੋਂ ਦੋ ਪਹੀਆਂ ਵਾਹਨਾ ਦਾ ਲੰਘਣਾ ਵੀ ਔਖਾ ਹੋ ਜਾਂਦਾ ਹੈ ਪਰ ਪ੍ਰਸ਼ਾਸਨ ਕੁੰਭਕਰਨੀ ਨੀਂਦ ਵਿੱਚੋਂ ਬਾਹਰ ਨਹੀਂ ਆ ਰਿਹਾ। ਇਹਨਾਂ ਪਿੰਡਾਂ ਦੇ ਵਸਨੀਕਾਂ ਨੇ ਦੱਸਿਆ ਹੈ ਕਿ ਕਈ ਵਾਰ ਇਹਨਾਂ ਟੋਇਆ ਵਿੱਚ ਬੱਚਿਆਂ ਤੇ ਬਜ਼ੁਰਗਾਂ ਨਾਲ ਹਾਦਸੇ ਵੀ ਵਾਪਰ ਚੁੱਕੇ ਹਨ। ਪਿੰਡ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਨੂੰ ਜਲਦੀ ਹੀ ਬਣਾਇਆ ਜਾਵੇ ਤਾਂ ਜੋ ਇਹਨਾਂ ਪਿੰਡਾਂ ਦੀਆਂ ਵਸਨੀਕਾਂ ਨੂੰ ਠੀਕ ਰਸਤੇ ਦੀ ਸਹੂਲਤ ਮਿਲ ਸਕੇ। ਇਹਨਾਂ ਪਿੰਡਾਂ ਤੋਂ ਸ਼ਹਿਰ ਗੜ੍ਹਸ਼ੰਕਰ ਨਾਲ ਜੋੜਨ ਵਾਲੀਆਂ ਕਰੀਬ ਤਿੰਨ ਚਾਰ ਲਿੰਕ ਸੜਕਾਂ ਦੀ ਹਾਲਤ ਬਦ ਤੋਂ ਬਦਤਰ ਹੋ ਚੁੱਕੀ ਹੈ ਜੇਕਰ ਗੱਲ ਕੀਤੀ ਜਾਵੇ ਬੀਰਮਪੁਰ ਤੋਂ ਸਾਧੋਵਾਲ ਦੀ ਤਾ ਇਸ ਸੜਕ ਤੇ ਮੰਡੀ ਬੋਰਡ ਵਿਭਾਗ ਵੱਲੋਂ ਕਰੀਬ ਚਾਰ ਪੰਜ ਮਹੀਨੇ ਪਹਿਲਾਂ ਪੱਥਰ ਪਾ ਦਿੱਤਾ ਗਿਆ ਹੈ ਪਰ ਹਾਲੇ ਤੱਕ ਪ੍ਰੀ ਮਿਕਸ ਨਹੀਂ ਪਾਈ ਗਈ । ਕਈ ਵਾਰ ਵਿਭਾਗ ਦੇ ਅਧਿਕਾਰੀਆਂ ਨਾਲ ਵੀ ਗੱਲ ਕੀਤੀ ਪਰ ਸੜਕ ਕੰਮ ਨੇਪਰੇ ਨਹੀਂ ਚੜ੍ਹ ਸਕਿਆ। ਏਸੇ ਤਰ੍ਹਾਂ ਬੀਰਮਪੁਰ ਤੋਂ ਖਾਨਪੁਰ ਜਾਣ ਵਾਲੀ ਸੜਕ ਦਾ ਵੀ ਇਹੋ ਹਾਲ ਹੈ।

# ਮੁਫ਼ਤ ਡੇਅਰੀ ਸਿਖ਼ਲਾਈ ਕੋਰਸ 3 ਤੋਂ

**ਜਲੰਧਰ (ਸ਼ੈਲੀ ਐਲਬਰਟ)**- ਡੇਅਰੀ ਵਿਕਾਸ ਵਿਭਾਗ ਵਲੋਂ ਅਨੁਸੂਚਿਤ ਜਾਤੀ ਨਾਲ ਸਬੰਧਿਤ ਲਾਭਪਾਤਰੀਆਂ ਲਈ ਦੋ ਹਫ਼ਤਿਆਂ ਦੇ ਮੁਫ਼ਤ ਡੇਅਰੀ ਸਿਖ਼ਲਾਈ ਕੋਰਸ ਦਾ ਪਹਿਲਾ ਬੈਚ 3 ਅਗਸਤ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਕਸ਼ਮੀਰ ਸਿੰਘ ਨੇ ਦੱਸਿਆ ਕਿ ਵਿਭਾਗ ਵਲੋਂ ਇਹ ਕੋਰਸ ਡੇਅਰੀ ਟ੍ਰੇਨਿੰਗ ਸੈਂਟਰ, ਫਗਵਾੜਾ ਵਿਖੇ ਚਲਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਡੇਅਰੀ ਸਿਖ਼ਲਾਈ ਕੋਰਸ ਦੌਰਾਨ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਪਸ਼ੂ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਤੋਂ ਇਲਾਵਾ ਸਿਖਿਆਰਥੀਆਂ ਨੂੰ ਵਿਭਾਗੀ ਲਿਟਰੇਚਰ ਮੁਫ਼ਤ ਦਿੱਤਾ ਜਾਵੇਗਾ। ਡਿਪਟੀ ਡਾਇਰੈਕਟਰ ਡੇਅਰੀ ਨੇ ਦੱਸਿਆ ਕਿ ਸਿਖਿਆਰਥੀਆਂ ਦੀ ਚੋਣ ਜ਼ਿਲ੍ਹਾ ਲੈਵਲ ਤੇ ਵਿਭਾਗੀ ਕਮੇਟੀਆਂ ਵਲੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਵਰਗ ਨਾਲ ਸਬੰਧਤ ਵਿਅਕਤੀ (ਮਰਦ/ਔਰਤ), ਜਿਨ੍ਹਾਂ ਦੀ ਉਮਰ 18 ਤੋਂ 50 ਸਾਲ ਤੇ ਘੱਟ ਤੋਂ ਘੱਟ ਪੰਜਵੀ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸਬੰਧ ਰੱਖਦਾ ਹੋਵੇ, ਦਫਤਰ ਡਿਪਟੀ ਡਾਇਰੈਕਟਰ, ਜਲੰਧਰ ਲਾਡੋਵਾਲੀ ਰੋਡ ਨੇੜੇ ਰੇਲਵੇ ਫਾਟਕ ਆਰ ਡੀ ਡੀ ਐੱਲ ਕੰਪਲੈਕਸ ਵਿਖੇ ਮਿਤੀ 27 ਜੁਲਾਈ ਤੱਕ ਆਪਣਾ ਯੋਗਤਾ ਸਰਟੀਫਿਕੇਟ, ਆਧਾਰ ਕਾਰਡ, ਪਾਸਪੋਰਟ ਸਾਈਜ ਫੋਟੋ ਲੈ ਕੇ ਫਾਰਮ ਭਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2,5 ਅਤੇ 10 ਤੇ 20 ਦੁਧਾਰੂ ਪਸ਼ੂਆਂ ਦੀ ਖ਼ਰੀਦ 'ਤੇ ਵਿਭਾਗ ਵਲੋਂ 33 ਫੀਸਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਖ਼ਲਾਈ ਦੌਰਾਨ ਸਿਖਿਆਰਥੀਆਂ ਨੂੰ 3500 ਰੁਪਏ ਵਜ਼ੀਫਾ ਵੀ ਦਿੱਤਾ ਜਾਵੇਗਾ।

# ਤਿੰਨ ਖੇਤੀ ਬਿਲਾਂ ਕਾਰਨ ਅਕਾਲੀ ਦਲ ਨੇ ਤੋੜਿਆ ਗਠਜੋੜ

## ਨਾ ਕਿਸਾਨ ਨੇਤਾਵਾਂ ਤੇ ਨਾ ਭਾਜਪਾ ਨੇ ਦਿੱਤਾ ਸਾਥ : ਅਜੀਤ, ਵਿਜੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਅਕਾਲੀ ਭਾਜਪਾ ਗੱਠਜੋੜ ਨੇ ਪੰਜਾਬ ਵਿੱਚ 15 ਸਾਲ ਤੱਕ ਰਾਜ ਕੀਤਾ ਪਰ ਸਾਲ 2021 ਵਿੱਚ ਤਿੰਨ ਖੇਤੀ ਕਾਨੂੰਨਾਂ

ਦੇ ਚਲਦੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਕਿਸਾਨਾਂ ਦੇ ਹੱਕ ਵਿੱਚ ਇਹ ਸੋਚ ਕੇ ਕਿ ਕਿਸਾਨ ਸਾਡੇ ਨਾਲ ਜੁੜ ਜਾਣਗੇ ਤੇ 2022 ਦੀਆਂ ਚੋਣਾਂ ਵਿੱਚ ਸਾਡੀ ਸਰਕਾਰ ਬਣ ਜਾਵੇਗੀ ਭਾਜਪਾ ਨਾਲ ਆਪਣਾ ਗੱਠਜੋੜ ਤੋੜ ਦਿੱਤਾ ਸੀ। 2022 ਵਿੱਚ ਵਿਧਾਨ ਸਭਾ ਚੋਣਾਂ ਵਿੱਚ ਕਿਸਾਨਾਂ ਨੇ ਅਕਾਲੀ ਦਲ ਨੂੰ ਵੋਟਾਂ ਨਹੀਂ ਪਾਈ ਜਿਸ ਕਾਰਨ ਜਿੱਥੇ ਅਕਾਲੀ ਪਾਰਟੀ ਹਾਰ ਗਈ। ਹੁਣ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਸਮਾਂ ਨਜ਼ਦੀਕ ਆ ਰਿਹਾ ਹੈ ਅਤੇ ਟੁੱਟੇ ਹੋਏ ਅਕਾਲੀ ਭਾਜਪਾ ਗੱਠਜੋੜ ਨੂੰ ਬਹਾਲ ਕਰਨ ਲਈ ਆਏ ਦਿਨ ਮੁਲਾਕਾਤਾਂ ਦਾ ਦੌਰ ਚੱਲ ਰਿਹਾ ਹੈ। ਇੱਕ ਪਾਸੇ ਭਾਜਪਾ ਕਹਿ ਰਹੀ ਹੈ ਕਿ ਸਾਡੀ ਪਾਰਟੀ ਪੰਜਾਬ ਵਿੱਚ ਇਕੱਲੇ ਚੋਣਾਂ ਲੜੇਗੀ ਤੇ ਅਕਾਲੀ ਦਲ ਵੀ ਇਕੱਲੇ ਲੜਨ ਦੀਆਂ ਤਿਆਰੀਆਂ ਕਰ ਰਹੀ ਹੈ ਜਦਕਿ 2022 ਵਿੱਚ ਅਕਾਲੀ ਸਿਰਫ ਤਿੰਨ ਸੀਟਾਂ ਤੇ ਹੀ ਜਿੱਤ ਹਾਸਿਲ ਕਰ ਸਕੀ ਸੀ ਅਤੇ ਪਾਰਲੀਮੈਂਟ ਦੀ ਵੀ ਇੱਕ ਸੀਟ ਤੇ ਹੀ ਜਿੱਤ ਹਾਸਿਲ ਹੋਈ ਸੀ ਜਿਸ ਤੋਂ ਸਾਫ ਜਾਹਿਰ ਹੁੰਦਾ ਹੈ ਕਿ ਜਿਨ੍ਹਾਂ ਕਿਸਾਨਾਂ ਕਾਰਨ ਅਕਾਲੀ ਦਲ ਨੇ ਭਾਜਪਾ ਨਾਲ ਨਾਤਾ ਤੋੜਿਆ ਸੀ ਉਹ ਕਿਸਾਨਾਂ ਨੇ ਵੀ ਸਾਥ ਨਹੀਂ ਦਿੱਤਾ। ਹੁਣ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਜੇਕਰ ਅਕਾਲੀ ਦਲ ਭਾਜਪਾ ਦਾ ਗਠਜੋੜ ਹੋ ਜਾਂਦਾ ਹੈ ਤਾਂ ਇਨ੍ਹਾਂ ਦੀ ਸਰਕਾਰ ਬਣਨ ਦੀ ਸੰਭਾਵਨਾ ਹੋ ਸਕਦੀ ਹੈ ਨਹੀਂ ਤਾਂ ਇਨ੍ਹਾਂ ਦੋਨਾਂ ਪਾਰਟੀਆਂ ਦਾ 2022 ਵਾਲਾ ਹੀ ਹਸ਼ਰ ਹੋਵੇਗਾ। ਸਮਾਜ ਸੇਵੀ ਰਿਟਾ. ਡੀ.ਐਸ.ਪੀ ਅਜੀਤ ਸਿੰਘ, ਸਮਾਜ ਸੇਵੀ ਵਿਜੇ ਕੁਮਾਰ ਕਸ਼ਅਪ, ਸਮਾਜ ਸੇਵੀ ਹਰਜੀਤ ਸਿੰਘ ਬਘੇਲ, ਹਿੰਦੂ ਨੇਤਾ ਗਿੰਦਾ ਪਰੋਜ ਅਤੇ ਹੋਰ ਲੋਕਾਂ ਦਾ ਕਹਿਣਾ ਹੈ ਕਿ ਸਮੇਂ ਦੀ ਨਜ਼ਾਕਤ ਨੂੰ ਦੇਖਦੇ ਹੋਏ ਅਕਾਲੀ ਭਾਜਪਾ ਦੇ ਨੇਤਾਵਾਂ ਨੂੰ ਇਕ ਟੇਬਲ ਤੇ ਬੈਠ ਕੇ ਆਪਸੀ ਸਮਝੌਤਾ ਕਰ ਲੈਣਾ ਚਾਹੀਦਾ ਹੈ। ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਜੇਕਰ ਇਨ੍ਹਾਂ ਦੋਨਾਂ ਦੇ ਸਮਝੌਤੇ ਦੀ ਕੋਈ ਗੱਲਬਾਤ ਚੱਲ ਰਹੀ ਹੈ ਤਾਂ ਜਲਦ ਹੀ ਇਸ ਸਮਝੌਤੇ ਨੂੰ ਅਮਲੀ ਰੂਪ ਵਿੱਚ ਲੈ ਆਉਣਾ ਚਾਹੀਦਾ ਹੈ ਤਾਂ ਜੋ ਸਮਾਂ ਰਹਿੰਦੇ ਅਕਾਲੀ ਭਾਜਪਾ ਵਰਕਰਾਂ ਵਿੱਚ ਵੀ ਪੂਰੀ ਤਰ੍ਹਾ ਨਾਲ ਤਾਲਮੇਲ ਬੈਠ ਸਕੇ।

# ਬਰਸਾਤਾਂ ਤੋਂ ਪਹਿਲਾਂ ਪੁਲੀਆਂ-ਚੋਆ ਅਤੇ ਨਾਲਿਆ ਦੀ ਸਫ਼ਾਈ ਕਰਵਾਈ ਜਾਵੇ : ਸਰਿਤਾ ਸ਼ਰਮਾ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਆਉਣ ਵਾਲੇ ਬਰਸਾਤ ਦੇ ਮੌਸਮ ਨੂੰ ਦੇਖਦੇ ਹੋਏ ਕਾਂਗਰਸੀ ਆਗੂ ਸਰਿਤਾ ਸ਼ਰਮਾ ਨੇ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਹਲਕੇ ਦੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਨਾਲ ਲੱਗਦੀਆਂ ਪੁਲੀਆਂ ਤੇ ਚੋਆ ਅਤੇ ਦੀ ਤੁਰੰਤ ਸਾਫ਼-ਸਫ਼ਾਈ ਕਰਵਾਈ ਜਾਵੇ। ਸਰਿਤਾ ਸ਼ਰਮਾ ਨੇ ਕਿਹਾ ਕਿ ਪਿਛਲੇ ਸਮੇ ਸ਼ਹਿਰ ਸਮੇਤ ਕਈ ਪਿੰਡਾਂ ਵਿੱਚ ਬਾਰਿਸ਼ ਦਾ ਪਾਣੀ ਆ ਗਿਆ ਸੀ। ਲੋਕਾਂ ਦੇ ਘਰਾਂ ਦਾ ਕਾਫੀ ਨੁਕਸਾਨ ਹੋਇਆ ਸੀ।ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਪੁਲੀਆਂ ਅਤੇ ਨਾਲਿਆਂ ਦੀ ਸਫ਼ਾਈ ਨਾ ਕਰਵਾਈ ਗਈ ਤਾਂ ਇਸ ਸਾਲ ਵੀ ਅਜਿਹੀ ਸਥਿਤੀ ਪੈਦਾ ਹੋ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰ ਨਾਲਿਆ ਵਿੱਚ ਕੂੜਾ-ਕਰਕਟ ਜੰਮ ਜਾਣ ਕਾਰਨ ਪਾਣੀ ਦੀ ਨਿਕਾਸੀ ਰੁਕ ਜਾਂਦੀ ਹੈ। ਇਸ ਨਾਲ ਸੜਕਾਂ ਵਿੱਚ ਪਾਣੀ ਭਰ ਜਾਂਦਾ ਹੈ ਅਤੇ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵਧ ਜਾਂਦਾ ਹੈ।ਕਾਂਗਰਸੀ ਆਗੂ ਸਰਿਤਾ ਸ਼ਰਮਾ ਨੇ ਮੰਗ ਕੀਤੀ ਕਿ ਬਰਸਾਤਾਂ ਸ਼ੁਰੂ ਹੋਣ ਤੋਂ ਪਹਿਲਾਂ ਹੀ ਪੂਰੇ ਹਲਕੇ ਵਿੱਚ ਸਫ਼ਾਈ ਮੁਹਿੰਮ ਚਲਾਈ ਜਾਵੇ। ਪੁਲੀਆਂ ਅਤੇ ਚੋਆ ਦੀ ਮਿੱਟੀ ਕੱਢ ਕੇ ਜਲ ਨਿਕਾਸੀ ਦਾ ਸਹੀ ਪ੍ਰਬੰਧ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਹੋਵੇ।ਉਨ੍ਹਾਂ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਸਮੇਂ ਸਿਰ ਕਾਰਵਾਈ ਕੀਤੀ ਜਾਵੇ।

# ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਸਫ਼ਾਈ ਤੇ ਸਿਹਤ ਸੰਬੰਧੀ ਜਾਗਰੂਕਤਾ ਮੁਹਿੰਮ

**ਬਲਾਚੌਰ (ਜਸਵਿੰਦਰ ਬੈਂਸ)**- ਸਵੱਛ ਭਾਰਤ ਮਿਸ਼ਨ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ), ਬਲਾਚੌਰ ਵਿਖੇ ਵਿਦਿਆਰਥੀਆਂ ਨੂੰ ਸਫ਼ਾਈ, ਨਿੱਜੀ ਸਿਹਤ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਗਤੀਵਿਧੀ ਕਰਵਾਈ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਸਾਫ਼-ਸੁਥਰੇ ਵਾਤਾਵਰਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ, ਕੂੜਾ ਇੱਧਰ-ਉੱਧਰ ਨਾ ਸੁੱਟਣ ਅਤੇ ਕੂੜੇ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਨਿੱਜੀ ਸਫ਼ਾਈ ਦੀਆਂ ਚੰਗੀਆਂ ਆਦਤਾਂ ਅਪਨਾਉਣ, ਸਮੇਂ-ਸਮੇਂ 'ਤੇ ਹੱਥ ਧੋਣ ਅਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਧਿਆਨ ਦੇਣ ਲਈ ਵੀ ਜਾਗਰੂਕ ਕੀਤਾ ਗਿਆ। ਜਾਗਰੂਕਤਾ ਮੁਹਿੰਮ ਦੌਰਾਨ ਸਾਲਿਡ ਵੇਸਟ ਮੈਨੇਜਮੈਂਟ ਐਕਸਪਰਟ ਕੀਰਤ ਚੌਹਾਨ, ਆਈ ਈ ਸੀ-ਸੀ ਬੀ ਐਕਸਪਰਟ ਸ਼ਬਨਮ, ਸੀ ਐੱਫ ਮਨਿੰਦਰ ਕੌਰ ਤੇ ਸਵੱਛ ਭਾਰਤ ਮਿਸ਼ਨ ਦੇ ਮੋਟੀਵੇਟਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਟੀਮ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਸੰਦੇਸ਼ ਦਿੱਤਾ ਕਿ ਸਫ਼ਾਈ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਹਰ ਵਿਅਕਤੀ ਦੀ ਰੋਜ਼ਾਨਾ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਛੋਟੀਆਂ-ਛੋਟੀਆਂ ਚੰਗੀਆਂ ਆਦਤਾਂ ਅਪਨਾ ਕੇ ਅਸੀਂ ਆਪਣੇ ਸਕੂਲ, ਘਰ ਅਤੇ ਸਮਾਜ ਨੂੰ ਸਾਫ਼-ਸੁਥਰਾ ਅਤੇ ਸਿਹਤਮੰਦ ਬਣਾ ਸਕਦੇ ਹਾਂ। ਇਸ ਮੌਕੇ ਵਿਦਿਆਰਥੀਆਂ ਨੇ ਵੀ ਸਫ਼ਾਈ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣ ਅਤੇ ਵਾਤਾਵਰਣ ਦੀ ਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।

# ਅਵਾਰਾ ਕੁੱਤਿਆਂ ਦੇ ਆਤੰਕ ਤੋਂ ਮਨੁੱਖੀ ਜ਼ਿੰਦਗੀਆਂ ਬਚਾਉਣ ਲਈ ਸਰਕਾਰ ਠੋਸ ਕਦਮ ਚੁੱਕੇ : ਦਿਸ਼ਾਦੀਪ

**ਜਲੰਧਰ (ਸ਼ੈਲੀ ਐਲਬਰਟ)**- ਆਵਾਰਾ ਕੁੱਤਿਆਂ ਦੇ ਖ਼ੌਫ਼ਨਾਕ ਆਤੰਕ ਨਾਲ ਵਾਪਰੀਆਂ ਘਟਨਾਵਾਂ ਅਤੇ ਹੁਸ਼ਿਆਰਪੁਰ ਵਿੱਚ ਇੱਕ ਬੱਚੀ ਨੂੰ ਮੌਤ ਦਾ ਸ਼ਿਕਾਰ ਬਣਾਇਆ ਹੈ, ਨਾਲ ਸਮਾਜ ਦੇ ਹਰ ਵਰਗ ਵਿੱਚ ਇੱਕ ਸਹਿਮ ਅਤੇ ਖ਼ੌਫ਼ ਪੈਦਾ ਕਰ ਦਿੱਤਾ ਹੈ। ਇਸ ਘਟਨਾ ਤੋਂ ਬਾਅਦ ਪਸ਼ੂਆਂ ਦੇ ਅਧਿਕਾਰਾਂ ਦੇ ਸੰਗਠਨਾਂ ਦਾ ਇਨ੍ਹਾਂ ਘਟਨਾਂਵਾਂ ਪ੍ਰਤੀ ਮੌਨ ਯਕੀਨਨ ਹੀ ਸਵਾਲੀਆ ਨਿਸ਼ਾਨ ਅਤੇ ਗੰਭੀਰ ਚਿੰਤਾ ਦਾ ਸਬੱਬ ਹੈ। ਸਮਾਜ ਸੇਵੀ ਸੰਸਥਾ ਦਿਸ਼ਾਦੀਪ ਦੇ ਸੰਸਥਾਪਕ ਅਤੇ ਚੀਫ ਲਾਇਨ ਐਸ ਐਮ ਸਿੰਘ ਨੇ ਜਲੰਧਰ ਦੇ ਹੋਰ ਮਾਨਵ ਹਿਤੈਸ਼ੀ ਸੰਗਠਨਾਂ ਦੇ ਸੁਹਿਰਦ ਕਾਰਜਕਰਤਾਵਾਂ ਸੁਰਿੰਦਰ ਭਾਰਤੀ, ਦੀਪਕ ਰਾਏ, ਸਰਬਜੀਤ ਕੌਰ, ਪਰਮਜੀਤ ਢੱਲ, ਭੁਲੱਥ ਅਤੇ ਹੋਰਨਾਂ ਨੂੰ ਸੰਬੋਧਿਤ ਕਰਦਿਆਂ ਕਿਹਾ ਬੇਸ਼ਕੀਮਤੀ ਮਨੁੱਖੀ ਜ਼ਿੰਦਗੀਆਂ ਅਤੇ ਆਵਾਰਾ ਪਸ਼ੂਆਂ/ਕੁੱਤਿਆਂ ਦੇ ਜੀਵਨ ਅਧਿਕਾਰਾਂ ਨੂੰ ਪਹਿਲ, ਵਖਰੇਵਾਂ ਅਤੇ ਕਾਨੂੰਨੀ ਮਾਨਤਾ ਮਾਨਵ ਜ਼ਿੰਦਗੀਆਂ ਬਚਾਉਣ ਲਈ ਅਤਿ ਜ਼ਰੂਰੀ ਅਤੇ ਮੌਜੂਦਾ ਸਮੇਂ ਦੀ ਲੋੜ ਹੈ। ਇਸ ਸਬੰਧ ਵਿੱਚ ਹੋਰ ਸਵੈ ਸੇਵੀ ਸੰਸਥਾਵਾਂ ਨਾਲ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਮੇਅਰ ਵਿਨੀਤ ਧੀਰ ਨੂੰ ਇੱਕ ਮੰਗ ਪੱਤਰ ਸੌਂਪਿਆ ਜਾਵੇਗਾ ਜਿਸ ਵਿੱਚ ਸਰਕਾਰ ਨੂੰ ਬੇਨਤੀ ਕੀਤੀ ਜਾਵੇਗੀ ਕਿ ਉਹ ਆਵਾਰਾ ਕੁੱਤਿਆਂ ਦੇ ਜੀਵਨ ਨੂੰ ਬਚਾਉਣ ਲਈ ਡਾਗ ਵਸੇਬਾ ਕੇਂਦਰ, ਇਨ੍ਹਾਂ ਦੀ ਗਿਣਤੀ ਘੱਟ ਕਰਨ ਲਈ ਨਸਬੰਦੀ ਦੇ ਤੇਜ਼ ਯਤਨ, ਬੀਮਾਰ ਅਤੇ ਬੁੱਢੇ ਜਾਨਵਰਾਂ ਲਈ ਡਾਕਟਰੀ ਸਹਾਇਤਾ ਅਤੇ ਸਹੂਲਤਾਂ ਲਈ ਵਿਸ਼ੇਸ਼ ਉਪਰਾਲੇ ਅਤੇ ਘਰੇਲੂ ਕੁੱਤਿਆਂ ਦੇ ਪੰਜੀਕਰਨ, ਕੁੱਤੇ ਗੋਦ ਲੈਣ ਅਤੇ ਕਾਨੂੰਨ ਬਣਾਉਣ ਕਿ ਆਉਣ ਵਾਲੇ ਸਾਲਾਂ ਵਿੱਚ ਆਵਾਰਾ ਕੁੱਤਿਆਂ ਦੀ ਭਰਮਾਰ ਨੂੰ ਨੱਥ ਪਾਈ ਜਾਵੇ ਅਤੇ ਇਨ੍ਹਾਂ ਦੇ ਆਤੰਕ ਵਿੱਚ ਜਾਨ ਗਵਾਉਣ ਵਾਲੇ ਨਾਗਰਿਕਾਂ ਨੂੰ ਉਚਿਤ ਆਰਥਿਕ ਮੁਆਵਜ਼ੇ ਅਤੇ ਜ਼ਖਮੀਆਂ ਲਈ ਉਚਿਤ ਪ੍ਰਬੰਧ ਦੀ ਵਿਵਸਥਾ ਕਰੇ।

# ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਲੱਗਣਗੇ ਦੋ ਰੋਜ਼ਾ ਵਿਸ਼ੇਸ਼ ਐੱਸ ਆਈ ਆਰ ਕੈਂਪ

**ਬਲਾਚੌਰ (ਜਸਵਿੰਦਰ ਬੈਂਸ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ, ਗੁਲਪ੍ਰੀਤ ਸਿੰਘ ਔਲਖ ਨੇ ਸ਼ੁੱਕਰਵਾਰ ਨੂੰ ਜ਼ਿਲ੍ਹੇ ਦੇ ਸਮੂਹ ਯੋਗ ਵੋਟਰਾਂ ਨੂੰ 11 ਅਤੇ 12 ਜੁਲਾਈ ਨੂੰ ਜ਼ਿਲ੍ਹੇ ਦੇ ਹਰੇਕ ਪੋਲਿੰਗ ਬੂਥ 'ਤੇ ਲਗਾਏ ਜਾ ਰਹੇ ਦੋ ਰੋਜ਼ਾ ਵਿਸ਼ੇਸ਼ ਇੰਟੈਂਸਿਵ ਰਵੀਜ਼ਨ (ਐੱਸ ਆਈ ਆਰ)-2026 ਕੈਂਪਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਐੱਸ ਆਈ ਆਰ-2026 ਤਹਿਤ ਚੱਲ ਰਹੇ ਘਰ-ਘਰ ਗਣਨਾ ਪੜਾਅ ਦਾ ਹਿੱਸਾ ਹਨ, ਜੋ ਕਿ 25 ਜੂਨ ਤੋਂ ਸ਼ੁਰੂ ਹੋਇਆ ਸੀ ਅਤੇ 24 ਜੁਲਾਈ ਤੱਕ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਸਮੂਹ ਬੂਥ ਲੈਵਲ ਅਫ਼ਸਰ (ਬੀ.ਐਲ.ਓ.) ਦੋਵੇਂ ਦਿਨ ਸਵੇਰੇ 8:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਮੌਜੂਦ ਰਹਿਣਗੇ ਤਾਂ ਜੋ ਵੋਟਰਾਂ ਨੂੰ ਗਣਨਾ ਫਾਰਮ ਭਰਨ ਅਤੇ ਜਮ੍ਹਾ ਕਰਵਾਉਣ ਵਿੱਚ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ। ਔਲਖ ਨੇ ਕਿਹਾ ਕਿ ਇਹ ਕੈਂਪ ਗਣਨਾ ਫਾਰਮਾਂ ਨੂੰ ਇਕੱਤਰ ਤੇ ਡਿਜੀਟਾਈਜ਼ੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਲਗਾਏ ਜਾ ਰਹੇ ਹਨ ਕਿ ਕੋਈ ਵੀ ਯੋਗ ਵੋਟਰ, ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾਂ ਅਪੀਲ ਕੀਤੀ ਕਿ ਜਿਨ੍ਹਾਂ ਵੋਟਰਾਂ ਨੇ ਅਜੇ ਤੱਕ ਆਪਣੇ ਫਾਰਮ ਨਹੀਂ ਭਰੇ, ਉਹ ਆਪਣੇ ਬੀ.ਐਲ.ਓ. ਨਾਲ ਸੰਪਰਕ ਕਰਨ ਜਾਂ ਇਸ ਵਿਸ਼ੇਸ਼ ਮੁਹਿੰਮ ਦੌਰਾਨ ਨਜ਼ਦੀਕੀ ਪੋਲਿੰਗ ਬੂਥ 'ਤੇ ਪਹੁੰਚਣ।

ਉਨ੍ਹਾਂ ਦੱਸਿਆ ਕਿ ਸਕੂਲਾਂ, ਮਾਲ ਵਿਭਾਗ, ਸ਼ਹਿਰੀ ਸਥਾਨਕ ਸਰਕਾਰਾਂ ਅਤੇ ਆਂਗਣਵਾੜੀ ਵਰਕਰਾਂ ਦੇ ਸਟਾਫ ਨੂੰ ਵੀ ਕੈਂਪਾਂ ਦੌਰਾਨ ਬੀ ਐਲ ਓਜ਼ ਦੀ ਸਹਾਇਤਾ ਲਈ ਤਾਇਨਾਤ ਕੀਤਾ ਗਿਆ ਹੈ।ਉਨ੍ਹਾਂ ਦੁਹਰਾਇਆ ਕਿ ਜ਼ਿਲ੍ਹੇ ਵਿੱਚ ਸਹੀ ਅਤੇ ਸਮਾਵੇਸ਼ੀ ਵੋਟਰ ਸੂਚੀਆਂ ਤਿਆਰ ਕਰਨ ਲਈ ਲੋਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ।

# ਆਂਗਣਵਾੜੀ ਕੇਂਦਰ 'ਚ ਈ ਸੀ ਸੀ ਈ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਹੇਠ ਬਲਾਕ ਮੁਕੇਰੀਆਂ ਦੇ ਪਿੰਡ ਡੁਗਰੀ ਅਵਾਣਾ ਸਥਿਤ ਆਂਗਣਵਾੜੀ ਕੇਂਦਰ ਵਿੱਚ ਈ ਸੀ ਸੀ ਈ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੌਰਾਨ ਬੱਚਿਆਂ ਲਈ ਚਿੱਤਰਕਲਾ ਮੁਕਾਬਲਾ, ਕਵਿਤਾ ਪਾਠ, ਕਹਾਣੀ ਸੁਣਾਉਣ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਮਾਵਾਂ ਨੂੰ ਬੱਚਿਆਂ ਦੀ ਸਿਹਤ, ਪੋਸ਼ਣ, ਸਫ਼ਾਈ ਅਤੇ ਨਿਯਮਿਤ ਟੀਕਾਕਰਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਆਂਗਣਵਾੜੀ ਵਰਕਰਾਂ ਨੇ ਗਰਭਵਤੀ ਮਹਿਲਾਵਾਂ ਨੂੰ ਗਰਭ ਅਵਸਥਾ ਦੌਰਾਨ ਸੰਤੁਲਿਤ ਖੁਰਾਕ, ਨਿਯਮਿਤ ਸਿਹਤ ਜਾਂਚ ਅਤੇ ਆਇਰਨ ਤੇ ਫੋਲਿਕ ਐਸਿਡ ਦੀਆਂ ਗੋਲੀਆਂ ਦੇ ਸੇਵਨ ਦੀ ਲੋੜ ਸਬੰਧੀ ਜਾਗਰੂਕ ਕੀਤਾ। ਇਸ ਦੇ ਨਾਲ ਹੀ ਬੱਚਿਆਂ ਨੂੰ ਖੇਡਾਂ, ਸਮੂਹ ਗਤੀਵਿਧੀਆਂ ਅਤੇ ਕਲਾਸ ਅਧਾਰਿਤ ਸੈਸ਼ਨਾਂ ਰਾਹੀਂ ਸਫ਼ਾਈ, ਅਨੁਸ਼ਾਸਨ, ਆਪਸੀ ਸਹਿਯੋਗ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ ਅਤੇ ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਬੱਚਿਆਂ ਦੇ ਮਾਨਸਿਕ, ਸਰੀਰਕ ਅਤੇ ਸਮਾਜਿਕ ਵਿਕਾਸ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਆਂਗਣਵਾੜੀ ਕੇਂਦਰ ਵਿੱਚ ਪਹੁੰਚ ਕੇ ਮਾਵਾਂ ਅਤੇ ਬੱਚਿਆਂ ਦੀ ਸਿਹਤ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਪੌਸ਼ਟਿਕ ਖੁਰਾਕ ਅਪਣਾਉਣ ਲਈ ਪ੍ਰੇਰਿਤ ਕੀਤਾ। ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਦੇ ਬੌਧਿਕ, ਭਾਵਨਾਤਮਕ ਅਤੇ ਸਮਾਜਿਕ ਵਿਕਾਸ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

# ਪੱਤਰਕਾਰ ਗੁਰਭਾਗ ਸਿੰਘ ਮਜਾਰੀ ਦੀ ਮਾਤਾ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਸਿੰਘ ਢੇਰ)**- ਪ੍ਰੈਸ ਕਲੱਬ ਨੰਗਲ ਡੈਮ ਦੇ ਪ੍ਰਧਾਨ ਪੱਤਰਕਾਰ ਗੁਰਭਾਗ ਸਿੰਘ ਮਜਾਰੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੀ ਮਾਤਾ ਜਗੀਰ ਕੌਰ (75) ਪਤਨੀ ਮਹਿੰਦਰ ਸਿੰਘ ਨੰਬਰਦਾਰ ਵਾਸੀ ਮਜਾਰੀ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਈ। ਇਸ ਦੁੱਖ ਦੀ ਘੜੀ ਵਿੱਚ ਵੱਖ ਵੱਖ ਪੱਤਰਕਾਰ ਭਾਈਚਾਰੇ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਤੇ ਪ੍ਰਧਾਨ ਰਕੇਸ਼ ਸੈਣੀ, ਗੁਰਪ੍ਰੀਤ ਗਰੇਵਾਲ, ਪ੍ਰੀਤਮ ਸਿੰਘ ਬਰਾਰੀ, ਸੁਭਾਸ਼ ਸ਼ਰਮਾ, ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ,ਅਬੀ ਰਾਣਾ, ਰਣਬੀਰ ਸਿੰਘ ਸੈਣੀ, ਕੁਲਵਿੰਦਰਜੀਤ ਸਿੰਘ ਭਾਟੀਆ, ਸੁਪਿੰਦਰ ਸਿੰਘ, ਰਜੇਸ਼ ਪਟਿਆਲ, ਅਸ਼ੋਕ ਚੋਪੜਾ, ਰਕੇਸ਼ ਰਾਣਾ, ਧਰਮਪਾਲ, ਹਰਭਜਨ ਢਿਲੋਂ,ਜੁਝਾਰ ਸਿੰਘ,ਰਾਜਾ, ਸ਼ਿਵ ਕੁਮਾਰ ਕਾਲ਼ੀਆ ਨੇ ਗੁਰਭਾਗ ਸਿੰਘ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਧੀਆਂ ਪ੍ਰਤੀ ਸਕਾਰਾਤਮਕ ਸੋਚ ਨੂੰ ਪ੍ਰਫੁੱਲਤ ਕਰਨ ਲਈ ਜਾਗਰੂਕਤਾ ਮੁਹਿੰਮ

**ਕਰਤਾਰਪੁਰ (ਹਰਮੇਸ਼ ਦੱਤ)**- ਸਿਵਲ ਸਰਜਨ ਜਲੰਧਰ ਅਤੇ ਜ਼ਿਲ੍ਹਾ ਪਰਵਾਰ ਭਲਾਈ ਪ੍ਰੋਗਰਾਮ ਅਫ਼ਸਰ ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਕਰਤਾਰਪੁਰ ਵੱਲੋਂ ਬਲਾਕ ਦੇ ਵੱਖ-ਵੱਖ ਪਿੰਡਾਂ ਅਤੇ ਸਿਹਤ ਸੰਸਥਾਵਾਂ ਵਿੱਚ ਬੇਟੀ ਬਚਾਓ, ਬੇਟੀ ਪੜ੍ਹਾਓ ਵਿਸ਼ੇ 'ਤੇ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਵਿੱਚ ਸਰਪੰਚਾਂ, ਪੰਚਾਂ, ਸਮਾਜਿਕ ਪ੍ਰਭਾਵਸ਼ਾਲੀ ਸ਼ਖ਼ਸੀਅਤਾਂ ਸਿਹਤ ਅਧਿਕਾਰੀਆਂ ਅਤੇ ਸਿਹਤ ਕਰਮਚਾਰੀਆਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਧੀਆਂ ਦੇ ਜਨਮ, ਸਿੱਖਿਆ, ਸੁਰੱਖਿਆ ਅਤੇ ਸਨਮਾਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਲੋਕਾਂ ਨੂੰ ਭਰੂਣ ਲਿੰਗ ਜਾਂਚ ਅਤੇ ਲਿੰਗ ਚੋਣ ਵਰਗੀਆਂ ਗੈਰ-ਕਾਨੂੰਨੀ ਗਤੀਵਿਧੀਆਂ ਤੋਂ ਦੂਰ ਰਹਿਣ ਅਤੇ ਧੀਆਂ ਨੂੰ ਸਮਾਨ ਅਧਿਕਾਰ ਅਤੇ ਮੌਕੇ ਪ੍ਰਦਾਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਜਿੱਥੇ ਧੀਆਂ ਦਾ ਸਨਮਾਨ ਹੁੰਦਾ ਹੈ, ਉੱਥੇ ਸਮਾਜ ਤਰੱਕੀ ਕਰਦਾ ਹੈ। ਧੀ ਪਰਵਾਰ ਦੀ ਸ਼ਾਨ, ਸਮਾਜ ਦੀ ਪਹਿਚਾਣ ਅਤੇ ਦੇਸ਼ ਦੇ ਸੁਨਹਿਰੇ ਭਵਿੱਖ ਦੀ ਮਜ਼ਬੂਤ ਨੀਂਹ ਹੈ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਦਾ ਫ਼ਰਜ਼ ਹੈ ਕਿ ਧੀਆਂ ਪ੍ਰਤੀ ਸਕਾਰਾਤਮਕ ਸੋਚ ਅਪਣਾਈ ਜਾਵੇ ਅਤੇ ਉਨ੍ਹਾਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਲਈ ਬਰਾਬਰ ਦੇ ਮੌਕੇ ਦਿੱਤੇ ਜਾਣ।ਇਸ ਮੌਕੇ ਲੋਕਾਂ ਨੂੰ ਪੀ ਸੀ ਪੀ ਐੱਨ ਡੀ ਟੀ ਐਕਟ ਦੇ ਪ੍ਰਾਵਧਾਨਾਂ ਬਾਰੇ ਵੀ ਜਾਣੂ ਕਰਵਾਇਆ ਗਿਆ ਅਤੇ ਧੀਆਂ ਦੀ ਸੁਰੱਖਿਆ ਅਤੇ ਸਨਮਾਨ ਲਈ ਸਮਾਜ ਨੂੰ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਨ੍ਹਾਂ ਸਮੂਹ ਜਾਗਰੂਕਤਾ ਕੈਂਪਾਂ ਦਾ ਸਫ਼ਲ ਪ੍ਰਬੰਧ ਅਤੇ ਤਾਲਮੇਲ ਬਲਾਕ ਐਕਸਟੈਂਸ਼ਨ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਆਉਣ ਵਾਲੇ ਸਮੇਂ ਵਿੱਚ ਵੀ ਬਲਾਕ ਦੇ ਵੱਖ-ਵੱਖ ਖੇਤਰਾਂ ਵਿੱਚ ਅਜਿਹੀਆਂ ਜਾਗਰੂਕਤਾ ਗਤੀਵਿਧੀਆਂ ਨਿਰੰਤਰ ਜਾਰੀ ਰਹਿਣਗੀਆਂ, ਤਾਂ ਜੋ ਧੀਆਂ ਪ੍ਰਤੀ ਸਤਿਕਾਰ, ਬਰਾਬਰੀ ਅਤੇ ਜ਼ਿੰਮੇਵਾਰੀ ਦਾ ਸੰਦੇਸ਼ ਹਰ ਘਰ ਤੱਕ ਪਹੁੰਚ ਸਕੇ।

# ਕੁਦਰਤ ਦੀ ਗੋਦ 'ਚ ਵਸਿਆ ਸੰਤ ਬਾਬਾ ਭਾਗ ਸਿੰਘ 'ਵਰਸਿਟੀ ਦਾ ਕੈਂਪਸ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਅਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ (ਜਲੰਧਰ) ਨੇ ਉੱਚ ਸਿੱਖਿਆ ਦੇ ਖੇਤਰ ਵਿੱਚ ਆਪਣੇ ਆਧੁਨਿਕ ਬੁਨਿਆਦੀ ਢਾਂਚੇ ਅਤੇ ਬਿਹਤਰੀਨ ਭੂਗੋਲਿਕ ਸਥਿਤੀ ਸਦਕਾ ਇੱਕ ਵਿਸ਼ੇਸ਼ ਪਛਾਣ ਬਣਾਈ ਹੈ।ਸ਼ਹਿਰਾਂ ਦੇ ਪ੍ਰਦੂਸ਼ਣ, ਸ਼ੋਰ-ਸ਼ਰਾਬੇ ਅਤੇ ਭੱਜ-ਦੌੜ ਭਰੀ ਜ਼ਿੰਦਗੀ ਤੋਂ ਦੂਰ ਯੂਨੀਵਰਸਿਟੀ ਕੈਂਪਸ ਕੁਦਰਤ ਦੀ ਇੱਕ ਅਦਭੁਤ ਅਤੇ ਹਰਿਆਲੀ ਭਰੀ ਗੋਦ ਵਿੱਚ ਵਸਿਆ ਹੋਇਆ ਹੈ। ਕੈਂਪਸ ਦੇ ਚਾਰੇ ਪਾਸੇ ਫੈਲੇ ਹਰੇ-ਭਰੇ ਖੇਤ, ਲਹਿਰਾਉਂਦੇ ਰੁੱਖ ਅਤੇ ਸ਼ਾਂਤਮਈ ਵਾਤਾਵਰਣ ਇੱਥੇ ਆਉਣ ਵਾਲੇ ਹਰ ਸ਼ਖਸ ਦਾ ਮਨ ਮੋਹ ਲੈਂਦੇ ਹਨ। ਸਵੇਰ ਦੀ ਸ਼ੁੱਧ ਹਵਾ ਵਿਦਿਆਰਥੀਆਂ ਦੇ ਮਨਾਂ ਵਿੱਚ ਇੱਕ ਨਵੀਂ ਊਰਜਾ ਅਤੇ ਇਕਾਗਰਤਾ ਭਰਦੀ ਹੈ। ਕੁਦਰਤ ਦਾ ਇਹ ਸੁਹਾਵਣਾ ਅਤੇ ਪ੍ਰਦੂਸ਼ਣ-ਮੁਕਤ ਆਂਚਲ ਵਿਦਿਆਰਥੀਆਂ ਦੀ ਮਾਨਸਿਕ ਤੰਦਰੁਸਤੀ ਨੂੰ ਬਣਾਈ ਰੱਖਦਾ ਹੈ ਅਤੇ ਉਨ੍ਹਾਂ ਦੀ ਸੋਚਣ ਅਤੇ ਸਿੱਖਣ ਦੀ ਸ਼ਕਤੀ ਨੂੰ ਵੀ ਕੁਦਰਤੀ ਤੌਰ 'ਤੇ ਨਿਖਾਰਦਾ ਹੈ। ਕੈਂਪਸ ਦੀਆਂ ਸੁਵਿਧਾਵਾਂ ਅਤੇ ਇਸ ਦੇ ਵਿਲੱਖਣ ਵਾਤਾਵਰਣ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਯੂਨੀਵਰਸਿਟੀ ਦੇ ਮਾਨਯੋਗ ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਜੀ ਨੇ ਦੱਸਿਆ ਕਿ ਸੰਸਥਾ ਦਾ ਉਦੇਸ਼ ਵਿਦਿਆਰਥੀਆਂ ਨੂੰ ਸ਼ਹਿਰ ਦੇ ਸ਼ੋਰ-ਸ਼ਰਾਬੇ ਤੋਂ ਦੂਰ, ਇੱਕ ਅਜਿਹਾ ਕੁਦਰਤੀ ਅਤੇ ਸੁਰੱਖਿਅਤ ਮਾਹੌਲ ਦੇਣਾ ਹੈ, ਜਿੱਥੇ ਉਹ ਇਕਾਗਰਤਾ ਨਾਲ ਸਿੱਖਿਆ ਹਾਸਲ ਕਰ ਸਕਣ। ਉਨ੍ਹਾਂ ਦੱਸਿਆ ਕਿ ਇਸ ਹਰੇ-ਭਰੇ ਕੈਂਪਸ ਦੇ ਅੰਦਰ ਵਿਦਿਆਰਥੀਆਂ ਲਈ ਅਕਾਦਮਿਕ ਸੁਵਿਧਾਵਾਂ ਮੌਜੂਦ ਹਨ, ਜਿਨ੍ਹਾਂ ਵਿੱਚ ਕੰਪਿਊਟਰ ਲੈਬਾਂ, ਵਿਗਿਆਨ ਤੇ ਇੰਜੀਨੀਅਰਿੰਗ ਦੇ ਆਧੁਨਿਕ ਯੰਤਰਾਂ ਨਾਲ ਲੈਸ ਪ੍ਰਯੋਗਸ਼ਾਲਾਵਾਂ ਅਤੇ ਡਿਜੀਟਲ ਸੁਵਿਧਾਵਾਂ ਵਾਲੀ ਇੱਕ ਵਿਸ਼ਾਲ ਕੇਂਦਰੀ ਲਾਇਬ੍ਰੇਰੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਮੰਗ ਅਨੁਸਾਰ ਕੈਂਪਸ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਅਪਗ੍ਰੇਡ ਕੀਤਾ ਜਾ ਰਿਹਾ ਹੈ ਤਾਂ ਜੋ ਪੇਂਡੂ ਅਤੇ ਸ਼ਹਿਰੀ ਖੇਤਰ ਦੇ ਵਿਦਿਆਰਥੀਆਂ ਨੂੰ ਸੰਸਾਰ-ਪੱਧਰੀ ਸਿੱਖਿਆ ਅਤੇ ਮਾਹੌਲ ਮਿਲ ਸਕੇ।ਯੂਨੀਵਰਸਿਟੀ ਦਾ ਹਰਿਆ-ਭਰਿਆ ਕੈਂਪਸ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਦੇ ਨਾਲ-ਨਾਲ ਇੱਕ ਸਿਹਤਮੰਦ ਜੀਵਨ ਸ਼ੈਲੀ ਵੀ ਪ੍ਰਦਾਨ ਕਰਦਾ ਹੈ ਜਿਸ ਕਾਰਨ ਯੂਨੀਵਰਸਿਟੀ ਅੱਜ ਦੇ ਦੌਰ ਵਿੱਚ ਨੌਜਵਾਨਾਂ ਦੀ ਪਹਿਲੀ ਪਸੰਦ ਬਣਦੀ ਜਾ ਰਹੀ ਹੈ।

# ਅਧਿਆਪਕ ਨੂੰ ਮਾਣ ਭੱਤੇ ਦੇ ਚੈੱਕ, ਸਰਟੀਫਿਕੇਟ ਦੇ ਕੇ ਕੀਤਾ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਹਰਪਾਲ ਸਿੰਘ ਮੈਨੇਜਿੰਗ ਟਰੱਸਟੀ ਦੀ ਦੇਖ-ਰੇਖ ਵਿਚ ਸੈਕਟਰ-28 ਚੰਡੀਗੜ੍ਹ ਵਿਖੇ ਚੱਲ ਰਹੇ ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਸਿੱਖਿਆ ਪ੍ਰੋਜੈਕਟਾਂ ਦੇ ਸੰਬੰਧ ਵਿੱਚ ਸੰਸਥਾ ਵੱਲੋਂ ਪ੍ਰੋਜੈਕਟ ਇੰਚਾਰਜ ਪ੍ਰਿੰ. ਬਹਾਦਰ ਸਿੰਘ ਗੋਸਲ ਅਤੇ ਕੁਆਰਡੀਨੇਟਰ ਸੰਦੀਪ ਸਿੰਘ ਨੇ ਰੋਪੜ ਜ਼ਿਲ੍ਹੇ ਦੇ ਰਮੋਟ ਏਰੀਏ ਵਿੱਚ ਚੱਲ ਰਹੇ ਸੈਂਟਰਾਂ ਦਾ ਦੌਰਾ ਕੀਤਾ।ਇਸ ਮੌਕੇ ਵੱਖ-ਵੱਖ ਸਕੂਲਾਂ ਵਿੱਚ ਅਧਿਆਪਕਾਂ ਨੂੰ ਮਾਣ ਭੱਤੇ ਦੇ ਚੈੱਕ, ਸਰਟੀਫਿਕੇਟ ਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ।ਅਜਿਹਾ ਹੀ ਇਕ ਸਮਾਗਮ ਸਰਕਾਰੀ ਸਮਾਰਟ ਸਕੂਲ ਮਾਣਕ ਮਾਜਰਾ ਨੇੜੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਮੁੱਖ ਅਧਿਆਪਕ ਵਸ਼ਿੰਗਟਨ ਸਿੰਘ ਅਤੇ ਬੱਚੇ ਵੀ ਹਾਜ਼ਰ ਸਨ।ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਸਕੂਲ ਦੀ ਵਲੰਟੀਅਰ ਅਧਿਆਪਕਾ ਸੰਤੋਸ਼ ਕੁਮਾਰੀ ਨੂੰ ਵਿਸ਼ੇਸ਼ ਤੌਰ 'ਤੇ ਮਾਣ ਭੱਤੇ ਦਾ ਚੈੱਕ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।ਸੰਸਥਾ ਦੇ ਸਹਿਯੋਗ ਲਈ ਦੂਜੇ ਅਧਿਆਪਕਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇੱਥੇ ਇਹ ਦੱਸਣਯੋਗ ਹੈ ਕਿ ਇਸ ਸੈਂਟਰ ਦੇ 3 ਬੱਚੇ ਨਵੋਦਿਆਂ ਸਕੂਲ ਲਈ ਪਾਸ ਹੋਏ ਹਨ ਅਤੇ ਇੱਕ ਬੱਚੀ ਪਰਮਪ੍ਰੀਤ ਕੌਰ ਨੂੰ ਜੋ ਨਵੋਦਿਆ ਸਕੂਲ ਸੰਧੂਆਂ ਵਿਖੇ ਦਾਖਲ ਹੋਈ ਹੈ, ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਪ੍ਰਿੰ. ਬਹਾਦਰ ਸਿੰਘ ਗੋਸਲ ਰਚਿਤ ਪੁਸਤਕਾਂ ਬੱਚਿਆਂ ਵਿੱਚ ਵੰਡੀਆਂ ਗਈਆਂ ਤਾਂ ਜੋ ਬੱਚਿਆਂ ਵਿਚ ਪੜ੍ਹਾਈ ਦੀ ਲਗਨ, ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਪ੍ਰੇਰਣਾ ਦਿੱਤੀ ਜਾ ਸਕੇ।ਇਸ ਮੌਕੇ ਸੰਬੋਧਨ ਕਰਦਿਆਂ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕੀਤਾ।ਅੰਤ ਵਿਚ ਮੁੱਖ ਅਧਿਆਪਕ ਵਸ਼ਿੰਗਟਨ ਸਿੰਘ ਨੇ ਸੰਸਥਾ ਦੇ ਕਾਰਜਾਂ ਦੀ ਸ਼ਲਾਘਾ ਕਰਦੇ ਹੋਏ ਪ੍ਰਿੰ. ਬਹਾਦਰ ਸਿੰਘ ਗੋਸਲ ਤੇ ਸੰਦੀਪ ਸਿੰਘ ਦਾ ਧੰਨਵਾਦ ਕੀਤਾ।

## 892 ਆਧੁਨਿਕ ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਮੁਕੰਮਲ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਬੱਚਿਆਂ ਨੂੰ ਵਿਸ਼ਵ ਪੱਧਰੀ ਸ਼ੁਰੂਆਤੀ ਦੇਖਭਾਲ ਅਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 892 ਆਧੁਨਿਕ ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਮੁਕੰਮਲ ਕਰ ਲਿਆ ਹੈ। ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਰਾਜ ਵਿੱਚ ਬਾਲ-ਅਨੁਕੂਲ ਬੁਨਿਆਦੀ ਢਾਂਚੇ ਦਾ ਤੇਜ਼ੀ ਨਾਲ ਵਿਸਥਾਰ ਕੀਤਾ ਜਾ ਰਿਹਾ ਹੈ, ਇਸੇ ਲੜੀ ਤਹਿਤ 132 ਹੋਰ ਆਂਗਣਵਾੜੀ ਕੇਂਦਰ ਉਸਾਰੀ ਦੇ ਅੰਤਿਮ ਪੜਾਅ ਵਿੱਚ ਹਨ। ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਪੰਜਾਬ ਭਰ ਦੇ ਬੱਚਿਆਂ ਨੂੰ ਸੁਰੱਖਿਅਤ, ਆਧੁਨਿਕ ਅਤੇ ਮਹਿੰਗੇ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਵਧੀਆ ਸ਼ੁਰੂਆਤੀ ਸਿੱਖਿਆ ਮਾਹੌਲ ਅਤੇ ਖੇਡ-ਖੇਡ ਵਿੱਚ ਸਿੱਖਿਣ ਦੇ ਮੌਕੇ ਮਿਲਣ।ਇਹ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ, ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 1024 ਨਵੇਂ ਆਂਗਣਵਾੜੀ ਕੇਂਦਰ ਬਣਾਉਣ ਦਾ ਟੀਚਾ ਰੱਖਿਆ ਸੀ। 892 ਕੇਂਦਰਾਂ ਦੀ ਉਸਾਰੀ ਪਹਿਲਾਂ ਹੀ ਪੂਰੀ ਹੋ ਚੁੱਕੀ ਹੈ, ਜਦੋਂ ਕਿ ਬਾਕੀ ਰਹਿੰਦੇ 132 ਕੇਂਦਰ ਉਸਾਰੀ ਦੇ ਅੰਤਿਮ ਪੜਾਅ ਵਿੱਚ ਹਨ ਅਤੇ ਜਲਦ ਹੀ ਪੂਰੇ ਕਰਕੇ ਸੂਬੇ ਦੇ ਬੱਚਿਆਂ ਨੂੰ ਸਮਰਪਿਤ ਕਰ ਦਿੱਤੇ ਜਾਣਗੇ।

## ਕਾਂਗਰਸੀ ਆਗੂ ਸਰਿਤਾ ਸ਼ਰਮਾ ਨੇ ਭੁਪੇਸ਼ ਬਘੇਲ ਤੇ ਰਾਜਾ ਵੜਿੰਗ ਨਾਲ ਕੀਤੀ ਮੁਲਾਕਾਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਹਲਕਾ ਗੜ੍ਹਸ਼ੰਕਰ ਤੋਂ ਕਾਂਗਰਸੀ ਆਗੂ ਸਰਤਾ ਸ਼ਰਮਾ ਨੇ ਕਾਂਗਰਸ ਮਾਮਲਿਆਂ ਦੇ

ਇੰਚਾਰਜ ਭੁਪੇਸ਼ ਬਘੇਲ ਅਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ ਅਤੇ ਗੜ੍ਹਸ਼ੰਕਰ ਦੀ ਕਾਂਗਰਸ ਦੀ ਸਥਿਤੀ ਬਾਰੇ ਜਾਣੂੰ ਕਰਵਾਇਆ।ਸਰਿਤਾ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਨੂੰ ਲਿਆਉਣਾ ਚਾਹੁੰਦੇ ਹਨ ਅਤੇ 2027 ਵਿੱਚ ਵੱਡੇ ਫਰਕ ਨਾਲ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ। ਮੀਟਿੰਗ ਦੌਰਾਨ ਸਰਿਤਾ ਸ਼ਰਮਾ ਨੇ ਦੋਵੇਂ ਆਗੂਆਂ ਨੂੰ ਹਲਕਾ ਗੜ੍ਹਸ਼ੰਕਰ 'ਚ ਕਾਂਗਰਸ ਦੀ ਸਥਿਤੀ ਬਾਰੇ ਦੱਸਦਿਆਂ ਕਿਹਾ ਕਿ ਇਸ ਹਲਕੇ ਵਿੱਚ ਕਾਂਗਰਸ ਦੀ ਸੀਟ ਹਰ ਵਾਰ ਕਿਸੇ ਨਾ ਕਿਸੇ ਕਾਰਣ ਹਾਰ ਜਾਂਦੀ ਹੈ ਜਿਸ ਨਾਲ ਵਿਰੋਧੀ ਪਾਰਟੀ ਦੇ ਉਮੀਦਵਾਰ ਬੈਠੇ ਬੈਠਾਏ ਜਿੱਤ ਜਾਂਦੇ ਹਨ। ਜਿਸ ਦਾ ਖਮਿਆਜਾ ਪੂਰੇ 5 ਸਾਲ ਹਰ ਕਾਂਗਰਸੀ ਵਰਕਰ ਭੁਗਤਦਾ ਹੈ। ਉਹਨਾ ਮੀਟਿੰਗ ਦੌਰਾਨ ਆਗੂਆਂ ਅਤੇ ਹਾਈਕਮਾਂਡ ਅੱਗੇ ਮੰਗ ਕੀਤੀ ਇਸ ਵਾਰ ਗੜ੍ਹਸ਼ੰਕਰ ਸੀਟ ਤੇ ਵਧੀਆ ਕਾਰਜਗਾਰੀ ਵਾਲੇ ਉਮਦਵਾਰ ਨੂੰ ਟਿਕਟ ਦਿੱਤੀ ਜਾਵੇ।

## ਅਗਲੀ ਪੀੜ੍ਹੀ ਲਈ ਵਾਤਾਵਰਨ ਬਚਾਉਣਾ ਹੈ ਤਾਂ ਰੁੱਖ ਲਗਾਉਣੇ ਜ਼ਰੂਰੀ : ਤਰਲੋਚਨ ਸਿੰਘ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀ. ਸੈਕੰ. ਸਕੂਲ ਸ਼ਾਹਬਾਜ਼ਪੁਰ ਖੇਡਾਂ ਅਤੇ ਪੜ੍ਹਾਈ ਦੇ

ਨਾਲ ਨਾਲ ਸਮਾਜਿਕ ਉਸਾਰੂ ਕਾਰਜਾਂ ਦੇ ਲਈ ਵੀ ਹਮੇਸ਼ਾ ਤਤਪਰ ਰਹਿੰਦਾ ਹੈ ਇਸੇ ਕਵਾਇਦ ਦੇ ਚਲਦੇ ਹੋਏ ਸਕੂਲ ਵਿਖੇ ਸ਼ਾਨਦਾਰ ਤਰੀਕੇ ਦੇ ਨਾਲ ਮਿਸ਼ਨ ਹਰਿਆਲੀ 2026 ਦੀ ਸ਼ੁਰੂਆਤ ਹੋਈ। ਸੰਸਥਾ ਤੇ ਚੇਅਰਮੈਨ ਤਰਲੋਚਨ ਸਿੰਘ, ਵਾਈਸ ਚੇਅਰ-ਪਰਸਨ ਕਮਲੇਸ਼ ਕੌਰ, ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਪੌਦੇ ਲਗਾ ਕੇ ਇਸ ਮਿਸ਼ਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਚੇਅਰਮੈਨ ਤਰਲੋਚਨ ਸਿੰਘ ਨੇ ਬੱਚਿਆਂ ਨੂੰ ਵਾਤਾਵਰਨ ਦੇ ਪ੍ਰਤੀ ਸੁਨੇਹਾ ਦਿੰਦੇ ਹੋਏ ਕਿਹਾ ਕਿ ਰੁੱਖ ਲਗਾਉਣਾ ਕੇਵਲ ਅੱਜ ਦੀ ਜਰੂਰਤ ਹੀ ਨਹੀਂ ਹੈ ਸਗੋਂ ਸਾਡੀ ਆਉਣ ਵਾਲੀ ਪੀੜ੍ਹੀ ਦੇ ਲਈ ਜੇਕਰ ਅਸੀਂ ਸਵੱਛ ਅਤੇ ਸਾਫ ਸੁਥਰੀ ਹਵਾ ਵਾਲਾ ਵਾਤਾਵਰਨ ਸਿਰਜਣਾ ਚਾਹੁੰਦੇ ਹਾਂ ਤਾਂ ਇਹ ਬੇਹਦ ਜ਼ਰੂਰੀ ਹੈ ਕਿ ਅਸੀਂ ਵੱਧ ਤੋਂ ਵੱਧ ਰੁੱਖ ਲਗਾਈਏ ਤਾਂ ਜੋ ਪੰਜਾਬ ਨੂੰ ਹਰਿਆ ਭਰਿਆ ਪੰਜਾਬ ਬਣਾ ਸਕੀਏ ਅਤੇ ਸਾਡੀ ਆਉਣ ਵਾਲੀ ਪੀੜ੍ਹੀ ਪੰਜਾਬ ਦੀ ਸਾਫ ਸੁਥਰੀ ਆਬੋ ਹਵਾ ਵਿੱਚ ਸਾਹ ਲੈ ਸਕੇ। ਉਹਨਾਂ ਕਿਹਾ ਕਿ ਅੱਜ ਦੇ ਇਸ ਮਿਸ਼ਨ ਦੀ ਸ਼ੁਰੂਆਤ ਦੇ ਨਾਲ ਹੀ ਮੈਂ ਸਾਰੇ ਬੱਚਿਆਂ ਦੇ ਮਾਪਿਆਂ ਨੂੰ ਬੇਨਤੀ ਕਰਦਾ ਹਾਂ ਕਿ ਹਰ ਇੱਕ ਬੱਚਾ ਆਪਣੇ ਮਾਪਿਆਂ ਦੇ ਨਾਲ ਇੱਕ ਇੱਕ ਪੌਦਾ ਆਪਣੇ ਘਰ ਵਿੱਚ ਜਰੂਰ ਲਗਾਵੇ ਤਾਂ ਜੋ ਅਸੀਂ ਇਸ ਵਾਤਾਵਰਨ ਨੂੰ ਸਾਫ ਸੁਥਰਾ ਬਣਾਉਣ ਦੇ ਵਿੱਚ ਆਪਣਾ ਯੋਗਦਾਨ ਪਾ ਸਕੀਏ। ਉਹਨਾਂ ਦੱਸਿਆ ਕਿ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਅਤੇ ਆਪਣਾ ਪੰਜਾਬ ਫਾਊਂਡੇਸ਼ਨ ਦੇ ਸਹਿਯੋਗ ਦੇ ਨਾਲ ਇਸ ਵਾਰ ਵੀ ਮਿਸ਼ਨ ਹਰਿਆਲੀ 2026 ਦੇ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਟੀਚਾ ਸਰ ਕੀਤਾ ਜਾਵੇਗਾ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਕਿਹਾ ਕਿ ਮੌਜੂਦਾ ਸਮੇਂ ਦੇ ਵਿੱਚ ਗਰਮੀ ਇਨੀ ਹੱਦੋਂ ਵੱਧ ਚੁੱਕੀ ਹੈ ਕਿ ਦੁਨੀਆਂ ਦੇ ਅਲੱਗ ਅਲੱਗ ਦੇਸ਼ਾਂ ਦੇ ਵਿੱਚ ਬਹੁਤ ਹੀ ਖਤਰਨਾਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਣ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਰਾਜਵਿੰਦਰ ਕੌਰ, ਰਾਜਵੀਰ ਕੌਰ, ਅਰਚਨਾ, ਗੁਰਪ੍ਰੀਤ, ਵਿਸ਼ਾਲੀ, ਪਰਮਜੀਤ, ਬਲਜੀਤ ਕੌਰ, ਸੁਮਨ, ਮਮਤਾ, ਇਕਬਾਲ, ਕੁਲਦੀਪ, ਵਿਨੇ, ਸੁਸ਼ੀਲ, ਸੁਰੇਸ਼, ਅੰਕਿਤਾ, ਸ਼ਿਲਪਾ, ਸਿਲਵੀ, ਗਰਿੰਦਰ, ਅਮਨ, ਸ਼ਾਮ ਸਿੰਘ, ਹਰਜੀਤ ਸਿੰਘ, ਗੁਰਦੇਵ ਸਿੰਘ, ਅਜੇ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

## ਸੜਕ ਹਾਦਸੇ 'ਚ ਜ਼ਖਮੀ ਬਜ਼ੁਰਗ ਦੀ ਮੌਤ, ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**- ਟਾਂਡਾ-ਸ੍ਰੀ ਹਰਗੋਬਿੰਦਪੁਰ ਸੜਕ ਤੇ ਸਿਲਵਰ ਓਕ ਸਕੂਲ ਟਾਂਡਾ ਨਜ਼ਦੀਕ ਹੋਏ ਸੜਕ ਹਾਦਸੇ ਦੌਰਾਨ ਜਖਮੀ ਹੋਏ ਬਜ਼ੁਰਗ ਦੀ ਮੌਤ ਹੋ ਗਈ ਜਿਸ ਉਪਰੰਤ ਟਾਂਡਾ ਪੁਲਸ ਨੇ ਹਾਦਸੇ ਲਈ ਜ਼ਿੰਮੇਵਾਰ ਬੁਲਟ ਮੋਟਰਸਾਈਕਲ ਸਵਾਰ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਟਾਂਡਾ ਦੇ ਅਡੀਸ਼ਨਲ ਐੱਸ ਐੱਚ ਓ. ਮਨਿੰਦਰ ਕੌਰ ਨੇ ਦੱਸਿਆ ਕਿ ਇਹ ਹਾਦਸਾ ਬੀਤੀ 22 ਜੂਨ ਦਾ ਹੈ ਤੇ ਪੁਲਿਸ ਨੇ ਇਹ ਮਾਮਲਾ ਇਹ ਮਾਮਲਾ ਹਾਦਸੇ ਵਿਚ ਮੌਤ ਦਾ ਸ਼ਿਕਾਰ ਹੋਏ ਵਿਅਕਤੀ ਕੁਲਦੀਪ ਸਿੰਘ ਦੇ ਪੁੱਤਰ ਜਗਰੂਪ ਸਿੰਘ ਵਾਸੀ ਪਿੰਡ ਖੱਸਣ (ਭੁਲੱਥ) ਜ਼ਿਲ੍ਹਾ ਕਪੂਰਥਲਾ ਦੇ ਬਿਆਨਾਂ ਦੇ ਦੇ ਆਧਾਰ 'ਤੇ ਬੁਲਟ ਮੋਟਰਸਾਈਕਲ ਸਵਾਰ ਹਰਪ੍ਰੀਤ ਸਿੰਘ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਪਿੰਡ ਭੂਲਪੁਰ ਦਰਜ ਕੀਤਾ ਹੈ। ਪੁਲਿਸ ਕੋਲ ਦਰਜ ਕਰਾਏ ਗਏ ਆਪਣੇ ਬਿਆਨਾਂ ਵਿੱਚ ਆਪਣੇ ਜਗਰੂਪ ਸਿੰਘ ਨੇ ਦੱਸਿਆ ਕਿ ਤੇਜ਼ ਰਫ਼ਤਾਰ ਅਤੇ ਲਾਪਰਵਾਹੀ ਨਾਲ ਬੁਲਟ ਮੋਟਰਸਾਈਕਲ ਚਲਾਉਂਦੇ ਹੋਏ ਉਕਤ ਮੁਲਜਮ ਨੇ ਉਸ ਦੇ ਪਿਤਾ ਦੇ ਮੋਟਰਸਾਈਕਲ ਵਿਚ ਟੱਕਰ ਮਾਰ ਦਿੱਤੀ ਸੀ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋਏ ਸਨ ਅਤੇ ਜਲੰਧਰ ਦੇ ਨਿੱਜੀ ਹਸਪਤਾਲ ਵਿਚ ਜ਼ੇਰੇ ਇਲਾਜ ਸਨ।ਇਸ ਦੌਰਾਨ ਬੀਤੇ ਦਿਨ ਬੀਤੀ 8 ਜੁਲਾਈ ਨੂੰ ਉਸ ਦੇ ਪਿਤਾ ਦੀ ਮੌਤ ਹੋ ਗਈ। ਫਿਲਹਾਲ ਟਾਂਡਾ ਪੁਲਿਸ ਨੇ ਮਾਮਲਾ ਦਰਜ ਕਰਦੇ ਹੋਏ ਅਗਲੀ ਜਾਂਚ ਪੜਤਾਲ ਆਰੰਭ ਕਰ ਦਿੱਤੀ ਹੈ।

## ਪੁਣੇ ਕੇਤਨ ਅਗਰਵਾਲ ਮਾਮਲੇ 'ਚ ਅਸ਼ੋਕ ਕੁਮਾਰ ਮਿੱਤਲ ਵੱਲੋਂ ਨਿਰਪੱਖ ਜਾਂਚ ਦੀ ਮੰਗ

**ਜਲੰਧਰ (ਸ਼ੈਲੀ ਐਲਬਰਟ)**- ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਪੁਣੇ ਦੇ ਕੇਤਨ ਅਗਰਵਾਲ ਮਾਮਲੇ ਦੀ ਨਿਰਪੱਖ, ਗਹਿਰਾਈ ਨਾਲ ਅਤੇ ਪਾਰਦਰਸ਼ੀ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਹਰ ਪੀੜਤ ਨੂੰ, ਭਾਵੇਂ ਉਹ ਕਿਸੇ ਵੀ ਲਿੰਗ ਨਾਲ ਸੰਬੰਧਿਤ ਹੋਵੇ, ਨਿਆਂ ਅਤੇ ਸੰਸਥਾਗਤ ਸਹਾਇਤਾ ਦਾ ਇੱਕਸਾਰ ਹੱਕ ਮਿਲਣਾ ਚਾਹੀਦਾ ਹੈ।ਘਟਨਾ 'ਤੇ ਚਿੰਤਾ ਜਤਾਉਂਦੇ ਹੋਏ ਡਾ. ਮਿੱਤਲ ਨੇ ਕਿਹਾ ਕਿ ਹਰ ਪੀੜਤ ਨੂੰ ਆਪਣੀ ਗੱਲ ਰੱਖਣ ਦਾ ਅਧਿਕਾਰ ਹੈ ਅਤੇ ਉਸਦੇ ਮਾਮਲੇ ਦੀ ਜਾਂਚ ਬਿਨਾਂ ਕਿਸੇ ਪੱਖਪਾਤ ਦੇ ਹੋਣੀ ਚਾਹੀਦੀ ਹੈ। ਨਿਆਂ ਦੀ ਪ੍ਰਕਿਰਿਆ ਸਿਰਫ਼ ਤੱਥਾਂ ਅਤੇ ਕਾਨੂੰਨ ਦੇ ਆਧਾਰ 'ਤੇ ਅੱਗੇ ਵਧਣੀ ਚਾਹੀਦੀ ਹੈ।ਇਸ ਮਾਮਲੇ 'ਤੇ ਆਪਣੀ ਪ੍ਰਤੀਕਿਰਿਆ ਦਿੰਦਿਆਂ ਡਾ. ਮਿੱਤਲ ਨੇ ਕਿਹਾ, 'ਪੁਣੇ ਦਾ ਕੇਤਨ ਅਗਰਵਾਲ ਮਾਮਲਾ ਬਹੁਤ ਹੀ ਦੁਖਦਾਈ ਅਤੇ ਚਿੰਤਾਜਨਕ ਹੈ। ਕੇਤਨ ਅਤੇ ਉਸ ਦੇ ਪਰਵਾਰ ਨੂੰ ਨਿਰਪੱਖ, ਗਹਿਰਾਈ ਨਾਲ ਜਾਂਚ ਅਤੇ ਸਭ ਤੋਂ ਵੱਧ ਨਿਆਂ ਮਿਲਣਾ ਚਾਹੀਦਾ ਹੈ।' ਪੁਰਸ਼ਾਂ ਦੀ ਭਲਾਈ ਨਾਲ ਜੁੜੇ ਮਸਲਿਆਂ 'ਤੇ ਆਪਣੇ ਲੰਬੇ ਸਮੇਂ ਤੋਂ ਚੱਲ ਰਹੇ ਯਤਨਾਂ ਦਾ ਜ਼ਿਕਰ ਕਰਦਿਆਂ ਡਾ. ਮਿੱਤਲ ਨੇ ਕਿਹਾ ਕਿ ਉਨ੍ਹਾਂ ਨੇ ਸੰਸਦ ਵਿੱਚ 'ਨੈਸ਼ਨਲ ਕਮਿਸ਼ਨ ਫ਼ਾਰ ਮੈਨ ਬਿੱਲ' ਪੇਸ਼ ਕੀਤਾ ਸੀ। ਇਸ ਬਿੱਲ ਦਾ ਮਕਸਦ ਅਜਿਹਾ ਸੰਸਥਾਗਤ ਢਾਂਚਾ ਤਿਆਰ ਕਰਨਾ ਹੈ ਜੋ ਹਿੰਸਾ, ਸ਼ੋਸ਼ਣ, ਤੰਗ-ਪ੍ਰੇਸ਼ਾਨੀ ਜਾਂ ਹੋਰ ਕਿਸੇ ਵੀ ਤਰ੍ਹਾਂ ਦੇ ਅਨਿਆਇ ਦਾ ਸਾਹਮਣਾ ਕਰ ਰਹੇ ਪੁਰਸ਼ਾਂ ਨੂੰ ਸਹਾਇਤਾ, ਕਾਨੂੰਨੀ ਸੁਰੱਖਿਆ ਅਤੇ ਆਪਣੀ ਆਵਾਜ਼ ਰੱਖਣ ਲਈ ਮੰਚ ਪ੍ਰਦਾਨ ਕਰੇ।ਡਾ. ਮਿੱਤਲ ਨੇ ਕਿਹਾ, 'ਮੈਂ ਸੰਸਦ ਵਿੱਚ ਨੈਸ਼ਨਲ ਕਮਿਸ਼ਨ ਫ਼ਾਰ ਮੈਨ ਬਿੱਲ ਪੇਸ਼ ਕੀਤਾ ਹੈ। ਹਰ ਪੀੜਤ ਨੂੰ ਨਿਆਂ, ਸਹਿਯੋਗ ਅਤੇ ਕਾਨੂੰਨ ਅਧੀਨ ਬਰਾਬਰ ਸੁਰੱਖਿਆ ਮਿਲਣੀ ਚਾਹੀਦੀ ਹੈ। ਕੇਤਨ ਦਾ ਮਾਮਲਾ ਸਾਨੂੰ ਯਾਦ ਦਿਵਾਉਂਦਾ ਹੈ ਕਿ ਪੁਰਸ਼ ਵੀ ਪੀੜਤ ਹੋ ਸਕਦੇ ਹਨ। ਉਨ੍ਹਾਂ ਨੂੰ ਵੀ ਸੰਸਥਾਗਤ ਸਹਾਇਤਾ, ਕਾਨੂੰਨੀ ਸੁਰੱਖਿਆ ਅਤੇ ਆਪਣੀ ਆਵਾਜ਼ ਉਠਾਉਣ ਲਈ ਮੰਚ ਮਿਲਣਾ ਚਾਹੀਦਾ ਹੈ। ਨਿਆਂ ਹਰ ਕਿਸੇ ਲਈ ਇੱਕਸਾਰ ਹੋਣਾ ਚਾਹੀਦਾ ਹੈ, ਭਾਵੇਂ ਉਹ ਕਿਸੇ ਵੀ ਲਿੰਗ ਨਾਲ ਸੰਬੰਧਿਤ ਹੋਵੇ।

## ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਦੀ ਮੀਟਿੰਗ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ (ਪਹਿਲਵਾਨ ਸਰਕਲ ਪਟਿਆਲਾ) ਦੀ ਮਹੀਨਾਵਾਰ ਮੀਟਿੰਗ ਵਿੱਚ ਸਰਕਾਰ ਵੱਲੋਂ ਮੰਗਾਂ ਲਾਗੂ ਕਰਨ ਵਿੱਚ ਕੀਤੀ ਜਾ ਰਹੀ ਦੇਰੀ ਅਤੇ ਇੱਕਪਾਸੜ ਫੈਸਲਿਆਂ ਦੀ ਸਖ਼ਤ ਨਿਖੇਧੀ ਕੀਤੀ

ਗਈ।ਜਥੇਬੰਦੀ ਦੇ ਜਨਰਲ ਸਕੱਤਰ ਬੀ ਐੱਸ ਸੇਖੋਂ ਨੇ ਦੱਸਿਆ ਕਿ 2 ਜੁਲਾਈ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈ ਮੀਟਿੰਗ ਵਿੱਚ 31 ਜੁਲਾਈ ਤੱਕ ਇੱਕ 7-ਮੈਂਬਰੀ ਕਮੇਟੀ ਬਣਾ ਕੇ ਰਿਪੋਰਟ ਦੇਣ ਦਾ ਫੈਸਲਾ ਹੋਇਆ ਸੀ, ਪਰ ਮੁੱਖ ਸਕੱਤਰ ਪੰਜਾਬ ਨੇ ਆਪਣੇ ਪੱਧਰ 'ਤੇ ਰਿਪੋਰਟ ਲਈ ਦੋ ਮਹੀਨੇ ਦਾ ਸਮਾਂ ਵਧਾ ਦਿੱਤਾ ਹੈ। ਇਹ ਫੈਸਲਾ ਜਥੇਬੰਦੀਆਂ ਨੂੰ ਮਨਜ਼ੂਰ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਮੁਲਾਜ਼ਮਾਂ ਦਾ 18% ਬਕਾਇਆ ਮਹਿੰਗਾਈ ਭੱਤਾ ਜਾਰੀ ਕਰਨਾ।ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ ਅਤੇ ਅਪ੍ਰੈਂਟਿਸ ਲਾਈਨਮੈਨਾਂ ਨੂੰ ਨੌਕਰੀਆਂ ਦੇਣਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ ਅਤੇ 6ਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਇੰਨ-ਬਿੰਨ ਲਾਗੂ ਕਰਨਾ। ਪੂਰੇ ਪੰਜਾਬ ਵਿੱਚ ਬਿਜਲੀ ਮੁਲਾਜ਼ਮਾਂ ਵੱਲੋਂ ਵਰਕ ਟੂ ਰੂਲ ਲਾਗੂ ਕੀਤਾ ਜਾਵੇਗਾ।14 ਜੁਲਾਈ ਨੂੰ ਸੂਬੇ ਭਰ ਵਿੱਚ ਡਵੀਜ਼ਨ/ਸਬ-ਡਵੀਜ਼ਨ ਪੱਧਰ 'ਤੇ ਰੋਸ ਰੈਲੀਆਂ ਕੀਤੀਆਂ ਜਾਣਗੀਆਂ। 15 ਜੁਲਾਈ ਨੂੰ ਅਗਲੇ ਸੰਘਰਸ਼ ਦੀ ਰੂਪ-ਰੇਖਾ ਉਲੀਕਣ ਲਈ ਸਰਕਲ ਪੱਧਰੀ ਸਾਂਝੀਆਂ ਮੀਟਿੰਗਾਂ ਹੋਣਗੀਆਂ। 17 ਜੁਲਾਈ ਨੂੰ ਮੁਹਾਲੀ ਵਿਖੇ 60 ਤੋਂ ਵੱਧ ਜਥੇਬੰਦੀਆਂ ਵੱਲੋਂ ਕੀਤੀ ਜਾਣ ਵਾਲੀ ਮਹਾਂ-ਰੈਲੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਬਲਵਿੰਦਰ ਸਿੰਘ ਪਸਿਆਣਾ, ਰਜਿੰਦਰ ਠਾਕੁਰ, ਬ੍ਰਿਜ ਮੋਹਨ ਚੋਪੜਾ, ਸੁਰਜੀਤ ਸਿੰਘ, ਰਜਿੰਦਰ ਸਿੰਘ ਸੰਧੂ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

## ਸਾਲਾਨਾ ਜੋੜ ਮੇਲਾ ਅੱਜ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੇ ਉੱਘੇ ਸਮਾਜ ਸੇਵੀ ਅਤੇ ਬਾਬਾ ਢਾਬਾ ਦੇ ਮਾਲਕ ਮਨਮੋਹਨ ਸਿੰਘ ਬਾਬਾ ਦੀ ਵਿਸ਼ੇਸ਼ ਨਿਗਰਾਨੀ ਹੇਠ ਮਸਤ ਬਲੀ ਪੀਰ ਬਾਬਾ ਫੁੰਮਣ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ ਅੱਜ 11 ਜੁਲਾਈ ਦਿਨ ਨੂੰ ਉਨਾਂ ਦੇ ਸਮੂਹ ਪਰਿਵਾਰ ਵੱਲੋਂ ਆਦਮਪੁਰ ਦੇ ਘੰਟਾ ਘਰ ਚੌਂਕ ਦੀ ਗਲੀ ਅੰਦਰ ਨੇੜੇ ਪਾਣੀ ਵਾਲੀ ਟੈਂਕੀ ਸੱਗਰਾਂ ਮੁਹੱਲਾ ਬਾਬਾ ਢਾਬਾ ਹਾਉਸ ਵਿਖੇ ਬਹੁਤ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਬਾਬਾ ਮਨਮੋਹਨ ਸਿੰਘ ਨੇ ਦੱਸਿਆ ਕਿ 11 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 11 ਵਜੇ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ, ਉਪਰੰਤ ਮਹਿਫਿਲ ਦਾ ਆਯੋਜਨ ਕੀਤਾ ਜਾਵੇਗਾ। ਬਾਬਾ ਜੀ ਦਾ ਲੰਗਰ ਦੁਪਹਿਰ 12 ਵਜੇ ਤੋਂ ਲਗਾਇਆ ਜਾਵੇਗਾ। ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਇਸ ਜੋੜ ਮੇਲੇ ਦੌਰਾਨ ਹੁਮ-ਹੁਮਾ ਕੇ ਪੁੱਜਣ ਤੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ। ਬਾਬਾ ਜੀ ਦਾ ਲੰਗਰ ਅਟੁੱਟ ਵਰਤੇਗਾ।

## ਪੰਜਾਬ ਨੰਬਰਦਾਰ ਯੂਨੀਅਨ ਦੀ ਮੀਟਿੰਗ 14 ਨੂੰ

**ਨਕੋਦਰ (ਮਨਜੀਤ ਮਾਨ)**- ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸੂਬਾ ਕਾਰਜਕਾਰੀ ਪ੍ਰਧਾਨ ਗੁਰਦਰਸਨ ਸਿੰਘ ਗਲੌਲੀ ਦੀ ਪ੍ਰਧਾਨਗੀ ਹੇਠ ਪੰਜਾਬ ਨੰਬਰਦਾਰ ਯੂਨੀਅਨ ਰਜਿ. ਵਲੋਂ ਚੰਡੀਗੜ੍ਹ ਵਿਖੇ 14 ਜੁਲਾਈ ਨੂੰ ਸੂਬਾਈ ਆਗੂਆਂ ਦੀ ਇੱਕ ਅਹਿਮ ਮੀਟਿੰਗ ਕੀਤੀ ਜਾ ਰਹੀ ਹੈ, ਜਿਸ ਵਿਚ 'ਆਪ' ਵੱਲੋਂ 2022 ਵਿਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾ ਯੂਨੀਅਨ ਨੂੰ ਦੋ ਮੰਗਾਂ ਦੀ ਦਿੱਤੀ ਗਰੰਟੀ ਜਿਨ੍ਹਾਂ ਵਿਚ ਮਾਣਭੱਤਾ ਵਧਾਉਣਾ ਅਤੇ ਨੰਬਰਦਾਰੀ ਪਿਤਾ ਪੁਰਖੀ ਕਰਨਾ ਸੀ, ਨੂੰ ਲਾਗੂ ਕਰਵਾਉਣ ਲਈ ਰਣਨੀਤੀ ਤਿਆਰ ਕੀਤੀ ਜਾਵੇਗੀ। ਇਹ ਜਾਣਕਾਰੀ ਪੰਜਾਬ ਨੰਬਰਦਾਰ ਯੂਨੀਅਨ ਰਜਿ ਦੇ ਸੂਬਾ ਸਕਤਰ ਜਨਰਲ ਰਸ਼ਪਾਲ ਸਿੰਘ ਰਾਮਪੁਰ ਅਤੇ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ ਨੇ ਸਾਂਝੀ ਕਰਦਿਆਂ ਦੱਸਿਆ ਕਿ ਮੀਟਿੰਗ ਉਪਰੰਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਨੰਬਰਦਾਰਾਂ ਦਾ ਇੱਕ ਵਫਦ ਵੀ ਮਿਲੇਗਾ ਜੋ ਨੰਬਰਦਾਰਾਂ ਵਲੋਂ ਸਰਕਾਰ ਖਿਲਾਫ ਪਾਏ ਜਾ ਰਹੇ ਭਾਰੀ ਰੋਸ ਤੋਂ ਜਾਣੂ ਕਰਵਾਏਗਾ।

## ਡੇਂਗੂ ਰੋਕਥਾਮ ਸੰਬੰਧੀ ਜਾਗਰੂਕਤਾ ਮੁਹਿੰਮ

**ਫਿਲੌਰ (ਨਿਰਮਲ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕਿਰਨ ਕੌਸ਼ਲ ਦੀ ਅਗਵਾਈ ਹੇਠ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਦੀ ਟੀਮ ਵੱਲੋਂ ਫਰਾਈ ਡੇ ਡਰਾਈ ਡੇ ਦੇ ਮੌਕੇ ਡੇਂਗੂ ਦੀ ਰੋਕਥਾਮ ਲਈ ਘਰ-ਘਰ ਜਾ ਕੇ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਮਮਤਾ ਗੌਤਮ, ਬਲਾਕ ਐਕਸਟੈਂਸ਼ਨ ਐਜੂਕੇਟਰ ਪ੍ਰੀਤਿੰਦਰ ਸਿੰਘ, ਹੈਲਥ ਸੁਪਰਵਾਈਜ਼ਰ ਸਤਨਾਮ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ, ਏ ਐੱਨ ਐੱਮ ਸੁਨੀਤਾ ਅਤੇ ਸਮੂਹ ਸਟਾਫ਼ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਟੀਮ ਨੇ ਘਰਾਂ ਵਿੱਚ ਕੂਲਰਾਂ, ਗਮਲਿਆਂ, ਪਾਣੀ ਦੀਆਂ ਟੈਂਕੀਆਂ, ਫਰਿੱਜ ਦੀਆਂ ਟਰੇਆਂ ਅਤੇ ਹੋਰ ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਦੀ ਜਾਂਚ ਕਰਨ ਅਤੇ ਹਰ ਸ਼ੁੱਕਰਵਾਰ ਉਨ੍ਹਾਂ ਨੂੰ ਖਾਲੀ ਕਰਕੇ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਸਿਹਤ ਵਿਭਾਗ ਦੀ ਟੀਮ ਨੇ ਲੋਕਾਂ ਨੂੰ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਅਤੇ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ। ਇਸ ਲਈ ਆਪਣੇ ਘਰਾਂ ਅਤੇ ਆਲੇ-ਦੁਆਲੇ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਪੂਰੀਆਂ ਬਾਂਹਾਂ ਵਾਲੇ ਕੱਪੜੇ ਪਹਿਨੇ ਜਾਣ, ਮੱਛਰਾਂ ਤੋਂ ਬਚਾਅ ਲਈ ਉਚਿਤ ਉਪਾਅ ਅਪਣਾਏ ਜਾਣ ਅਤੇ ਬੁਖ਼ਾਰ ਹੋਣ ਦੀ ਸੂਰਤ ਵਿੱਚ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕੀਤਾ ਜਾਵੇ।

## 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 2.42 ਲੱਖ ਤੋਂ ਵੱਧ ਮਰੀਜ਼ਾਂ ਨੂੰ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਏ : ਡਾ. ਬਲਬੀਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪ੍ਰਮੁੱਖ 'ਮੁੱਖ ਮੰਤਰੀ ਸਿਹਤ ਯੋਜਨਾ', ਜਿਸ ਦੀ ਸ਼ੁਰੂਆਤ ਇਸ ਸਾਲ 8 ਜਨਵਰੀ ਨੂੰ ਕੀਤੀ ਗਈ ਸੀ, ਪਿਛਲੇ ਛੇ ਮਹੀਨਿਆਂ ਦੌਰਾਨ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਅਹਿਮ ਪਹਿਲਕਦਮੀ ਵਜੋਂ ਉਭਰੀ ਹੈ। ਇਸ ਸਮੇਂ ਦੌਰਾਨ 2,42,917 ਮਰੀਜ਼ਾਂ ਨੂੰ 4,79,602 ਕੈਸ਼ਲੈੱਸ ਇਲਾਜ ਮੁਹੱਈਆ ਕਰਵਾਏ ਗਏ, ਜਿਨ੍ਹਾਂ ਦੀ ਕੁੱਲ ਲਾਗਤ ਲਗਭਗ 852 ਕਰੋੜ ਰੁਪਏ ਰਹੀ। ਇਸ ਯੋਜਨਾ ਨੇ ਹਜ਼ਾਰਾਂ ਪਰਵਾਰਾਂ ਨੂੰ ਮਹਿੰਗੇ ਇਲਾਜ ਦੇ ਆਰਥਿਕ ਬੋਝ ਤੋਂ ਰਾਹਤ ਪ੍ਰਦਾਨ ਕੀਤੀ ਹੈ।ਹੁਣ ਤੱਕ 47 ਲੱਖ ਤੋਂ ਵੱਧ ਸਿਹਤ ਕਾਰਡ ਰਜਿਸਟਰ ਕੀਤੇ ਜਾ ਚੁੱਕੇ ਹਨ। ਇਹ ਯੋਜਨਾ ਸੂਬੇ ਵਿੱਚ ਯੂਨੀਵਰਸਲ ਹੈਲਥ ਕਵਰੇਜ ਦੇ ਟੀਚੇ ਨੂੰ ਤੇਜ਼ੀ ਨਾਲ ਅੱਗੇ ਵਧਾਉਂਦੇ ਹੋਏ ਹਰੇਕ ਯੋਗ ਪਰਿਵਾਰ ਨੂੰ ਹਰ ਸਾਲ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾ ਰਹੀ ਹੈ।ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਯੋਜਨਾ ਨੇ ਆਮ ਸਿਹਤ ਸੇਵਾਵਾਂ ਦੇ ਨਾਲ-ਨਾਲ ਮਹਿੰਗੇ ਅਤੇ ਵਿਸ਼ੇਸ਼ ਇਲਾਜ ਦੀਆਂ ਜ਼ਰੂਰਤਾਂ ਨੂੰ ਵੀ ਸਫਲਤਾਪੂਰਵਕ ਪੂਰਾ ਕੀਤਾ ਹੈ, ਜਿਸ ਨਾਲ ਹਰ ਨਾਗਰਿਕ ਨੂੰ ਬਿਨਾਂ ਕਿਸੇ ਆਰਥਿਕ ਮੁਸ਼ਕਲ ਦੇ ਮਿਆਰੀ ਸਿਹਤ ਸੇਵਾਵਾਂ ਮਿਲ ਰਹੀਆਂ ਹਨ।

## ਜੀ ਟੀ ਯੂ ਵੱਲੋਂ ਬੀ ਐਲ ਓ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਜੀ ਟੀ ਯੂ ਜ਼ਿਲ੍ਹਾ ਹੁਸ਼ਿਆਰਪੁਰ ਨੇ ਬੀਐਲਓ ਗੁਰਪ੍ਰੀਤ ਸਿੰਘ ਵਾਸੀ ਭੈਣੀ ਮੀਆਂ ਖਾਂ ਗੁਰਦਾਸਪੁਰ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਯੂਨੀਅਨ ਦੇ ਜ਼ਿਲ੍ਹਾ

ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਸਾਂਝੇ ਬਿਆਨ 'ਚ ਪੰਜਾਬ ਚੋਣ ਕਮਿਸ਼ਨ ਨੂੰ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਐੱਸ ਆਈ ਆਰ ਤਹਿਤ ਚੱਲ ਰਹੇ ਕੰਮ ਵਿੱਚ ਜਲਦਬਾਜ਼ੀ ਤੋਂ ਗੁਰੇਜ਼ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਅਫ਼ਸਰਸ਼ਾਹੀ ਨੂੰ ਦਬਾਅ ਵਿੱਚ ਜਲਦ ਕੰਮ ਕਰਵਾਉਣ ਅਤੇ ਨਾਮਣਾ ਖੱਟਣ ਦੇ ਤਰੀਕੇ ਤੋਂ ਪਰਹੇਜ਼ ਕਰਨ ਲਈ ਕਿਹਾ ਹੈ। ਉਹਨਾਂ ਗੁਰਪ੍ਰੀਤ ਸਿੰਘ ਦੇ ਪਰਵਾਰ ਲਈ ਇਨਸਾਫ਼ ਦੀ ਮੰਗ ਕੀਤੀ ਹੈ। ਐੱਸ.ਆਈ.ਆਰ. ਵਿੱਚ ਲੱਗਿਆ ਅਮਲਾ ਜਿਸ ਵਿੱਚ ਬੀ.ਐੱਲ.ਓ. ਮੁੱਖ ਧੁਰਾ ਹਨ ਅਤੇ ਸਾਲਾਂ ਤੋਂ ਚੋਣ ਪ੍ਰਕਿਰਿਆ ਦਾ ਹਿੱਸਾ ਹਨ। ਇਸ ਕੰਮ ਵਿੱਚ ਵਧੀਆ ਤਜ਼ਰਬਾ ਰੱਖਦੇ ਹਨ ਨੂੰ ਦਬਾਅ ਰਹਿਤ ਕੰਮ ਕਰਨ ਦੇਣ ਦਾ ਮਾਹੌਲ ਦੇਣਾ ਚਾਹੀਦਾ ਹੈ। ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਨੇ ਕਿਹਾ ਕਿ ਕੁੱਝ ਅਫ਼ਸਰਸ਼ਾਹੀ ਸਮੇਂ ਤੋਂ ਪਹਿਲਾਂ ਕੰਮ ਕਰਵਾ ਕੇ ਨਾਮਣਾ ਖੱਟਣ ਦੇ ਚੱਕਰ ਵਿੱਚ ਬੀ.ਐੱਲ.ਓ. ਤੇ ਦਬਾਅ ਪਾ ਕੇ ਚੋਣ ਕਮਿਸ਼ਨ ਪੰਜਾਬ ਦੀ ਤੈਅ ਸਮੇਂ ਸੀਮਾ ਤੋਂ ਪਹਿਲਾਂ ਕੰਮ ਕਰਵਾਉਣਾ ਚਾਹੁੰਦੀ ਹੈ। ਜਦਕਿ ਚੋਣ ਕਮਿਸ਼ਨ ਪੰਜਾਬ ਵੱਲੋਂ ਪ੍ਰੀ-ਡਰਾਫਟ ਸੂਚੀ ਤਿਆਰ ਕਰਨ ਲਈ ਬੀ.ਐੱਲ.ਓ. ਨੂੰ 24 ਜੁਲਾਈ ਤੱਕ ਦਾ ਸਮਾਂ ਦਿੱਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਰਜਤ ਮਹਾਜਨ, ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਪ੍ਰਿੰਸ ਪਲਿਆਲ ਗੜ੍ਹਦੀਵਾਲ, ਪਰਮਜੀਤ ਕਾਤਿਬ, ਜਸਵਿੰਦਰ ਬੁੱਲ੍ਹੋਵਾਲ, ਸਚਿਨ ਕੁਮਾਰ, ਮਨਜੀਤ ਸਿੰਘ, ਜਸਵੰਤ ਸਿੰਘ, ਪਰਸ ਰਾਮ, ਬਲਵਿੰਦਰ ਟਾਕ, ਸਤੀਸ਼ ਕੁਮਾਰ, ਰਾਜ ਕੁਮਾਰ, ਨਰਿੰਦਰ ਮੰਗਲ, ਰਾਜੇਸ਼ ਅਰੋੜਾ, ਜਸਵੀਰ ਬੋਦਲ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਪਵਨ ਕੁਮਾਰ, ਚਮਨ ਲਾਲ, ਰਜਿੰਦਰ ਕੁਮਾਰ, ਰਣਵੀਰ ਸਿੰਘ, ਸ਼ਾਮ ਸੁੰਦਰ, ਅਸ਼ਵਨੀ ਰਾਣਾ, ਸਰਬਜੀਤ ਸਿੰਘ, ਨਰੇਸ਼ ਮਿੱਡਾ, ਦਵਿੰਦਰ ਮੂਣਕ ਆਦਿ ਹਾਜ਼ਰ ਸਨ।

## 'ਸਤਲੁਜ' 'ਤੇ ਪਾਬੰਦੀ ਲਾਉਣੀ ਸਰਕਾਰ ਦੀ ਤਾਨਾਸ਼ਾਹੀ : ਤਰਕਸ਼ੀਲ ਸੁਸਾਇਟੀ

**ਫਗਵਾੜਾ (ਜਸਵਿੰਦਰ ਢੱਡਾ)**- ਤਰਕਸ਼ੀਲ ਸੁਸਾਇਟੀ ਪੰਜਾਬ,ਜ਼ੋਨ ਜਲੰਧਰ ਨੇ 'ਸਤਲੁਜ' ਫਿਲਮ ਨੂੰ ਜ਼ੀ-5 ਦੇ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਅਤੇ ਸਮੁੱਚੇ ਮੀਡੀਆ ਉਤੇ ਵੱਡਾ ਹਮਲਾ ਕਰਾਰ ਦਿੱਤਾ ਹੈ ਅਤੇ ਸਮੂਹ ਲੋਕ ਪੱਖੀ ਜਨਤਕ ਤੇ ਜਮਹੂਰੀ ਜੱਥੇਬੰਦੀਆਂ ਨੂੰ ਮੀਡੀਏ ਦੀ ਆਜ਼ਾਦੀ ਉਤੇ ਲਗਾਈ ਅਣਐਲਾਨੀ ਪਾਬੰਦੀ ਦਾ ਸਖ਼ਤ ਵਿਰੋਧ ਕਰਨ ਦੀ ਜ਼ੋਰਦਾਰ ਅਪੀਲ ਕੀਤੀ ਹੈ। ਸੁਸਾਇਟੀ ਦੇ ਜ਼ੋਨ ਕਮੇਟੀ ਆਗੂਆਂ ਮਾਸਟਰ ਸੁਖਦੇਵ ਫਗਵਾੜਾ, ਬਿਟੂ ਰੂਪੇਵਾਲੀ, ਸੁਰਿੰਦਰਪਾਲ ਪੱਦੀ ਜਗੀਰ, ਪਰਮਜੀਤ ਖਾਬਰਾ, ਸੁਖਜੀਤ ਅਭੋਵਾਲ ਅਤੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਫਗਵਾੜਾ, ਸੁਰਜੀਤ ਟਿੱਬਾ ਅਤੇ ਸੁਖਵਿੰਦਰ ਬਾਗਪੁਰ ਨੇ ਸੁਸਾਇਟੀ ਦਾ ਪ੍ਰਤੀਕਰਮ ਜਾਰੀ ਕਰਦਿਆਂ ਕਿਹਾ ਕਿ 1980-1995 ਦਰਮਿਆਨ ਹਕੂਮਤ ਵੱਲੋਂ ਕਾਨੂੰਨ ਦੀਆਂ ਧੱਜੀਆਂ ਉਡਾ ਕੇ ਪੁਲਸ ਤੇ ਸੁਰੱਖਿਆ ਫੋਰਸਾਂ ਰਾਹੀਂ ਖਾਲਸਤਾਨੀਆਂ ਤੇ ਆਮ ਲੋਕਾਂ ਦੇ ਕੀਤੇ ਕਤਲੇਆਮ ਅਤੇ ਸਰਕਾਰੀ ਵਧੀਕੀਆਂ ਨੂੰ ਨੰਗਾ ਕਰਨ ਵਾਲੇ ਮਨੁੱਖੀ ਅਧਿਕਾਰਾਂ ਦੇ ਆਗੂ ਜਸਵੰਤ ਸਿੰਘ ਖਾਲੜਾ ਨੂੰ ਖਪਾਉਣ ਤੇ ਅਧਾਰਤ ਹੈ ਅਤੇ ਹਕੂਮਤ ਦੇ ਖੂਨੀ ਚਿਹਰੇ ਨੂੰ ਨੰਗਾ ਕਰਨ ਵਾਲੀ ਫਿਲਮ ਹੈ।

ਹਕੂਮਤ ਇਹ ਫਿਲਮ ਉਤੇ ਪਾਬੰਦੀਆਂ ਲਾ ਕੇ ਆਪਣੇ ਕਾਲੇ ਕਾਰਨਾਮਿਆਂ ਨੂੰ ਛੁਪਾਉਣ ਦਾ ਯਤਨ ਕਰ ਰਹੀ ਹੈ।

## ਐੱਸ ਆਈ ਆਰ ਦਾ 100 ਫੀਸਦੀ ਕੰਮ ਮੁਕੰਮਲ ਕਰਨ ਤੇ ਦੋ ਬੀ.ਐਲ.ਓਜ਼ ਨੂੰ ਮਿਲਿਆ ਪ੍ਰਸ਼ੰਸਾ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰੀਵੀਜ਼ਨ (ਐਸ.ਆਈ.ਆਰ.)-2026 ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਦੋ ਬੂਥ ਲੈਵਲ ਅਫ਼ਸਰਾਂ (ਬੀ ਐੱਲ ਓਜ਼) ਵੱਲੋਂ ਗਣਨਾ ਫਾਰਮਾਂ ਦਾ 100 ਫੀਸਦੀ ਡਿਜੀਟਲੀਕਰਨ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ 'ਤੇ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਉਨ੍ਹਾਂ ਨੂੰ ਪ੍ਰਸ਼ੰਸਾ ਪੱਤਰ ਜਾਰੀ ਕੀਤੇ ਗਏ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੋਵੇਂ ਬੀ ਐੱਲਓਜ਼ ਨੂੰ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਨਮਾਨਿਤ ਬੀ ਐੱਲ ਓਜ਼ ਜਗਦੀਸ਼ ਕੌਰ ਅਤੇ ਮੁਕੇਸ਼ ਕੁਮਾਰ ਨੇ ਗਣਨਾ ਫਾਰਮਾਂ ਦਾ 100 ਫੀਸਦੀ ਡਿਜ਼ੀਟਲੀਕਰਨ ਸਮਾਂਬੱਧ ਢੰਗ ਨਾਲ ਸਫਲਤਾਪੂਰਵਕ ਮੁਕੰਮਲ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਸ਼ਲਾਘਾਯੋਗ ਪ੍ਰਾਪਤੀ ਲਈ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਦੋਵਾਂ ਅਧਿਕਾਰੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ ਹੈ।

## ਲੋਹਟੀਆ ਦੀ ਅਗਵਾਈ ਹੇਠ ਸੰਗਠਨ ਹੋਇਆ ਮਜ਼ਬੂਤ

**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਦੇ ਨਵ-ਨਿਯੁਕਤ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੂੰ ਹਲਕਾ ਫਿਲੌਰ ਦੀ ਜ਼ਿੰਮੇਵਾਰੀ ਸੰਭਾਲਿਆਂ ਅੱਜ 40 ਦਿਨ ਪੂਰੇ ਹੋ ਗਏ ਹਨ। ਇਨ੍ਹਾਂ 40 ਦਿਨਾਂ ਦੌਰਾਨ ਉਨ੍ਹਾਂ ਵੱਲੋਂ ਹਲਕੇ ਦੇ ਪਿੰਡਾਂ, ਸ਼ਹਿਰਾਂ ਅਤੇ ਵਾਰਡਾਂ ਵਿੱਚ ਲਗਾਤਾਰ ਮੀਟਿੰਗਾਂ ਕਰਕੇ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਹਰਜੋਤ ਕੌਰ ਲੋਹਟੀਆ ਦੀ ਅਗਵਾਈ ਹੇਠ ਹੋ ਰਹੀਆਂ ਮੀਟਿੰਗਾਂ ਨੂੰ ਲੋਕਾਂ ਵੱਲੋਂ ਭਰਵਾਂ ਸਮਰਥਨ ਮਿਲ ਰਿਹਾ ਹੈ। ਹਰ ਪਿੰਡ ਅਤੇ ਹਰ ਵਾਰਡ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਮੂਲੀਅਤ ਕਰ ਰਹੇ ਹਨ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ 'ਤੇ ਆਪਣਾ ਭਰੋਸਾ ਜਤਾ ਰਹੇ ਹਨ। ਉਨ੍ਹਾਂ ਦੀ ਨਿਯੁਕਤੀ ਤੋਂ ਬਾਅਦ ਪਾਰਟੀ ਦੇ ਪੁਰਾਣੇ ਵਲੰਟੀਅਰਾਂ ਅਤੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਜਿਹੜੇ ਸਾਥੀ ਕੁਝ ਸਮੇਂ ਤੋਂ ਸਰਗਰਮ ਨਹੀਂ ਸਨ, ਉਹ ਵੀ ਮੁੜ ਪੂਰੇ ਜੋਸ਼ ਨਾਲ ਪਾਰਟੀ ਦੇ ਸੰਗਠਨ ਨਾਲ ਜੁੜ ਗਏ ਹਨ। ਇਸ ਦੇ ਨਾਲ ਹੀ ਵੱਡੀ ਗਿਣਤੀ ਵਿੱਚ ਨਵੇਂ ਨੌਜਵਾਨ, ਮਹਿਲਾਵਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਪਾਰਟੀ ਆਗੂਆਂ ਨੇ ਕਿਹਾ ਕਿ ਹਰਜੋਤ ਕੌਰ ਲੋਹਟੀਆ ਦੀ ਸਾਦਗੀ, ਲੋਕਾਂ ਨਾਲ ਸਿੱਧੇ ਸੰਪਰਕ ਅਤੇ ਟੀਮ ਨੂੰ ਨਾਲ ਲੈ ਕੇ ਚੱਲਣ ਦੀ ਕਾਰਜ-ਸ਼ੈਲੀ ਕਾਰਨ ਹਲਕਾ ਫਿਲੌਰ ਵਿੱਚ ਸੰਗਠਨ ਨੂੰ ਨਵੀਂ ਮਜ਼ਬੂਤੀ ਮਿਲੀ ਹੈ। ਇਸ ਮੌਕੇ ਦਿਹਾਤੀ ਜ਼ਿਲ੍ਹਾ ਪ੍ਰਧਾਨ ਪਰਦੀਪ ਦੁੱਗਲ, ਸੰਗਠਨ ਇੰਚਾਰਜ ਸੰਜੇ ਅਟਵਾਲ, ਸੀਨੀਅਰ ਆਗੂ ਮਨੀ ਧਾਰੀਵਾਲ, ਵਰਿੰਦਰ ਸੈਣੀ, ਜ਼ਿਲ੍ਹਾ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ, ਹਲਕਾ ਮੀਡੀਆ ਇੰਚਾਰਜ ਮਨਦੀਪ ਸਿੰਘ ਸ਼ਾਹਪੁਰ, ਬਾਈਸ ਮੀਡੀਆ ਇੰਚਾਰਜ ਗੌਰਵ ਬਾਵਾ, ਪਰਵਿੰਦਰ ਸਿੰਘ ਮਾਹਲ, ਸੁਖਵਿੰਦਰ ਸਿੰਘ ਸੁੱਖਾ ਕੋਟ ਗੜ੍ਹੇਵਾਲ, ਤਰਲੋਕ ਸਿੰਘ ਵਿਰਕ, ਅਮਨਜੀਤ, ਬਲਵੀਰ ਚੰਦ, ਰਣਜੀਤ ਸਿੰਘ, ਸਮੇਤ ਵੱਖ-ਵੱਖ ਬਲਾਕ ਪ੍ਰਧਾਨਾਂ ਅਤੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਹਰਜੋਤ ਕੌਰ ਲੋਹਟੀਆ ਦੀ ਅਗਵਾਈ ਹੇਠ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੰਕਲਪ ਦੁਹਰਾਇਆ।

## ਟੀ ਬੀ ਦਾ ਇਲਾਜ ਅਧੂਰਾ ਨਾ ਛੱਡੋ : ਡਾ. ਸ਼ਕਤੀ ਸ਼ਰਮਾ

**ਬੁੱਲ੍ਹੋਵਾਲ (ਵਿਰਦੀ)**- ਸੀਨੀਅਰ ਮੈਡੀਕਲ ਅਫਸਰ ਚੱਕੋਵਾਲ ਡਾ. ਮਨਪ੍ਰੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਜ਼ਿਲ੍ਹਾ ਟੀ.ਬੀ. ਅਫਸਰ ਡਾ. ਸ਼ਕਤੀ ਸ਼ਰਮਾ ਦੀ ਅਗਵਾਈ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਫਤਿਹ ਸਿੰਘ ਵਿਖੇ ਟੀ.ਬੀ. ਮੁਕਤ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸ਼ਕਤੀ ਸ਼ਰਮਾ ਨੇ ਦੱਸਿਆ ਕਿ ਟੀ ਬੀ ਇੱਕ ਛੂਤ ਦੀ ਬਿਮਾਰੀ ਹੈ ਅਤੇ ਇਹ ਬਹੁਤ ਖਤਰਨਾਕ ਹੈ। ਟੀ ਬੀ ਸਿਰਫ ਫੇਫੜਿਆਂ ਦੀ ਹੀ ਨਹੀਂ ਹੁੰਦੀ ਇਹ ਸਰੀਰ ਦੇ ਕਿਸੇ ਵੀ ਵਿਚ ਹੋ ਸਕਦੀ ਹੈ। ਉਹਨਾਂ ਦੱਸਿਆ ਕਿ 2 ਹਫਤਿਆਂ ਤੋਂ ਲਗਾਤਾਰ ਖਾਂਸੀ, ਬੁਖਾਰ, ਕਮਜ਼ੋਰੀ, ਭਾਰ ਦਾ ਘਟਣਾ ਆਦਿ ਇਸ ਦੇ ਮੁਖ ਲੱਛਣ ਹਨ। ਇਸ ਤੋਂ ਇਲਾਵਾ ਕਿਸੇ ਵੀ ਹਿੱਸੇ ਵਿਚ ਗੱਠ ਹੋਣ ਤੇ ਵੀ ਇਸਦੀ ਪੂਰੀ ਜਾਂਚ ਕਰਵਾਉਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਜੇਕਰ ਕਿਸੇ ਨੂੰ ਟੀ ਬੀ ਦੇ ਲੱਛਣ ਵਿਖਾਈ ਦਿੰਦੇ ਹਨ ਤਾਂ ਉਸ ਨੂੰ ਤੁਰੰਤ ਸੀ ਐੱਚ ਸੀ ਸ਼ਾਮ ਚੌਰਾਸੀ ਜਾਂ ਟੀ ਬੀ ਹਸਪਤਾਲ ਵਿਖੇ ਜਾ ਕੇ ਮਾਹਿਰ ਡਾਕਟਰ ਕੋਲੋਂ ਜਾਂਚ ਕਰਵਾਉਣੀ ਚਾਹੀਦੀ ਹੈ। ਡਾ. ਸ਼ਕਤੀ ਨੇ ਕਿਹਾ ਕਿ ਜੇਕਰ ਕਿਸੇ ਨੂੰ ਟੀ ਬੀ ਹੋ ਜਾਂਦਾ ਹੈ ਤਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ, ਇਸਦਾ ਇਲਾਜ ਸੰਭਵ ਹੈ। ਟੀ.ਬੀ. ਦੇ ਮਰੀਜ਼ਾਂ ਨੂੰ ਸਰਕਾਰੀ ਸੰਸਥਾ ਤੋਂ ਦਵਾਈ ਮੁਫ਼ਤ ਦਿੱਤੀ ਜਾਂਦੀ ਹੈ। ਦਵਾਈ ਦੇ ਨਾਲ ਨਾਲ ਮਰੀਜ਼ ਨੂੰ ਚੰਗੀ ਪੌਸ਼ਟਿਕ ਖੁਰਾਕ ਲੈਣੀ ਜ਼ਰੂਰੀ ਹੈ। ਟੀ.ਬੀ. ਦਾ ਇਲਾਜ ਅਧੂਰਾ ਨਹੀਂ ਛੱਡਣਾ ਚਾਹੀਦਾ ਕਿਉਂਕਿ ਇਹ ਬਹੁਤ ਖਤਰਨਾਕ ਹੋ ਸਕਦਾ ਹੈ। ਉਹਨਾਂ ਦੱਸਿਆ ਕਿ ਸਰਕਾਰ ਵੱਲੋਂ 100 ਦਿਨਾਂ ਟੀ.ਬੀ. ਮੁਕਤ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੌਕੇ ਉਹਨਾਂ ਨਾਲ ਸੰਜੀਵ ਧਰਵਾਲ ਟੀ ਬੀ ਐੱਚ ਵੀ, ਨਰਿੰਦਰ ਸਿੰਘ, ਦਵਿੰਦਰ ਸਿੰਘ, ਕੁਲਵੰਤ ਸਿੰਘ ਪ੍ਰਿੰਸੀਪਲ, ਮਨਜੀਤ ਸਿੰਘ ਲੈਕਚਰਾਰ, ਅਨਿਲ ਐਰੀ, ਪ੍ਰਦੀਪ ਸਿੰਘ, ਮੈਟੀ ਸੈਣੀ, ਆਸ਼ਾ ਰਾਣੀ, ਬਲਜਿੰਦਰ ਕੌਰ ਆਦਿ ਹਾਜ਼ਿਰ ਸਨ।



## ਬਜ਼ੁਰਗਾਂ ਦੀ ਭਲਾਈ ਤੇ ਸੁਰੱਖਿਆ ਲਈ ਪੰਜਾਬ ਐਲਡਰਲਾਈਨ ਹੈਲਪਲਾਈਨ 14567 ਬਣੀ ਸਹਾਰਾ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਵਿੱਚ ਸੀਨੀਅਰ ਸਿਟੀਜ਼ਨਾਂ ਦੀ ਭਲਾਈ, ਸੁਰੱਖਿਆ ਅਤੇ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਐਲਡਰਲਾਈਨ ਹੈਲਪਲਾਈਨ 14567 ਪ੍ਰਭਾਵਸ਼ਾਲੀ ਢੰਗ ਨਾਲ ਕਾਰਜ ਕਰ ਰਹੀ ਹੈ। ਇਸ ਹੈਲਪਲਾਈਨ ਰਾਹੀਂ ਬਜ਼ੁਰਗਾਂ ਨੂੰ ਕਾਨੂੰਨੀ ਮਾਰਗਦਰਸ਼ਨ, ਸਰਕਾਰੀ ਭਲਾਈ ਸਕੀਮਾਂ ਸਬੰਧੀ ਜਾਣਕਾਰੀ, ਕਾਊਂਸਲਿੰਗ, ਸ਼ਿਕਾਇਤਾਂ ਦੇ ਨਿਪਟਾਰੇ ਤੇ ਹੋਰ ਲੋੜੀਂਦੀਆਂ ਸਹਾਇਤਾ ਸੇਵਾਵਾਂ ਮੁਫ਼ਤ ਉਪਲਬਧ ਕਰਵਾਈਆਂ ਜਾਂਦੀਆਂ ਹਨ। ਇਸ ਟੋਲ-ਫ੍ਰੀ ਸੇਵਾ ਦਾ ਮੁੱਖ ਉਦੇਸ਼ ਬਜ਼ੁਰਗਾਂ ਨੂੰ ਸੁਰੱਖਿਅਤ, ਸਨਮਾਨਜਨਕ ਅਤੇ ਆਤਮ-ਵਿਸ਼ਵਾਸ ਭਰਿਆ ਜੀਵਨ ਪ੍ਰਦਾਨ ਕਰਨਾ ਹੈ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵਦੀਪ ਕੌਰ ਨੇ ਹੈਲਪਲਾਈਨ ਰਾਹੀਂ ਉਪਲਬਧ ਮੁੱਖ ਸੇਵਾਵਾਂ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬਜ਼ੁਰਗ ਨਾਗਰਿਕ ਇਸ ਨੰਬਰ 'ਤੇ ਕਾਲ ਕਰਕੇ ਬੁਢਾਪਾ ਪੈਨਸ਼ਨ, ਸਿਹਤ ਬੀਮਾ, ਬਿਰਧ ਆਸ਼ਰਮਾਂ, ਹਸਪਤਾਲਾਂ ਅਤੇ ਹੋਰ ਭਲਾਈ ਸੇਵਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।ਇਸ ਤੋਂ ਇਲਾਵਾ ਮੇਨਟੇਨੈਂਸ ਐਂਡ ਵੈਲਫੇਅਰ ਆਫ਼ ਪੇਰੈਂਟਸ ਐਂਡ ਸੀਨੀਅਰ ਸਿਟੀਜ਼ਨਜ਼ ਐਕਟ ਅਤੇ ਜਾਇਦਾਦ ਨਾਲ ਸਬੰਧਤ ਮਾਮਲਿਆਂ ਵਿੱਚ ਮੁਫ਼ਤ ਕਾਨੂੰਨੀ ਸਲਾਹ ਅਤੇ ਮਾਰਗਦਰਸ਼ਨ ਦਿੱਤਾ ਜਾਂਦਾ ਹੈ। ਇਹ ਹੈਲਪਲਾਈਨ 14567 ਪੂਰੀ ਤਰ੍ਹਾਂ ਟੋਲ-ਫ੍ਰੀ ਹੈ ਅਤੇ ਹਫ਼ਤੇ ਦੇ ਸਾਰੇ ਦਿਨ ਸਵੇਰੇ 8:00 ਵਜੇ ਤੋਂ ਰਾਤ 8:00 ਵਜੇ ਤੱਕ ਉਪਲਬਧ ਰਹਿੰਦੀ ਹੈ।

## ਫੌਜੀ ਤੇ ਨੀਮ ਫੌਜੀ ਭਲਾਈ ਵਿਭਾਗ ਦੀ ਵੈਬਸਾਈਟ 'ਤੇ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਫੌਜੀ ਅਤੇ ਨੀਮ-ਫੌਜੀ ਭਲਾਈ ਮੰਤਰੀ ਰਾਓ ਨਰਬੀਰ ਸਿੰਘ ਨੇ ਇੱਕ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਹਰਿਆਣਾ ਦੇਸ਼ ਦਾ ਪਹਿਲਾ ਅਜਿਹਾ ਰਾਜ ਹੈ, ਜਿਸ ਨੇ ਸਾਬਕਾ ਕੇਂਦਰੀ ਹਥਿਆਰਬੰਦ ਪੁਲਸ ਫੋਰਸਾਂ (ਸੀ ਏ ਪੀ ਐਫ) ਦੇ ਜਵਾਨਾਂ ਨੂੰ ਰੱਖਿਆ ਕਰਮਚਾਰੀਆਂ ਦੇ ਸਮਾਨ ਵੱਖ-ਵੱਖ ਲਾਭ ਪ੍ਰਦਾਨ ਕੀਤੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸੀ ਏ ਪੀ ਐਫ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਅਤੇ ਸੁੱਖ-ਸਹੂਲਤਾਂ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਦਿਸ਼ਾ ਵਿੱਚ ਇੱਕ ਹੋਰ ਵੱਡਾ ਕਦਮ ਚੁੱਕਦਿਆਂ, ਫੌਜੀ ਅਤੇ ਨੀਮ ਫੌਜੀ ਭਲਾਈ ਵਿਭਾਗ, ਹਰਿਆਣਾ (ਪੰਚਕੂਲਾ) ਦੀ ਅਧਿਕਾਰਤ ਵੈਬਸਾਈਟ 'ਤੇ ਸਾਬਕਾ ਸੀ ਏ ਪੀਐਫ ਕਰਮਚਾਰੀਆਂ ਦੀ ਆਨਲਾਈਨ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਮੰਤਰੀ ਰਾਓ ਨਰਬੀਰ ਸਿੰਘ ਨੇ ਦੱਸਿਆ ਕਿ ਸਾਰੇ ਸਾਬਕਾ ਸੀ ਏ ਪੀ ਐਫ ਕਰਮਚਾਰੀ (ਜਿਵੇਂ- ਬੀ ਐਸ ਐਫ, ਸੀ ਆਰ ਪੀ ਐਫ, ਆਈ ਟੀ ਬੀ ਪੀ, ਸੀ ਆਈ ਐਸ ਐਫ, ਐਸ ਐਸ ਬੀ, ਅਤੇ ਅਸਾਮ ਰਾਈਫਲਜ਼ ਆਦਿ) ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰ ਵੈਬਸਾਈਟ 'ਤੇ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

## ਨਗਰ ਨਿਗਮ ਵੱਲੋਂ ਸਫ਼ਾਈ ਮੁਹਿੰਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ ਮੱਟੂ ਨੇ ਦੱਸਿਆ ਕਿ 9 ਜੁਲਾਈ ਨੂੰ ਸਵੇਰੇ ਨਗਰ ਨਿਗਮ ਦੇ ਅਧਿਕਾਰੀਆਂ, ਦਫ਼ਤਰੀ ਸਟਾਫ਼ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ 'ਕਲੀਨ ਪੰਜਾਬ, ਪ੍ਰਾਊਡ ਪੰਜਾਬ' ਮੁਹਿੰਮ ਤਹਿਤ ਦੁਸ਼ਹਿਰਾ ਗਰਾਊਂਡ ਵਿਖੇ 'ਪਲਾਸਟਿਕ ਪਿਕਿੰਗ ਪਲੋਗਿੰਗ ਡਰਾਈਵ' ਕਰਵਾਈ ਗਈ। ਇਸ ਮੁਹਿੰਮ ਵਿੱਚ ਸਰਕਾਰੀ ਕਾਲਜ ਦੇ ਲਗਭਗ 50 ਤੋਂ 60 ਵਿਦਿਆਰਥੀਆਂ ਨੇ ਆਪਣੇ ਪ੍ਰੋਫੈਸਰ ਰਣਜੀਤ ਤੇ ਪ੍ਰੋਫੈਸਰ ਅਸ਼ਵਨੀ ਦੀ ਅਗਵਾਈ ਹੇਠ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਸਫ਼ਾਈ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ। ਮੁਹਿੰਮ ਦੌਰਾਨ ਇਕੱਠਾ ਕੀਤਾ ਗਿਆ ਪਲਾਸਟਿਕ ਮੁੜ ਵਰਤੋਂ (ਰੀਸਾਈਕਲਿੰਗ) ਲਈ ਐੱਮ.ਆਰ.ਐੱਫ. ਸੈਂਟਰ ਭੇਜਿਆ ਗਿਆ। ਇਸ ਮੌਕੇ ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ ਮੱਟੂ ਨੇ ਸ਼ਹਿਰ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਅਤੇ ਸਫ਼ਾਈ ਮੁਹਿੰਮਾਂ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ ਦੀ ਅਪੀਲ ਕੀਤੀ। ਅੰਤ ਵਿੱਚ ਇਸ ਗਤੀਵਿਧੀ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ।



## ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਵੱਖ-ਵੱਖ ਕੋਰਸਾਂ ਲਈ ਦਾਖਲਾ ਸ਼ੁਰੂ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ (ਸਕੱਤਰ) ਦੀ ਅਗਵਾਈ ਹੇਠ ਚਲ ਰਹੀ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਲਵਿੰਦਰ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਦਾ ਉਦੇਸ਼ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ, ਹੁਨਰ-ਅਧਾਰਿਤ ਅਤੇ ਉਦਯੋਗ ਦੀਆਂ ਲੋੜਾਂ ਅਨੁਸਾਰ ਸਿੱਖਿਆ ਪ੍ਰਦਾਨ ਕਰਨਾ ਹੈ। ਯੂਨੀਵਰਸਿਟੀ ਵਿਚ ਵੱਖ-ਵੱਖ ਵਿਸ਼ਿਆਂ ਦੇ ਆਧੁਨਿਕ ਕੋਰਸ ਉਪਲਬਧ ਹਨ। ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਵਿਦਿਆਰਥੀਆਂ ਨੂੰ ਇੰਜੀਨੀਅਰਿੰਗ, ਮੈਨੇਜਮੈਂਟ, ਕੰਪਿਊਟਰ ਐਪਲੀਕੇਸ਼ਨ, ਵਿਗਿਆਨ, ਸਿਹਤ ਵਿਗਿਆਨ, ਖੇਤੀਬਾੜੀ, ਹਿਊਮੈਨਿਟੀਜ਼, ਸਿੱਖਿਆ ਅਤੇ ਕਾਨੂੰਨ ਸਮੇਤ ਕਈ ਵਿਸ਼ਿਆਂ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਦਾ ਮੌਕਾ ਪ੍ਰਦਾਨ ਕਰ ਰਹੀ ਹੈ। ਯੂਨੀਵਰਸਿਟੀ ਵਿੱਚ ਅੰਡਰਗ੍ਰੈਜੂਏਟ, ਪੋਸਟਗ੍ਰੈਜੂਏਟ ਅਤੇ ਪੀ ਐੱਚ ਡੀ ਪੱਧਰ ਦੇ ਅਨੇਕਾਂ ਕੋਰਸ ਉਪਲਬਧ ਹਨ। ਯੂਨੀਵਰਸਿਟੀ ਦੇ ਯੂਨੀਵਰਸਿਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿੱਚ ਬੀ. ਟੈਕ (ਕੰਪਿਊਟਰ ਸਾਇੰਸ ਏ ਆਈ ਐਂਡ ਐਮ ਐਲ, ਸਾਈਬਰ ਸਕਿਊਰਿਟੀ, ਸਿਵਲ, ਇਲੈਕਟ੍ਰੀਕਲ ਅਤੇ ਮਕੈਨੀਕਲ ਇੰਜੀਨੀਰਿੰਗ) ਅਤੇ ਐੱਮ ਟੈਕ ਪ੍ਰੋਗਰਾਮ ਚਲਾਏ ਜਾ ਰਹੇ ਹਨ। ਯੂਨੀਵਰਸਿਟੀ ਇੰਸਟੀਚਿਊਟ ਆਫ ਕਾਮਰਸ ਐਂਡ ਮੈਨੇਜਮੈਂਟ ( ਯੂ ਆਈ ਸੀ ਐਮ) ਵਿੱਚ ਬੀ. ਕੋਮ, ਬੀ ਬੀ ਏ, ਐਮ ਬੀ ਏ, ਐਮ ਕੋਮ,ਬੀ ਐੱਚ ਐਮ ਸੀ ਟੀ,ਐੱਮ ਐੱਚ ਐਮ ਸੀ ਟੀ ਅਤੇ ਬੀ ਟੀ ਟੀ ਐਮ ਵਰਗੇ ਕੋਰਸ ਉਪਲਬਧ ਹਨ। ਇਸ ਤੋਂ ਇਲਾਵਾ ਆਈ ਬੀ ਐਮ ਦੇ ਸਹਿਯੋਗ ਨਾਲ ਏ ਆਈ ਮਸੀਨ ਲਰਨਿੰਗ 19 ਅਤੇ ਵਿਜਨੈਸ਼ ਇੰਨਲਾਈਟਿਸ ਵਰਗੇ ਉਦਯੋਗ-ਕੇਂਦਰਿਤ ਪ੍ਰੋਗਰਾਮ ਵੀ ਕਰਵਾਏ ਜਾ ਰਹੇ ਹਨ। ਯੂਨੀਵਰਸਿਟੀ ਇੰਸਟੀਚਿਊਟ ਆਫ ਕੰਪਿਊਟਰ ਐਪਲੀਕੇਸ਼ਨ ਐਂਡ ਇਨਫਰਮੇਸ਼ਨ ਸਾਇੰਸ ਵਿੱਚ ਬੀ ਸੀ ਏ, ਐਮ ਸੀ ਏ, ਬੀ. ਐਸ ਸੀ. ਆਈ ਟੀ,ਅਤੇ ਐਮੀਨੇਸਨ ਐਂਡ ਮਲਟੀਮੀਡੀਆ ਵਰਗੇ ਕੋਰਸ ਹਨ ਜਦਕਿ ਯੂਨੀਵਰਸਿਟੀ ਇੰਸਟੀਚਿਊਟ ਆਫ ਸਾਇੰਸ ( ਯੂ ਆਈ ਐਸ) ਵਿੱਚ ਲਾਈਫ ਸਾਇੰਸ਼, ਫਿਜੀਕਲ ਸਾਇੰਸ਼ ਅਤੇਐਮ. ਐਸਸੀ. (ਫਜਿਕਸ, ਕਮਿਸਟਰੀ, ਮੈਥੇਮੈਟਿਕਸ, ਬੋਟਨੀ, ਯੂਲੋਜੀ) ਦੇ ਪ੍ਰੋਗਰਾਮ ਚਲਾਏ ਜਾਂਦੇ ਹਨ।

## ਆਦਿ ਧਰਮ ਹੀ ਸਾਡੀ ਇਤਿਹਾਸਕ ਪਛਾਣ : ਸੰਤ ਕੁਲਵੰਤ ਰਾਮ ਭਰੋਮਜਾਰਾ

**ਬੰਗਾ (ਅਵਤਾਰ ਕਲੇਰ)**- ਆਦਿ ਧਰਮ ਸਾਡੀ ਇਤਿਹਾਸਕ ਪਛਾਣ, ਵਿਰਾਸਤ ਅਤੇ ਅਸਲ ਧਾਰਮਿਕ ਪਹਿਚਾਣ ਹੈ, ਜਿਸ ਨੂੰ ਸਾਂਭਣਾ ਹਰ ਇੱਕ ਦੀ ਜ਼ਿੰਮੇਵਾਰੀ ਹੈ। 1931 ਵਿੱਚ ਬਹਾਲ ਹੋਏ ਆਦਿ ਧਰਮ ਦੇ ਖਾਨੇ ਨੂੰ ਮੁੜ ਬਹਾਲ ਕੀਤਾ ਜਾਵੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਨੇ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਮਨੁੱਖਤਾ, ਬਰਾਬਰੀ, ਭਾਈਚਾਰੇ ਅਤੇ ਸਮਾਜਿਕ ਨਿਆਂ ਦਾ ਸੰਦੇਸ਼ ਦਿੰਦੀਆਂ ਹਨ।

ਆਦਿ ਧਰਮ ਲਹਿਰ ਨੇ ਸਮਾਜ ਨੂੰ ਆਪਣੀ ਵੱਖਰੀ ਪਛਾਣ ਅਤੇ ਸਵੈ-ਮਾਣ ਨਾਲ ਜੀਵਨ ਬਤੀਤ ਕਰਨ ਦਾ ਰਾਹ ਦਿਖਾਇਆ।ਉਨ੍ਹਾਂ ਦੱਸਿਆ ਕਿ ਸਾਲ 1931 ਦੀ ਜਨਗਣਨਾ ਵਿੱਚ ਆਦਿ ਧਰਮ ਲਈ ਵੱਖਰਾ ਖਾਨਾ ਮੌਜੂਦ ਸੀ, ਜਿਸ ਵਿੱਚ ਵੱਡੀ ਗਿਣਤੀ ਲੋਕਾਂ ਨੇ ਆਪਣੀ ਪਛਾਣ ਆਦਿ ਧਰਮੀ ਵਜੋਂ ਦਰਜ ਕਰਵਾਈ ਸੀ। ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ ਇਹ ਖਾਨਾ ਹਟਾ ਦਿੱਤਾ ਗਿਆ ਜਿਸ ਕਾਰਨ ਆਦਿ ਧਰਮ ਨਾਲ ਜੁੜੇ ਲੋਕਾਂ ਦੀ ਇਤਿਹਾਸਕ ਪਛਾਣ ਨੂੰ ਵੱਡਾ ਨੁਕਸਾਨ ਪਹੁੰਚਿਆ।

ਬਾਬੂ ਮੰਗੂ ਰਾਮ ਮੁੱਗੋਵਾਲ ਵੱਲੋਂ ਕੀਤੇ ਗਏ ਲੰਮੇ ਸੰਘਰਸ਼ ਤੋਂ ਬਾਅਦ ਆਦਿ ਧਰਮ ਦਾ ਖਾਨਾ ਬਹਾਲ ਹੋਇਆ।ਸੰਤ ਕੁਲਵੰਤ ਰਾਮ ਨੇ ਕਿਹਾ ਕਿ ਅੱਜ ਦੇਸ਼ ਅਤੇ ਵਿਦੇਸ਼ਾਂ ਵਿੱਚ ਵੱਸਦੀ ਸੰਗਤ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ 1931 ਦੀ ਜਨਗਣਨਾ ਵਿੱਚ ਮੌਜੂਦ ਆਦਿ ਧਰਮ ਦੇ ਖਾਨੇ ਨੂੰ ਮੁੜ ਬਹਾਲ ਕੀਤਾ ਜਾਵੇ, ਤਾਂ ਜੋ ਆਦਿ ਧਰਮ ਨਾਲ ਸਬੰਧਤ ਲੋਕ ਆਪਣੀ ਅਸਲ ਪਛਾਣ ਦਰਜ ਕਰਵਾ ਸਕਣ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਤਿਹਾਸ, ਵਿਰਸੇ ਅਤੇ ਮਹਾਨ ਸੰਤ ਪਰੰਪਰਾ ਨਾਲ ਜੁੜੇ ਰਹਿਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਦਿ ਧਰਮ ਦੀ ਮਹੱਤਤਾ ਬਾਰੇ ਜਾਣੂ ਕਰਵਾਉਣ। ਸੰਤ ਕੁਲਵੰਤ ਰਾਮ ਭਰੋਮਜਾਰਾ, ਸੰਤ ਜਸਵਿੰਦਰ ਸਿੰਘ ਡਾਂਡੀਆਂ, ਸੰਤ ਨਿਰਮਲ ਸਿੰਘ ਅਵਾਦਾਨ, ਸੰਤ ਸਤਨਾਮ ਦਾਸ ਮਹਿਮੂਦ ਆਦਿ ਸੰਤਾਂ ਨੇ ਕਿਹਾ ਕਿ ਛੇਤੀ ਹੀ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਰਜਿ. ਪੰਜਾਬ ਦੀ ਵਿਸ਼ਾਲ ਇਕੱਤਰਤਾ ਕੀਤੀ ਜਾਵੇਗੀ।

## ਜ਼ਿਲ੍ਹੇ ਨੂੰ ਡੇਂਗੂ-ਮੁਕਤ ਰੱਖਣ 'ਚ ਲੋਕ ਸਹਿਯੋਗ ਕਰਨ : ਸਿਵਲ ਸਰਜਨ

**ਮੋਹਾਲੀ (ਗੁਰਜੀਤ ਬਿੱਲਾ)**- ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਨੇ ਮੀਂਹ ਦੌਰਾਨ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਨੇ ਦੱਸਿਆ ਕਿ ਟੀਮਾਂ ਨੇ ਵਿਸ਼ੇਸ਼ ਤੌਰ 'ਤੇ ਖ਼ਾਲੀ ਪਲਾਟਾਂ ਤੇ ਪਾਣੀ ਇਕੱਤਰ ਹੋਣ ਦੀ ਸੰਭਾਵਨਾ ਵਾਲੀਆਂ ਥਾਵਾਂ 'ਤੇ ਨਿਰੀਖਣ ਕੀਤਾ। ਜਿਥੇ ਪਾਣੀ ਖੜ੍ਹਾ ਸੀ, ਉਥੇ ਦਵਾਈ ਦਾ ਛਿੜਕਾਅ ਕੀਤਾ ਗਿਆ ਅਤੇ ਲੋਕਾਂ ਨੂੰ ਕਿਤੇ ਵੀ ਪਾਣੀ ਖੜ੍ਹਾ ਨਾ ਹੋਣ ਦੇਣ ਲਈ ਪ੍ਰੇਰਿਆ ਗਿਆ। ਡਾ. ਸੰਗੀਤਾ ਜੈਨ ਨੇ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਅਤੇ ਆਲੇ-ਦੁਆਲੇ ਸਾਫ਼-ਸਫ਼ਾਈ ਬਣਾਈ ਰੱਖਣ, ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਬੁਖ਼ਾਰ ਹੋਣ ਦੀ ਸੂਰਤ ਵਿੱਚ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨ। ਡਾ. ਅਨਾਮਿਕਾ ਸੋਨੀ ਨੇ ਦੱਸਿਆ ਕਿ ਮੁਹਿੰਮ ਸਾਰੇ ਜ਼ਿਲ੍ਹੇ ਵਿਚ ਚੱਲ ਰਹੀ ਹੈ। ਅਧਿਕਾਰੀਆਂ ਸਮੇਤ ਹੋਰ ਸਟਾਫ਼ ਜਿਥੇ ਘਰ-ਘਰ ਜਾ ਕੇ ਸਰਵੇਖਣ ਕਰ ਰਹੇ ਹਨ, ਉਥੇ ਚਾਲਾਨ ਕੱਟਣ ਦੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸਰਵੇ ਦੌਰਾਨ ਕੰਟੇਨਰ, ਗਮਲੇ, ਕੂਲਰ, ਫ਼ਰਿੱਜ, ਬਕਸੇ ਅਤੇ ਹੋਰ ਸਮਾਨ ਦੀ ਜਾਂਚ ਕੀਤੀ ਜਾ ਰਹੀ ਹੈ।

# ਟੈੱਟ ਦੀ ਸ਼ਰਤ ਤੋਂ ਛੋਟ ਦੇਣ ਲਈ ਆਰ ਟੀ ਈ ਐਕਟ 'ਚ ਸੋਧ ਕਰਨ ਦੀ ਮੰਗ

## ਡੀ ਟੀ ਐੱਫ ਨੇ ਲੋਕ ਸਭਾ ਮੈਂਬਰ ਰਾਹੀਂ ਪ੍ਰਧਾਨ ਮੰਤਰੀ ਨੂੰ ਭੇਜਿਆ ਮੰਗ ਪੱਤਰ

**ਲੁਧਿਆਣਾ (ਸਤੀਸ਼ ਸਚਦੇਵਾ)**-ਦੇਸ਼ ਭਰ ਦੀਆਂ ਵੱਖ-ਵੱਖ ਅਧਿਆਪਕ ਸੰਸਥਾਵਾਂ ਦੇ ਸਾਂਝੇ ਸੱਦੇ 'ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਰਾਹੀਂ ਅਧਿਆਪਕਾਂ ਲਈ ਲਾਜ਼ਮੀ ਕੀਤੇ ਟੈੱਟ ਦੀ ਸ਼ਰਤ ਤੋਂ ਛੋਟ ਦੇਣ ਲਈ ਸਿੱਖਿਆ ਦੇ ਅਧਿਕਾਰ (ਆਰ.ਟੀ.ਈ.) ਕਾਨੂੰਨ ਵਿੱਚ ਸੋਧ ਕਰਨ ਦੀ ਮੰਗ ਨੂੰ ਲੈ ਕੇ ਲੋਕ ਸਭਾ ਮੈਂਬਰ ਸ਼੍ਰੀ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਰਾਹੀਂ ਪ੍ਰਧਾਨ ਮੰਤਰੀ ਦੇ ਨਾਂ ਮੰਗ ਪੱਤਰ ਉਨਾ ਦੇ ਪੀ ਏ ਜਗਸੀਰ ਸਿੰਘ ਨੂੰ ਦਿੱਤਾ ਗਿਆ । ਇਸ ਮੌਕੇ ਮੰਗ ਕੀਤੀ ਗਈ ਕਿ ਪਾਰਲੀਮੈਂਟ ਦੇ ਆਗਾਮੀ ਮਾਨਸੂਨ ਸੈਸ਼ਨ ਦੌਰਾਨ ਇਸ ਮੁੱਦੇ ਨੂੰ ਰੱਖਿਆ ਜਾਵੇ ਅਤੇ ਸਮਰਥਨ ਕੀਤਾ ਜਾਵੇ। ਲੋਕ ਸਭਾ ਮੈਂਬਰ ਰਾਜਾ ਵੜਿੰਗ ਦੇ ਪੀ ਏ ਨੇ ਭਰੋਸਾ ਦਿੱਤਾ ਕਿ ਇਸ ਮਸਲੇ ਨੂੰ ਆਉਂਦੇ ਸੈਸ਼ਨ ਦੌਰਾਨ ਪਾਰਲੀਮੈਂਟ ਵਿੱਚ ਉਠਾਇਆ ਜਾਵੇਗਾ।ਡੀ.ਟੀ.ਐੱਫ. ਦੇ ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸੰਧੂ ਅਤੇ ਜਨਰਲ ਸਕੱਤਰ ਰੁਪਿੰਦਰਪਾਲ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨੈਸ਼ਨਲ ਕਾਉਂਸਲ ਫਾਰ ਟੀਚਰ ਐਜੂਕੇਸ਼ਨ ਵੱਲੋਂ 23 ਅਗਸਤ 2010 ਨੂੰ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਦੀ ਧਾਰਾ 4 ਤੇ 5 ਵਿਚ ਇਨ-ਸਰਵਿਸ ਅਧਿਆਪਕਾਂ ਨੂੰ ਲਾਜ਼ਮੀ ਅਧਿਆਪਕ ਯੋਗਤਾ ਪ੍ਰੀਖਿਆ (ਟੈੱਟ) ਤੋਂ ਛੋਟ ਦਿੱਤੀ ਗਈ ਸੀ ਤੇ ਸਾਫ਼ ਤੌਰ 'ਤੇ ਇਹ ਵਿਵਸਥਾ ਕੀਤੀ ਗਈ ਸੀ ਕਿ ਇਹ ਲਾਜ਼ਮੀ ਸ਼ਰਤ ਰਿਟ੍ਰੋਸਪੈਕਟਿਵ (ਪਿਛਲੀ ਤਾਰੀਖ ਤੋਂ) ਲਾਗੂ ਨਹੀਂ ਹੋਵੇਗੀ, ਪ੍ਰੰਤੂ ਸੁਪਰੀਮ ਕੋਰਟ ਵੱਲੋਂ 1 ਸਤੰਬਰ 2025 ਨੂੰ ਸੁਣਾਏ ਗਏ ਫੈਸਲੇ ਤੋਂ ਬਾਅਦ ਉਪਰੋਕਤ ਨੋਟੀਫਿਕੇਸ਼ਨ ਦਾ ਸੁਰੱਖਿਆ ਪ੍ਰਭਾਵ ਖਤਮ ਹੋ ਗਿਆ ਹੈ। ਇਸ ਕਰਕੇ ਆਰ.ਟੀ.ਈ. ਐਕਟ-2009 ਲਾਗੂ ਹੋਣ ਤੋਂ ਪਹਿਲਾਂ ਨਿਯਮਤ ਤੌਰ 'ਤੇ ਨਿਯੁਕਤ ਕੀਤੇ ਗਏ ਅਧਿਆਪਕਾਂ ਉੱਤੇ ਵੀ ਟੀ.ਈ.ਟੀ. ਲਾਗੂ ਕੀਤਾ ਜਾ ਰਿਹਾ ਹੈ, ਜੋ ਕਿ ਅਧਿਆਪਕਾਂ ਨਾਲ਼ ਘੋਰ ਬੇ-ਇਨਸਾਫੀ ਹੈ।ਇਸ ਨਾਲ ਦੇਸ਼ ਭਰ ਵਿਚ ਲੱਖਾਂ ਅਧਿਆਪਕਾਂ ਦੀ ਨੌਕਰੀ ਦੀ ਸੁਰੱਖਿਆ ਬਾਰੇ ਅਨਿਸ਼ਚਿਤਤਾ ਪੈਦਾ ਹੋ ਗਈ ਹੈ।ਆਗੂਆਂ ਨੇ ਕਿਹਾ ਕਿ ਟੀਈਟੀ ਨੂੰ ਭਵਿੱਖ ਵਿਚ ਹੋਣ ਵਾਲੀਆਂ ਨਿਯੁਕਤੀਆਂ ਲਈ ਲਿਆਂਦਾ ਗਿਆ ਸੀ ਅਤੇ ਇਸ ਨੂੰ ਉਨ੍ਹਾਂ ਅਧਿਆਪਕਾਂ ਉੱਤੇ ਰਿਟ੍ਰੋਸਪੈਕਟਿਵ ਤੌਰ 'ਤੇ ਲਾਗੂ ਨਹੀਂ ਕੀਤਾ ਜਾਣਾ ਚਾਹੀਦਾ ਜਿਹੜੇ ਉਸ ਵੇਲੇ ਚੱਲ ਰਹੀਆਂ ਨਿਯਮਾਂ ਤਹਿਤ ਨਿਯੁਕਤ ਕੀਤੇ ਗਏ ਸਨ।ਇਸ ਲਈ ਆਗੂਆਂ ਨੇ ਲੋਕ ਸਭਾ ਮੈਂਬਰ ਰਾਹੀਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਆਗਾਮੀ ਮਾਨਸੂਨ ਸੈਸ਼ਨ ਵਿਚ ਸੰਸਦ ਵਿਚ ਆਰ.ਟੀ.ਈ. ਐਕਟ, 2009 ਦੀ ਧਾਰਾ 23(2) ਵਿਚ ਸੋਧ ਲਿਆਂਦੀ ਜਾਵੇ ਤਾਂ ਜੋ ਟੈੱਟ ਦੀ ਸ਼ਰਤ ਨਾਲ ਸਬੰਧਤ ਪ੍ਰਬੰਧ ਸਿਰਫ ਭਵਿੱਖ ਲਈ ਲਾਗੂ ਹੋਣ। ਇਸ ਦੇ ਨਾਲ਼ ਹੀ ਆਰ.ਟੀ.ਈ. ਐਕਟ, 2009 ਲਾਗੂ ਹੋਣ ਤੋਂ ਪਹਿਲਾਂ ਨਿਯੁਕਤ ਸਾਰੇ ਇਨ-ਸਰਵਿਸ ਅਧਿਆਪਕਾਂ ਨੂੰ ਲਾਜ਼ਮੀ ਟੀਈਟੀ ਤੋਂ ਸਪੱਸ਼ਟ ਛੋਟ ਦਿੱਤੀ ਜਾਵੇ, ਜਿਸ ਵਿਚ ਉਹ ਫਿਜ਼ੀਕਲ ਐਜੂਕੇਸ਼ਨ, ਆਰਟ ਐਂਡ ਕਰਾਫਟ ਤੇ ਹੋਮ ਸਾਇੰਸ ਅਧਿਆਪਕ ਵੀ ਸ਼ਾਮਲ ਹੋਣ, ਜਿਨ੍ਹਾਂ ਨੂੰ ਕੇਂਦਰੀ ਸਿੱਖਿਆ ਅਦਾਰੇ ਵੱਲੋਂ ਪਹਿਲਾਂ ਹੀ ਛੋਟ ਦਿੱਤੀ ਗਈ ਸੀ।ਇਸ ਮੌਕੇ ਆਗੂਆਂ ਵੱਲੋਂ ਕੇਂਦਰ ਦੀ ਬੀਜੇਪੀ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ-2020 ਤਹਿਤ ਅਧਿਆਪਕਾਂ ਦੀ ਸੇਵਾ ਸੁਰੱਖਿਆ ਨੂੰ ਖੋਰਾ ਲਗਾਉਣ ਤੇ ਇਨ-ਸਰਵਿਸ ਅਧਿਆਪਕਾਂ ਲਈ ਟੈੱਟ ਦੀ ਲਾਜ਼ਮੀ ਕੀਤੀ ਗਈ ਸ਼ਰਤ ਦੇ ਮਾਮਲੇ ਵਿੱਚ ਅਧਿਆਪਕ ਵਿਰੋਧੀ ਰਵਈਆ ਅਪਣਾਉਣ ਦੀ ਸਖਤ ਨਿਖੇਧੀ ਵੀ ਕੀਤੀ ਗਈ।ਇਸ ਮਸਲੇ 'ਤੇ ਅਧਿਆਪਕ ਜਥੇਬੰਦੀਆਂ ਵੱਲੋਂ 19 ਜੁਲਾਈ ਨੂੰ ਦਿੱਲੀ ਵਿਖੇ ਸੱਦੀ ਅਗਲੀ ਦੇਸ਼ ਪੱਧਰੀ ਮੀਟਿੰਗ ਵਿੱਚ ਵੀ ਹਿੱਸਾ ਬਣਨ ਦਾ ਐਲਾਨ ਕੀਤਾ ਗਿਆ।ਇਸ ਮੌਕੇ ਡੀ ਐੱਮ ਐੱਫ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਲੀਲ੍ਹ, ਰਾਜਿੰਦਰ ਜੰਡਿਆਲੀ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਵਰਲਡ ਯੂਨੀਵਰਸਿਟੀ ਵੱਲੋਂ ਸ਼ਖਸੀਅਤ ਵਿਕਾਸ ਪ੍ਰੋਗਰਾਮ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ,ਫ਼ਤਿਹਗੜ੍ਹ ਸਾਹਿਬ ਦੇ ਸਿਖਲਾਈ ਤੇ ਪਲੇਸਮੈਂਟ ਵਿਭਾਗ ਵੱਲੋਂ ਮਹਿੰਦਰਾ ਗਰੁੱਪ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐੱਸਆਰ) ਪਹਿਲ ਤਹਿਤ ਨੰਦੀ ਫਾਊਂਡੇਸ਼ਨ ਦੇ ਸਹਿਯੋਗ ਨਾਲ ਸੱਤਵੇਂ ਸਮੈਸਟਰ ਬੀ.ਏ.-ਬੀ.ਐੱਡ. ਦੇ ਵਿਦਿਆਰਥੀਆਂ ਲਈ ਛੇ ਰੋਜ਼ਾ ਸ਼ਖਸੀਅਤ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਸੰਚਾਲਨ ਸੁਸ਼੍ਰੀ ਦੀਪਿਕਾ ਚਾਵਲਾ, ਟ੍ਰੇਨਰ, ਨੰਦੀ ਫਾਊਂਡੇਸ਼ਨ ਵੱਲੋਂ ਕੀਤਾ ਗਿਆ।ਸੈਸ਼ਨਾਂ 'ਚ ਸ਼ਖਸੀਅਤ ਵਿਕਾਸ, ਪ੍ਰਭਾਵਸ਼ਾਲੀ ਸੰਚਾਰ, ਆਤਮ-ਵਿਸ਼ਵਾਸ, ਲੀਡਰਸ਼ਿਪ, ਟੀਮ ਵਰਕ, ਭਾਵਨਾਤਮਕ ਬੁੱਧੀ, ਸਮਾਂ ਪ੍ਰਬੰਧਨ, ਇੰਟਰਵਿਊ ਹੁਨਰ, ਪੇਸ਼ੇਵਰ ਸ਼ਿਸ਼ਟਾਚਾਰ ਤੇ ਪੇਸ਼ੇਵਰ ਜੀਵਨ ਲਈ ਤਿਆਰੀ ਵਰਗੇ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ।ਇੰਟਰਐਕਟਿਵ ਚਰਚਾਵਾਂ, ਰੋਲ ਪਲੇਅ ਤੇ ਵਿਹਾਰਕ ਅਭਿਆਸਾਂ ਰਾਹੀਂ ਵਿਦਿਆਰਥੀਆਂ ਦੇ ਅੰਤਰ-ਵਿਅਕਤੀਗਤ ਤੇ ਪੇਸ਼ੇਵਰ ਹੁਨਰਾਂ ਦੇ ਨਾਲ-ਨਾਲ ਆਤਮ-ਵਿਸ਼ਵਾਸ ਨੂੰ ਵੀ ਮਜ਼ਬੂਤ ਕੀਤਾ ਗਿਆ। ਸਿਖਲਾਈ ਤੇ ਪਲੇਸਮੈਂਟ ਅਫ਼ਸਰ (ਟੀ.ਪੀ.ਓ.) ਡਾ. ਕਮਲਜੀਤ ਕੌਰ ਨੇ ਕਿਹਾ ਕਿ ਯੂਨੀਵਰਸਿਟੀ ਉਦਯੋਗ-ਅਕਾਦਮਿਕ ਸਹਿਯੋਗ ਤੇ ਹੁਨਰ ਵਿਕਾਸ ਪਹਿਲਕਦਮੀਆਂ ਰਾਹੀਂ ਵਿਦਿਆਰਥੀਆਂ ਦੀ ਰੁਜ਼ਗਾਰ ਯੋਗਤਾ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ।ਸਿੱਖਿਆ ਵਿਭਾਗ ਦੇ ਮੁਖੀ ਡਾ. ਹਰਨੀਤ ਬਿਲਿੰਗ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਅਕਾਦਮਿਕ ਸਿੱਖਿਆ ਤੇ ਪੇਸ਼ੇਵਰ ਅਭਿਆਸ ਵਿਚਕਾਰ ਪ੍ਰਭਾਵਸ਼ਾਲੀ ਪੁਲ ਵਜੋਂ ਕੰਮ ਕਰਦੇ ਹਨ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਨੰਦੀ ਫਾਊਂਡੇਸ਼ਨ ਤੇ ਮਹਿੰਦਰਾ ਗਰੁੱਪ ਦੇ ਹੁਨਰ ਵਿਕਾਸ ਵਿੱਚ ਯੋਗਦਾਨ ਦੀ ਪ੍ਰਸੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।

## ਰਾਜਾ ਵੜਿੰਗ ਕਾਰਨ ਕਾਂਗਰਸ 'ਚ ਕਲੇਸ਼ ਵਧਿਆ : ਕਰਨ ਕੌਰ ਬਰਾੜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕਾਂਗਰਸ 'ਚ ਚੱਲ ਰਹੀ ਬਗਾਵਤ ਲਗਾਤਾਰ ਵਧਦੀ ਜਾ ਰਹੀ ਹੈ।ਪਾਰਟੀ ਦੇ ਅੰਦਰੂਨੀ ਅਸੰਤੋਸ਼ ਦਾ ਨਵਾਂ ਚਿਹਰਾ ਸਾਬਕਾ ਵਿਧਾਇਕ ਕਰਨ ਕੌਰ ਬਰਾੜ ਦੇ ਰੂਪ 'ਚ ਸਾਹਮਣੇ ਆਇਆ ਹੈ।ਸਾਬਕਾ ਮੁੱਖ ਮੰਤਰੀ ਸਵ. ਹਰਚਰਨ ਸਿੰਘ ਬਰਾੜ ਦੀ ਨੂੰਹ ਤੇ ਮੁਕਤਸਰ ਤੋਂ ਸਾਬਕਾ ਵਿਧਾਇਕ ਕਰਨ ਕੌਰ ਨੇ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।ਬਰਾੜ ਨੇ ਸਿੱਧੇ ਤੌਰ 'ਤੇ ਕਿਹਾ ਕਿ ਰਾਜਾ ਵੜਿੰਗ ਦੀ ਅਗਵਾਈ 'ਚ ਪੰਜਾਬ ਕਾਂਗਰਸ ਪੂਰੀ ਤਰ੍ਹਾਂ ਬਿਖਰ ਗਈ ਹੈ।ਰਾਜਾ ਵੜਿੰਗ ਦੇ ਕਾਰਨ ਪੰਜਾਬ ਕਾਂਗਰਸ 'ਚ ਪੂਰੀ ਤਰ੍ਹਾਂ ਕਲੇਸ਼ ਪੈ ਗਿਆ ਹੈ ਅਤੇ ਪਾਰਟੀ ਧੜਿਆਂ 'ਚ ਵੰਡੀ ਗਈ ਹੈ, ਜੇਕਰ ਮੈਂ ਉਨ੍ਹਾਂ ਦੀ ਜਗ੍ਹਾ ਹੁੰਦੀ ਤਾਂ ਇਨ੍ਹਾਂ ਹਾਲਾਤਾਂ 'ਚ ਅਹੁਦੇ ਤੋਂ ਅਸਤੀਫ਼ਾ ਦੇ ਦਿੰਦੀ, ਕਿਉਂਕਿ ਪਾਰਟੀ ਤੋਂ ਉੱਪਰ ਕੁਝ ਨਹੀਂ ਹੈ। ਉਨ੍ਹਾਂ ਨੇ ਚੋਣ ਪ੍ਰਦਰਸ਼ਨ ਨੂੰ ਵੀ ਮੁੱਦਾ ਬਣਾਇਆ।ਕਰਨ ਕੌਰ ਨੇ ਕਿਹਾ ਕਿ ਰਾਜਾ ਵੜਿੰਗ ਆਪਣੇ ਹਲਕੇ ਗਿੱਦੜਬਾਹਾ ਤੋਂ ਵਿਧਾਨ ਸਭਾ ਉਪ-ਚੋਣ ਨਹੀਂ ਜਿੱਤ ਸਕੇ।ਨਗਰ ਕੌਂਸਲ, ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਚੋਣਾਂ 'ਚ ਵੀ ਉਨ੍ਹਾਂ ਨੂੰ ਸਫ਼ਲਤਾ ਨਹੀਂ ਮਿਲੀ।ਕਰਨ ਕੌਰ ਬਰਾੜ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਪੰਜਾਬ ਕਾਂਗਰਸ ਦਾ ਸਭ ਤੋਂ ਮਜ਼ਬੂਤ ਚਿਹਰਾ ਦੱਸਿਆ। ਕਰਨ ਕੌਰ ਨੇ ਨਿੱਜੀ ਨਾਰਾਜ਼ਗੀ ਜ਼ਾਹਰ ਕਰਦਿਆਂ ਆਖਿਆ ਕਿ ਰਾਜਾ ਵੜਿੰਗ ਉਨ੍ਹਾਂ ਦੇ ਹੀ ਜ਼ਿਲ੍ਹੇ ਮੁਕਤਸਰ ਤੋਂ ਹਨ, ਪਰ ਅੱਜ ਤੱਕ ਉਨ੍ਹਾਂ ਨੇ ਕਦੇ ਮੈਨੂੰ ਨਹੀਂ ਬੁਲਾਇਆ।ਜੇਕਰ ਕਿਤੇ ਮਿਲਦੇ ਹਨ ਅਤੇ ਮੈਂ ਸਤਿ ਸ੍ਰੀ ਅਕਾਲ ਬੋਲਦੀ ਹਾਂ, ਤਾਂ ਉਹ ਸਿਰਫ਼ ਗਰਦਨ ਹਿਲਾ ਦਿੰਦੇ ਹਨ।ਕਰਨ ਕੌਰ ਨੇ ਦਾਅਵਾ ਕਰਦਿਆਂ ਕਿਹਾ ਕਿ ਰਾਜਾ ਵੜਿੰਗ ਉਨ੍ਹਾਂ ਤੋਂ ਉਨ੍ਹਾਂ ਦਾ ਹਲਕਾ ਮੰਗ ਰਹੇ ਹਨ।ਉਨ੍ਹਾਂ ਸਾਫ਼ ਕੀਤਾ ਕਿ ਉਹ ਮੁਕਤਸਰ ਛੱਡ ਕੇ ਕਿਤੇ ਨਹੀਂ ਜਾਣਗੇ। ਜੇਕਰ ਪਾਰਟੀ ਟਿਕਟ ਦੇਵੇਗੀ ਤਾਂ ਉਹ ਇੱਥੋਂ ਹੀ ਚੋਣ ਲੜਨਗੇ।ਕਰਨ ਕੌਰ ਨੇ ਕਾਂਗਰਸ ਅੰਦਰ ਕਲੇਸ਼ ਪਿੱਛੇ ਆਪ ਦੀ ਸਾਜ਼ਿਸ਼ ਦਾ ਵੀ ਸ਼ੱਕ ਪ੍ਰਗਟਾਇਆ।

## ਲੋਕ ਚੇਤਨਾ ਮੰਚ ਵੱਲੋਂ ਸਫਾਈ ਸੇਵਕਾਂ ਦੀ ਹੜਤਾਲ ਦੀ ਹਮਾਇਤ

ਦਿੜ੍ਹਬਾ (ਜਸਵੀਰ ਲਾਡੀ)-ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ ਸ਼ਹਿਰ ਦੇ ਸਫਾਈ ਸੇਵਕਾਂ ਦੀ ਹੜਤਾਲ ਦੀ ਪੂਰੀ ਹਮਾਇਤ ਦਾ ਐਲਾਨ ਕੀਤਾ ਗਿਆ ਹੈ।ਮੰਚ ਦੇ ਪ੍ਰਧਾਨ ਗਿਆਨ ਚੰਦ ਸ਼ਰਮਾ, ਮੀਤ ਪ੍ਰਧਾਨ ਜਗਜੀਤ ਭੁਟਾਲ ਤੇ ਸਕੱਤਰ ਹਰਭਗਵਾਨ ਗੁਰਨੇ ਨੇ ਕਿਹਾ ਕਿ ਸਫਾਈ ਸੇਵਕ ਲੰਮੇ ਸਮੇਂ ਤੋਂ ਆਪਣੀਆਂ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਤੇ ਸੰਬੰਧਤ ਅਧਿਕਾਰੀਆਂ ਵੱਲੋਂ ਉਨ੍ਹਾਂ ਦੀਆਂ ਮੰਗਾਂ ਨੂੰ ਅਣਡਿੱਠਾ ਕੀਤਾ ਜਾ ਰਿਹਾ ਹੈ।ਜਗਦੀਸ਼ ਪਾਪੜਾ, ਮਹਿੰਦਰ ਸਿੰਘ ਤੇ ਸ਼ਮਿੰਦਰ ਸਿੰਘ ਨੇ ਕਿਹਾ ਕਿ ਸਫਾਈ ਸੇਵਕਾਂ ਨੂੰ ਪੱਕੀ ਨੌਕਰੀ, ਉਚਿਤ ਤਨਖਾਹ ਤੇ ਸੁਰੱਖਿਅਤ ਕੰਮਕਾਜ ਦੇ ਹਾਲਾਤ ਮਿਲਣੇ ਚਾਹੀਦੇ ਹਨ।

ਲੋਕ ਚੇਤਨਾ ਮੰਚ ਦੇ ਆਗੂਆ ਪੂਰਨ ਖਾਈ, ਰਾਮ ਖਾਈ, ਗੁਰਚਰਨ ਸਿੰਘ, ਸੁਖਜਿੰਦਰ ਲਾਲੀ, ਰਘਵੀਰ ਭੁਟਾਲ, ਲਛਮਣ ਅਲੀਸ਼ੇਰ ਤੇ ਸੁਖਦੇਵ ਸਿੰਘ ਚੰਗਾਲੀਵਾਲਾ ਨੇ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਉਹ ਸਫਾਈ ਸੇਵਕਾਂ ਦੇ ਹੱਕਾਂ ਲਈ ਇਸ ਲੜਾਈ ਵਿੱਚ ਉਨ੍ਹਾਂ ਦਾ ਸਾਥ ਦੇਣ, ਕਿਉਂਕਿ ਇਹ ਮਸਲਾ ਸਿਰਫ਼ ਕਰਮਚਾਰੀਆਂ ਦਾ ਨਹੀਂ ਸਗੋਂ ਸਮਾਜਿਕ ਨਿਆਂ ਨਾਲ ਵੀ ਜੁੜਿਆ ਹੋਇਆ ਹੈ।

# ਇੰਡੋ ਅਮਰੀਕਾ ਟਰੇਡ ਡੀਲ ਤੇ ਲੈਂਡ ਪੂਲਿੰਗ ਪਾਲਸੀ ਦੇ ਵਿਰੋਧ 'ਚ ਕਨਵੈਨਸ਼ਨ

### 22 ਜੁਲਾਈ ਨੂੰ ਟੋਲ ਪਲਾਜ਼ੇ ਫ੍ਰੀ ਕਰਨ ਦਾ ਸੱਦਾ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਪਿੰਡ ਮਹਿਮਾ ਵਿੱਚ ਇੰਡੋ ਅਮਰੀਕਾ ਮੁਕਤ ਵਪਾਰ ਸਮਝੌਤੇ ਤੇ ਪੰਜਾਬ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਪੌਲਸੀ ਦੇ ਵਿਰੋਧ ਵਿੱਚ ਕਿਸਾਨ ਕਨਵੈਨਸ਼ਨ ਕੀਤੀ ਗਈ।ਇਸ ਕਨਵੈਨਸ਼ਨ ਵਿੱਚ ਬੀਕੇਯੂ ਮਾਨਸਾ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ, ਕਿਸਾਨ ਸਟੂਡੈਂਟ ਯੂਨੀਅਨ, ਮਿਸਲ ਸਤਲੁਜ, ਸ਼੍ਰੋਅਦ ਅੰਮ੍ਰਿਤਸਰ, ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।ਇੱਥੇ ਬੋਲਦੇ ਹੋਏ ਵੱਖ ਵੱਖ ਬੁਲਾਰਿਆਂ ਨੇ ਮੁਕਤ ਵਪਾਰ ਸਮਝੌਤਾ ਤੇ ਲੈਂਡ ਪੂਲਿੰਗ ਪੌਲਸੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਅਵਤਾਰ ਸਿੰਘ ਮਹਿਮਾ ਨੇ ਦੱਸਿਆ ਕਿ ਕਨਵੈਨਸ਼ਨ ਵੱਲੋਂ ਮੰਗ ਕੀਤੀ ਕਿ ਇੰਡੋ ਅਮਰੀਕਾ ਮੁਕਤ ਵਪਾਰ ਸਮਝੌਤਾ ਫੌਰੀ ਰੱਦ ਕੀਤਾ ਜਾਵੇ, ਪੰਜਾਬ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਪੌਲਸੀ ਰੱਦ ਕੀਤੀ ਜਾਵੇ, ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਣਾ ਯਕੀਨੀ ਬਣਾਇਆ ਜਾਵੇ, ਕਿਸਾਨ ਮਜ਼ਦੂਰਾਂ ਦੇ ਸਾਰੇ ਕਰਜ਼ਿਆਂ 'ਤੇ ਲੀਕ ਫੇਰੀ ਜਾਵੇ, ਸਾਰੀਆਂ ਫਸਲਾਂ ਦਾ ਐੱਮ ਐੱਸ ਪੀ ਦਾ ਗੰਟੀ ਕਾਨੂੰਨ ਸਵਾਮੀਨਾਥਨ ਦੀ ਰਿਪੋਰਟ ਅਨੁਸਾਰ ਲਾਗੂ ਕੀਤਾ ਜਾਵੇ।ਬੀਬੀਐੱਮਬੀ ਵਿੱਚੋਂ ਪੰਜਾਬ ਦੀ ਨੁਮਾਇੰਦਗੀ ਖਤਮ ਕਰਨ ਵਾਲਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਪ੍ਰਸਤਾਵਤ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ ਰੱਦ ਕੀਤੇ ਜਾਣ ਤੇ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ।ਉਨ੍ਹਾ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ 22 ਜੁਲਾਈ ਨੂੰ ਪੂਰੇ ਪੰਜਾਬ ਦੇ ਟੋਲ ਪਲਾਜ਼ੇ ਫ੍ਰੀ ਕੀਤੇ ਜਾਣਗੇ, 29 ਤੇ 30 ਜੁਲਾਈ ਨੂੰ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿੱਚ ਕਨਵੈਨਸ਼ਨ ਕੀਤੀ ਜਾਵੇਗੀ।ਇਸਦੇ ਨਾਲ ਹੀ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਨੂੰ ਸਮਰਪਤ ਕਨਵੈਨਸ਼ਨ ਕੀਤੀ ਜਾਵੇਗੀ।ਕਿਸਾਨਾਂ ਵੱਲੋਂ ਕਨਵੈਨਸ਼ਨ ਬਾਅਦ ਰੋਸ ਮਾਰਚ ਕਰਕੇ ਮੋਦੀ ਤੇ ਟਰੰਪ ਦਾ ਪੁਤਲਾ ਫੂਕਿਆ ਗਿਆ।

## ਔਰਤਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਦੇਣ ਦਾ ਫ਼ੈਸਲਾ ਸ਼ਲਾਘਾਯੋਗ-ਜਸਵਿੰਦਰ ਟੀਨੂੰ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ, ਆਪ ਆਗੂ ਜਗਸੀਰ ਸਿੰਘ ਨਿਹਾਲ ਸਿੰਘ ਵਾਲਾ ਤੇ ਆਪ ਆਗੂ ਰਜਿੰਦਰ ਕਾਕਾ ਨਿਹਾਲ ਸਿੰਘ ਵਾਲਾ, ਸਤਪਾਲ ਭੋਲਾ ਨੇ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਇੱਕ-ਇੱਕ ਹਜ਼ਾਰ ਰੁਪਏ ਦੇਣ ਦੇ ਐਲਾਨ ਦਾ ਸਵਾਗਤ ਕਰਦਿਆਂ ਇਸ ਨੂੰ ਬਹੁਤ ਹੀ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਇਹ ਫ਼ੈਸਲਾ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਾਉਣ ਤੇ ਉਨ੍ਹਾਂ ਨੂੰ ਸਨਮਾਨ ਦੇਣ ਵੱਲ ਇੱਕ ਮਹੱਤਵਪੂਰਨ ਪਹਿਲ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਵੱਖ-ਵੱਖ ਵਰਗਾਂ ਦੀ ਭਲਾਈ ਲਈ ਅਹਿਮ ਫ਼ੈਸਲੇ ਲਏ ਜਾ ਰਹੇ ਹਨ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਇਸ ਤਰ੍ਹਾਂ ਦੀਆਂ ਲੋਕ-ਹਿੱਤ ਨੀਤੀਆਂ ਦਾ ਲਾਭ ਸੂਬੇ ਦੀਆਂ ਮਹਿਲਾਵਾਂ ਨੂੰ ਮਿਲੇਗਾ ਤੇ ਉਨ੍ਹਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ।ਆਗੂਆਂ ਨੇ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋਕ ਭਲਾਈ ਦੇ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰਹਿਣਗੇ।

## 2027 'ਚ ਸ਼੍ਰੋਮਣੀ ਅਕਾਲੀ ਦਲ ਦੀ ਬਣੇਗੀ ਸਰਕਾਰ : ਤਲਵਾਰ ਬਰਾੜ

### ਜਥੇਦਾਰ ਮਾਹਲਾ ਨੂੰ ਭਾਰੀ ਬਹੁਮੱਤ ਨਾਲ ਜਿਤਾ ਕੇ ਵਿਧਾਨ ਸਭਾ ਭੇਜਾਂਗੇ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤਲਵਾਰ ਬਰਾੜ ਚੰਨੂ ਵਾਲਾ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਵਿੱਚ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਵਾਪਸੀ ਕਰੇਗਾ ਤੇ ਸੂਬੇ ਵਿੱਚ ਪਾਰਟੀ ਦੀ ਸਰਕਾਰ ਬਣੇਗੀ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਮੁੜ ਲੋਕਾਂ ਦਾ ਭਰੋਸਾ ਜਿੱਤਣ ਵਿੱਚ ਕਾਮਯਾਬ ਰਹੇਗਾ ਤੇ ਸਰਕਾਰ ਬਣਨ ਉਪਰੰਤ ਸੁਖਬੀਰ ਸਿੰਘ ਬਾਦਲ ਹੀ ਪੰਜਾਬ ਦੇ ਮੁੱਖ ਮੰਤਰੀ ਬਣਨਗੇ।ਮੀਡੀਆ ਨਾਲ ਗੱਲਬਾਤ ਕਰਦਿਆਂ ਤਲਵਾਰ ਬਰਾੜ ਨੇ ਕਿਹਾ ਕਿ ਹਲਕਾ ਬਾਘਾ ਪੁਰਾਣਾ ਵਿੱਚ ਪਾਰਟੀ ਨੂੰ ਲਗਾਤਾਰ ਮਜ਼ਬੂਤੀ ਮਿਲ ਰਹੀ ਹੈ ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਲੋਕਾਂ ਵਿੱਚ ਰਹਿ ਕੇ ਕੀਤੀ ਜਾ ਰਹੀ ਨਿਰੰਤਰ ਸੇਵਾ ਦਾ ਸਕਾਰਾਤਮਕ ਪ੍ਰਭਾਵ ਦਿਖਾਈ ਦੇ ਰਿਹਾ ਹੈ।ਉਨ੍ਹਾਂ ਕਿਹਾ ਕਿ ਜਥੇਦਾਰ ਮਾਹਲਾ ਹਰ ਵਰਗ ਦੇ ਲੋਕਾਂ ਨਾਲ ਨਿਰੰਤਰ ਸੰਪਰਕ ਵਿੱਚ ਹਨ ਤੇ ਲੋਕਾਂ ਦੇ ਸੁੱਖ-ਦੁੱਖ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦਾ ਵਿਸ਼ਵਾਸ ਜਿੱਤਿਆ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕ ਹੁਣ ਇਸ ਸੇਵਾ ਦਾ ਮੁੱਲ ਮੋੜਨ ਲਈ ਤਿਆਰ ਬੈਠੇ ਹਨ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਬਾਘਾ ਪੁਰਾਣਾ ਤੋਂ ਭਾਰੀ ਬਹੁਮੱਤ ਨਾਲ ਜਿਤਾ ਕੇ ਵਿਧਾਨ ਸਭਾ ਭੇਜਣਗੇ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਮੂਹ ਅਕਾਲੀ ਵਰਕਰਾਂ ਦੀ ਮਿਹਨਤ ਤੇ ਲੋਕਾਂ ਦੇ ਸਹਿਯੋਗ ਨਾਲ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਪ੍ਰਦਰਸ਼ਨ ਕਰੇਗਾ।ਨਾਲ ਹੀ ਉਨ੍ਹਾਂ ਦਾਅਵਾ ਕੀਤਾ ਕਿ ਬਾਘਾ ਪੁਰਾਣਾ ਹਲਕੇ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਵੱਡੇ ਫ਼ਰਕ ਨਾਲ ਜਿੱਤ ਦਰਜ ਕਰਕੇ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹਨਗੇ ਤੇ ਹਲਕੇ ਦੀ ਆਵਾਜ਼ ਨੂੰ ਹੋਰ ਮਜ਼ਬੂਤੀ ਨਾਲ ਪੰਜਾਬ ਵਿਧਾਨ ਸਭਾ ਵਿੱਚ ਉਠਾਉਣਗੇ।

## ਰੋਟਰੀ ਕਲੱਬ ਨੇ ਲਾਇਬ੍ਰੇਰੀ 'ਚ ਲਵਾਇਆ ਏ ਸੀ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰੋਟਰੀ ਕਲੱਬ ਸੁਨਾਮ ਸਟਾਰ ਵੱਲੋਂ ਪ੍ਰਧਾਨ ਪੁਨੀਤ ਜਿੰਦਲ ਦੀ ਅਗਵਾਈ ਵਿੱਚ ਸ਼ਹੀਦ ਊਧਮ ਸਿੰਘ ਮਿਉਂਸਪਲ ਲਾਇਬ੍ਰੇਰੀ ਪੀਰਾਂ ਵਾਲਾ ਗੇਟ ਸੁਨਾਮ ਵਿਖੇ ਵਿਦਿਆਰਥੀਆਂ ਦੀ ਸਹੂਲਤ ਲਈ ਇੱਕ ਏ ਸੀ ਲਗਵਾਇਆ ਗਿਆ।ਇਸ ਮੌਕੇ ਐੱਸ ਡੀ ਐੱਮ ਸੁਨਾਮ ਸ੍. ਗਗਨਦੀਪ ਸਿੰਘ ਤੇ ਨਗਰ ਕੌਂਸਲ ਦੇ ਪ੍ਰਧਾਨ ਮਨਪ੍ਰੀਤ ਬਾਂਸਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਵਾਰਡ ਦੇ ਕੌਂਸਲਰ ਮਾਹੀ ਮਹੰਤ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਕਲੱਬ ਦੇ ਪ੍ਰਧਾਨ ਪੁਨੀਤ ਜਿੰਦਲ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਨਗਰ ਕੌਂਸਲ ਦੇ ਪ੍ਰਧਾਨ ਮਨਪ੍ਰੀਤ ਬਾਂਸਲ ਦੇ ਸਹਿਯੋਗ ਤੇ ਪ੍ਰੇਰਣਾ ਸਦਕਾ ਕਲੱਬ ਵੱਲੋਂ ਲਾਇਬ੍ਰੇਰੀ ਵਿੱਚ ਏ ਸੀ ਲਗਵਾਇਆ ਗਿਆ ਹੈ ਤਾਂ ਕਿ ਵਿਦਿਆਰਥੀ ਗਰਮੀ ਦੇ ਮੌਸਮ ਵਿੱਚ ਵੀ ਆਪਣੀ ਪੜ੍ਹਾਈ ਨਿਰੰਤਰ ਜਾਰੀ ਰੱਖ ਸਕਣ।ਐੱਸ ਡੀ ਐੱਮ ਗਗਨਦੀਪ ਸਿੰਘ ਨੇ ਰੋਟਰੀ ਕਲੱਬ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹੋਰ ਸਮਾਜਸੇਵੀ ਸੰਸਥਾਵਾਂ ਨੂੰ ਵੀ ਸਮਾਜ ਦੀ ਬਿਹਤਰੀ ਲਈ ਅਜਿਹੇ ਪ੍ਰੋਜੈਕਟ ਲਗਾਉਣੇ ਚਾਹੀਦੇ ਹਨ। ਨਗਰ ਕੌਂਸਲ ਦੇ ਪ੍ਰਧਾਨ ਮਨਪ੍ਰੀਤ ਬਾਂਸਲ ਨੇ ਕਿਹਾ ਕਿ ਵਿਦਿਆਰਥੀ ਸਾਡੇ ਦੇਸ਼ ਦਾ ਭਵਿੱਖ ਹਨ ਤੇ ਅੱਜ ਰੋਟਰੀ ਕਲੱਬ ਵੱਲੋਂ ਲਗਵਾਇਆ ਗਿਆ ਏ ਸੀ ਵਿਦਿਆਰਥੀਆਂ ਲਈ ਬਹੁਤ ਸਹਾਈ ਹੋਵੇਗਾ। ਇਸ ਮੌਕੇ ਇਸ ਲਾਇਬ੍ਰੇਰੀ ਦੇ ਕੇਅਰ ਟੇਕਰ ਜੀਵਨ ਸਿੰਘ ਤੇ ਸਮੂਹ ਵਿਦਿਆਰਥੀਆ ਵੱਲੋਂ ਮਨਪ੍ਰੀਤ ਬਾਂਸਲ ਤੇ ਕਲੱਬ ਦੇ ਸਾਰੇ ਹੀ ਮੈਂਬਰਾਂ ਦਾ ਬਹੁਤ ਧੰਨਵਾਦ ਕੀਤਾ ਗਿਆ।ਇਸ ਸਮੇਂ ਕਲੱਬ ਦੇ ਸੈਕਟਰੀ ਨਵੀਨ ਸਿੰਗਲਾ, ਕੈਸ਼ੀਅਰ ਜਤਿੰਦਰ ਗੋਇਲ, ਵਾਈਸ ਪ੍ਰਧਾਨ ਮਨਦੀਪ ਗੋਇਲ, ਨਿਤੀਸ਼ ਗਰਗ, ਹਨੀਸ਼ ਸਿੰਗਲਾ, ਸਚਿਨ ਗਰਗ, ਸੌਰਬ ਬਾਂਸਲ, ਮੋਹਿਤ ਜਿੰਦਲ ਆਦਿ ਹਾਜ਼ਰ ਸਨ।

## ਫਿਲਮ 'ਸਤਲੁਜ' 'ਤੇ ਸੈਂਸਰ ਬੋਰਡ ਵੱਲੋਂ ਲਾਈ ਪਾਬੰਦੀ ਨਿੰਦਣਯੋਗ : ਜੋਗੇਵਾਲਾ, ਖੁਖਰਾਣਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੀਆਂ ਪ੍ਰਮੁੱਖ ਧਾਰਮਿਕ ਸ਼ਖਸੀਅਤਾਂ ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲਾ ਤੇ ਸੰਤ ਬਾਬਾ ਰੇਸ਼ਮ ਸਿੰਘ ਖਖਰਾਣਾ ਵੱਲੋਂ ਫਿਲਮ ਸਤਲੁਜ ਤੇ ਆਪਣੀ ਪ੍ਰਤੀਕਿਰਿਆ ਜਾਹਰ ਕਰਦਿਆਂ ਕਿਹਾ ਕਿ ਮਸ਼ਹੂਰ ਅਦਾਕਾਰ ਤੇ ਗਾਇਕ ਦਲਜੀਤ ਦੋਸਾਂਝ ਦੀ ਭਾਈ ਜਸਵੰਤ ਸਿੰਘ ਖਾਲਸਾ ਦੇ ਜੀਵਨ ਬਣੀ ਫਿਲਮ ਨੂੰ ਪਹਿਲਾਂ 95 ਦਾ ਨਾਮ ਦੇ ਕੇ ਰਿਲੀਜ਼ ਕੀਤਾ ਜਾਣਾ ਸੀ, ਪਰ ਸੈਂਸਰ ਦੇ ਕੱਟ ਤੇ ਬਾਅਦ ਵਿੱਚ ਫਿਲਮ ਦਾ ਨਾਂ ਬਦਲ ਕੇ 'ਸਤਲੁਜ' ਰਿਲੀਜ਼ ਕੀਤੀ ਗਈ ਸੀ, ਪਰ ਸੈਂਸਰ ਬੋਰਡ ਵੱਲੋਂ ਇਸ 'ਤੇ ਵੀ ਪਾਬੰਦੀ ਲਾ ਦਿੱਤੀ, ਜੋ ਅਤਿਅੰਤ ਮੰਦਭਾਗਾ।ਉਨ੍ਹਾਂ ਇਸ ਫੈਸਲੇ ਨੂੰ ਪੰਜਾਬ ਦੇ ਹੱਕਾਂ, ਇਤਿਹਾਸ ਤੇ ਪ੍ਰਗਟਾਵੇ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲਾ ਤੇ ਸੰਤ ਬਾਬਾ ਰੇਸ਼ਮ ਸਿੰਘ ਖੁਖਰਾਣਾ ਨੇ ਕਿਹਾ ਕਿ ਪੰਜਾਬ ਦੇ ਦਰਿਆਵਾਂ, ਪਾਣੀਆਂ ਤੇ ਇੱਥੋਂ ਦੇ ਸਮਾਜਿਕ ਮੁੱਦਿਆਂ 'ਤੇ ਬਣਨ ਵਾਲੀਆਂ ਫਿਲਮਾਂ ਹਮੇਸ਼ਾ ਹੀ ਸੱਚਾਈ ਦਾ ਸ਼ੀਸ਼ਾ ਹੁੰਦੀਆਂ ਹਨ।ਦਲਜੀਤ ਦੋਸਾਂਝ ਵਰਗੇ ਕਲਾਕਾਰ ਵੱਲੋਂ ਪੰਜਾਬ ਦੇ ਅਹਿਮ ਮੁੱਦਿਆਂ ਉੱਪਰ 'ਸਤਲੁਜ' ਫਿਲਮ ਬਣਾਉਣਾ ਇੱਕ ਸ਼ਲਾਘਾਯੋਗ ਕਦਮ ਸੀ।ਇਸ ਵਿੱਚ ਸਿੱਖਾਂ ਉੱਤੇ ਹੋਏ ਅੱਤਿਆਚਾਰ ਧੱਕੇਸ਼ਾਹੀਆਂ ਨੂੰ ਫਿਲਮ ਰਾਹੀਂ ਦਿਖਾਇਆ ਗਿਆ ਹੈ।ਭਾਈ ਜਸਵੰਤ ਸਿੰਘ ਖਾਲੜਾ, ਜੋ ਲਾਵਾਰਿਸ ਲਾਸ਼ਾਂ ਲੱਭਦੇ ਹੋਏ ਨੂੰ ਲਾਵਾਰਿਸ ਲਾਸ਼ ਬਣਾ ਦਿੱਤਾ ਗਿਆ ਸੀ, ਪਰ ਸੈਂਸਰ ਬੋਰਡ ਵੱਲੋਂ ਇਸ ਫਿਲਮ 'ਤੇ ਪਾਬੰਦੀ ਲਗਾ ਕੇ ਪੰਜਾਬ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਕੇਂਦਰ ਸਰਕਾਰ ਤੇ ਸੈਂਸਰ ਬੋਰਡ ਪਾਸੋਂ ਪੁਰਜ਼ੋਰ ਮੰਗ ਕੀਤੀ ਕਿ ਇਸ ਗ਼ੈਰ-ਜਮਹੂਰੀ ਫੈਸਲੇ 'ਤੇ ਤੁਰੰਤ ਮੁੜ ਵਿਚਾਰ ਕੀਤਾ ਜਾਵੇ, ਫਿਲਮ 'ਤੇ ਲੱਗੀ ਪਾਬੰਦੀ ਨੂੰ ਹਟਾਇਆ ਜਾਵੇ ਤੇ ਇਸ ਨੂੰ ਬਿਨਾਂ ਕਿਸੇ ਰੋਕ-ਟੋਕ ਦੇ ਦੁਬਾਰਾ ਚਾਲੂ (ਰਿਲੀਜ਼) ਕਰਨ ਦੀ ਇਜਾਜ਼ਤ ਦਿੱਤੀ ਜਾਵੇ।ਉਨ੍ਹਾਂ ਚੇਤਾਵਨੀ ਵੀ ਦਿੱਤੀ ਕਿ ਜੇਕਰ ਪੰਜਾਬ ਦੀ ਆਵਾਜ਼ ਨੂੰ ਇਸੇ ਤਰ੍ਹਾਂ ਦਬਾਇਆ ਗਿਆ ਤਾਂ ਸਮੁੱਚੇ ਪੰਜਾਬੀ ਤੇ ਇਨਸਾਫ਼ ਪਸੰਦ ਲੋਕ ਇਸ ਵਿਰੁੱਧ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।

# ਨਗਰ ਕੌਂਸਲ ਖੰਨਾ ਦੇ 90 ਸਾਲਾ ਇਤਿਹਾਸ 'ਚ ਪਹਿਲੀ ਵਾਰ 'ਮੀਡੀਆ ਐਮਰਜੈਂਸੀ'

### ਹਾਊਸ ਦੀ ਮੀਟਿੰਗ 'ਚ ਪੱਤਰਕਾਰਾਂ ਦੀ ਐਂਟਰੀ 'ਤੇ ਪਾਬੰਦੀ, ਸ਼ਹਿਰ 'ਚ ਛਿੜੀ ਵੱਡੀ ਚਰਚਾ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਖੰਨਾ ਨਗਰ ਕੌਂਸਲ ਦੇ ਕਰੀਬ 90 ਸਾਲਾਂ ਤੋਂ ਵੱਧ ਦੇ ਇਤਿਹਾਸ ਵਿੱਚ ਪਹਿਲੀ ਵਾਰ ਅਜਿਹਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨੂੰ ਕਈ ਲੋਕਾਂ ਨੇ 'ਮੀਡੀਆ ਐਮਰਜੈਂਸੀ' ਕਰਾਰ ਦਿੱਤਾ ਹੈ।ਨਵੀਂ ਬਣੀ ਨਗਰ ਕੌਂਸਲ ਦੇ ਹਾਊਸ ਦੀ ਪਹਿਲੀ ਹੀ ਮੀਟਿੰਗ ਦੌਰਾਨ ਮੀਡੀਆ ਕਰਮਚਾਰੀਆਂ ਨੂੰ ਹਾਊਸ ਦੇ ਅੰਦਰ ਜਾਣ ਤੋਂ ਰੋਕ ਦਿੱਤਾ ਗਿਆ ਤੇ ਮੀਟਿੰਗ ਦੀ ਕਵਰੇਜ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ।ਇਸ ਘਟਨਾ ਤੋਂ ਬਾਅਦ ਨਾ ਸਿਰਫ਼ ਸ਼ਹਿਰ ਵਿੱਚ ਚਰਚਾਵਾਂ ਦਾ ਦੌਰ ਸ਼ੁਰੂ ਹੋ ਗਿਆ, ਸਗੋਂ ਸੱਤਾ ਤੇ ਵਿਰੋਧੀ ਧਿਰ ਦੇ ਕਈ ਕੌਂਸਲਰਾਂ ਨੇ ਵੀ ਇਸ ਫੈਸਲੇ 'ਤੇ ਨਾਰਾਜ਼ਗੀ ਜਤਾਈ।ਜ਼ਿਕਰਯੋਗ ਹੈ ਕਿ ਖੰਨਾ ਨਗਰ ਕੌਂਸਲ ਦੇ ਇਤਿਹਾਸ ਵਿੱਚ ਪਹਿਲਾਂ ਕਦੇ ਵੀ ਮੀਡੀਆ ਨੂੰ ਹਾਊਸ ਦੀ ਕਾਰਵਾਈ ਕਵਰ ਕਰਨ ਤੋਂ ਨਹੀਂ ਰੋਕਿਆ ਗਿਆ।ਹਰ ਮੀਟਿੰਗ ਦੌਰਾਨ ਪੱਤਰਕਾਰ ਹਾਊਸ ਵਿੱਚ ਮੌਜੂਦ ਰਹਿੰਦੇ ਸਨ ਤੇ ਲੋਕ ਹਿੱਤ ਨਾਲ ਜੁੜੇ ਮੁੱਦਿਆਂ ਦੀ ਜਾਣਕਾਰੀ ਆਮ ਲੋਕਾਂ ਤੱਕ ਪਹੁੰਚਾਉਂਦੇ ਰਹੇ ਹਨ।ਇੱਥੋਂ ਤੱਕ ਕਿ ਹਾਲ ਹੀ ਵਿੱਚ ਕੌਂਸਲਰਾਂ ਦੇ ਸਹੁੰ ਚੁੱਕ ਸਮਾਗਮ ਤੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਦੌਰਾਨ ਵੀ ਮੀਡੀਆ ਨੂੰ ਹਾਊਸ ਵਿੱਚ ਦਾਖ਼ਲੇ ਦੀ ਪੂਰੀ ਇਜਾਜ਼ਤ ਸੀ, ਪਰ ਪਹਿਲੀ ਆਮ ਹਾਊਸ ਮੀਟਿੰਗ ਦੌਰਾਨ ਅਚਾਨਕ ਮੀਡੀਆ ਦੀ ਐਂਟਰੀ 'ਤੇ ਰੋਕ ਲਗਾ ਦਿੱਤੀ ਗਈ।ਕਈ ਕੌਂਸਲਰਾਂ ਨੇ ਖੁੱਲ੍ਹ ਕੇ ਇਸ ਫੈਸਲੇ ਦਾ ਵਿਰੋਧ ਕੀਤਾ।

ਆਮ ਆਦਮੀ ਪਾਰਟੀ ਦੇ ਕੌਂਸਲਰ ਪਰਮਪ੍ਰੀਤ ਸਿੰਘ ਪੌਂਪੀ ਤੇ ਸੁਨੀਲ ਕੁਮਾਰ ਨੀਟਾ ਨੇ ਮੀਡੀਆ 'ਤੇ ਲਗਾਈ ਗਈ ਪਾਬੰਦੀ ਨੂੰ ਗਲਤ ਕਰਾਰ ਦਿੰਦਿਆਂ ਕਿਹਾ ਕਿ ਲੋਕਤੰਤਰ ਵਿੱਚ ਪਾਰਦਰਸ਼ਤਾ ਬਣਾਈ ਰੱਖਣ ਲਈ ਮੀਡੀਆ ਦੀ ਮੌਜੂਦਗੀ ਜ਼ਰੂਰੀ ਹੈ।ਕਾਂਗਰਸ ਦੇ ਕੌਂਸਲਰ ਹਰਦੀਪ ਸਿੰਘ ਨੀਨੂ, ਰਵਿੰਦਰ ਸਿੰਘ ਬੱਬੂ ਤੇ ਰਜਨੀ ਨਾਗਪਾਲ ਨੇ ਵੀ ਇਸ ਫੈਸਲੇ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰ ਹਨੀ ਰੋਸ਼ਾ ਨੇ ਕਿਹਾ ਕਿ ਖੰਨਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਤੇ ਇਹ ਪ੍ਰੰਪਰਾਵਾਂ ਦੇ ਉਲਟ ਹੈ।ਇਸ ਮਾਮਲੇ 'ਤੇ ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਯਾਦੂ ਨੇ ਵੀ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ ਨੂੰ ਜ਼ਬਰਦਸਤੀ ਰੋਕਣਾ ਧੱਕੇਸ਼ਾਹੀ ਹੈ ਤੇ ਇਹ ਲੋਕਤੰਤਰ 'ਤੇ ਸਿੱਧਾ ਹਮਲਾ ਹੈ, ਜਿਸ ਦਾ ਲੋਕ ਸਮੇਂ ਸਿਰ ਜਵਾਬ ਦੇਣਗੇ।

ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਸੀਨੀਅਰ ਕੌਂਸਲਰ ਰਾਜਿੰਦਰ ਸਿੰਘ ਜੀਤ ਨੇ ਕਿਹਾ ਕਿ ਹਾਊਸ ਦੀ ਕਾਰਵਾਈ ਤੇ ਹਾਊਸ ਵਿੱਚ ਕਿਸ ਨੂੰ ਬੈਠਣ ਦੀ ਇਜਾਜ਼ਤ ਦੇਣੀ ਹੈ, ਇਹ ਪ੍ਰਧਾਨ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ।ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਚਰਨਜੀਤ ਸਿੰਘ ਨੇ ਵੀ ਇਹੀ ਸਪੱਸ਼ਟ ਕੀਤਾ ਕਿ ਹਾਊਸ ਦੇ ਸੰਚਾਲਨ ਤੇ ਦਾਖ਼ਲੇ ਸਬੰਧੀ ਅੰਤਿਮ ਫੈਸਲਾ ਪ੍ਰਧਾਨ ਦਾ ਹੁੰਦਾ ਹੈ।ਹਾਲਾਂਕਿ, ਇਸ ਫੈਸਲੇ ਨੇ ਖੰਨਾ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ ਤੇ ਲੋਕਾਂ ਵਿੱਚ ਇਹ ਸਵਾਲ ਉੱਠ ਰਹੇ ਹਨ ਕਿ ਜੇਕਰ ਹਾਊਸ ਦੀ ਕਾਰਵਾਈ ਜਨਹਿੱਤ ਨਾਲ ਜੁੜੀ ਹੈ ਤਾਂ ਮੀਡੀਆ ਨੂੰ ਉਸ ਤੋਂ ਦੂਰ ਰੱਖਣ ਦੀ ਲੋੜ ਆਖ਼ਿਰ ਕਿਉਂ ਪਈ ?

## ਪੀ ਏ ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਆਂਗਨਵਾੜੀ ਵਰਕਰਾਂ ਲਈ ਸਿਖਲਾਈ ਕੋਰਸ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਆਈ.ਸੀ.ਏ.ਆਰ.- ਏ ਟੀ ਏ ਆਰ ਆਈ ਜ਼ੋਨ-1 ਲੁਧਿਆਣਾ ਦੀ ਰਹਿਨੁਮਾਈ ਹੇਠ ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਵੱਲੋਂ ਆਂਗਣਵਾੜੀ ਵਰਕਰਾਂ ਲਈ 'ਪ੍ਰੀ-ਸਕੂਲ ਬੱਚਿਆਂ ਲਈ ਪੌਸ਼ਟਿਕ ਵਿਅੰਜਨ ਤੇ ਰਚਨਾਤਮਕ ਗਤੀਵਿਧੀਆਂ' ਵਿਸ਼ੇ 'ਤੇ ਇੱਕ ਦਿਨਾ ਇਨ-ਸਰਵਿਸ ਸਿਖਲਾਈ ਕੋਰਸ ਕਰਵਾਇਆ ਗਿਆ।ਇਸ ਵਿੱਚ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਬਲਾਕਾਂ ਦੀਆਂ 25 ਆਂਗਣਵਾੜੀ ਵਰਕਰਾਂ ਨੇ ਭਾਗ ਲਿਆ।ਇਹ ਸਿਖਲਾਈ ਕੋਰਸ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਇਸ ਕੋਰਸ ਦੌਰਾਨ ਡਾ. ਵਿਤਾਸਤਾ ਧਵਨ, ਸਹਾਇਕ ਪ੍ਰੋਫੈਸਰ (ਗ੍ਰਹਿ ਵਿਗਿਆਨ), ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਬੱਚਿਆਂ ਦੇ ਜੀਵਨ ਦੇ ਨਿਰਮਾਣਕਾਰੀ ਸਾਲਾਂ ਦੌਰਾਨ ਸੰਤੁਲਿਤ ਪੋਸ਼ਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਦੱਸਿਆ ਕਿ ਸ਼ੁਰੂਆਤੀ ਬਚਪਨ ਦੌਰਾਨ ਢੁੱਕਵਾਂ ਤੇ ਪੌਸ਼ਟਿਕ ਭੋਜਨ ਸਰੀਰਕ ਵਿਕਾਸ, ਬੌਧਿਕ ਵਿਕਾਸ, ਇਮਿਊਨਿਟੀ ਵਧਾਉਣ ਤੇ ਸਮੁੱਚੀ ਤੰਦਰੁਸਤੀ ਲਈ ਜ਼ਰੂਰੀ ਹੈ।ਇਸ ਤੋਂ ਇਲਾਵਾ ਉਨ੍ਹਾਂ ਬੱਚਿਆਂ ਵਿੱਚ ਹੱਥਾਂ ਦੀ ਨਿਪੁੰਨਤਾ, ਹੱਥ-ਅੱਖ ਦੇ ਤਾਲਮੇਲ, ਰਚਨਾਤਮਕਤਾ, ਸਮੱਸਿਆ ਹੱਲ ਕਰਨ ਦੀ ਯੋਗਤਾ ਤੇ ਬੌਧਿਕ ਵਿਕਾਸ ਨੂੰ ਵਧਾਉਣ ਲਈ ਵੱਖ-ਵੱਖ ਆਕਰਸ਼ਕ ਗਤੀਵਿਧੀਆਂ ਦਾ ਪ੍ਰਦਰਸ਼ਨ ਕੀਤਾ।ਬੱਚਿਆਂ ਵਿੱਚ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਤ ਕਰਨ ਲਈ ਸਿਖਿਆਰਥੀਆਂ ਨੂੰ ਸਥਾਨਕ ਤੌਰ 'ਤੇ ਉਪਲਬਧ ਸਮੱਗਰੀ ਨਾਲ ਆਸਾਨੀ ਨਾਲ ਤਿਆਰ ਕੀਤੇ ਜਾ ਸਕਣ ਵਾਲੇ ਕਈ ਸਧਾਰਨ, ਪੌਸ਼ਟਿਕ ਤੇ ਘੱਟ ਲਾਗਤ ਵਾਲੇ ਖਾਣਿਆਂ ਤੋਂ ਜਾਣੂ ਕਰਵਾਇਆ ਗਿਆ।ਅਖੀਰ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਬੱਚਿਆਂ ਦੇ ਪੋਸ਼ਣ ਸਬੰਧੀ ਪੀ.ਏ.ਯੂ. ਦਾ ਸਾਹਿਤ ਵੰਡਿਆ ਗਿਆ।

## ਮਿਸ਼ਨ ਹਰਿਆਲੀ ਤਹਿਤ ਸਕੂਲ 'ਚ ਬੂਟੇ ਲਾਏ

**ਭੀਖੀ (ਗੁਰਿੰਦਰ ਸਿੰਘ ਔਲਖ)**-ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਚੱਲ ਰਹੀ ਸੰਸਥਾ ਮਾਡਰਨ ਸੈਕੂਲਰ ਪਬਲਿਕ ਸਕੂਲ ਭੀਖੀ ਵਿਖੇ ਆਪਣਾ ਪੰਜਾਬ ਫਾਊਂਡੇਸ਼ਨ ਤਹਿਤ ਉਲੀਕੇ ਗਏ ਪ੍ਰੋਗਰਾਮ ਮਿਸ਼ਨ ਹਰਿਆਲੀ 2026 ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸੰਸਥਾ ਦੇ ਚੇਅਰਮੈਨ ਸਰਦਾਰ ਹਰਪਾਲ ਸਿੰਘ ਤੇ ਡਿਪਟੀ ਡਾਇਰੈਕਟਰ ਮੈਡਮ ਗੁਰਵਿੰਦਰ ਕੌਰ, ਕਾਲਜ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮਿਸ਼ਨ ਹਰਿਆਲੀ 2026 ਨਾਂ ਦੀ ਇਸ ਮੁਹਿੰਮ ਦਾ ਸਾਥ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ ਪੰਜਾਬ ਤੇ ਹੋਰ ਸੰਸਥਾਵਾਂ ਵੀ ਦੇ ਰਹੀਆਂ ਹਨ । ਇਸ ਮੁਹਿੰਮ ਵਿੱਚ 5 ਜੁਲਾਈ ਤੋਂ 15 ਜੁਲਾਈ ਤੱਕ ਸਕੂਲ ਦਾ ਹਰ ਇੱਕ ਵਿਦਿਆਰਥੀ ਇਕ ਇਕ ਬੂਟਾ ਲਗਾਵੇਗਾ ਤੇ ਉਸ ਦੀ ਸੰਭਾਲ ਕਰੇਗਾ।ਇਸ ਵਿਸ਼ਵ ਰਿਕਾਰਡ ਬਣਾਏ ਜਾਣ ਦੀ ਮੁਹਿੰਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਆਨਲਾਈਨ ਸਰਟੀਫਿਕੇਟ ਜਾਰੀ ਕੀਤੇ ਜਾਣਗੇ, ਜਿਨ੍ਹਾਂ ਦਾ ਜ਼ਿਕਰ ਉਨ੍ਹਾਂ ਦੀ ਰਿਪੋਰਟ ਕਾਰਡ ਵਿੱਚ ਹੋਵੇਗਾ।ਇਹ ਬੂਟੇ ਪੰਚਾਇਤੀ ਜ਼ਮੀਨਾਂ, ਸੜਕਾਂ ਦੇ ਆਸੇ ਪਾਸੇ, ਪਾਰਕਾਂ ਤੇ ਸੰਸਥਾਵਾਂ ਵਿੱਚ ਉਨ੍ਹਾਂ ਦੀ ਆਗਿਆ ਲੈ ਕੇ ਲਗਾਏ ਜਾਣਗੇ।ਸੰਸਥਾ ਦੇ ਪ੍ਰਿੰਸੀਪਲ ਅਮਨਦੀਪ ਦੋਦਰੀਆਂ ਨੇ ਦੱਸਿਆ ਕਿ ਸਕੂਲੀ ਬੱਚਿਆਂ ਵਿੱਚ ਬੂਟੇ ਲਗਾ ਕੇ ਵਿਸ਼ਵ ਰਿਕਾਰਡ ਬਣਾਏ ਜਾਣ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਸਕੂਲ ਦੇ ਸਮੂਹ ਵਿਦਿਆਰਥੀਆਂ ਦੇ ਨਾਲ ਨਾਲ ਉਨ੍ਹਾਂ ਦੇ ਮਾਤਾ-ਪਿਤਾ ਤੇ ਸਟਾਫ ਵੀ ਮਿਸ਼ਨ ਹਰਿਆਲੀ ਵਿੱਚ ਭਾਗ ਲੈਣਗੇ।

# ਸੰਜੀਵ ਗਰਗ ਵਿਕਸਿਤ ਭਾਰਤ ਜੀ ਰਾਮ ਜੀ ਸੈੱਲ ਪੰਜਾਬ ਦੇ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਭਾਰਤੀ ਜਨਤਾ ਪਾਰਟੀ (ਬੀਜੇਪੀ) ਦੇ ਜ਼ਿਲ੍ਹਾ ਪਟਿਆਲਾ ਦੇ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ ਦੇ ਦਫ਼ਤਰ ਵਿਖੇ ਇੱਕ ਅਹਿਮ ਸਿਆਸੀ ਮੀਟਿੰਗ ਹੋਈ।ਇਸ ਮੌਕੇ ਵਿਕਸਿਤ ਭਾਰਤ ਜੀ ਰਾਮ ਜੀ ਸੈੱਲ ਪੰਜਾਬ ਦੇ ਚੇਅਰਮੈਨ ਭੀਮ ਸਿੰਘ ਕੋਟਲੀ ਤੇ ਜਨਰਲ ਸਕੱਤਰ ਪੰਜਾਬ ਸਤਪਾਲ ਸਿੰਘ ਪੂਨੀਆ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨਾਲ ਹਲਕਾ ਸਨੌਰ ਤੋਂ ਕਿਸਾਨ ਵਿੰਗ ਦੇ ਪ੍ਰਧਾਨ ਹਰਜਿੰਦਰ ਸਿੰਘ ਤੇ ਜੈਮਲ ਸਿੰਘ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ।ਦਫ਼ਤਰ ਪਹੁੰਚਣ 'ਤੇ ਸੰਜੀਵ ਗਰਗ ਵੱਲੋਂ ਸਮੂਹ ਆਗੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਦੌਰਾਨ ਪੰਜਾਬ ਦੀ ਸਿਆਸਤ, ਖ਼ਾਸ ਕਰਕੇ ਸਮਾਣਾ ਹਲਕੇ ਵਿੱਚ ਚੱਲ ਰਹੀਆਂ ਸਿਆਸੀ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਸੈੱਲ ਦੇ ਪੰਜਾਬ ਚੇਅਰਮੈਨ ਭੀਮ ਸਿੰਘ ਕੋਟਲੀ ਨੇ ਸੰਜੀਵ ਗਰਗ ਨੂੰ ਵਿਕਸਿਤ ਭਾਰਤ ਜੀ ਰਾਮ ਜੀ ਸੈੱਲ ਦਾ ਸੋਸ਼ਲ ਮੀਡੀਆ ਇੰਚਾਰਜ ਨਿਯੁਕਤ ਕਰਦਿਆਂ ਉਨ੍ਹਾਂ ਨੂੰ ਅਧਿਕਾਰਤ ਨਿਯੁਕਤੀ ਪੱਤਰ ਸੌਂਪਿਆ ਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਸੰਜੀਵ ਗਰਗ ਨੇ ਕਿਹਾ ਕਿ ਉਹ ? ਮਹਾਰਾਣੀ ਪਰਨੀਤ ਕੌਰ, ਬੀਬਾ ਜੈ ਇੰਦਰ ਕੌਰ ਤੇ ਜ਼ਿਲ੍ਹਾ ਪ੍ਰਧਾਨ ਹਰਮੇਸ਼ ਡਕਾਲਾ ਦਾ ਤਹਿ ਦਿਲੋਂ ਧੰਨਵਾਦੀ ਹਾਂ, ਜਿਨ੍ਹਾਂ ਦੀ ਸਿਫ਼ਾਰਸ਼ 'ਤੇ ਉਨ੍ਹਾ ਨੂੰ ਇਹ ਜ਼ਿੰਮੇਵਾਰੀ ਮਿਲੀ ਹੈ।ਲੀਡਰਸ਼ਿਪ ਨੇ ਉਨ੍ਹਾ 'ਤੇ ਜੋ ਭਰੋਸਾ ਜਤਾਇਆ ਹੈ, ਉਸ ਨੂੰ ਉਹ ਪੂਰੀ ਮਿਹਨਤ, ਲਗਨ ਤੇ ਹਾਈਕਮਾਂਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰ ਸੰਭਵ ਤਰੀਕੇ ਨਾਲ ਪੂਰਾ ਕਰਨਗੇ।

## ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ

**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਬੀ ਏ ਭਾਗ ਤੀਜਾ ਸਮੈਸਟਰ ਪੰਜਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਅਮਨਜੀਤ ਸਿੰਘ ਤੇ ਮਨਪ੍ਰੀਤ ਕੌਰ ਨੇ ਦੱਸਿਆ ਕਿ ਕਰਨਵੀਰ ਸਿੰਘ ਤੇ ਕਮਲਦੀਪ ਕੌਰ ਨੇ 500 ਅੰਕਾਂ ਵਿੱਚੋਂ 455 ਅੰਕ ਪ੍ਰਾਪਤ ਕਰਕੇ ਪਹਿਲਾ, ਮਨਦੀਪ ਕੌਰ ਨੇ 454 ਅੰਕ ਪ੍ਰਾਪਤ ਕਰਕੇ ਦੂਜਾ, ਸਿਮਰਨਜੀਤ ਕੌਰ ਨੇ 447 ਅੰਕ ਪ੍ਰਾਪਤ ਕਰਕੇ ਤੀਸਰਾ, ਲਖਬੀਰ ਸਿੰਘ ਤੇ ਰੋਹਿਤ ਸ਼ਰਮਾ ਨੇ 445 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਨੇ ਚੰਗੇ ਅੰਕ ਪ੍ਰਾਪਤ ਕਰਕੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਦੇ ਨਾਲ਼ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਖੇਤਰ ਦੇ ਨਾਲ਼-ਨਾਲ਼ ਸਮਾਜਿਕ, ਬੌਧਿਕ, ਨੈਤਿਕ ਕਦਰਾਂ ਕੀਮਤਾਂ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਲਈ ਵੀ ਕਿਹਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਦੇ ਜੀਵਨ ਤੇ ਸਿੱਖਿਆਵਾਂ 'ਤੇ ਫਿਲਮ ਦਿਖਾਈ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਤੇ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ ਦੇ ਉਪਰਾਲੇ ਤਹਿਤ ਪਿੰਡ ਬਿਲਾਸਪੁਰ ਤੇ ਮਾਛੀਕੇ ਵਿਖੇ ਦਸਤਾਵੇਜ਼ੀ ਫਿਲਮ ਦਿਖਾਈ ਗਈ।30 ਮਿੰਟ ਦੀ ਇਸ ਦਸਤਾਵੇਜ਼ੀ ਫਿਲਮ ਦਾ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਅਨੰਦ ਮਾਣਿਆ।ਇਸ ਮੌਕੇ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨਾਲ ਸੰਬੰਧਤ ਲਿਟਰੇਚਰ ਵੀ ਵੰਡਿਆ ਗਿਆ। ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ, ਖਾਸ ਕਰਕੇ ਨੌਜਵਾਨ ਪੀੜ੍ਹੀ, ਗੁਰੂ ਜੀ ਦੇ ਭੇਦਭਾਵ ਰਹਿਤ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਪ੍ਰੇਰਿਤ ਹੋ ਸਕੇ।ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਤੇ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹਰੇਕ ਪਿੰਡ ਵਿੱਚ ਇਸ ਦਸਤਾਵੇਜ਼ੀ ਸ਼ੋਅ ਨੂੰ ਦਿਖਾਇਆ ਜਾਵੇਗਾ।ਉਨ੍ਹਾਂ ਪਿੰਡਾਂ ਦੇ ਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਇਸ ਦਸਤਾਵੇਜ਼ੀ ਨੂੰ ਦੇਖਣ ਪਰਵਾਰਾਂ ਸਮੇਤ ਜ਼ਰੂਰ ਪੁੱਜਣ ਤਾਂ ਜੋ ਅਸੀਂ ਆਪਣੇ ਬੱਚਿਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਸਿੱਖਿਆਵਾਂ ਤੋਂ ਜਾਣੂੰ ਕਰਵਾ ਸਕੀਏ।

## ਬਜ਼ੁਰਗਾਂ ਦੀ ਸੇਵਾ ਦੀ ਮਿਸਾਲ : ਭੋਗ ਮੌਕੇ ਨੂੰਹਾਂ ਦਾ ਸਨਮਾਨ

**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਦੌਲਤਪੁਰਾ ਵਿਖੇ ਮਾਤਾ ਤੇਜ ਕੌਰ ਧਰਮਪਤਨੀ ਯੋਧਾ ਸਿੰਘ ਸਮਰਾ ਦੇ ਭੋਗ ਤੇ ਅੰਤਿਮ ਅਰਦਾਸ ਮੌਕੇ ਮਾਤਾ ਦੀ 17 ਸਾਲ ਤੋਂ ਸੇਵਾ ਕਰਨ ਵਾਲੀਆਂ ਨੂੰਹਾਂ ਗੁਰਪ੍ਰੀਤ ਕੌਰ ਤੇ ਸੰਦੀਪ ਕੌਰ ਨੂੰ ਬਾਬਾ ਮਹਿੰਗਾ ਸਿੰਘ ਪਾਰਕ ਟੀਮ ਤੇ ਸਮੂਹ ਨਗਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਮਾਤਾ ਤੇਜ ਕੌਰ ਪਿਛਲੇ 17 ਸਾਲਾਂ ਤੋਂ ਬੀਮਾਰ ਚੱਲ ਰਹੇ ਸਨ । ਇਸ ਦੌਰਾਨ ਦੋਹਾਂ ਨੂੰਹਾਂ ਨੇ ਸਮੇਂ ਸਿਰ ਦਵਾਈ, ਲੰਗਰ-ਪਾਣੀ ਦੇ ਨਾਲ-ਨਾਲ ਸਾਫ-ਸਫਾਈ ਦਾ ਬਹੁਤ ਵਧੀਆ ਢੰਗ ਨਾਲ ਖਿਆਲ ਰੱਖਿਆ।ਇਸ ਮੌਕੇ ਬਾਬਾ ਮਹਿੰਗਾ ਸਿੰਘ ਪਾਰਕ ਟੀਮ ਦੇ ਬੁਲਾਰੇ ਬਾਬਾ ਅਜਮੇਰ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ 'ਚ ਬਜ਼ੁਰਗਾਂ ਦੀ ਸੇਵਾ ਹੀ ਸਭ ਤੋਂ ਵੱਡੀ ਸੇਵਾ ਹੈ।ਗੁਰਬਾਣੀ ਵੀ ਸਾਨੂੰ ਇਹੀ ਸੰਦੇਸ਼ ਦਿੰਦੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪਰਵਾਰਾਂ ਤੋਂ ਸਮਾਜ ਨੂੰ ਸੇਧ ਲੈਣੀ ਚਾਹੀਦੀ ਹੈ।ਇਸ ਸਮਾਗਮ 'ਚ ਰਾਗੀ ਭਾਈ ਪ੍ਰੇਮ ਇੰਦਰਜੀਤ ਸਿੰਘ ਕੈਨੇਡਾ ਵਾਲਿਆਂ ਨੇ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸੰਜੀਤ ਸਿੰਘ ਸਨੀ ਗਿੱਲ, ਮਾਲਵਿਕਾ ਸੂਦ, ਸੱਚਰ ਸੀਰਾ ਚੱਕਰ, ਰਵਦੀਪ ਸਿੰਘ ਦਾਰਾਪੁਰ, ਗੁਰਦਰਸ਼ਨ ਸਿੰਘ ਢਿੱਲੋਂ, ਗੁਰਚਰਨ ਸਿੰਘ ਕਾਲੀਏ ਵਾਲਾ, ਅੰਗਰੇਜ਼ ਸਿੰਘ ਸਾਬਕਾ ਸਰਪੰਚ, ਜਗਰੂਪ ਸਿੰਘ ਕਿਸਾਨ ਆਗੂ, ਪ੍ਰੋਫੈਸਰ ਬਲਵਿੰਦਰ ਸਿੰਘ, ਮਾਸਟਰ ਬਲਕਰਨ ਸਿੰਘ, ਗ੍ਰੰਥੀ ਭਾਈ ਰਣਜੀਤ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

## ਨਵੀਂ ਲੈਂਡ ਪੂਲਿੰਗ ਨੀਤੀ ਲਾਗੂ ਕਰਨ 'ਚ ਸਰਕਾਰ ਕਦੇ ਵੀ ਸਫ਼ਲ ਨਹੀਂ ਹੋਵੇਗੀ : ਆਨੰਦ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਮਾਛੀਵਾੜਾ ਇੰਮਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਸ਼ਕਤੀ ਆਨੰਦ ਤੇ ਮਾਛੀਵਾੜਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਐਡਵੋਕੇਟ ਕਪਿਲ ਆਨੰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਨੀਤੀ ਨੂੰ ਲੈ ਕੇ ਕਿਸਾਨਾਂ ਤੇ ਵਿਰੋਧੀ ਧਿਰਾਂ ਵੱਲੋਂ ਭਾਰੀ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਵੀ ਸਰਕਾਰ ਨੂੰ ਇਹ ਨੀਤੀ ਵਾਪਸ ਲੈਣੀ ਪਈ ਸੀ ਅਤੇ ਮੌਜੂਦਾ ਸਥਿਤੀ 'ਚ ਇਸ ਨੂੰ ਨਵੀਆਂ ਤਬਦੀਲੀਆਂ ਕਰਕੇ ਮੁੜ ਲਿਆਂਦਾ ਗਿਆ ਹੈ, ਜਿਸ ਤੋਂ ਬਾਅਦ ਕਿਸਾਨਾਂ 'ਚ ਮੁੜ ਤੋਂ ਰੋਸ ਪਾਇਆ ਜਾ ਰਿਹਾ ਹੈ ਅਤੇ ਉਹ ਸੰਘਰਸ਼ ਦੀਆਂ ਤਿਆਰੀਆਂ ਕਰ ਰਹੇ ਹਨ। ਸ਼ਕਤੀ ਆਨੰਦ ਤੇ ਕਪਿਲ ਆਨੰਦ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਨੂੰ ਡਰ ਹੈ ਕਿ ਇਸ ਨੀਤੀ ਰਾਹੀਂ ਸਰਕਾਰ ਜ਼ਬਰਦਸਤੀ ਜ਼ਮੀਨਾਂ ਹਥਿਆ ਰਹੀ ਹੈ, ਜਿਸ ਨਾਲ ਉਨ੍ਹਾਂ ਦਾ ਖੇਤੀ ਤੇ ਰੁਜ਼ਗਾਰ ਖਤਮ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਵੀ ਕਿਸਾਨਾਂ ਦਾ ਡੱਟ ਕੇ ਸਾਥ ਦਿੰਦਿਆਂ ਇਸ ਨੀਤੀ ਖਿਲਾਫ਼ ਭਾਰੀ ਰੋਸ ਪ੍ਰਦਰਸ਼ਨ ਤੇ ਟਰੈਕਟਰ ਮਾਰਚ ਕੱਢੇ ਗਏ ਸਨ। ਸ਼ਕਤੀ ਆਨੰਦ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਮਿਲ ਕੇ ਖੇਤੀ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹੱਥ 'ਚ ਦੇਣ ਦੀ ਤਿਆਰੀ 'ਚ ਹਨ, ਜਿਸ ਵਿੱਚ ਉਹ ਕਾਮਯਾਬ ਨਹੀਂ ਹੋਵੇਗੀ।

# ਕਾਂਗਰਸ ਆਗੂ ਦਰਜਨਾਂ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

## ਪਿੰਡਾਂ ਦੇ ਲੋਕ 'ਆਪ' ਨਾਲ ਜੁੜਨ ਲਈ ਆਪ ਮੁਹਾਰੇ ਅੱਗੇ ਆ ਰਹੇ ਹਨ : ਹਡਾਣਾ

**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵੀ ਹਲਕੇ ਦੇ ਲੋਕਾਂ ਨੂੰ ਪਾਰਟੀ ਨਾਲ ਜੋੜਨ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੇ।ਬੀਤੇ ਦਿਨ ਉਨ੍ਹਾਂ ਨੇ ਕਾਂਗਰਸ ਪਾਰਟੀ ਦੇ ਬਹੁਤ ਹੀ ਪੁਰਾਣੇ ਆਗੂ ਤਿਲਕ ਰਾਜ ਸ਼ਰਮਾ ਤੇ ਵਿੱਕੀ ਸ਼ਰਮਾ ਨੂੰ ਉਨ੍ਹਾਂ ਦੇ ਦਰਜਨਾਂ ਸਾਥੀਆਂ ਸਮੇਤ ਤਿਲਕ ਰਾਜ ਸ਼ਰਮਾ ਦੇ ਡੇਰੇ ਉੱਪਰ ਇੱਕ ਵੱਡੇ ਇਕੱਠ ਰਾਹੀਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ। ਉਸ ਉਪਰੰਤ ਬੀਤੀ ਸ਼ਾਮ ਸਰਗਰਮ ਆਗੂ ਡਾ. ਰਣਜੀਤ ਸਿੰਘ ਸੰਧੂ ਵੀ ਆਪਣੇ ਕਈ ਸਾਥੀਆਂ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ, ਜਿਸ ਨਾਲ ਹਲਕੇ ਅੰਦਰ 'ਆਪ' ਨੂੰ ਵੱਡਾ ਬਲ ਮਿਲੇਗਾ।ਇਨ੍ਹਾਂ ਸਮਾਗਮਾਂ ਮੌਕੇ ਚੇਅਰਮੈਨ ਬਲਦੇਵ ਸਿੰਘ, ਦਵਿੰਦਰ ਸਿੰਘ ਮਾੜੂ, ਰਾਜਾ ਧੰਜੂ ਸਰਪੰਚ, ਲਾਲੀ ਰਹਿਲ ਪੀ.ਏ., ਸਿਮਰਜੀਤ ਸਿੰਘ ਸੋਹਲ ਉੱਪ-ਚੇਅਰਮੈਨ, ਗੁਰਿੰਦਰ ਸਿੰਘ ਅਦਾਲਤੀਵਾਲਾ, ਲਖਵੀਰ ਸਿੰਘ ਕਪੂਰੀ ਮੀਤ ਪ੍ਰਧਾਨ, ਦਾਨੂੰ ਲਾਂਬਾ, ਮਨਿੰਦਰ ਫਰਾਂਸਵਾਲਾ ਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਇਨ੍ਹਾਂ ਦੋਵਾਂ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਇਹ ਸਾਰੇ ਉਪਰਾਲੇ ਤੇ ਵੱਡੀਆਂ ਜੁਆਇਨਿੰਗਾਂ ਨਗਰ ਕੌਂਸਲ ਦੇਵੀਗੜ੍ਹ ਦੇ ਵਾਰਡਾਂ ਦੇ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਕੀਤੀਆਂ ਗਈਆਂ ਹਨ, ਤਾਂ ਜੋ ਇਲਾਕੇ ਦੇ ਲੋਕਾਂ ਨੂੰ ਹਰ ਸਹੂਲਤ ਪਹਿਲ ਦੇ ਆਧਾਰ 'ਤੇ ਮਿਲ ਸਕੇ।ਉਨ੍ਹਾਂ ਕਿਹਾ ਕਿ ਉਹ 'ਆਪ' ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਰਹੇ ਹਨ ਤੇ ਇਸੇ ਵਾਸਤੇ ਉਨ੍ਹਾਂ ਨੇ ਪਿੰਡ-ਪਿੰਡ ਸੱਥਾਂ ਵਿੱਚ ਜਾ ਕੇ ਲੋਕਾਂ ਨੂੰ ਲਾਮਬੰਦ ਕਰਨਾ ਸ਼ੁਰੂ ਕੀਤਾ ਹੋਇਆ ਹੈ, ਜਿੱਥੇ ਲੋਕਾਂ ਨੂੰ ਸਰਕਾਰ ਦੀਆਂ ਲੋਕ-ਪੱਖੀ ਸਕੀਮਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ।

## ਧੂਰੀ ਵਿਕਾਸ ਮੰਚ ਦੇ ਪ੍ਰਧਾਨ ਅਮਨ ਗਰਗ ਨੂੰ ਸਦਮਾ, ਮਾਤਾ ਦਾ ਦਿਹਾਂਤ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਗਰਗ ਗੰਨ ਹਾਊਸ ਧੂਰੀ ਦੇ ਮਾਲਕ ਰਾਮ ਜੀ ਦਾਸ ਗਰਗ ਤੇ ਧੂਰੀ ਵਿਕਾਸ ਮੰਚ ਦੇ ਪ੍ਰਧਾਨ ਅਮਨ ਗਰਗ (ਕਾਲਾ), ਰਾਜਨ ਗਰਗ ਨੂੰ ਉਸ ਵੇਲੇ ਡੂੰਘਾ ਸਦਮਾ ਪੁੱਜਿਆ, ਜਦੋਂ ਬੀਤੇ ਸ਼ਾਮ ਉਨ੍ਹਾਂ ਦੇ ਸਤਿਕਾਰ ਯੋਗ ਮਾਤਾ ਸ੍ਰੀਮਤੀ ਸੁਮਨ ਰਾਣੀ ਗਰਗ (70) ਅਚਾਨਕ ਸਦੀਵੀਂ ਵਿਛੋੜਾ ਦੇ ਗਏ।ਉਹ ਪਿਛਲੇ ਕਾਫੀ ਸਮੇਂ ਤੋਂ ਕੈਂਸਰ ਦੀ ਬਿਮਾਰੀ ਕਾਰਨ ਪੀੜਤ ਸਨ।ਵਿੱਛੜੀ ਰੂਹ ਦਾ ਅੰਤਿਮ ਸੰਸਕਾਰ ਸਥਾਨਕ ਰਾਮਬਾਗ ਵਿਖੇ ਕੀਤਾ ਗਿਆ।ਉਨ੍ਹਾਂ ਦੀ ਅੰਤਿਮ ਯਾਤਰਾ 'ਚ ਸ਼ਹਿਰ ਦੀਆਂ ਵੱਖ ਵੱਖ ਧਾਰਮਿਕ ਤੇ ਸਮਾਜ ਸੇਵੀ ਸੰਸਥਾਵਾਂ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ, ਇਲਾਕੇ ਦੇ ਸਰਪੰਚਾਂ, ਪੰਚਾਂ, ਪਤਵੰਤਿਆਂ ਤੇ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰੀਆਂ ਨੇ ਸ਼ਿਰਕਤ ਕੀਤੀ।

## ਲੇਖਕ ਬਲਬੀਰ ਸਿੰਘ ਸਰਾਂ ਦੀ ਕਿਤਾਬ 'ਨਸ਼ਾ-ਇੱਕ ਸੁਲਘਦੀ ਪੀੜ' ਲੋਕ ਅਰਪਣ

**ਸਰਦੂਲਗੜ੍ਹ (ਅਵਤਾਰ ਸਿੰਘ)**-ਲੇਖਕ ਬਲਬੀਰ ਸਿੰਘ ਸਰਾਂ ਦੀ ਲਿਖੀ ਕਿਤਾਬ 'ਨਸ਼ਾ-ਇੱਕ ਸੁਲਘਦੀ ਪੀੜ' ਨੂੰ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਸੁਸਾਇਟੀ ਹਸਨਪੁਰ (ਲੁਧਿਆਣਾ) ਤੇ ਸਿੱਖਿਆ ਅਤੇ ਕਲਾ ਮੰਚ ਪੰਜਾਬ ਵੱਲੋਂ ਕਰਵਾਏ ਗਏ ਸਮਾਗਮ ਦੌਰਾਨ ਲੋਕ ਅਰਪਣ ਕੀਤਾ ਗਿਆ। ਸਮਾਗਮ ਦੌਰਾਨ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਸੁਸਾਇਟੀ ਦੇ ਸਰਪ੍ਰਸਤ ਗੁਰਪ੍ਰੀਤ ਸਿੰਘ ਮਿੰਟੂ ਤੇ ਏ ਡੀ ਸੀ ਹਰਜਿੰਦਰ ਸਿੰਘ ਬੇਦੀ ਨੇ ਸਾਂਝੇ ਤੌਰ 'ਤੇ ਕਿਤਾਬ ਦਾ ਲੋਕ ਅਰਪਣ ਕੀਤਾ।ਉਨ੍ਹਾਂ ਕਿਹਾ ਕਿ ਇਹ ਕਿਤਾਬ ਨਸ਼ਿਆਂ ਕਾਰਨ ਹੋ ਰਹੀ ਤਬਾਹੀ ਨੂੰ ਹੀ ਨਹੀ ਸਗੋਂ ਇਸ ਦੇ ਹੱਲ ਨੂੰ ਵੀ ਸੁਚੱਜੇ ਢੰਗ ਨਾਲ ਪੇਸ਼ ਕਰਦੀ ਹੈ।ਉਨ੍ਹਾਂ ਲੇਖਕ ਬਲਬੀਰ ਸਿੰਘ ਸਰਾਂ ਨੂੰ ਇਸ ਮਹੱਤਵਪੂਰਨ ਤੇ ਵਿਲੱਖਣ ਰਚਨਾ ਲਈ ਵਧਾਈ ਦਿੱਤੀ।ਬੁਲਾਰਿਆਂ ਨੇ ਦੱਸਿਆ ਕਿ ਇਸ ਕਿਤਾਬ ਦੀ ਵਿਸ਼ੇਸ਼ਤਾ ਇਹ ਹੈ ਕਿ ਇਸ ਵਿੱਚ ਵੱਖ-ਵੱਖ ਉਮਰ ਵਰਗਾਂ ਵਿੱਚ ਨਸ਼ੇ ਦੀ ਲਤ ਦੇ ਸ਼ੁਰੂਆਤੀ ਚਿੰਨ੍ਹ ਤੇ ਪ੍ਰਗਟ ਲੱਛਣਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਹੈ।ਇਹ ਕਿਤਾਬ ਨੌਜਵਾਨਾ, ਮਾਪਿਆਂ, ਅਧਿਆਪਕਾਂ, ਸਮਾਜ ਸੇਵਕਾਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਲਈ ਬਹੁਤ ਲਾਹੇਵੰਦ ਸਾਬਿਤ ਹੋਵੇਗੀ।ਇਸ ਮੌਕੇ ਸਿੱਖਿਆ ਤੇ ਕਲਾ ਮੰਚ ਪੰਜਾਬ ਦੇ ਪ੍ਰਧਾਨ ਹਰਦੀਪ ਸਿੰਘ ਸਿੱਧੂ, ਮੀਤ ਪ੍ਰਧਾਨ ਨਰਿੰਦਰ ਪਾਲ ਸ਼ਰਮਾ, ਅਵਤਾਰ ਹਰੀਕੇ, ਨਵਜੋਤ ਕੌਰ ਬਾਜਵਾ, ਜਸ ਸ਼ੇਰਗਿੱਲ, ਸਤਪਾਲ ਜੰਡੂ, ਸੁਖਰਾਜ ਕੈਫੇ ਵਰਲਡ ਪਬਲਿਕੇਸ਼ਨ ਮੰਡੀ ਕਲਾਂ, ਹਰਜੀਵਨ ਸਰਾਂ ਤੇ ਪੰਜਾਬ ਭਰ ਤੋਂ ਪਹੁੰਚੇ ਅਨੇਕਾਂ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ।ਹਾਜ਼ਰ ਸ਼ਖ਼ਸੀਅਤਾਂ ਨੇ ਵਿਸ਼ਵਾਸ ਜਤਾਇਆ ਕਿ ਇਹ ਕਿਤਾਬ ਨੌਜਵਾਨਾਂ, ਮਾਪਿਆਂ ਤੇ ਅਧਿਆਪਕਾਂ ਲਈ ਮਾਰਗਦਰਸ਼ਕ ਸਾਬਿਤ ਹੋਵੇਗੀ ਤੇ ਸਮਾਜ ਨੂੰ ਨਸ਼ਾ-ਮੁਕਤ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਏਗੀ।

# ਕਿਸਾਨ ਸਭਾ ਤੇ ਖੇਤ ਮਜ਼ਦੂਰ ਯੂਨੀਅਨ ਵੱਲੋਂ ਤਹਿਸੀਲਦਾਰ ਰਾਹੀਂ ਮੁੱਖ ਮੰਤਰੀ ਤੇ ਰਾਜਪਾਲ ਨੂੰ ਭੇਜਿਆ ਮੰਗ ਪੱਤਰ

**ਪਠਾਨਕੋਟ (ਦਵਿੰਦਰ ਸਿੰਘ)** ਪਠਾਨਕੋਟ ਵਿਖੇ ਧਰਨੇ ਉਪਰੰਤ ਮੁੱਖ ਮੰਤਰੀ ਅਤੇ ਰਾਜਪਾਲ ਨੂੰ ਤਹਿਸੀਲਦਾਰ ਪਠਾਨਕੋਟ ਰਾਹੀਂ ਮੰਗ ਪੱਤਰ ਦਿੱਤਾ ਗਿਆ।ਧਰਨੇ ਦੀ ਪ੍ਰਧਾਨਗੀ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ ਅਤੇ ਖੇਤ ਮਜ਼ਦੂਰ ਯੂਨੀਅਨ ਵੱਲੋਂ ਰਾਮ ਸ਼ਰਨ ਨੇ ਕੀਤੀ।ਧਰਨੇ ਵਿੱਚ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਪਰਸ਼ੋਤਮ ਕੁਮਾਰ ਨੇ ਕੀਤੀ। ਧਰਨੇ ਉਪਰੰਤ ਰੋਸ ਮਾਰਚ ਕਰਦਿਆਂ ਅੰਤ ਵਿਚ ਤਹਸੀਲਦਾਰ ਪਠਾਨਕੋਟ ਰਾਹੀਂ ਮੁੱਖ ਮੰਤਰੀ ਅਤੇ ਰਾਜਪਾਲ ਨੂੰ ਮੰਗ ਪੱਤਰ ਦਿੱਤਾ ਗਿਆ। ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਕਾ ਪਰਸ਼ੋਤਮ ਕੁਮਾਰ ਡਡਵਾਂ ਨੇ ਦੱਸਿਆ ਕਿ ਵੀ ਬੀ ਜੀ ਰਾਮ ਜੀ ਕਨੂੰਨ ਵਾਪਸ ਲਿਆ ਜਾਵੇ ਕਿਉਂਕਿ ਇਹ ਮਜ਼ਦੂਰ ਵਿਰੋਧੀ ਹੈ।ਇਸ ਨਾਲ ਮਨਰੇਗਾ ਵਿੱਚ ਰੁਜਗਾਰ ਦੀ ਗਰੰਟੀ ਖਤਮ ਹੋ ਜਾਵੇਗੀ ਅਤੇ ਖੇਤ ਮਜ਼ਦੂਰ ਖਾਸ ਕਰਕੇ ਔਰਤ ਮਜ਼ਦੂਰਾਂ ਦਾ ਰੁਜ਼ਗਾਰ ਮੁੱਕ ਜਾਵੇਗਾ। ਉਹਨਾਂ ਮੰਗ ਕੀਤੀ ਕਿ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ। ਤਜਵੀਜ਼ਤ ਬਿਜਲੀ ਬਿਲ 2025 ਐਕਟ ਵਾਪਸ ਲਿਆ ਜਾਵੇ।ਕਿਉਕਿ ਇਸ ਨਾਲ ਬਿਜਲੀ

ਉਤਪਾਦਨ ਅਤੇ ਵੰਡ ਦਾ ਨਿੱਜੀਕਰਨ ਹੋ ਜਾਵੇਗਾ। ਜਿਸ ਨਾਲ ਗਰੀਬ ਲੋਕਾਂ ਦੀ ਬਿਜਲੀ ਮੁਫ਼ਤ ਨਹੀ ਰਹੇਗੀ। ਕਿਸਾਨਾਂ ਅਤੇ ਮਜਦੂਰਾਂ ਦੀਆ ਸਹੂਲਤਾਂ ਅਤੇ ਸਬਸਿਡੀਆਂ ਖਤਮ ਹੋ ਜਾਣਗੀਆਂ। ਤਜਵੀਜ਼ਤ ਬੀਜ ਸੋਧ ਬਿਲ ਵਾਪਸ ਲਿਆ ਜਾਵੇ। ਇਸ ਨਾਲ ਕਿਸਾਨਾਂ ਦਾ ਬੀਜ ਦਾ ਅਧਿਕਾਰ ਖੁਸ ਕੇ ਕਾਰਪੋਰੇਟ ਘਰਾਣਿਆਂ ਕੋਲ ਚਲਾ ਜਾਵੇਗਾ। ਮੁਕਤ ਵਪਾਰ ਸੰਧੀ ਰੱਦ ਕੀਤੀ ਜਾਵੇ ਜਿਸ ਨਾਲ ਵਡੇ ਫਾਰਮਾ ਵਿੱਚ ਵੱਡੀਆਂ ਸਬਸਿਡੀਆਂ ਨਾਲ ਬਗੈਰ ਟੈਕਸ ਤੋਂ ਆਈ ਕਿਸਾਨੀ ਜਿਨਸ ਨਾਲ ਕਿਸਾਨ ਦੀ ਜਿਨਸ ਮੁਕਾਬਲਾ ਨਹੀਂ ਕਰ ਸਕੇਗੀ। ਇਸ ਨਾਲ ਭਾਰਤ ਦੀ ਕਿਸਾਨੀ, ਪੋਲਟਰੀ, ਤੇ ਮੱਛੀ ਪਾਲਕ ਬਰਬਾਦ ਹੋ ਜਾਣਗੇ। ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ ਕੀਤੇ ਜਾਣ।ਮਜ਼ਦੂਰਾ ਨੂੰ 10 ਮਰਲੇ ਦੇ ਪਲਾਟ ਅਤੇ 5 ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇ। ਆਬਾਦਕਾਰਾਂ ਨੂੰ ਮਾਲਕੀ ਹੱਕ ਦਿੱਤੇ ਜਾਣ।ਡੀਜ਼ਲ ਗੈਸ ਅਤੇ ਪਟਰੋਲ ਦੀਆ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ। ਬਾਰਡਰ ਤੋਂ ਪਾਰ ਪ੍ਰਤੀ ਕਿਲ੍ਹਾ 30000 ਮੁਆਵਜ਼ਾ, ਬਾਰਡਰ ਪਾਰ ਕੰਮ ਦੇ ਘੰਟੇ ਵਧਾਏ ਜਾਣ। ਹੜ੍ਹ ਤੋਂ ਬਚਾਅ ਲਈ ਪ੍ਰਬੰਧ ਕੀਤੇ ਜਾਣ। ਇਸ ਧਰਨੇ ਨੂੰ ਸੁਧਾ ਰਾਣੀ, ਸੁਰਿੰਦਰ ਸਹਿਗਲ, ਬਲਵੰਤ ਸਿੰਘ, ਅਵਿਨਾਸ਼ ਸੈਣੀ, ਦੇਵੀ ਸੈਣੀ, ਵਿਜੈ ਕੁਮਾਰ, ਚਮਨ ਲਾਲ, ਤੇ ਬਿਕਰਮਜੀਤ ਜਗਦੀਸ਼ ਰਾਜ ਨੇ ਸੰਬੋਧਨ ਕੀਤਾ।

# ਸੀਟੂ, ਕਿਸਾਨ ਸਭਾ ਤੇ ਖੇਤ ਮਜ਼ਦੂਰ ਯੂਨੀਅਨ ਵੱਲੋਂ ਰੈਲੀ

**ਛੇਹਰਟਾ/ਖਾਸਾ, (ਮਨੋਜ ਕੁਮਾਰ)** ਦੇਸ਼ ਦੀਆਂ ਤਿੰਨ ਪ੍ਰਮੁੱਖ ਜਥੇਬੰਦੀਆਂ ਸੀਟੂ, ਕੁੱਲ ਹਿੰਦ ਕਿਸਾਨ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਸਭਾ ਵੱਲੋਂ ਡੀਸੀ ਦਫ਼ਤਰ ਅੰਮ੍ਰਿਤਸਰ ਵਿਚ ਵਿਸ਼ਾਲ ਰੈਲੀ ਕਾਮਰੇਡ ਚਰਨਜੀਤ ਮਜੀਠਾ, ਰਣਜੀਤ ਸਿੰਘ ਬੱਲ ਤੇ ਜਸਬੀਰ ਸਿੰਘ ਝਬਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਰੈਲੀ ਵਿਚ ਵੱਡੀ ਗਿਣਤੀ ਵਿਚ ਆਂਗਣਵਾੜੀ ਮੁਲਾਜ਼ਮ, ਆਸ਼ਾ ਵਰਕਰ, ਮਿਡ ਡੇ ਮੀਲ ਵਰਕਰ, ਮਨਰੇਗਾ ਵਰਕਰ, ਸਨਅਤੀ ਮਜ਼ਦੂਰ, ਸਟਰੀਟ ਲਾਈਟ ਵਰਕਰ, ਨਗਰ ਨਿਗਮ ਵਰਕਰ, ਕਿਸਾਨ ਤੇ ਖੇਤ ਮਜ਼ਦੂਰ ਸ਼ਾਮਿਲ ਹੋਏ। ਰੈਲੀ ਨੂੰ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ, ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਜੁਆਇੰਟ ਸਕੱਤਰ ਜਸਬੀਰ ਸਿੰਘ ਝਬਾਲ, ਕਿਸਾਨ ਸਭਾ ਦੇ ਪ੍ਰਧਾਨ ਰਣਜੀਤ ਸਿੰਘ ਬੱਲ, ਐਡਵੋਕੇਟ ਕਵਲਜੀਤ ਕੌਰ, ਗੁਰਮਿੰਦਰ ਕੌਰ, ਸੁਮਨ ਰਾਣੀ, ਸਰੋਜ ਬਾਲਾ, ਤਰਸੇਮ ਸਿੰਘ ਟਪਿਆਲਾ, ਤਰਸੇਮ ਸਿੰਘ ਦਿਓਲ ਤੇ ਵਾਸੂਦੇਵ ਨੇ ਸੰਬੋਧਨ ਕਰਦਿਆਂ ਪੰਜਾਬ ਤੇ ਕੇਂਦਰੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਬਾਰੇ ਵਿਸਥਾਰ ਨਾਲ ਦੱਸਿਆ। ਉਨ ਾਂ ਕਿਹਾ ਕਿ ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਤੋਂ ਵਧਾ ਕੇ 12 ਘੰਟੇ ਹੀ ਕਰ ਦਿੱਤੀ ਹੈ। ਚਾਰ ਲੇਬਰ ਕੋਡ ਲਾਗੂ

ਕਰਕੇ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਤੋਂ ਰੋਕਿਆ ਗਿਆ ਹੈ। ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਲਈ ਭੂਮੀ ਗ੍ਰਹਿਣ ਕਾਨੂੰਨ ਫਿਰ ਤੋਂ ਲਾਗੂ ਕੀਤਾ ਜਾ ਰਿਹਾ ਹੈ। ਬਿਜਲੀ 2025 ਤੇ ਬੀਜ ਬਿਲ 2025 ਵਾਪਸ ਨਹੀਂ ਲਿਆ। ਮਜ਼ਦੂਰਾਂ ਤੇ ਕਿਸਾਨਾਂ ਦੇ ਕਰਜ਼ੇ ਮਾਫ਼ ਨਹੀਂ ਕੀਤੇ ਜਾ ਰਹੇ। ਮਜ਼ਦੂਰਾਂ ਨੂੰ ਘਰ ਬਣਾਉਣ ਲਈ ਪਲਾਟ ਨਹੀ ਦਿੱਤੇ ਜਾ ਰਹੇ ਹਨ। ਰੈਗੂਲਰ ਭਰਤੀ ਕਰਨ ਦੀ ਥਾਂ ’ਤੇ ਠੇਕੇਦਾਰੀ ਭਰਤੀ ਕਰ ਕੇ ਬੇਰੁਜ਼ਗਾਰ ਨੌਜਵਾਨਾਂ ਦੀ ਜ਼ਿੰਦਗੀ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਉਨ ਾਂ ਕਿਹਾ ਕਿ ਇਨ ਾਂ ਮੰਗਾਂ ਦੀ ਪ੍ਰਾਪਤੀ ਲਈ ਦੇਸ਼ ਭਰ ਵਿਚ ਸੰਘਰਸ਼ ਤੇਜ਼ ਕਰਨ ਲਈ 29 ਜੁਲਾਈ ਨੂੰ ਤਾਲਕਟੋਰਾ ਸਟੇਡੀਅਮ, ਦਿੱਲੀ ਵਿਚ ਕਨਵੈਨਸ਼ਨ ਕਰਕੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। 10 ਅਗਸਤ ਨੂੰ ਸਮੂਹ ਜ਼ਿਲ ਾ ਹੈਡ ਕੁਆਟਰਾਂ ’ਤੇ ਰੈਲੀਆਂ ਕਰ ਕੇ ਗ੍ਰਿਫ਼ਤਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਵੀ ਡੀਸੀ ਦਫ਼ਤਰ ਦੇ ਇਕ ਅਧਿਕਾਰੀ ਨੂੰ ਸੌਂਪਿਆ ਗਿਆ। ਰੈਲੀ ਵਿਚ ਚਰਨਜੀਤ ਮਜੀਠਾ, ਕਾਮਰੇਡ ਕਿਰਪਾ ਰਾਮ, ਵਿਜੇ ਕੁਮਾਰ, ਗੁਰਦੀਪ ਬੁਤਾਲਾ, ਸਵਿੰਦਰ ਸਿੱਧੂ, ਜਸਪਾਲ ਕੌਰ, ਰਾਜਾ ਰਾਮ, ਧਰਮਪਾਲ, ਸਤਨਾਮ ਸਿੰਘ, ਗੁਰਨਾਮ ਤਲਵੰਡੀ, ਪਰਮਿੰਦਰ ਕੌਰ, ਗੁਰਵਿੰਦਰ ਕੌਰ, ਨਰਿੰਦਰ ਧੰਜਲ, ਮਹਿੰਦਰ ਖਹਿਰਾ, ਜਸਵੰਤ ਸਿੰਘ, ਸੂਰਜ ਪ੍ਰਕਾਸ਼, ਪੂਜਾ, ਜਗੀਰ ਸਿੰਘ ਸਰਜਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# ਲਾਲੀ ਪ੍ਰਧਾਨ ਤੇ ਗੁਰਜੀਤ ਕੌਰ ਵਾਈਸ ਪ੍ਰਧਾਨ ਚੁਣੇ

**ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** ਫ਼ਤਿਹਗੜ੍ਹ ਚੂੜੀਆਂ ਨਗਰ ਕੌਂਸਲ ਦੇ ਪ੍ਰਧਾਨ ਦੀ ਹੋਈ ਚੋਣ ਵਿੱਚ ਕਾਂਗਰਸ ਦੇ ਕੁਲਵਿੰਦਰ ਸਿੰਘ ਲਾਲੀ ਪ੍ਰਧਾਨ ਅਤੇ ਅਕਾਲੀ ਦਲ ਦੀ

ਗੁਰਜੀਤ ਕੌਰ ਵਾਈਸ ਪ੍ਰਧਾਨ ਚੁਣੇ ਗਏ ਹਨ।ਇਸ ਚੋਣ ਦੌਰਾਨ ਅਕਾਲੀ ਦਲ ਦੇ ਫੈਸਲੇ ਮੁਤਾਬਕ ਕਾਂਗਰਸ ਨੂੰ ਵੋਟ ਨਾ ਪੈਣ ਕਾਰਨ ਪੈਦਾ ਹੋਏ ਵਿਵਾਦ ’ਤੇ ਅਕਾਲੀ ਆਗੂ ਮਿੰਕੂ ਭਾਟੀਆ ਨੇ ਆਪਣਾ ਸਪਸ਼ਟੀਕਰਨ ਦਿੱਤਾ ਹੈ।ਮਿੰਕੂ ਭਾਟੀਆ ਨੇ ਦੱਸਿਆ ਕਿ ਪਾਰਟੀ ਦੀ ਮੀਟਿੰਗ ਵਿੱਚ ਕਾਂਗਰਸ ਨੂੰ ਹਮਾਇਤ ਦੇਣ ਦਾ ਫੈਸਲਾ ਹੋਇਆ ਸੀ ਅਤੇ ਉਨ੍ਹਾਂ ਨੇ ਆਪਣੀ ਪਤਨੀ (ਕੌਂਸਲਰ ਈਸ਼ਦੀਪ ਕੌਰ) ਨੂੰ ਕਾਂਗਰਸ ਦੇ ਉਮੀਦਵਾਰ ਨੂੰ ਵੋਟ ਪਾਉਣ ਲਈ ਹੀ ਭੇਜਿਆ ਸੀ ਪਰ ਮੌਕੇ ਉਮੀਦਵਾਰ ਦੇ ਨਾਮ ਨੂੰ ਲੈ ਕੇ ਭੁਲੇਖਾ ਪੈ ਗਿਆ।ਉਹ ‘ਲਾਲੀ’ ਨਾਮ ਦੀ ਉਡੀਕ ਕਰ ਰਹੇ ਸਨ, ਜਦਕਿ ਉੱਥੇ ਅਧਿਕਾਰਤ ਤੌਰ ’ਤੇ ‘ਕੁਲਵਿੰਦਰ ਸਿੰਘ’ ਨਾਮ ਬੋਲਿਆ ਗਿਆ, ਜਿਸ ਕਾਰਨ ਉਹ ਅਣਜਾਣੇ ਵਿੱਚ ਹੱਥ ਖੜ੍ਹਾ ਨਹੀਂ ਕਰ ਸਕੇ। ਭਾਟੀਆ ਨੇ ਕਿਹਾ ਕਿ ਇਹ ਸਿਰਫ਼ ਇੱਕ ਤਕਨੀਕੀ ਗਲਤੀ ਸੀ, ਜਿਸ ਲਈ ਉਹ ਆਪਣੀ ਪਾਰਟੀ ਅਤੇ ਕਾਂਗਰਸ ਤੋਂ ਮਾਫ਼ੀ ਮੰਗਦੇ ਹਨ। ਉਨ੍ਹਾਂ ਸਾਫ਼ ਕੀਤਾ ਕਿ ਉਹ ਅਕਾਲੀ ਦਲ ਦੇ ਵਫ਼ਾਦਾਰ ਸਿਪਾਹੀ ਹਨ ਅਤੇ ਪਾਰਟੀ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ।

# ਗੁਰਦਾਸਪੁਰ ਵਿਖੇ 13 ਨੂੰ ਰੋਜ਼ਗਾਰ ਮੇਲਾ

**ਬਟਾਲਾ (ਤਰਲੋਕ ਬੱਗਾ)** ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਿੱਚ ਜ਼ਿਲ੍ਹੇ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਸਵੈ ਰੋਜ਼ਗਾਰ /ਰੋਜ਼ਗਾਰ ਮੇਲੇ ਲਗਾਏ ਜਾ ਰਹੇ ਹਨ। ਜਿਹੜੇ ਪ੍ਰਾਰਥੀ ਸਵੈ-ਰੋਜ਼ਗਾਰ ਕਰਨ ਦੇ ਚਾਹਵਾਨ ਹਨ ਉਹਨਾਂ ਨੂੰ ਸਵੈ-ਰੋਜਗਾਰ ਦੀਆਂ ਸਕੀਮਾਂ ਅਧੀਨ ਲੋਨ ਦਿੱਤੇ ਜਾ ਰਹੇ ਹਨ ਅਤੇ ਜਿਹੜੇ ਨੌਜਵਾਨ ਪ੍ਰਾਰਥੀ ਆਪਣਾ ਸਵੈ-ਰੋਜਗਾਰ ਦਾ ਕੰਮ ਸ਼ੁਰੂ ਕਰਨਾ ਚਾਹੁੰਦੇ ਹਨ, ਉਹ ਪ੍ਰਾਰਥੀ ਪ੍ਰਧਾਨ ਮੰਤਰੀ ਮੁਦਰਾ ਸਕੀਮ, ਪ੍ਰਧਾਨ ਮੰਤਰੀ ਰੋਜ਼ਗਾਰ ਜਨਰੇਸ਼ਨ ਪ੍ਰੋਗਰਾਮ ਅਤੇ ਸਟੈਂਡ ਅਪ ਇੰਡੀਆ ਦੇ ਤਹਿਤ ਆਪਣਾ ਸਵੈ ਰੋਜਗਾਰ ਕਰਨ ਦੇ ਲਈ ਲੋਨ ਲੈ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਜਨਰੇਸ਼ਨ ਅਤੇ ਟ੍ਰੇਨਿੰਗ ਅਫਸਰ ਨਰੇਸ਼ ਕੁਮਾਰ ਵਲੋਂ ਦੱਸਿਆ ਗਿਆ ਕਿ ਜਿਲ੍ਹਾ ਗੁਰਦਾਸਪੁਰ ਵਿਖੇ 13 ਜੁਲਾਈ ਨੂੰ ਕਮਰਾ ਨੰਬਰ 217 ਬੀ-ਬਲਾਕ, ਡੀ.ਏ.ਸੀ. ਕੰਪਲੈਕਸ ਜਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਦਫਤਰ ਗੁਰਦਾਸਪੁਰ ਵਿਖੇ ਸਵੈ ਰੋਜ਼ਗਾਰ/ਲੋਨ ਮੇਲਾ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਸਵੈ ਰੋਜਗਾਰ ਦੇ ਨਾਲ ਸਬੰਧਤ ਸਾਰੇ ਵਿਭਾਗ , ਸਰਕਾਰੀ ਅਤੇ ਪ੍ਰਾਇਵੇਟ ਬੈਂਕਾਂ ਵੱਲੋਂ ਸ਼ਿਰਕਤ ਕੀਤੀ ਜਾਵੇਗੀ ਅਤੇ ਜਿਹੜੇ ਪ੍ਰਾਰਥੀ ਸਵੈ ਰੋਜਗਾਰ ਕਰਨ ਦੇ ਲਈ ਲੋਨ ਲੈਣ ਦੇ ਚਾਹਵਾਨ ਹਨ, ਉਹ ਇਸ ਸੁਨਹਰੇ ਮੌਕੇ ਦਾ ਲਾਭ ਲੈਣ ਦੇ ਲਈ ਸਵੈ ਰੋਜ਼ਗਾਰ/ਲੋਨ ਮੇਲੇ ਦੇ ਵਿੱਚ ਸ਼ਾਮਲ ਹੋਣ। ਬੇਰੋਜ਼ਗਾਰ ਪ੍ਰਾਰਥੀ ਮਿਤੀ 13 ਜੁਲਾਈ ਨੂੰ ਸਮਾਂ 10.00 ਵਜੇ ਦਿਨ ਸੋਮਵਾਰ ਵਾਲੇ ਦਿਨ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਿਖੇ ਪਹੁੰਚ ਕਰਕੇ ਵੀ ਇਹ ਲੋਨ ਫਾਰਮ ਭਰ ਸਕਦੇ ਹਨ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ ਪੰਜਾਬ ਵੱਲੋਂ ਸੰਘਰਸ਼ ਤੇਜ਼ ਕਰਨ ਦਾ ਐਲਾਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ ਪੰਜਾਬ ਦੇ ਸੂਬਾ ਆਗੂਆਂ ਨੇ ਐਲਾਨ ਕੀਤਾ ਹੈ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਯੂਨੀਅਨ ਦੇ ਜਿਲ੍ਹਾ ਪ੍ਰਧਾਨ ਅਨੂਪ ਕੌਰ ਬਲੇਰ, ਸੈਕਟਰੀ ਬੇਅੰਤ ਕੌਰ ਢੋਟੀਆਂ, ਵਿੱਤ ਸਕੱਤਰ ਨਰਿੰਦਰ ਕੌਰ ਐਮਾ ਖੁਰਦ ਅਤੇ ਸੀਨੀਅਰ ਮੀਤ ਪ੍ਰਧਾਨ ਵੀਰ ਕੌਰ ਆਸਲ ਉਤਾੜ ਨੇ ਕਿਹਾ ਕਿ ਸਰਕਾਰ ਵੱਲੋਂ ਆਂਗਣਵਾੜੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਵਰਕਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਰਾਹੀਂ ਬੱਚਿਆਂ ਅਤੇ ਮਹਿਲਾਵਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵਰਕਰਾਂ ਦਾ ਅਹਿਮ ਯੋਗਦਾਨ ਹੈ, ਪਰ ਉਨ੍ਹਾਂ ਨੂੰ ਬਣਦੀਆਂ ਸਹੂਲਤਾਂ ਅਤੇ ਹੱਕਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ। ਯੂਨੀਅਨ ਨੇ ਪੰਜਾਬ ਸਰਕਾਰ ਵੱਲੋਂ ਅੰਗਣਵਾੜੀ ਮੁਲਾਜ਼ਮਾਂ ਨਾਲ ਕੀਤੀਆਂ ਗਈਆਂ ਵਾਅਦਾ ਖ਼ਿਲਾਫ਼ੀਆਂ ਅਤੇ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਅੰਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਨੇ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਯੂਨੀਅਨ ਨੇ ਦੋਸ਼ ਲਗਾਇਆ ਹੈ ਕਿ 28 ਮਾਰਚ 2022 ਨੂੰ ਸਰਕਾਰ ਨੂੰ ਦਿੱਤਾ ਗਿਆ 83 ਮੰਗਾਂ ਵਾਲਾ

ਮੰਗ ਪੱਤਰ ਅਜੇ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ।ਯੂਨੀਅਨ ਆਗੂਆਂ ਨੇ ਦੱਸਿਆ ਕਿ ਮਈ 2023 ਅਤੇ ਜੂਨ 2025 ਵਿੱਚ ਸਰਕਾਰ ਨਾਲ ਹੋਈਆਂ ਮੀਟਿੰਗਾਂ ਦੌਰਾਨ ਕਈ ਭਰੋਸੇ ਦਿੱਤੇ ਗਏ ਸਨ, ਪਰ ਅਮਲੀ ਰੂਪ ਵਿੱਚ ਕੋਈ ਕਾਰਵਾਈ ਨਹੀਂ ਹੋਈ। ਇਸ ਕਾਰਨ ਅੰਗਨਵਾੜੀ ਵਰਕਰਾਂ ਅਤੇ ਹੈਲਪਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਯੂਨੀਅਨ ਵੱਲੋਂ ਜਾਰੀ 14 ਨੁਕਾਤੀ ਮੰਗ ਪੱਤਰ ਵਿੱਚ ਅੰਗਨਵਾੜੀ ਵਰਕਰਾਂ ਨੂੰ ਗ੍ਰੈਜੂਏਟ ਹੈਲਥ ਵਰਕਰਾਂ ਦੇ ਬਰਾਬਰ ਤਨਖਾਹ ਦੇਣ, ਮਿੰਨੀ ਅੰਗਨਵਾੜੀ ਕੇਂਦਰਾਂ ਨੂੰ ਰੈਗੂਲਰ ਕਰਨ, ਐਨਟੀਟੀ ਯੋਗਤਾ ਵਾਲੀਆਂ ਵਰਕਰਾਂ ਨੂੰ ਪ੍ਰਾਇਮਰੀ ਸਕੂਲਾਂ ਵਿੱਚ ਤਰਜੀਹ ਦੇਣ, ਰਿਟਾਇਰਮੈਂਟ ਉਮਰ ਵਧਾਉਣ, ਮਾਣ ਭੱਤੇ ਵਿੱਚ ਵਾਧਾ ਕਰਨ ਅਤੇ ਖਾਲੀ ਅਸਾਮੀਆਂ ਭਰਨ ਵਰਗੀਆਂ ਮੰਗਾਂ ਸ਼ਾਮਲ ਹਨ। ਯੂਨੀਅਨ ਨੇ ਇਹ ਵੀ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਵੱਲੋਂ ਪੋਸ਼ਣ ਟਰੈਕਰ ਅਤੇ ਹੋਰ ਆਨਲਾਈਨ ਕੰਮਾਂ ਲਈ ਦਿੱਤੇ ਜਾਂਦੇ ਭੱਤੇ ਨੂੰ ਵਧਾਇਆ ਜਾਵੇ ਅਤੇ ਆਸ਼ਾ ਵਰਕਰਾਂ ਦੀ ਤਰ੍ਹਾਂ ਅੰਗਨਵਾੜੀ ਵਰਕਰਾਂ ਨੂੰ ਵੀ ਵਾਧੂ ਮਾਣ ਭੱਤਾ ਦਿੱਤਾ ਜਾਵੇ। ਇਸ ਤੋਂ ਇਲਾਵਾ ਪੋਸ਼ਣ ਸਮੱਗਰੀ ਦੀ ਗੁਣਵੱਤਾ ਸੁਧਾਰਨ, ਗਰੀਬ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਲਈ ਯੋਜਨਾਵਾਂ ਨੂੰ ਮਜ਼ਬੂਤ ਕਰਨ ਦੀ ਵੀ ਮੰਗ ਕੀਤੀ ਗਈ ਹੈ। ਯੂਨੀਅਨ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਦਾ ਹੱਲ ਨਾ ਕੀਤਾ ਤਾਂ ਪੰਜਾਬ ਭਰ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ ’ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।

# ਸ਼੍ਰੋਮਣੀ ਕਮੇਟੀ ਨੇ ਪੰਜਾਬ ਦੇ ਰਾਜਪਾਲ ਦੇ ਨਾਂਅ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਮੰਗ ਪੱਤਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕਵਲਜੀਤ ਸਿੰਘ, ਜਗਦੀਸ਼ ਕਮਲੇਸ਼)**- ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ, ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਵੱਲੋਂ ਕੀਤੇ ਕਾਰਜਾਂ, ਪੁਲਸ ਵੱਲੋਂ ਉਨ੍ਹਾਂ ਨੂੰ ਅਗਵਾ ਕਰਕੇ ਸ਼ਹੀਦ ਕਰਨ ਅਤੇ 1980 ਤੋਂ ਬਾਅਦ ਦੇ ਦਹਾਕਿਆਂ ਦੌਰਾਨ ਸਿੱਖ ਨੌਜਵਾਨਾਂ ’ਤੇ ਹੋਏ ਜ਼ੁਲਮਾਂ ਨੂੰ ਬਿਆਨ ਕਰਦੀ ਫ਼ਿਲਮ ‘ਸਤਲੁਜ’ ’ਤੇ ਲੱਗੀ ਰੋਕ ਹਟਾਏ ਜਾਣ ਦੀ ਮੰਗ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਬਾਹਰਵਾਰ ਘੰਟਾਘਰ ਪਲਾਜ਼ਾ ਤੋਂ ਡਿਪਟੀ ਕਮਿਸ਼ਨਰ ਦਫ਼ਤਰ ਤੱਕ ਰੋਸ ਮਾਰਚ ਕੀਤਾ ਗਿਆ ਅਤੇ ਪੰਜਾਬ ਦੇ ਰਾਜਪਾਲ ਦੇ ਨਾਮ ਮੰਗ ਪੱਤਰ ਸੌਂਪਿਆ ਗਿਆ। ਇਸ ਰੋਸ ਮਾਰਚ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ੍ਰੋਮਣੀ ਕਮੇਟੀ ਦੇ ਮੈਂਬਰ, ਅਧਿਕਾਰੀ ਤੇ ਸਮੂਹ ਮੁਲਾਜਮ ਸ਼ਾਮਲ ਸਨ।ਰੋਸ ਮਾਰਚ ਦੌਰਾਨ ਹਾਜ਼ਰੀਨ ਨੇ ਹੱਥਾਂ ਵਿਚ ਤਖ਼ਤੀਆਂ ਤੇ ਬੈਨਰ

ਫੜ੍ਹੇ ਹੋਏ ਸਨ, ਜਿਨ੍ਹਾਂ ’ਤੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਅਤੇ ਉਸ ਦੌਰ ਦੇ ਸਿੱਖਾਂ ’ਤੇ ਹੋਏ ਅੱਤਿਆਚਾਰ ਲਈ ਇਨਸਾਫ਼ ਦੇ ਸਲੋਗਨ ਲਿਖੇ ਹੋਏ ਸਨ। ਰੋਸ ਮਾਰਚ ਦੀ ਆਰੰਭਤਾ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਦੀ ਸ਼ਹਾਦਤ ਸੱਚ ਅਤੇ ਮਨੁੱਖੀ ਅਧਿਕਾਰਾਂ ਲਈ ਦਿੱਤੀ ਅਦੁੱਤੀ ਕੁਰਬਾਨੀ ਹੈ।ਉਨ੍ਹਾਂ ਕਿਹਾ ਕਿ ਭਾਈ ਖਾਲੜਾ ਦੇ ਜੀਵਨ, ਮਨੁੱਖੀ ਅਧਿਕਾਰਾਂ ਲਈ ਲੜੇ ਗਏ ਸੰਘਰਸ਼ ਅਤੇ ਸਿੱਖ ਨੌਜੁਆਨਾਂ ਨਾਲ ਹੋਈਆਂ ਵਧੀਕੀਆਂ ਤੋਂ ਸੰਸਾਰ ਦੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਬਣੀ ਫਿਲਮ ‘ਸਤਲੁਜ’ ਨੂੰ ਰਿਲੀਜ਼ ਹੋਣ ਤੋਂ ਕੁਝ ਹੀ ਸਮੇਂ ਬਾਅਦ ਸਰਕਾਰ ਵੱਲੋਂ ਪਾਬੰਦੀ ਲਗਾਉਣਾ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਆਦੇਸ਼ ਅਨੁਸਾਰ 14 ਜੁਲਾਈ ਨੂੰ ਸਤਲੁਜ ਦਰਿਆ ਦੇ ਕੰਢੇ ਸ਼ਹੀਦਾਂ ਨੂੰ ਯਾਦ ਕਰਦਿਆਂ ਕੀਤੇ ਜਾ ਰਹੇ ਅਰਦਾਸ ਸਮਾਗਮ ਸਮੇਂ ਸੰਗਤਾਂ ਨੂੰ ਪੁੱਜਣ ਦੀ ਅਪੀਲ ਵੀ ਕੀਤੀ। ਉਨ੍ਹਾਂ ਫਿਲਮ ‘ਸਤਲੁਜ’ ਉੱਤੇ ਲਗਾਈ ਗਈ ਪਾਬੰਦੀ ਤੁਰੰਤ ਹਟਾ ਕੇ ਇਸ ਨੂੰ ਮੁੜ ਰਿਲੀਜ਼ ਕਰਨ ਦੀ ਮੰਗ ਕੀਤੀ।

# ਪੰਜ ਪੀਰ ਬਾਬਾ ਦੀ ਦਰਗਾਹ ’ਤੇ ਸਾਲਾਨਾ ਮੇਲਾ ਕਰਵਾਇਆ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਦਾਬਾਂਵਾਲ ਵਿਖੇ ਪੰਜ ਪੀਰ ਬਾਬਾ ਦੀ ਦਰਗਾਹ ’ਤੇ ਸ਼ਰਧਾ ਅਤੇ ਅਟੁੱਟ ਆਸਥਾ ਨਾਲ ਸਜਾਏ ਗਏ ਸਾਲਾਨਾ ਮੇਲੇ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਸ਼ਿਰਕਤ ਕੀਤੀ। ਇਸ ਪਵਿੱਤਰ ਅਵਸਰ ’ਤੇ ਪੀਰ ਬਾਬਾ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਪੰਜਾਬੀਆਂ ਦੀ ਸੁਖ-ਸ਼ਾਂਤੀ, ਖੁਸ਼ਹਾਲੀ ਅਤੇ ਆਪਸੀ ਭਾਈਚਾਰੇ ਲਈ ਅਰਦਾਸ ਕੀਤੀ। ਇਸ ਮੌਕੇ ਸੇਵਾਦਾਰ ਬਾਬਾ ਗਿਆਨ ਸਿੰਘ, ਸਰਪੰਚ ਰਜਿੰਦਰ ਮੰਡ, ਸਰਪੰਚ ਸੁਰਜਨ ਮੰਡ, ਪੰਚ ਬਲਵੰਤ ਸਿੰਘ, ਲੰਬੜਦਾਰ ਜਸਪਾਲ ਸਿੰਘ ਸ਼ਾਹ, ਪੰਚ ਅਮਰਜੀਤ ਸਿੰਘ, ਪੰਚ ਚੈਂਚਲ ਸਿੰਘ, ਪੰਚ ਸਰਬਜੀਤ ਕੌਰ, ਯਾਦਬੀਰ ਸਿੰਘ ਯੂਥ ਕਲੱਬ ਪ੍ਰਧਾਨ, ਘੁੱਦਾ ਪਲਵਾਨ ਯੂ.ਐਸ.ਏ, ਪੰਚ ਹਰਦੇਵ ਸਿੰਘ, ਪੰਚ ਜਗਜੀਵਨ ਸਿੰਘ, ਪੰਚ ਨਵਪ੍ਰੀਤ ਸਿੰਘ, ਪੰਚ ਰਤਨ ਸਿੰਘ, ਪੰਚ ਜੱਗਾ, ਪੰਚ ਸੁਖਬੀਰ ਸਿੰਘ, ਜਸਪਾਲ ਸਿੰਘ, ਬਲਵਿੰਦਰ ਫੌਜੀ, ਕਵਲਪ੍ਰੀਤ ਸਿੰਘ ਆਦਿ ਹਾਜ਼ਰ ਰਹੇ।

# 11 ਤੇ 12 ਨੂੰ ਲਗਾਇਆ ਜਾਵੇਗਾ ਦੋ ਦਿਨਾਂ ਐੱਸ ਆਈ ਆਰ ਵਿਸ਼ੇਸ਼ ਕੈਂਪ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਐਸ.ਆਈ.ਆਰ. ਤਹਿਤ ਘਰ-ਘਰ ਜਾ ਕੇ ਗਣਨਾ ਫਾਰਮ ਇਕੱਠੇ ਕਰਨ ਅਤੇ ਉਨ੍ਹਾਂ ਦੇ ਡਿਜੀਟਾਈਜ਼ੇਸ਼ਨ ਦੇ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਨ ਦੇ ਮਕਸਦ ਨਾਲ 11 ਅਤੇ 12 ਜੁਲਾਈ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ ’ਤੇ ਸਵੇਰੇ 8:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਵੱਖ-ਵੱਖ ਨੁਕਤਿਆਂ ’ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਜਿਹੜੇ ਬੀ ਐੱਲ ਓਜ਼ ਵੱਲੋਂ 100 ਫੀਸਦੀ ਡਿਜੀਟਾਈਜ਼ੇਸ਼ਨ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ, ਉਹ ਫਾਰਮਾਂ ਵਿਚਲੀਆਂ ਕਮੀਆਂ/ਤਰੁੱਟੀਆਂ ਨੂੰ ਦੂਰ ਕਰਨ ਵੱਲ ਧਿਆਨ ਦੇਣਗੇ। ਜਿਨ੍ਹਾਂ ਬੂਥਾਂ ’ਤੇ ਫਾਰਮ ਵੱਡੀ ਗਿਣਤੀ ਵਿੱਚ ਇਕੱਠੇ ਹੋ ਚੁੱਕੇ ਹਨ ਪਰ ਡਿਜੀਟਾਈਜ਼ੇਸ਼ਨ ਦਾ ਕੰਮ ਬਾਕੀ ਹੈ, ਉੱਥੇ ਬਾਕੀ ਰਹਿੰਦੇ ਫਾਰਮ ਇਕੱਠੇ ਕਰਨ ਦੇ ਨਾਲ-ਨਾਲ ਡਿਜੀਟਾਈਜ਼ੇਸ਼ਨ ਪ੍ਰਕਿਰਿਆ ਨੂੰ ਪਹਿਲ ਦਿੱਤੀ ਜਾਵੇਗੀ।ਇਸੇ ਤਰ੍ਹਾਂ ਘੱਟ ਫਾਰਮ ਇਕੱਠੇ ਕਰਨ ਵਾਲੇ ਬੀ ਐੱਲ ਓਜ਼ ਫਾਰਮ ਇਕੱਠੇ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਾਲ ਦੀ ਨਾਲ ਡਿਜੀਟਾਈਜ਼ ਵੀ ਕਰਨਗੇ।



ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਸਪੈਸ਼ਲ ਕੈਂਪਾਂ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਅਤੇ ਬੀ ਐੱਲ ਓਜ਼, ਸੁਪਰਵਾਈਜ਼ਰ ਅਤੇ ਸਬੰਧਤ ਸਟਾਫ਼ ਨੂੰ ਦਿਸ਼ਾ ਨਿਰਦੇਸ਼ ਦਿੱਤੇ ਜਾਣ। ਇਨ੍ਹਾਂ ਕੈਂਪਾਂ ਨੂੰ ਸਫ਼ਲ ਬਣਾਉਣ ਲਈ ਸਬੰਧਤ ਸਕੂਲਾਂ ਦੇ ਸਟਾਫ਼, ਮਾਲ ਪਟਵਾਰੀਆਂ, ਆਂਗਣਵਾੜੀ ਵਰਕਰਾਂ ਅਤੇ ਨਗਰ ਕੌਂਸਲਾਂ/ਨਗਰ ਨਿਗਮ ਦੇ ਸਟਾਫ਼ ਨੂੰ ਬੀ.ਐੱਲ.ਓਜ਼ ਨਾਲ ਲਗਾਇਆ ਜਾਵੇ, ਤਾਂ ਜੋ ਫਾਰਮ ਭਰਨ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਹੋਰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

# ਗੁਰਦੁਆਰਾ ਧੰਨ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਵਿਖੇ ਜਾਪੁ ਦੀ ਸਮਾਪਤੀ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਗੁਰਦੁਆਰਾ ਧੰਨ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਦੀ ਅਗਵਾਈ ਹੇਠ ਹਰ ਸਾਲ ਤਰ੍ਹਾਂ ਮੂਲ ਮੰਤਰ ਸਾਹਿਬ ਜੀ ਦੇ ਜਾਪੁ ਲਗਾਤਾਰ , 40 ਦਿਨ, ਦਿਨ ਰਾਤ ਜਾਪੁ ਕੀਤਾ ਗਿਆ।ਜਿਸ ਦੇ ਭੋਗ ਪਾ ਕੇ ਸਮਾਪਤੀ ਕੀਤੀ ਗਈ। ਇਸ ਮੌਕੇ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਸਮੂਹ ਸੰਗਤਾਂ ਨੂੰ ਮੂਲ ਮੰਤਰ ਅਤੇ ਗੁਰੂ ਮੰਤਰ ਦਾ ਜਾਪ ਕਰਵਾਇਆ ਗਿਆ। ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਨਿਤਨੇਮ ਅਤੇ ਪਰਮਾਤਮਾ ਦਾ ਸੁਕਰਾਨਾ ਚਾਹੀਦਾ ਹੈ ਕਿ ਜਿਸ ਨੇ ਸਾਡਾ ਸੋਹਣਾ ਸ਼ਰੀਰ ਸ਼ਾਜਿਆ ਅਤੇ ਖਾਣ ਪੀਣ ਪੈਨਣੁ ਨੂੰ ਛੱਤੀ ਪ੍ਰਕਾਰ ਦੇ ਭੋਜਨ ਬਖਸ਼ਿਸ਼ ਕੀਤੇ ਹਨ।ਬਾਬਾ ਜੀ ਨੇ ਕਿਹਾ ਕਿ ਸਾਨੂੰ ਚੁਗਲੀ, ਨਿੰਦਿਆ ਅਤੇ ਈਰਖਾ ਦਾ ਤਿਆਗ ਕਰਨਾ ਚਾਹੀਦਾ ਹੈ। ਇਸ ਮੌਕੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸ੍ਰੀ ਮਹਾਂਮੰਡਲੇਸਵਰ ਸੁਆਮੀ ਕਿਰਪਾਲ ਦਾਸ ਸਰਹਾਲੇ ਵਾਲੇ, ਮਹੰਤ ਹਿੰਮਤ ਪ੍ਰਕਾਸ਼ ਸਰਹਾਲੇ ਵਾਲੇ, ਮਹੰਤ ਸੇਵਕ ਦਾਸ ਸਰਹਾਲੇ ਵਾਲੇ, ਮਹੰਤ ਵਰਿੰਦਰ ਮੁੰਨੀ ਫੇਰੂਮਾਨ, ਮਹੰਤ ਰਾਮ ਮੁੰਨੀ ਸ਼ੇਰੋਂ,ਮਹੰਤ ਪ੍ਰੇਮਾ ਨੰਦ ਉਪਲਾ ਵਾਲੇ, ਮਹੰਤ ਰਾਜਿੰਦਰ ਦਾਸ ਉਪਲਾ ਵਾਲੇ ,ਸੰਤ ਬਾਬਾ ਬੋਹੜ ਸਿੰਘ ਮੱਲਾ ਵਾਲਾ ਖ਼ਾਸ ਫਿਰੋਜ਼ਪੁਰ ਗੁਰਦੁਆਰਾ ਦੂਖ ਨਿਵਾਰਨ, ਬਾਬਾ ਸੁਖਵੰਤ ਸਿੰਘ ਚੰਨਣਕੇ,ਮਹੰਤ ਹਰੀ ਕੁੰਭ ਨਾਨਕ ਚੱਕ, ਸੰਤ ਬਾਬਾ ਹਰਦੀਪ ਸਿੰਘ ਚੰਨਣਕੇ, ਮਹੰਤ ਰਾਮ ਮੁੰਨੀ ਸ਼ੇਰੋਂ, ਮਹੰਤ ਰਾਜਿੰਦਰ ਦਾਸ ਉਪਲਾ ਵਾਲੇ, ਮਹੰਤ ਦਰਸ਼ਨ ਦਾਸ ਟਾਂਗਰਾ, ਭਾਈ ਦੀਪ ਸਿੰਘ ਸੰਤ ਬਾਬਾ ਗੁਰਦੀਪ ਸਿੰਘ ਦਾ ਗੜਵਈ, ਭਾਈ ਜਰਨੈਲ ਸਿੰਘ ਸੰਤ ਬਾਬਾ ਗੁਰਦੀਪ ਸਿੰਘ ਸਪੁੱਤਰ, ਮਲਕੀਤ ਸਿੰਘ ਬੀ ਡੀ ਓ, ਸੁਖਵਿੰਦਰ ਸਿੰਘ ਭੀਲੋਵਾਲ, ਮਾਸਟਰ ਜੱਸਾ ਸਿੰਘ, ਭਾਈ ਰਣਜੀਤ ਸਿੰਘ ਚੁਗਾਵਾਂ, ਡਾ, ਹਰਕਿਸ਼ਨ ਸਿੰਘ, ਭਾਈ ਤੇਜਿੰਦਰ ਸਿੰਘ ਮੁਕੰਦਪੁਰ, ਭਾਈ ਸੁਖਮਿੰਦਰਪਾਲ ਸਿੰਘ ਜੈਂਤੀਪੁਰ ਆਦਿ ਸੇਵਾਦਾਰ ਹਾਜ਼ਰ ਸਨ।

# ਅਣਪਛਾਤੇ ਨੌਜਵਾਨ ਦੀ ਲਾਸ਼ ਮਿਲੀ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)** ਅਜਨਾਲਾ ਨੇੜੇ ਪਿੰਡ ਲੱਖੂਵਾਲ ਦੀ ਫਿਰਨੀ ਕੋਲ ਇੱਕ ਅਣਪਛਾਤੇ ਨੌਜਵਾਨ ਦੀ ਲਾਸ਼ ਮਿਲਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਸ਼ਨਾਖਤ ਲਈ ਸਿਵਲ ਹਸਪਤਾਲ ਅਜਨਾਲਾ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਹੈ।ਇਸ ਸੰਬੰਧੀ ਥਾਣਾ ਅਜਨਾਲਾ ਦੇ ਐਸ ਐਚ ਓ ਇੰਸਪੈਕਟਰ ਹਰਿੰਦਰ ਸਿੰਘ ਨੇ ਦੱਸਿਆ ਕਿ ਅਜਨਾਲਾ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਪਿੰਡ ਲੱਖੂਵਾਲ ਦੀ ਫਿਰਨੀ ਕੋਲ ਇੱਕ ਨੌਜਵਾਨ ਦੀ ਲਾਸ਼ ਪਈ ਹੈ।ਸੂਚਨਾ ਮਿਲਣ ਉਪਰੰਤ ਪੁਲਸ ਪਾਰਟੀ ਨੂੰ ਮੌਕੇ ’ਤੇ ਪਹੁੰਚੀ ਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲਿਆ ਉਹਨਾਂ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਮ੍ਰਿਤਕ ਕੋਲੋਂ ਕੋਈ ਵੀ ਇਤਰਾਜ਼ਯੋਗ ਵਸਤੂ

ਬਰਾਮਦ ਨਹੀਂ ਹੋਈ ਅਤੇ ਨਾ ਹੀ ਉਸਦੇ ਸਰੀਰ ਸੱਟ ਜਾਂ ਜ਼ਖਮ ਦੇ ਨਿਸ਼ਾਨ ਮਿਲੇ ਹਨ।ਇਸ ਕਾਰਨ ਮੌਤ ਦਾ ਅਸਲ ਕਾਰਨਾਂ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗ ਸਕੇਗਾ। ਐਸ ਐਚ ਓ ਇੰਸਪੈਕਟਰ ਹਰਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਸੱਜੀ ਬਾਂਹ ’ਤੇ ਇੱਕ ਟੈਟੂ ਬਣਿਆ ਹੋਇਆ ਹੈ ਅਤੇ ਉਸ ਦੀ ਬਾਂਹ ’ਤੇ ਪੱਟੀ ਵੀ ਬੰਨੀ ਹੋਈ ਹੈ।ਉਹਨਾਂ ਦੱਸਿਆ ਕਿ ਅਣਪਛਾਤੇ ਵਿਅਕਤੀ ਦੀ ਲਾਸ਼ ਨੂੰ 72 ਘੰਟਿਆਂ ਲਈ ਸਿਵਲ ਹਸਪਤਾਲ ਅਜਨਾਲਾ ਦੇ ਮੋਰਚਰੀ ਵਿੱਚ ਸ਼ਨਾਖਤ ਵਾਸਤੇ ਰੱਖਿਆ ਗਿਆ ਹੈ। ਜੇਕਰ ਇਸ ਸਮੇਂ ਦੌਰਾਨ ਮ੍ਰਿਤਕ ਦੀ ਪਹਿਚਾਣ ਨਹੀਂ ਹੁੰਦੀ ਤਾਂ ਪੁਲਸ ਵੱਲੋਂ ਕਾਨੂੰਨੀ ਕਾਰਵਾਈ ਪੂਰੀ ਕਰਨ ਉਪਰੰਤ ਧਾਰਮਿਕ ਰਸਮਾਂ ਅਨੁਸਾਰ ਉਸਦਾ ਅੰਤਿਮ ਸਸਕਾਰ ਕੀਤਾ ਜਾਵੇਗਾ।

# ਸ਼ਹੀਦ ਭਾਈ ਮਨੀ ਸਿੰਘ ਦੀ ਲਾਸਾਨੀ ਸ਼ਹਾਦਤ ਹਰ ਯੁੱਗ ਲਈ ਪ੍ਰੇਰਨਾ ਸਰੋਤ : ਨਰੂਲਾ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਹਲਕਾ ਦੱਖਣੀ ਤੋਂ ਕਾਂਗਰਸੀ ਆਗੂ ਜਗਦੀਪ ਸਿੰਘ ਰਿੰਕੂ ਨਰੂਲਾ ਨੇ ਧੰਨ-ਧੰਨ ਸ਼ਹੀਦ ਭਾਈ ਮਨੀ ਸਿੰਘ ਦੇ ਪਾਵਨ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਵਿਸ਼ਾਲ ਗੁਰਮਤਿ ਸਮਾਗਮ ਵਿੱਚ ਸ਼ਰਧਾ ਅਤੇ ਸਤਿਕਾਰ ਸਹਿਤ ਹਾਜ਼ਰੀ ਭਰੀ।ਡੇਰਾ ਸੰਤ ਅਮੀਰ ਸਿੰਘ, ਕਟਰਾ ਕਰਮ ਸਿੰਘ ਵਿਖੇ ਆਯੋਜਿਤ ਸਮਾਗਮ ਦੌਰਾਨ ਗੁਰੂ ਸਾਹਿਬ ਦੇ ਸਾਮ੍ਹਣੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ, ਪੰਜਾਬ ਦੀ ਖੁਸ਼ਹਾਲੀ, ਦੇਸ਼ ਦੀ ਤਰੱਕੀ ਅਤੇ ਸਮੁੱਚੀ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਇਸ ਦੌਰਾਨ ਓਹਨਾਂ ਦੇ ਨਾਲ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਜਿੰਦਰ ਸਿੰਘ ਮਹਿਤਾ ਵੀ ਮੌਜੂਦ ਸਨ।ਸਮਾਗਮ ਦੌਰਾਨ ਰਿੰਕੂ ਨਰੂਲਾ ਨੇ ਮਹਾਂਪੁਰਖ ਸੰਤ ਬਾਬਾ ਅਮਨਦੀਪ ਸਿੰਘ ਪਾਸੋਂ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੇਵਾ, ਸਿਮਰਨ, ਨਿਮਰਤਾ ਅਤੇ ਮਨੁੱਖਤਾ ਦੀ ਭਲਾਈ ਦੇ ਮਾਰਗ ’ਤੇ ਦ੍ਰਿੜ੍ਹਤਾ ਨਾਲ ਚੱਲਣ ਦੀ ਪ੍ਰੇਰਣਾ ਲਈ।ਉਨ੍ਹਾਂ ਕਿਹਾ ਕਿ ਸੰਤ-ਮਹਾਂਪੁਰਖਾਂ ਦੀ ਸੰਗਤ ਮਨੁੱਖ ਨੂੰ ਆਤਮਕ

ਤਾਕਤ ਦੇਣ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਵੀ ਪ੍ਰੇਰਿਤ ਕਰਦੀ ਹੈ।ਇਸ ਮੌਕੇ ਜਗਦੀਪ ਸਿੰਘ ਰਿੰਕੂ ਨਰੂਲਾ ਨੇ ਕਿਹਾ ਕਿ ਸ਼ਹੀਦ ਭਾਈ ਮਨੀ ਸਿੰਘ ਦੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਸਿੱਖ ਇਤਿਹਾਸ ਦਾ ਉਹ ਸੁਨਹਿਰੀ ਅਧਿਆਇ ਹੈ, ਜੋ ਹਰ ਪੀੜ੍ਹੀ ਨੂੰ ਧਰਮ ਦੀ ਰੱਖਿਆ, ਸੱਚ ਦੇ ਪੱਖ ਵਿੱਚ ਖੜ੍ਹੇ ਰਹਿਣ, ਨਿਆਂ ਲਈ ਸੰਘਰਸ਼ ਕਰਨ ਅਤੇ ਹਰ ਮੁਸ਼ਕਲ ਦਾ ਡਟ ਕੇ ਸਾਹਮਣਾ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਾਈ ਮਨੀ ਸਿੰਘ ਜੀ ਨੇ ਗੁਰੂ ਘਰ ਦੇ ਸਿਧਾਂਤਾਂ ਅਤੇ ਸਿੱਖ ਕੌਮ ਦੀ ਆਨ-ਬਾਨ ਲਈ ਆਪਣਾ ਸਰਬੰਸ ਕੁਰਬਾਨ ਕਰ ਦਿੱਤਾ, ਪਰ ਆਪਣੇ ਸਿਧਾਂਤਾਂ ਨਾਲ ਕਦੇ ਵੀ ਸਮਝੌਤਾ ਨਹੀਂ ਕੀਤਾ। ਰਿੰਕੂ ਨਰੂਲਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸ਼ਹੀਦ ਭਾਈ ਮਨੀ ਸਿੰਘ ਜੀ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਦਾ ਜੀਵਨ ਸਾਡੇ ਲਈ ਹੋਰ ਵੀ ਵੱਧ ਮਹੱਤਵ ਰੱਖਦਾ ਹੈ। ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ ’ਤੇ ਚੱਲਦਿਆਂ ਸਮਾਜ ਵਿੱਚ ਆਪਸੀ ਭਾਈਚਾਰੇ, ਪਿਆਰ, ਸਦਭਾਵਨਾ ਅਤੇ ਮਨੁੱਖਤਾ ਦੀ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਮੌਕੇ ਉਹਨਾਂ ਦੇ ਨਾਲ ਅਜੀਤ ਸਿੰਘ, ਨਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ ਅਤੇ ਹੋਰ ਸੱਜਣ ਮੌਜੂਦ ਸਨ।

# ਹਾਕਮ ਸਿੰਘ ਨੱਤਿਆਂ ਮੀਤ ਪ੍ਰਧਾਨ ਤੇ ਰਾਜਵਿੰਦਰ ਸਿੰਘ ਗੱਡੂ ਸਰਪ੍ਰਸਤ ਨਾਮਜ਼ਦ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤਕ ਸੱਥ ਖਰੜ ਦੀ ਇੱਕ ਵਿਸ਼ੇਸ਼ ਇਕੱਤਰਤਾ ਸੱਥ ਦੇ ਪ੍ਰਧਾਨ ਜਸਵਿੰਦਰ ਸਿੰਘ ਕਾਈਨੌਰ ਦੀ ਪ੍ਰਧਾਨਗੀ ਹੇਠ, ਉਨ੍ਹਾਂ ਦੇ ਗ੍ਰਹਿ ਵਿਖੇ ਹੋਈ। ਇਸ ਇਕੱਤਰਤਾ ਵਿੱਚ ਹਾਜ਼ਰ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਲਏ ਫੈਸਲੇ ਅਨੁਸਾਰ ਸੱਥ ਦੇ ਸਰਗਰਮ ਮੈਂਬਰ ਹਾਕਮ ਸਿੰਘ ਨੱਤਿਆਂ ਨੂੰ ਮੀਤ ਪ੍ਰਧਾਨ ਅਤੇ ਰਾਜਵਿੰਦਰ ਸਿੰਘ ਗੱਡੂ ਨੂੰ ਸਰਪ੍ਰਸਤ ਨਾਮਜ਼ਦ ਕੀਤਾ ਗਿਆ ਹੈ। ਇਹਨਾਂ ਦੋਹਾਂ ਨਵੇਂ ਅਹੁਦੇਦਾਰਾਂ ਵੱਲੋਂ ਇਹ ਯਕੀਨ ਦਿਵਾਇਆ ਗਿਆ ਕਿ ਉਹ ਸੱਥ ਦੇ ਸਾਹਿਤਕ ਹਿੱਤਾਂ ਅਤੇ ਇਸ ਦੇ ਕੱਦ ਨੂੰ ਹੋਰ ਉੱਚਾ ਕਰਨ ਲਈ ਪੂਰੀ ਤਨ-ਦੇਹੀ ਨਾਲ ਕੰਮ ਕਰਨਗੇ। ਸਾਰੇ ਸਾਥੀਆਂ ਨੇ ਜ਼ਾਹਿਰ ਕੀਤਾ ਕਿ ਸੱਥ ਵਧੀਆ ਕੰਮ ਕਰ ਰਹੀ ਹੈ ਤੇ ਇਸ ਨੂੰ ਨਿਰਵਿਘਨ ਆਪਣਾ ਕੰਮ ਕਰਦੇ ਰਹਿਣਾ ਚਾਹੀਦਾ ਹੈ। ਇਸ ਇਕੱਤਰਤਾ ਵਿੱਚ ਜਸਵਿੰਦਰ ਸਿੰਘ ਕਾਈਨੌਰ, ਰਾਜਵਿੰਦਰ ਸਿੰਘ ਗੱਡੂ, ਹਾਕਮ ਸਿੰਘ ਨੱਤਿਆ, ਕੇਸਰ ਸਿੰਘ ਇੰਸਪੈਕਟਰ, ਖ਼ੁਸ਼ੀ ਰਾਮ ਨਿਮਾਣਾ, ਬਲਦੇਵ ਸਿੰਘ ਬੁਰਜਾਂ, ਗੁਰਸ਼ਰਨ ਸਿੰਘ ਕਾਕਾ, ਪਿਆਰਾ ਸਿੰਘ ਰਾਹੀ, ਤਰਸੇਮ ਸਿੰਘ ਕਾਲੇਵਾਲ, ਡਾ. ਰੂਪ ਸਾਗਰ, ਸੁਮਿੱਤਰ ਸਿੰਘ ਦੋਸਤ, ਰਣਜੀਤ ਕੌਰ ਆਦਿ ਹਾਜ਼ਰ ਸਨ। ਸੱਥ ਦੇ ਜਨਰਲ ਸਕੱਤਰ ਪਿਆਰਾ ਸਿੰਘ ਰਾਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਝ ਆਹੁਦੇਦਾਰ/ ਮੈਂਬਰ ਧਿਆਨ ਸਿੰਘ ਕਾਹਲੋਂ, ਸੁਰਜੀਤ ਸੁਮਨ ਤੇ ਬੰਤ ਸਿੰਘ ਦੀਪ ਆਦਿ ਜੋ ਹਾਜ਼ਰ ਨਹੀਂ ਹੋ ਸਕੇ, ਨੇ ਵੀ ਸੱਥ ਦੇ ਵਡੇਰੇ ਹਿੱਤ ਵਿੱਚ ਸਹਿਮਤ ਹੁੰਦਿਆਂ ਨੱਤਿਆ ਅਤੇ ਗੱਡੂ ਨੂੰ ਵਧਾਈ ਦਿੱਤੀ।

# ਲਗਜ਼ਰੀ ਗੱਡੀ ’ਚ ਲਿਜਾਈ ਜਾ ਰਹੀ ਗੈਰ-ਕਾਨੂੰਨੀ ਸ਼ਰਾਬ ਬਰਾਮਦ

**ਪਠਾਨਕੋਟ (ਦਵਿੰਦਰ ਸਿੰਘ)** ਪਠਾਨਕੋਟ ਵਿੱਚ ਬੀਤੀ ਰਾਤ ਐਕਸਾਈਜ਼ ਵਿਭਾਗ ਨੇ ਇੱਕ ਟਾਟਾ ਹੈਰੀਅਰ ਕਾਰ ਵਿੱਚੋਂ ਗੈਰਕਾਨੂੰਨੀ ਸ਼ਰਾਬ ਦੀਆਂ ਪੇਟੀਆਂ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ।ਗੈਰਕਾਨੂੰਨੀ ਸ਼ਰਾਬ ਲੈ ਕੇ ਜਾ ਰਹੀ ਤੇਜ਼ ਰਫ਼ਤਾਰ ਟਾਟਾ ਹੈਰੀਅਰ ਇੱਕ ਸਕੂਟੀ ਨਾਲ ਟਕਰਾ ਗਈ, ਜਿਸ ਕਾਰਨ ਹਾਦਸਾ ਵਾਪਰ ਗਿਆ। ਘਟਨਾ ਦੀ ਸੂਚਨਾ ਮਿਲਣ ’ਤੇ ਪੁਲਸ ਅਤੇ ਐਕਸਾਈਜ਼ ਵਿਭਾਗ ਦੀ ਟੀਮ ਮੌਕੇ ’ਤੇ ਪਹੁੰਚ ਗਈ ਅਤੇ ਮਾਮਲੇ ਨੂੰ

ਆਪਣੇ ਹੱਥ ਵਿੱਚ ਲੈ ਲਿਆ।ਜਾਣਕਾਰੀ ਅਨੁਸਾਰ, ਐਕਸਾਈਜ਼ ਵਿਭਾਗ ਵੱਲੋਂ ਇੱਕ ਟਾਟਾ ਹੈਰੀਅਰ ਦਾ ਪਿੱਛਾ ਕਰਦੇ ਹੋਏ ਉਸ ਨੂੰ ਮਨਵਾਲ ਚੌਂਕ ਵਿੱਚ ਕਾਬੂ ਕੀਤਾ ਗਿਆ।ਇਸ ਦੌਰਾਨ ਤੇਜ਼ ਰਫ਼ਤਾਰ ਕਾਰ ਇੱਕ ਸਕੂਟੀ ਨਾਲ ਟਕਰਾ ਗਈ। ਦੱਸਿਆ ਜਾ ਰਿਹਾ ਹੈ ਕਿ ਸਕੂਟੀ ’ਤੇ ਸਵਾਰ ਇੱਕ ਬੱਚਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਘਟਨਾ ਤੋਂ ਬਾਅਦ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਕੇ ’ਤੇ ਇਕੱਠੇ ਹੋ ਗਏ।ਉਨ੍ਹਾਂ ਨੇ ਐਕਸਾਈਜ਼ ਵਿਭਾਗ ਦੀ ਕਾਰਜ-ਪ੍ਰਣਾਲੀ ’ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਜੇਕਰ ਕਿਸੇ ਗੱਡੀ ’ਤੇ ਸ਼ੱਕ ਸੀ ਤਾਂ ਅੱਗੇ ਲੱਗੇ ਦੋ ਪੁਲਸ ਨਾਕਿਆਂ ਨੂੰ ਸੂਚਿਤ ਕੀਤਾ ਜਾ ਸਕਦਾ ਸੀ।ਉਨ੍ਹਾਂ ਦਾ ਕਹਿਣਾ ਸੀ ਕਿ ਜਲਦਬਾਜ਼ੀ ਵਿੱਚ ਕੀਤੀ ਗਈ ਕਾਰਵਾਈ ਕਾਰਨ ਇਹ ਹਾਦਸਾ ਵਾਪਰਿਆ ਅਤੇ ਇੱਕ ਬੱਚਾ ਗੰਭੀਰ ਜ਼ਖ਼ਮੀ ਹੋ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਇੱਕ ਟਾਟਾ ਹੈਰੀਅਰ ਵਿੱਚ ਗੈਰਕਾਨੂੰਨੀ ਸ਼ਰਾਬ ਲਿਜਾਈ ਜਾ ਰਹੀ ਹੈ।

ਇਸ ਤੋਂ ਬਾਅਦ ਵਿਭਾਗ ਦੀ ਟੀਮ ਨੇ ਗੱਡੀ ਦਾ ਪਿੱਛਾ ਕੀਤਾ ਅਤੇ ਮਨਵਾਲ ਚੌਂਕ ਵਿੱਚ ਉਸ ਨੂੰ ਕਾਬੂ ਕਰ ਲਿਆ।ਗੱਡੀ ਵਿੱਚੋਂ ਗੈਰਕਾਨੂੰਨੀ ਸ਼ਰਾਬ ਬਰਾਮਦ ਹੋਈ ਹੈ, ਜਿਸ ਨੂੰ ਥਾਣੇ ਲੈ ਜਾ ਕੇ ਪੂਰੀ ਜਾਂਚ ਕੀਤੀ ਜਾਵੇਗੀ।

ਉਨ੍ਹਾਂ ਨੇ ਦੱਸਿਆ ਕਿ ਤੇਜ਼ ਰਫ਼ਤਾਰ ਕਾਰਨ ਗੱਡੀ ਹਾਦਸਾਗ੍ਰਸਤ ਹੋ ਗਈ, ਜਦਕਿ ਡਰਾਈਵਰ ਮੌਕੇ ਤੋਂ ਗੱਡੀ ਛੱਡ ਕੇ ਫ਼ਰਾਰ ਹੋ ਗਿਆ।ਉੱਧਰ, ਘਟਨਾ ਸਥਾਨ ’ਤੇ ਪਹੁੰਚੇ ਪੁਲਸ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਗੈਰਕਾਨੂੰਨੀ ਸ਼ਰਾਬ ਬਰਾਮਦ ਹੋਣ ਦੀ ਸੂਚਨਾ ਮਿਲੀ ਸੀ।ਪੁਲਸ ਨੇ ਗੱਡੀ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ।

# ਬਾਬਾ ਗਰੀਬ ਦਾਸ ਮਸ਼ਰਾਲਾ ਦਾ ਸਾਲਾਨਾ ਜੋੜ ਮੇਲਾ ਧੂਮ-ਧਾਮ ਨਾਲ ਮਨਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਮਛਰਾਲਾ ਵਿਖੇ ਮੇਲਾ ਪ੍ਰਬੰਧਕਾਂ ਵੱਲੋਂ ਬਾਬਾ ਗਰੀਬ ਦਾਸ ਦਾ ਸਾਲਾਨਾ ਜੋੜ ਮੇਲਾ ਮੁੱਖ ਸੇਵਾਦਾਰ ਮਹੰਤ ਬਾਬਾ ਗੁਰਸੇਵਕ ਸਿੰਘ ਗੱਦੀ ਨਸ਼ੀਨ ਬਾਬਾ ਗਰੀਬ ਦਾਸ ਮਸ਼ਰਾਲਾ ਅਤੇ ਬਾਬਾ ਨਿਸ਼ਾਨ ਸਿੰਘ ਮਛਰਾਲਾ ਦੀ ਅਗਵਾਈ ਵਿੱਚ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾਂ ਤੇ ਧੂਮ-ਧਾਮ ਮਨਾਇਆ ਗਿਆ।ਇਸ ਮੌਕੇ ਪਹਿਲਾਂ ਤੋਂ ਰੱਖੇ ਗਏ (31) ਸ਼੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਭਾਈ ਗੁਰਮੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆ ਦੇ ਕੀਰਤਨੀ ਜਥੇ ਵੱਲੋ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਬੀਬੀ ਦਲੇਰ ਕੌਰ ਖਾਲਸਾ (ਢਾਡੀ ਜਥਾ) ਭਾਈ ਸੰਦੀਪ ਸਿੰਘ ਮਹਿਮਾ ਕਵੀਸ਼ਰੀ ਜਥਾ, ਬਾਬਾ ਮਲੂਕ ਸਿੰਘ, ਬਾਬਾ ਰਣਧੀਰ ਸਿੰਘ ਅਤੇ ਬਾਬਾ ਸੁਖਵਿੰਦਰ ਸਿੰਘ ਕਵੀਸ਼ਰੀ ਜਥਾ ਭਗਠਾਣਾ ਤੁੱਲੀਆ ਦੇ ਜਥੇ ਸਮੇਤ ਵੱਖ

ਵੱਖ ਜਥਿਆਂ ਵੱਲੋਂ ਵੀ ਹਾਜ਼ਰੀ ਭਰੀ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਮਲਕ ਪੁਰ ਵਾਲੇ, ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਬਲਾਕ ਸੰਮਤੀ ਚੇਅਰਮੈਨ ਬੀਬੀ ਰਾਜਵਿੰਦਰ ਕੌਰ, ਚੇਅਰਮੈਨ ਰਣਜੇਤ ਸਿੰਘ ਬਾਠ, ਸਾਬਕਾ ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ, ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਖੁਸ਼ਹਾਲਪੁਰ, ਕਾਂਗਰਸੀ ਆਗੂ ਇੰਦਰਜੀਤ ਸਿੰਘ ਰੰਧਾਵਾ ਧਾਰੋਵਾਲੀ, ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ, ਆਪ ਆਗੂ ਚੰਨਣ ਸਿੰਘ ਖਾਲਸਾ ਸਮੇਤ ਵੱਖ- ਵੱਖ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਨੇ ਵਿਸ਼ੇਸ਼ ਤੌਰ ’ਤੇ ਹਾਜ਼ਰੀ ਭਰੀ। ਇਸ ਮੌਕੇ ਬਾਬਾ ਸਵਰਨ ਸਿੰਘ, ਬਾਬਾ ਨਿਰਮਲ ਸਿੰਘ, ਗੁਰਮੁੱਖ ਸਿੰਘ ਫੌਜੀ, ਸਾਬਕਾ ਚੇਅਰਮੈਨ ਨਰਿੰਦਰ ਸਿੰਘ ਬਾਜਵਾ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਸਰਪੰਚ ਬੂੜ ਸਿੰਘ ਜੋੜੀਆਂ ਕਲਾਂ, ਸਤਨਾਮ ਸਿੰਘ ਸ਼ਾਹ, ਜਗਜੀਤ ਸਿੰਘ ਲੰਬੜਦਾਰ ਖਾਸਾਵਾਲੀ, ਸੁੱਚਾ ਸਿੰਘ ਮਸ਼ਰਾਲਾ, ਬਾਬਾ ਅਕਾਲ ਸਿੰਘ, ਸ਼ਮਸ਼ੇਰ ਸਿੰਘ ਖਾਸਾਵਾਲੀ, ਕੌਂਸਲਰ ਪਰਮਜੀਤ ਕੌਰ, ਕਸ਼ਮੀਰ ਸਿੰਘ ਹਵੇਲੀਆਂ, ਸਰਪੰਚ ਬਿਕਰਮਜੀਤ ਸਿੰਘ ਮਸ਼ਰਾਲਾ, ਇਕਬਾਲ ਸਿੰਘ, ਦਿਲਬਾਗ ਸਿੰਘ, ਰਸ਼ਪਾਲ ਸਿੰਘ ਮਸ਼ਰਾਲਾ, ਜਗਦੀਪ ਸਿੰਘ ਸਮਰਾ, ਗੁਰਪ੍ਰੀਤ ਸਿੰਘ ਸਰਪੰਚ ਹਰੀਮਾਬਾਦ, ਇਕਬਾਲ ਸਿੰਘ, ਕਸ਼ਮੀਰ ਸਿੰਘ ਫੌਜੀ ਹਵੇਲੀਆਂ, ਸਰਵਨ ਸਿੰਘ ਫੌਜੀ, ਸਰਤਾਜ ਸਿੰਘ, ਹਰਵੰਤ ਸਿੰਘ, ਗੁਰਪ੍ਰੀਤ ਸਿੰਘ ਐਸ ਜੀ ਪੀ ਸੀ, ਅਰਵਿੰਦਰ ਸਿੰਘ, ਮਹਿਕਪ੍ਰੀਤ ਸਿੰਘ, ਹਰਮਨਪ੍ਰੀਤ ਸਿੰਘ, ਨੂਰ ਇਕਬਾਲ ਸਿੰਘ, ਗੁਰਪ੍ਰੀਤ ਸਿੰਘ, ਮੱਖਣਜੋਤ ਸਿੰਘ, ਮਲਕੀਤ ਸਿੰਘ, ਬਲਰਾਜ ਸਿੰਘ, ਕਰਮਲ ਪ੍ਰੀਤ ਸਿੰਘ, ਹਰਸ਼, ਗੁਰ ਸਾਹਿਬ ਸਿੰਘ ਸਾਰੇ ਪੱਕੇ ਸੇਵਾਦਾਰ, ਬਾਬਾ ਰਣਧੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।

# ਅਣ-ਅਧਿਕਾਰਤ ਕਲੋਨੀਆਂ ’ਤੇ ਚੱਲਿਆ ਪੀਲਾ ਪੰਜਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਤਹਿਤ ਏ.ਡੀ.ਏ. ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ ਆਈ ਏ ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਇਤ, ਪੀ ਸੀ ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦਿਆਂ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਥਾਣਾ ਕੱਥੂਨੰਗਲ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪਿੰਡ ਪਾਖਰਪੁਰਾ ਵਿਖੇ ਪਠਾਨਕੋਟ ਰੋਡ ਉੱਪਰ ਵਿਕਸਿਤ ਕੀਤੀਆਂ ਜਾ ਰਹੀਆਂ 04 ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਢਾਹ ਦਿੱਤਾ ਗਿਆ। ਇਸ ਤੋਂ ਇਲਾਵਾ ਪਿੰਡ ਚਵਿੰਡਾ ਦੇਵੀ ਵਿਖੇ ਪੁਲਸ ਅਧਿਕਾਰੀਆਂ ਦੀ ਗੈਰ-ਮੌਜੂਦਗੀ ਵਿੱਚ 02 ਅਣ-ਅਧਿਕਾਰਤ ਕਲੋਨੀਆਂ ਨੂੰ ਵੀ ਢਾਹ ਦਿੱਤਾ ਗਿਆ।ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਿਤ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਾਖਰਪੁਰਾ ਅਤੇ ਪਿੰਡ ਚਵਿੰਡਾ ਦੇਵੀ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ, 1995 ਤਹਿਤ ਨੋਟਿਸ ਜਾਰੀ ਕਰਕੇ ਵਿਕਾਸ ਕਾਰਜ ਬੰਦ ਕਰਵਾਏ ਗਏ ਸਨ। ਇਸ ਦੇ ਬਾਵਜੂਦ ਉਨ੍ਹਾਂ ਵਿਰੁੱਧ 07-07-2026 ਨੂੰ ਡੈਮੋਲਿਸ਼ਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀ ਉਲੰਘਣਾ ਕਰਦਿਆਂ ਨੋਟਿਸ ਜਾਰੀ ਹੋਣ ਦੇ ਬਾਵਜੂਦ ਕੋਈ ਸਪੱਸ਼ਟੀਕਰਨ ਪੇਸ਼ ਨਹੀਂ ਕੀਤਾ ਅਤੇ ਮੌਕੇ ਵਿਕਾਸ ਕਾਰਜ ਜਾਰੀ ਰੱਖੇ। ਏ.ਡੀ.ਏ. ਦੇ ਰੈਗੂਲੇਟਰੀ ਵਿੰਗ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਗੈਰ-ਕਾਨੂੰਨੀ ਕਲੋਨੀਆਂ, ਜੋ ਕਿ ਪੁੱਡਾ ਵਿਭਾਗ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਦੀ ਪੁੱਡਾ ਵੱਲੋਂ ਜਾਰੀ ਮਨਜ਼ੂਰੀ ਜ਼ਰੂਰ ਵੇਖਣ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿਕਾਸ ਅਥਾਰਟੀ ਦੀ ਵੈੱਬਸਾਈਟ ’ਤੇ ਉਪਲਬਧ ਅਣ-ਅਧਿਕਾਰਤ ਕਲੋਨੀਆਂ ਸਬੰਧੀ ਵੇਰਵਿਆਂ ਦੀ ਵੀ ਜਾਂਚ ਕਰਨ।

# ਮੁੱਖ ਪੁਜਾਰੀ ਰਾਮ ਦੀਕਸ਼ਿਤ ਨੂੰ ਸ਼ਰਧਾਂਜਲੀਆਂ ਭੇਟ

**ਛੇਹਰਟਾ, (ਮਨੋਜ ਕੁਮਾਰ)** : ਸ਼੍ਰੀ ਮਾਰਵਾੜੀ ਪੰਚਾਇਤੀ ਵੱਡਾ ਮੰਦਰ ਸ਼੍ਰੀ ਰਘੂਨਾਥ, ਚੌਕ ਅਗਰਸੇਨ, ਅੰਮ੍ਰਿਤਸਰ ਵਿਚ ਮੰਦਰ ਦੇ ਮੁੱਖ ਪੁਜਾਰੀ ਰਾਮ ਦੀਕਸ਼ਿਤ ਨਮਿਤ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਰਾਮ ਦੀਕਸ਼ਿਤ ਦਾ ਬੀਤੀ 25 ਮਈ ਨੂੰ ਦਿਹਾਂਤ ਹੋ ਗਿਆ। ਉਨ੍ਹਾਂ ਨੇ 55 ਸਾਲ ਮਾਰਵਾੜੀ ਮੰਦਰ ਤੇ ਮਾਰਵਾੜੀ ਭਾਈਚਾਰੇ ਦੀ ਸੇਵਾ ਕੀਤੀ। ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਸ਼ਰਧਾਂਜਲੀ ਸਮਾਗਮ ਵਿਚ ਮੁੱਖ ਤੌਰ ’ਤੇ ਸ਼ਾਮਲ ਹੋਏ। ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਵੀ ਆਪਣਾ ਸੋਗ ਸੰਦੇਸ਼ ਭੇਜਿਆ। ਸ਼ਰਧਾਂਜਲੀ ਸਮਾਗਮ ਦੌਰਾਨ ਹਰੀਨਾਮ ਕੀਰਤਨ ਮੰਡਲ ਵੱਲੋਂ ਭਜਨ ਗਾਏ ਗਏ। ਉਪਰੰਤ ਵਿਦਵਾਨਾਂ ਤੇ ਪੰਡਿਤਾਂ ਨੇ ਮੰਤਰਾਂ ਦਾ ਜਾਪ ਕੀਤਾ। ਇਸ ਮੌਕੇ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਕਿਹਾ ਕਿ ਉਹ ਇਸ ਮੰਦਰ ਤੇ ਮੁੱਖ ਪੁਜਾਰੀ ਨਾਲ ਉਸ ਸਮੇਂ ਤੋਂ ਜੁੜੇ ਹੋਏ ਸਨ, ਜਦੋਂ ਉਹ ਅੰਮ੍ਰਿਤਸਰ ਵਿਚ ਡਿਊਟੀ ’ਤੇ ਆਏ ਸਨ। ਇਸ ਮੌਕੇ ਵਿਜੇ ਸਿੰਘਾਨੀਆ ਤੇ ਅਮਿਤ ਗੋਇਨਕਾ ਨੇ ਵੀ ਮੁੱਖ ਪੁਜਾਰੀ ਰਾਮ ਦੀਕਸ਼ਿਤ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸੰਜੇ ਗੁਪਤਾ, ਅਮਿਤ ਜਾਲਾਨ, ਪ੍ਰਦੀਪ ਸਰਾਫ, ਰਮੇਸ਼ ਮਿੱਤਲ, ਅਨੁਜ ਖੇਮਕਾ, ਨੀਲਕੰਠ ਖੇਮਕਾ, ਕੈਲਾਸ਼ ਕਿੰਗ, ਸੁਸ਼ੀਲ ਗੋਇਨਕਾ, ਆਨੰਦ ਗੋਇਨਕਾ, ਰਿਸ਼ੀ ਪੋਦਾਰ, ਅਮਿਤ ਪੋਦਾਰ, ਸੁਨੀਲ ਸਫੜੀਆ, ਅਜੈ ਗੋਇਨਕਾ, ਅਰੁਣ ਗੁਪਤਾ ਆਦਿ ਮੌਜੂਦ ਸਨ।

# ਐੱਸ ਐੱਸ ਪੀ ਜਲੰਧਰ ਦਿਹਾਤੀ ਨੇ ਨਾਕਾਬੰਦੀ ਤੇ ਨਾਈਟ ਡੋਮੀਨੇਸ਼ਨ ਆਪ੍ਰੇਸ਼ਨ ਦਾ ਲਿਆ ਜਾਇਜ਼ਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਨੀਤ ਅਹਲਾਵਤ ਪੁਲਿਸ ਕਪਤਾਨ (ਤਫ਼ਤੀਸ਼), ਮੁਕੇਸ਼ ਕੁਮਾਰ ਪੁਲਿਸ ਕਪਤਾਨ (ਸਥਾਨਿਕ) ਅਤੇ ਮਨਜੀਤ ਕੌਰ, ਪੁਲਿਸ ਕਪਤਾਨ ਦੀ ਨਿਗਰਾਨੀ ਹੇਠ ਜਲੰਧਰ ਦਿਹਾਤੀ ਪੁਲਿਸ ਵੱਲੋਂ ਸਿਟੀ ਸਰਵੇਲੈਂਸ ਪਲਾਨ ਤਹਿਤ ਜ਼ਿਲ੍ਹਾ ਪੱਧਰ 'ਤੇ ਸਪੈਸ਼ਲ ਨਾਕਾਬੰਦੀ ਅਤੇ ਨਾਈਟ ਡੋਮੀਨੇਸ਼ਨ ਆਪ੍ਰੇਸ਼ਨ ਚਲਾਇਆ ਗਿਆ। ਇਸ ਆਪ੍ਰੇਸ਼ਨ ਦਾ ਉਦੇਸ਼ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨਾ, ਅਪਰਾਧਿਕ ਗਤੀਵਿਧੀਆਂ 'ਤੇ ਕੜੀ ਨਿਗਰਾਨੀ ਰੱਖਣਾ ਅਤੇ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਕਾਇਮ ਰੱਖਣਾ ਸੀ। ਆਪ੍ਰੇਸ਼ਨ ਦੌਰਾਨ ਸਬੰਧਤ ਥਾਣਾ ਮੁਖੀਆਂ ਦੀ ਅਗਵਾਈ ਹੇਠ ਪੁਲਿਸ ਟੀਮਾਂ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਰਣਨੀਤਕ ਸਥਾਨਾਂ, ਮੁੱਖ ਸੜਕਾਂ, ਸੰਵੇਦਨਸ਼ੀਲ ਇਲਾਕਿਆਂ ਅਤੇ ਆਉਣ-ਜਾਣ ਵਾਲੇ ਰਸਤਿਆਂ 'ਤੇ ਵਿਸ਼ੇਸ਼ ਨਾਕੇ ਲਗਾਏ ਗਏ। ਇਸ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ ਅਤੇ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਗਤੀਵਿਧੀ ਨੂੰ ਰੋਕਣ ਲਈ ਗਸ਼ਤ ਹੋਰ ਤੇਜ਼ ਕੀਤੀ ਗਈ। ਇਸ ਮੌਕੇ ਉਨ੍ਹਾਂ ਡਿਊਟੀ 'ਤੇ ਤਾਇਨਾਤ ਪੁਲਸ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਹਰ ਸਮੇਂ ਚੌਕਸ ਰਹਿਣ, ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਗਹਿਰਾਈ ਨਾਲ ਜਾਂਚ ਕਰਨ, ਸੁਰੱਖਿਆ ਸਬੰਧੀ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਆਮ ਲੋਕਾਂ ਨਾਲ ਨਿਮਰਤਾ ਅਤੇ ਪੇਸ਼ੇਵਰਾਨਾ ਢੰਗ ਨਾਲ ਪੇਸ਼ ਆਉਣ ਦੇ ਨਿਰਦੇਸ਼ ਦਿੱਤੇ।ਰਾਤ ਸਮੇਂ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਲਈ ਜ਼ਿਲ੍ਹੇ ਭਰ ਵਿੱਚ ਨਾਈਟ ਡੋਮੀਨੇਸ਼ਨ ਆਪ੍ਰੇਸ਼ਨ ਵੀ ਹੋਰ ਤੇਜ਼ ਕੀਤੇ ਗਏ। ਪੁਲਿਸ ਟੀਮਾਂ ਵੱਲੋਂ ਸੰਵੇਦਨਸ਼ੀਲ ਇਲਾਕਿਆਂ ਵਿੱਚ ਲਗਾਤਾਰ ਗਸ਼ਤ ਅਤੇ ਨਿਗਰਾਨੀ ਕੀਤੀ ਗਈ ਤਾਂ ਜੋ ਅਪਰਾਧਾਂ ਨੂੰ ਰੋਕਿਆ ਜਾ ਸਕੇ।

# ਮਨੀਸ਼ ਸਿਸੋਦੀਆ ਨੇ ਨਾਰੀ ਨਿਕੇਤਨ ਦਾ ਕੀਤਾ ਦੌਰਾ

**ਜਲੰਧਰ (ਰਾਜੇਸ਼ ਥਾਪਾ)**- ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਤੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਨੇ ਨਾਰੀ ਨਿਕੇਤਨ ਦਾ ਦੌਰਾ ਕੀਤਾ। ਸੰਸਥਾ 'ਚ ਪੁੱਜਣ 'ਤੇ ਉਨ੍ਹਾਂ ਦਾ ਸਵਾਗਤ ਨਾਰੀ ਨਿਕੇਤਨ ਟਰੱਸਟ ਦੇ ਜਨਰਲ ਸਕੱਤਰ ਗੁਰਜੋਤ ਕੌਰ ਤੇ ਟਰੱਸਟੀ ਸੀਮਾ ਚੋਪੜਾ ਵਲੋਂ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਾਰੀ ਨਿਕੇਤਨ ਵਲੋਂ ਕੀਤੇ ਜਾ ਰਹੇ ਕਾਰਜਾਂ ਅਤੇ ਉਥੇ ਰਹਿਣ ਵਾਲੇ ਬੱਚਿਆਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਮਨੀਸ਼ ਸਿਸੋਦੀਆ ਨੇ ਸੰਸਥਾ ਦੀ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਸੰਸਥਾ ਵਲੋਂ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਨੇ ਸਾਰੇ ਬੱਚਿਆਂ ਨਾਲ ਗੱਲਬਾਤ ਕੀਤੀ। ਉਪਰੰਤ ਉਹ ਨਾਰੀ ਨਿਕੇਤਨ ਦੀ ਸ਼ਿਸ਼ੂ ਗ੍ਰਹਿ ਵਿਖੇ ਵੀ ਗਏ ਅਤੇ ਛੋਟੇ ਬੱਚਿਆਂ ਨੂੰ ਦੇਖਿਆ ਅਤੇ ਗੋਦੀ ਚੁੱਕ ਕੇ ਪਿਆਰ ਕੀਤਾ। ਟਰੱਸਟੀਆਂ ਨੇ 'ਆਪ' ਆਗੂ ਨੂੰ ਵੱਡੇ ਬੱਚਿਆਂ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਕੋਰਸਾਂ ਬਾਰੇ ਵੀ ਜਾਣਕਾਰ ਦਿੱਤੀ। ਇਸ ਤੋਂ ਬਾਅਦ ਉਨ੍ਹਾਂ ਨੇ ਸੰਸਥਾ 'ਚ ਕੰਮ ਕਰਨ ਵਾਲੇ ਸਟਾਫ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਕੰਮਕਾਰ ਬਾਰੇ ਜਾਣਕਾਰੀ ਹਾਸਲ ਕੀਤੀ। ਬੱਚਿਆਂ ਨੇ ਨਾਰੀ ਸ਼ਸ਼ਕਤੀਕਰਨ ਸੰਬੰਧੀ ਯੋਗਾ ਸੈਸ਼ਨ ਦੌਰਾਨ ਵੱਖ-ਵੱਖ ਆਸਨਾਂ ਦੀ ਪੇਸ਼ਕਾਰੀ ਦੇ ਕੇ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਮਨੀਸ਼ ਸਿਸੋਦੀਆ ਨੇ ਬੱਚਿਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਇਸ ਉਪਰੰਤ ਉਨ੍ਹਾਂ ਨੇ ਏ ਐੱਨ ਗੁਜਰਾਲ ਸੀਨੀਅਰ ਸੈਕੰਡਰੀ ਸਕੂਲ ਦਾ ਦੌਰਾ ਕੀਤਾ ਅਤੇ ਵੱਡੀਆਂ ਜਮਾਤਾਂ ਦੇ ਨਾਲ-ਨਾਲ ਕੇ. ਜੀ. ਵਿੰਗ ਵੀ ਦੇਖਿਆ। ਕਲਾਸ ਵਿੱਚ ਵਿਦਿਆਰਥੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀ ਪੜ੍ਹਾਈ ਬਾਰੇ ਜਾਣਿਆ। ਉਨ੍ਹਾਂ ਨੇ ਸਮਾਰਟ ਕਲਾਸ ਰੂਮ ਤੇ ਕੰਪਿਊਟਰ ਲੈਬ ਵੀ ਦੇਖੀ। ਵਿਦਿਆਰਥੀਆਂ ਨੇ ਮਨੀਸ਼ ਸਿਸੋਦੀਆ ਨੂੰ ਪਲਾਂਟਰ ਤੇ ਹੱਥੀਂ ਤਿਆਰ ਕੀਤਾ ਕਾਰਡ ਦੇ ਕੇ ਸਵਾਗਤ ਕੀਤਾ, ਜਿਸ 'ਤੇ 'ਆਪ' ਆਗੂ ਨੇ ਵਿਦਿਆਰਥੀਆਂ ਦੀ ਹੌਸਲਾ-ਅਫਜ਼ਾਈ ਕਰਦਿਆਂ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਜ਼ਿਲ੍ਹਾ ਸ਼ਹਿਰੀ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ।

# ਨਿਸਾਨ ਟੈਕਟੌਨ ਲਾਂਚ, ਕੀਮਤ 10.49 ਲੱਖ ਤੋਂ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਿਸਾਨ ਮੋਟਰ ਇੰਡੀਆ ਨੇ ਭਾਰਤ ਵਿੱਚ ਆਯੋਜਿਤ ਵਰਲਡ ਪ੍ਰੀਮੀਅਰ ਦੌਰਾਨ ਨਵੀਂ ਨਿਸਾਨ ਟੈਕਟੌਨ ਨੂੰ ਲਾਂਚ ਕੀਤਾ। ਇਹ ਲਾਂਚਿੰਗ ਕੰਪਨੀ ਦੀ ਉਤਪਾਦ ਵਿਸਤਾਰ ਮੁਹਿੰਮ ਦਾ ਇੱਕ ਮਹੱਤਵਪੂਰਨ ਪੜਾਅ ਹੈ। ਪ੍ਰੀਮੀਅਮ ਸੀ-ਐੱਸ ਯੂਵੀ ਸੈਗਮੈਂਟ ਦੀ ਇਹ ਪਹਿਲੀ ਅਜਿਹੀ ਐੱਸ ਯੂਵੀ ਹੈ, ਜਿਸ ਵਿੱਚ ਸਾਰੇ ਵੇਰੀਐਂਟਸ ਵਿੱਚ 100 ਫੀਸਦੀ ਟਰਬੋਚਾਰਜਡ ਇੰਜਣ ਲਾਈਨ-ਅੱਪ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਇਸ ਵਿੱਚ ਸੈਗਮੈਂਟ ਦੇ ਕਈ ਬੈਸਟ ਫੀਚਰਸ ਦਿੱਤੇ ਗਏ ਹਨ, ਜਿਨ੍ਹਾਂ ਵਿੱਚ ਟਰਬੋ ਪਰਫਾਰਮੈਂਸ, ਗੂਗਲ ਬਿਲਟ-ਇਨ ਕਨੈਕਟੀਵਿਟੀ ਅਤੇ 700 ਲੀਟਰ ਦਾ ਕਲਾਸ-ਲੀਡਿੰਗ ਬੂਟ ਸਪੇਸ ਸ਼ਾਮਲ ਹਨ। ਟੀ 280 ਰੇਂਜ, ਜਿਸ ਵਿੱਚ ਮੈਨੂਅਲ ਅਤੇ ਡੀਸੀਟੀ ਗਿਅਰਬਾਕਸ ਦੋਵੇਂ ਵਿਕਲਪ ਉਪਲਬਧ ਹਨ, ਦੀ ਸ਼ੁਰੂਆਤੀ ਕੀਮਤ 14.99 ਲੱਖ ਰੁਪਏ ਹੈ। ਟੀ160 ਰੇਂਜ ਦੀ ਸ਼ੁਰੂਆਤੀ ਕੀਮਤ 10.49 ਲੱਖ ਰੁਪਏ ਰੱਖੀ ਗਈ ਹੈ। ਨਵੀਂ ਨਿਸਾਨ ਟੈਕਟੌਨ ਨੂੰ ਭੀੜ ਤੋਂ ਵੱਖਰੀ ਪਛਾਣ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਇਸ ਦਾ ਡਿਜ਼ਾਈਨ ਨਿਸਾਨ ਦੀ ਵੱਕਾਰੀ ਐੱਸ ਯੂ ਵੀ 'ਨਿਸਾਨ ਪੈਟਰੋਲ' ਤੋਂ ਪ੍ਰੇਰਿਤ ਹੈ ਅਤੇ ਇਹ ਐੱਸ ਯੂ ਵੀ ਦੇ ਮਾਮਲੇ ਵਿੱਚ ਉੱਤਮਤਾ ਦੀ ਨਿਸਾਨ ਦੀ 75 ਸਾਲਾਂ ਦੀ ਵਿਰਾਸਤ ਨੂੰ ਨਵੇਂ ਅੰਦਾਜ਼ ਵਿੱਚ ਸਾਹਮਣੇ ਲਿਆਉਂਦੀ ਹੈ।

# ਸਰਕਾਰੀ ਪ੍ਰਾਇਮਰੀ ਸਕੂਲ ਨੂੰ ਚਾਰ ਪੱਖੇ ਦਿੱਤੇ

**ਕਰਤਾਰਪੁਰ (ਹਰਮੇਸ਼ ਦੱਤ)**- ਗਰਮੀਆਂ ਦੇ ਦਿਨਾਂ ਵਿੱਚ ਹਰ ਸਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਲਈ ਪੱਖਿਆਂ ਦੀ ਸੇਵਾ ਕਰਨ ਵਾਲੇ ਕਰਤਾਰਪੁਰ ਦੇ ਸਮਾਜਸੇਵੀ ਫੁੱਲ ਪਰਿਵਾਰ ਵੱਲੋਂ ਆਪਣੀ ਹਰ ਸਾਲ ਦੀ ਸੇਵਾ ਨੂੰ ਜਾਰੀ ਰੱਖਦਿਆਂ ਜ਼ਿਲ੍ਹਾ ਜਲੰਧਰ ਦੇ ਪਿੰਡ ਸੂਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਲਈ ਚਾਰ ਪੱਖੇ ਦਿੱਤੇ। ਇਸ ਸੇਵਾ ਲਈ ਸਕੂਲ ਸਟਾਫ਼ ਵੱਲੋਂ ਫੁੱਲ ਪਰਵਾਰ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਮਾਜਸੇਵੀ ਨਗੇਂਦਰ ਫੁੱਲ, ਸੁਰਜੀਤ ਸਿੰਘ, ਸੰਸਥਾ ਨੇਕੀ ਦੀ ਦੁਕਾਨ ਕਰਤਾਰਪੁਰ ਦੇ ਮਾਸਟਰ ਅਮਰੀਕ ਸਿੰਘ, ਸਕੂਲ ਇੰਚਾਰਜ ਪੂਨਮ, ਰਾਖੀ ਦੱਤਾ, ਪਰਮਿੰਦਰ ਕੌਰ, ਕਮਲਜੀਤ ਕੁਮਾਰੀ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

# 16 ਨਵੇਂ ਹਸਪਤਾਲਾਂ 'ਚ ਵੀ ਜਲਦ ਸ਼ੁਰੂ ਹੋਵੇਗੀ ਮੁਫ਼ਤ ਡਾਇਲਸਿਸ ਸੇਵਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬਾ ਸਰਕਾਰ ਸਿਹਤ ਸੇਵਾਵਾਂ ਵਿੱਚ ਇਤਿਹਾਸਕ ਬਦਲਾਅ ਲਿਆ ਰਹੀ ਹੈ। ਸੂਬੇ ਵਿੱਚ ਮੁਫ਼ਤ ਡਾਇਲਸਿਸ ਦੀ ਸਹੂਲਤ ਸ਼ੁਰੂ ਕੀਤੀ ਜਾ ਚੁੱਕੀ ਹੈ। ਹੁਣ ਇਸ ਯੋਜਨਾ ਦਾ ਵਿਸਤਾਰ ਕਰਦੇ ਹੋਏ ਮਹਿੰਦਰਗੜ੍ਹ ਜ਼ਿਲ੍ਹੇ ਦੇ ਕਨੀਨਾ ਸਮੇਤ 16 ਨਵੇਂ ਸਬ-ਡਿਵੀਜ਼ਨਲ ਹਸਪਤਾਲਾਂ ਵਿੱਚ ਵੀ ਮੁਫ਼ਤ ਡਾਇਲਸਿਸ ਸੇਵਾ ਹੋਵੇਗੀ। ਮਾਂ ਅਤੇ ਬੱਚੇ ਦੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਮੇਦਾਂਤਾ ਹਸਪਤਾਲ ਨਾਲ ਐੱਮ ਓ ਯੂ ਕੀਤਾ ਗਿਆ ਹੈ। ਇਸ ਤਹਿਤ ਗਰਭਵਤੀ ਮਹਿਲਾਵਾਂ ਅਤੇ ਨਵਜੰਮੇ ਬੱਚਿਆਂ ਨੂੰ ਮੇਦਾਂਤਾ ਦੇ ਮਾਹਿਰ ਡਾਕਟਰਾਂ ਵੱਲੋਂ ਨਿਯਮਤ ਸਿਹਤ ਨਿਗਰਾਨੀ ਤੇ ਸਲਾਹ ਦਿੱਤੀ ਜਾਵੇਗੀ।ਸਿਹਤ ਮੰਤਰੀ ਮਹਿੰਦਰਗੜ੍ਹ ਜ਼ਿਲ੍ਹੇ ਦੇ ਅਟੇਲੀ ਵਿਧਾਨਸਭਾ ਖੇਤਰ ਵਿੱਚ ਧੰਨਵਾਦੀ ਦੌਰੇ ਤਹਿਤ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੀ ਸੀ।ਇਸ ਦੌਰਾਨ ਉਨ੍ਹਾਂ ਨੇ ਪਿੰਡ ਪੰਚਾਇਤ ਬੋਚੜੀਆ, ਹਸਨਪੁਰ ਅਤੇ ਮਲੀਮਪੁਰ ਵਿੱਚ ਲਗਭਗ 3.13 ਕਰੋੜ ਰੁਪਏ ਨਾਲ ਪੂਰੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਉਨ੍ਹਾਂ ਦੋਵਾਂ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਚੱਲ ਰਹੀ ਸੂਬਾ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਬਿਹਤਰ ਸਿਹਤ ਸਹੂਲਤਾਂ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਇਸ ਦੌਰੇ ਦੌਰਾਨ ਉਨ੍ਹਾਂ ਨੇ ਬੋਚੜੀਆ ਅਤੇ ਹਸਨਪੁਰ ਪਿੰਡ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ 11 ਲੱਖ ਰੁਪਏ ਦੀ ਵਾਧੂ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ।

# ਮੰਗਾਂ ਪੂਰੀਆਂ ਨਾ ਕਰਨ ਤੇ ਸਰਕਾਰ ਖਿਲਾਫ ਪੇਂਡੂ ਚੌਕੀਦਾਰਾਂ ਨੇ ਕੀਤਾ ਰੋਸ ਪ੍ਰਗਟ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਬ ਤਹਿਸੀਲ ਟਾਂਡਾ ਵਿਖੇ ਪੇਂਡੂ ਚੌਕੀਦਾਰਾਂ ਦੀ ਹੋਈ ਮੀਟਿੰਗ ਦੌਰਾਨ ਯੂਨੀਅਨ ਦੇ ਮੈਂਬਰਾਂ ਨੇ ਆਪਣੀਆਂ ਹੱਕੀ ਮੰਗਾਂ ਦੇ ਸੰਬੰਧ ਵਿੱਚ ਪੰਜਾਬ ਸਰਕਾਰ ਖਿਲਾਫ ਆਵਾਜ਼ ਬੁਲੰਦ ਕੀਤੀ। ਯੂਨੀਅਨ ਦੇ ਆਗੂ ਸੁਰਿੰਦਰ ਸਿੰਘ ਨੰਗਲ ਕਲਾਲਾ ਹਾਜ਼ਰੀ ਵਿੱਚ ਹੋਈ ਮੀਟਿੰਗ ਦੌਰਾਨ ਸਕੱਤਰ ਜਸਵਿੰਦਰ ਸਿੰਘ ਜਕੋਵਾਲ , ਜੋਗਿੰਦਰ ਸਿੰਘ ਬੁੱਢੀ ਪਿੰਡ, ਸਤਪਾਲ ਸਿੰਘ ਜਹੂਰਾ, ਚਰਨਜੀਤ ਸਿੰਘ ਹੇਜਮਾ, ਅਜੀਤ ਸਿੰਘ ਢਿੱਲੋਂਵਾਲ, ਤਰਸੇਮ ਲਾਲ ਦਬੁਰਜੀ, ਬਲਵੀਰ ਸਿੰਘ ਠਾਕਰੀ, ਕੁਲਦੀਪ ਸਿੰਘ ਸਹਿਬਾਜਪੁਰ, ਬੂਟਾ ਰਾਮ ਪਵੇ, ਬਲਵੀਰ ਸਿੰਘ ਚਤੋਂਵਾਲ, ਜਤਿੰਦਰ ਸਿੰਘ ਪੁਲ ਪੁਖਤਾ, ਨਿਰਮਲ ਸਿੰਘ ਕੰਧਾਲਾ ਸ਼ੇਖਾ ਹੋਰ ਨਾ ਪੇਂਡੂ ਚੌਕੀਦਾਰਾਂ ਨੇ ਸਰਕਾਰ ਖਿਲਾਫ ਰੋਸ ਜ਼ਾਹਿਰ ਕਰਦਿਆਂ ਦੱਸਿਆ ਕਿ ਸਰਕਾਰ ਉਹਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਕਰ ਰਹੀ। ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਆਪਣੀਆਂ ਮੰਗਾਂ ਪ੍ਰਤੀ ਆਵਾਜ਼ ਬੁਲੰਦ ਕਰਦਿਆਂ ਦੱਸਿਆ ਕਿ ਪੇਂਡੂ ਚੌਕੀਦਾਰ ਪਿਛਲੇ ਲੰਬੇ ਸਮੇਂ ਤੋਂ 7500 ਰੁਪਏ ਪ੍ਰਤੀ ਮਹੀਨਾ ਤਨਖਾਹ, ਪਿੰਡਾਂ ਵਿੱਚ 5-5ਮਰਲੇ ਦੇ ਪਲਾਟ, ਚੌਕੀਦਾਰਾਂ ਨੂੰ ਮੌਸਮ ਅਨੁਸਾਰ 2-2 ਵਰਦੀਆਂ ਅਤੇ ਹੋਰ ਲੋੜੀਂਦਾ ਸਮਾਨ ਅਤੇ ਜਨਮ ਮੌਤ ਸੰਬੰਧੀ ਰਜਿਸਟਰੇਸ਼ਨ ਕਰਨ ਦਾ ਲਈ ਸੰਘਰਸ਼ ਕਰ ਰਹੇ ਹਨ ਪ੍ਰੰਤੂ ਕਿਸੇ ਵੀ ਸਰਕਾਰ ਨੇ ਉਹਨਾਂ ਦੀ ਬਾਂਹ ਨਹੀਂ ਫੜੀ ਅਤੇ ਡੰਗ ਟਪਾਉ ਨੀਤੀ ਤਹਿਤ ਚੌਕੀਦਾਰਾਂ ਨੂੰ ਲਾਰੇ ਲੱਪਿਆਂ ਵਿੱਚ ਹੀ ਰੱਖਿਆ। ਇਸ ਮੌਕੇ ਯੂਨੀਅਨ ਦੇ ਆਗੂਆਂ ਨੇ ਸੂਬਾ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ।

# ਸਕੂਲ ਪ੍ਰਿੰਸੀਪਲਾਂ ਦੀਆਂ ਤਰੱਕੀਆਂ ਬਿਨਾਂ ਦੇਰੀ ਕੀਤੀਆਂ ਜਾਣ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪਿਛਲੇ ਦਿਨੀਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਲੈਕਚਰਾਰ ਅਤੇ ਹੈੱਡ ਮਾਸਟਰ ਕਾਡਰ ਤੋਂ ਪ੍ਰਿੰਸੀਪਲਾਂ ਦੀਆਂ ਹੋਣ ਵਾਲੀਆਂ ਤਰੱਕੀਆਂ ਦੇ ਰਾਹ ਵਿੱਚ ਆਈਆਂ ਰੁਕਾਵਟਾਂ ਨੂੰ ਦੂਰ ਕਰ ਦਿੱਤਾ ਗਿਆ ਹੈ। ਇਸ ਨਾਲ 1100 ਤੋਂ ਵੀ ਵਧੇਰੇ ਸਕੂਲਾਂ ਵਿੱਚ ਲੰਮੇ ਸਮੇਂ ਤੋਂ ਪ੍ਰਿੰਸੀਪਲਾਂ ਦੀ ਚੱਲ ਰਹੀ ਉਡੀਕ ਸਮਾਪਤ ਹੋਣ ਦੀਆਂ ਸੰਭਾਵਨਾਵਾਂ ਬਣ ਗਈਆਂ ਹਨ। ਇਸ ਸਬੰਧੀ ਵਿਸਤ੍ਰਿਤ ਜਾਣਕਾਰੀ ਦਿੰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਉਨ੍ਹਾਂ ਦੀ ਜੱਥੇਬੰਦੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਪ੍ਰਿੰਸੀਪਲਾਂ ਦੀਆਂ ਖਾਲੀ ਅਸਾਮੀਆਂ ਦਾ ਮੁੱਦਾ ਉਠਾਇਆ ਜਾ ਰਿਹਾ ਸੀ। ਪਿਛਲੇ ਵਰ੍ਹੇ 2025 ਦੀ ਸ਼ੁਰੂਆਤ ਵਿੱਚ ਡੀਟੀਐਫ ਵੱਲੋਂ ਪ੍ਰਿੰਸੀਪਲ ਦੀਆਂ 44% ਖਾਲੀ ਅਸਾਮੀਆਂ ਹੋਣ ਬਾਰੇ ਜਾਰੀ ਕੀਤੀ ਗਈ ਖੋਜ-ਭਰਪੂਰ ਰਿਪੋਰਟ ਰਾਹੀਂ ਇਹ ਮੁੱਦਾ ਪੰਜਾਬ ਅਤੇ ਬਾਕੀ ਦੇਸ਼ ਦੇ ਹਿੱਸਿਆਂ ਤੱਕ ਵੀ ਉਜਾਗਰ ਹੋਇਆ ਸੀ। ਡੀ ਟੀ ਐੱਫ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ,ਰਘਵੀਰ ਭਵਾਨੀਗੜ੍ਹ ਅਤੇ ਪ੍ਰੈੱਸ ਸਕੱਤਰ ਪਵਨ ਕੁਮਾਰ ਨੇ ਮੰਗ ਕੀਤੀ ਕਿ ਹੁਣ ਕੋਈ ਹੋਰ ਢਿੱਲਮੱਠ ਵਿਖਾਉਣ ਦੀ ਥਾਂ ਪੰਜਾਬ ਸਰਕਾਰ, ਸਿੱਖਿਆ ਵਿਭਾਗ ਰਾਹੀਂ ਬਿਨਾਂ ਦੇਰੀ ਲੈਕਚਰਾਰ ਅਤੇ ਹੈੱਡ ਮਾਸਟਰ ਕਾਡਰ ਨੂੰ ਉਨ੍ਹਾਂ ਦੇ ਬਣਦੇ ਕੋਟੇ ਅਨੁਸਾਰ ਤਰੱਕੀਆਂ ਦੇ ਕੇ ਪ੍ਰਿੰਸੀਪਲ ਬਣਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਅਤੇ ਜਸਵਿੰਦਰ ਔਜਲਾ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਵੀ ਹਾਜ਼ਰ ਸਨ।

# ਨਸ਼ਾ ਤਸਕਰ ਚੜ੍ਹਿਆ ਪੁਲਸ ਅੜਿੱਕੇ

**ਗੁਰਦਾਸਪੁਰ (ਜਨਕ ਮਹਾਜਨ)**- ਨਸ਼ਿਆਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਸ਼ਾਲਾ ਪੁਲਸ ਨੇ ਨਸ਼ਾ ਤਸਕਰ ਨੂੰ ਕਾਬੂ ਕਰਨ ਵਿਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਦੇ ਤਫ਼ਤੀਸ਼ੀ ਅਫ਼ਸਰ ਏ.ਐੱਸ.ਆਈ. ਵਿਜੇ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ [illegible] ਨੂੰ ਚੈੱਕ ਕੀਤਾ ਜਿਸ ਵਿੱਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਉਕਤ ਨਸ਼ਾ ਤਸਕਰ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਡੇਂਗੂ ਤੋਂ ਬਚਾਅ ਸੰਬੰਧੀ ਜਾਗਰੂਕਤਾ ਮੁਹਿੰਮ

**ਬਲਾਚੌਰ (ਗੁਰਵਿੰਦਰ ਬੈਂਸ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪਰਮਜੀਤ ਲਾਲ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਵੱਲੋਂ ਡੇਂਗੂ ਦੇ ਬਚਾਅ ਸਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸ ਤਹਿਤ ਸਿਹਤ ਵਿਭਾਗ ਦੀ ਟੀਮ ਵੱਲੋਂ ਪ੍ਰਵਾਸੀ ਡੇਰਿਆਂ ਅਤੇ ਸੰਘਣੀ ਆਬਾਦੀ ਵਾਲੇ ਖੇਤਰਾਂ ਵਿੱਚ ਜਾ ਕੇ ਬੈਨਰਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਦੇ ਨਾਲ ਹੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਉਨ੍ਹਾਂ ਨੂੰ ਆਪਣੇ ਘਰਾਂ ਤੇ ਆਲੇ-ਦੁਆਲੇ ਜਾ ਕੇ ਲਾਰਵਾ ਚੈੱਕ ਕਰਨ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ।ਇਸ ਜਾਗਰੂਕਤਾ ਮੁਹਿੰਮ ਅਤੇ ਸੈਮੀਨਾਰ ਦੌਰਾਨ ਅਮਰਜੀਤ ਕੁਮਾਰ ਬੀ ਈ ਈ, ਅਮਨਦੀਪ ਸਿੰਘ ਐੱਮ ਪੀ ਐਚ ਡਬਲਯੂ , ਬਲਵਿੰਦਰ ਸਿੰਘ ਐਮ ਪੀ ਐਚ ਡਬਲਯੂ , ਬਰੀਡਰ ਚੈੱਕਰ ਸੁਭਾਸ਼ ਚੰਦਰ ਅਤੇ ਬਰੀਡਰ ਚੈਕਰ ਜਸਪਾਲ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਕਰਮਚਾਰੀ ਹਾਜ਼ਰ ਸਨ।

# ਭਾਰਤ ਵਿਕਾਸ ਪਰਿਸ਼ਦ ਨੇ ਸਥਾਪਨਾ ਦਿਵਸ ਮਨਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਭਾਰਤ ਵਿਕਾਸ ਪਰਿਸ਼ਦ, ਫਗਵਾੜਾ ਵੱਲੋਂ ਸਮਾਜਿਕ ਸੇਵਾ ਅਤੇ ਰਾਸ਼ਟਰ ਨਿਰਮਾਣ ਦੇ ਆਪਣੇ ਉਦੇਸ਼ਾਂ ਨੂੰ ਅੱਗੇ ਵਧਾਉਂਦਿਆਂ ਸੰਸਕ੍ਰਿਤੀ ਪਖਵਾੜੇ ਦੌਰਾਨ ਸਥਾਪਨਾ ਦਿਵਸ ਅਤੇ ਐਨੀਮੀਆ ਮੁਕਤ ਭਾਰਤ ਪ੍ਰੋਜੈਕਟ ਦਾ ਆਯੋਜਨ ਡਿਵਾਈਨ ਪਬਲਿਕ ਸਕੂਲ, ਫਗਵਾੜਾ ਵਿਖੇ ਕੀਤਾ ਗਿਆ। ਸਕੂਲ ਮੈਨੇਜਮੈਂਟ ਚੇਅਰਮੈਨ ਪੰਕਜ ਕਪੂਰ ਅਤੇ ਪਰਿਸ਼ਦ ਪ੍ਰਧਾਨ ਰਵਿੰਦਰ ਗੁਲਾਟੀ ਦੀ ਅਗਵਾਈ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਵੰਦੇ ਮਾਤਰਮ ਗਾਇਨ ਨਾਲ ਕਰਦਿਆਂ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਾਂਤ ਅਧਿਕਾਰੀ ਅਸ਼ੋਕ ਗੁਪਤਾ ਨੇ ਸੰਸਥਾ ਦੇ ਸਿਧਾਂਤਾਂ ਸੰਪਰਕ , ਸਹਿਯੋਗ, ਸੇਵਾ, ਸੰਸਕਾਰ ਅਤੇ ਸਮਰਪਣ ਬਾਰੇ ਜਾਣਕਾਰੀ ਦਿੱਤੀ ਅਤੇ ਕੀਤੇ ਜਾਂਦੇ ਸਮਾਜ ਸੇਵੀ ਕੰਮਾਂ ਬਾਰੇ ਦੱਸਿਆ । ਮੁੱਖ ਪ੍ਰੋਜੈਕਟ ਡਾਇਰੈਕਟਰ ਪ੍ਰਵੇਸ਼ ਗੁਪਤਾ ਨੇ ਸੰਸਕ੍ਰਿਤੀ ਪਖਵਾੜੇ ਦੌਰਾਨ ਆਯੋਜਿਤ ਪ੍ਰੋਜੈਕਟਾਂ ਸੰਬੰਧੀ ਦੱਸਿਆ । ਐਨੀਮੀਆ ਮੁਕਤ ਭਾਰਤ ਪ੍ਰੋਜੈਕਟ ਅਧੀਨ ਮੁੱਖ ਬੁਲਾਰੇ ਡਾ. ਏਸ਼ੂ ਦੀਕਸ਼ਤ ਗੁਰਤਾ ਵੱਲੋਂ ਵਿਦਿਆਰਥੀਆਂ ਨੂੰ ਐਨੀਮੀਆ ਦੇ ਕਾਰਨਾਂ, ਲੱਛਣਾਂ ਅਤੇ ਬਚਾਅ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸੰਤੁਲਿਤ ਆਹਾਰ, ਆਇਰਨ ਯੁਕਤ ਭੋਜਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਪ੍ਰੋਜੈਕਟ ਡਾਇਰੈਕਟਰ ਡਾ. ਰਾਜੀਵ ਗੁਪਤਾ ਅਤੇ ਲੋਕ ਹਰਜਿੰਦਰ ਗੋਗਨਾ ਨੇ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀਆਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਹੈਡਮਾਸਟਰ ਇੰਦਰਜੀਤ ਸਿੰਘ ਅਤੇ ਲੈਕਚਰਾਰ ਵਰਿੰਦਰ ਸ਼ਰਮਾ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸਿਹਤ ਪ੍ਰਤੀ ਜਾਗਰੂਕ ਕਰਕੇ ਹੀ ਇੱਕ ਤੰਦਰੁਸਤ ਅਤੇ ਸਮਰੱਥ ਭਾਰਤ ਦੀ ਨੀਂਹ ਰੱਖੀ ਜਾ ਸਕਦੀ ਹੈ। ਸੰਸਥਾ ਵੱਲੋਂ ਸਕੂਲ ਕਮੇਟੀ ਅਤੇ ਡਾ. ਏਸ਼ੂ ਦੀਕਸ਼ਤ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸ਼ਵੇਤਾ ਜੌਹਰ, ਯੋਗੇਸ਼ ਵਰਮਾ, ਜਤਿੰਦਰ ਅਗਰਵਾਲ, ਪ੍ਰਦੀਪ ਸ਼ਰਮਾ, ਪ੍ਰਨਵੀ ਕਪੂਰ, ਆਰਿਮਾ ਭਾਰਦਵਾਜ, ਡਾ. ਵਿਕਾਸ ਗੁਪਤਾ, ਆਸ਼ੀਸ਼ ਬੱਗਾ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਕਾਲਜ ਦੇ ਸਮੁੱਚੇ ਸਟਾਫ ਨੇ 100% ਐਨੂਮਰੇਸ਼ਨ ਫਾਰਮ ਭਰ ਕੇ ਕੀਤੀ ਸ਼ਲਾਘਾਯੋਗ ਪਹਿਲ

**ਖਰੜ (ਹਰਨਾਮ ਸਿੰਘ ਡੱਲਾ)**- ਸਰਕਾਰੀ ਪੌਲੀਟੈਕਨਿਕ ਕਾਲਜ, ਖੂਨੀ ਮਾਜਰਾ ਦੇ ਸਮੁੱਚੇ ਸਟਾਫ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸਆਈਆਰ)-2026 ਤਹਿਤ ਐਨੂਮਰੇਸ਼ਨ ਫਾਰਮ ਭਰ ਕੇ ਲੋਕਤੰਤਰੀ ਪ੍ਰਕਿਰਿਆ ਨੂੰ ਮਜ਼ਬੂਤ ਬਣਾਉਣ ਲਈ ਸ਼ਲਾਘਾਯੋਗ ਪਹਿਲ ਕੀਤੀ ਗਈ ਹੈ। ਇਹ ਸਮੁੱਚੀ ਕਾਰਵਾਈ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ ਸੰਪੰਨ ਹੋਈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ) ਅਤੇ ਤਕਨੀਕੀ ਸਿੱਖਿਆ ਵਿਭਾਗ, ਪੰਜਾਬ ਦੇ ਐਸ.ਆਈ.ਆਰ ਨੋਡਲ ਅਫ਼ਸਰ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਦੱਸਿਆ ਕਿ ਕਾਲਜ ਦੀ ਪ੍ਰਿੰਸੀਪਲ ਰਕਸ਼ਾ ਕਿਰਨ ਦੀ ਅਗਵਾਈ ਅਤੇ ਕਾਰਜਕਾਰੀ ਪ੍ਰਿੰਸੀਪਲ ਰਵਿੰਦਰ ਸਿੰਘ ਵਾਲੀਆ ਦੇ ਯੋਗ ਯਤਨਾਂ ਸਦਕਾ ਕਾਲਜ ਦੇ ਸਮੁੱਚੇ ਸਟਾਫ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੇ ਆਪਣੇ ਐਨੂਮਰੇਸ਼ਨ ਫਾਰਮ ਭਰ ਕੇ ਇੱਕ ਮਿਸਾਲ ਕਾਇਮ ਕੀਤੀ ਹੈ।ਉਨ੍ਹਾਂ ਨੇ ਇਸ ਸ਼ਲਾਘਾਯੋਗ ਉਪਰਾਲੇ ਲਈ ਸਮੁੱਚੇ ਸਟਾਫ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪਹਿਲ ਹੋਰਨਾਂ ਲਈ ਵੀ ਪ੍ਰੇਰਨਾਦਾਇਕ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਵਾਰਕ ਮੈਂਬਰਾਂ ਦੇ ਐਨੂਮਰੇਸ਼ਨ ਫਾਰਮ ਜਲਦ ਤੋਂ ਜਲਦ ਭਰ ਕੇ ਲੋਕਤੰਤਰੀ ਪ੍ਰਕਿਰਿਆ ਵਿੱਚ ਆਪਣਾ ਯੋਗਦਾਨ ਯਕੀਨੀ ਬਣਾਉਣ।

# ਸੂਬਾ ਸਰਕਾਰ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰ ਰਹੀ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਸੂਬਾ ਸਰਕਾਰ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਹੈ ਤਾਂ ਜੋ ਹਰੇਕ ਵਿਦਿਆਰਥੀ ਨੂੰ ਆਧੁਨਿਕ ਸਹੂਲਤਾਂ ਦੇ ਨਾਲ ਗੁਣਵੱਤਾਪੂਰਨ ਸਿੱਖਿਆ ਉਪਲਬਧ ਹੋ ਸਕੇ। ਉਨ੍ਹਾਂ ਨੇ ਕਿਹਾ ਕਿ ਅੱਜ ਸਰਕਾਰੀ ਸਕੂਲ ਕੇਵਲ ਸਿੱਖਿਆ ਦੇਣ ਵਾਲੇ ਸੰਸਥਾਨ ਨਹੀਂ, ਸਗੋਂ ਵਿਦਿਆਰਥੀਆਂ ਦੇ ਸ਼ਖ਼ਸੀਅਤ ਨਿਰਮਾਣ, ਸੰਸਕਾਰ, ਸੱਭਿਆਚਾਰ ਅਤੇ ਹੁਨਰ ਵਿਕਾਸ ਦੇ ਸਸ਼ਕਤ ਕੇਂਦਰ ਬਣ ਚੁੱਕੇ ਹਨ। ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਰੋਹਤਕ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਕਾਹਨੌਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਾਨੌਰ ਦੇ ਨਵੀਂ ਇਮਾਰਤਾਂ ਦਾ ਉਦਘਾਟਨ ਕਰਨ ਤੋਂ ਬਾਅਦ ਵਿਦਿਆਰਥੀਆਂ, ਅਧਿਆਪਕਾਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ।

# ਮਹਿਲਾ ਵਿੰਗ ਨੇ ਮਨਾਇਆ ਸੁਖਬੀਰ ਸਿੰਘ ਬਾਦਲ ਦਾ ਜਨਮ ਦਿਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਵਿਖੇ ਸ਼੍ਰੋਮਣੀ ਅਕਾਲੀ ਦਲ ਮਹਿਲਾ ਵਿੰਗ ਦੀ ਪ੍ਰਭਾਰੀ ਨੀਤੀ ਤਲਵਾੜ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਹਲਕਾ ਪ੍ਰਧਾਨ ਪਰਮਜੀਤ ਕੌਰ ਦੀ ਪ੍ਰਧਾਨਗੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦਾ ਜਨਮ ਦਿਨ ਉਤਸ਼ਾਹ ਨਾਲ ਮਨਾਇਆ ਗਿਆ। ਸੁਖਬੀਰ ਸਿੰਘ ਬਾਦਲ ਦੇ ਜਨਮ ਦਿਵਸ ਮੌਕੇ ਮਹਿਲਾ ਵਿੰਗ ਦੀਆਂ ਆਗੂਆਂ ਅਤੇ ਵਰਕਰਾਂ ਨੇ ਸੰਕਲਪ ਲਿਆ ਕਿ ਦਸੰਬਰ 2026 ਤੱਕ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਹਰ ਬੂਥ 'ਤੇ ਮਹਿਲਾ ਬੂਥ ਕਮੇਟੀ ਦਾ ਗਠਨ ਕੀਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਹਰ ਬੂਥ 'ਤੇ ਸ਼ਾਨਦਾਰ ਪ੍ਰਦਰਸ਼ਨ ਕਰੇਗਾ।ਇਸ ਮੌਕੇ ਬਲਜੀਤ ਕੌਰ, ਕ੍ਰਿਸ਼ਨਾ ਥਾਪਰ, ਪ੍ਰੀਆ ਸੈਣੀ, ਰੋਜ਼ੀ ਵਧਾਵਨ, ਪਰਮਜੀਤ ਕੌਰ, ਸੋਨੂ ਸੈਣੀ, ਮੁਸਕਾਨ ਪਰਾਸ਼ਰ ਸਮੇਤ ਵੱਡੀ ਗਿਣਤੀ ਵਿੱਚ ਮਹਿਲਾ ਆਗੂ ਅਤੇ ਵਰਕਰ ਹਾਜ਼ਰ ਸਨ।

# ਸਰਾਏ ਖਾਮ ਦੀ ਗਰਾਮ ਪੰਚਾਇਤ 'ਆਪ' 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਿੰਡਾਂ ਵਿੱਚ ਕੀਤੇ ਵਿਕਾਸ ਕਾਰਜਾਂ ਨੂੰ ਲੈ ਕੇ ਅਤੇ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਲੋਕਾਂ ਤੱਕ ਪਹੁੰਚ ਨੂੰ ਦੇਖ ਕੇ ਬਲਾਕ ਨਕੋਦਰ ਦੇ ਦੋਨਾਂ ਇਲਾਕੇ ਦੇ ਪਿੰਡ ਸਰਾਏ ਖਾਮ ਦੀ ਗਰਾਮ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਈ। ਇਸ ਮੌਕੇ ਤੇ ਸਰਪੰਚ ਹਰਪ੍ਰੀਤ ਕੌਰ, ਜਸਵੀਰ ਸਿੰਘ, ਗੁਰਮੁੱਖ ਸਿੰਘ ਪੰਚ, ਅਮਰੀਕ ਸਿੰਘ ਪੰਚ, ਪਰਮਜੀਤ ਕੌਰ ਪੰਚ, ਮੰਗਲ ਸਿੰਘ ਪੰਚ ਉਹਨਾਂ ਨਾਲ ਬਲਵਿੰਦਰ ਸਿੰਘ ਧਾਲੀਵਾਲ, ਸੁੱਖਾ, ਸਵਰਨ ਸਿੰਘ, ਆਤਮਾ ਸਿੰਘ, ਗੁਰਦੇਵ ਸਿੰਘ, ਸ਼ਿੰਗਾਰਾ ਸਿੰਘ ਹਾਜ਼ਰ ਸਨ। ਬੀਬੀ ਮਾਨ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਦਿਆਂ ਸਾਰਿਆਂ ਦਾ ਭਰਵਾਂ ਸਵਾਗਤ ਕੀਤਾ, ਪਾਰਟੀ ਵਿੱਚ ਮਾਨ ਸਤਿਕਾਰ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਤੇ ਜਤਿੰਦਰ ਸਿੰਘ ਨੂਰਪੁਰੀ ਤੀਰਥ ਯਾਤਰਾ ਕੋਆਰਡੀਨੇਟਰ ਹਲਕਾ ਨਕੋਦਰ, ਚੇਅਰਮੈਨ ਚਰਨਜੀਤ ਸਿੰਘ, ਵਾਇਸ ਚੇਅਰਮੈਨ ਜੀਵਨ ਸਿੰਘ,ਬਲਾਕ ਪ੍ਰਧਾਨ ਬਲਦੇਵ ਸਹੋਤਾ, ਬਲਾਕ ਪ੍ਰਧਾਨ ਸੁਰਿੰਦਰ ਉੱਗੀ, ਕੁਲਦੀਪ ਸਿੰਘ ਸਰਪੰਚ ਕਾਂਗਣਾ ਆਦਿ ਵਰਕਰ ਹਾਜ਼ਰ ਸਨ।

# ਮੀਨਾ ਸੂੰਢ ਨੇ ਬੰਗਾ ਆਗੂਆਂ ਸਮੇਤ ਭੂਪੇਸ਼ ਬਘੇਲ ਤੇ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ

**ਬੰਗਾ (ਅਵਤਾਰ ਕਲੇਰ)** ਵਿਧਾਨ ਸਭਾ ਹਲਕਾ ਬੰਗਾ ਤੋਂ ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਬੀਬੀ ਮੀਨਾ ਸੂੰਢ, ਜੋ ਸਾਬਕਾ ਵਿਧਾਇਕ ਸਵਰਗਵਾਸੀ ਤਰਲੋਚਨ ਸਿੰਘ ਸੂੰਢ ਦੀ ਸੁਪਤਨੀ ਹਨ, ਨੇ ਪੰਜਾਬ ਦੌਰੇ ਤੇ ਆਏ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾਵੜਿੰਗ ਨਾਲ ਬੰਗਾ ਹਲਕੇ ਦੇ ਆਗੂਆਂ ਸਮੇਤ ਵਿਸ਼ੇਸ਼ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਬੰਗਾ ਵਿਧਾਨ ਸਭਾ ਹਲਕੇ ਦੇ ਮੌਜੂਦਾ ਰਾਜਨੀਤਿਕ ਹਾਲਾਤਾਂ, ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬੀਬੀ ਮੀਨਾ ਸੂੰਢ ਨੇ ਕਿਹਾ ਕਿ ਬੰਗਾ ਹਲਕੇ ਦੇ ਸੀਨੀਅਰ ਆਗੂਆਂ, ਨੌਜਵਾਨਾਂ ਤੇ ਸਮਰਪਿਤ ਵਰਕਰਾਂ ਦੇ ਸਹਿਯੋਗ ਨਾਲ ਕਾਂਗਰਸ ਪਾਰਟੀ ਨੂੰ ਪਿੰਡ-ਪਿੰਡ ਅਤੇ ਬੂਥ ਪੱਧਰ ਤੱਕ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ 2027 ਦੀਆਂ ਚੋਣਾਂ ਵਿੱਚ ਬੰਗਾ ਸੀਟ ਕਾਂਗਰਸ ਪਾਰਟੀ ਦੀ ਝੋਲੀ ਪਾਈ ਜਾ ਸਕੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਪੰਜਾਬ ਵਿੱਚ ਇੱਕ ਮਜ਼ਬੂਤ ਵਿਕਲਪ ਵਜੋਂ ਉਭਰੇਗੀ। ਇਸ ਮੌਕੇ ਭੂਪੇਸ਼ ਬਘੇਲ ਅਤੇ ਰਾਜਾ ਅਮਰਿੰਦਰ ਸਿੰਘ ਵੜਿੰਗ ਨੇ ਬੀਬੀ ਮੀਨਾ ਸੂੰਢ ਵੱਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਸਨ। ਉਨ੍ਹਾਂ ਨੂੰ ਇਸੇ ਤਰ੍ਹਾਂ ਜਨਤਾ ਅਤੇ ਪਾਰਟੀ ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਜਿੰਦਰ ਸ਼ਰਮਾ, ਡਾ: ਨਿਰੰਜਣ ਪਾਲ, ਰਾਮਦਾਸ ਸਿੰਘ ,ਐਡਵੋਕੇਟ ਅਮਨਦੀਪ ਗੁਰੂ, ਅੰਜੂ ਰਾਣਾ ,ਅਮਰਜੀਤ ਕਲਸੀ ਅਤੇ ਬੰਗਾ ਹਲਕੇ ਦੇ ਕਈ ਸੀਨੀਅਰ ਕਾਂਗਰਸੀ ਆਗੂ ਅਤੇ ਪਾਰਟੀ ਵਰਕਰ ਵੀ ਹਾਜ਼ਰ ਸਨ।

# ਸੰਤ ਬਾਬਾ ਸਮੁੰਦ ਸਿੰਘ ਯਾਦਗਾਰੀ ਸਮਾਗਮ 17 ਨੂੰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਕੋਟ ਕਲਗੀਧਰ ਤਪ ਅਸਥਾਨ ਸੰਤ ਬਾਬਾ ਸਮੁੰਦ ਸਿੰਘ ਵਿਖੇ ਸਾਲਾਨਾ ਬਰਸੀ ਸਮਾਗਮ, ਕੀਰਤਨ ਦਰਬਾਰ ਤੇ ਕੁਸ਼ਤੀ ਮੁਕਾਬਲੇ 15 ਤੋਂ 18 ਜੁਲਾਈ ਤੱਕ ਕਰਵਾਏ ਜਾਣਗੇ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰ ਪ੍ਰਧਾਨ ਮਲਕੀਤ ਸਿੰਘ, ਹੈਡ ਗ੍ਰੰਥੀ ਬਾਬਾ ਦਲਵੀਰ ਸਿੰਘ, ਜਗਜੀਤ ਸਿੰਘ, ਹਰਦੀਪ ਸਿੰਘ, ਬੂਟਾ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਪਿੰਡ ਰੜਾ, ਪ੍ਰਵਾਸੀ ਭਾਰਤੀਆਂ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਵਾਸੀ ਸੰਤ ਬਾਬਾ ਸਮੁੰਦ ਦੀ 98ਵੀਂ ਬਰਸੀ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਦੇ ਸਬੰਧ 'ਚ 30 ਜੂਨ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਹੈ ਜਿਸ ਦੌਰਾਨ ਛੇਵੀਂ ਸ੍ਰੀ ਅਖੰਡ ਪਾਠ ਸਾਹਿਬ ਜੀ ਲੜੀਏ ਭੋਗ ਪਾਉਣ ਉਪਰੰਤ ਸੱਤਵੀਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਆਰੰਭ ਕੀਤੇ ਗਏ ਹਨ। ਪ੍ਰਬੰਧਕਾਂ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਮੁੱਖ ਸਮਾਗਮ 15 ਤੋਂ 18 ਜੁਲਾਈ ਨੂੰ ਹੋਵੇਗਾ ਜਿਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਜਾਵੇਗੀ ਜਿਨ੍ਹਾਂ ਦੇ ਭੋਗ 17 ਜੁਲਾਈ ਨੂੰ ਪਾਏ ਜਾਣਗੇ ਉਪਰੰਤ ਮਹਾਨ ਕੀਰਤਨ ਦਰਬਾਰ ਹੋਵੇਗਾ ਜਿਸ 'ਚ ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਕਥਾ ਵਾਚਕ ਭਾਈ ਅੰਮ੍ਰਿਤਪਾਲ ਸਿੰਘ ਨਿਰਮਲ ਆਸ਼ਰਮ ਰੜਾ,ਕਥਾ ਵਾਚਕ ਗਿਆਨੀ ਜੰਗ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ, ਗੁਰੂ ਨਾਨਕ ਦਲ ਕਵੀਸ਼ਰੀ ਜਥਾ ਗਿਆਨੀ ਸੁਖਵੀਰ ਸਿੰਘ, ਇੰਟਰਨੈਸ਼ਨਲ ਢਾਡੀ ਜਥਾ ਭਾਈ ਸੁਰਜੀਤ ਸਿੰਘ ਵਾਰਿਸ, ਭਾਈ ਕੁਲਦੀਪ ਸਿੰਘ, ਭਾਈ ਜੋਬਨ ਪ੍ਰੀਤ ਸਿੰਘ ਰੜਾ ਵਾਲੇ ਸਰਬੱਤ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਨਗੇ। ਪ੍ਰਬੰਧਕ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਇਸ ਤੋਂ ਇਲਾਵਾ 18 ਜੁਲਾਈ ਨੂੰ ਪੰਜਾਬ ਪੱਧਰੀ ਕੁਸ਼ਤੀ ਦੰਗਲ ਮੁਕਾਬਲੇ ਦੁਪਹਿਰ 3 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਹੋਣਗੇ, ਜਿਸ ਵਿੱਚ ਪੰਜਾਬ ਭਰ ਚੋਂ ਨਾਮੀ ਪਹਿਲਵਾਨ ਹਿੱਸਾ ਲੈ ਕੇ ਕੁਸ਼ਤੀਆਂ ਦੇ ਜੌਹਰ ਦਿਖਾਉਣਗੇ। ਕੁਸ਼ਤੀ ਦੰਗਲ ਮੁਕਾਬਲਿਆਂ ਵਿੱਚ ਪਹਿਲੀ ਅਤੇ ਦੂਜੀ ਰੁਮਾਲੀ ਦੀ ਕੁਸ਼ਤੀ ਕਰਵਾਈ ਜਾਵੇਗੀ ਜਿਸ ਦੌਰਾਨ ਪਹਿਲੀ ਰੁਮਾਲੀ ਦੇ ਜੇਤੂ ਪਹਿਲਵਾਨ ਨੂੰ 80 ਹਜਾਰ ਰੁਪਏ ਤੇ ਦੂਜੇ ਸਥਾਨ ਤੇ ਰਹਿਣ ਵਾਲੇ ਪਹਿਲਵਾਨ 60 ਹਜਾਰ ਰੁਪਏ ਦਿੱਤੇ ਜਾਣਗੇ ਇਸ ਤੋਂ ਇਲਾਵਾ ਦੂਜੀ ਰਮਾਲੀ ਦੀ ਕੁਸ਼ਤੀ ਵਿੱਚ ਜੇਤੂ ਪਹਿਲਵਾਨ ਨੂੰ 40 ਹਜਾਰ ਰੁਪਏ ਤੇ ਦੂਸਰੇ ਸਥਾਨ ਤੇ ਰਹਿਣ ਵਾਲੇ ਪਹਿਲਵਾਨ ਨੇ 30 ਹਜਾਰ ਰੁਪਏ ਦਿੱਤੇ ਜਾਣਗੇ।ਇਸ ਮੌਕੇ ਸੰਦੀਪ ਸਿੰਘ, ਹਰਵਿੰਦਰ ਸਿੰਘ, ਅਮਰੀਕ ਸਿੰਘ ਬਲਜੀਤ ਸਿੰਘ ਰੜਾ, ਸੈਕਟਰੀ ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ, ਚਰਨਜੀਤ ਸਿੰਘ, ਹਰਨੇਕ ਸਿੰਘ, ਨੰਬਰਦਾਰ ਗੁਰਪਾਲ ਸਿੰਘ, ਨਿਸ਼ਾਨ ਸਿੰਘ, ਸੁਖਵਿੰਦਰ ਸਿੰਘ, ਜਸਵੀਰ ਸਿੰਘ ਜੱਸਾ, ਭਾਈ ਕੁਲਦੀਪ ਸਿੰਘ ਰੜਾ,ਭਾਈ ਜੋਬਨਪ੍ਰੀਤ ਸਿੰਘ,ਸਰਤਾਜ ਸਿੰਘ,ਐਸ਼ ਵੀਰ ਸਿੰਘ ਤੇ ਹੋਰ ਸੇਵਾਦਾਰ ਵੀ ਸੇਵਾਦਾਰ ਵੀ ਹਾਜ਼ਰ ਸਨ।

# ਐੱਸ ਆਈ ਆਰ ਸੰਬੰਧੀ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਮਾਈ ਵਿਖੇ ਪੰਜਾਬ ਵਿੱਚ ਚੱਲ ਰਹੀ ਵਿਸ਼ੇਸ਼ ਸੰਖੇਪ ਪੁਨਰ ਨਿਰੀਖਣ (ਐੱਸ ਆਈ ਆਰ) ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਸਹਾਇਕ ਨੋਡਲ ਅਫ਼ਸਰ ਤਨੁਜ ਤੇ ਸਹਾਇਕ ਨੋਡਲ ਅਫ਼ਸਰ ਇੰਜ :ਬਲਬੀਰ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਤੇ ਵਿਦਿਆਰਥੀਆਂ ਨੂੰ ਐੱਸ ਆਈ ਆਰ ਪ੍ਰਕਿਰਿਆ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਵੀ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਵਿਦਿਆਰਥੀਆਂ ਨੇ ਭਰੋਸਾ ਦਿੱਤਾ ਕਿ ਉਹ ਆਪਣੇ ਮਾਪਿਆਂ, ਗੁਆਂਢੀਆਂ ਤੇ ਹੋਰਾਂ ਨੂੰ ਜਾ ਕੇ ਦੱਸਣਗੇ ਅਤੇ ਦੋਸਤਾਂ ਤੱਕ ਇਹ ਸੁਨੇਹਾ ਪਹੁੰਚਾਉਣਗੇ ਅਤੇ ਉਨ੍ਹਾਂ ਨੂੰ ਐੱਸ ਆਈ ਆਰ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕਰਨਗੇ।ਇਸ ਮੌਕੇ ਸਕੂਲ ਇੰਚਾਰਜ ਮੁਕੇਸ਼ ਕੁਮਾਰ, ਪਰਮਜੀਤ ਸਿੰਘ ਤੰਬੜ, ਸੁਨੀਤਾ ਕੁਮਾਰੀ,ਦੀਪਕ ਕੌਸ਼ਲ, ਕਮਲਜੀਤ ਕੌਰ ਮਧੂ ਸੰਭਿਆਲ, ਪੂਜਾ ਭਾਟੀਆ ਅਤੇ ਮੈਡਮ ਰੇਖਾ ਸ਼ਰਮਾ ਹਾਜ਼ਰ ਸਨ।

# ਡਿਪਟੀ ਸਪੀਕਰ ਰੌੜੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਜੇਜੋਂ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਤੇ ਹਲਕਾ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਸੋਲੀ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪੰਚਾਇਤ ਮੈਂਬਰਾਂ, ਸਮਾਜ ਸੇਵੀਆਂ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।ਲੋਕਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦਾ ਮਕਸਦ ਲੋਕਾਂ ਦੀਆਂ ਮੁਸ਼ਕਲਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦਾ ਤੁਰੰਤ ਹੱਲ ਕਰਨਾ ਹੈ, ਤਾਂ ਜੋ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣ ਪੈਣ। ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਦੀਆਂ ਸੜਕਾਂ ਦੇ ਨਿਰਮਾਣ ਅਤੇ ਸੁਧਾਰ ਲਈ 60 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤਾ। ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਪਿੰਡ ਦੀਆਂ ਸੜਕਾਂ ਨੂੰ ਮਜ਼ਬੂਤ ਅਤੇ ਸੁਵਿਧਾਜਨਕ ਬਣਾਇਆ ਜਾਵੇਗਾ, ਜਿਸ ਨਾਲ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਉੱਚ ਗੁਣਵੱਤਾ ਅਤੇ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ।ਪਿੰਡ ਵਾਸੀਆਂ ਨੇ ਡਿਪਟੀ ਸਪੀਕਰ ਰੌੜੀ ਦਾ ਨਿੱਘਾ ਸਵਾਗਤ ਕਰਦਿਆਂ ਸੜਕਾਂ ਲਈ 60 ਲੱਖ ਰੁਪਏ ਦੀ ਗ੍ਰਾਂਟ ਦੇਣ 'ਤੇ ਧੰਨਵਾਦ ਪ੍ਰਗਟ ਕੀਤਾ।

# ਲੈਂਡ ਪੂਲਿੰਗ ਸਕੀਮ ਅਧੀਨ ਕਿਸਾਨਾਂ ਦੇ ਪੈਰਾਂ ਹੇਠੋਂ ਖਿਸਕਾਈ ਜਾ ਰਹੀ ਹੈ ਜ਼ਮੀਨ : ਸਤਨਾਮ ਸਿੰਘ ਸ਼ੋਕਰ

**ਚੰਡੀਗੜ੍ਹ (ਸੁਰਜੀਤ ਸੁਮਨ)** 'ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੁਆਲ਼ੇ ਟਰਾਈਸਿਟੀ ਦੇ ਵਿਸਥਾਰ ਨਾਲ਼ ਹੁਣ ਇਹ ਸ਼ਹਿਰ ਵੀ ਨਿੱਤ ਦਿਨ ਵਧ ਰਹੀ ਵਸੋਂ ਦਾ ਭਾਰ ਚੁੱਕਣ ਤੋਂ ਅਸਮਰਥ ਹੁੰਦੇ ਜਾ ਰਹੇ ਹਨ।ਚੰਡੀਗੜ੍ਹ ਦੇ ਚੁਫੇਰੇ ਵਸੇ ਇਹ ਸ਼ਹਿਰ ਆਲ਼ੇ-ਦੁਆਲ਼ੇ ਦੇ ਪਿੰਡਾਂ ਨੂੰ ਆਪਣੇ ਕਲ਼ਾਵੇ ਵਿੱਚ ਲੈਂਦੇ ਹੋਏ ਨਿੱਤ ਦਿਨ ਫੈਲਦੇ ਜਾ ਰਹੇ ਹਨ।ਸਰਕਾਰ ਵੱਲੋਂ ਮਾਸਟਰ ਪਲਾਟ ਰਾਹੀਂ ਨੇੜਲੇ ਪਿੰਡ ਸ਼ਹਿਰੀਕਰਨ ਦੇ ਜ਼ੱਦ ਵਿੱਚ ਆ ਗਏ ਹਨ, ਜਿਨ੍ਹਾਂ ਨਾਲ਼ ਕਿਸਾਨਾਂ ਦੀਆਂ ਜ਼ਮੀਨਾਂ ਐਕੁਆਇਰ ਕਰਨ ਲਈ ਰਾਹ ਪੱਧਰਾ ਹੋ ਰਿਹਾ ਹੈ।ਬਹੁਤੀਆਂ ਜ਼ਮੀਨਾਂ ਦੇ ਮਾਲਕ ਕਿਸਾਨਾਂ ਨੂੰ ਜ਼ਿਆਦਾ ਫਰਕ ਨਹੀਂ ਪੈਂਦਾ, ਪਰੰਤੂ ਘੱਟ ਜ਼ਮੀਨਾਂ ਵਾਲ਼ੇ ਕਿਸਾਨ ਕਿਸੇ ਪਾਸੇ ਜੋਗੇ ਨਹੀਂ ਰਹਿਣਗੇ, ਅਜਿਹਾ ਉਹ ਸੋਚ ਰਹੇ ਹਨ।ਹੁਣ ਸਰਕਾਰ ਵੱਲੋਂ ਨਵੀਂ ਲੈਂਡ ਪੂਲਿੰਗ ਨੀਤੀ ਬਣਾਈ ਗਈ ਹੈ, ਜਦਕਿ ਪੁਰਾਣੀ ਨੀਤੀ ਅਧੀਨ ਸਾਨੂੰ ਦਿੱਤੇ ਰਿਹਾਇਸ਼ੀ ਅਤੇ ਵਪਾਰਕ ਪਲਾਟਾਂ ਦਾ ਅੱਜ ਤੱਕ ਕੋਈ ਥਹੁ ਪਤਾ ਨਹੀਂ ਲੱਗ ਰਿਹਾ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਮਾਜਰੀ ਦੇ ਪਿੰਡ ਹੁਸ਼ਿਆਰਪੁਰ ਦੇ ਵਾਸੀ ਪ੍ਰਿੰ. ਸਤਨਾਮ ਸ਼ੋਕਰ ਨੇ ਇੱਕ ਮੁਲਾਕਾਤ ਦੌਰਾਨ ਕਹੇ।ਉਨ੍ਹਾਂ ਕਿਹਾ ਕਿ ਪੁਰਾਣੀ ਨੀਤੀ ਅਨੁਸਾਰ ਮੇਰੀ ਜ਼ਮੀਨ ਈਕੋ ਸਿਟੀ-2 ਨਿਊ ਚੰਡੀਗੜ੍ਹ ਲਈ, ਉਸ ਸਮੇ ਅਵਾਰਡ ਨੰ: 548 ਤੇ 549, ਮਿਤੀ 31.12.2013 ਅਧੀਨ ਐਕਵਾਇਰ ਹੋਈ ਸੀ।ਉਨ੍ਹਾਂ ਕਿਹਾ ਕਿ ਉਦੋਂ ਦੋਵੇਂ ਵਿਕਲਪ ਖੁੱਲ੍ਹੇ ਸਨ।ਮੁਆਵਜ਼ੇ ਦੇ ਨਕਦ ਪੈਸੇ ਲਵੋ ਜਾਂ ਲੈਂਡ ਪੂਲਿੰਗ।ਉਦੋਂ ਇੱਕ ਏਕੜ ਦਾ ਨਕਦ ਮੁਆਵਜ਼ਾ ਦੋ ਕਰੋੜ ਚਾਰ ਲੱਖ ਰਪਏ ਸੀ ਜਾਂ ਲੈਂਡ ਪੂਲਿੰਗ ਸਕੀਮ ਅਧੀਨ 1000 ਗਜ਼ ਦਾ ਰਿਹਾਇਸ਼ੀ ਪਲਾਟ ਅਤੇ 121 ਗਜ਼ ਦਾ ਕਮਰਸ਼ੀਅਲ। ਉਨ੍ਹਾਂ ਕਿਹਾ ਕਿ ਅਸੀਂ 2013 ਵਿੱਚ ਦੋ ਏਕੜ ਦੀ ਲੈਂਡ ਪੂਲਿੰਗ ਲੈ ਲਈ, ਜਿਸ ਅਧੀਨ ਰਿਹਾਇਸ਼ੀ ਪਲਾਟਾਂ ਤੋਂ ਇਲਾਵਾ 121 ਗਜ਼ ਦਾ ਸ਼ੋਅਰੂਮ ਪਲਾਟ ਤੇ ਦੋ 60-60 ਗਜ਼ ਦੀਆਂ ਬੇ-ਸ਼ਾਪਸ ਮਿਲ਼ੀਆਂ ਸਨ। ਸਿਤਮਜ਼ਰੀਫੀ ਇਹ ਕਿ ਸਾਨੂੰ ਚਾਰ ਪੰਜ ਸਾਲ ਕੋਈ ਕਬਜ਼ਾ ਹੀ ਨਾ ਮਿਲਿਆ।ਕੇਵਲ ਪਹਿਲੇ ਦੋ ਸਾਲ ਕੁਝ ਮੁਆਵਜ਼ਾ ਮਿਲਿਆ।ਲੰਮੇ ਸਮੇਂ ਬਾਅਦ ਰਿਹਾਇਸੀ ਪਲਾਟਾਂ ਦਾ ਕਬਜ਼ਾ ਵੀ 2020-22 ਤੱਕ ਹੀ ਮਿਲ਼ ਸਕਿਆ ਹੈ, ਜਦਕਿ ਵਪਾਰਕ ਪਲਾਟਾਂ ਦਾ ਕਬਜ਼ਾ ਅੱਜ ਤੱਕ ਨਹੀਂ ਮਿਲ਼ ਸਕਿਆ।ਉਨ੍ਹਾਂ ਦੁਖੀ ਮਨ ਨਾਲ਼ ਕਿਹਾ ਕਿ ਇਸ ਤਰ੍ਹਾਂ ਦੀ ਹੋਣੀ ਸਾਡੇ ਪਿੰਡ ਦੇ ਹਰ ਘਰ ਦੀ ਹੈ।ਅਸੀਂ ਹੁਣ ਅਦਾਲਤ ਦਾ ਦਰਵਾਜ਼ਾ ਖੜਕਾਉਣ ਦੀ ਸੋਚ ਰਹੇ ਹਾਂ। ਇਸੇ ਤਰ੍ਹਾਂ ਦੀ ਕਹਾਣੀ ਜ਼ਿਲ੍ਹਾ ਮੋਹਾਲੀ ਦੇ ਪਿੰਡਾਂ ਤੀੜਾ, ਸੰਗਾਲ਼ਾ ਦੀ ਹੈ, ਜਿੱਥੇ ਜ਼ਮੀਨਾਂ ਐਕੁਆਇਰ ਕਰਨ ਲਈ ਸੋਸਲ ਇੰਪੈਕਟ ਅਸੈਸਮੇਟ ਦੀ ਟੀਮ ਵੱਲੋਂ ਸੜਕਾਂ ਅਤੇ ਸਿਟੀ ਸੈਂਟਰ ਦੀ ਜ਼ਮੀਨ ਪ੍ਰਾਪਤੀ ਲਈ ਪਿੰਡਾਂ ਦੇ ਕਿਸਾਨਾਂ/ ਭੌਂ ਮਾਲਕਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਹਨ।ਪਿੰਡਾਂ ਦੇ ਕਿਸਾਨਾਂ ਵੱਲੋਂ ਆਪਣੀਆਂ ਮੁਸ਼ਕਲਾਂ/ ਇਤਰਾਜ਼/ ਸੁਝਾਅ ਆਦਿ ਬਾਰੇ ਖੁੱਲ੍ਹ ਕੇ ਦਰਜ ਕਰਵਾਏ ਗਏ ਹਨ। ਇਨ੍ਹਾਂ ਮੀਟਿੰਗਾਂ ਵਿੱਚ ਬੇਜ਼ਮੀਨੇ ਹੋ ਰਹੇ ਲੋਕਾਂ ਦੀਆਂ ਅਨੇਕ ਮੰਗਾਂ ਹਨ, ਜਿਨ੍ਹਾਂ ਦਾ ਨਵੀਂ ਲੈਂਡ ਪੂਲਿੰਗ ਨੀਤੀ ਅਧੀਨ ਕਵਰ ਹੋਣਾ ਜਾਂ ਨਾ ਹੋਣਾ ਭਵਿੱਖ ਦੇ ਗਰਭ ਵਿੱਚ ਹੈ। ਪਿੰਡ ਸੰਗਾਲ਼ਾ ਦੇ ਕਿਸਾਨਾਂ ਵੱਲੋਂ ਸਰਕਾਰ ਨੂੰ ਲਿਖੀ ਚਿੱਠੀ ਇਸ ਸਬੰਧੀ ਬਹੁਤ ਕੁਝ ਬਿਆਨ ਕਰ ਰਹੀ ਹੈ। ਇਸ ਪਿੰਡ ਦੇ ਵਸਨੀਕ ਰੋਮਨ ਨੇ ਕਿਹਾ ਕਿ ਸਾਡੇ ਬਜ਼ੁਰਗਾਂ ਵੱਲੋਂ ਇਹ ਜ਼ਮੀਨਾਂ ਖੂਨ-ਪਸੀਨਾ ਇੱਕ ਕਰਕੇ ਆਬਾਦ ਕੀਤੀਆਂ ਗਈਆਂ ਹਨ, ਹੁਣ ਸਰਕਾਰਾਂ ਵੱਲੋਂ ਸਾਨੂੰ ਕੁਝ ਰਕਮ ਪਿੱਛੇ ਬੇਜ਼ਮੀਨਾ ਕੀਤਾ ਜਾ ਰਿਹਾ ਹੈ।ਇਸ ਤਰ੍ਹਾਂ ਭਵਿੱਖ ਵਿੱਚ ਬੇਰੁਜ਼ਗਾਰ ਹੋਈ ਸਾਡੀ ਔਲਾਦ ਕਿੱਧਰ ਜਾਵੇਗੀ ? ਉਨ੍ਹਾਂ ਕਿਹਾ ਕਿ ਚਾਹੀਦਾ ਦਾ ਤਾਂ ਇਹ ਹੈ ਕਿ ਜੇਕਰ ਸਰਕਾਰ ਨੇ ਇਹ ਜ਼ਮੀਨ ਐਕੁਆਇਰ ਕੀਤੀ ਜਾਣੀ ਹੀ ਹੈ, ਤਾਂ ਕਿਸਾਨਾਂ ਨੂੰ ਬਿਨਾਂ ਖਰਚੇ ਤੋਂ ਸੀ.ਐਲ.ਯੂ. ਕਰਕੇ ਮਾਸਟਰ-ਪਲਾਨ ਅਨੁਸਾਰ ਜ਼ਮੀਨ ਖੁਦ ਡਿਵੈਲਪ ਕਰਨ ਦੀ ਇਜਾਜ਼ਤ ਦੇ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਹਾਲ ਦੀ ਘੜੀ ਡਿਵੈਲਪਰਾਂ ਨੂੰ ਹੀ ਫਾਇਦਾ ਹੋ ਰਿਹਾ ਹੈ। ਜਿਨ੍ਹਾਂ ਵੱਲੋਂ ਪਹਿਲਾਂ ਕਾਲੋਨੀਆਂ ਡਿਵੈਲਪ ਕੀਤੀਆਂ ਗਈਆਂ ਹਨ, ਉਨ੍ਹਾਂ ਵਿੱਚ ਮੁੱਢਲੀਆਂ ਸਹੂਲਤਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਕਿਸਾਨਾਂ ਦੇ ਹਿੱਤਾਂ ਬਾਰੇ ਡੂੰਘਾਈ ਨਾਲ਼ ਸੋਚਣਾ ਚਾਹੀਦਾ ਹੈ।

# ਵਿਦਿਆਰਥੀਆਂ ਨੂੰ ਡੇਂਗੂ ਦੇ ਬਚਾਅ ਸੰਬੰਧੀ ਦਿੱਤੀ ਜਾਣਕਾਰੀ

**ਪੋਜੇਵਾਲ (ਰਾਮ ਲਾਲ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ ਐਚ ਸੀ ਸੜੋਆ ਡਾਕਟਰ ਜਤਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੰਦਿਆਣੀ ਵਿਖੇ ਬੱਚਿਆਂ ਅਤੇ ਸਕੂਲ ਅਧਿਆਪਕਾਂ ਨੂੰ ਡੇਂਗੂ ਦੇ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਅਤੇ ਇਹ ਮੱਛਰ ਦਿਨ ਵੇਲੇ ਕੱਟਦੇ ਹਨ ਡੇਂਗੂ ਲੱਛਣਾ ਵਿੱਚ ਸਿਰ ਦਰਦ ਹੋਣਾ ਤੇਜ ਬੁਖਾਰ ਹੋਣਾ ਮਾਸਪੇਸ਼ੀਆਂ ਤੇ ਜੋੜਾਂ 'ਚ ਦਰਦ ਹੋਣਾ ਉਲਟੀਆਂ ਆਉਣੀਆਂ ਹਾਲਤ ਖਰਾਬ ਹੋਣ ਤੇ ਨੱਕ ਅਤੇ ਮਸੂੜਿਆਂ ਚੋਂ ਖੂਨ ਵਗਣਾ ਹੋ ਸਕਦੇ ਹਨ। ਇਸ ਤੋਂ ਬਚਣ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਰੱਖਣੀ ਚਾਹੀਦੀ ਹੈ ਬੱਚਿਆਂ ਨੂੰ ਡੇਂਗੂ ਦੇ ਲਾਰਵੇ ਬਾਰੇ ਜਾਣਕਾਰੀ ਦਿੱਤੀ ਅਤੇ ਘਰਾਂ ਵਿੱਚ ਜਾ ਕੇ ਲਾਰਵਾ ਚੈੱਕ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਮਨਜੀਤ ਕੌਰ, ਸ਼ੇਖਾ, ਨੀਤੂ, ਮਮਤਾ ਸਿਹਤ ਕਰਮਚਾਰੀ ਸੁਨੀਲ ਕੁਮਾਰ, ਕੁਸ਼ਲਪ੍ਰੀਤ ਕੌਰ ਆਸ਼ਾ ਵਰਕਰ ਅਤੇ ਬਰੀਡਿੰਗ ਚੈੱਕਰ ਗੁਰਮੁਖ ਸਿੰਘ ਹਾਜ਼ਰ ਸਨ।